30-NOV-PAGE-1.qxd 11/29/2024 8:39 PM Page 1

ਸ਼ਨੀਵਾਰ, 30 ਨਵੰਬਰ, 2024
15 ਮੱਘਰ { ਨਾਨਕਸ਼ਾਹੀ 556 / ਬਿਕਰਮੀ 2081
ਜਿਲਦ/VOL. : 73
ਅੰਕ/NO. : 180

# ਨਵਾਂ ਜ਼ਮਾਨਾ

DAILY NAWAN ZAMANA • SATURDAY, 30 NOVEMBER, 2024

ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

## ਮਸਜਿਦ ਦੀ ਸਰਵੇਖਣ ਰਿਪੋਰਟ ਜੱਗ-ਜ਼ਾਹਰ ਨਾ ਕਰਨ ਦੇ ਹੁਕਮ

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਸ਼ੁੱਕਰਵਾਰ ਸੰਭਲ ਦੀ ਜਾਮਾ ਮਸਜਿਦ ਮਾਮਲੇ ਵਿਚ ਹੇਠਲੀ ਅਦਾਲਤ ਦੇ ਕਿਸੇ ਵੀ ਹੁਕਮ 'ਤੇ ਕਾਰਵਾਈ ਕਰਨ ਉੱਤੇ ਰੋਕ ਲਾ ਦਿੱਤੀ। ਅਦਾਲਤ ਨੇ ਪਟੀਸ਼ਨਕਰਤਾ ਨੂੰ ਪਟੀਸ਼ਨ ਅਲਾਹਾਬਾਦ ਹਾਈ ਕੋਰਟ 'ਚ ਦਾਇਰ ਕਰਨ ਲਈ ਕਿਹਾ ਹੈ। ਸੁਪਰੀਮ ਕੋਰਟ ਨੇ ਇਹ ਵੀ ਸਪੱਸ਼ਟ ਕੀਤਾ ਹੈ ਕਿ ਸੰਭਲ ਮਾਮਲੇ 'ਤੇ ਕੋਈ ਵੀ ਕਾਰਵਾਈ ਹਾਈ ਕੋਰਟ ਦੇ ਹੁਕਮਾਂ 'ਤੇ ਹੀ ਹੋਵੇਗੀ। ਸੁਪਰੀਮ ਕੋਰਟ ਨੇ ਯੂ ਪੀ ਸਰਕਾਰ ਨੂੰ ਵੀ ਕਿਹਾ ਹੈ ਕਿ ਉਹ ਦੋਵੇਂ ਭਾਈਚਾਰਿਆਂ ਦੇ ਲੋਕਾਂ ਦੀ ਕਮੇਟੀ ਬਣਾਵੇ ਤੇ ਇਸ ਮਾਮਲੇ ਵਿਚ ਤਣਾਅ ਨੂੰ ਘੱਟ ਕਰਨ ਲਈ ਬਣਦੇ ਯਤਨ ਕਰੇ। ਚੀਫ ਜਸਟਿਸ ਸੰਜੀਵ ਖੰਨਾ ਅਤੇ ਸੰਜੈ ਕੁਮਾਰ ਦੀ ਬੈਂਚ ਨੇ ਅਲਾਹਾਬਾਦ ਹਾਈ ਕੋਰਟ ਨੂੰ ਮੁਸਲਿਮ ਪੱਖ ਦੀ ਪਟੀਸ਼ਨ ਦਾਇਰ ਕਰਨ ਦੇ ਤਿੰਨ ਦਿਨਾਂ ਦੇ ਅੰਦਰ-ਅੰਦਰ ਸੁਣਵਾਈ ਕਰਨ ਦਾ ਹੁਕਮ ਦਿੱਤਾ ਹੈ। ਉਸ ਨੇ ਕਿਹਾ-ਸਾਨੂੰ ਉਮੀਦ ਹੈ ਅਤੇ ਭਰੋਸਾ ਹੈ ਕਿ ਹੇਠਲੀ ਅਦਾਲਤ ਉਦੋਂ ਤੱਕ ਇਸ ਮਾਮਲੇ 'ਤੇ ਅੱਗੇ ਕਾਰਵਾਈ ਨਹੀਂ ਕਰੇਗੀ, ਜਦੋਂ ਤੱਕ ਹਾਈ ਕੋਰਟ ਕੋਈ ਹੁਕਮ ਜਾਰੀ ਨਹੀਂ ਕਰਦੀ। ਬੈਂਚ ਨੇ ਸੂਬਾ ਸਰਕਾਰ ਨੂੰ ਸੰਭਲ ਵਿਚ ਸ਼ਾਂਤੀ ਅਤੇ ਸਦਭਾਵਨਾ ਬਣਾਈ ਰੱਖਣ ਲਈ ਦੋਵਾਂ ਭਾਈਚਾਰਿਆਂ ਦੇ ਮੈਂਬਰਾਂ ਵਾਲੀ ਅਮਨ ਕਮੇਟੀ ਦਾ ਗਠਨ ਕਰਨ ਦੇ ਨਿਰਦੇਸ਼ ਦਿੱਤੇ। ਸੁਪਰੀਮ ਕੋਰਟ ਨੇ ਇਹ ਵੀ ਕਿਹਾ ਹੈ ਕਿ ਐਡਵੋਕੇਟ ਕਮਿਸ਼ਨਰ ਵੱਲੋਂ ਸਥਾਨਕ ਅਦਾਲਤ ਵਿੱਚ ਪੇਸ਼ ਕੀਤੀ ਜਾਣ ਵਾਲੀ ਸਰਵੇਖਣ ਰਿਪੋਰਟ ਨੂੰ ਸੀਲਬੰਦ ਰੱਖਿਆ ਜਾਵੇ।

ਸੁਪਰੀਮ ਕੋਰਟ ਨੇ ਮੁਸਲਿਮ ਪੱਖ ਨੂੰ ਜ਼ਿਲ੍ਹਾ ਅਦਾਲਤ ਦੇ ਹੁਕਮਾਂ ਵਿਰੁੱਧ ਹਾਈ ਕੋਰਟ ਜਾਣ ਦੀ ਸਲਾਹ ਦੇਣ ਦੇ ਨਾਲ-ਨਾਲ ਮਾਮਲੇ ਨੂੰ ਆਪਣੇ ਕੋਲ ਵੀ ਪੈਂਡਿੰਗ ਰੱਖਿਆ ਹੈ ਤੇ ਅਗਲੀ ਸੁਣਵਾਈ 6 ਜਨਵਰੀ ਦੀ ਪਾਈ ਹੈ। ਸੰਭਲ ਦੀ ਸ਼ਾਹੀ ਜਾਮਾ ਮਸਜਿਦ ਦੀ ਪ੍ਰਬੰਧਕ ਕਮੇਟੀ ਨੇ ਸੁਪਰੀਮ ਕੋਰਟ ਦਾ ਦਰਵਾਜ਼ਾ ਖੜਕਾਉਂਦੇ ਹੋਏ ਜ਼ਿਲ੍ਹਾ ਅਦਾਲਤ ਦੇ 19 ਨਵੰਬਰ ਦੇ ਹੁਕਮਾਂ ਨੂੰ ਚੁਣੌਤੀ ਦਿੱਤੀ ਸੀ।

ਉਧਰ, ਸੰਭਲ ਦੀ ਸਿਵਲ ਜੱਜ ਆਦਿਤਿਆ ਸਿੰਘ ਨੇ ਮਾਮਲੇ ਵਿਚ ਨਿਯੁਕਤ ਕੀਤੇ ਗਏ ਕਮਿਸ਼ਨਰ ਨੂੰ 10 ਦਿਨਾਂ ਦੇ ਅੰਦਰ ਸਰਵੇਖਣ ਰਿਪੋਰਟ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ ਹਨ। ਕਮਿਸ਼ਨਰ ਰਾਕੇਸ਼ ਸਿੰਘ ਰਾਘਵ ਨੇ ਅਦਾਲਤ ਨੂੰ ਸੂਚਿਤ ਕੀਤਾ ਸੀ ਕਿ ਸਰਵੇਖਣ ਰਿਪੋਰਟ ਹਾਲੇ ਤੱਕ ਮੁਕੰਮਲ ਨਹੀਂ ਹੋਈ, ਜਿਸ ਨੂੰ ਮੁਕੰਮਲ ਕਰਨ ਲਈ ਹੋਰ ਸਮੇਂ ਦੀ ਲੋੜ ਹੈ। ਅਦਾਲਤ ਨੇ ਇਸ ਅਪੀਲ ਨੂੰ ਮਨਜ਼ੂਰ ਕਰਦਿਆਂ ਸੁਣਵਾਈ ਦੀ ਅਗਲੀ ਤਰੀਕ 8 ਜਨਵਰੀ ਨਿਰਧਾਰਤ ਕਰ ਦਿੱਤੀ।

ਸੰਭਲ 'ਚ 19 ਨਵੰਬਰ ਤੋਂ ਬਾਅਦ ਉਸ ਵੇਲੇ ਤਣਾਅ ਵਧ ਗਿਆ ਸੀ । ਜਦੋਂ ਜਾਮਾ ਮਸਜਿਦ ਦਾ ਅਦਾਲਤ ਦੇ ਹੁਕਮਾਂ ਤੋਂ ਬਾਅਦ ਮੁੜ ਸਰਵੇਖਣ ਸ਼ੁਰੂ ਹੋਇਆ। ਹਿੰਸਾ ਵਿਚ ਚਾਰ ਜਣਿਆਂ ਦੀ ਮੌਤ ਹੋ ਗਈ ਅਤੇ ਕਈ ਹੋਰ ਜ਼ਖਮੀ ਹੋ ਗਏ ਸਨ।

## ਸੀ ਪੀ ਆਈ ਵੱਲੋਂ ਸੰਗਰੂਰ 'ਚ ਵਿਸ਼ਾਲ ਜ਼ੋਨਲ ਰੈਲੀ






**ਸੰਗਰੂਰ (ਪ੍ਰਵੀਨ ਸਿੰਘ)**

ਭਾਰਤੀ ਕਮਿਊਨਿਸਟ ਪਾਰਟੀ ਦੀ ਜ਼ੋਨਲ ਰੈਲੀ ਡੀ ਸੀ ਦਫਤਰ ਦੇ ਸਾਹਮਣੇ ਕੁਲਵੰਤ ਸਿੰਘ ਮੌਲਵੀਵਾਲਾ, ਭਰਪੂਰ ਸਿੰਘ ਬੁਲਾਂਪੁਰ ਤੇ ਖੁਸ਼ੀਆ ਸਿੰਘ 'ਤੇ ਅਧਾਰਤ ਪ੍ਰਧਾਨਗੀ ਮੰਡਲ ਦੀ ਪ੍ਰਧਾਨਗੀ ਹੇਠ ਹੋਈ। ਇਸ ਰੈਲ਼ੀ ਵਿਚ ਸੰਗਰੂਰ ਤੋਂ ਇਲਾਵਾ ਚੰਡੀਗੜ੍ਹ, ਮੁਹਾਲੀ, ਪਟਿਆਲਾ, ਬਰਨਾਲਾ ਆਦਿ ਜ਼ਿਲ੍ਹਿਆਂ ਦੇ ਸਾਥੀਆਂ ਨੇ ਭਾਗ ਲਿਆ। ਸੀ ਪੀ ਆਈ ਜ਼ਿਲ੍ਹਾ ਸੰਗਰੂਰ ਦੇ ਸਕੱਤਰ ਸੁਖਦੇਵ ਸ਼ਰਮਾ ਨੇ ਦੱਸਿਆ ਕਿ ਇਸ ਰੈਲੀ ਨੂੰ ਸੰਬੋਧਨ ਕਰਦਿਆਂ ਕੇਂਦਰੀ ਸਕੱਤਰੇਤ ਮੈਂਬਰ ਡਾਕਟਰ ਭਾਲ ਚੰਦਰ ਕਾਂਗੋ ਤੇ ਡਾਕਟਰ ਗਰੀਸ਼ ਚੰਦਰ ਸ਼ਰਮਾ ਨੇ ਕਿਹਾ ਕਿ ਦੇਸ਼ ਦੀ ਰਾਜਨੀਤੀ ਫਾਸੀਵਾਦ ਵੱਲ ਵਧ ਰਹੀ ਹੈ, ਦੇਸ਼ ਅੰਦਰ ਫਿਰਕੂ ਕਤਾਰਬੰਦੀ ਕੀਤੀ ਜਾ ਰਹੀ ਹੈ, ਦੇਸ਼ ਅੰਦਰ ਘੱਟ ਗਿਣਤੀਆਂ ਨਾਲ ਧੱਕਾ ਕੀਤਾ ਜਾ ਰਿਹਾ।ਮੋਦੀ ਸਰਕਾਰ ਵੱਲੋਂ ਵਿੱਤੀ ਸਰਮਾਏ ਦੀ ਪੁਸ਼ਤਪਨਾਹੀ ਕਰਦਿਆਂ ਅਡਾਨੀ ਦੀ ਰਿਸ਼ਵਤ ਦੇ ਮਾਮਲੇ 'ਤੇ ਮੋਦੀ ਸਰਕਾਰ ਨੇ ਚੁੱਪੀ ਧਾਰੀ ਹੋਈ ਹੈ। ਨਵੀਂ ਸਿੱਖਿਆ ਨੀਤੀ ਅਤੇ ਸਿੱਖਿਆ ਵਿੱਚ ਆਰ ਐੱਸ ਐੱਸ ਦੀ ਘੁਸਪੈਠ ਕਰਵਾਈ ਜਾ ਰਹੀ ਹੈ ਤੇ ਦੇਸ਼ ਅੰਦਰ ਭੁੱਖਮਰੀ ਵਧ ਰਹੀ ਹੈ।

ਬੰਤ ਬਰਾੜ ਸੂਬਾ ਸਕੱਤਰ ਸੀ ਪੀ ਆਈ ਪੰਜਾਬ ਨੇ ਕਿਹਾ ਕਿ ਮੋਦੀ ਸਰਕਾਰ, ਜਿਸ ਦੀ ਅਗਵਾਈ ਭਾਰਤੀ ਜਨਤਾ ਪਾਰਟੀ ਕਰ ਰਹੀ ਹੈ, ਉਹ ਪੰਜਾਬ ਨਾਲ ਬੇਇਨਸਾਫੀ ਕਰ ਰਹੀ ਹੈ। ਸਰਕਾਰ ਪੰਜਾਬ ਦੇ ਪਾਣੀਆਂ ਦਾ ਮਸਲਾ ਹੱਲ ਨਹੀਂ ਕਰਨਾ ਚਾਹੁੰਦੀ ਅਤੇ ਪੰਜਾਬੀ ਬੋਲਦੇ ਇਲਾਕੇ ਸਮੇਤ ਚੰਡੀਗੜ੍ਹ ਪੰਜਾਬ ਨੂੰ ਦੇਣ ਤੋਂ ਟਾਲ-ਮਟੋਲ ਕਰਕੇ ਹਰਿਆਣਾ ਨੂੰ ਵਿਧਾਨ ਸਭਾ ਲਈ ਚੰਡੀਗੜ੍ਹ ਵਿੱਚ ਜਗ੍ਹਾ ਦੇਣ ਦਾ ਅਤਿ ਨਿੰਦਣਯੋਗ ਕੰਮ ਕਰ ਰਹੀ ਹੈ। ਪੰਜਾਬ ਅੰਦਰ ਬੀ ਐੱਸ ਐੱਫ ਨੂੰ 50 ਕਿਲੋਮੀਟਰ ਤੱਕ ਅੰਦਰ ਦਾ ਚਾਰਜ ਦੇਣਾ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੂੰ ਪੰਜਾਬ ਤੋਂ ਖੋਹਣ ਦੇ ਯਤਨ ਕੀਤੇ ਜਾ ਰਹੇ ਹਨ। ਧੱਕੇ ਨਾਲ ਚੰਡੀਗੜ੍ਹ ਦੇ ਮੁਲਾਜ਼ਮਾਂ 'ਤੇ ਕੇਂਦਰੀ ਸਕੇਲ ਲਾਗੂ ਕੀਤੇ ਜਾ ਰਹੇ ਹਨ, ਜਦ ਕਿ ਅੱਜ ਤੱਕ ਚੰਡੀਗੜ੍ਹ ਦੇ ਮੁਲਾਜ਼ਮਾਂ ਨੂੰ ਪੰਜਾਬ ਸਰਕਾਰ ਨਾਲ ਜੋੜਿਆ ਹੋਇਆ ਸੀ।

ਸੀ ਪੀ ਆਈ ਦੀ ਕੌਮੀ ਕੌਂਸਲ ਦੇ ਮੈਂਬਰ ਨਿਰਮਲ ਸਿੰਘ ਧਾਲੀਵਾਲ ਨੇ ਕਿਹਾ ਕਿ ਪੰਜਾਬ ਸੀ ਪੀ ਆਈ ਨੇ ਬਹੁਤ ਹੀ ਸੰਜੀਦਗੀ ਤੇ ਫਿਕਰਬੰਦੀ ਨਾਲ ਪੰਜਾਬ ਦੇ ਮੁੱਦਿਆਂ ਨੂੰ ਮਹਿਸੂਸ ਕਰਦੇ ਹੋਏ ਫੈਸਲਾ ਕੀਤਾ ਹੈ ਕਿ ਸੀ ਪੀ ਆਈ ਪੰਜਾਬ ਵਿੱਚ ਪੰਜ ਰੈਲੀਆਂ ਕਰਕੇ ਆਮ ਲੋਕਾਂ ਨੂੰ ਜਾਗਰੂਕ ਤੇ ਲਾਮਬੰਦ ਕਰਕੇ ਮਸਲੇ ਦੇ ਹੱਲ ਤੱਕ ਲਗਾਤਾਰ ਸੰਘਰਸ਼ ਕਰੇਗੀ। ਉਨ੍ਹਾ ਕਿਹਾ ਕਿ ਦੇਸ਼ ਅਤੇ ਪੰਜਾਬ ਦੇ ਅਹਿਮ ਮੁੱਦਿਆਂ ਨੂੰ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਵਿਤਕਰੇ ਅਧੀਨ ਨਜ਼ਰ ਅੰਦਾਜ਼ ਕਰਕੇ ਹੋਰ ਉਲਝਾ ਕੇ ਗੰਦੀ ਰਾਜਨੀਤੀ ਕੀਤੀ ਜਾ ਰਹੀ ਹੈ, ਦੂਸਰੇ ਪਾਸੇ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਬੁਨਿਆਦੀ ਮੁੱਦਿਆਂ ਪ੍ਰਤੀ ਪੂਰੀ ਤਰਾਂ ਨਾਵਾਕਫ ਤੇ ਲਾਪਰਵਾਹ ਹੈ।

ਪੰਜਾਬ ਸਰਕਾਰ ਹਰ ਵਰਗ ਦੀਆਂ ਦੁੱਖ-ਤਕਲੀਫਾਂ, ਲੋੜਾਂ ਅਤੇ ਮੰਗਾਂ ਨੂੰ ਹੱਲ ਕਰਨ ਲਈ ਬੁਰੀ ਤਰ੍ਹਾਂ ਫੇਲ੍ਹ ਹੋਈ ਹੈ। ਬਦਲਾਅ ਦੇ ਨਾਅਰੇ ਨਾਲ ਭ੍ਰਿਸ਼ਟਾਚਾਰ, ਰੁਜ਼ਗਾਰ, ਮਾਫੀਆ ਰਾਜ, ਅਮਨ-ਕਾਨੂੰਨ,

● ਬਾਕੀ ਸਫ਼ਾ 2 'ਤੇ

## ਆਰਥਕ ਵਿਕਾਸ ਦਰ 'ਚ ਭਾਰੀ ਗਿਰਾਵਟ




**ਨਵੀਂ ਦਿੱਲੀ :** ਭਾਰਤ ਦੀ ਆਰਥਕ ਵਿਕਾਸ ਦਰ ਜੁਲਾਈ-ਸਤੰਬਰ 2024 'ਚ 5.4 ਫੀਸਦੀ ਦਰਜ ਕੀਤੀ ਗਈ ਹੈ, ਜੋ ਪਿਛਲੇ ਵਿੱਤੀ ਸਾਲ ਦੀ ਦੂਜੀ ਤਿਮਾਹੀ 'ਚ 8.1 ਫੀਸਦੀ ਸੀ। ਮੈਨੂੰਫੈਕਚਰਿੰਗ, ਮਾਈਨਿੰਗ ਖਪਤ ਦੀ ਵਿਕਾਸ ਦਰ ਕਾਫੀ ਘਟੀ ਹੈ। ਕੌਮੀ ਅੰਕੜਾ ਦਫਤਰ ਵੱਲੋਂ ਜਾਰੀ ਅੰਕੜਿਆਂ ਮੁਤਾਬਕ ਮੈਨੂੰਫੈਕਚਰਿੰਗ ਦੀ ਵਿਕਾਸ ਦਰ ਪਿਛਲੇ ਵਿੱਤੀ ਸਾਲ ਦੀ ਦੂਜੀ ਤਿਮਾਹੀ 'ਚ 14.3 ਫੀਸਦੀ ਸੀ, ਜਿਹੜੀ ਕਿ 2.2 ਫੀਸਦੀ 'ਤੇ ਆ ਗਈ। ਮਾਈਨਿੰਗ ਦੀ ਵਿਕਾਸ ਦਰ 11.1 ਫੀਸਦੀ ਤੋਂ ਘਟ ਕੇ 0.1 ਫੀਸਦੀ 'ਤੇ ਆ ਗਈ। ਬਿਜਲੀ, ਗੈਸ, ਵਾਟਰ ਸਪਲਾਈ ਤੇ ਹੋਰ ਸੇਵਾਵਾਂ ਦੀ ਵਿਕਾਸ ਦਰ 10.4 ਫੀਸਦੀ ਤੋਂ ਘਟ ਕੇ 3.3 ਫੀਸਦੀ ਰਹਿ ਗਈ। ਨਿਰਮਾਣ ਦੀ ਵਿਕਾਸ ਦਰ 13.6 ਫੀਸਦੀ ਤੋਂ ਘਟ ਕੇ 7.7 ਫੀਸਦੀ 'ਤੇ ਆ ਗਈ।

ਖੇਤੀਬਾੜੀ, ਪਸ਼ੂ ਧਨ, ਜੰਗਲਾਤ ਤੇ ਮੱਛੀ ਪਾਲਣ ਦੇ ਖੇਤਰਾਂ ਨੇ ਚੰਗੀ ਕਾਰਗੁਜ਼ਾਰੀ ਦਿਖਾਈ ਅਤੇ ਇਨ੍ਹਾਂ ਦੀ ਵਿਕਾਸ ਦਰ 1.7 ਫੀਸਦੀ ਤੋਂ ਵਧ ਕੇ 3.5 ਫੀਸਦੀ ਹੋ ਗਈ।

## ਫੁੱਲ ਚੁਗਣ ਗਏ ਦੀ ਹੱਤਿਆ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਸ਼ੁੱਕਰਵਾਰ ਸਵੇਰੇ ਸ਼ਮਸ਼ਾਨਘਾਟ 'ਚ 45 ਸਾਲਾ ਨਵਨੀਤ ਸਿੰਘ ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ। ਉਹ ਆਪਣੇ ਤਾਏ ਦੇ ਫੁੱਲ ਚੁਗਣ ਲਈ ਰਿਸ਼ਤੇਦਾਰਾਂ ਨਾਲ ਸ਼ਮਸ਼ਾਨਘਾਟ ਗਿਆ ਸੀ। ਦੋ ਹਮਲਾਵਰਾਂ ਨੇ ਉਸ 'ਤੇ ਗੋਲੀਆਂ ਚਲਾ ਦਿੱਤੀਆਂ। ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ।

ਐੱਸ ਪੀ ਸਿਟੀ ਸਰਫਰਾਜ਼ ਆਲਮ ਨੇ ਕਿਹਾ ਕਿ ਪਹਿਲੀ ਮੁਢਲੀ ਜਾਣਕਾਰੀ ਅਨੁਸਾਰ ਇਹ ਕਤਲ ਜਾਇਦਾਦ ਦੇ ਵਿਵਾਦ ਦਾ ਨਤੀਜਾ ਜਾਪਦਾ ਹੈ। ਨਵਨੀਤ ਸਿੰਘ ਮਾਪਿਆਂ ਦਾ ਗੋਦ ਲਿਆ ਪੁੱਤਰ ਸੀ।

### ਬਿਰਸਾ ਮੁੰਡਾ ਦੇ ਪੜਪੋਤੇ ਦੀ ਮੌਤ

**ਰਾਂਚੀ :** ਕਬਾਇਲੀ ਆਗੂ ਬਿਰਸਾ ਮੁੰਡਾ ਦੇ ਪੜਪੋਤੇ ਮੰਗਲ ਮੁੰਡਾ (45) ਦੀ ਸ਼ੁੱਕਰਵਾਰ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ। ਉਹ ਸੜਕ ਹਾਦਸੇ 'ਚ ਜ਼ਖਮੀ ਹੋ ਗਿਆ ਸੀ ਤੇ ਜ਼ੇਰੇ ਇਲਾਜ ਸੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੰਗਲ ਮੁੰਡਾ ਦੀ ਮੌਤ ਨੂੰ ਝਾਰਖੰਡ ਦੇ ਕਬਾਇਲੀ ਸਮਾਜ ਲਈ ਵੱਡਾ ਘਾਟਾ ਦੱਸਿਆ ਹੈ। ਝਾਰਖੰਡ ਦੇ ਮੁੱਖ ਮੰਤਰੀ ਹੇਮੰਤ ਸੋਰੇਨ ਨੇ ਵੀ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

### ਧਮਕੀ ਝੂਠੀ ਨਿਕਲੀ

**ਨਵੀਂ ਦਿੱਲੀ :** ਪ੍ਰਸ਼ਾਂਤ ਵਿਹਾਰ 'ਚ ਘੱਟ ਤੀਬਰਤਾ ਵਾਲੇ ਧਮਾਕੇ ਵਾਲੀ ਥਾਂ ਤੋਂ ਇੱਕ ਕਿਲੋਮੀਟਰ ਦੇ ਅੰਦਰ ਸਥਿਤ ਦਿੱਲੀ ਦੇ ਰੋਹਿਣੀ 'ਚ ਇੱਕ ਪ੍ਰਾਈਵੇਟ ਸਕੂਲ ਨੂੰ ਸ਼ੁੱਕਰਵਾਰ ਈਮੇਲ ਰਾਹੀਂ ਬੰਬ ਦੀ ਧਮਕੀ ਮਿਲੀ। ਹਾਲਾਂਕਿ ਪੂਰੀ ਤਲਾਸ਼ੀ ਲੈਣ ਤੋਂ ਬਾਅਦ ਇਹ ਧਮਕੀ ਝੂਠੀ ਨਿਕਲੀ। ਪੁਲਸ ਨੂੰ ਸਵੇਰੇ 10:57 ਵਜੇ ਵੈਂਕਟੇਸ਼ਵਰ ਗਲੋਬਲ ਸਕੂਲ 'ਚ ਬੰਬ ਦੀ ਧਮਕੀ ਵਾਲੀ ਈਮੇਲ ਬਾਰੇ ਕਾਲ ਆਈ ਸੀ।

### ਤਾਮਿਲਨਾਡੂ ਦੇ ਸਾਬਕਾ ਮੁੱਖ ਮੰਤਰੀ ਨੂੰ ਰਾਹਤ

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਤਾਮਿਲਨਾਡੂ ਦੇ ਸਾਬਕਾ ਮੁੱਖ ਮੰਤਰੀ ਓ ਪਨੀਰਸੇਲਵਮ ਅਤੇ ਉਨ੍ਹਾ ਦੇ ਪਰਵਾਰ ਦੇ ਸੱਤ ਮੈਂਬਰਾਂ ਖਿਲਾਫ ਆਮਦਨ ਤੋਂ ਵੱਧ ਜਾਇਦਾਦ ਬਣਾਉਣ ਦਾ ਮਾਮਲਾ ਬਹਾਲ ਕਰਨ ਦੇ ਮਦਰਾਸ ਹਾਈ ਕੋਰਟ 'ਤੇ ਹੁਕਮਾਂ 'ਤੇ ਰੋਕ ਲਾ ਦਿੱਤੀ ਹੈ। ਜਸਟਿਸ ਰਿਸ਼ੀਕੇਸ਼ ਰਾਏ ਅਤੇ ਐੱਸ ਵੀ ਐੱਨ ਭੱਟੀ ਦੀ ਬੈਂਚ ਨੇ ਪਨੀਰਸੇਲਵਮ ਦੀ ਪਟੀਸ਼ਨ 'ਤੇ ਨੋਟਿਸ ਜਾਰੀ ਕੀਤਾ ਹੈ। ਮਦਰਾਸ ਹਾਈਕੋਰਟ ਨੇ 29 ਅਕਤੂਬਰ ਨੂੰ ਸਾਬਕਾ ਮੁੱਖ ਮੰਤਰੀ ਨੂੰ ਦੋਸ਼ਮੁਕਤ ਕਰਾਰ ਦੇਣ ਦੇ 3 ਦਸੰਬਰ, 2012 ਦੇ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ/ਵਿਸ਼ੇਸ਼ ਜੱਜ ਸ਼ਿਵਗੰਗਾ ਦੇ ਹੁਕਮ ਨੂੰ ਰੱਦ ਕਰ ਦਿੱਤਾ ਸੀ।

### ਚੌਂਕੀ 'ਚ ਧਮਾਕਾ

**ਅੰਮ੍ਰਿਤਸਰ :** ਇੱਥੇ ਗੁਰਬਖਸ਼ ਨਗਰ ਚੌਂਕੀ 'ਚ ਸ਼ੁੱਕਰਵਾਰ ਤੜਕੇ ਧਮਾਕਾ ਹੋ ਗਿਆ। ਇਸ ਤੋਂ ਪਹਿਲਾਂ ਅਜਨਾਲਾ 'ਚ ਪੁਲਸ ਥਾਣੇ ਦੇ ਬਾਹਰ ਵਿਸਫੋਟਕ ਸਮੱਗਰੀ ਮਿਲੀ ਸੀ। ਧਮਾਕੇ ਨਾਲ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਹੈ, ਪਰ ਇਲਾਕੇ ਦੇ ਲੋਕਾਂ 'ਚ ਡਰ ਵਾਲਾ ਮਾਹੌਲ ਹੈ। ਧਮਾਕਾ ਤੜਕੇ ਤਿੰਨ ਤੇ ਚਾਰ ਵਜੇ ਵਿਚਾਲੇ ਹੋਇਆ। ਰਾਤ ਦਾ ਸਮਾਂ ਹੋਣ ਕਾਰਨ ਧਮਾਕੇ ਦੀ ਆਵਾਜ਼ ਦੂਰ ਤੱਕ ਸੁਣਾਈ ਦਿੱਤੀ। ਚੌਂਕੀ ਇੱਕ ਸਾਲ ਤੋਂ ਲੱਗਭੱਗ ਬੰਦ ਪਈ ਸੀ।

## ਸਰਦ ਰੁੱਤ ਅਜਲਾਸ ਦਾ ਪਹਿਲਾ ਹਫਤਾ ਜ਼ਾਇਆ

**ਨਵੀਂ ਦਿੱਲੀ :** ਸੰਸਦ ਦਾ ਸਰਦ ਰੁੱਤ ਅਜਲਾਸ ਸਾਰਾ ਹਫਤਾ ਬਿਨਾਂ ਕੰਮਕਾਜ ਦੇ ਲੰਘ ਗਿਆ। ਰਾਜ ਸਭਾ 'ਚ ਸ਼ੁੱਕਰਵਾਰ ਵਿਰੋਧੀ ਧਿਰ ਦੇ ਮੈਂਬਰਾਂ ਵੱਲੋਂ ਅਡਾਨੀ ਤੇ ਹੋਰ ਮਾਮਲਿਆਂ 'ਤੇ ਸਪੱਸ਼ਟ ਜਵਾਬ ਨਾ ਦੇਣ 'ਤੇ ਸਰਕਾਰ ਖਿਲਾਫ ਨਾਅਰੇਬਾਜ਼ੀ ਕੀਤੀ ਗਈ, ਜਿਸ ਕਾਰਨ ਸਰਦ ਰੁੱਤ ਸੈਸ਼ਨ ਦੇ ਚੌਥੇ ਦਿਨ ਵੀ ਕਾਰਵਾਈ ਨਹੀਂ ਚੱਲੀ ਅਤੇ ਹੁਣ ਸਦਨ 2 ਦਸੰਬਰ ਨੂੰ ਸਵੇਰੇ 11 ਵਜੇ ਮੁੜ ਜੁੜੇਗਾ। ਰਾਜ ਸਭਾ ਦੇ ਚੇਅਰਮੈਨ ਜਗਦੀਪ ਧਨਖੜ ਨੇ ਕਿਹਾ ਕਿ ਵਿਰੋਧੀ ਧਿਰ ਗਲਤ ਕਰ ਰਹੀ ਹੈ। ਕਾਰਵਾਈ ਵਿਚ ਵਿਘਨ ਪਾਉਣਾ ਚੰਗੀ ਮਿਸਾਲ ਨਹੀਂ।

ਦੂਜੇ ਪਾਸੇ ਕਾਂਗਰਸ ਦੇ ਮੈਂਬਰ ਗੌਰਵ ਗੋਗੋਈ ਨੇ ਕਿਹਾ ਕਿ ਸਰਕਾਰ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਉਹ ਕਿਹੜਾ ਮੁੱਦਾ ਕਿਸ ਵੇਲੇ ਵਿਚਾਰਨਾ ਚਾਹੁੰਦੀ ਹੈ। ਉਨ੍ਹਾਂ ਪੁੱਛਿਆ ਕਿ ਸਰਕਾਰ ਜਦੋਂ ਅਡਾਨੀ, ਮਨੀਪੁਰ, ਸੰਭਲ, ਚੀਨ ਅਤੇ ਵਿਦੇਸ਼ ਨੀਤੀ 'ਤੇ ਚਰਚਾ ਬਾਰੇ ਦਿਨ ਤੈਅ ਕਰੇਗੀ, ਉਦੋਂ ਉਹ ਸਦਨ ਦੀ ਕਾਰਵਾਈ ਚੱਲਣ ਦੇਣਗੇ। ਸਮਾਜਵਾਦੀ ਪਾਰਟੀ ਦੇ ਮੈਂਬਰ ਰਾਮ ਗੋਪਾਲ ਯਾਦਵ ਨੇ ਵੀ ਕਿਹਾ ਕਿ ਕੇਂਦਰ ਸਰਕਾਰ ਇਨ੍ਹਾਂ ਮੁੱਦਿਆਂ 'ਤੇ ਚਰਚਾ ਕਰਨ ਤੋਂ ਭੱਜ ਰਹੀ ਹੈ।

ਇਨ੍ਹਾਂ ਮੁੱਦਿਆਂ 'ਤੇ ਲੋਕ ਸਭਾ ਵਿੱਚ ਵੀ ਹੰਗਾਮਾ ਹੋਇਆ ਤੇ ਕਾਰਵਾਈ ਦਿਨ ਭਰ ਲਈ ਮੁਲਤਵੀ ਕਰ ਦਿੱਤੀ ਗਈ। ਜਿਵੇਂ ਹੀ ਸਦਨ ਦੀ ਬੈਠਕ 12 ਵਜੇ ਸ਼ੁਰੂ ਹੋਈ, ਕਾਂਗਰਸ ਅਤੇ ਸਮਾਜਵਾਦੀ ਪਾਰਟੀ ਦੇ ਮੈਂਬਰ ਅੱਗੇ ਆ ਗਏ ਤੇ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ।

ਪ੍ਰਸ਼ਨ ਕਾਲ ਦੌਰਾਨ ਸਦਨ ਵਿਚ ਦੋ ਸਵਾਲ ਹੀ ਕੀਤੇ ਗਏ ਸਨ ਕਿ ਕਾਰਵਾਈ ਵਿਚ ਵਿਘਨ ਪੈ ਗਿਆ। ਸਦਨ ਦੀ ਕਾਰਵਾਈ ਮੁੜ ਸ਼ੁਰੂ ਹੋਣ 'ਤੇ ਵਿਰੋਧੀ ਧਿਰ ਦਾ ਵਿਰੋਧ ਜਾਰੀ ਰਿਹਾ। ਸਦਨ ਦੀ ਪ੍ਰਧਾਨਗੀ ਕਰ ਰਹੇ ਦਿਲੀਪ ਸੈਕੀਆ ਨੇ ਵਿਰੋਧੀ ਧਿਰ ਨੂੰ ਉਸਾਰੂ ਭੂਮਿਕਾ ਨਿਭਾਉਣ ਦੀ ਅਪੀਲ ਕੀਤੀ। ਜਦੋਂ ਉਨ੍ਹਾ ਦੀਆਂ ਅਪੀਲਾਂ ਬੇਅਸਰ ਹੋ ਗਈਆਂ ਤਾਂ ਉਨ੍ਹਾ ਸਦਨ ਦੀ ਕਾਰਵਾਈ ਦਿਨ ਭਰ ਲਈ ਮੁਲਤਵੀ ਕਰ ਦਿੱਤੀ। ਹੁਣ ਸਦਨ ਦੀ ਬੈਠਕ ਸੋਮਵਾਰ ਸਵੇਰੇ ਹੋਵੇਗੀ।

## ਸੱਜਣ ਕੁਮਾਰ ਬਾਰੇ ਫੈਸਲਾ 16 ਤੱਕ ਟਲਿਆ



**ਨਵੀਂ ਦਿੱਲੀ :** ਵਿਸ਼ੇਸ਼ ਜੱਜ ਕਾਵੇਰੀ ਬਵੇਜਾ 1984 ਦੇ ਸਿੱਖ ਵਿਰੋਧੀ ਦੰਗਿਆਂ ਦੇ ਮਾਮਲੇ 'ਚ ਸਾਬਕਾ ਕਾਂਗਰਸੀ ਸੰਸਦ ਮੈਂਬਰ ਸੱਜਣ ਕੁਮਾਰ ਬਾਰੇ 16 ਦਸੰਬਰ ਨੂੰ ਫੈਸਲਾ ਸੁਣਾਏਗੀ। ਇਹ ਮਾਮਲਾ ਸਰਸਵਤੀ ਵਿਹਾਰ ਇਲਾਕੇ 'ਚ ਦੋ ਸਿੱਖਾਂ ਦੀ ਕਥਿਤ ਹੱਤਿਆ ਨਾਲ ਸੰਬੰਧਤ ਹੈ। ਫੈਸਲਾ ਸ਼ੁੱਕਰਵਾਰ ਸੁਣਾਉਣਾ ਸੀ, ਪਰ ਹੁਕਮਾਂ ਦੀ ਕਾਪੀ ਤਿਆਰ ਨਹੀਂ ਹੋ ਸਕੀ।

ਅਦਾਲਤ ਨੇ 1 ਨਵੰਬਰ 1984 ਨੂੰ ਜਸਵੰਤ ਸਿੰਘ ਅਤੇ ਉਸ ਦੇ ਪੁੱਤਰ ਤਰੁਣਦੀਪ ਸਿੰਘ ਦੇ ਕਤਲ ਨਾਲ ਸੰਬੰਧਤ ਕੇਸ 'ਚ ਅੰਤਮ ਦਲੀਲਾਂ ਸੁਣਨ ਤੋਂ ਬਾਅਦ ਫੈਸਲਾ ਰਾਖਵਾਂ ਰੱਖ ਲਿਆ ਸੀ। ਭਾਵੇਂ ਇਸ ਮਾਮਲੇ ਵਿੱਚ ਪੰਜਾਬੀ ਬਾਗ ਥਾਣੇ ਦੀ ਪੁਲਸ ਨੇ ਪਹਿਲਾਂ ਕੇਸ ਦਰਜ ਕਰ ਲਿਆ ਸੀ, ਪਰ ਬਾਅਦ 'ਚ ਵਿਸ਼ੇਸ਼ ਜਾਂਚ ਟੀਮ ਨੇ ਜਾਂਚ ਆਪਣੇ ਹੱਥ 'ਚ ਲੈ ਲਈ ਸੀ। ਅਦਾਲਤ ਨੇ 16 ਦਸੰਬਰ 2021 ਨੂੰ ਸੱਜਣ ਕੁਮਾਰ ਵਿਰੁੱਧ ਦੋਸ਼ ਆਇਦ ਕੀਤੇ ਸਨ। ਇਸਤਗਾਸਾ ਪੱਖ ਅਨੁਸਾਰ ਸੱਜਣ ਕੁਮਾਰ ਨੇ ਹੀ ਉਸ ਭੀੜ ਦੀ ਅਗਵਾਈ ਕੀਤੀ ਸੀ, ਜਿਸ ਨੇ ਸਿੱਖਾਂ ਦੇ ਘਰ ਸਾੜੇ ਤੇ ਹੱਤਿਆਵਾਂ ਕੀਤੀਆਂ।

## ਸ਼੍ਰੋਮਣੀ ਅਕਾਲੀ ਦਲ (ਆਜ਼ਾਦ) ਕਾਇਮ ਕਰਨ ਦਾ ਫੈਸਲਾ

**ਗੂਹਲਾ ਚੀਕਾ :** ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਦੀ ਮਾਤਾ ਬਲਵੀਰ ਕੌਰ ਦੀ ਦੂਜੀ ਸਾਲਾਨਾ ਯਾਦ ਮਨਾਉਣ ਲਈ ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਵਿੱਚ ਇਕੱਠ ਹੋਇਆ, ਜਿਸ 'ਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ, ਜਥੇਦਾਰ ਦਾਦੂਵਾਲ, ਪੰਥਕ ਆਗੂਆਂ ਤੇ ਸੰਤ-ਮਹਾਂਪੁਰਸ਼ਾਂ ਨੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਆ ਰਹੀਆਂ ਚੋਣਾਂ ਨੂੰ ਇੱਕ ਪਲੇਟਫਾਰਮ 'ਤੇ ਲੜਨ ਅਤੇ ਸਿੱਖ ਸੰਗਤ ਨੂੰ ਦਰਪੇਸ਼ ਮੁਸ਼ਕਲਾਂ ਦੇ ਹੱਲ ਲਈ ਸ਼੍ਰੋਮਣੀ ਅਕਾਲੀ ਦਲ (ਆਜ਼ਾਦ) ਕਾਇਮ ਕਰਨ ਦਾ ਐਲਾਨ ਕੀਤਾ ਗਿਆ। ਪੰਥਕ ਇਕੱਠ ਵੱਲੋਂ ਪੰਚ ਪ੍ਰਧਾਨੀ ਮਰਿਆਦਾ ਨੂੰ ਮੁੱਖ ਰੱਖਦੇ ਹੋਏ ਪੰਜ ਆਗੂਆਂ ਭਾਈ ਸੁਖਵਿੰਦਰ ਸਿੰਘ ਮੰਡੇਬਰ, ਯਮੁਨਾਨਗਰ, ਭਾਈ ਸਵਰਨ ਸਿੰਘ ਰਤੀਆ, ਭਾਈ ਉਮਰਾਓ ਸਿੰਘ ਛੀਨਾ ਕੈਂਥਲ, ਭਾਈ ਸਵਰਨ ਸਿੰਘ ਬੁੰਗਾ ਟਿੱਬਾ ਪੰਚਕੂਲਾ ਅਤੇ ਭਾਈ ਮਲਕੀਤ ਸਿੰਘ ਪੰਨੀਵਾਲਾ, ਸਿਰਸਾ ਦੀ ਜ਼ਿੰਮੇਵਾਰੀ ਲਗਾਈ ਗਈ ਕਿ ਉਹ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਅਤੇ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਪੁੱਜ ਕੇ ਅਰਦਾਸ ਕਰਨ ਤੇ ਇਸ ਉਪਰੰਤ 15 ਦਿਨਾਂ 'ਚ ਸਿੱਖ ਸੰਗਤ, ਸੰਤ-ਮਹਾਂਪੁਰਸ਼ਾਂ ਤੇ ਪੰਥਕ ਜਥੇਬੰਦੀਆਂ ਨਾਲ ਸਲਾਹ ਕਰ ਕੇ ਪ੍ਰਧਾਨ ਦਾ ਐਲਾਨ ਕੀਤਾ ਜਾਵੇ।

ਉਸ ਤੋਂ ਬਾਅਦ ਸਮੁੱਚੇ ਅਹੁਦੇਦਾਰਾਂ ਅਤੇ 40 ਵਾਰਡਾਂ ਦੇ ਉਮੀਦਵਾਰਾਂ ਦਾ ਐਲਾਨ ਕੀਤਾ ਜਾਏਗਾ।

## ਜੋਗਿੰਦਰਪਾਲ ਜੈਨ ਨੂੰ ਭਰਪੂਰ ਸ਼ਰਧਾਂਜਲੀਆਂ



**ਮੋਗਾ (ਇਕਬਾਲ ਸਿੰਘ ਖਹਿਰਾ)**

ਸਾਬਕਾ ਮੇਅਰ ਅਕਸ਼ਿਤ ਜੈਨ ਤੇ ਪੁਨੀਤ ਜੈਨ ਕੈਨੇਡਾ ਦੇ ਪਿਤਾ ਤੇ ਸਾਬਕਾ ਪ੍ਰਧਾਨ ਨਗਰ ਕੌਂਸਲ ਸ੍ਰੀਮਤੀ ਸਵਰਨ ਲਤਾ ਜੈਨ ਦੇ ਪਤੀ, ਤਿੰਨ ਵਾਰ ਮੋਗਾ ਦੇ ਵਿਧਾਇਕ ਰਹੇ ਸ੍ਰੀ ਜੋਗਿੰਦਰਪਾਲ ਜੈਨ ਲੰਮੀ ਬਿਮਾਰੀ ਪਿੱਛੋਂ ਬੀਤੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸਨ, ਉਨ੍ਹਾਂ ਨਮਿਤ ਰਸਮ ਪਗੜੀ ਤੇ ਪਾਠ ਦੇ ਭੋਗ ਪਾਏ ਗਏ, ਜਿੱਥੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਡੇਰਾ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ, ਹਜ਼ੂਰ ਜਸਦੀਪ ਸਿੰਘ ਗਿੱਲ, ਭਾਜਪਾ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ, ਸਾਬਕਾ ਡੀ.ਜੀ.ਪੀ. ਪਰਮਦੀਪ ਸਿੰਘ ਗਿੱਲ ਸਮੇਤ ਪੰਜਾਬ ਭਰ ਤੋਂ ਹਜ਼ਾਰਾਂ ਲੋਕਾਂ ਨੇ ਸ਼ਿਰਕਤ ਕੀਤੀ। ਇਸ ਸ਼ਰਧਾਂਜਲੀ ਸਮਾਗਮ ਦੌਰਾਨ ਡੇਰਾ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ, ਹਜ਼ੂਰ ਜਸਦੀਪ ਸਿੰਘ ਗਿੱਲ ਵਲੋਂ ਸਾਬਕਾ ਮੇਅਰ ਅਕਸ਼ਿਤ ਜੈਨ ਤੇ ਪੁਨੀਤ ਜੈਨ ਕੈਨੇਡਾ ਤੇ ਜੈਨ ਸਾਹਿਬ ਦੀ ਧਰਮਪਤਨੀ ਸਵਰਨ ਲਤਾ ਜੈਨ ਨਾਲ ਦੁੱਖ ਸਾਂਝਾ ਕੀਤਾ, ਉਥੇ ਸ੍ਰੀ ਜੋਗਿੰਦਰਪਾਲ ਜੈਨ ਦੀ ਤਸਵੀਰ 'ਤੇ ਫੁੱਲ ਮਾਲਾਵਾਂ ਭੇਟ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।

ਪਾਠ ਦੇ ਭੋਗ ਪਾਏ ਗਏ ਤੇ ਭਜਨ ਮੰਡਲੀ ਵਲੋਂ ਭਜਨ ਗਾਇਨ ਕੀਤੇ ਗਏ। ਸ਼ਰਧਾਂਜਲੀ ਸਮਾਗਮ ਦੇ

● ਬਾਕੀ ਸਫ਼ਾ 2 'ਤੇ

## ਸ਼ਾਹ ਦੱਸਣ ਕਿ ਜੇਲ੍ਹਬੰਦ ਲਾਰੈਂਸ ਬਿਸ਼ਨੋਈ ਕਿਵੇਂ ਗੈਂਗ ਚਲਾ ਰਿਹੈ : ਕੇਜਰੀਵਾਲ

**ਨਵੀਂ ਦਿੱਲੀ :** ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਸ਼ੁੱਕਰਵਾਰ ਦਿੱਲੀ ਦੀ ਮਾੜੀ ਕਾਨੂੰਨ ਵਿਵਸਥਾ ਨੂੰ ਲੈ ਕੇ ਕੇਂਦਰੀ ਗ੍ਰਹਿ ਮੰਤਰੀ 'ਤੇ ਤਕੜਾ ਹਮਲਾ ਕੀਤਾ। ਵਿਧਾਨ ਸਭਾ 'ਚ ਬੋਲਦਿਆਂ ਕੇਜਰੀਵਾਲ ਨੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਦਿੱਲੀ 'ਚ ਅਮਨ-ਕਾਨੂੰਨ ਦੀ ਸਥਿਤੀ ਬਰਕਰਾਰ ਨਹੀਂ ਰੱਖੀ ਜਾ ਰਹੀ। ਉਨ੍ਹਾ ਕਿਹਾ—ਦਿੱਲੀ 'ਚ ਅਸੀਂ ਸਕੂਲਾਂ, ਹਸਪਤਾਲਾਂ, ਸੜਕਾਂ ਅਤੇ ਬਿਜਲੀ ਦੀ ਮੁਰੰਮਤ ਦੀ ਜ਼ਿੰਮੇਵਾਰੀ ਨਿਭਾਈ ਹੈ, ਪਰ ਕੇਂਦਰ ਸਰਕਾਰ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਦਿੱਲੀ ਦੀ ਅਮਨ-ਕਾਨੂੰਨ ਦੀ ਸਥਿਤੀ ਨੂੰ ਸੰਭਾਲਿਆ ਨਹੀਂ ਜਾ ਰਿਹਾ। ਦਿੱਲੀ 'ਚ ਕਤਲ ਅਤੇ ਬੰਬ ਧਮਾਕੇ ਹੋ ਰਹੇ ਹਨ।

ਉਨ੍ਹਾ ਕਿਹਾ—ਹੁਣੇ-ਹੁਣੇ ਮੈਂ ਦੇਖ ਰਿਹਾ ਸੀ ਕਿ ਇਕ ਵਕੀਲ ਕਹਿ ਰਿਹਾ ਸੀ ਕਿ ਸੜਕ 'ਤੇ ਹੱਥ 'ਚ ਮੋਬਾਇਲ ਲੈ ਕੇ ਜਾਣਾ ਮੁਸ਼ਕਲ ਹੈ। ਜੇਕਰ ਤੁਸੀਂ ਆਪਣਾ ਮੋਬਾਇਲ ਲੈ ਕੇ ਜਾਂਦੇ ਹੋ ਤਾਂ ਕੋਈ ਨਾ ਕੋਈ ਤੁਹਾਡਾ ਮੋਬਾਇਲ ਖੋਹ ਲਵੇਗਾ। ਦਿੱਲੀ 'ਚ ਜਬਰ-ਜ਼ਨਾਹ ਹੋ ਰਹੇ ਹਨ ਅਤੇ ਕਤਲ ਕਰ ਦਿੰਦੇ ਹਨ। ਮੈਂ ਇਹ ਅਖਬਾਰ ਲੈ ਕੇ ਆਇਆ ਹਾਂ। ਇਸ 'ਚ ਦਿੱਲੀ ਦੀ ਕਾਨੂੰਨ ਵਿਵਸਥਾ ਬਾਰੇ ਜਾਣਕਾਰੀ ਦਿੱਤੀ ਗਈ ਹੈ। ਉਨ੍ਹਾ ਕਿਹਾ ਕਿ ਕੌਣ ਹੈ ਇਹ ਲਾਰੈਂਸ ਬਿਸ਼ਨੋਈ? ਉਹ ਜੇਲ੍ਹ ਵਿੱਚ ਬੈਠ ਕੇ ਗੈਂਗ ਕਿਵੇਂ ਚਲਾ ਰਿਹਾ ਹੈ? ਇਸ ਬਾਰੇ ਅਮਿਤ ਸ਼ਾਹ ਨੂੰ ਦੱਸਣਾ ਹੋਵੇਗਾ। ਬਿਸ਼ਨੋਈ ਗੈਂਗ, ਭਾਊ ਗੈਂਗ, ਗੋਗੀ ਗੈਂਗ...ਅਜਿਹੇ ਦਰਜਨਾਂ ਗੈਂਗ ਦਿੱਲੀ ਅੰਦਰ ਸਰਗਰਮ ਹਨ। ਕੋਈ ਦੱਸ ਰਿਹਾ ਸੀ ਕਿ ਉਨ੍ਹਾਂ ਆਪਣੇ ਇਲਾਕੇ ਵੰਡ ਲਏ ਹਨ।

## ਅੱਜ-ਨਾਮਾ

ਚੱਲਦਾ ਸੁਣੀਂਦਾ ਭਾਰਤ ਵਿੱਚ ਲੋਕਤੰਤਰ,
ਹਰ ਇੱਕ ਨਾਗਰਿਕ ਇੱਕ ਸਮਾਨ ਮੀਆਂ।
ਕਿਸੇ ਦੇ ਨਾਲ ਕੋਈ ਹੋਵੇ ਜ਼ਿਆਦਤੀ ਨਾ,
ਗਾਰੰਟੀ ਦੇਂਦਾ ਹੈ ਆਪ ਸੰਵਿਧਾਨ ਮੀਆਂ।
ਅਮਲ ਵਿੱਚ ਨਹੀਂ ਦੇਸ਼ ਵਿੱਚ ਇੰਜ ਹੁੰਦਾ,
ਅਮਲ ਨਾਲ ਨਹੀਂ ਮਿਲਣ ਬਿਆਨ ਮੀਆਂ।
ਪੀੜ੍ਹੀਓ ਪੀੜ੍ਹੀ ਗਰੀਬਾਂ ਕੋਲ ਭੁੱਖ ਰਹਿੰਦੀ,
ਹੋ ਗਏ ਧਨਵਾਨ ਆ ਹੋਰ ਧਨਵਾਨ ਮੀਆਂ।
ਸਰਕਾਰ ਚੁਣੀ ਜਾਏ ਕਿਸੇ ਵੀ ਪਾਰਟੀ ਦੀ,
ਪਾਰਟੀ ਬਦਲੀ ਤੇ ਫਰਕ ਨਹੀਂ ਖਾਸ ਮੀਆਂ।
ਨਵੇਂ ਵੀ ਆਣ ਕੇ ਉਹੋ ਕੁਝ ਕਰਨ ਲੱਗਦੇ,
ਜਿਸ ਦੀ ਹੁੰਦੀ ਨਹੀਂ ਕਿਸੇ ਨੂੰ ਆਸ ਮੀਆਂ।

-ਤੀਸ ਮਾਰ ਖਾਂ

## ਮਾਨ ਨੇ ਸੂਬੇ ਨੂੰ ਦਰਪੇਸ਼ ਸਮੱਸਿਆਵਾਂ ਨਾਲ ਨਜਿੱਠਣ ਲਈ ਵਿਸ਼ਵ ਬੈਂਕ ਤੋਂ ਸਹਾਇਤਾ ਮੰਗੀ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ੁੱਕਰਵਾਰ ਸੂਬੇ ਨੂੰ ਦਰਪੇਸ਼ ਗੰਭੀਰ ਚੁਣੌਤੀਆਂ ਨਾਲ ਨਜਿੱਠਣ ਲਈ ਵਿਸ਼ਵ ਬੈਂਕ ਤੋਂ ਪੂਰਨ ਸਹਿਯੋਗ ਦੀ ਮੰਗ ਕੀਤੀ ਹੈ। ਭਾਰਤ ਲਈ ਵਿਸ਼ਵ ਬੈਂਕ ਦੇ ਕੰਟਰੀ ਡਾਇਰੈਕਟਰ ਅਗਸਟ ਟੈਨੋ ਕੁਆਮੇ ਨਾਲ ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਸੂਬੇ ਨੂੰ ਵਿੱਤੀ ਸਹਾਇਤਾ ਦੇਣ ਸੰਬੰਧੀ ਕੇਸ ਨੂੰ ਮਜ਼ਬੂਤੀ ਨਾਲ ਪੇਸ਼ ਕੀਤਾ। ਭਗਵੰਤ ਸਿੰਘ ਮਾਨ ਨੇ ਸੂਬਾ ਸਰਕਾਰ ਦੀ ਵਿੱਤੀ ਅਤੇ ਸੰਸਥਾਗਤ ਢਾਂਚੇ ਦੀ ਮਜ਼ਬੂਤੀ ਪ੍ਰਤੀ ਵਚਨਬੱਧਤਾ ਨੂੰ ਉਜਾਗਰ ਕਰਦਿਆਂ ਵਿਕਾਸ ਨੂੰ ਹੁਲਾਰਾ ਦੇਣ, ਜਨਤਕ ਸੇਵਾਵਾਂ ਵਿੱਚ ਸੁਧਾਰ ਅਤੇ ਆਪਣੇ ਨਾਗਰਿਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਵਿੱਤੀ ਸਹਾਇਤਾ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾ ਇਨ੍ਹਾਂ ਸੁਧਾਰਾਂ ਸਬੰਧੀ ਸੂਬੇ ਦੇ ਠੋਸ ਏਜੰਡੇ ਨੂੰ ਪ੍ਰਦਰਸ਼ਿਤ ਕਰਦਿਆਂ ਕਿਹਾ ਕਿ ਉਨ੍ਹਾ ਵੱਲੋਂ ਇਹ ਵਿੱਤੀ ਸਹਾਇਤਾ ਮੰਗਣ ਦਾ ਮੁੱਖ ਉਦੇਸ਼ ਵਿੱਤੀ ਸੂਝ-ਬੂਝ, ਬਿਹਤਰ ਪ੍ਰਸ਼ਾਸਨ ਅਤੇ ਬਿਹਤਰ ਢੰਗ ਨਾਲ ਸੇਵਾਵਾਂ ਪ੍ਰਦਾਨ ਕਰਨ 'ਤੇ ਧਿਆਨ ਕੇਂਦਰਤ ਕਰਨਾ ਹੈ।

ਮੁੱਖ ਮੰਤਰੀ ਨੇ ਉਮੀਦ ਜਤਾਈ ਕਿ ਇਸ ਵਿੱਤੀ ਸਹਾਇਤਾ ਨਾਲ ਪੰਜਾਬ ਦੀਆਂ ਵਿਕਾਸ ਤਰਜੀਹਾਂ, ਜਿਸ ਵਿੱਚ ਬੁਨਿਆਦੀ ਢਾਂਚਾ ਵਿਕਾਸ, ਮਨੁੱਖੀ ਸਰੋਤ ਵਿਕਾਸ ਅਤੇ ਸਮਾਜ ਭਲਾਈ ਪਹਿਲਕਦਮੀਆਂ ਸ਼ਾਮਲ ਹਨ, ਨੂੰ ਹੋਰ ਬਲ ਮਿਲੇਗਾ। ਇਸ ਮਹੱਤਵਪੂਰਨ ਸਹਿਯੋਗ ਨਾਲ ਪੰਜਾਬ ਖੁਸ਼ਹਾਲੀ ਅਤੇ ਵਿਕਾਸ ਵੱਲ ਵੱਡੀ ਪੁਲਾਂਘ ਪੁੱਟਣ ਲਈ ਪੂਰੀ ਤਰ੍ਹਾਂ ਤਿਆਰ ਹੈ। ਮਾਨ ਨੇ ਕਿਹਾ ਕਿ ਵਾਤਾਵਰਣ ਸੂਬਾ ਸਰਕਾਰ ਲਈ ਇੱਕ ਤਰਜੀਹੀ ਖੇਤਰ ਹੈ ਅਤੇ ਉਨ੍ਹਾ ਦੀ ਸਰਕਾਰ ਧਰਤੀ ਹੇਠਲੇ ਪਾਣੀ ਦੀ ਸੰਭਾਲ ਨੂੰ ਸਭ ਤੋਂ ਵੱਧ ਤਰਜੀਹ ਦੇ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਪੁਰਾਣੇ ਜਲ ਸਰੋਤਾਂ ਨੂੰ ਸੁਰਜੀਤ ਕਰ ਰਹੀ ਹੈ ਅਤੇ ਵਾਹੀਯੋਗ ਜ਼ਮੀਨ ਦੇ ਵੱਧ ਤੋਂ ਵੱਧ ਹਿੱਸੇ ਨੂੰ ਨਹਿਰੀ ਪਾਣੀ ਮੁਹੱਈਆ ਕਰਾਉਣ ਦੀ ਕੋਸ਼ਿਸ਼ ਕਰ ਰਹੀ ਹੈ, ਜਿਸ ਨਾਲ ਇੱਕ ਪਾਸੇ ਬਿਜਲੀ ਦੀ ਖਪਤ ਘਟ ਰਹੀ ਹੈ, ਦੂਜੇ ਪਾਸੇ ਧਰਤੀ ਹੇਠਲੇ ਪਾਣੀ ਦੇ ਡਿੱਗ ਰਹੇ ਪੱਧਰ ਨੂੰ ਰੋਕਣ ਵਿੱਚ ਮਦਦ ਮਿਲ ਰਹੀ ਹੈ। ਉਨ੍ਹਾ ਕਿਹਾ ਕਿ ਨਹਿਰਾਂ ਦੇ ਕਿਨਾਰਿਆਂ ਨੂੰ ਪੱਕਾ ਕਰਨ, ਪੁਰਾਣੇ ਖਾਲਾਂ ਨੂੰ ਸੁਰਜੀਤ ਕਰਨ ਦੇ ਨਾਲ-ਨਾਲ ਹੋਰ ਬਹੁਤ ਸਾਰੀਆਂ ਪਹਿਲਕਦਮੀਆਂ ਕੀਤੀਆਂ ਜਾ ਰਹੀਆਂ ਹਨ, ਤਾਂ ਜੋ ਕਿਸਾਨ ਵੱਧ ਤੋਂ ਵੱਧ ਸਤਹੀ ਪਾਣੀ ਦੀ ਵਰਤੋਂ ਕਰ ਸਕਣ। ਉਹਨਾ ਕਿਹਾ ਕਿ ਪਿਛਲੇ ਦੋ ਸਾਲਾਂ ਵਿੱਚ ਸੂਬਾ ਸਰਕਾਰ ਦੇ ਅਣਥੱਕ ਯਤਨਾਂ ਸਦਕਾ ਧਰਤੀ ਹੇਠਲੇ ਪਾਣੀ ਦਾ ਪੱਧਰ ਇੱਕ ਮੀਟਰ ਦੇ ਕਰੀਬ ਵਧਿਆ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਖੇਤੀ ਮੋਟਰਾਂ ਦੀ ਸੋਲਰਾਈਜ਼ੇਸ਼ਨ ਲਈ ਇੱਕ ਪ੍ਰੋਗਰਾਮ ਤਿਆਰ ਕੀਤਾ ਹੈ, ਜਿਸ ਨਾਲ ਕਿਸਾਨਾਂ ਦੀ ਆਮਦਨ ਵਿੱਚ ਕਈ ਗੁਣਾ ਵਾਧਾ ਹੋਵੇਗਾ। ਪੰਜ ਸਾਲਾਂ ਵਿੱਚ ਸੂਬਾ ਸਰਕਾਰ ਵੱਡੀ ਗਿਣਤੀ ਖੇਤੀ ਮੋਟਰਾਂ ਨੂੰ ਤੇਜ਼ੀ ਨਾਲ ਸੋਲਰਾਈਜ਼ ਕਰ ਸਕਦੀ ਹੈ। ਇਕ ਹੋਰ ਮੁੱਦੇ 'ਤੇ ਚਰਚਾ ਕਰਦਿਆਂ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਕਿਸਾਨਾਂ ਨੂੰ ਝੋਨੇ ਦੀ ਖੇਤੀ ਛੱਡ ਕੇ ਬਦਲਵੀਆਂ ਫ਼ਸਲਾਂ ਦੀ ਕਾਸ਼ਤ ਵਾਸਤੇ ਪ੍ਰੇਰਿਤ ਕਰਨ ਲਈ ਨੀਤੀ ਘੜਨ 'ਤੇ ਵਿਚਾਰ ਕਰ ਰਹੀ ਹੈ।

ਉਹਨਾ ਕਿਹਾ ਕਿ ਚੌਲ ਪੰਜਾਬ ਦੀ ਮੁੱਖ ਖੁਰਾਕ ਨਹੀਂ, ਪਰ ਸੂਬੇ ਦੇ ਕਿਸਾਨ ਸਮੁੱਚੇ ਦੇਸ਼ ਦੀ ਲੋੜ ਨੂੰ ਪੂਰਾ ਕਰਨ ਲਈ ਝੋਨੇ ਦੀ ਕਾਸ਼ਤ ਕਰ ਰਹੇ ਹਨ। ਦਾਲਾਂ, ਮੱਕੀ ਆਦਿ ਵਰਗੀਆਂ ਬਦਲਵੀਆਂ ਫ਼ਸਲਾਂ ਹਨ, ਪਰ ਕਿਸਾਨਾਂ ਨੂੰ ਉਤਸ਼ਾਹਤ ਕਰਨ ਲਈ ਇਨ੍ਹਾਂ ਫ਼ਸਲਾਂ ਦਾ ਮੁੱਲ ਵਧਾਉਣਾ ਸਮੇਂ ਦੀ ਮੁੱਖ ਲੋੜ ਹੈ। ਮਾਨ ਨੇ ਕਿਹਾ ਕਿ ਸੂਬਾ ਸਰਕਾਰ ਵਾਤਾਵਰਨ ਨੂੰ ਬਚਾਉਣ ਲਈ ਪਹਿਲਾਂ ਹੀ ਵੱਖ-ਵੱਖ ਪ੍ਰੋਜੈਕਟਾਂ 'ਤੇ ਵਿਚਾਰ ਕਰ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਨੂੰ ਫ਼ਲਾਂ ਅਤੇ ਸਬਜ਼ੀਆਂ ਦੇ ਨਿਰਯਾਤ ਕੇਂਦਰ ਵਜੋਂ ਵਿਕਸਤ ਕਰਨ ਲਈ ਵਚਨਬੱਧ ਹੈ। ਉਨ੍ਹਾ ਕਿਹਾ ਕਿ ਸੂਬੇ ਦੇ ਮਿਹਨਤੀ ਕਿਸਾਨਾਂ ਅਤੇ ਉਪਜਾਊ ਜ਼ਮੀਨ ਕਰਕੇ ਪੰਜਾਬ ਦੀ ਖੇਤੀ ਪੈਦਾਵਾਰ ਵਿਸ਼ਵ ਭਰ ਵਿੱਚ ਸਭ ਤੋਂ ਵੱਧ ਹੈ ਅਤੇ ਸੂਬਾ ਸਰਕਾਰ ਕਿਸਾਨਾਂ ਨੂੰ ਫ਼ਸਲੀ ਵਿਭਿੰਨਤਾ ਅਪਣਾਉਣ ਵਾਸਤੇ ਉਤਸ਼ਾਹਤ ਕਰਨ ਲਈ ਯਤਨਸ਼ੀਲ ਹੈ। ਧਰਤੀ ਹੇਠਲੇ ਪਾਣੀ ਵਿੱਚ ਸਿੱਕਾ ਅਤੇ ਹੋਰ ਭਾਰੀ ਧਾਤਾਂ ਦੀ ਮੌਜੂਦਗੀ 'ਤੇ ਚਿੰਤਾ ਪ੍ਰਗਟ ਕਰਦਿਆਂ ਮਾਨ ਨੇ ਵਿਸ਼ਵ ਬੈਂਕ ਨੂੰ ਲੋਕਾਂ ਦੀ ਸਹੂਲਤ ਲਈ ਉੱਤਰ ਪ੍ਰਦੇਸ਼ ਵਿੱਚ ਸ਼ੁਰੂ ਕੀਤੇ ਗਏ ਪ੍ਰੋਜੈਕਟ ਦੀ ਤਰਜ਼ 'ਤੇ

● ਬਾਕੀ ਸਫ਼ਾ 2 'ਤੇ

## ਡੱਲੇਵਾਲ ਤੇ ਸੁਖਜੀਤ ਸਿੰਘ ਦਾ ਮਰਨ ਵਰਤ ਤੀਜੇ ਦਿਨ 'ਚ ਦਾਖ਼ਲ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਫ਼ਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਸਮੇਤ 13 ਮੁੱਦਿਆਂ 'ਤੇ ਫਰਵਰੀ ਮਹੀਨੇ ਤੋਂ ਪੰਜਾਬ-ਹਰਿਆਣਾ ਦੀ ਸਰਹੱਦ 'ਤੇ ਕਿਸਾਨ ਸੰਘਰਸ਼ ਕਰ ਰਹੇ ਹਨ।28 ਨਵੰਬਰ ਨੂੰ 70 ਸਾਲਾ ਬਜ਼ੁਰਗ ਤੇ ਕੈਂਸਰ ਤੋਂ ਪੀੜਤ ਕਿਸਾਨ ਜਗਜੀਤ ਸਿੰਘ ਡੱਲੇਵਾਲ ਦਾ ਲੁਧਿਆਣਾ ਦੇ ਡੀਐਮਸੀ 'ਚ ਤੇ ਖਨੌਰੀ ਸਰਹੱਦ 'ਤੇ ਸੁਖਜੀਤ ਸਿੰਘ ਹਰਦੋ ਝੰਡੇ ਦਾ ਮਰਨ ਵਰਤ ਤੀਜੇ ਦਿਨ ਵਿੱਚ ਦਾਖ਼ਲ ਹੋ ਗਿਆ ਹੈ।ਦੂਜੇ ਪਾਸੇ ਪੰਜਾਬ ਸਰਕਾਰ ਕਿਸਾਨਾਂ ਨੂੰ ਸ਼ਾਂਤ ਕਰਨ 'ਚ ਲੱਗੀ ਹੋਈ ਹੈ।ਭਾਵੇਂ ਬੁੱਧਵਾਰ ਨੂੰ ਹੋਈ ਮੀਟਿੰਗ ਵਿੱਚ ਕੋਈ ਨਤੀਜਾ ਨਹੀਂ ਨਿਕਲਿਆ, ਪਰ ਮੰਨਿਆ ਜਾ ਰਿਹਾ ਹੈ ਕਿ ਸਰਕਾਰ ਮੀਟਿੰਗ ਕਰਕੇ ਕਿਸਾਨਾਂ ਨੂੰ ਸ਼ਾਂਤ ਕਰੇਗੀ, ਜਦੋਂਕਿ ਕਿਸਾਨਾਂ ਨੇ ਸਪੱਸ਼ਟ ਕੀਤਾ ਹੈ ਕਿ ਜਦੋਂ ਤੱਕ ਸਰਕਾਰ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਨੂੰ ਮੋਰਚੇ ਵਿੱਚ ਨਹੀਂ ਲਿਆਉਂਦੀ, ਉਦੋਂ ਤੱਕ ਉਹ ਕਿਸੇ ਵੀ ਮੁੱਦੇ 'ਤੇ ਗੱਲ ਨਹੀਂ ਕਰਨਗੇ।

## ਆਨਲਾਇਨ ਟ੍ਰੇਨਿੰਗ ਕੋਰਸਾਂ ਦਾ ਲਾਭ ਉਠਾਉਣ ਵਿਦਿਆਰਥੀ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਡਿਪਟੀ ਕਮਿਸ਼ਨਰ ਸ੍ਰੀ ਸ਼ੌਕਤ ਅਹਿਮਦ ਪਰੇ ਦੇ ਦਿਸ਼ਾ-ਨਿਰਦੇਸ਼ਾਂ ਤੇ ਪੰਜਾਬ ਸਕਿੱਲ ਡਿਵੈਲਪਮੈਂਟ ਮਿਸ਼ਨ ਦੁਆਰਾ ਪ੍ਰਾਪਤ ਹਦਾਇਤਾਂ ਦੇ ਅਨੁਸਾਰ ਪੰਜਾਬ ਸਕਿੱਲ ਡਿਵਲਪਮੈਂਟ ਮਿਸ਼ਨ ਤੇ ਆਈਟੀ ਲਟਾਈਜ਼ ਸੈਕਟਰ ਸਕਿੱਲ ਕਾਊਂਸਲ ਨਾਸਕਾਮ ਜੁਆਇਨਟਲੀ ਫਿਊਚਰ ਓਰੀਐਂਟਡ ਤੇ ਆਰਟੀਫਿਸ਼ਅਲ ਇੰਟੇਲੀਜਸ ਬੇਸਡ ਮੁਫ਼ਤ ਆਨਲਾਈਨ ਕੋਰਸ ਪੰਜਾਬ ਦੇ ਵਿਦਿਆਰਥੀਆਂ ਨੂੰ ਕਰਾਉਣ ਲਈ ਕੋਲੈਬੋਰੇਸ਼ਨ ਕੀਤੀ ਗਈ।ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਆਰ.ਪੀ ਸਿੰਘ ਨੇ ਦੱਸਿਆ ਕਿ 15 ਤੋਂ 30 ਘੰਟੇ ਦੇ ਕੋਰਸ ਲਈ ਉਮੀਦਵਾਰ ਘੱਟ ਤੋਂ ਘੱਟ 12ਵੀਂ ਪਾਸ ਹੋਣਾ ਜ਼ਰੂਰੀ ਹੈ।ਪੰਜਾਬ ਸਕਿੱਲ ਡਿਵੈਲਪਮੈਂਟ ਮਿਸ਼ਨ ਤੇ ਨਾਸ਼ਕਾਮ ਦੀ ਕੋਲੈਬੋਰੇਸ਼ਨ ਤਹਿਤ ਨੌਜਵਾਨ ਬੀਪੀਐਮ, ਐਫ ਐਂਡ ਏ, (ਫਾਇਨੈਂਸ਼ ਤੇ ਅਕਾਊਂਟਿੰਗ), ਬੀਪੀਐਮ ਈ-ਕਾਮਰਸ, ਇਨਟਰੋਡਿਊਸਿੰਗ ਟੂ ਸਾਈਬਰ ਸਕਿਊਰਟਰੀ, ਬੀਪੀਐਮ ਬੈਂਕਿੰਗ ਦੇ ਕੋਰਸ ਆਨਲਾਇਨ ਕਰ ਸਕਦੇ ਹਨ।ਉਨ੍ਹਾਂ ਕਿਹਾ ਕਿ ਚਾਹਵਾਨ ਵਿਦਿਆਰਥੀ ਇਨ੍ਹਾਂ ਕੋਰਸਾਂ ਵਿੱਚ ਦਾਖਲ ਹੋਣ ਲਈ 30 ਨਵੰਬਰ ਤੱਕ ਜ਼ਿਲ੍ਹਾ ਰੁਜ਼ਗਾਰ ਤੇ ਕਾਰੋਬਾਰ ਬਿਊਰੋ ਤੇ ਜ਼ਿਲ੍ਹਾ ਪ੍ਰੀਸ਼ਦ ਦਫ਼ਤਰ ਵਿੱਚ ਆ ਕੇ ਜ਼ਿਲ੍ਹਾ ਪ੍ਰੋਗਰਾਮ ਮੈਨੇਜਮੇਂਟ ਯੂਨਿਟ ਦੇ ਅਧਿਕਾਰੀਆਂ ਸ੍ਰੀਮਤੀ ਗਗਨ ਸ਼ਰਮਾ ਤੇ ਸ੍ਰੀ ਬਲਵੰਤ ਸਿੰਘ ਨਾਲ ਸੰਪਰਕ ਕਰ ਸਕਦੇ ਹਨ।

## ਬਾਬਾ ਮਿਲਾਪ ਦਾਸ ਦਾ ਜਨਮ ਦਿਹਾੜਾ ਮਨਾਇਆ



**ਜਲਾਲਾਬਾਦ (ਜੀਤ ਕੁਮਾਰ)**-ਸ੍ਰੀ ਸ੍ਰੀ 1008 ਬਾਬਾ ਮਿਲਾਪ ਦਾਸ ਜੀ ਦਾ ਜਨਮ ਦਿਹਾੜਾ ਬੜੀ ਉਤਸ਼ਾਹ ਤੇ ਸ਼ਰਧਾ ਭਾਵਨਾ ਨਾਲ ਸਥਾਨਕ ਪੀ.ਐਨ.ਬੀ. ਵਾਲੀ ਗਲੀ ਵਿਖੇ ਸਥਿਤ ਸ੍ਰੀ ਗੁਰਦੁਆਰਾ ਸਾਹਿਬ ਬਾਬਾ ਮਿਲਾਪ ਦਾਸ ਵਿਖੇ ਮਨਾਇਆ ਗਿਆ। ਇਸ ਸੰਬੰਧੀ 26 ਨਵੰਬਰ ਨੂੰ ਸਵੇਰੇ 11 ਵਜੇ ਆਰੰਭ ਸ੍ਰੀ ਅਖੰਡ ਪਾਠ ਉਪਰੰਤ 27 ਨਵੰਬਰ ਨੂੰ ਰਾਤ 8 ਵਜੇ ਤੋਂ 11 ਵਜੇ ਤਕ ਕੀਰਤਨ ਤੇ ਕਥਾ ਭਾਈ ਗੁਰਵਿੰਦਰ ਸਿੰਘ ਸੈਰੀ (ਫਾਜਿਲਕਾ) ਵੱਲੋਂ ਕੀਤੀ ਗਈ। ਸਮੂਹ ਸੰਗਤਾਂ ਵੱਲੋਂ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅੱਗੇ ਨੱਤ ਮਸਤਕ ਹੋ ਕੇ ਆਪਣੀ ਹਾਜ਼ਰੀ ਲਗਵਾਈ ਗਈ। ਇਸ ਮੌਕੇ ਬਾਬਾ ਮਿਲਾਪ ਦਾਸ ਜੀ ਦੇ ਜੀਵਨ ਸਬੰਧੀ ਜਾਣਕਾਰੀ ਦਿੰਦੇ ਹੋਏ ਭਾਈ ਸੈਰੀ ਨੇ ਕਿਹਾ ਕਿ ਸੰਤ ਇਕ ਮੋਤੀ ਦੀ ਤਰ੍ਹਾਂ ਹੁੰਦੇ ਹਨ, ਜਿਨ੍ਹਾਂ ਦੀ ਚਮਕ ਹਰੇਕ ਨੂੰ ਮਿਲਦੀ ਹੈ। ਭਾਈ ਸ਼ੈਰੀ ਨੇ ਆਪਣੀ ਸੁਰਲੀ ਅਵਾਜ ਵਿਚ ਸ਼ਬਦ ਕੀਰਤਨ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਅੱਜ 28 ਨਵੰਬਰ ਨੂੰ ਸਵੇਰੇ 11 ਵਜੇ ਸ੍ਰੀ ਅਖੰਡ ਪਾਠ ਦਾ ਭੋਗ ਪਾਇਆ ਗਿਆ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਭਾਈ ਅਮਰਜੀਤ ਸਿੰਘ, ਬਾਬਾ ਗੁਰਦੀਪ ਸਿੰਘ ਸ਼ਬਦ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਸ਼ਹਿਰ ਦੇ ਗਗਨੇਜਾ ਪਰਿਵਾਰ ਦੇ ਨਾਲ ਨਾਲ ਸਮੂਹ ਸਾਧ ਸੰਗਤ ਨੇ ਵਿਸ਼ੇਸ਼ ਸਹਿਯੋਗ ਦਿੱਤਾ। ਸਮਾਗਮ ਦੀ ਸਮਾਪਤੀ ਉਪਰੰਤ ਗੁਰੂ ਕਾ ਅਤੁੱਟ ਲੰਗਰ ਸੰਗਤਾਂ ਵਿੱਚ ਵਰਤਾਇਆ ਗਿਆ।

## ਪੰਜਾਬੀ 'ਵਰਸਿਟੀ ਦੇ ਹਿੰਦੀ ਵਿਭਾਗ ਨੇ ਕਰਵਾਇਆ ਵਿਸ਼ੇਸ਼ ਭਾਸ਼ਣ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਦੇ ਹਿੰਦੀ ਵਿਭਾਗ ਵਿਖੇ 'ਉੱਤਰ ਆਧੁਨਿਕਤਾ ਅਤੇ ਹਿੰਦੀ ਸਾਹਿਤ' ਵਿਸ਼ੇ 'ਤੇ ਵਿਸ਼ੇਸ਼ ਭਾਸ਼ਣ ਕਰਵਾਇਆ ਗਿਆ। ਇਹ ਭਾਸ਼ਣ ਕੋਚੀ ਵਿਸ਼ਵ ਵਿਦਿਆਲਿਆ ਦੇ ਹਿੰਦੀ ਵਿਭਾਗ ਤੋਂ ਪ੍ਰੋਫ਼ੈਸਰ ਡਾ. ਐਨ. ਮੋਹਨਨ ਨੇ ਦਿੱਤਾ। ਉਨ੍ਹਾਂ ਕਿਹਾ ਕਿ ਆਧੁਨਿਕ ਸਾਹਿਤ ਹਾਸ਼ੀਆਗਤ ਸਮਾਜ ਦੀ ਪਹਿਚਾਣ ਦਾ ਸਾਹਿਤ ਹੈ। ਉਨ੍ਹਾਂ ਐੱਲ.ਜੀ.ਬੀ.ਟੀ. ਭਾਈਚਾਰੇ, ਆਦਿਵਾਸੀ ਅਤੇ ਹੋਰ ਵਰਗਾਂ ਦੇ ਪ੍ਰਸੰਗ ਵਿੱਚ ਉੱਤਰ ਆਧੁਨਿਕ ਸਾਹਿਤ ਦੀ ਵਿਸ਼ਿਸ਼ਟਤਾ ਨੂੰ ਉਜਾਗਰ ਕੀਤਾ। ਇਸ ਮੌਕੇ ਹਿੰਦੀ ਵਿਭਾਗ ਦੇ ਸੇਵਾ-ਮੁਕਤ ਅਧਿਆਪਕ ਡਾ. ਰਵੀ ਕੁਮਾਰ ਅਨੂ ਵੀ ਹਾਜ਼ਰ ਰਹੇ। ਪ੍ਰੋਗਰਾਮ ਦੇ ਅੰਤ 'ਤੇ ਵਿਭਾਗ ਮੁਖੀ ਡਾ. ਨੀਤੂ ਕੌਸ਼ਲ ਨੇ ਸਭ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਿੰਦੀ ਵਿਭਾਗ ਤੋਂ ਡਾ. ਰਵੀਦੱਤ ਕਸ਼ਿਸ਼ ਅਤੇ ਡਾ. ਰਜਨੀ ਪ੍ਰਤਾਪ ਵੀ ਹਾਜ਼ਰ ਰਹੇ।

## ਪੈਸਿਆਂ ਦੇ ਲੈਣ-ਦੇਣ ਨੂੰ ਲੈ ਕੇ ਦੁਕਾਨਦਾਰ ਦੇ ਮਾਰੀਆਂ ਸੱਟਾਂ



**ਮਲੋਟ (ਗੁਰਮੀਤ ਸਿੰਘ ਮੱਕੜ)**- ਸ਼ਹਿਰ ਦੇ ਨਜ਼ਦੀਕੀ ਪਿੰਡ ਅਬੁੱਲਖੁਰਾਨਾ ਵਿਖੇ ਦੋ ਸਬਜ਼ੀ ਵਿਕ੍ਰੇਤਾ ਦੀ ਆਪਸੀ ਲੈਣ ਦੇਣ ਨੂੰ ਲੈ ਕੇ ਹੋਏ ਝਗੜੇ ਵਿਚ ਦੋਵੇਂ ਧਿਰਾਂ ਨੇ ਇੱਕ ਦੂਜੇ 'ਤੇ ਸੱਟਾਂ ਮਾਰਨ ਦੇ ਦੋਸ਼ ਲਗਾਏ ਹਨ। ਥਾਣਾ ਸਿਟੀ ਦੀ ਪੁਲਸ ਵੱਲੋਂ ਦੋਵੇਂ ਧਿਰਾਂ ਦੇ ਬਿਆਨ ਦਰਜ ਕਰਕੇ ਕਾਰਵਾਈ ਕੀਤੀ ਜਾ ਰਹੀ ਹੈ। ਪਿੰਡ ਅਬੁੱਲਖੁਰਾਨਾ ਵਿਖੇ ਇੱਕ ਸਬਜ਼ੀ ਦੀ ਦੁਕਾਨ ਕਰਨ ਵਾਲੇ ਮੋਹਨ ਲਾਲ ਨੇ ਦੱਸਿਆ ਕਿ ਉਹ ਪਿੰਡ ਦੇ ਬੱਸ ਅੱਡੇ 'ਤੇ ਸਬਜ਼ੀ ਵੇਚਣ ਦਾ ਕੰਮ ਕਰਦਾ ਹੈ ਅਤੇ ਦੂਸਰੀ ਧਿਰ ਦੇ ਲੋਕਾਂ ਨਾਲ ਕੁਝ ਸਬਜ਼ੀ ਦਾ ਲੈਣ ਦੇਣ ਸੀ। ਜਦੋਂ ਉਸ ਦਾ ਬੇਟਾ ਦੁਕਾਨ 'ਤੇ ਸੀ ਤਾਂ ਸਿਮਰਨ ਅਤੇ ਅਭੈ ਇੱਕ ਕਾਰ 'ਚ ਆਏ ਅਤੇ ਪੈਸੇ ਦੀ ਮੰਗ ਕਰਨ ਲੱਗੇ ਤਾਂ ਉਸ ਦਾ ਬੇਟਾ ਉਸ ਨਾਲ ਫੋਨ 'ਤੇ ਗੱਲ ਕਰਵਾਉਣ ਲੱਗਿਆ ਤਾਂ ਉਕਤ ਲੋਕਾਂ ਨੇ ਉਸ ਦੇ ਬੇਟੇ ਦੀ ਮਾਰਕੁੱਟ ਸ਼ੁਰੂ ਕਰ ਦਿੱਤੀ। ਮਾਰਕੁੱਟ ਦਾ ਪਤਾ ਲੱਗਣ 'ਤੇ ਉਹ ਅਤੇ ਉਸ ਦਾ ਭਰਾ ਪੁੱਜੇ ਤਾਂ ਉਨ੍ਹਾਂ ਨੇ ਉਨ੍ਹਾਂ ਦੇ ਵੀ ਸੱਟਾਂ ਮਾਰੀਆਂ, ਜਿਸ ਕਰਕੇ ਉਨ੍ਹਾਂ ਦੇ ਪਿੰਡ ਦੇ ਕੁਝ ਲੋਕਾਂ ਨੇ ਸਿਵਲ ਹਸਪਤਾਲ ਮਲੋਟ ਦਾਖਲ ਕਰਵਾਇਆ। ਜਦੋਂ ਥਾਣਾ ਸਿਟੀ ਦੇ ਤਫਤੀਸ਼ੀ ਏ.ਐਸ.ਆਈ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਦੱਸਿਆ ਕਿ ਪੈਸੇ ਦੇ ਲੈਣ ਦੇਣ ਨੂੰ ਲੈ ਕੇ ਇਨ੍ਹਾਂ ਦੋਵਾਂ ਧਿਰਾਂ ਦਾ ਝਗੜਾ ਹੋਇਆ ਸੀ ਅਤੇ ਦੋਵੇਂ ਧਿਰਾਂ ਦੇ ਡਾਕਟਰੀ ਐਮ.ਐਲ.ਆਰ ਮੁਤਾਬਿਕ ਬਿਆਨ ਦਰਜ ਕਰਕੇ ਬਣਦੀ ਕਾਰਵਾਈ ਕੀਤੀ ਜਾ ਰਹੀ ਹੈ।

## ਸਿੱਧੂ ਜੋੜੇ ਨਾਲ 2 ਕਰੋੜ ਤੋਂ ਵੱਧ ਦੀ ਧੋਖਾਧੜੀ, ਕਰੀਬੀਆਂ 'ਤੇ ਹੀ ਲਾਏ ਇਲਜ਼ਾਮ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਨਵਜੋਤ ਸਿੰਘ ਸਿੱਧੂ ਦੀ ਪਤਨੀ ਅਤੇ ਸਾਬਕਾ ਵਿਧਾਇਕ ਡਾ. ਨਵਜੋਤ ਕੌਰ ਸਿੱਧੂ ਨੇ ਆਪਣੇ ਸਾਬਕਾ ਨਿੱਜੀ ਸਹਾਇਕ ਅਤੇ ਅਮਰੀਕਾ 'ਚ ਰਹਿੰਦੇ ਇੱਕ ਐਨ ਆਰ ਆਈ 'ਤੇ 2 ਕਰੋੜ ਰੁਪਏ ਤੋਂ ਵੱਧ ਦੀ ਧੋਖਾਧੜੀ ਦੇ ਗੰਭੀਰ ਦੋਸ਼ ਲਾਏ ਹਨ। ਇਹ ਮਾਮਲਾ ਰਣਜੀਤ ਐਵੀਨਿਊ ਸਥਿਤ ਐਸ ਸੀ ਓ (ਦੁਕਾਨ-ਕਮ-ਆਫ਼ਿਸ) ਨੰਬਰ 10 ਦੀ ਰਜਿਸਟ੍ਰੇਸ਼ਨ ਨਾਲ ਸਬੰਧਤ ਹੈ। ਜਿਸ ਦੀ ਜਾਂਚ ਆਰਥਿਕ ਅਪਰਾਧ (ਈ ਓ) ਵਿੰਗ ਵੱਲੋਂ ਕੀਤੀ ਜਾ ਰਹੀ ਹੈ।ਡਾ. ਨਵਜੋਤ ਕੌਰ ਸਿੱਧੂ ਨੇ ਦੋਸ਼ ਲਾਇਆ ਹੈ ਕਿ ਅਮਰੀਕਾ ਸਥਿਤ ਐਨ ਆਰ ਆਈ ਅੰਗਦ ਪਾਲ ਸਿੰਘ ਨੇ ਆਪਣੇ ਮਾਮੇ ਮੰਗਲ ਸਿੰਘ ਅਤੇ ਸੁਖਵਿੰਦਰ ਸਿੰਘ ਨਾਲ ਮਿਲ ਕੇ ਉਸ ਨਾਲ ਧੋਖਾਧੜੀ ਕੀਤੀ ਹੈ। ਇਸ ਤੋਂ ਇਲਾਵਾ ਉਸ ਦੇ ਸਾਬਕਾ ਨਿੱਜੀ ਸਹਾਇਕ ਗੌਰਵ ਅਤੇ ਉਸ ਦੇ ਸਾਥੀ ਜਗਜੀਤ ਸਿੰਘ ਨੇ ਵੀ ਇਸ ਧੋਖਾਧੜੀ ਵਿੱਚ ਅਹਿਮ ਭੂਮਿਕਾ ਨਿਭਾਈ ਹੈ।

## ਮਾਡਰਨ ਪਬਲਿਕ ਸਕੂਲ ਵੱਲੋਂ ਮਲਕੀਤ ਸਿੰਘ ਦਾ ਸਨਮਾਨ



**ਨਾਭਾ (ਵਰਿੰਦਰ ਵਰਮਾ)**-ਮਾਡਰਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਨਾਭਾ ਵਿਖੇ ਸਕੂਲ ਦੇ ਨਿਰਦੇਸ਼ਕ ਸ੍ਰੀ ਸੁਚੇਤ ਸਿੰਘ ਬੇਦੀ ਦੀ ਅਗਵਾਈ ਹੇਠ ਇੱਕ ਖ਼ਾਸ ਪ੍ਰੋਗਰਾਮ ਕੀਤਾ ਗਿਆ।ਇਸ ਮੌਕੇ ਮਾਊਂਟ ਐਵਰੈਸਟ ਦੀ ਚੜ੍ਹਾਈ ਸਰ ਕਰਨ ਵਾਲੇ ਪਹਿਲੇ ਸਿੱਖ ਯਾਤਰੀ ਸ੍ਰ. ਮਲਕੀਤ ਸਿੰਘ ਨੂੰ ਉਚੇਚੇ ਤੌਰ 'ਤੇ ਸੱਦਿਆ ਗਿਆ।ਸਕੂਲ ਦੇ ਨਿਰਦੇਸ਼ਕ ਸ੍ਰੀ ਸੁਚੇਤ ਸਿੰਘ ਬੇਦੀ, ਉਪ-ਨਿਰਦੇਸ਼ਕ ਮੈਡਮ ਸਤਿੰਦਰ ਕੌਰ ਬੇਦੀ ਤੇ ਮੁੱਖ ਅਧਿਆਪਕਾ ਸ੍ਰੀਮਤੀ ਸੀਰੂ ਬੇਦੀ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਮਲਕੀਤ ਸਿੰਘ ਨੇ ਆਪਣੇ ਅਨੁਭਵ ਵਿਦਿਆਰਥੀਆਂ ਨਾਲ ਸਾਂਝੇ ਕੀਤੇ।ਉਨ੍ਹਾਂ ਕਿਹਾ ਕਿ ਜੀਵਨ ਵਿੱਚ ਤੁਸੀਂ ਸਖ਼ਤ ਮਿਹਨਤ ਤੇ ਦ੍ਰਿੜ੍ਹ ਇਰਾਦੇ ਨਾਲ ਅਸੰਭਵ ਨੂੰ ਵੀ ਸੰਭਵ ਬਣਾ ਸਕਦੇ ਹੋ। ਅੰਤ ਵਿੱਚ ਸਕੂਲ ਦੇ ਨਿਰਦੇਸ਼ਕ ਸ੍ਰੀ ਸੁਚੇਤ ਸਿੰਘ ਬੇਦੀ ਨੇ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ।ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਸੀਰੂ ਬੇਦੀ ਨੇ ਉਨ੍ਹਾਂ ਦਾ ਧੰਨਵਾਦ ਕੀਤਾ ਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਨਾ ਲੈਣ ਲਈ ਪ੍ਰੇਰਿਤ ਕੀਤਾ।

## ਜਨਤਕ ਜਮਹੂਰੀ ਜਥੇਬੰਦੀਆਂ ਵੱਲੋਂ ਕਾਲੇ ਕਾਨੂੰਨਾਂ ਖ਼ਿਲਾਫ਼ ਪ੍ਰਦਰਸ਼ਨ 10 ਨੂੰ



**ਬਠਿੰਡਾ (ਪਰਵਿੰਦਰ ਜੀਤ ਸਿੰਘ)**- ਕੇਂਦਰੀ ਹਕੂਮਤ ਤੇ ਵੱਖ ਵੱਖ ਸੂਬਾਈ ਸਰਕਾਰਾਂ ਵੱਲੋਂ ਜਮਹੂਰੀ ਅਧਿਕਾਰਾਂ ਤੋਂ ਲੋਕਾਂ ਨੂੰ ਵਾਂਝਾ ਕਰਨ ਲਈ ਬਣਾਏ ਜਾ ਰਹੇ ਕਾਲੇ ਕਾਨੂੰਨਾਂ ਖਿਲਾਫ ਬਠਿੰਡਾ ਜ਼ਿਲ੍ਹੇ ਦੀਆਂ ਸਮੂਹ ਜਨਤਕ ਤੇ ਜਮਹੂਰੀ ਜਥੇਬੰਦੀਆਂ ਰੈਲੀ ਤੇ ਮੁਜ਼ਾਹਰਾ ਕਰਨਗੀਆਂ।ਇਹ ਮੁਜ਼ਾਹਰਾ ਮਨੁੱਖੀ ਅਧਿਕਾਰ ਦਿਵਸ 'ਤੇ ਕੀਤਾ ਜਾ ਰਿਹਾ ਹੈ ਤਾਂ ਜੋ ਰਾਜ ਕਰਦੀਆਂ ਤਾਕਤਾਂ ਵੱਲੋਂ ਲੋਕਾਂ ਦੇ ਜਮਹੂਰੀ ਅਧਿਕਾਰਾਂ ਬਾਰੇ ਅਖੌਤੀ ਪ੍ਰਚਾਰ ਨੂੰ ਬੇਨਕਾਬ ਕੀਤਾ ਜਾ ਸਕੇ।ਇਸ ਮਕਸਦ ਲਈ ਜਨਤਕ-ਜਮਹੂਰੀ ਜਥੇਬੰਦੀਆਂ ਦੀ ਮੀਟਿੰਗ ਟੀਚਰਜ਼ ਹੋਮ ਬਠਿੰਡਾ ਵਿਖੇ ਹੋਈ, ਜਿਸ ਵਿੱਚ ਨਵੇਂ ਫ਼ੌਜਦਾਰੀ ਕਾਨੂੰਨਾਂ, ਯੂਏਪੀਏ ਤੇ 295ਏ (299) ਆਦਿ ਵਰਗੇ ਹੋਰ ਕਾਲੇ ਕਾਨੂੰਨਾਂ ਰਾਹੀਂ ਬੁੱਧੀਜੀਵੀਆਂ, ਆਦਿਵਾਸੀਆਂ ਤੇ ਸੁਚੇਤ ਨਾਗਰਿਕਾਂ, ਸੰਘਰਸ਼ਸ਼ੀਲ ਲੋਕਾਂ/ਕਾਰਕੁਨਾਂ ਦੇ ਵਿਚਾਰ ਪ੍ਰਗਟਾਵੇ, ਜਥੇਬੰਦ ਹੋਣ ਤੇ ਸੰਘਰਸ਼ ਕਰਨ ਦੇ ਅਧਿਕਾਰ ਨੂੰ ਕੁਚਲਣ, ਉਨ੍ਹਾਂ ਨੂੰ ਜੇਲ੍ਹਾਂ 'ਚ ਬੰਦ ਕਰਨ ਤੋਂ ਇਲਾਵਾ ਕੌਮੀ ਜਾਂਚ ਏਜੰਸੀ (ਐੱਨ ਆਈ ਏ) ਵਰਗੀਆਂ ਏਜੰਸੀਆਂ ਦੇ ਛਾਪਿਆਂ ਨਾਲ ਦਹਿਸ਼ਤਜ਼ਦਾ ਕਰਨ, ਗ੍ਰਿਫ਼ਤਾਰ ਕਰਕੇ ਲੰਮੇ ਸਮੇਂ ਲਈ ਜੇਲ੍ਹਾਂ 'ਚ ਸੁੱਟਣ ਤੋਂ ਇਲਾਵਾ ਨਵੇਂ ਚਾਰ ਕਿਰਤ ਕੋਡਾਂ ਰਾਹੀਂ ਮਜ਼ਦੂਰਾਂ ਦੇ ਅਧਿਕਾਰਾਂ ਨੂੰ ਖੋਹਣ ਵਰਗੇ ਕਦਮਾਂ ਵਿਰੁੱਧ ਪੰਜਾਬ ਦੀਆਂ ਸਮੂਹ ਜਨਤਕ ਜਮਹੂਰੀ ਜਥੇਬੰਦੀਆਂ 10 ਦਸੰਬਰ ਨੂੰ ਟੀਚਰ ਹੋਮ ਬਠਿੰਡਾ ਵਿਖੇ ਵੱਡਾ ਇਕੱਠ ਕਰਕੇ ਬਠਿੰਡਾ ਸ਼ਹਿਰ ਅੰਦਰ ਸ਼ਹਿਰੀ ਲੋਕਾਂ ਨੂੰ ਸਰਕਾਰਾਂ ਦੁਆਰਾ ਕੀਤੀਆਂ ਜਾ ਰਹੀਆਂ ਵਧੀਕੀਆਂ ਖ਼ਿਲਾਫ ਜਾਗਰੂਕ ਕਰਨਗੀਆਂ।ਇਸ ਮੌਕੇ ਜਮਹੂਰੀ ਅਧਿਕਾਰ ਸਭਾ ਦੇ ਪ੍ਰਧਾਨ ਬੱਗਾ ਸਿੰਘ, ਸਕੱਤਰ ਸੁਦੀਪ ਸਿੰਘ, ਤਰਕਸ਼ੀਲ ਸੋਸਾਇਟੀ ਦੇ ਆਗੂ ਹਾਕਮ ਸਿੰਘ, ਪੈਰਾ-ਮੈਡੀਕਲ ਯੂਨੀਅਨ ਤੋਂ ਗਗਨਦੀਪ ਭੁੱਲਰ, ਪੰਜਾਬ ਖੇਤ ਮਜ਼ਦੂਰ ਯੂਨੀਅਨ ਤੋਂ ਜੋਰਾ ਸਿੰਘ ਨਸਰਾਲੀ, ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਤੋਂ ਬਸੰਤ ਸਿੰਘ ਕੋਠਾ ਗੁਰੂ, ਬੀਕੇਯੂ ਡਕੌਂਦਾ ਤੋਂ ਚੰਦ ਸਿੰਘ, ਡੀ ਟੀ ਐੱਫ ਤੋਂ ਰੇਸ਼ਮ ਸਿੰਘ, ਡੀ ਐੱਮ ਐੱਫ ਤੋਂ ਸਿਕੰਦਰ ਸਿੰਘ ਧਾਲੀਵਾਲ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।

ਇਸ ਮੀਟਿੰਗ ਵਿੱਚ ਉਪਰੋਕਤ ਤੋਂ ਇਲਾਵਾ ਸੰਤੋਖ ਸਿੰਘ ਮੱਲਣ, ਪੀਐੱਸਯੂ ਲਲਕਾਰ ਤੋਂ ਗੁਰਵਿੰਦਰ ਸਿੰਘ, ਪੈਨਸ਼ਨਰ ਮੰਚ ਤੋਂ ਰਣਜੀਤ ਸਿੰਘ, ਨੌਜਵਾਨ ਭਾਰਤ ਸਭਾ ਤੋਂ ਬਲਕਰਨ ਸਿੰਘ, ਟੀ ਐੱਸ ਯੂ ਤੋਂ ਜਸਵਿੰਦਰ ਸੋਨੀ, ਠੇਕਾ ਮੁਲਾਜ਼ਮ ਸੰਘਰਸ਼ ਮੋਰਚੇ ਤੋਂ ਗੁਰਜੀਤ ਸਿੰਘ ਸ਼ਾਮਲ ਹੋਏ।

## ਨਸ਼ੇ ਸਪਲਾਈ ਕਰਨ ਵਾਲਿਆਂ 'ਤੇ ਸਖ਼ਤ ਪੁਲਸ ਕਾਰਵਾਈ ਹੋਵੇਗੀ : ਡੀ ਐੱਸ ਪੀ



**ਸਮਰਾਲਾ (ਸੁਰਜੀਤ ਸਿੰਘ)**

ਮੁਹੱਲਿਆਂ ਵਿੱਚ ਲੁੱਟ ਖੋਹ ਕਰਨ ਵਾਲੇ ਤੇ ਨਸ਼ੇ ਸਪਲਾਈ ਕਰਨ ਵਾਲੇ ਅਨਸਰਾਂ ਤੇ ਸਖ਼ਤ ਕਾਰਵਾਈ ਹੋਵੇਗੀ ਅਤੇ ਅਜਿਹੇ ਕਿਸੇ ਵੀ ਅਨਸਰ ਨੂੰ ਕਿਸੇ ਕੀਮਤ ਤੇ ਬਖਸ਼ਿਆ ਨਹੀਂ ਜਾਵੇਗਾ।ਨਸ਼ੇ ਵੇਚਣ ਵਾਲੇ ਸਮਾਜ ਅਤੇ ਦੇਸ਼ ਦੇ ਦੁਸ਼ਮਣ ਹਨ। ਇਹ ਵਿਚਾਰ ਤਰਲੋਚਨ ਸਿੰਘ ਡੀ ਐਸ ਪੀ ਨੇ ਸ਼ਹਿਰ ਅਤੇ ਪਿੰਡਾਂ ਦੇ ਪੰਚਾਂ, ਸਰਪੰਚਾਂ ਤੇ ਮੁਹਤਬਰ ਲੋਕਾਂ ਦੀ ਬੁਲਾਈ ਇੱਕ ਭਰਵੀਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਹੀ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਤੇ ਅਸ਼ਵਨੀ ਗੋਟਿਆਲ ਐਸ ਐਸ ਪੀ ਪੁਲਸ ਜ਼ਿਲ੍ਹਾ ਖੰਨਾ ਦੀਆਂ ਹਿਦਾਇਤਾਂ ਤੇ ਨਸ਼ਾ ਫਰੋਸ਼ਾਂ ਤੇ ਮੁਹੱਲਿਆਂ ਵਿੱਚ ਲੁੱਟ ਖੋਹ ਕਰਨ ਵਾਲਿਆਂ ਵਿਰੁੱਧ ਚੱਲੀ ਜ਼ਬਰਦਸਤ ਮੁਹਿੰਮ ਦੇ ਚੰਗੇ ਸਿੱਟੇ ਸਾਹਮਣੇ ਆ ਰਹੇ ਹਨ।ਉਨ੍ਹਾਂ ਕਿਹਾ ਕਿ ਸਮਰਾਲਾ ਇਲਾਕੇ ਵਿਚ ਅਜਿਹੇ ਜਿੰਨੇ ਕ੍ਰਾਈਮ ਹੋਏ ਹਨ, ਉਨ੍ਹਾਂ ਸਾਰਿਆਂ ਨੂੰ ਹੱਲ ਕਰ ਲਿਆ ਗਿਆ ਹੈ ਅਤੇ ਦੋਸ਼ੀ ਜੇਲ੍ਹ ਭੇਜੇ ਜਾ ਚੁੱਕੇ ਹਨ।ਉਨ੍ਹਾਂ ਹਾਜ਼ਰ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਜ਼ਰਾਇਮ ਪੇਸ਼ਾ ਲੋਕਾਂ ਦੀ ਮਦਦ ਕਰਨ ਅਤੇ ਜ਼ਮਾਨਤ ਕਰਾਉਣ ਲਈ ਅੱਗੇ ਨਾ ਆਉਣ, ਕਿਉਂਕਿ ਅਜਿਹੇ ਅਨਸਰ ਜੇਲ੍ਹ ਤੋਂ ਜ਼ਮਾਨਤ 'ਤੇ ਆਉਣ ਤੋਂ ਬਾਅਦ ਫੇਰ ਉਹੀ ਘਿਨਾਉਣੇ ਕੰਮ ਕਰਨ ਲੱਗ ਪੈਂਦੇ ਹਨ।ਉਨ੍ਹਾਂ ਹਾਜ਼ਰ ਲੋਕਾਂ ਤੇ ਬੀਬੀਆਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਅਣਜਾਣ ਬੰਦੇ ਨੂੰ ਬਿਨਾਂ ਸ਼ਨਾਖਤ ਤੋਂ ਆਪਣੇ ਘਰ ਵਿਚ ਪ੍ਰਵੇਸ਼ ਨਾ ਕਰਨ ਦਿਓ।ਉਨ੍ਹਾਂ ਬੈਂਕ ਖਾਤਿਆਂ ਵਿੱਚ ਧੋਖਾਧੜੀ ਬਾਰੇ ਗੱਲ ਕਰਦਿਆਂ ਕਿਹਾ ਕਿ ਕਿਸੇ ਵੀ ਅਣਜਾਣ ਫੋਨ ਕਾਲ 'ਤੇ ਯਕੀਨ ਨਾ ਕੀਤਾ ਜਾਵੇ।ਜੇਕਰ ਕਿਸੇ ਨਾਲ ਬੈਂਕ ਧੋਖਾਧੜੀ ਹੋ ਗਈ ਤਾਂ ਉਹ ਤੁਰੰਤ 1930 ਤੇ ਕਾਲ ਕਰਕੇ ਆਪਣੀ ਸ਼ਿਕਾਇਤ ਦਰਜ ਕਰਾਉਣ ਤਾਂ ਜੁ ਉਨ੍ਹਾਂ ਦਾ ਬੈਂਕ ਵਿਚ ਪਿਆ ਪੈਸਾ ਸੁਰੱਖਿਅਤ ਰਹੇ।ਉਨ੍ਹਾਂ ਲੋਕਾਂ ਨੂੰ ਹੋਰ ਖਬਰਦਾਰ ਕਰਦਿਆਂ ਕਿਹਾ ਕਿ ਕਿਸੇ ਵੀ ਅਣਜਾਣ ਗੱਡੀ ਤੋਂ ਲਿਫਟ ਨਾ ਲਈ ਜਾਵੇ।ਇਸਦੇ ਗੰਭੀਰ ਖਤਰੇ ਹੋ ਸਕਦੇ ਹਨ।ਗਲੀ ਮੁਹੱਲਿਆਂ ਅਤੇ ਪਿੰਡਾਂ ਵਿਚ ਨਸ਼ੇ ਵੇਚਣ ਵਾਲੇ ਤੇ ਲੁੱਟ ਖੋਹ ਕਰਨ ਵਾਲਿਆਂ ਦੀ ਪੁਲਿਸ ਨੂੰ ਸੂਚਨਾ ਦਿੱਤੀ ਜਾਵੇ।

## ਕਿਸਾਨ ਆਗੂ ਲੱਖਾ ਸਿੰਘ ਮੰਨਣ ਦਾ ਦਿਹਾਂਤ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜਥੇਬੰਦੀ ਦੇ ਆਗੂ ਲੱਖਾ ਸਿੰਘ ਮੰਨਣ (ਬੀਕੇਯੂ ਏਕਤਾ ਉਗਰਾਹਾਂ ਦੇ ਸਲਾਹਕਾਰ) ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ ਜਿਨ ੍ਹਾਂ ਦੇ ਜਾਣ ਨਾਲ ਜਥੇਬੰਦੀ ਅਤੇ ਪਰਿਵਾਰ ਨੂੰ ਬਹੁਤ ਵੱਡਾ ਘਾਟਾ ਪਿਆ ਹੈ। ਉਹ ਹਰ ਮੋਰਚੇ 'ਤੇ ਵਧ-ਚੜ ਕੇ ਹਿੱਸਾ ਲੈਂਦੇ ਸਨ। ਉਨ ੍ਹਾਂ ਦਾ ਅੰਤਿਮ ਸੰਸਕਾਰ ਉਨ ੍ਹਾਂ ਦੇ ਜੱਦੀ ਪਿੰਡ ਮੰਨਣ ਵਿਖੇ ਕਰ ਦਿੱਤਾ ਗਿਆ।ਇਸ ਦੁੱਖ ਦੀ ਘੜੀ ਮੌਕੇ ਜ਼ਿਲ ੍ਹਾ ਪ੍ਰਧਾਨ ਗੁਰਬਾਜ ਸਿੰਘ ਸਿੱਧਵਾਂ, ਬਲਵਿੰਦਰ ਸਿੰਘ ਲਾਡੀ, ਪ੍ਰਧਾਨ ਜਸਵੰਤ ਸਿੰਘ ਸੋਹਲ, ਆਤਮਾ ਸਿੰਘ ਸੋਹਲ, ਦਿਲਬਾਗ ਸਿੰਘ ਸੋਹਲ, ਬਲਕਾਰ ਸਿੰਘ ਸੋਹਲ, ਬਿੰਦਰ ਸਿੰਘ ਭਾਟੀਆ, ਪ੍ਰਧਾਨ ਮੇਜਰ ਸਿੰਘ ਮੰਨਣ, ਧਿਆਨ ਸਿੰਘ ਫੌਜੀ, ਹਰਜਿੰਦਰ ਸਿੰਘ ਨੰਬਰਦਾਰ ਮੰਨਣ, ਅਵਤਾਰ ਸਿੰਘ ਮੰਨਣ, ਗੁਰਮੇਜ ਸਿੰਘ, ਲਖਵਿੰਦਰ ਸਿੰਘ ਫੌਜੀ ਮੰਨਣ, ਪ੍ਰਧਾਨ ਦਿਲਬਾਗ ਸਿੰਘ ਐਮਾ, ਗੁਰਵਿੰਦਰ ਸਿੰਘ ਕਾਲੂ ਐਮਾ, ਪ੍ਰਧਾਨ ਹਰਪ੍ਰੀਤ ਸਿੰਘ ਐਮਾ, ਹੈਪੀ ਸਰਪੰਚ ਮੰਨਣ, ਚੇਅਰਮੈਨ ਕਸ਼ਮੀਰ ਸਿੰਘ ਮੰਨਣ, ਅਜੀਤ ਸਿੰਘ ਮੰਨਣ, ਮੰਗਾ ਸਿੰਘ ਮੰਨਣ ਆਦਿ ਸੈਂਕੜੇ ਕਿਸਾਨ ਆਗੂ ਹਾਜ਼ਰ ਸਨ।

ਉਨ੍ਹਾਂ ਨਮਿਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਿੰਡ ਮੰਨਣ ਵਿਖੇ ਪਾਏ ਜਾਣਗੇ। ਅੰਤਿਮ ਅਰਦਾਸ ਅਤੇ ਕੀਰਤਨ ਗੁਰਦੁਆਰਾ ਬਾਬਾ ਨਾਨਕ ਦੇਵ ਜੀ ਪਿੰਡ ਮੰਨਣ ਵਿਖੇ 7 ਦਸੰਬਰ ਸ਼ਨੀਵਾਰ ਨੂੰ 12 ਤੋਂ 1 ਵਜੇ ਤੱਕ ਹੋਵੇਗਾ।

## ਨਸ਼ਿਆਂ ਵਿਰੁੱਧ ਜਨਤਕ ਲਾਮਬੰਦੀ ਨਾਲ ਨਸ਼ਿਆਂ ਦਾ ਖਾਤਮਾ ਸੰਭਵ : ਸੁਖਪ੍ਰੀਤ ਸਿੱਧੂ



**ਮਾਲੇਰਕੋਟਲਾ (ਅਸਗਰ ਪਰਿਹਾਰ)**

ਨਸ਼ਿਆਂ ਦੀ ਅਲਾਮਤ ਨੂੰ ਰੋਕਣ ਲਈ ਚੁੱਕੇ ਗਏ ਕਦਮਾਂ ਦੀ ਸਮੀਖਿਆ ਕਰਨ ਲਈ ਨਾਰਕੋ ਕੋਆਰਡੀਨੇਸ਼ਨ ਸੈਂਟਰ (ਐਨ.ਸੀ.ਓ.ਆਰ.ਡੀ) ਅਧੀਨ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਉਨ੍ਹਾਂ ਕਿਹਾ ਕਿ ਵਿਭਾਗ ਨਸ਼ਿਆਂ ਦੀ ਅਲਾਮਤ ਤੋਂ ਮੁਕੰਮਲ ਤੌਰ 'ਤੇ ਸਮਾਜ ਨੂੰ ਨਸ਼ਾ ਮੁਕਤ ਕਰਨ ਤੇ ਨਸ਼ਾ-ਤਸਕਰਾਂ ਦਾ ਮੂੰਹ ਤੋੜਵਾਂ ਜਵਾਬ ਦੇਣ ਲਈ ਪੁਲਸ ਪ੍ਰਸ਼ਾਸਨ ਤੇ ਸਬੰਧਤ ਵਿਭਾਗ ਸਾਂਝੀ ਰਣਨੀਤੀ ਤੇ ਆਪਸ ਵਿੱਚ ਮਿਲ ਕੇ ਕੰਮ ਕਰਨ ਨੂੰ ਯਕੀਨੀ ਬਣਾਉਣ।

ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਨੌਜਵਾਨਾਂ ਤੇ ਸਕੂਲੀ ਵਿਦਿਆਰਥੀਆਂ ਨੂੰ ਨਸ਼ਿਆਂ ਖ਼ਿਲਾਫ਼ ਜਾਗਰੂਕ ਕਰਨ ਅਤੇ ਉਨ੍ਹਾਂ ਦੀ ਉੱਚਿਤ ਸਮੇਂ ਤੇ ਪੁਖਤਾ ਕੌਂਸਲਿੰਗ, ਧਾਰਮਿਕ ਸਿੱਖਿਆ ਨਾਲ ਜੋੜਨ ਤੇ ਉਨ੍ਹਾਂ ਦੀ ਉਰਜਾ ਨੂੰ ਸਹੀ ਦਿਸ਼ਾ ਪ੍ਰਦਾਨ ਕਰਨ ਲਈ ਕਿਹਾ। ਉਨ੍ਹਾਂ ਇਹ ਵੀ ਕਿਹਾ ਕਿ ਨਸ਼ਿਆਂ ਵਿਰੁੱਧ ਇਸ ਮੁਹਿੰਮ ਨੂੰ ਜਨਤਕ ਲਾਮਬੰਦੀ ਵਿੱਚ ਤਬਦੀਲ ਕੀਤਾ ਜਾਣਾ ਚਾਹੀਦਾ ਹੈ, ਜੋ ਸੂਬੇ ਵਿੱਚੋਂ ਨਸ਼ਿਆਂ ਦਾ ਖਾਤਮਾ ਕਰਨ ਵਿੱਚ ਸਹਾਈ ਸਿੱਧ ਹੋ ਸਕਦਾ ਹੈ।

ਡੀ.ਐਸ.ਪੀ. ਰਣਜੀਤ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇੱਕ ਨਸ਼ਾ ਵਿਰੋਧੀ ਹੈਲਪਲਾਈਨ ਤੇ ਵਟਸਐਪ ਚੈਟਬੋਟ (9779100200) ਤਿਆਰ ਕੀਤਾ ਹੈ, ਜਿਸ 'ਤੇ ਕੋਈ ਵੀ ਵਿਅਕਤੀ ਨਸ਼ਾ ਤਸਕਰਾਂ ਤੇ ਸਮਾਜ ਵਿਰੋਧੀ ਅਨਸਰਾਂ ਸਬੰਧੀ ਜਾਣਕਾਰੀ ਸਾਂਝੀ ਕਰ ਸਕਦਾ ਹੈ।

ਉਨ੍ਹਾਂ ਪੁਲਸ ਵਿਭਾਗ ਦੀ ਕਾਰਗੁਜ਼ਾਰੀ ਸਾਂਝੀ ਕਰਦਿਆਂ ਦੱਸਿਆ ਕਿ ਜਨਵਰੀ 2024 ਤੋਂ ਹੁਣ ਤੱਕ ਜ਼ਿਲ੍ਹੇ 'ਚ ਐਨ.ਡੀ.ਪੀ.ਐਸ ਐਕਟ ਤਹਿਤ 181 ਮੁਕੱਦਮਿਆਂ 'ਚ 241 ਦੋਸ਼ੀਆਂ ਦੀ ਗ੍ਰਿਫ਼ਤਾਰ ਕਰਕੇ ਕਰੀਬ 02 ਲੱਖ 58 ਹਜ਼ਾਰ ਰੁਪਏ ਦੀ ਡਰੱਗ ਮਨੀ, 930 ਕਿੱਲੋ ਭੁੱਕੀ, 36,475 ਗੋਲੀਆਂ/ਕੈਪਸੂਲ, 03 ਕਿਲੋ 73 ਗ੍ਰਾਮ ਹੈਰੋਇਨ, 133 ਸ਼ੀਸ਼ੀਆਂ, 23 ਕਿਲੋ 210 ਗ੍ਰਾਮ ਅਫ਼ੀਮ, 04 ਕਿੱਲੋ 870 ਗ੍ਰਾਮ ਸੁਲਫ਼ਾ ਤੇ 13 ਕਿੱਲੋਂ 800 ਗ੍ਰਾਮ ਹਰੇ ਪੌਦੇ (ਖਸਖਸ) ਤੇ 35 ਵਹੀਕਲ ਬਰਾਮਦ ਕੀਤੇ ਗਏ ਹਨ। ਇਸ ਤਰ੍ਹਾਂ ਕਮਰਸ਼ੀਅਲ ਮੁਕੱਦਮਿਆਂ ਤਹਿਤ 12 ਮੁਕੱਦਮੇ ਦਰਜ ਕਰਕੇ 20 ਦੋਸ਼ੀ ਗ੍ਰਿਫ਼ਤਾਰ ਕੀਤੇ ਗਏ ਹਨ। ਇਸ ਤੋਂ ਇਲਾਵਾ ਪੁਲਿਸ ਵਿਭਾਗ ਵੱਲੋਂ ਵੱਖ-ਵੱਖ ਵਿਭਾਗਾਂ ਦੀ ਸਹਾਇਤਾਂ ਨਾਲ 65 ਜਾਗਰੂਕਤਾ ਸੈਮੀਨਾਰ ਵੀ ਆਯੋਜਤ ਕੀਤੇ ਗਏ ਹਨ ਤਾਂ ਜੁ ਇਸ ਅਲਾਮਤ ਵਿਰੁੱਧ ਆਵਾਜ਼ ਬੁਲੰਦ ਕੀਤੀ ਜਾ ਸਕੇ। ਹੁਣ ਤੱਕ ਵਿਭਾਗ ਵੱਲੋਂ 20 ਨਸ਼ਾ ਤਸਕਰਾਂ ਦੀਆਂ 17 ਜਾਇਦਾਦਾਂ ਬਾਬਤ ਰਕਮ ਕਰੀਬ 12 ਕਰੋੜ 30 ਲੱਖ 65 ਹਜ਼ਾਰ 192 ਰੁਪਏ ਜ਼ਬਤ ਕੀਤੀਆਂ ਹਨ।

## ਬਾਕਸਰ ਤਾਜਵੀਰ ਸਿੰਘ ਦਾ ਨਗਰ ਵਾਸੀਆਂ ਵੱਲੋਂ ਸਨਮਾਨ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਬਾਕਸਿੰਗ (ਅੰਡਰ-17) 'ਚ 2 ਸਟੇਟ ਮੈਡਲ ਹਾਸਲ ਕਰਕੇ ਆਪਣੇ ਪਿੰਡ ਅਤੇ ਮਾਪਿਆਂ ਦਾ ਨਾਮ ਰੌਸ਼ਨ ਕਰਨ ਵਾਲੇ ਜ਼ਿਲ੍ਹਾ ਬਠਿੰਡਾ ਦੇ ਪਿੰਡ ਲਹਿਰਾ ਮੁਹੱਬਤ ਦੇ ਜੰਮਪਲ ਤਾਜਵੀਰ ਸਿੰਘ ਸਿੱਧੂ ਪੁੱਤਰ ਕਰਮਜੀਤ ਸਿੰਘ ਦੀ ਨਗਰ ਦੇ ਪਤਵੰਤਿਆਂ ਵੱਲੋਂ ਸਨਮਾਨਤ ਕਰਕੇ ਹੌਸਲਾ ਅਫਜ਼ਾਈ ਕੀਤੀ ਗਈ। ਬਾਕਸਰ ਤਾਜਵੀਰ ਦੇ ਗ੍ਰਹਿ ਵਿਖੇ ਇਕੱਠੇ ਹੋਏ ਵੱਖ-ਵੱਖ ਰਾਜਸੀ, ਸਮਾਜ ਸੇਵੀ ਤੇ ਕਿਸਾਨ ਜਥੇਬੰਦੀਆਂ ਦੇ ਆਗੂਆਂ ਤੋਂ ਇਲਾਵਾ ਪਰਵਾਰ 'ਚੋਂ ਦਾਦਾ ਜਗਜੀਤ ਸਿੰਘ ਪ੍ਰਧਾਨ ਤੇ ਲਛਮਣ ਸਿੰਘ, ਪਿਤਾ ਕਰਮਜੀਤ ਸਿੰਘ ਤੇ ਚਾਚਾ ਜਗਦੇਵ ਸਿੰਘ (ਡਕੌਂਦਾ ਆਗੂ) ਸਮੇਤ ਔਰਤਾਂ ਸ਼ਾਮਲ ਸਨ। ਇਸ ਮੌਕੇ ਸਾਬਕਾ ਕੌਂਸਲਰ ਜਗਦੇਵ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਤਾਜਵੀਰ ਸਿੰਘ ਦੀ ਛੋਟੀ ਉਮਰੇ ਇਹ ਬੜੀ ਵੱਡੀ ਪ੍ਰਾਪਤੀ ਹੈ। ਉਸ ਨੇ ਸਿੱਖਿਆ ਵਿਭਾਗ ਪੰਜਾਬ ਵੱਲੋਂ ਕਰਵਾਈਆਂ ਗਈਆਂ ਸਕੂਲੀ ਖੇਡਾਂ ਅਤੇ ਖੇਡ ਵਿਭਾਗ ਵੱਲੋਂ ਕਰਵਾਈਆਂ 'ਖੇਡਾਂ ਵਤਨ ਪੰਜਾਬ ਦੀਆਂ' 'ਚੋਂ ਸਟੇਟ ਪੱਧਰ 'ਤੇ ਤੀਜਾ ਸਥਾਨ ਹਾਸਲ ਕਰਕੇ ਕਾਂਸੀ ਦੇ ਦੋ ਤਗਮੇ ਜਿੱਤੇ ਹਨ। ਤਾਜਵੀਰ ਦੇ ਦੱਸਣ ਮੁਤਾਬਿਕ ਇਸ ਖੇਡ ਦੀ ਸਾਰੀ ਤਿਆਰੀ ਉਸ ਵੱਲੋਂ ਇੰਟਰਨੈੱਟ ਤੋਂ ਵੀਡੀਓਜ਼ ਦੇਖ ਕੇ ਕੀਤੀ ਗਈ। ਜੇਕਰ ਕੋਚਿੰਗ ਲਈ ਹੁੰਦੀ ਤਾਂ ਪ੍ਰਦਰਸ਼ਨ ਹੋਰ ਵੀ ਵਧੀਆ ਹੋਣਾ ਸੀ। ਪ੍ਰੰਤੂ ਅਜੇ ਤੱਕ ਕੋਈ ਸਰਟੀਫਿਕੇਟ ਨਾ ਮਿਲਣਾ ਨਿਰਾਸ਼ਾ ਵਾਲੀ ਗੱਲ ਹੈ। ਇਸ ਮੌਕੇ ਅਕਾਲੀ ਆਗੂ ਸਾਬਕਾ ਸਰਪੰਚ ਜਥੇ. ਸੁਖਪਾਲ ਸਿੰਘ ਸੁੱਖੀ, ਸਾਬਕਾ ਸਰਪੰਚ ਜਸਪਾਲ ਸਿੰਘ ਜੱਸਾ, ਸਾਬਕਾ ਪੰਚ ਸੱਤਪਾਲ ਸਿੰਘ, ਸਾਬਕਾ ਕੌਂਸਲਰ ਗੁਰਦੀਪ ਸਿੰਘ, ਜਸਵੀਰ ਸਿੰਘ ਖਾਲਸਾ (ਸਾਬਕਾ ਪ੍ਰਧਾਨ ਸਮਾਜ ਭਲਾਈ ਕਲੱਬ), ਦਲਜੀਤ ਸਿੰਘ, ਲੁੱਧਰ ਸਿੰਘ, ਹਰਪਾਲ ਸਿੰਘ, ਗੁਰਜੀਤ ਸਿੰਘ, ਕਾਂਗਰਸੀ ਆਗੂ ਸਾਬਕਾ ਪੰਚ ਇੰਦਰਜੀਤ ਸਿੰਘ, ਸਹਿਕਾਰੀ ਸਭਾ ਪ੍ਰਧਾਨ ਸਾਧੂ ਸਿੰਘ, ਛਿਬਰ ਸਿੰਘ, 'ਆਪ' ਇਕਾਈ ਪ੍ਰਧਾਨ ਗੁਰਪ੍ਰੀਤ ਸਿੰਘ, ਮਾ. ਚਰਨਜੀਤ ਸਿੰਘ, ਸੁਖਮੰਦਰ ਸਿੰਘ, ਜੁਗਰਾਜ ਸਿੰਘ, ਭੋਲਾ ਸਿੰਘ, ਕਰਮਜੀਤ ਸਿੰਘ, ਸੁਰਜੀਤ ਸਿੰਘ ਅਤੇ ਅਵਤਾਰ ਸਿੰਘ ਆਦਿ ਮੌਜੂਦ ਸਨ।

## ਟਰੈਕਟਰਾਂ 'ਤੇ ਖਤਰਨਾਕ ਪ੍ਰਦਰਸ਼ਨ/ਸਟੰਟ ਕਰਨ 'ਤੇ ਪਾਬੰਦੀ ਦੇ ਹੁਕਮ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਜ਼ਿਲ੍ਹਾ ਮੈਜਿਸਟ੍ਰੇਟ ਸ਼ੌਕਤ ਅਹਿਮਦ ਪਰੇ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਬਠਿੰਡਾ ਦੀ ਹਦੂਦ ਅੰਦਰ ਟਰੈਕਟਰਾਂ ਤੇ ਸੰਬੰਧਤ ਸੰਦਾਂ ਆਦਿ ਦੇ ਖਤਰਨਾਕ ਪ੍ਰਦਰਸ਼ਨ/ਸਟੰਟ ਕਰਨ ਨੂੰ ਆਯੋਜਿਤ ਕਰਨ 'ਤੇ ਪੂਰਨ ਪਾਬੰਦੀ ਹੁਕਮ ਜਾਰੀ ਕੀਤੇ ਹਨ। ਰਾਜ ਵਿੱਚ ਬੀਤੇ ਦਿਨੀਂ ਕੁਝ ਘਟਨਾਵਾਂ ਵਾਪਰੀਆਂ ਹਨ, ਜਿਨ੍ਹਾਂ ਵਿੱਚ ਟਰੈਕਟਰ ਅਤੇ ਸੰਬੰਧਤ ਸੰਦਾਂ ਦੇ ਖਤਰਨਾਕ ਪ੍ਰਦਰਸ਼ਨ/ਸਟੰਟ ਦੌਰਾਨ ਨੌਜਵਾਨਾਂ ਨੂੰ ਗੰਭੀਰ ਸੱਟਾਂ ਆਈਆਂ ਸਨ ਤੇ ਇੱਕ ਨੌਜਵਾਨ ਦੀ ਮੌਤ ਵੀ ਹੋ ਗਈ ਸੀ, ਜਿਸ ਦੇ ਮੱਦੇਨਜ਼ਰ ਟਰੈਕਟਰਾਂ ਤੇ ਸੰਬੰਧਤ ਸੰਦਾਂ ਦੇ ਖਤਰਨਾਕ ਪ੍ਰਦਰਸ਼ਨ/ਸਟੰਟ 'ਤੇ ਪੂਰਨ ਪਾਬੰਦੀ ਲਗਾਈ ਗਈ ਹੈ।ਇਹ ਹੁਕਮ 21 ਜਨਵਰੀ 2025 ਤੱਕ ਲਾਗੂ ਰਹਿਣਗੇ।

## ਸੰਪਰਕ ਪ੍ਰੋਗਰਾਮ ਤਹਿਤ ਲੱਖੇਵਾਲੀ 'ਚ ਪੁਲਸ-ਪਬਲਿਕ ਮੀਟਿੰਗ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਸ੍ਰੀ ਮੁਕਤਸਰ ਸਾਹਿਬ ਵੱਲੋਂ ਜ਼ਿਲ੍ਹੇ ਅੰਦਰ ਪੁਲਸ ਦੀਆਂ ਅਲੱਗ ਅਲੱਗ ਟੀਮਾਂ ਬਣਾ ਕੇ ਪਿੰਡਾਂ/ਸ਼ਹਿਰਾਂ, ਸਕੂਲਾਂ/ਕਾਲਜਾਂ ਵਿੱਚ ਨਸ਼ੇ ਅਤੇ ਸਟਰੀਟ ਕ੍ਰਾਈਮ ਖਿਲਾਫ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ, ਇਸੇ ਤਹਿਤ ਹੀ ਮਨਵਿੰਦਰਬੀਰ ਸਿੰਘ ਐਸ ਪੀ (ਪੀ.ਬੀ.ਆਈ) ਸ੍ਰੀ ਮੁਕਤਸਰ ਸਾਹਿਬ ਵੱਲੋਂ ਲੋਕਾਂ ਨਾਲ ਸਿੱਧਾ ਰਾਬਤਾ ਬਣਾਉਂਦਿਆਂ ਪਿੰਡ ਲੱਖੇਵਾਲੀ ਵਿਖੇ ਪਬਲਿਕ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਇੰਸਪੈਕਟਰ ਮਲਕੀਤ ਸਿੰਘ ਮੁੱਖ ਅਫਸਰ ਥਾਣਾ ਲੱਖੇਵਾਲੀ, ਪਿੰਡ ਦੇ ਮੋਹਤਬਰ ਵਿਅਕਤੀਆਂ ਤੋਂ ਇਲਾਵਾ 150 ਦੇ ਕਰੀਬ ਲੋਕਾਂ ਨੇ ਭਾਗ ਲਿਆ। ਮੀਟਿੰਗ 'ਚ ਮਨਵਿੰਦਰਬੀਰ ਸਿੰਘ ਐਸ ਪੀ (ਪੀ.ਬੀ.ਆਈ) ਨੇ ਦੱਸਿਆ ਕਿ ਨਸ਼ੇ ਅਤੇ ਸਟਰੀਟ ਕ੍ਰਾਈਮ ਖਿਲਾਫ ਪੁਲਸ ਅਤੇ ਲੋਕਾਂ ਵਿਚਕਾਰ ਸਹਿਯੋਗ ਅਤੇ ਇਕਜੁੱਟਤਾ ਨੂੰ ਮਜ਼ਬੂਤ ਕਰਨ ਲਈ ਸੰਪਰਕ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ, ਜਿਸ ਤਹਿਤ ਅੱਜ ਪਿੰਡ ਲੱਖੇਵਾਲੀ ਵਿਖੇ ਲੋਕਾਂ ਨੂੰ ਰੂਬਰੂ ਹੋ ਕੇ ਉਨ੍ਹਾਂ ਨਾਲ ਗੱਲਬਾਤ ਕੀਤੀ ਗਈ। ਮੀਟਿੰਗ ਦੌਰਾਨ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਨਸ਼ਿਆਂ ਤੇ ਕ੍ਰਾਈਮ ਵਿਰੁੱਧ ਜੰਗ ਵਿੱਚ ਪੂਰਾ ਸਹਿਯੋਗ ਦੇਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਮੀਟਿੰਗਾਂ ਨਾ ਸਿਰਫ ਪੁਲਸ ਪ੍ਰਤੀ ਜਨਤਾ ਦਾ ਵਿਸ਼ਵਾਸ ਵਧਾਉਂਦੀਆਂ ਹਨ ਸਗੋਂ ਇਨ੍ਹਾਂ ਮੀਟਿੰਗਾਂ ਦੌਰਾਨ ਮਿਲਣ ਵਾਲੇ ਅਹਿਮ ਸੁਝਾਅ ਸਾਡੇ ਲਈ ਅਹਿਮ ਕਦਮ ਚੁੱਕਣ ਵਿੱਚ ਮਦਦਗਾਰ ਸਾਬਤ ਹੁੰਦੇ ਹਨ।

## ...ਸ.ਫ਼ਾ 1 ਦੇ ਬਾਕੀ

### ਸੀ ਪੀ ਆਈ ਵੱਲੋਂ ...

ਨਸ਼ਿਆਂ ਦਾ ਖਾਤਮਾ, ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨਾ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨਾ, ਕਿਸਾਨਾਂ ਤੇ ਮਜ਼ਦੂਰਾਂ ਦੇ ਮਸਲੇ ਹੱਲ ਕਰਨ ਦੇ ਵਾਅਦਿਆਂ ਨਾਲ ਹੂੰਝਾ ਫੇਰ ਜਿੱਤ ਹਾਸਲ ਕਰਨ ਵਿੱਚ ਕਾਮਯਾਬ ਹੋਈ ਸੀ, ਪਰ ਇਹ ਸਰਕਾਰ ਪਿਛਲੀਆਂ ਸਾਰੀਆਂ ਸਰਕਾਰਾਂ ਤੋਂ ਕਿਤੇ ਵੱਧ ਨਿਕੰਮੀ ਸਰਕਾਰ ਸਾਬਤ ਹੋਈ ਹੈ।

ਬਲਦੇਵ ਸਿੰਘ ਨਿਹਾਲਗੜ੍ਹ ਮੈਂਬਰ ਸੂਬਾ ਸਕੱਤਰੇਤ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਦੀ ਮਿਲੀਭੁਗਤ ਕਰਕੇ ਹੀ 20-20 ਦਿਨ ਕਿਸਾਨ ਮੰਡੀਆਂ ਵਿੱਚ ਰੋਲਣ ਤੋਂ ਬਾਅਦ 10 ਫੀਸਦੀ ਕਾਟ ਲਗਵਾ ਕੇ ਫਸਲ ਵੇਚਣੀ ਪਈ ਹੈ। ਫਸਲ ਦਾ ਰੇਟ ਘੱਟ ਹੋਣ ਤੇ ਮਹਿੰਗੇ ਬੀਜ, ਠੇਕੇ ਕਾਰਨ ਕਿਸਾਨਾਂ ਨੂੰ ਬੜਾ ਨੁਕਸਾਨ ਝੱਲਣਾ ਪਿਆ ਹੈ।

ਕਸ਼ਮੀਰ ਸਿੰਘ ਗਦਾਈਆ ਮੈਂਬਰ ਸੂਬਾ ਸਕੱਤਰੇਤ ਨੇ ਕਿਹਾ ਕਿ ਨੌਜਵਾਨਾਂ ਨੂੰ ਰੁਜ਼ਗਾਰ ਲਈ ਭਗਤ ਸਿੰਘ ਦੇ ਨਾਂਅ 'ਤੇ ਬਨੇਗਾ ਦਾ ਕਾਨੂੰਨ ਬਣਾ ਕੇ ਬੇਰੁਜ਼ਗਾਰੀ ਦਾ ਮਸਲਾ ਹੱਲ ਕਰਨਾ ਚਾਹੀਦਾ ਹੈ।

ਉਹਨਾ ਕਿਹਾ ਕਿ ਨਰੇਗਾ ਕਾਨੂੰਨ ਪਾਰਦਰਸ਼ੀ ਢੰਗ ਨਾਲ ਲਾਗੂ ਕਰਨਾ ਚਾਹੀਦਾ ਹੈ। ਨਰੇਗਾ ਦੇ ਵਰਕਰਾਂ ਨੂੰ ਘੱਟੋ-ਘੱਟ 200 ਦਿਨ ਕੰਮ ਤੇ 1000 ਰੁਪਏ ਦਿਹਾੜੀ ਲਾਗੂ ਕਰਨੀ ਚਾਹੀਦੀ ਹੈ। ਕਾਨੂੰਨ ਦੀ ਦਿਸ਼ਾ ਅਨੁਸਾਰ ਹੀ ਨਰੇਗਾ ਕਾਨੂੰਨ ਨੂੰ ਲਾਗੂ ਕੀਤਾ ਜਾਵੇ।

ਸੁਖਜਿੰਦਰ ਮਹੇਸਰੀ ਨੇ ਕਿਹਾ ਕਿ ਦੇਸ਼ ਅੰਦਰ ਬੇਰੁਜ਼ਗਾਰੀ ਸਭ ਤੋਂ ਵੱਡੀ ਬਿਮਾਰੀ ਹੈ। ਇੱਕ ਮਤੇ ਰਾਹੀਂ ਮੰਗ ਕੀਤੀ ਗਈ ਕਿ ਸਰਕਾਰ ਮੁਲਾਜ਼ਮਾਂ ਦੇ ਪੇ ਸਕੇਲ ਦਾ ਬਕਾਇਆ ਅਤੇ ਡੀ ਏ ਦਾ ਏਰੀਅਰ ਤੁਰੰਤ ਅਦਾ ਕਰੇ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਕੇ ਪੰਜਾਬ ਦੇ ਮੁਲਾਜ਼ਮਾਂ ਦੇ ਮਸਲੇ ਹੱਲ ਕਰੇ, ਘੱਟੋ-ਘੱਟ ਉਜਰਤਾਂ ਵਿੱਚ ਤੁਰੰਤ ਸੋਧ ਕੀਤੀ ਜਾਵੇ ਤੇ ਖਾਣ-ਪੀਣ ਦੀਆਂ ਵਸਤਾਂ ਤੋਂ ਜੀ ਐੱਸ ਟੀ ਵਾਪਸ ਲਿਆ ਜਾਵੇ। ਰੈਲੀ ਨੂੰ ਖੁਸ਼ੀਆ ਸਿੰਘ ਬਰਨਾਲਾ, ਰਾਜ ਕੁਮਾਰ ਚੰਡੀਗੜ੍ਹ, ਕੁਲਵੰਤ ਸਿੰਘ ਮੌਲਵੀਵਾਲਾ, ਭਰਪੂਰ ਸਿੰਘ ਮਾਲੇਰਕੋਟਲਾ, ਹਰਦੇਵ ਸਿੰਘ ਬਖਸ਼ੀਵਾਲਾ, ਸਤਵੰਤ ਸਿੰਘ ਖੰਡੇਬਾਦ, ਕਰਮ ਸਿੰਘ ਵਕੀਲ, ਜਗਤਾਰ ਸਿੰਘ ਪਟਿਆਲਾ ਤੇ ਮੋਹਿੰਦਰ ਸਿੰਘ ਮੋਹਾਲੀ ਨੇ ਵੀ ਸੰਬੋਧਨ ਕੀਤਾ। ਰੈਲੀ ਵਿੱਚ ਖਾਸ ਤੌਰ 'ਤੇ ਨਵਜੀਤ ਸਿੰਘ ਸੰਗਰੂਰ, ਮੇਲਾ ਸਿੰਘ ਸੰਗਰੂਰ, ਨਿਰਮਲ ਸਿੰਘ ਬਟੜੀਆਣਾ, ਨਿਰੰਜਨ ਸਿੰਘ, ਮੁਹੰਮਦ ਖਲੀਲ, ਬ੍ਰਿਜ ਲਾਲ, ਬਲਵਿੰਦਰ ਸਿੰਘ, ਜਗਦੇਵ ਬਾਹੀਆ, ਅਮਰੀਕ ਸਿੰਘ ਉਗਰਾਹਾਂ, ਸੁਰਿੰਦਰ ਭੈਣੀ, ਪਰਦਮਣ ਸਿੰਘ ਬਾਗੜੀਆਂ, ਚਰਨ ਸਿੰਘ ਭੱਟੀਆਂ, ਗਮਦੂਰ ਸਿੰਘ, ਗੁਰਮੀਤ ਸਿੰਘ, ਮਨਿੰਦਰ ਸਿੰਘ ਧਾਲੀਵਾਲ, ਲੀਲੇ ਖਾਂ, ਸੁਖਦੇਵ ਸੁੱਖੀ, ਜਗਰਾਜ ਰਾਮਾ ਤੇ ਵਿਨੋਦ ਚੁੱਗ ਨੇ ਵੀ ਹਾਜ਼ਰੀ ਲਵਾਈ।

### ਮਾਨ ਨੇ ਸੂਬੇ ਨੂੰ ਦਰਪੇਸ਼...

ਸੂਬੇ ਵਿੱਚ ਵੀ ਪ੍ਰੋਜੈਕਟ ਸ਼ੁਰੂ ਕਰਨ ਦੀ ਅਪੀਲ ਕੀਤੀ।

ਮੁੱਖ ਮੰਤਰੀ ਵੱਲੋਂ ਉਠਾਏ ਗਏ ਮੁੱਦਿਆਂ 'ਤੇ ਹਾਂ-ਪੱਖੀ ਹੁੰਗਾਰਾ ਭਰਦਿਆਂ ਅਗਸਟ ਟੈਨੋ ਕੁਆਮੇ ਨੇ ਕਿਹਾ ਕਿ ਉਹ ਇਸ ਖੇਤਰ ਵਿੱਚ ਸਹਿਯੋਗ ਕਰਨ ਬਾਰੇ ਵਿਚਾਰ ਕਰ ਰਹੇ ਹਨ, ਕਿਉਂਕਿ ਵਿਸ਼ਵ ਬੈਂਕ ਨੇ ਉੱਤਰ ਪ੍ਰਦੇਸ਼ ਵਿੱਚ ਪਹਿਲਾਂ ਹੀ ਇਸ ਪ੍ਰੋਜੈਕਟ ਵਿੱਚ ਸਹਿਯੋਗ ਕੀਤਾ ਹੈ। ਸੂਬਾ ਸਰਕਾਰ ਨਾਲ ਲਗਾਤਾਰ ਮੀਟਿੰਗਾਂ ਕਰਨ ਦੀ ਗੱਲ ਕਰਦਿਆਂ ਉਨ੍ਹਾ ਕਿਹਾ ਕਿ ਇਸ ਨਾਲ ਕਈ ਗੱਲਾਂ ਸਪੱਸ਼ਟ ਹੋ ਜਾਣਗੀਆਂ। ਚੇਅਰਮੈਨ ਨੇ ਕਿਹਾ ਕਿ ਵਿਸ਼ਵ ਬੈਂਕ ਦੀ ਟੀਮ ਕ੍ਰਾਂਤੀਕਾਰੀ ਸੁਧਾਰਾਂ ਨੂੰ ਲਾਗੂ ਕਰਨ ਲਈ ਪੰਜਾਬ ਦੇ ਦ੍ਰਿੜ੍ਹ ਇਰਾਦੇ ਤੋਂ ਪ੍ਰਭਾਵਤ ਹੋਈ ਹੈ। ਅਗਸਟ ਟੈਨੋ ਕੁਆਮੇ ਨੇ ਵਿਕਾਸ ਅਤੇ ਪ੍ਰਗਤੀ ਲਈ ਪੰਜਾਬ ਦੀ ਸਮਰੱਥਾ ਨੂੰ ਮੰਨਦਿਆਂ ਇੱਕ ਮਜ਼ਬੂਤ ਅਤੇ ਲਚਕੀਲੇ ਜਨਤਕ ਵਿੱਤੀ ਪ੍ਰਬੰਧਨ ਢਾਂਚੇ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਪੰਜਾਬ ਦੇ ਯਤਨਾਂ ਦਾ ਸਮਰਥਨ ਕਰਨ ਲਈ ਆਪਣੀ ਇੱਛਾ ਜ਼ਾਹਰ ਕੀਤੀ। ਉਨ੍ਹਾ ਕਿਹਾ ਕਿ ਵਿਸ਼ਵ ਬੈਂਕ ਵੱਡੇ ਸ਼ਹਿਰਾਂ ਵਿੱਚ ਸਹਿਯੋਗ ਦੇ ਖੇਤਰਾਂ ਅਤੇ ਵਿੱਤੀ ਸੂਝ-ਬੂਝ, ਡੇਟਾ ਸ਼ੇਅਰਿੰਗ ਅਤੇ ਹੋਰ ਸੇਵਾਵਾਂ ਦੀ ਭਾਲ ਕਰ ਰਿਹਾ ਹੈ।

ਅਗਸਟ ਟੈਨੋ ਕੁਆਮੇ ਨੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਵੱਖ-ਵੱਖ ਪ੍ਰੋਜੈਕਟਾਂ ਦੀ ਸ਼ਲਾਘਾ ਵੀ ਕੀਤੀ ਅਤੇ ਕਿਹਾ ਕਿ ਬੈਂਕ ਦੇਸ਼ ਦੇ ਹੋਰ ਹਿੱਸਿਆਂ ਵਿੱਚ ਵੀ ਇਨ੍ਹਾਂ ਨੂੰ ਅਪਣਾਉਣ ਬਾਰੇ ਵਿਚਾਰ ਕਰ ਰਿਹਾ ਹੈ।

### ਜੋਗਿੰਦਰਪਾਲ ਜੈਨ ਨੂੰ ...

ਅੰਤ ਵਿੱਚ ਸਾਬਕਾ ਮੇਅਰ ਅਕਸ਼ਿਤ ਜੈਨ ਤੇ ਪੁਨੀਤ ਜੈਨ ਕੈਨੇਡਾ ਦੀ ਰਸਮ ਪਗੜੀ ਕੀਤੀ ਗਈ।

ਸ਼ਰਧਾਂਜਲੀ ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਮੋਗਾ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ, ਸਾਬਕਾ ਮੰਤਰੀ ਡਾ. ਮਾਲਤੀ ਥਾਪਰ, ਸਾਬਕਾ ਮੰਤਰੀ ਦਰਸ਼ਨ ਸਿੰਘ ਬਰਾੜ, ਸਾਬਕਾ ਵਿਧਾਇਕ ਡਾ. ਹਰਜੋਤ ਕਮਲ, ਨਿਧੜਕ ਸਿੰਘ ਬਰਾੜ ਸਾਬਕਾ ਰਾਜ ਸੂਚਨਾ ਕਮਿਸ਼ਨਰ ਪੰਜਾਬ, ਰਣਵਿੰਦਰ ਸਿੰਘ ਪੱਪੂ ਰਾਮੂੰਵਾਲਾ ਸੀਨੀਅਰ ਅਕਾਲੀ ਆਗੂ, ਜ਼ਿਲ੍ਹਾ ਪ੍ਰਧਾਨ ਭਾਜਪਾ ਡਾ. ਸੀਮਾਂਤ ਗਰਗ, ਕਾਂਗਰਸ ਹਲਕਾ ਮੋਗਾ ਦੇ ਇੰਚਾਰਜ ਮਾਲਵਿਕਾ ਸੂਦ, ਸੀਨੀਅਰ ਅਕਾਲੀ ਆਗੂ ਰਜਿੰਦਰ ਸਿੰਘ ਡੱਲਾ, ਅਮਰਜੀਤ ਸਿੰਘ ਲੰਢੇਕੇ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਤਰਸੇਮ ਸਿੰਘ ਰੱਤੀਆਂ ਮੈਂਬਰ ਸ਼੍ਰੋਮਣੀ ਕਮੇਟੀ, ਅਨਿਲ ਬਾਂਸਲ ਸਾਬਕਾ ਸੀਨੀਅਰ ਡਿਪਟੀ ਮੇਅਰ, ਵਿਨੋਦ ਬਾਂਸਲ ਸਾਬਕਾ ਚੇਅਰਮੈਨ, ਸਾਬਕਾ ਚੇਅਰਮੈਨ ਸੁਖਦੇਵ ਸਿੰਘ ਖੋਸਾ, ਸੀਨੀਅਰ ਐਡਵੋਕੇਟ ਬੋਧਰਾਜ ਮਜੀਠੀਆ, ਪਰਮਜੀਤ ਸਿੰਘ ਡਾਲਾ ਸਾਬਕਾ ਏ.ਈ.ਓ. ਜਗਰੂਪ ਸਿੰਘ ਤਖ਼ਤੂਪੁਰਾ ਸਾਬਕਾ ਚੇਅਰਮੈਨ, ਪਰਮਪਾਲ ਸਿੰਘ ਤਖ਼ਤੂਪੁਰਾ ਸਾਬਕਾ ਚੇਅਰਮੈਨ, ਚੇਅਰਮੈਨ ਦਵਿੰਦਰਪਾਲ ਸਿੰਘ ਰਿਪੀ, ਤੀਰਥ ਸਿੰਘ ਮਾਹਲਾ ਕੌਮੀ ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ, ਇੰਦਰਪਾਲ ਸਿੰਘ ਬੱਬੀ ਠੇਕੇਦਾਰ ਤੇ ਉੱਘੇ ਸਮਾਜ ਸੇਵੀ, ਤੇ ਪੰਜਾਬ ਭਰ ਤੋਂ ਪੁੱਜੀਆਂ ਸ਼ਖ਼ਸੀਅਤਾਂ ਹਾਜ਼ਰ ਸਨ।

## ਤਾਲੇ ਤੋੜ ਕੇ ਸੋਨੇ-ਚਾਂਦੀ ਦੇ ਗਹਿਣੇ ਤੇ ਨਕਦੀ ਚੋਰੀ

**ਸ੍ਰੀ ਫ਼ਤਹਿਗੜ੍ਹ (ਪ੍ਰਮੋਦ ਭਾਰਦਵਾਜ)**- ਚੋਰਾਂ ਵੱਲੋਂ ਬਸੀ ਪਠਾਣਾਂ ਵਿਖੇ ਇੱਕ ਮਕਾਨ ਦੇ ਤਾਲੇ ਤੋੜ ਕੇ ਸੋਨੇ,ਚਾਂਦੀ ਦੇ ਗਹਿਣੇ ਅਤੇ ਨਕਦੀ ਚੋਰੀ ਕਰ ਲੈ ਜਾਣ ਦਾ ਸਮਾਚਾਰ ਹੈ।ਬਸੀ ਪਠਾਣਾਂ ਦੇ ਮੁਹੱਲਾ ਧੋਬੀਆਂ 'ਚ ਸਥਿਤ ਆਪਣੇ ਘਰ 'ਚ ਹੀ ਕਰਿਆਨੇ ਦੀ ਦੁਕਾਨ ਚਲਾ ਰਹੀ ਔਰਤ ਸੱਤਿਆ ਰਾਣੀ (60) ਨੇ ਪੁਲਸ ਨੂੰ ਦੱਸਿਆ ਕਿ ਉਹ ਆਪਣੇ ਘਰ ਨੂੰ ਤਾਲਾ ਲਾ ਕੇ ਰਿਸ਼ਤੇਦਾਰੀ 'ਚ ਮਿਲਣ ਗਈ ਸੀ, ਜਿੱਥੋਂ ਬੀਤੇ ਦਿਨ ਜਦੋਂ ਉਹ ਵਾਪਸ ਘਰ ਪਰਤੀ ਤਾਂ ਉਸ ਨੇ ਦੇਖਿਆ ਕਿ ਉਸਦੇ ਘਰ ਦਾ ਦਰਵਾਜ਼ੇ ਦਾ ਤਾਲਾ ਟੁੱਟਿਆ ਪਿਆ ਸੀ ਤੇ ਘਰ ਦੇ ਅੰਦਰ ਅਲਮਾਰੀ ਦਾ ਕੁੰਡਾ ਤੇ ਲੌਕਰ ਦਾ ਤਾਲਾ ਟੁੱਟਿਆ ਹੋਇਆ ਸੀ ਤੇ ਘਰ ਵਿੱਚ ਕੱਪੜੇ ਆਦਿ ਸਮਾਨ ਖਿਲਰਿਆ ਪਿਆ ਸੀ।ਸੱਤਿਆ ਰਾਣੀ ਨੇ ਦੋਸ਼ ਲਾਇਆ ਕਿ ਨਾਮਾਲੂਮ ਵਿਅਕਤੀ ਘਰ ਵਿੱਚ ਰੱਖੇ ਉਸ ਦੇ ਸੋਨੇ ਚਾਂਦੀ ਦੇ ਗਹਿਣੇ ਅਤੇ 15 ਹਜ਼ਾਰ ਰੁਪਏ ਦੀ ਨਕਦੀ ਚੋਰੀ ਕਰ ਕੇ ਲੈ ਗਏ।ਨਾਮਾਲੂਮ ਵਿਅਕਤੀ ਵਿਰੁੱਧ ਥਾਣਾ ਬਸੀ ਪਠਾਣਾਂ ਵਿਖੇ ਅ/ਧ 305, 331(4) ਬੀ.ਐਨ.ਐਸ. ਤਹਿਤ ਮੁਕੱਦਮਾ ਦਰਜ ਕਰਾ ਕੇ ਬਸੀ ਪਠਾਣਾਂ ਸਿਟੀ ਚੌਕੀ ਦੇ ਇੰਚਾਰਜ ਸਹਾਇਕ ਥਾਣੇਦਾਰ ਜਗਦੀਪ ਸਿੰਘ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

## ਔਰਤਾਂ ਲਈ ਸਿਹਤ ਤੇ ਰੁਜ਼ਗਾਰ ਕੈਂਪ 2 ਨੂੰ

**ਮਲੋਟ (ਗੁਰਮੀਤ ਸਿੰਘ ਮੱਕੜ)**-ਵਧੀਕ ਡਿਪਟੀ ਕਮਿਸ਼ਨਰ ਜਨਰਲ, ਸ਼੍ਰੀ ਗੁਰਪ੍ਰੀਤ ਸਿੰਘ ਥਿੰਦ ਨੇ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦੱਸਿਆ ਗਿਆ ਕਿ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ 2 ਦਸੰਬਰ ਨੂੰ ਰਾਜ ਪੱਧਰੀ ਸ਼ੁਰੂਆਤੀ ਇਨੇਗਰੇਟਿਵ ਸਮਾਗਮ ਸਰਕਾਰੀ ਕਾਲਜ ਪਿੰਡ ਦਾਨੇਵਾਲਾ (ਮਲੋਟ) ਵਿਖੇ ਸਵੇਰੇ 11.00 ਵਜੇ ਆਯੋਜਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਸਮਾਗਮ ਦੌਰਾਨ ਸਿਹਤ ਵਿਭਾਗ ਦੀਆਂ 11 ਡਾਕਟਰਾਂ ਦੀਆਂ ਟੀਮਾਂ ਵੱਲੋਂ ਔਰਤਾਂ ਦੀ ਸਿਹਤ ਜਾਂਚ ਕੀਤੀ ਜਾਵੇਗੀ। ਇਸ ਤੋਂ ਇਲਾਵਾ ਜ਼ਿਲ੍ਹਾ ਰੁਜ਼ਗਾਰ ਸੈੱਲ ਵੱਲੋਂ ਪਲੇਸਮੈਂਟ ਕੈਂਪ ਆਯੋਜਤ ਕੀਤਾ ਜਾਵੇਗਾ, ਜਿਸ ਵਿੱਚ 7 ਕੰਪਨੀਆਂ ਵੱਲੋਂ ਮੌਕੇ 'ਤੇ ਲੜਕੀਆਂ ਦੀ ਇੰਟਰਵਿਊ ਲੈ ਕੇ ਰੁਜ਼ਗਾਰ ਮੁਹੱਈਆ ਕਰਾਇਆ ਜਾਵੇਗਾ ਅਤੇ ਨੈਸ਼ਨਲ ਰੂਰਲ ਲਾਈਵਲੀ ਵੱਲੋਂ 6 ਸੈਲਫ ਹੈਲਪ ਗਰੁੱਪ, ਔਰਤਾਂ ਨੂੰ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਸਬੰਧੀ ਜਾਗਰੂਕਤਾ ਕਰਨ ਲਈ ਲਾਏ ਜਾਣਗੇ। ਵਧੀਕ ਡਿਪਟੀ ਕਮਿਸ਼ਨਰ (ਜ) ਵੱਲੋਂ ਸਾਰਿਆਂ ਵਿਭਾਗਾਂ ਨੂੰ ਹਦਾਇਤ ਕੀਤੀ ਗਈ ਕਿ ਵੱਖ-ਵੱਖ ਪਿੰਡਾਂ 'ਚ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਪ੍ਰਚਾਰ ਕੀਤਾ ਜਾਵੇ ਤਾਂ ਜੁ ਜ਼ਿਲ੍ਹੇ ਦੀਆਂ ਵੱਧ ਤੋ ਵੱਧ ਔਰਤਾਂ ਇਸ ਦਾ ਲਾਭ ਲੈ ਸਕਣ।

## ਮਾਡਲ ਸਕੂਲ ਚੁਨਾਗਰਾ 'ਚ ਐੱਨ ਐੱਸ ਐੱਸ ਕੈਂਪ ਦੀ ਸ਼ੁਰੂਆਤ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਸਰਕਾਰੀ ਮਾਡਲ ਸੀਨੀਅਰ ਸੈਕੰਡਰੀ ਸਕੂਲ, ਚੁਨਾਗਰਾ ਵੱਲੋਂ ਮਾਣਯੋਗ ਡਾਇਰੈਕਟੋਰੇਟ, ਐਨਐਸਐਸ ਤੇ ਯੁਵਕ ਸੇਵਾਵਾਂ ਵਿਭਾਗ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪ੍ਰਿੰਸੀਪਲ ਹਰੀਸ਼ ਕੁਮਾਰ ਦੀ ਅਗਵਾਈ ਵਿੱਚ ਸੱਤ ਰੋਜ਼ਾ ਐਨਐਸਐਸ ਕੈਂਪ ਦੀ ਸ਼ੁਰੂਆਤ ਕੀਤੀ ਗਈ।ਕੈਂਪ ਦਾ ਰਸਮੀ ਉਦਘਾਟਨ ਕਰਨ ਉਪਰੰਤ ਸੱਤ ਰੋਜ਼ਾ ਕੈਂਪ ਦੌਰਾਨ ਕੀਤੇ ਜਾਣ ਵਾਲੇ ਕੰਮਾਂ ਸਬੰਧੀ ਵਿਚਾਰ ਚਰਚਾ ਕੀਤੀ ਗਈ।ਗ੍ਰਾਮ ਪੰਚਾਇਤ ਚੁਨਾਗਰਾ ਵੱਲੋਂ ਸਰਪੰਚ ਸ਼੍ਰੀਮਤੀ ਕਸ਼ਮੀਰ ਕੌਰ ਦੇ ਸਪੁੱਤਰ ਕੁਲਦੀਪ ਸਿੰਘ ਤੇ ਗ੍ਰਾਮ ਪੰਚਾਇਤ ਮੈਂਬਰਾਂ ਵੱਲੋਂ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਗਈ, ਜਿਨ੍ਹਾਂ ਦਾ ਪ੍ਰੋਗਰਾਮ ਅਫ਼ਸਰ ਲਵਕੇਸ਼ ਕੁਮਾਰ ਤੇ ਸਮੁੱਚੀ ਐਨਐਸਐਸ ਯੂਨਿਟ ਵੱਲੋਂ ਜ਼ੋਰਦਾਰ ਸਵਾਗਤ ਕੀਤਾ ਗਿਆ।ਸਮਾਗਮ ਦੇ ਅੰਤ ਵਿੱਚ ਆਏ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।

## ਲੋਹਕੇ ਖੁਰਦ ਦੇ ਸਕੂਲੀ ਬੱਚਿਆਂ ਨੂੰ ਐਲਬੈਂਡਾਜੋਲ ਦੀ ਖ਼ੁਰਾਕ ਦਿੱਤੀ



**ਜ਼ੀਰਾ (ਨਰਿੰਦਰ ਅਨੇਜਾ)**-ਸਿੱਖਿਆ ਵਿਭਾਗ ਪੰਜਾਬ ਤੇ ਸਿਹਤ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਸਰਕਾਰੀ ਮਿਡਲ ਸਕੂਲ ਲੋਹਕੇ ਖੁਰਦ ਵਿਖੇ ਸਕੂਲ ਇੰਚਾਰਜ ਬਲਵਿੰਦਰ ਸਿੰਘ ਭੁੱਟੋ ਦੇ ਵੱਲੋਂ 6ਵੀਂ ਤੋਂ 8ਵੀਂ ਜਮਾਤ ਤੱਕ ਦੇ ਸਾਰੇ ਬੱਚਿਆਂ ਨੂੰ ਨੈਸ਼ਨਲ ਡੀ ਵਾਰਮਿੰਗ ਡੇ ਮੌਕੇ ਐਲਮੇਂਡਾਜੋਲ ਦੀਆਂ ਗੋਲੀਆਂ ਮਿਡ ਡੇ ਮੀਲ ਖਾਣ ਦੇ ਉਪਰੰਤ ਦਿੱਤੀਆਂ ਗਈਆਂ।ਸਕੂਲ ਮੁਖੀ ਤੇ ਸਾਇੰਸ ਮਾਸਟਰ ਸ੍ਰੀ ਚੰਦਰ ਕੁਮਾਰ ਦਿਓੜਾ ਵੱਲੋਂ ਸਾਰੇ ਸਕੂਲ ਦੇ ਵਿਦਿਆਰਥੀਆਂ ਨੂੰ ਐਲਮੇਂਡਾਜੋਲ ਦੀ ਖੁਰਾਕ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਇਸ ਮੌਕੇ ਸਕੂਲ ਇੰਚਾਰਜ ਬਲਵਿੰਦਰ ਸਿੰਘ ਭੁੱਟੋ, ਮੈਡਮ ਹਰਜੀਤ ਕੌਰ, ਸੁਲੱਖਣ ਸਿੰਘ, ਚੰਦਰ ਕੁਮਾਰ ਦਿਓੜਾ, ਲਵਪ੍ਰੀਤ ਕੌਰ, ਮਿਡ ਡੇ ਮੀਲ ਵਰਕਰ ਮਨਦੀਪ ਕੌਰ ਤੇ ਜਸਬੀਰ ਕੌਰ ਹਾਜ਼ਰ ਸਨ।

## ਲਾਲਜੀਤ ਸਿੰਘ ਭੁੱਲਰ ਵੱਲੋਂ ਡਾਕਟਰ ਮੁਹੰਮਦ ਰਫ਼ੀ ਦਾ ਸਨਮਾਨ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਪੰਜਾਬ ਸਰਕਾਰ ਦੇ ਜੇਲ੍ਹ ਵਿਭਾਗ ਵੱਲੋਂ ਪਟਿਆਲਾ ਵਿਖੇ ਇੱਕ ਪ੍ਰਭਾਵਸ਼ਾਲੀ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ 'ਚ ਜੇਲ ਮੰਤਰੀ ਸ਼੍ਰੀ ਲਾਲਜੀਤ ਸਿੰਘ ਭੁੱਲਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਦੌਰਾਨ ਸ਼੍ਰੀ ਲਾਲਜੀਤ ਸਿੰਘ ਭੁੱਲਰ ਨੇ ਡਾਕਟਰ ਮੁਹੰਮਦ ਰਫੀ ਵੱਲੋਂ ਵੱਖ-ਵੱਖ ਸਮੇਂ ਤੇ ਪੁਲਸ ਵਿਭਾਗ ਪੰਜਾਬ ਲਈ ਨਿਭਾਈਆਂ ਸੇਵਾਵਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਡਾਕਟਰ ਮੁਹੰਮਦ ਰਫ਼ੀ ਪੰਜਾਬ ਦੀ ਇੱਕ ਬਹੁ ਪ੍ਰਤਿਭਾਸ਼ਾਲੀ ਸ਼ਖ਼ਸੀਅਤ ਹਨ। ਉਨ੍ਹਾਂ 'ਚ ਪ੍ਰਸ਼ਾਸਨਕੀ ਯੋਗਤਾ ਦੇ ਨਾਲ-ਨਾਲ ਮੰਚ ਸੰਚਾਲਨ ਦਾ ਜੋ ਗੁਣ ਹੈ, ਉਸ ਦਾ ਲੋਹਾ ਦੇਸ਼ ਵਿਦੇਸ਼ 'ਚ ਮੰਨਿਆ ਜਾਂਦਾ ਹੈ। ਡਾਕਟਰ ਮੁਹੰਮਦ ਰਫੀ ਰਾਜਨੀਤਕ ਸਮਾਜਿਕ ਤੇ ਪ੍ਰਸ਼ਾਸਨਿਕ ਖੇਤਰ ਦੀਆਂ ਗਤੀਵਿਧੀਆਂ ਨਾਲ ਲੰਬੇ ਸਮੇਂ ਤੋਂ ਜੁੜੇ ਹੋਏ ਹਨ। ਇਨ੍ਹਾਂ ਦੀ ਕੌਮੀ ਪੱਧਰ 'ਤੇ ਇੱਕ ਵਿਲੱਖਣ ਪਹਿਚਾਨ ਹੈ। ਸਮਾਗਮ 'ਚ ਇੱਕ ਪਾਸਿੰਗ ਆਊਟ ਪਰੇਡ ਦੌਰਾਨ ਡਾਕਟਰ ਮੁਹੰਮਦ ਰਫ਼ੀ ਨੂੰ ਜੇਲ੍ਹ ਮੰਤਰੀ ਸ਼੍ਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਸਨਮਾਨਤ ਕੀਤਾ ਗਿਆ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**
ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in

# ਅੰਮ੍ਰਿਤਸਰ ਦੇ 450 ਸਾਲਾ ਸਥਾਪਨਾ ਦਿਵਸ ਨੂੰ ਲੈ ਕੇ ਸਪੀਕਰ ਸੰਧਵਾਂ ਨੇ ਕੀਤੀ ਪਲੇਠੀ ਮੀਟਿੰਗ

**ਅੰਮ੍ਰਿਤਸਰ (ਨਰਿੰਦਰਜੀਤ ਸਿੰਘ)**

ਅੰਮ੍ਰਿਤਸਰ ਦੇ 450 ਸਾਲਾ ਸਥਾਪਨਾ ਦਿਵਸ ਜੋ ਕਿ ਸਾਲ 2027 ਨੂੰ ਆ ਰਿਹਾ ਹੈ, ਨੂੰ ਵਧੀਆ ਢੰਗ ਨਾਲ ਮਨਾਉਣ ਸਬੰਧੀ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੰਮ੍ਰਿਤਸਰ ਦੀਆਂ ਧਾਰਮਿਕ, ਸਮਾਜਿਕ ਅਤੇ ਹੋਰ ਸੰਸਥਾਵਾਂ ਨਾਲ ਵਿਚਾਰ ਚਰਚਾ ਕੀਤੀ ਅਤੇ ਉਨ੍ਹਾਂ ਦੀ ਸਲਾਹ ਲਈ ਕਿ ਇਸ ਨੂੰ ਵਧੀਆ ਢੰਗ ਨਾਲ ਕਿਸ ਤਰ੍ਹਾਂ ਮਨਾਇਆ ਜਾ ਸਕਦਾ ਹੈ।ਇਸ ਮੀਟਿੰਗ ਵਿੱਚ ਵੱਖ ਵੱਖ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਸਪੀਕਰ ਦੇ ਧਿਆਨ ਵਿੱਚ ਲਿਆਂਦਾ ਕਿ ਕੇਵਲ ਦੋ ਸਾਲ ਦਾ ਹੀ ਸਮਾਂ ਸਾਡੇ ਕੋਲ ਹੈ ਅਤੇ 450 ਸਾਲਾ ਨੂੰ ਮਨਾਉਣ ਲਈ ਜੰਗੀ ਪੱਧਰ ਤੇ ਤਿਆਰੀਆਂ ਕੀਤੀਆਂ ਜਾਣੀਆਂ ਹਨ।ਉਨ੍ਹਾਂ ਕਿਹਾ ਕਿ ਸਭ ਤੋਂ ਵੱਡੀ ਸਮੱਸਿਆ ਇਸ ਸਮੇਂ ਸਾਫ ਸਫਾਈ, ਬਿਜਲੀ ਦੀਆਂ ਲਟਕਦੀਆਂ ਤਾਰਾਂ ਅਤੇ ਟ੍ਰੈਫਿਕ ਵਿਵਸਥਾ ਨੂੰ ਦਰੁਸਤ ਕਰਨਾ ਹੈ।ਜਸਵਿੰਦਰ ਸਿੰਘ ਐਡਵੋਕੇਟ ਨੇ ਦੱਸਿਆ ਕਿ ਬਾਹਰੋਂ ਆਉਣ ਵਾਲੇ ਯਾਤਰੂਆਂ ਨੂੰ ਰਸਤਿਆਂ ਦੀ ਸਹੀ ਜਾਣਕਾਰੀ ਨਹੀਂ ਮਿਲਦੀ, ਇਸ ਲਈ ਅੰਮ੍ਰਿਤਸਰ ਦੇ ਮੇਨਗੇਟ ਤੋਂ ਲੈ ਕੇ ਸ੍ਰੀ ਦਰਬਾਰ ਸਾਹਿਬ ਤੱਕ ਸਾਇਨ ਬੋਰਡ ਲਗਾਏ ਜਾਣ।ਉਨ੍ਹਾਂ ਦੱਸਿਆ ਕਿ ਸ੍ਰੀ ਦਰਬਾਰ ਸਾਹਿਬ ਦੇ ਚਾਰੇ ਪਾਸੇ ਰਿਹਾਇਸ਼ਾਂ ਅਤੇ ਕਮਰਸ਼ੀਅਲ ਅਦਾਰਿਆਂ ਨੂੰ ਜਾਗਰੂਕ ਕੀਤਾ ਜਾਵੇ ਕਿ ਉਹ ਆਪਣੀਆਂ ਛੱਤਾਂ 'ਤੇ ਬੂਟੇ ਲਗਾਉਣ ਤਾਂ ਜੋ ਪ੍ਰਦੂਸ਼ਿਤ ਵਾਤਾਵਰਣ ਨੂੰ ਠੀਕ ਕੀਤਾ ਜਾ ਸਕੇ ਅਤੇ ਆਉਣ ਵਾਲੇ ਯਾਤਰੂਆਂ ਨੂੰ ਵਧੀਆ ਪ੍ਰਭਾਵ ਪਵੇ।ਇਸ ਮੌਕੇ ਕਈ ਹੋਰ ਸੰਸਥਾਵਾਂ ਦੇ ਮੈਂਬਰਾਂ ਨੇ ਸਪੀਕਰ ਦੇ ਧਿਆਨ ਵਿੱਚ ਲਿਆਉਂਦਿਆਂ ਕਿਹਾ ਕਿ ਹਾਲਗੇਟ ਤੋਂ ਲੈ ਕੇ ਜਲਿ ਆਂਵਾਲਾ ਬਾਗ ਤੱਕ ਵੱਡੀ ਗਿਣਤੀ ਵਿੱਚ ਭਿਖਾਰੀ ਹਨ ਜਿਨਾਂ ਨੂੰ ਇਥੇ ਹਟਾਇਆ ਜਾਣਾ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਹੋਰ ਸਭ ਤੋਂ ਵੱਡੀ ਸਮੱਸਿਆ ਨਜਾਇਜ਼ ਕਬਜ਼ੇ ਅਤੇ ਆਵਾਰਾ ਕੁੱਤਿਆਂ ਦੀ ਹੈ।ਵਿਚਾਰ ਚਰਚਾ ਉਪਰੰਤ ਸੰਧਵਾਂ ਨੇ ਕਿਹਾ ਕਿ ਸਰਕਾਰ 450 ਸਾਲਾ ਮਨਾਉਣ ਲਈ ਹਰੇਕ ਸੰਭਵ ਕਦਮ ਚੁੱਕੇਗੀ।ਸੰਧਵਾ ਨੇ ਸਮੂਹ ਅਧਿਕਾਰੀਆਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਸ਼ਹਿਰ ਦੀ ਸਾਫ ਸਫਾਈ ਵਿਵਸਥਾ ਨੂੰ ਲੈ ਕੇ ਸਖਤ ਕਦਮ ਚੁੱਕੇ ਜਾਣ। ਮੀਟਿੰਗ ਵਿੱਚ ਵਿਧਾਇਕ ਡਾ. ਅਜੈ ਗੁਪਤਾ, ਵਿਧਾਇਕ ਡਾ. ਇੰਦਰਬੀਰ ਸਿੰਘ ਨਿੱਝਰ, ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ, ਪੁਲਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ, ਕਮਿਸ਼ਨਰ ਨਗਰ ਗੁਲਪ੍ਰੀਤ ਸਿੰਘ ਔਲਖ, ਵਧੀਕ ਡਿਪਟੀ ਕਮਿਸ਼ਨਰ ਅਮਿਤ ਸਰੀਨ, ਚੇਅਰਮੈਨ ਪ੍ਰਦੂਸ਼ਣ ਕੰਟਰੋਲ ਬੋਰਡ ਡਾ. ਆਦਰਸ਼ ਪਾਲ ਵਿਗ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਜਸਪ੍ਰੀਤ ਸਿੰਘ ਤੋਂ ਇਲਾਵਾ ਵੱਖ-ਵੱਖ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦੇ ਮੁਖੀ ਵੀ ਹਾਜ਼ਰ ਸਨ।



# ਲੁਟੇਰੇ 20 ਹਜ਼ਾਰ ਨਕਦੀ, ਮੋਬਾਇਲ, ਸੋਨੇ ਦੀ ਚੇਨ ਤੇ ਸਿਲੰਡਰ ਖੋਹ ਕੇ ਫਰਾਰ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਅੱਡਾ ਝਬਾਲ ਵਿਖੇ ਸਥਿਤ ਵਾਸਣ ਗੈਸ ਏਜੰਸੀ ਦੇ ਕਰਿੰਦੇ ਕੋਲੋਂ ਪਿੰਡ ਕੋਟ ਧਰਮਚੰਦ ਵਿਖੇ ਨਕਾਬਪੋਸ਼ ਲੁਟੇਰਿਆਂ ਵਲੋਂ 20 ਹਜ਼ਾਰ ਨਗਦ ਕੈਸ਼, ਇੱਕ ਸਿਲੰਡਰ, ਸੋਨੇ ਦੀ ਚੈਨ ਅਤੇ ਮੋਬਾਇਲ ਖੋਹ ਕੇ ਫਰਾਰ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਵਾਸਣ ਗੈਸ ਏਜੰਸੀ ਦੇ ਮਾਲਿਕ ਦਵਿੰਦਰ ਕੁਮਾਰ ਮਿੰਟੂ ਵਾਸਣ ਨੇ ਕਿਹਾ ਕਿ ਹਰ ਰੋਜ਼ ਦੀ ਤਰਾਂ ਉਨ੍ਹਾਂ ਦਾ ਕਰਿੰਦਾ ਅਰਜੁਨ ਸਿੰਘ ਸਿਲੰਡਰਾਂ ਦੀ ਗੱਡੀ ਲੈ ਕੇ ਪਿੰਡ ਕੋਟ ਧਰਮਚੰਦ ਵਿਖੇ ਗਿਆ ਹੋਇਆ ਸੀ ਅਤੇ ਜਦੋਂ ਸਿਲੰਡਰ ਵੰਡ ਕੇ ਵਾਪਸ ਆਉਣ ਲੱਗਾ ਤਾਂ ਪਿੰਡ ਵਿੱਚ ਹੀ ਕੁਝ ਨਕਾਬਪੋਸ਼ ਲੁਟੇਰਿਆਂ ਵਲੋਂ ਉਸ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ ਤੇ ਉਸ ਕੋਲੋਂ ਵੀਹ ਹਜ਼ਾਰ ਰੁਪਏ, ਇੱਕ ਸੋਨੇ ਦੀ ਚੈਨ, ਇੱਕ ਮੋਬਾਇਲ ਅਤੇ ਗੱਡੀ ਵਿੱਚੋਂ ਇੱਕ ਸਿਲੰਡਰ ਖੋਹ ਕੇ ਫਰਾਰ ਹੋ ਗਏ। ਉਨਾਂ ਕਰਿੰਦੇ ਦੇ ਵੱਜੇ ਦਾਤਰਾਂ ਦੇ ਨਿਸ਼ਾਨ ਦਿਖਾਉਂਦੇ ਹੋਏ ਕਿਹਾ ਕਿ ਪੁਲਸ ਪ੍ਰਸ਼ਾਸਨ ਇਲਾਕੇ ਵਿੱਚ ਹੁੰਦੀਆਂ ਵਾਰਦਾਤਾਂ ਵਿੱਚ ਨਕਾਮ ਸਾਬਿਤ ਹੋ ਰਹੀ ਹੈ।ਉਨਾਂ ਕਿਹਾ ਕਿ ਇਸ ਘਟਨਾ ਦੀ ਉਨਾਂ ਵਲੋਂ ਥਾਣਾ ਝਬਾਲ ਸ਼ਿਕਾਇਤ ਦਰਜ ਕਰਵਾਈ ਗਈ ਹੈ ਤੇ ਨਾਲ ਹੀ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਕਿ ਸਰਹੱਦੀ ਇਲਾਕੇ ਵਿੱਚ ਹੁੰਦੀਆਂ ਵਾਰਦਾਤਾਂ 'ਤੇ ਨਕੇਲ ਕੱਸੀ ਜਾਵੇ।


ਜਾਣਕਾਰੀ ਦਿੰਦਾ ਹੋਇਆ ਪੀੜਤ

# ਪੀ ਐੱਸ ਪੀ ਸੀ ਐੱਲ ਮੈਨੇਜਮੈਂਟ ਵੱਲੋਂ ਸੇਵਾ ਮੁਕਤ ਕਰਮਚਾਰੀਆਂ ਨੂੰ ਦੁਬਾਰਾ ਠੇਕੇ 'ਤੇ ਰੱਖਣ ਲਈ ਪੱਤਰ ਜਾਰੀ ਕਰਨ ਦੀ ਜ਼ੋਰਦਾਰ ਨਿੰਦਾ : ਮਜਾਰੀ, ਗੰਡੀਵਿੰਡ

**ਪਟਿਆਲਾ** : ਪੰਜਾਬ ਰਾਜ ਪਾਵਰ ਕਾਰਪੋਰੇਸਨ ਲਿਮਟਿਡ ਦੀ ਮੈਨੇਜਮੈਂਟ ਵੱਲੋਂ ਸੇਵਾ ਮੁਕਤ ਕਰਮਚਾਰੀਆਂ ਨੂੰ ਦੁਬਾਰਾ ਠੇਕੇ 'ਤੇ ਰੱਖਣ ਲਈ ਜਾਰੀ ਕੀਤੇ ਪੱਤਰ ਦਫਤਰੀ ਹੁਕਮ ਨੰਬਰ 229 ਮਿਤੀ 26-11-24 ਦੀ ਮੁਲਾਜ਼ਮ ਜਥੇਬੰਦੀਆਂ ਨੇ ਜੋਰਦਾਰ ਨਿੰਦਾ ਕੀਤੀ ਹੈ। ਇਸ ਸੰਬੰਧੀ ਸਾਂਝੇ ਤੌਰ 'ਤੇ ਪ੍ਰੈਸ ਬਿਆਨ ਜਾਰੀ ਕਰਦਿਆਂ ਪੀ ਐਸ ਈ ਬੀ ਇੰਪਲਾਈਜ ਜੁਆਇੰਟ ਫੋਰਮ ਦੇ ਸੂਬਾ ਕਨਵੀਨਰ ਰਤਨ ਸਿੰਘ ਮਜਾਰੀ ਅਤੇ ਬਿਜਲੀ ਮੁਲਾਜਮ ਏਕਤਾ ਮੰਚ ਦੇ ਸੂਬਾ ਕਨਵੀਨਰ ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਪਾਵਰ ਮੈਨੇਜਮੈਂਟ ਨੂੰ ਚਿਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਜੇਕਰ ਜਾਰੀ ਪੱਤਰ ਮੁਤਾਬਿਕ ਸੇਵਾ ਮੁਕਤ ਹੋ ਚੁੱਕੇ ਕਰਮਚਾਰੀਆਂ ਨੂੰ ਵਿਭਾਗ ਵਿੱਚ ਦੁਬਾਰਾ ਰੱਖਣ ਦੀ ਕੋਸ਼ਿਸ਼ ਕੀਤੀ ਗਈ ਤਾਂ ਇਸ ਮੁਲਾਜ਼ਮ ਅਤੇ ਲੋਕ ਵਿਰੋਧੀ ਨੀਤੀ ਖਿਲਾਫ ਵਿਭਾਗ ਅੰਦਰ ਕੰਮ ਕਰ ਰਹੀਆਂ ਸਮੁੱਚੀਆਂ ਜਥੇਬੰਦੀਆਂ ਤੁਰੰਤ ਮੀਟਿੰਗ ਕਰਕੇ ਸੂਬਾ ਪੱਧਰ 'ਤੇ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਣਗੀਆਂ। ਮੁਲਾਜਮ ਆਗੂਆਂ ਨੇ ਅਫਸੋਸ ਜਾਹਰ ਕਰਦੇ ਹੋਏ ਕਿਹਾ ਕਿ ਸੂਬੇ ਵਿੱਚ ਬੇਰੁਜ਼ਗਾਰੀ ਸਿਖਰਾਂ 'ਤੇ ਹੈ ਵਿਭਾਗ ਵਿੱਚ ਵੱਖ ਵੱਖ ਕੈਂਟੇਗਰੀ ਦੀਆਂ ਹਜਾਰਾਂ ਦੀ ਗਿਣਤੀ 'ਚ ਅਸਾਮੀਆਂ ਖਾਲੀ ਹਨ ਜਿਨ੍ਹਾਂ ਨੂੰ ਭਰਨ ਲਈ ਰੈਗੂਲਰ ਭਰਤੀ ਕਰਨ ਦੀ ਬਜਾਏ ਪਾਵਰ ਮੈਨੇਜਮੈਂਟ ਵੱਲੋਂ ਨਿੱਜੀ ਕਰਨ ਦੀਆਂ ਨੀਤੀਆਂ ਨੂੰ ਬੜ੍ਹਾਵਾ ਦੇਣ ਲਈ ਲੁਕਵੇਂ ਏਜੰਡੇ ਤਹਿਤ ਲੰਮ-ਸੰਮ ਤਨਖਾਹ 'ਤੇ ਸੇਵਾ ਮੁਕਤ ਕਰਮਚਾਰੀਆਂ ਨੂੰ ਰੱਖ ਕੇ ਜਿਥੇ ਬੇਰੁਜਗਾਰ ਨੌਜਵਾਨਾਂ ਨਾਲ ਧੋਖਾ ਕੀਤਾ ਜਾ ਰਿਹਾ ਹੈ। ਉਥੇ ਵਿਭਾਗ ਵਿੱਚ ਪਿਛਲੇ 10 /15 ਸਾਲਾਂ ਤੋਂ ਕੱਚੇ ਤੌਰ 'ਤੇ ਕੰਮ ਕਰ ਰਹੇ ਕਾਮਿਆਂ ਨੂੰ ਪੱਕਿਆਂ ਨਾ ਕਰਕੇ ਸਰਾਸਰ ਧੱਕਾ ਕੀਤਾ ਜਾ ਰਿਹਾ ਹੈ। ਮੁਲਾਜਮ ਆਗੂਆਂ ਗੁਰਵੇਲ ਸਿੰਘ ਬੱਲਪੁਰੀਆ, ਹਰਪਾਲ ਸਿੰਘ, ਬਲਦੇਵ ਸਿੰਘ ਮੰਢਾਲੀ, ਕੁਲਵਿੰਦਰ ਸਿੰਘ ਢਿੱਲੋਂ, ਸਰਿੰਦਰਪਾਲ ਲਹੌਰੀਆ, ਸੁਖਵਿੰਦਰ ਸਿੰਘ ਚਾਹਲ, ਰਣਜੀਤ ਸਿੰਘ ਢਿੱਲੋਂ, ਦਵਿੰਦਰ ਸਿੰਘ ਪਿਸ਼ੌਰ, ਬਲਜੀਤ ਸਿੰਘ ਮੋਦਲਾ ਸਰਬਜੀਤ ਸਿੰਘ ਭਾਣਾ, ਰਵੇਲ ਸਿੰਘ ਸਹਾਏਪੁਰ, ਕੌਰ ਸਿੰਘ ਸੋਹੀ, ਗੁਰਤੇਜ ਸਿੰਘ ਪੱਖੋ, ਗੁਰਪਿਆਰ ਸਿੰਘ, ਗੁਰਵਿੰਦਰ ਸਿੰਘ ਹਜਾਰਾਂ ਪਵਨਪ੍ਰੀਤ ਸਿੰਘ, ਜਰਨੈਲ ਸਿੰਘ, ਸੁਖਵਿੰਦਰ ਸਿੰਘ ਦੁੱਮਣਾ, ਤੇਜਿੰਦਰ ਸਿੰਘ ਸੇਖੋਂ, ਬਲਜੀਤ ਸਿੰਘ ਬਰਾੜ, ਪੂਰਨ ਸਿੰਘ ਖਾਈ ਇੰਜ. ਹਰਮਨ, ਅਵਤਾਰ ਸਿੰਘ ਕੈਂਥ ਆਦਿ ਨੇ ਪਾਵਰ ਮੈਨੇਜਮੈਂਟ ਕੋਲੋਂ ਮੰਗ ਕੀਤੀ ਕਿ ਮੁਲਾਜਮ ਦੋਖੀ ਰਵੱਈਆ ਬਦਲ ਕੇ 12 ਅਤੇ 13 ਸਤੰਬਰ ਨੂੰ ਮੁਲਾਜਮ ਜਥੇਬੰਦੀਆਂ ਨਾਲ ਹੋਏ ਸਮਝੌਤੇ ਦੀਆਂ ਰਹਿੰਦੀਆਂ ਮੰਦਾਂ ਲਾਗੂ ਕਰਨ ਸਮੇਤ ਆਰ ਟੀ ਐਮ ਤੋਂ ਸਹਾਇਕ ਲਾਈਨਮੈਨ, ਲਾਈਨਮੈਨ ਤੋਂ ਜੇ ਈ ਅਤੇ ਜੇ ਈ ਤੋਂ ਏ ਏ ਈ ਦੀਆਂ ਤਰੱਕੀਆਂ ਤੁਰੰਤ ਨਾਂ ਕੀਤੀਆਂ ਗਈਆਂ ਤਾਂ ਜਥੇਬੰਦੀਆਂ ਅਗਲੇ ਦਿਨਾਂ 'ਚ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਣਗੀਆਂ। ਸੰਘਰਸ਼ ਤੋਂ ਨਿਕਲੇ ਸਿੱਟਿਆਂ ਦੀ ਜਿੰਮੇਵਾਰੀ ਪਾਵਰ ਮੈਨੇਜਮੈਂਟ ਦੀ ਹੋਵੇਗੀ।

# ਚੋਰਾਂ ਵੱਲੋਂ ਦਿਨ-ਦਿਹਾੜੇ ਘਰ 'ਚ ਵੜ ਕੇ ਚੋਰੀ ਦੀ ਵਾਰਦਾਤ ਨੂੰ ਅੰਜਾਮ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਦੀਨਾਨਗਰ ਸ਼ਹਿਰ ਦੇ ਰੇਲਵੇ ਰੋਡ 'ਤੇ ਸਥਿਤ ਕਰਿਆਨੇ ਦੀ ਦੁਕਾਨ ਦੇ ਨਾਲ ਲੱਗਦੇ ਘਰ ਦੇ ਗੇਟ ਅੰਦਰ ਵੜ ਕੇ ਇਕ ਨੌਜਵਾਨ ਵਲੋਂ ਦਿਨ-ਦਿਹਾੜੇ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ।ਚੋਰੀ ਦਾ ਸਮਾਨ ਲਿਜਾਂਦੇ ਹੋਏ ਚੋਰ ਦੀ ਫੋਟੋ ਸੀ ਸੀ ਟੀ ਵੀ ਕੈਮਰੇ ਵਿੱਚ ਕੈਦ ਹੋ ਗਈ ਹੈ।ਕੁਝ ਦਿਨ ਪਹਿਲਾਂ ਵੀ ਦਿਨੇ ਦੁਪਹਿਰੇ ਰੇਲਵੇ ਰੋਡ 'ਤੇ ਚੋਰਾਂ ਵੱਲੋਂ ਚੋਰੀ ਦੀਆਂ ਵਾਰਦਾਤਾਂ ਕੀਤੀਆਂ ਗਈਆਂ ਹਨ। ਫਿਰ ਵੀ ਪੁਲਸ ਇਨ੍ਹਾਂ ਵਾਰਦਾਤਾਂ ਨੂੰ ਰੋਕਣ ਵਿੱਚ ਨਾਕਾਮ ਸਾਬਿਤ ਹੋ ਰਹੀ ਹੈ।ਜਾਣਕਾਰੀ ਦਿੰਦੇ ਹੋਏ ਪੀੜਤ ਪਰਸ਼ੋਤਮ ਅਗਰਵਾਲ ਨੇ ਦੱਸਿਆ ਕਰਿਆਨੇ ਦਾ ਕੁਝ ਸਮਾਨ ਦੁਕਾਨ ਦੇ ਨਾਲ ਲੱਗਦੇ ਆਪਣੇ ਘਰ ਦੇ ਨਿਚਲੇ ਹਿੱਸੇ ਵਿੱਚ ਰੱਖਿਆ ਹੋਇਆ ਸੀ।ਦੁਪਹਿਰ ਇੱਕ ਵਜੇ ਦੇ ਕਰੀਬ ਮੈਂ ਆਪਣੀ ਦੁਕਾਨ ਵਿੱਚ ਗਾਹਕਾਂ ਨੂੰ ਸਾਮਾਨ ਦੇ ਰਿਹਾ ਸੀ। ਜਦੋਂ ਤੇਲ ਦਾ ਟੀਨ ਲੈਣ ਲਈ ਘਰ ਅੰਦਰ ਗਿਆ ਤਾਂ ਅੰਦਰੋਂ ਤੇਲ ਦੇ 2 ਟੀਨ ਗਾਇਬ ਸਨ। ਇਸ ਤੋਂ ਬਾਅਦ ਜਦੋਂ ਸੀ ਸੀ ਟੀ ਵੀ ਕੈਮਰੇ ਨੂੰ ਚੈੱਕ ਕੀਤਾ ਤਾਂ ਇੱਕ ਨੌਜਵਾਨ ਘਰ ਅੰਦਰ ਦਾਖਲ ਹੋਇਆ ਜਿਸ ਦੇ ਹੱਥ ਵਿੱਚ ਤੇਲ ਦੇ ਦੋ ਟੀਨ ਦਿਖਾਈ ਦਿੱਤੇ ਗਏ।ਪੀੜਤ ਨੇ ਦੱਸਿਆ ਕਿ ਇਸ ਚੋਰੀ ਦੀ ਜਾਣਕਾਰੀ ਦੀਨਾਨਗਰ ਦੀ ਪੁਲਸ ਨੂੰ ਦੇ ਦਿੱਤੀ ਹੈ।



# 'ਇਨਕਲਾਬ ਦੀ ਖੇਤੀ' ਦਸਤਾਵੇਜ਼ੀ ਫ਼ਿਲਮ, ਦੇਸ਼ ਭਗਤ ਯਾਦਗਾਰ ਹਾਲ 'ਚ 13 ਨੂੰ

**ਜਲੰਧਰ** -ਖੇਤੀ ਖੇਤਰ ਉਪਰ ਮੜ੍ਹੇ ਤਿੰਨ ਕਾਲੇ ਕਾਨੂੰਨਾਂ ਖ਼ਿਲਾਫ਼ ਲੜੇ ਇਤਿਹਾਸਕ ਅਤੇ ਲਾਸਾਨੀ ਕਿਸਾਨ ਘੋਲ ਨੂੰ ਦਸਤਾਵੇਜ਼ੀ ਫ਼ਿਲਮ ਦੇ ਰੂਪ ਵਿੱਚ ਸੰਭਾਲਣ ਦੇ ਯਤਨ ਵਜੋਂ ਨਿਸ਼ਠਾ ਜੈਨ ਮੁੰਬਈ ਦੀ ਨਿਰਦੇਸ਼ਨਾ ਹੇਠ ਬਣੀ ਫ਼ਿਲਮ 'ਇਨਕਲਾਬ ਦੀ ਖੇਤੀ' (ਫਾਰਮਿੰਗ ਦਾ ਰੈਵੋਲਿਊਸ਼ਨ) 13 ਦਸੰਬਰ, ਦਿਨ ਠੀਕ 11 ਵਜੇ ਸ਼ਹੀਦ ਵਿਸ਼ਨੂੰ ਗਣੇਸ਼ ਪਿੰਗਲੇ ਹਾਲ (ਦੇਸ਼ ਭਗਤ ਯਾਦਗਾਰ ਹਾਲ, ਜਲੰਧਰ) ਵਿਖੇ ਵਿਖਾਈ ਜਾਏਗੀ।ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੀਆਂ ਜਲੰਧਰ, ਹੁਸ਼ਿਆਰਪੁਰ ਕਮੇਟੀਆਂ ਵੱਲੋਂ ਇਹ ਫ਼ਿਲਮ ਦੇਸ਼ ਭਗਤ ਯਾਦਗਾਰ ਕਮੇਟੀ, ਪੀਪਲਜ਼ ਵਾਇਸ, ਪੰਜਾਬੀ ਲੇਖਕ ਸਭਾ ਜਲੰਧਰ, ਸਾਹਿਤਕ ਸਭਿਆਚਾਰਕ ਸਭਾ ਫੁਲਕਾਰੀ, ਸਾਹਿਤ ਕਲਾ ਕੇਂਦਰ ਜਲੰਧਰ, ਮਾਨਵਤਾ ਕਲਾ ਮੰਚ ਨਗਰ (ਪਲਸ ਮੰਚ), ਲੋਕ ਸੰਗੀਤ ਮੰਡਲੀ ਮਸਾਣੀ (ਪਲਸ ਮੰਚ), ਅਵਾਮੀ ਕਲਾ ਮੰਚ ਬਾਹੋਵਾਲ, ਪੰਜਾਬ ਕਲਾ ਸੰਗਮ ਫਗਵਾੜਾ, ਬਾਲ ਕਲਾ ਮੰਚ ਕੁੱਲੇਵਾਲ, ਲੰਗੇਰੀ, ਤਰਕਸ਼ੀਲ ਸੁਸਾਇਟੀ ਜਲੰਧਰ, ਜਮਹੂਰੀ ਅਧਿਕਾਰ ਸਭਾ ਜਲੰਧਰ , ਸ਼ਹੀਦ ਭਗਤ ਸਿੰਘ ਵਿਚਾਰ ਮੰਚ ਰੇਲ ਕੋਚ ਫੈਕਟਰੀ ਕਪੂਰਥਲਾ ਆਦਿ ਦੇ ਸਹਿਯੋਗ ਨਾਲ ਵਿਖਾਈ ਜਾ ਰਹੀ ਹੈ।ਪ੍ਰੈਸ ਨਾਲ ਇਹ ਜਾਣਕਾਰੀ ਸਾਂਝੀ ਕਰਦਿਆਂ ਸਮੂਹ ਜੱਥੇਬੰਦੀਆਂ ਦੇ ਪ੍ਰਤੀਨਿੱਧਾਂ ਨੇ ਲੇਖਕਾਂ, ਬੁੱਧੀਜੀਵੀਆਂ, ਸਾਹਿਤਕਾਰਾਂ, ਰੰਗ ਕਰਮੀਆਂ, ਫ਼ਿਲਮਕਾਰਾਂ, ਪੱਤਰਕਾਰਾਂ, ਜਮਹੂਰੀ, ਤਰਕਸ਼ੀਲ ਅਤੇ ਲੋਕ-ਪੱਖੀ ਸੰਸਥਾਵਾਂ, ਵਿਅਕਤੀਆਂ ਅਤੇ ਪਰਿਵਾਰਾਂ ਨੂੰ ਫ਼ਿਲਮ ਸ਼ੋਅ ਵੇਖਣ ਲਈ ਸਮੇਂ ਸਿਰ ਪੁੱਜਣ ਦੀ ਜ਼ੋਰਦਾਰ ਅਪੀਲ ਕੀਤੀ ਹੈ। ਇਸ ਸਕਰੀਨਿੰਗ ਮੌਕੇ ਮੁੰਬਈ ਤੋਂ ਫ਼ਿਲਮ ਨਿਰਦੇਸ਼ਕ ਨਿਸ਼ਠਾ ਜੈਨ ਖ਼ੁਦ ਵੀ ਪਹੁੰਚ ਰਹੇ ਹਨ।

# ਬਲਬੀਰ ਸੂਦ ਦੇ ਘਰ 'ਤੇ ਧੱਕੇ ਨਾਲ ਕਬਜ਼ਾ ਕਰਨ ਦੀ ਜ਼ੋਰਦਾਰ ਨਿੰਦਾ

**ਤਰਨ ਤਾਰਨ (ਪ੍ਰਿਤਪਾਲ ਸਿੰਘ)**

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ ਦੇ ਸੂਬਾ ਸਕੱਤਰ ਪਰਗਟ ਸਿੰਘ ਜਾਮਾਰਾਏ, ਜ਼ਿਲ੍ਹਾ ਸਕੱਤਰ ਮੁਖਤਾਰ ਸਿੰਘ ਮੱਲਾ, ਜ਼ਿਲ੍ਹਾ ਪ੍ਰਧਾਨ ਚਮਨ ਲਾਲ ਦਰਾਜਕੇ, ਜ਼ਿਲ੍ਹਾ ਵਿੱਤ ਸਕੱਤਰ ਬਲਦੇਵ ਸਿੰਘ ਪੰਡੋਰੀ ਨੇ ਕਾਮਰੇਡ ਬਲਬੀਰ ਸੂਦ ਦੇ ਘਰ 'ਤੇ ਕਬਜ਼ਾ ਕਰਨ ਦੀ ਜ਼ੋਰਦਾਰ ਨਿੰਦਾ ਕਰਦਿਆਂ ਕਿਹਾ ਕਿ ਘਰ ਦੀ ਜਗ੍ਹਾ ਦਾ ਅਦਾਲਤ ਵਿੱਚ ਕੇਸ ਚੱਲ ਰਿਹਾ ਹੈ ।ਉਸਦੇ ਬਾਵਜੂਦ ਵੀ ਧੱਕੇ ਨਾਲ ਕਬਜ਼ਾ ਕਰਨ ਲਈ ਘਰ 'ਚੋਂ ਦਰੱਖਤ ਕੱਟੇ ਜਾ ਰਹੇ ਹਨ ਜਿਸ ਦੇ ਸਬੰਧ ਵਿੱਚ ਪੁਲਸ ਦੇ ਜ਼ਿਲਾ ਮੁਖੀ ਤਰਨ ਤਾਰਨ ਦੇ ਸਾਰਾ ਮਾਮਲਾ ਧਿਆਨ ਵਿੱਚ ਲਿਆਂਦਾ ਗਿਆ। ਥਾਣਾ ਸਿਟੀ ਤਰਨ ਤਾਰਨ ਦੇ ਮੁਖੀ ਨੂੰ ਵੀ ਸੂਚਿਤ ਕੀਤਾ ਗਿਆ ਪਰ ਜਬਰੀ ਦਰੱਖਤ ਕੱਟੇ ਜਾ ਰਹੇ ਹਨ ।ਥਾਣਾ ਮੁਖੀ ਹਰਪ੍ਰੀਤ ਸਿੰਘ ਵਿਰਕ ਨੂੰ ਮਿਲਣ ਤੇ ਦੋਹਾਂ ਧਿਰਾਂ ਨੂੰ 30-11-2024 11 ਵਜੇ ਦਾ ਸਮਾਂ ਦਿੱਤਾ ਗਿਆ। ਇਸ ਦੇ ਬਾਵਜੂਦ ਦਰੱਖਤ ਕੱਟੇ ਜਾ ਰਹੇ ਹਨ। ਇਨ੍ਹਾਂ ਆਗੂਆਂ ਨੇ ਕਿਹਾ ਕਿ ਹਾਕਮ ਧਿਰ ਦੀ ਸ਼ਹਿ ਤੇ ਸ਼ਰੇਆਮ ਗੁੰਡਾਗਰਦੀ ਕੀਤੀ ਜਾ ਰਹੀ ਹੈ। ਇਨ੍ਹਾਂ ਆਗੂਆਂ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪੁਲਸ ਨੇ ਗੁੰਡਾਗਰਦੀ ਨਾਲ ਕਬਜ਼ਾ ਕਰਨਾ ਬੰਦ ਨਾ ਕੀਤਾ ਤਾਂ ਤਿੱਖਾ ਸੰਘਰਸ਼ ਕੀਤਾ ਜਾਵੇਗਾ ।ਇਸ ਮੌਕੇ ਦਿਹਾਤੀ ਮਜ਼ਦੂਰ ਸਭਾ ਦੇ ਤਹਿਸੀਲ ਪ੍ਰਧਾਨ ਨਰਿੰਦਰ ਸਿੰਘ ਰਟੋਲ ਤੇ ਕੁਲਦੀਪ ਸਿੰਘ ਰਟੋਲ ਹਾਜ਼ਰ ਸਨ।



# ਨਸ਼ਿਆਂ ਖਿਲਾਫ ਜਾਗਰੂਕਤਾ ਸਾਈਕਲ ਰੈਲੀ ਦਾ ਕਰਤਾਰਪੁਰ ਕੋਰੀਡੋਰ ਪੁੱਜਣ 'ਤੇ ਭਰਵਾਂ ਸਵਾਗਤ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**

ਬੀ. ਐੱਸ. ਐੱਫ. ਦੇ ਸਥਾਪਨਾ ਦਿਵਸ ਮੌਕੇ ਬੀ. ਐੱਸ. ਐੱਫ. ਦੇ ਜਵਾਨਾਂ ਵੱਲੋਂ ਅਬੋਹਰ ਤੋਂ ਸ਼ੁਰੂ ਕੀਤੀ ਗਈ ਨਸ਼ਿਆਂ ਖਿਲਾਫ ਜਾਗਰੂਕ ਸਾਈਕਲ ਰੈਲੀ ਦਾ ਡੇਰਾ ਬਾਬਾ ਨਾਨਕ ਦੀ ਸਰਹੱਦ ਤੇ ਬਣੇ ਕਰਤਾਰਪੁਰ ਕੋਰੀਡੋਰ ਪੁੱਜਣ 'ਤੇ ਬੀ. ਐੱਸ. ਐੱਫ. ਜਵਾਨਾਂ ਤੇ ਬਾਰਡਰ ਦੇ ਲੋਕਾਂ ਵੱਲੋਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਬੀ ਐੱਸ ਐੱਫ ਦੇ ਡੀ. ਆਈ. ਜੀ. ਯੁਵਰਾਜ ਦੁਬੇ ਅਤੇ ਵੱਖ ਵੱਖ ਬਟਾਲੀਅਨ ਦੇ ਕਮਾਂਡੈਂਟ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।ਬੀ. ਐੱਸ. ਐੱਫ. ਸਾਈਕਲ ਰੈਲੀ ਦਾ ਕਰਤਾਰਪੁਰ ਕੋਰੀਡੋਰ ਪੁੱਜਣ 'ਤੇ ਬੀ. ਐੱਸ. ਐੱਫ. ਦੀ 24 ਬਟਾਲੀਅਨ ਵੱਲੋਂ ਕਰਤਾਰਪੁਰ ਕੋਰੀਡੋਰ ਗੇਟ 'ਤੇ ਰੰਗਾਰੰਗ ਪ੍ਰੋਗਰਾਮ ਵੀ ਆਯੋਜਿਤ ਕੀਤਾ ਗਿਆ ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਡੀ ਆਈ ਜੀ ਯੁਵਰਾਜ ਦੁਬੇ ਨੇ ਸਮਾਗਮ ਮੌਕੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬੀ ਐਸ ਐਫ ਦੇ ਸਥਾਪਨਾ ਦਿਵਸ ਮੌਕੇ ਬੀ ਐਸ ਐਫ ਦੇ ਜਵਾਨਾ ਵੱਲੋਂ ਸਾਈਕਲ ਰੈਲੀ ਰਾਹੀਂ ਨਸ਼ਿਆਂ ਸਬੰਧੀ ਜਾਗਰੂਕਤਾ ਫੈਲਾਈ ਜਾ ਰਹੀ ਹੈ ।ਉਨ੍ਹਾਂ ਸਰਹੱਦੀ ਖੇਤਰ ਦੇ ਪਿੰਡਾਂ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਸੰਬੰਧੀ ਆਪਣੇ ਬੱਚਿਆਂ ਨੂੰ ਜਾਗਰੂਕ ਕਰਨ ਅਤੇ ਇਸ ਬੁਰਾਈ ਤੋਂ ਬੱਚਿਆਂ ਨੂੰ ਦੂਰ ਰੱਖਣ।ਇਸ ਰੈਲੀ ਵਿੱਚ ਬੀ ਐਸ ਐਫ ਦੇ 117 ਬਟਾਲੀਅਨ ਦੇ ਜਵਾਨਾਂ ਤੋਂ ਇਲਾਵਾ ਬੀ. ਐੱਸ. ਐੱਫ. ਦੀ 113 ਬਟਾਲੀਅਨ ਦੇ ਜਵਾਨਾਂ ਵੱਲੋਂ ਵੀ ਸ਼ਮੂਲੀਅਤ ਕੀਤੀ ਗਈ।ਦੇਰ ਸ਼ਾਮ ਇਸ ਰੈਲੀ ਨੂੰ ਕਰਤਾਰਪੁਰ ਕੋਰੀਡੋਰ ਤੋਂ ਬੀ. ਐੱਸ. ਐੱਫ. ਦੀ 27 ਬਟਾਲੀਅਨ ਦੇ ਹੈੱਡਕੁਆਰਟਰ ਸ਼ਿਕਾਰ ਮਾਛੀਆਂ ਲਈ ਰਵਾਨਾ ਕੀਤਾ ਗਿਆ।



# ਸ਼੍ਰੋਮਣੀ ਕਮੇਟੀ ਨੇ ਭਾਈ ਮਰਦਾਨਾ ਜੀ ਦਾ ਅਕਾਲ ਚਲਾਣਾ ਦਿਵਸ ਮਨਾਇਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਗੁਰੂ ਘਰ ਦੇ ਮਹਾਨ ਰਬਾਬੀ ਭਾਈ ਮਰਦਾਨਾ ਜੀ ਦਾ ਅਕਾਲ ਚਲਾਣਾ ਦਿਵਸ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਮਹਾਂਬੀਰ ਸਿੰਘ ਦੇ ਜਥੇ ਨੇ ਤੰਤੀ ਸਾਜ਼ਾਂ ਨਾਲ ਗੁਰਬਾਣੀ ਕੀਰਤਨ ਕੀਤਾ। ਅਰਦਾਸ ਭਾਈ ਬਲਵਿੰਦਰ ਸਿੰਘ ਨੇ ਕੀਤੀ ਅਤੇ ਸੰਗਤ ਨੂੰ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਸਰਵਣ ਕਰਵਾਇਆ। ਉਨ੍ਹਾਂ ਸੰਗਤਾਂ ਨਾਲ ਭਾਈ ਮਰਦਾਨਾ ਜੀ ਦੇ ਜੀਵਨ ਇਤਿਹਾਸ ਬਾਰੇ ਵਿਚਾਰਾਂ ਕਰਦਿਆਂ ਕਿਹਾ ਕਿ ਭਾਈ ਮਰਦਾਨਾ ਗੁਰੂ ਘਰ ਦੇ ਪਹਿਲੇ ਰਬਾਬੀ ਕੀਰਤਨੀਏ ਸਨ, ਜਿਨ੍ਹਾਂ ਨੂੰ ਲੰਮਾ ਸਮਾਂ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਸਾਥ ਪ੍ਰਾਪਤ ਹੋਇਆ। ਭਾਈ ਮਰਦਾਨਾ ਨੇ ਸਬਰ, ਸਿਦਕ ਤੇ ਭਰੋਸੇ ਨਾਲ ਗੁਰੂ ਸਾਹਿਬ ਦੀ ਸੇਵਾ ਕੀਤੀ। ਉਨ੍ਹਾਂ ਸੰਗਤਾਂ ਨੂੰ ਭਾਈ ਮਰਦਾਨਾ ਦੇ ਜੀਵਨ ਤੋਂ ਸੇਧ ਲੈਣ ਦੀ ਪ੍ਰੇਰਨਾ ਵੀ ਕੀਤੀ। ਸਮਾਗਮ 'ਚ ਵਿਸ਼ਵ ਰਬਾਬੀ ਭਾਈ ਮਰਦਾਨਾ ਜੀ ਵੈੱਲਫੇਅਰ ਸੁਸਾਇਟੀ ਪੰਜਾਬ ਦੇ ਨੁਮਾਇੰਦੇ ਵੱਡੀ ਗਿਣਤੀ ਵਿਚ ਸੰਗਤਾਂ ਨਾਲ ਸ਼ਾਮਲ ਹੋਏ। ਇਸ ਮੌਕੇ ਮੈਨੇਜਰ ਨਰਿੰਦਰ ਸਿੰਘ ਮਥਰੇਵਾਲ, ਵਧੀਕ ਮੈਨੇਜਰ ਬਿਕਰਮਜੀਤ ਸਿੰਘ ਝੰਗੀ, ਇਕਬਾਲ ਸਿੰਘ ਮੁਖੀ, ਮੀਤ ਮੈਨੇਜਰ ਗੁਰਤਿੰਦਰਪਾਲ ਸਿੰਘ, ਕਥਾਵਾਚਕ ਭਾਈ ਹਰਮਿੱਤਰ ਸਿੰਘ ਸਮੇਤ ਵਿਸ਼ਵ ਰਬਾਬੀ ਭਾਈ ਮਰਦਾਨਾ ਜੀ ਵੈੱਲਫੇਅਰ ਸੁਸਾਇਟੀ ਵੱਲੋਂ ਰਜਿੰਦਰ ਸਿੰਘ ਬਿੱਟੂ, ਜੀਤ ਸਿੰਘ ਗੋਰੀਆ, ਤਰਸੇਮ ਸਿੰਘ, ਅਮਰੀਕ ਸਿੰਘ, ਪਾਲ ਕਰੈਸ਼ੀ, ਸਰਦਾਰਾ ਸਿੰਘ, ਬਲਵਿੰਦਰ ਸਿੰਘ, ਜਗਤਾਰ ਸਿੰਘ, ਅਸ਼ੋਕ ਕੁਮਾਰ, ਮੁਸ਼ਤਾਕ ਕਿੰਗ, ਅਬਦੁਲ ਝੱਸ, ਅਮਰਜੀਤ ਸਿੰਘ, ਸਲਮਾਨ ਝੱਸ, ਮੀਨਾ ਹੋਰੀਆ, ਰਮਨਦੀਪ ਭਾਂਬਰੀ, ਸੋਨੀਆ ਭਾਂਬਰੀ, ਹਰਮੀਤ ਕੌਰ, ਕਮਲ, ਹਰਪ੍ਰੀਤ ਕੌਰ, ਹਰਦੀਪ ਕੌਰ, ਮਨਜੀਤ ਕੌਰ, ਮੱਖਣ ਜਗੇੜਾ, ਬੀਬੀ ਪ੍ਰਵੀਨ ਕੌਰ ਆਦਿ ਮੌਜੂਦ ਸਨ।



# ਰਾਯਲ ਇਨਫੀਲਡ ਵੱਲੋਂ ਗੋਅਨ ਕਲਾਸਿਕ 350 ਲਾਂਚ

**ਚੰਡੀਗੜ੍ਹ** : 70 ਅਤੇ 80 ਦੇ ਦਹਾਕੇ ਦੀ ਗੋਆ ਦੀ ਅਨੋਖੀ ਮੋਟੋ ਸੰਸਕ੍ਰਿਤੀ ਤੋਂ ਪ੍ਰੇਰਿਤ, ਰਾਇਲ ਇਨਫੀਲਡ ਨੇ ਗੋਅਨ ਕਲਾਸਿਕ 350 ਲਾਂਚ ਕੀਤਾ ਹੈ। ਇਹ ਬਾਬਰ ਸਟਾਈਲ ਮੋਟਰਸਾਈਕਲ ਅਜ਼ਾਦੀ, ਮਸਤੀ ਅਤੇ ਖੁੱਲ੍ਹੀ ਸੋਚ ਵਾਲੇ ਲਾਈਫ ਸਟਾਈਲ ਦੀ ਪਛਾਣ ਹੈ।ਗੋਅਨ ਕਲਾਸਿਕ 350 ਸਿਰਫ ਇੱਕ ਬਾਈਕ ਹੀ ਨਹੀਂ, ਸਗੋਂ ਖੁਦ ਨੂੰ ਆਪਣੇ ਅੰਦਾਜ਼ 'ਚ ਜਤਾਉਣ ਦਾ ਜ਼ਰੀਆ ਹੈ।ਇਹ ਭਾਰਤ ਦੀ ਖਾਸ ਗੋਅਨ ਮੋਟੋ ਸੰਸਕ੍ਰਿਤੀ ਨਾਲ ਜੁੜੀ ਹੈ, ਜਿਸ ਨੇ 70-80 ਦੇ ਦਹਾਕੇ 'ਚ ਗੋਆ ਦੇ ਆਜ਼ਾਦ ਅਤੇ ਰੰਗੀਨ ਲਾਈਫ ਸਟਾਈਲ ਨੂੰ ਜਨਮ ਦਿੱਤਾ।ਇਸ ਦਾ ਦਮਦਾਰ ਫੋਰ ਸਟ੍ਰੋਕ ਇੰਜਣ ਅਤੇ ਸਟਾਈਲਿਸ਼ ਲੁੱਕ ਇਸ ਨੂੰ ਹਰ ਸਫਰ ਦੇ ਲਈ ਪਰਫੈਕਟ ਬਣਾਉਂਦੇ ਹਨ। ਨਵੀਂ ਗੋਅਨ ਕਲਾਸਿਕ 350 ਦੇ ਬਾਰੇ 'ਚ ਗੱਲਬਾਤ ਕਰਦੇ ਹੋਏ ਆਈਸ਼ਰ ਮੋਟਰਸ ਲਿਮਟਿਡ ਦੇ ਪ੍ਰਬੰਧ ਨਿਰਦੇਸ਼ਕ ਸਿਧਾਰਥ ਲਾਲ ਨੇ ਕਿਹਾ, ਗੋਅਨ ਕਲਾਸਿਕ ਅਜ਼ਾਦੀ ਅਤੇ ਵਿਅਕਤੀਤਵ ਦੀ ਭਾਵਨਾ ਲਈ ਇੱਕ ਹਾਰਦਿਕ ਸਨਮਾਨ ਹੈ, ਜਿਸ ਦਾ ਰਾਯਲ ਇਨਫੀਲਡ ਨੇ ਦਹਾਕਿਆਂ ਤੋਂ ਸਮਰਥਨ ਕੀਤਾ ਹੈ।

# ਨਸ਼ਿਆਂ ਦੇ ਮਾੜੇ ਪ੍ਰਭਾਵ ਬਾਰੇ ਜਾਗਰੂਕ ਕਰਨ ਲਈ ਸਕੂਲ 'ਚ ਸੈਮੀਨਾਰ

**ਗੁਰਦਾਸਪੁਰ, (ਜਨਕ ਮਹਾਜਨ)**

ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਗੁਰਦਾਸਪੁਰ ਦੇ ਸਕੱਤਰ ਸੀ. ਜੇ. ਐੱਮ. ਰਮਨੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਟਰੈਫਿਕ ਐਜੂਕੇਸ਼ਨ ਸੈੱਲ ਗੁਰਦਾਸਪੁਰ ਵੱਲੋਂ ਸਰਕਾਰੀ ਆਦਰਸ਼ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਪਿੰਡ ਬਖ਼ਸ਼ੀਵਾਲ ਵਿਖੇ ਸਕੂਲ ਦੇ ਪ੍ਰਿੰਸੀਪਲ ਪੁਨੀਤਾ ਸ਼ਰਮਾ ਅਤੇ ਵਾਈਸ ਪ੍ਰਿੰਸੀਪਲ ਸੁਧੀਰ ਮਹਾਜਨ ਦੇ ਸਹਿਯੋਗ ਨਾਲ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਐਡਵੋਕੇਟ ਕੇਵਲ ਸਿੰਘ, ਪਰਮਵੀਰ ਕੌਰ, ਟਰੈਫਿਕ ਐਜੂਕੇਸ਼ਨ ਸੈਲ ਗੁਰਦਾਸਪੁਰ ਵਲੋਂ ਏ.ਐੱਸ.ਆਈ. ਅਮਨਦੀਪ ਸਿੰਘ ਅਤੇ ਏ.ਐੱਸ.ਆਈ. ਸੰਜੀਵ ਕੁਮਾਰ ਹਾਜ਼ਰ ਸਨ। ਇਸ ਮੌਕੇ ਐਡਵੋਕੇਟ ਕੇਵਲ ਸਿੰਘ ਅਤੇ ਪਰਮਵੀਰ ਕੌਰ ਨੇ ਬੱਚਿਆਂ ਨੂੰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਮਿਲਣ ਵਾਲੀਆਂ ਵੱਖ-ਵੱਖ ਕਾਨੂੰਨੀ ਸੇਵਾਵਾਂ ਦੇ ਬਾਰੇ ਜਾਣਕਾਰੀ ਦਿੰਦੇ ਹੋਏ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਵੀ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਨਸ਼ਾ ਕਿਸ ਤਰ੍ਹਾਂ ਸਾਡੇ ਜੀਵਨ ਨੂੰ ਬਰਬਾਦ ਕਰਦਾ ਹੈ। ਇਸ ਦੇ ਨਾਲ-ਨਾਲ ਔਰਤਾਂ ਦੀ ਰੱਖਿਆ ਦੇ ਸਬੰਧ ਵਿੱਚ ਕਾਨੂੰਨਾਂ ਬਾਰੇ ਵੀ ਦੱਸਿਆ ਗਿਆ। ਇਸ ਤੋਂ ਬਾਅਦ ਏ.ਐੱਸ.ਆਈ. ਸੰਜੀਵ ਕੁਮਾਰ ਅਤੇ ਏ.ਐੱਸ.ਆਈ. ਅਮਨਦੀਪ ਸਿੰਘ ਨੇ ਵਿਦਿਆਰਥੀਆਂ ਨੂੰ ਰੋਡ ਸੇਫਟੀ ਬਾਰੇ ਜਾਣਕਾਰੀ ਦਿੰਦੇ ਹੋਏ ਡਰਾਈਵਿੰਗ ਲਾਇਸੈਂਸ ਹੈਲਮਟ ਸੀਟ ਬੈਲਟ ਅਤੇ ਇੰਸ਼ੋਰੈਂਸ ਦੀ ਅਹਿਮੀਅਤ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਬੱਚਿਆਂ ਨੂੰ ਰੋਡ ਸਾਈਨ ਅਤੇ ਰੋਡ ਮਾਰਕਿੰਗ ਦੇ ਬਾਰੇ ਦੱਸਦੇ ਹੋਏ ਧੁੰਦ ਦੇ ਮੌਸਮ ਵਿੱਚ ਵਾਹਨ ਚਲਾਉਣ ਦੇ ਸੁਰੱਖਿਤ ਨਿਯਮਾਂ ਬਾਰੇ ਵੀ ਜਾਣਕਾਰੀ ਦਿੱਤੀ ਅਤੇ ਹੈਲਪਲਾਈਨ ਪੁਲਸ ਕੰਟਰੋਲ ਰੂਮ 112, ਸਾਈਬਰ ਕਰਾਈਮ 1930 ਅਤੇ ਨੈਸ਼ਨਲ ਹਾਈਵੇ 1033 ਦੇ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਵਾਈਸ ਪ੍ਰਿੰ. ਸੁਧੀਰ ਮਹਾਜਨ ਅਤੇ ਉਨ੍ਹਾਂ ਨਾਲ ਸਮੂਹ ਸਟਾਫ ਨੇ ਬੱਚਿਆਂ ਨੂੰ ਦਿੱਤੀ ਗਈ ਜਾਣਕਾਰੀ ਲਈ ਆਏ ਹੋਏ ਸਾਰੇ ਕਰਮਚਾਰੀਆਂ ਦਾ ਧੰਨਵਾਦ ਕੀਤਾ।



# 'ਪੇਟ ਦੇ ਕੀੜਿਆਂ ਤੋਂ ਮੁਕਤੀ ਦਿਵਸ' ਮਨਾਇਆ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**-ਕਾਰਜਕਾਰੀ ਸਿਵਲ ਸਰਜਨ ਡਾਕਟਰ ਵਰਿੰਦਰਪਾਲ ਕੌਰ ਦੇ ਦਿਸ਼ਾ-ਨਿਰਦੇਸ਼ ਅਨੁਸਾਰ ਅਤੇ ਡਾਕਟਰ ਸ਼ਲਿੰਦਰ ਸਿੰਘ ਸੀਨੀਅਰ ਮੈਡੀਕਲ ਅਫਸਰ ਮੀਆਂਵਿੰਡ ਦੀ ਯੋਗ ਅਗਵਾਈ ਹੇਠ ਬੱਚਿਆ ਦੇ ਪੇਟ ਦੇ ਕੀੜਿਆਂ ਤੋਂ ਮੁਕਤੀ ਦਿਵਾਉਣ ਲਈ ਐਲਬੈਂਡਾਜ਼ੋਲ ਗੋਲੀਆਂ ਖੁਆਈਆਂ ਗਈਆਂ ਜਿਸ ਦੀ ਜਾਣਕਾਰੀ ਦਿੰਦਿਆਂ ਡਾਕਟਰ ਸ਼ਲਿੰਦਰ ਸਿੰਘ ਨੇ ਦੱਸਿਆ ਕਿ ਇਸ ਪ੍ਰੋਗਰਾਮ ਅਧੀਨ 1 ਤੋਂ 19 ਸਾਲ ਦੀ ਉਮਰ ਤੱਕ ਦੇ ਬੱਚਿਆਂ ਨੂੰ ਐਲਬੈਂਡਾਜ਼ੋਲ ਗੋਲੀਆਂ ਖੁਆਈਆਂ ਜਿਸ 'ਚ ਸਕੂਲ ਪੜ੍ਹ ਦੇ ਬੱਚੇ, ਆਂਗਨਵਾੜੀ ਸੈਂਟਰਾਂ 'ਚ ਜਾਂਦੇ ਬੱਚੇ ਅਤੇ ਘਰਾਂ 'ਚ ਰਹਿ ਰਹੇ ਬੱਚਿਆਂ ਨੂੰ ਕਵਰ ਕੀਤਾ ਗਿਆ। ਇਸ ਮੌਕੇ ਡਾਕਟਰ ਚਰਨ ਕੰਵਲ ਸਿੰਘ, ਡਾਕਟਰ ਗੁਰਵਿੰਦਰ ਕੌਰ, ਤੇਜਿੰਦਰ ਸਿੰਘ ਬੀਈਈ, ਐੱਲਐੱਚਵੀ, ਸੀਐੱਚਓ, ਏਐੱਨਐੱਮ, ਹੈਲਥ ਵਰਕਰ ਅਤੇ ਆਸ਼ਾ ਵਰਕਰ ਹਾਜ਼ਰ ਸਨ।

# 90 ਹਜ਼ਾਰ ਐੱਮ. ਐੱਲ. ਨਜਾਇਜ਼ ਸ਼ਰਾਬ ਸਮੇਤ ਵਿਅਕਤੀ ਕਾਬੂ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਭੈਣੀ ਮੀਆਂ ਖਾਂ ਪੁਲਸ ਦੇ ਏ. ਐੱਸ. ਆਈ. ਤੀਰਥ ਰਾਮ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਟੀ-ਪੁਆਇੰਟ ਨਾਨੋਵਾਲ ਕਲਾਂ ਤੋਂ ਜੋਗਾ ਸਿੰਘ ਨੂੰ ਕਾਰ ਨੰਬਰ ਪੀਬੀ.-08 ਡਬਲਯੂ.1682 ਮਾਰਕਾ ਮਾਰੂਤੀ ਸਮੇਤ ਕਾਬੂ ਕਰਕੇ ਕਾਰ ਦੀ ਚੈਕਿੰਗ ਕੀਤੀ ਤਾਂ ਕਾਰ ਵਿਚੋਂ ਤਿੰਨ ਕੈਨ ਪਲਾਸਟਿਕਾਂ ਵਿੱਚੋਂ 90 ਹਜ਼ਾਰ ਐੱਮ. ਐੱਲ. ਨਜਾਇਜ਼ ਸ਼ਰਾਬ ਬਰਾਮਦ ਹੋਈ ਹੈ। ਥਾਣਾ ਭੈਣੀ ਮੀਆਂ ਖਾਂ ਪਲਸ ਨੇ ਜੋਗਾ ਸਿੰਘ ਖਿਲਾਫ ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਕੁੱਟਮਾਰ ਕਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਤਿੱਬੜ ਪੁਲਸ ਦੇ ਏ. ਐੱਸ. ਆਈ. ਗੁਰਨਾਮ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਕੀਤੀ ਸ਼ਿਕਾਇਤ ਵਿਚ ਜਸਵੰਤ ਸਿੰਘ ਨੇ ਕਿਹਾ ਕਿ 24 ਜੂਨ ਨੂੰ ਸ਼ਾਮ 5 ਵਜੇ ਦੇ ਕਰੀਬ ਮੈਂ ਆਪਣੇ ਘਰ ਦੇ ਗੇਟ ਅੱਗੇ ਖੜ੍ਹਾ ਸੀ ਕਿ ਜਿੰਦਰ ਸਿੰਘ ਪੁੱਤਰ ਸੁੱਚਾ ਸਿੰਘ, ਦਲਜੀਤ ਸਿੰਘ ਪੁੱਤਰ ਗਰਦੇਵ ਸਿੰਘ, ਗਰਦੇਵ ਸਿੰਘ ਪੁੱਤਰ ਸੁਰੈਣ ਸਿੰਘ ਅਤੇ ਇਕ ਔਰਤ ਵਾਸੀ ਬਾਜੇਚੱਕ ਨੇ ਦਸਤੀ ਹਥਿਆਰਾਂ ਨਾਲ ਸੱਟਾਂ ਮਾਰ ਕੇ ਮੈਨੂੰ ਜ਼ਖਮੀ ਕਰ ਦਿੱਤਾ। ਜਦੋਂ ਮੇਰਾ ਸਹੁਰਾ ਪ੍ਰੀਤਮ ਸਿੰਘ ਛੁਡਾਉਣ ਲਈ ਅੱਗੇ ਹੋਇਆ ਤਾਂ ਉਸ ਨੂੰ ਵੀ ਸੱਟਾਂ ਮਾਰ ਕੇ ਜ਼ਖਮੀ ਕਰ ਦਿੱਤਾ ਜੋ ਸਿਵਲ ਹਸਪਤਾਲ ਗੁਰਦਾਸਪੁਰ ਵਿਖੇ ਜ਼ੇਰੇ ਇਲਾਜ ਹਨ। ਥਾਣਾ ਤਿੱਬੜ ਪੁਲਸ ਨੇ ਇਸ ਸੰਬਧੀ ਰਪਟ ਨੰਬਰ 39 ਮਿਤੀ 28 ਜੂਨ ਨੂੰ ਦਰਜ ਰੋਜ਼ਨਾਮਚਾ ਦਰਜ ਕੀਤੀ ਅਤੇ ਮੁੱਖ ਅਫਸਰ ਥਾਣਾ ਤਿੱਬੜ ਵੱਲੋਂ ਤਸਦੀਕ ਕਰਨ ਤੋਂ ਬਾਅਦ ਡਾਕਟਰੀ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ।

# ਲੈਕਚਰਾਰ ਬੀਡੀ ਸ਼ਰਮਾ ਦੀ ਰਸਮ ਪਗੜੀ ਭਲਕੇ

**ਗੁਰਦਾਸਪੁਰ, (ਜਨਕ ਮਹਾਜਨ)**-ਬੀ. ਡੀ. ਸ਼ਰਮਾ ਸੇਵਾ ਮੁਕਤ ਲੈਕਚਰਾਰ ਜੋ 21 ਨਵੰਬਰ ਨੂੰ ਗੁਰੂ ਚਰਨਾਂ ਵਿਚ ਜਾ ਬਿਰਾਜੇ ਸਨ, ਦੀ ਰਸਮ ਪਗੜੀ 1 ਦਸੰਬਰ 2024 ਦਿਨ ਐਤਵਾਰ ਨੂੰ ਦੁਪਹਿਰ 1 ਤੋਂ 2 ਵਜੇ ਵਰਮਾ ਪੈਲੇਸ ਕਾਹਨੂੰਵਾਨ ਰੋਡ ਗੁਰਦਾਸਪੁਰ ਵਿਖੇ ਹੋਵੇਗੀ। ਇਹ ਜਾਣਕਾਰੀ ਉਨ੍ਹਾਂ ਦੇ ਸਪੁੱਤਰ ਸੰਦੀਪ ਸ਼ਰਮਾ ਉਰਫ਼ ਲਾਡੀ ਨੇ ਦਿੱਤੀ।

# ਪੰਜਾਬ ਸਰਕਾਰ ਦਾ ਕਿਸਾਨ ਵਿਰੋਧੀ ਚਿਹਰਾ ਨੰਗਾ ਹੋਇਆ : ਕੱਕੜ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਆਮ ਆਦਮੀ ਪਾਰਟੀ ਹੁਣ ਆਪਣੀਆਂ ਮੰਗਾਂ ਨੂੰ ਮੰਨਵਾਉਣ ਲਈ ਕਿਸਾਨਾਂ, ਅਧਿਆਪਕਾਂ, ਵਿਦਿਆਰਥੀਆਂ ਵੱਲੋਂ ਲਗਾਏ ਜਾ ਰਹੇ ਧਰਨਿਆਂ ਖ਼ਿਲਾਫ਼ ਹੀ ਹੋ ਗਈ ਹੈ। ਕਿਸਾਨਾਂ, ਅਧਿਆਪਕਾਂ, ਵਿਦਿਆਰਥੀਆਂ ਦੀਆਂ ਮੰਗਾਂ ਮੰਨਣ ਦੀ ਬਜਾਏ ਉਨ੍ਹਾਂ 'ਤੇ ਪੰਜਾਬ ਸਰਕਾਰ ਲਾਠੀਚਾਰਜ ਕਰਕੇ ਉਨ੍ਹਾਂ ਨੂੰ ਦਬਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਕਿਸਾਨ ਆਗੂਆਂ ਦੀਆਂ ਮੰਗਾਂ ਮੰਨਣ ਦੀ ਥਾਂ ਉਨ੍ਹਾਂ ਦੇ ਆਗੂਆਂ ਨੂੰ ਨਜਾਇਜ਼ ਹਿਰਾਸਤ ਵਿੱਚ ਰੱਖਣ ਨਾਲ ਆਪ ਸਰਕਾਰ ਦਾ ਕਿਸਾਨ ਵਿਰੋਧੀ ਚਿਹਰਾ ਨੰਗਾ ਹੋ ਗਿਆ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਸਾਬਕਾ ਮੰਤਰੀ ਅਤੇ ਵਿਧਾਇਕ ਸੁਖਬਿੰਦਰ ਸਿੰਘ ਸਰਕਾਰੀਆ ਦੇ ਮੀਡੀਆ ਸਲਾਹਕਾਰ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ ਅੰਮ੍ਰਿਤਸਰ ਦਿਹਾਤੀ ਦੇ ਮੁੱਖ ਬੁਲਾਰੇ ਅਮਨਦੀਪ ਸਿੰਘ ਕੱਕੜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਤਿੰਨ ਜ਼ਿਮਨੀ ਚੋਣਾਂ ਆਪ ਸਰਕਾਰ ਨੇ ਅਕਾਲੀ ਦਲ ਦੇ ਆਸਰੇ ਜਿੱਤ ਕੇ 2027 ਵਿੱਚ ਸਰਕਾਰ ਬਨਾਉਣ ਦਾ ਸੁਪਨਾ ਵੇਖ ਰਹੀ ਆਪ ਸਰਕਾਰ ਦਾ ਪੰਜਾਬ ਦੀ ਸੂਝਵਾਨ ਅਤੇ ਗੈਰਤਮੰਦ ਜਨਤਾ ਪੰਜਾਬ ਵਿੱਚ ਆ ਰਹੀਆਂ ਨਗਰ ਨਿਗਮ, ਨਗਰਪਾਲਿਕਾ, ਨਗਰ ਕੌਂਸਲ, ਜ਼ਿਲ੍ਹਾ ਪ੍ਰੀਸ਼ਦ, ਬਲਾਕ ਸੰਮਤੀ ਚੋਣਾਂ ਵਿੱਚ ਆਪ ਦੇ ਉਮੀਦਵਾਰਾਂ ਨੂੰ ਹਰਾ ਕੇ ਇਸ ਦਾ ਸੁਪਨਾ ਚਕਨਾਚੂਰ ਕਰੇਗੀ। ਕੱਕੜ ਨੇ ਕਿਹਾ ਕਿ ਪੰਜਾਬ ਦੀ ਜਨਤਾ ਹੁਣ ਭਲੀਭਾਂਤ ਜਾਣ ਗਈ ਹੈ ਕਿ ਕਾਂਗਰਸ ਪਾਰਟੀ ਹੀ ਪੰਜਾਬ ਅਤੇ ਪੰਜਾਬੀਆਂ ਦੇ ਭਲੇ ਬਾਰੇ ਸੋਚਦੀ ਹੈ। ਇਸ ਲਈ ਉਹ ਪੰਜਾਬ ਵਿੱਚ ਹੋ ਰਹੀਆਂ ਚੋਣਾਂ ਵਿੱਚ ਕਾਂਗਰਸੀ ਉਮੀਦਵਾਰਾਂ ਨੂੰ ਹੀ ਜਿਤਾਏਗੀ ਅਤੇ 2027 ਵਿੱਚ ਵੀ ਕਾਂਗਰਸ ਦੀ ਹੀ ਸਰਕਾਰ ਬਣਾਏਗੀ। ਉਨ੍ਹਾਂ ਕਿਹਾ ਕਿ ਹੁਣ ਪੰਜਾਬ ਦੇ ਬੱਚੇ ਬੱਚੇ ਦੀ ਜ਼ੁਬਾਨ 'ਤੇ ਇੱਕ ਹੀ ਨਾਅਰਾ ਹੈ "ਕਾਂਗਰਸ ਨੂੰ ਲਿਆਉਣਾ ਹੈ ਪੰਜਾਬ ਨੂੰ ਬਚਾਉਣਾ ਹੈ"। ਇਸ ਮੌਕੇ ਉਨ੍ਹਾਂ ਨਾਲ ਜਸਪਾਲ ਸਿੰਘ ਭੱਟੀ ਪ੍ਰਧਾਨ ਰਾਜਾਸਾਂਸੀ, ਜਸਕਰਨ ਸਿੰਘ ਕੋਹਰੀ ਪ੍ਰਧਾਨ ਯੂਥ ਕਾਂਗਰਸ ਰਾਜਾਸਾਂਸੀ, ਹਰਕੰਵਲ ਸਿੰਘ ਹੈਪੀ ਅਦਲੀਵਾਲ, ਸਰਪੰਚ ਸੋਨਾ ਸਿੱਧੂ ਬਲਗਣ, ਗੁਰਮੇਜ ਸਿੰਘ ਬਬਲਾ ਕੋਟਲਾ, ਗੁਰਮੀਤ ਸਿੰਘ ਡਾਲਾ, ਸ਼ਮਸ਼ੇਰ ਸਿੰਘ ਸਾਰੰਗੜਾ, ਡਾ. ਪ੍ਰਗਟ ਸਿੰਘ ਭੁੱਲਰ, ਰਿੰਕੂ ਚੋਗਾਵਾਂ, ਸੁਖਦੇਵ ਸਿੰਘ ਨੱਥੂਪੁਰ, ਗੁਰਪ੍ਰੀਤ ਸਿੰਘ ਪੰਜੂਰਾਏ ਆਦਿ ਹਾਜ਼ਰ ਸਨ।

# ਪੀ ਐੱਸ ਟੀ ਈ ਟੀ ਦਾ ਪੇਪਰ ਭਲਕੇ; ਤਿਆਰੀਆਂ ਮੁਕੰਮਲ

**ਤਰਨ ਤਾਰਨ (ਪ੍ਰਿਤਪਾਲ ਸਿੰਘ)**

ਵਿਦਿਆਰਥੀਆਂ ਨੂੰ ਬਿਹਤਰ ਅਧਿਆਪਕ ਦੇਣ ਦੇ ਉਦੇਸ਼ ਨਾਲ ਹਰੇਕ ਸਾਲ ਪੰਜਾਬ ਸਰਕਾਰ ਵੱਲੋਂ ਪੀਐੱਸਟੀਈਟੀ-1 ਅਤੇ -2 ਪੇਪਰ ਲਏ ਜਾਂਦੇ ਹਨ ਜਿਨ੍ਹਾਂ ਵਿੱਚ ਪੰਜਾਬ ਭਰ ਤੋਂ ਲੱਖਾਂ ਉਮੀਦਵਾਰ ਹਿੱਸਾ ਲੈਂਦੇ ਹਨ ਅਤੇ ਆਪਣੀ ਯੋਗਤਾ ਪ੍ਰੀਖਿਆ ਪਾਸ ਕਰਨ ਉਪਰੰਤ ਅਧਿਆਪਕ ਦੇ ਅਹੁਦੇ ਤੇ ਬਿਰਾਜਮਾਨ ਹੁੰਦੇ ਹਨ।ਇਸ ਵਰੇ ਵੀ ਪੂਰੇ ਪੰਜਾਬ ਵਾਂਗ ਜ਼ਿਲ੍ਹਾ ਤਰਨ ਤਾਰਨ ਵਿੱਚ ਪਹਿਲੀ ਦਸੰਬਰ ਨੂੰ ਹੋਣ ਵਾਲੀ ਪੀਐੱਸਟੀਈਟੀ ਪ੍ਰੀਖਿਆ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਜਗਵਿੰਦਰ ਸਿੰਘ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਪਰਮਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਾਲ ਪੂਰੇ ਤਰਨ ਤਾਰਨ ਜ਼ਿਲੇ ਵਿੱਚ ਸੱਤ ਪ੍ਰੀਖਿਆ ਕੇਂਦਰ ਸਥਾਪਿਤ ਕੀਤੇ ਗਏ ਹਨ ਜਿਨ੍ਹਾਂ ਵਿੱਚ ਪੀਐੱਸਟੀਈਟੀ -1 ਦੇ 1202 ਅਤੇ ਪੀਐੱਸਟੀਈਟੀ -2 ਦੇ 2229 ਉਮੀਦਵਾਰ ਪ੍ਰੀਖਿਆ ਦੇਣਗੇ।ਉਨ੍ਹਾਂ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਸਬੰਧੀ ਇੱਕ ਕਮੇਟੀ ਦਾ ਗਠਨ ਕੀਤਾ ਗਿਆ ਹੈ ਜਿਸ ਵਿੱਚ ਤਰਸੇਮ ਸਿੰਘ, ਸਰਬਜੀਤ ਸਿੰਘ, ਇਕਬਾਲ ਸਿੰਘ, ਸੰਦੀਪ ਸਿੰਘ ਅਤੇ ਬਿਕਰਮਜੀਤ ਸਿੰਘ ਨੂੰ ਮੈਂਬਰ ਬਣਾਇਆ ਗਿਆ ਹੈ।ਉਹਨਾਂ ਦੱਸਿਆ ਕਿ ਇਸ ਸਬੰਧੀ ਪ੍ਰੀਖਿਆ ਲਈ ਨਿਯੁਕਤ ਕੀਤੇ ਸੁਪਰਡੈਂਟ ਡਿਪਟੀ ਸੁਪਰਡੈਂਟ ਆਬਜ਼ਰਵਰ ਅਤੇ ਕੰਟਰੋਲਰ ਨਾਲ ਪ੍ਰੀਖਿਆ ਸਬੰਧੀ ਮੀਟਿੰਗ ਕਰ ਲਈ ਗਈ ਹੈ ਅਤੇ ਵਿਭਾਗੀ ਨਿਯਮਾਂ ਤੋਂ ਪੂਰੀ ਤਰ੍ਹਾਂ ਜਾਣੂ ਕਰਵਾ ਦਿੱਤਾ ਗਿਆ ਹੈ ਤਾਂ ਜੋ ਪ੍ਰੀਖਿਆ ਨੂੰ ਸੁਚਾਰੂ ਢੰਗ ਨਾਲ ਕਰਵਾਇਆ ਜਾ ਸਕੇ। ਉਹਨਾਂ ਹੋਰ ਵਧੇਰੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪ੍ਰੀਖਿਆ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ ਅਤੇ ਪ੍ਰੀਖਿਆ ਕੇਂਦਰ ਦੇ ਆਲੇ ਦੁਆਲੇ ਉਮੀਦਵਾਰ ਤੋਂ ਇਲਾਵਾ ਕਿਸੇ ਨੂੰ ਵੀ ਨਹੀਂ ਜਾਣ ਦਿੱਤਾ ਜਾਵੇਗਾ।ਉਹਨਾਂ ਦੱਸਿਆ ਕਿ ਨਕਲ ਰਹਿਤ ਪ੍ਰੀਖਿਆ ਕਰਵਾਉਣ ਲਈ ਪ੍ਰੀਖਿਆ ਕੇਂਦਰਾਂ ਵਿੱਚ ਜੈਮਰ ਲਗਾਏ ਜਾਣਗੇ ਅਤੇ ਕਿਸੇ ਵੀ ਉਮੀਦਵਾਰ ਨੂੰ ਕੋਈ ਵੀ ਬੈਗ, ਪਰਸ, ਮੋਬਾਇਲ ਜਾਂ ਹੋਰ ਕੋਈ ਵੀ ਵਸਤੂ ਆਪਣੇ ਨਾਲ ਲਿਜਾਣ ਦੀ ਆਗਿਆ ਨਹੀਂ ਹੋਵੇਗੀ।ਉਹਨਾਂ ਕਿਹਾ ਕਿ ਚਾਰ ਪ੍ਰੀਖਿਆ ਕੇਂਦਰਾਂ ਵਿੱਚ ਪ੍ਰੀਖਿਆ ਦੋ ਸੈਸ਼ਨ ਵਿੱਚ ਹੋਵੇਗੀ ਜਦੋਂਕਿ ਤਿੰਨ ਪ੍ਰੀਖਿਆ ਕੇਂਦਰਾਂ ਵਿੱਚ ਪ੍ਰੀਖਿਆ ਇੱਕ ਸੈਸ਼ਨ ਵਿੱਚ ਹੋਵੇਗੀ।ਜ਼ਿਲ੍ਹਾ ਸਿੱਖਿਆ ਅਫ਼ਸਰ ਜਗਵਿੰਦਰ ਸਿੰਘ ਨੇ ਸਮੂਹ ਉਮੀਦਵਾਰਾਂ ਨੂੰ ਆਪਣੇ ਜ਼ਰੂਰੀ ਦਸਤਾਵੇਜ਼ ਨਾਲ ਲੈ ਕੇ ਆਉਣ ਅਤੇ ਸਮੇਂ ਸਿਰ ਪ੍ਰੀਖਿਆ ਕੇਂਦਰ ਵਿੱਚ ਪਹੁੰਚਣ ਲਈ ਤਾਕੀਦ ਕੀਤੀ।



# ਸ਼ੰਭੂ ਮੋਰਚੇ ਲਈ ਪੰਜਾਬ ਤੋਂ ਵੱਡੇ ਜਥੇ 4 ਨੂੰ ਰਵਾਨਾ ਹੋਣਗੇ



**ਝਬਾਲ (ਹਰਜਿੰਦਰ ਸਿੰਘ ਸੋਨੀ)**

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਤਰਨ ਤਾਰਨ ਦੇ ਜ਼ੋਨ ਬਾਬਾ ਦੀਪ ਜੀ ਵੱਲੋਂ ਪਿੰਡਾਂ ਦੀਆਂ ਮੀਟਿੰਗਾਂ ਸ਼ੁਰੂ ਕਰ ਦਿੱਤੀਆਂ ਹਨ।ਮੀਟਿੰਗਾਂ ਵਿੱਚ ਜਗਜੀਤ ਸਿੰਘ ਡੱਲੇਵਾਲ ਵੱਲੋਂ 26 ਨਵੰਬਰ ਤੋਂ ਰੱਖੇ ਮਰਨ ਵਰਤ ਬਾਰੇ ਅਤੇ ਉਸ ਤੋਂ ਬਾਅਦ ਫਿਰ 6 ਦਸੰਬਰ ਨੂੰ ਜਥਿਆਂ ਦੇ ਰੂਪ ਵਿੱਚ ਦਿੱਲੀ ਕੂਚ ਕਰਨ ਬਾਰੇ ਲੀਡਰਾਂ ਨੇ ਆਪਣੇ ਆਪਣੇ ਵਿਚਾਰ ਦੱਸਦਿਆਂ ਮੀਟਿੰਗ ਵਿੱਚ ਜ਼ਿਲ੍ਹਾ ਆਗੂ ਹਰਪਾਲ ਸਿੰਘ ਪੰਡੋਰੀ ਸਿੱਧਵਾਂ, ਜ਼ੋਨ ਪ੍ਰਧਾਨ ਮਨਜਿੰਦਰ ਸਿੰਘ ਗੋਹਲਵੜ, ਜ਼ੋਨ ਆਗੂ ਬਲਜੀਤ ਸਿੰਘ ਰਟੌਲ, ਪ੍ਰਧਾਨ ਨਵਜੀਤ ਸਿੰਘ ਗੋਹਲਵੜ, ਜ਼ੋਨ ਵਲੰਟੀਅਰ ਸੁਪਰਵਾਈਜ਼ਰ ਦਰਬਾਰਾ ਸਿੰਘ ਗੋਹਲਵੜ ਨੇ ਕਿਹਾ ਕਿ ਪਿੰਡਾਂ ਦੀਆਂ ਵੱਧ ਤੋਂ ਵੱਧ ਮੀਟਿੰਗਾਂ ਲਾਈਆਂ ਜਾਣਗੀਆਂ, ਮੋਰਚੇ ਨੂੰ ਚੜ੍ਹ ਦੀ ਕਲਾ ਵਿੱਚ ਰੱਖਣ ਵਾਸਤੇ ਵੱਧ ਤੋਂ ਵੱਧ ਪਿੰਡਾਂ ਵਿੱਚ ਫੰਡ ਇਕੱਠਾ ਕੀਤਾ ਜਾਵੇਗਾ ਅਤੇ 4 ਦਸੰਬਰ ਨੂੰ ਪੰਜਾਬ ਵਿੱਚੋਂ ਪਹਿਲਾ ਵੱਡਾ ਜਥਾ ਸ਼ੰਭੂ ਬਾਰਡਰ ਵਾਸਤੇ ਰਵਾਨਾ ਹੋਵੇਗਾ, ਜੋ ਕਿ ਉਸ ਤੋਂ ਅੱਗੇ 6 ਦਸੰਬਰ ਨੂੰ ਦਿੱਲੀ ਨੂੰ ਕੂਚ ਕਰੇਗਾ। ਹਰ ਇੱਕ ਜਥੇ ਦੀ ਅਗਵਾਈ ਜਥੇਬੰਦੀ ਦੇ ਸੀਨੀਅਰ ਆਗੂ ਕਰਨਗੇ, ਜਥਿਆਂ ਦੇ ਰੂਪ ਵਿੱਚ ਦਿੱਲੀ ਵਿੱਚ ਮੋਰਚਾ ਲਾਇਆ ਜਾਵੇਗਾ, ਕਿਸਾਨ ਆਪਣੇ ਹੱਕਾਂ ਦੀ ਪੂਰਤੀ ਤੱਕ ਵਾਪਸ ਨਹੀਂ ਆਉਣਗੇ, ਭਾਵੇਂ ਕਿੰਨੀਆਂ ਵੀ ਕੁਰਬਾਨੀਆਂ ਦੇਣੀਆਂ ਪੈਣ।

# ਰਾਜ ਪੱਧਰੀ ਮੁਕਾਬਲੇ 'ਚ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦੀ ਬੈਂਡ ਟੀਮ ਅੱਵਲ ਰਹੀ





**ਤਰਨ ਤਾਰਨ (ਪ੍ਰਿਤਪਾਲ ਸਿੰਘ)**

ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ, ਤਰਨ ਤਾਰਨ ਦੇ ਵਿਦਿਆਰਥੀਆਂ ਵੱਲੋਂ ਰਾਜ ਪੱਧਰੀ ਬੈਂਡ ਮੁਕਾਬਲਿਆਂ ਵਿੱਚ ਭਾਗ ਲਿਆ ਗਿਆ।ਸਕੂਲ ਪ੍ਰਿੰਸੀਪਲ ਸਤਵੰਤ ਸਿੰਘ ਬੈਂਸ ਨੇ ਖੁਸ਼ੀ ਜ਼ਾਹਿਰ ਕਰਦੇ ਹੋਏ ਦੱਸਿਆ ਕਿ ਫਤਿਹਗੜ੍ਹ ਸਾਹਿਬ ਵਿਖੇ ਹੋਏ ਰਾਜ ਪੱਧਰੀ ਬੈਂਡ ਮੁਕਾਬਲੇ ਵਿੱਚ ਸਾਡੇ ਸਕੂਲ ਦੀ ਬੈਂਡ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਮੁਕਾਬਲੇ ਵਿੱਚ 89 ਸਕੂਲਾਂ ਨੇ ਭਾਗ ਲਿਆ। ਸਾਡੇ ਸਕੂਲ ਦੇ ਵਿਦਿਆਰਥੀਆਂ ਨੇ 15000 ਰੁਪਏ ਦੇ ਨਕਦ ਇਨਾਮ ਦੇ ਨਾਲ ਟਰਾਫੀ ਵੀ ਹਾਸਿਲ ਕੀਤੀ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਲੋਕਲ ਕਮੇਟੀ ਦੇ ਪ੍ਰਧਾਨ ਅਤੇ ਸਕੂਲ ਦੇ ਮੈਂਬਰ ਇੰਚਾਰਜ ਹਰਜੀਤ ਸਿੰਘ, ਚੀਫ਼ ਖ਼ਾਲਸਾ ਦੀਵਾਨ ਲੋਕਲ ਕਮੇਟੀ ਦੇ ਮੀਤ ਪ੍ਰਧਾਨ ਅਤੇ ਸਕੂਲ ਦੇ ਮੈਂਬਰ ਇੰਚਾਰਜ ਗੁਰਿੰਦਰ ਸਿੰਘ ਅਤੇ ਸਕੂਲ ਦੇ ਮੈਂਬਰ ਇੰਚਾਰਜ ਨਵਜੋਤ ਸਿੰਘ ਅਤੇ ਸਕੂਲ ਦੇ ਮੈਂਬਰ ਇੰਚਾਰਜ ਰਣਦੀਪ ਸਿੰਘ ਨੇ ਬੈਂਡ ਟੀਮ ਦੇ ਵਿਦਿਆਰਥੀਆਂ ਅਤੇ ਬੈਂਡ ਮਾਸਟਰ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ ।ਉਹਨਾਂ ਨੇ ਬੱਚਿਆਂ ਨੂੰ ਅਗਾਂਹ ਵੀ ਇਸੇ ਤਰ੍ਹਾਂ ਦੇ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਬੈਂਸ ਨੇ ਮੈਨੇਜਮੈਂਟ, ਤਰਸੇਮ ਸਿੰਘ ਬੈਂਡ ਮਾਸਟਰ , ਸਮੂਹ ਅਧਿਆਪਕਾਂ ਅਤੇ ਸਭ ਤੋਂ ਵੱਧ ਵਿਦਿਆਰਥੀਆਂ ਦੇ ਨਾਲ-ਨਾਲ ਉਨ੍ਹਾਂ ਦੇ ਮਾਪਿਆਂ ਨੂੰ ਵੀ ਵਧਾਈ ਦਿੱਤੀ।

# ਪਿੰਡ ਦੇ ਵਿਕਾਸ 'ਚ ਕੋਈ ਕਸਰ ਨਹੀਂ ਛੱਡੀ ਜਾਵੇਗੀ : ਕਸ਼ਮੀਰ ਕੌਰ, ਲਖਵਿੰਦਰ ਸਿੰਘ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**

ਪਿੰਡ ਦੇ ਅੰਦਰ ਪਹਿਲ ਦੇ ਆਧਾਰ ਤੇ ਵਿਕਾਸ ਕਾਰਜ ਕਰਵਾਏ ਜਾਣਗੇ ਅਤੇ ਬਿਨਾਂ ਕਿਸੇ ਭੇਦਭਾਵ ਪੱਖਪਾਤ ਤੋਂ ਪਾਰਟੀਬਾਜ਼ੀ ਤੋਂ ਉਪਰ ਉਠ ਕੇ ਪਿੰਡ ਦੇ ਵਿਕਾਸ ਨੂੰ ਤਰਜੀਹ ਦਿੱਤੀ ਜਾਵੇਗੀ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਕਾਦੀਆਂ ਅਧੀਨ ਪੈਂਦੇ ਪਿੰਡ ਵੱਡਾ ਮਾਲੀਆ ਦੇ ਸਰਪੰਚ ਕਸ਼ਮੀਰ ਕੌਰ ਅਤੇ ਉਹਨਾਂ ਦੇ ਪਤੀ ਲਖਵਿੰਦਰ ਸਿੰਘ ਪੁੱਤਰ ਗੁਰਬਚਨ ਸਿੰਘ ਨੇ ਕੀਤਾ।ਉਹਨਾਂ ਦੱਸਿਆ ਕਿ ਉਹਨਾਂ ਦੇ ਪਿੰਡ ਵਿੱਚ ਸਰਬਸੰਮਤੀ ਨਾਲ ਸਰਪੰਚੀ ਦੀ ਚੋਣ ਹੋਈ ਹੈ ਅਤੇ ਉਹਨਾਂ ਦੇ ਨਾਲ ਦਵਿੰਦਰ ਸਿੰਘ, ਗੁਰਸ਼ਿੰਦਰ ਸਿੰਘ, ਸਰਬਜੀਤ ਕੌਰ, ਸੁਖਵਿੰਦਰ ਕੌਰ ਤੇ ਅਨੀਤਾ ਮੈਂਬਰ ਬਣੇ ਹਨ ।ਉਹਨਾਂ ਨੇ ਆਪਣੇ ਪਿੰਡ ਵੋਟਰਾਂ ਸਪੋਰਟਰਾਂ ਤੇ ਸਮਰਥਕਾਂ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ। ਸਰਪੰਚ ਕਸ਼ਮੀਰ ਕੌਰ ਨੇ ਦੱਸਿਆ ਕਿ ਪਾਰਟੀਬਾਜ਼ੀ ਤੋਂ ਉਪਰ ਉਠ ਕੇ ਪਿੰਡ ਦਾ ਵਿਕਾਸ ਕਰਵਾਇਆ ਜਾਵੇਗਾ। ਕੋਈ ਕਸਰ ਨਹੀਂ ਛੱਡੀ ਜਾਵੇਗੀ।ਇਸ ਮੌਕੇ ਉਹਨਾਂ ਦੇ ਨਾਲ ਹੋਰਨਾਂ ਤੋਂ ਇਲਾਵਾ ਨਰਿੰਦਰ ਸਿੰਘ, ਕੁਲਵੰਤ ਸਿੰਘ, ਅਮਨਦੀਪ ਸਿੰਘ, ਚਰਨਜੀਤ ਸਿੰਘ, ਗੁਰਸ਼ਿੰਦਰ ਸਿੰਘ, ਗੁਰਮੇਜ ਸਿੰਘ, ਮਨਪ੍ਰੀਤ ਸਿੰਘ, ਗੁਰਦੀਪ ਸਿੰਘ ਫੌਜੀ, ਸੁਖਵਿੰਦਰ ਸਿੰਘ ਆਦਿ ਹਾਜ਼ਰ ਸਨ।



# ਕੌਮੀ ਪੱਧਰ 'ਤੇ ਆਰਟ ਮੁਕਾਬਲਿਆਂ 'ਚ ਵਿਦਿਆਰਥੀਆਂ ਨੇ ਮਾਰੀਆਂ ਸ਼ਾਨਦਾਰ ਮੱਲਾਂ



**ਹਰਜਿੰਦਰ ਝਬਾਲ (ਹਰਜਿੰਦਰ ਸਿੰਘ ਸੋਨੀ)**

ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਦੇ ਵਿਦਿਆਰਥੀਆਂ ਨੇ ਰੰਗ ਉਤਸਵ ਸੈਲੀਬ੍ਰੇਸ਼ਨ ਸੰਸਥਾ, ਮੁੰਬਈ ਵੱਲੋਂ ਨੈਸ਼ਨਲ ਲੈਵਲ 'ਤੇ ਕਰਵਾਏ ਗਏ ਆਰਟ ਮੁਕਾਬਲਿਆਂ ਵਿੱਚ ਭਾਗ ਲਿਆ ਅਤੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਹੋਇਆਂ ਆਪਣੇ ਸਕੂਲ ਦਾ ਨਾਮ ਰੌਸ਼ਨ ਕੀਤਾ ।ਮੈਡਮ ਜਗਜੀਤ ਕੌਰ ਦੀ ਦੇਖ-ਰੇਖ ਹੇਠ ਸਕੂਲ ਦੇ 351 ਵਿਦਿਆਰਥੀਆਂ ਨੇ ਭਾਗ ਲਿਆ ਜਿਨ੍ਹਾਂ ਵਿੱਚੋਂ 25 ਵਿਦਿਆਰਥੀਆਂ ਨੇ ਗੋਲਡ ਮੈਡਲ, 20 ਨੇ ਸਿਲਵਰ ਮੈਡਲ, 15 ਨੇ ਤਾਂਬੇ ਦੇ ਮੈਡਲ, ਤਿੰਨ ਨੇ ਟਰਾਫ਼ੀਆਂ ਅਤੇ ਚਾਰ ਨੇ ਸਰਪ੍ਰਾਈਜ਼ ਗਿਫਟ ਪ੍ਰਾਪਤ ਕੀਤੇ।ਚੌਥੀ ਦੀ ਵਿਦਿਆਰਥਣ ਹਰਨਾਜ਼ ਕੌਰ ਨੇ ਦੂਸਰਾ ਸਥਾਨ ਹਾਸਿਲ ਕਰਕੇ ਨੈਸ਼ਨਲ ਸਿਲਵਰ ਐਵਾਰਡ ਦੀ ਟਰਾਫ਼ੀ ਹਾਸਲ ਕੀਤੀ ਅਤੇ ਛੇਵੀਂ ਦੇ ਦਿਲਪ੍ਰੀਤ ਸਿੰਘ ਨੇ ਚੌਥਾ ਸਥਾਨ ਹਾਸਲ ਕਰਦਿਆਂ ਕਲਰ ਸੈੱਟ ਅਤੇ ਗੋਲਡ ਮੈਡਲ ਪ੍ਰਾਪਤ ਕੀਤਾ।ਬਾਕੀ ਵਿਦਿਆਰਥੀਆਂ ਨੇ ਹੌਸਲਾ ਅਫ਼ਜ਼ਾਈ ਸਰਟੀਫਿਕੇਟ ਪ੍ਰਾਪਤ ਕੀਤੇ।ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਅਤੇ ਸਕੂਲ ਦੇ ਪ੍ਰਿੰ. ਅਨੁਰੀਤ ਬਾਵਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਪ੍ਰਿੰਸੀਪਲ ਵੱਲੋਂ ਸਵੇਰ ਦੀ ਸਭਾ ਵਿੱਚ ਇਨ੍ਹਾਂ ਵਿਦਿਆਰਥੀਆਂ ਨੂੰ ਟਰਾਫੀਆਂ ਦੇ ਕੇ ਹੌਸਲਾ ਅਫ਼ਜ਼ਾਈ ਕੀਤੀ ਅਤੇ ਅੱਗੇ ਤੋਂ ਹੋਰ ਮਿਹਨਤ ਕਰਕੇ ਜ਼ਿੰਦਗੀ ਦੀਆਂ ਬੁਲੰਦੀਆਂ ਨੂੰ ਛੂਹਣ ਲਈ ਪ੍ਰੇਰਿਤ ਕੀਤਾ।ਇਸ ਸਮੇਂ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸੀ।

ਨਵਾਂ ਜ਼ਮਾਨਾ

ਸ਼ਨੀਵਾਰ, 30 ਨਵੰਬਰ 2024

# ਪਟੀਸ਼ਨਰ ਦਾ ਪਿਛੋਕੜ

*ਵਿਸ਼ਣੂ ਗੁਪਤਾ ਅਜਮੇਰ ਸ਼ਰੀਫ ਦਰਗਾਹ ਦੇ ਸਰਵੇ ਦਾ ਕੋਰਟ ਵੱਲੋਂ ਆਦੇਸ਼ ਦੇਣ ਦੇ ਨਾਲ ਮੁੜ ਚਰਚਾ ਵਿੱਚ ਆ ਗਿਆ ਹੈ। ਗੁਪਤਾ ਨੇ ਹੀ ਪਟੀਸ਼ਨ ਦਾਇਰ ਕੀਤੀ ਹੈ ਕਿ ਅਜਮੇਰ ਸ਼ਰੀਫ ਦੀ ਦਰਗਾਹ ਸ਼ਿਵ ਮੰਦਰ ਦੀ ਥਾਂ 'ਤੇ ਬਣਾਈ ਗਈ ਹੈ। ਗੁਪਤਾ ਮਥੁਰਾ ਵਿੱਚ ਚੱਲ ਰਹੇ ਸ੍ਰੀ ਕ੍ਰਿਸ਼ਨ ਜਨਮਭੂਮੀ-ਸ਼ਾਹੀ ਈਦਗਾਹ ਵਿਵਾਦ 'ਚ ਵੀ ਪਟੀਸ਼ਨ ਦਾਇਰ ਕਰ ਚੁੱਕਾ ਹੈ। 2016 ਵਿੱਚ ਉਸ ਨੇ ਡੋਨਾਲਡ ਟਰੰਪ ਦੀ ਜਿੱਤ ਲਈ ਹਵਨ ਕੀਤਾ ਸੀ। ਗੁਪਤਾ ਮੂਲ ਰੂਪ 'ਚ ਯੂ ਪੀ ਦੇ ਏਟਾ ਦਾ ਹੈ ਤੇ ਜਵਾਨੀ 'ਚ ਦਿੱਲੀ ਆ ਗਿਆ ਸੀ। ਪਹਿਲਾਂ ਉਹ ਸ਼ਿਵ ਸੈਨਾ ਨਾਲ ਜੁੜਿਆ ਤੇ ਫਿਰ 2008 'ਚ ਬਜਰੰਗ ਦਲ 'ਚ ਸ਼ਾਮਲ ਹੋ ਗਿਆ। 2011 ਵਿੱਚ ਉਸ ਨੇ ਹਿੰਦੂ ਸੈਨਾ ਬਣਾ ਲਈ। ਹਿੰਦੂ ਸੈਨਾ ਦੀ ਵੈੱਬਸਾਈਟ ਮੁਤਾਬਕ ਉਹ ਇਸਲਾਮੀਕਰਨ, ਸ਼ਰੀਆ ਕਾਨੂੰਨ, ਲਵ ਜਿਹਾਦ ਤੇ ਇਸਲਾਮੀ ਕੱਟੜਪੰਥ ਦਾ ਵਿਰੋਧ ਕਰਦੀ ਹੈ।*

*ਗੁਪਤਾ ਤੇ ਉਸ ਦੇ ਸਾਥੀ ਮੁਸਲਮਾਨਾਂ ਤੇ ਉਨ੍ਹਾਂ ਦੇ ਹੱਕ ਵਿੱਚ ਖੜ੍ਹੇ ਹੋਣ ਵਾਲਿਆਂ ਦਾ ਜ਼ੁਬਾਨੀ-ਕਲਾਮੀ ਹੀ ਵਿਰੋਧ ਨਹੀਂ ਕਰਦੇ, ਸਗੋਂ ਹਮਲੇ ਵੀ ਕਰਦੇ ਆ ਰਹੇ ਹਨ। ਇਨ੍ਹਾਂ ਨੇ ਜਨਵਰੀ 2014 ਵਿੱਚ ਉੱਘੇ ਵਕੀਲ ਪ੍ਰਸ਼ਾਂਤ ਭੂਸ਼ਣ 'ਤੇ ਇਸ ਕਰਕੇ ਹਮਲਾ ਕਰ ਦਿੱਤਾ ਸੀ, ਕਿਉਂਕਿ ਉਨ੍ਹਾ ਜੰਮੂ-ਕਸ਼ਮੀਰ ਵਿੱਚ ਫੌਜ ਦੀ ਤਾਇਨਾਤੀ ਦੇ ਮਾਮਲੇ 'ਚ ਰੈਫਰੈਂਡਮ ਦੀ ਮੰਗ ਕੀਤੀ ਸੀ। ਹਿੰਦੂ ਸੈਨਾ ਦੇ ਮੈਂਬਰਾਂ ਨੇ ਦਿੱਲੀ 'ਚ ਸੀ ਪੀ ਆਈ (ਐੱਮ) ਦੇ ਦਫਤਰ 'ਚ ਵੇਲੇ ਦੇ ਜਨਰਲ ਸਕੱਤਰ ਸੀਤਾ ਰਾਮ ਯੇਚੁਰੀ 'ਤੇ ਹਮਲਾ ਕੀਤਾ ਸੀ। ਫਰਵਰੀ 2014 ਵਿੱਚ ਹਿੰਦੂ ਸੈਨਾ ਨੇ 'ਦੀ ਕਾਰਵਾਂ' ਰਸਾਲੇ ਦੇ ਦਫਤਰ ਦੇ ਬਾਹਰ ਇਸ ਕਰਕੇ ਪ੍ਰਦਰਸ਼ਨ ਕੀਤਾ ਸੀ, ਕਿਉਂਕਿ ਉਸ ਨੇ ਅਜਮੇਰ ਦਰਗਾਹ, ਮੱਕਾ ਮਸਜਿਦ ਤੇ ਸਮਝੌਤਾ ਐਕਸਪ੍ਰੈਸ ਵਿੱਚ ਹੋਏ ਧਮਾਕਿਆਂ ਦੇ ਮੁਲਜ਼ਮ ਅਸੀਮਾਨੰਦ ਬਾਰੇ ਰਿਪੋਰਟ ਛਾਪੀ ਸੀ। ਅਕਤੂਬਰ 2015 ਵਿੱਚ ਦਿੱਲੀ ਪੁਲਸ ਨੇ ਗੁਪਤਾ ਨੂੰ ਇਸ ਕਰਕੇ ਹਿਰਾਸਤ 'ਚ ਲੈ ਲਿਆ ਸੀ, ਕਿਉਂਕਿ ਉਸ ਨੇ ਫਰਜ਼ੀ ਸ਼ਿਕਾਇਤ ਕੀਤੀ ਸੀ ਕਿ ਨਵੀਂ ਦਿੱਲੀ 'ਚ ਕੇਰਲਾ ਹਾਊਸ ਦੀ ਕੈਂਟੀਨ ਵਿੱਚ ਗਊ ਦਾ ਮੀਟ ਪਰੋਸਿਆ ਜਾ ਰਿਹਾ ਹੈ। ਜਨਵਰੀ 2016 'ਚ ਗੁਪਤਾ ਨੂੰ ਨਵੀਂ ਦਿੱਲੀ ਸਥਿਤ ਪਾਕਿਸਤਾਨ ਇੰਟਰਨੈਸ਼ਨਲ ਏਅਰਲਾਈਨਜ਼ ਦੇ ਦਫਤਰ 'ਚ ਭੰਨਤੋੜ ਕਰਨ 'ਤੇ ਗ੍ਰਿਫਤਾਰ ਕੀਤਾ ਗਿਆ ਸੀ। ਸਤੰਬਰ 2021 ਵਿੱਚ ਹੈਦਰਾਬਾਦ ਦੇ ਸਾਂਸਦ ਅਸਦੁਦੀਨ ਓਵੈਸੀ ਦੀ ਦਿੱਲੀ ਸਥਿਤ ਸਰਕਾਰੀ ਰਿਹਾਇਸ਼ 'ਤੇ ਹਿੰਦੂ ਸੈਨਾ ਨਾਲ ਜੁੜੇ ਲੋਕਾਂ ਨੇ ਭੰਨਤੋੜ ਕੀਤੀ ਸੀ। ਜੂਨ 2022 'ਚ ਨੂਪੁਰ ਸ਼ਰਮਾ ਨੂੰ ਭਾਜਪਾ ਵਿੱਚੋਂ ਮੁਅੱਤਲ ਕਰਨ 'ਤੇ ਹਿੰਦੂ ਸੈਨਾ ਨੇ ਦਿੱਲੀ ਦੇ ਰਾਜੌਰੀ ਗਾਰਡਨ ਦੇ ਵਿਸ਼ਵਗਿਰੀ ਮੰਦਰ 'ਚ ਤਲਵਾਰਾਂ ਵੰਡੀਆਂ ਸਨ। ਹੁਣ ਵਿਸ਼ਣੂ ਗੁਪਤਾ ਨੇ ਅਜਮੇਰ ਦੀ ਦਰਗਾਹ ਨੂੰ ਲੈ ਕੇ ਜਿਹੜੀ ਪਟੀਸ਼ਨ ਦਾਇਰ ਕੀਤੀ ਹੈ, ਉਹ ਫਿਰਕੂ ਪਾੜਾ ਵਧਾਉਣ ਦਾ ਕਾਰਨ ਬਣ ਗਈ ਹੈ।*

## ਪਾਠਕ-ਸੱਥ

### ਆਸਟ੍ਰੇਲੀਆ ਤੋਂ ਸਬਕ

ਆਸਟ੍ਰੇਲੀਆ ਦੇ ਪ੍ਰਤੀਨਿਧ ਸਦਨ ਤੇ ਸੈਨੇਟ ਨੇ ਸੋਲਾਂ ਸਾਲ ਤੋਂ ਘੱਟ ਉਮਰ ਦੇ ਬੱਚਿਆਂ 'ਤੇ ਸੋਸ਼ਲ ਮੀਡੀਆ ਦੀ ਵਰਤੋਂ 'ਤੇ ਪਾਬੰਦੀ ਲਗਾਉਣ ਵਾਲਾ ਬਿੱਲ ਪਾਸ ਕਰ ਦਿੱਤਾ ਹੈ। ਇਸ ਤਰ੍ਹਾਂ ਇਹ ਪਾਬੰਦੀ ਲਾਉਣ ਵਾਲਾ ਆਸਟ੍ਰੇਲੀਆ ਦੁਨੀਆ ਦਾ ਪਹਿਲਾ ਦੇਸ਼ ਬਣ ਗਿਆ ਹੈ ।ਭਾਰਤ ਦੇ ਸਦਨ ਵਿੱਚ ਬੀਤੇ ਦਿਨ ਸੋਸ਼ਲ ਮੀਡੀਏ 'ਤੇ ਪਰੋਸੀ ਜਾ ਰਹੀ ਅਸ਼ਲੀਲ ਸਮਗਰੀ 'ਤੇ ਰੋਕ ਲਗਾਉਣ ਦੀ ਚਰਚਾ ਕਰਦੇ ਹੋਏ ਕਾਨੂੰਨ ਵਿੱਚ ਹੋਰ ਸਖ਼ਤੀ ਲਿਆਉਂਣ ਦੀ ਗੱਲ ਆਖੀ ਗਈ। ਸੋਸ਼ਲ ਮੀਡੀਏ ਦੇ ਜਾਲ ਵਿੱਚ ਪ੍ਰੌੜ ਉਮਰ ਵਰਗ ਇਸ ਤਰ੍ਹਾਂ ਫਸ ਚੁੱਕਿਆ ਹੈ, ਜਿਥੇ ਆਸਟ੍ਰੇਲੀਆ ਦੇਸ਼ ਵਰਗੇ ਕਾਨੂੰਨਾਂ ਦੀ ਲੋੜ ਹੈ, ਜਿਸ ਵਿੱਚ ਬੱਚੇ ਦੇ ਮਾਂ-ਬਾਪ ਦੀ ਜ਼ਿੰਮੇਵਾਰੀ ਤਹਿ ਹੋ ਕੇ ਭਾਰੀ ਜ਼ੁਰਮਾਨੇ ਅਤੇ ਸਜ਼ਾ ਦੀ ਵਿਵਸਥਾ ਹੋਵੇ। ਸੋਸ਼ਲ ਮੀਡੀਏ ਨੇ ਨੌਜਵਾਨਾਂ 'ਤੇ ਇੱਕ ਨਵਾਂ ਪਾਣ ਚਾੜ੍ਹ ਦਿੱਤਾ ਹੈ, ਉਹ ਸਿਰਫ਼ ਟਿਕ ਟਾਕ, ਫੇਸਬੁੱਕ, ਇੰਸਟਾਗ੍ਰਾਮ ਅਤੇ ਸਨੈਪਚੈਟ ਨੂੰ ਹੀ ਆਪਣੀ ਦੁਨੀਆਂ ਸਮਝਣ ਲੱਗ ਪਏ ਹਨ। ਕੋਈ ਵੀ ਤਕਨੀਕ ਫ਼ਿਰ ਹੀ ਮਨੁੱਖ ਲਈ ਕਾਰਗਰ ਸਾਬਿਤ ਹੁੰਦੀ ਹੈ, ਜ਼ੇਕਰ ਉਸ ਦੀ ਵਰਤੋਂ ਲੋੜ ਅਨੁਸਾਰ ਅਤੇ ਸੋਚ-ਸਮਝ ਕੇ ਕੀਤੀ ਜਾਵੇ। ਅੰਨ੍ਹੇਵਾਹ ਕੀਤੀ ਤਕਨੀਕ ਦੀ ਵਰਤੋਂ ਮਨੁੱਖ ਨੂੰ ਗ਼ੁਲਾਮ ਬਣਾ ਕੇ ਛੱਡੇਗੀ। ਛੋਟੇ ਬੱਚੇ ਮੋਬਾਇਲ ਦੇ ਗ਼ੁਲਾਮ ਹੀ ਹੋ ਚੁੱਕੇ ਹਨ। ਨਾ ਫ਼ੋਨ ਤੋਂ ਬਿਨਾਂ ਕੰਮ ਕਰਦੇ ਹਨ ਅਤੇ ਨਾ ਹੀ ਰੋਟੀ ਖਾਂਦੇ ਹਨ। ਬਾਥਰੂਮ ਵਿੱਚ ਜਾਣ ਵੇਲੇ ਵੀ ਫ਼ੋਨ ਉਹਨਾਂ ਦੇ ਹੱਥ ਵਿੱਚ ਹੁੰਦਾ ਹੈ। ਆਸਟ੍ਰੇਲੀਆ ਦਾ ਬੱਚਿਆਂ 'ਤੇ ਸੋਸ਼ਲ ਮੀਡੀਏ ਦਾ ਪ੍ਰਭਾਵ ਘਟਾਉਣ ਲਈ ਲਿਆ ਗਿਆ ਫ਼ੈਸਲਾ ਸ਼ਲਾਘਾਯੋਗ ਹੈ। ਭਾਰਤ ਨੂੰ ਅਜਿਹੇ ਫੈਸਲਿਆਂ ਦੀ ਸਖ਼ਤ ਜ਼ਰੂਰਤ ਹੈ, ਤਾਂ ਜ਼ੋ ਬੱਚਿਆਂ ਨੂੰ ਮੋਬਾਇਲ ਫ਼ੋਨ ਦੀ ਗੁਲਾਮੀ ਤੋਂ ਛੁਟਕਾਰਾ ਦਿਵਾਇਆ ਜਾ ਸਕੇ।

**-ਰਜਵਿੰਦਰ ਪਾਲ ਸ਼ਰਮਾ**, 70873-67969

### ਮੋਟਾਪੇ ਦੀ ਆੜ 'ਚ ਧੋਖੇ ਦਾ ਵਪਾਰ

ਅੱਜਕੱਲ੍ਹ ਪੰਜਾਬ ਦੇ ਹਰ ਇੱਕ ਸ਼ਹਿਰ ਵਿੱਚ ਮੋਟਾਪੇ ਦੀ ਆੜ 'ਚੋਂ ਧੋਖੇ ਦਾ ਵਪਾਰ ਹੋ ਰਿਹਾ ਹੈ। ਕੁਝ ਤਥਾ ਕਥਿਤ ਲੋਕ ਕਰੀਮ, ਕੈਪਸੂਲ, ਪਾਊਡਰ ਆਦਿ ਦੇ ਕੇ ਮੋਟੇ ਲੋਕਾਂ ਦੀਆਂ ਜੇਬਾਂ ਖਾਲੀ ਕਰ ਰਹੇ ਹਨ ।ਸਾਰੇ ਲੋਕ ਮੋਟਾਪੇ ਤੋਂ ਕੋਈ ਤਿਆਗ ਤੇ ਕਸਰਤ ਕੀਤੇ ਬਿਨਾਂ ਛੁਟਕਾਰਾ ਪਾਉਣਾ ਚਾਹੁੰਦੇ ਹਨ । ਲੋਕਾਂ ਦੀ ਇਸ ਕਮਜ਼ੋਰੀ ਦਾ ਲਾਭ ਉਠਾਉਣ ਲਈ ਬਾਜ਼ਾਰ 'ਚੋਂ ਬਹੁਤ ਸਾਰੇ ਉਪਕਰਣ ਸਮਗਰੀ ਮਿਲ ਰਹੇ ਹਨ । ਇਨ੍ਹਾਂ ਉੱਤੇ ਝੂਠਾ ਦਾਅਵਾ ਕੀਤਾ ਜਾਂਦਾ ਹੈ ਕਿ ਇਸ ਨਾਲ ਬਹੁਤ ਜਲਦੀ ਮੋਟਾਪਾ ਬਿਨਾਂ ਮਿਹਨਤ ਅਤੇ ਤਿਆਗ ਤੋਂ ਘੱਟ ਹੋ ਜਾਵੇਗਾ। ਵਜ਼ਨ ਘੱਟ ਕਰਨ ਲਈ ਦੀ ਪੀਣ ਲਈ ਚਾਹ, ਸੋਨਾ ਬੈਲਟ, ਟਵੈਸਟਰ ,ਮਾਰਨਿੰਗ ਵਾਕਰ ਆਦਿ ਜਿਹਨਾਂ ਦਾ ਵਿਗਿਆਪਨ ਟੀ ਵੀ ਉੱਤੇ ਬਹੁਤ ਆਉਂਦਾ ਹੈ, ਮਿਲਦੇ ਹਨ। ਇਹਨਾਂ ਨਾਲ ਜੇਕਰ ਕੁਝ ਘੱਟ ਹੁੰਦਾ ਹੈ ਤਾਂ ਉਹ ਸਿਰਫ ਤੁਹਾਡਾ ਪੈਸਾ । ਵਜ਼ਨ ਘੱਟ ਕਰਨ ਲਈ ਪ੍ਰੋਡਕਟਾਂ ਵਿੱਚੋਂ ਕਈ ਹਾਨੀਕਾਰਕ ਰਸਾਇਣ ਜਾਂ ਦਵਾਈ ਮਿਲੀ ਹੁੰਦੀ ਹੈ । ਇਹ ਕੋਈ ਨਹੀਂ ਜਾਣਦਾ। ਮੋਟਾਪਾ ਇਹੋ ਜਿਹਾ ਰੋਗ ਹੈ, ਜਿਹੜਾ ਸੰਸਾਰ ਵਿੱਚੋਂ ਮਹਾਂਮਾਰੀ ਦੇ ਰੂਪ ਵਿੱਚ ਤੇਜੀ ਨਾਲ ਫੈਲ ਰਿਹਾ ਹੈ। ਲੋਕਾਂ ਨੂੰ ਇਸ ਤੋਂ ਛੁਟਕਾਰਾ ਪਾਉਣ ਲਈ ਤੁਰੰਤ ਆਸਾਨ ਅਤੇ ਪਰੇਸ਼ਾਨੀ ਰਹਿਤ ਉਪਾਅ ਕਰਨੇ ਚਾਹੀਦੇ ਹਨ ।ਇਸ ਲਈ ਇਸ ਪ੍ਰਕਾਰ ਦੇ ਭੜਕਾਊ ਵਿਗਿਆਪਨਾਂ ਅਤੇ ਉਪਕਰਨਾਂ ਦੇ ਚੱਕਰ ਵਿੱਚ ਨਹੀਂ ਪੈਣਾ ਚਾਹੀਦਾ । ਆਪਣੇ ਮੋਟਾਪੇ ਦਾ ਇਲਾਜ ਆਪਣੇ ਪਰਿਵਾਰਕ ਡਾਕਟਰ ਤੋਂ ਹੀ ਕਰਵਾਉਣ। ਜੇਕਰ ਲੋੜ ਪਵੇ ਤਾਂ ਕਿਸੇ ਮਾਹਰ ਡਾਕਟਰ ਤੋਂ ਵੀ ਸਲਾਹ-ਮਸ਼ਵਰਾ ਲੈ ਸਕਦੇ ਹਨ ।

**-ਡਾਕਟਰ ਨਰਿੰਦਰ ਭੱਪਰ ਝਬੇਲਵਾਲੀ**,62841-45349

### ਦਾਜ ਦੀ ਸਮੱਸਿਆ

ਬੀਤੇ ਦਿਨ ਲੁਧਿਆਣਾ ਵਿੱਚ ਪੱਚੀ ਲੱਖ ਰੁਪਏ ਅਤੇ ਕਰੇਟਾ ਗੱਡੀ ਨਾ ਦੇਣ ਕਰਕੇ ਲੜਕੇ ਪਰਿਵਾਰ ਵੱਲੋਂ ਬਾਰਾਤ ਨਾ ਲੈ ਕੇ ਜਾਣ ਦੀ ਖ਼ਬਰ ਨੇ ਜਿਥੇ ਧੀ ਦੇ ਮਾਪਿਆਂ ਨੂੰ ਫਿਕਰਾਂ ਵਿੱਚ ਪਾ ਦਿੱਤਾ ਉਥੇ ਦਾਜ ਦੇ ਲੋਭੀਆਂ ਦਾ ਚਿਹਰਾ ਵੀ ਉਜਾਗਰ ਹੋਇਆ ਹੈ। ਵਿਆਹ ਦੋ ਜਿਸਮਾਂ ਦਾ ਨਹੀਂ ਦੋ ਰੂਹਾਂ ਦਾ ਮੇਲ ਮੰਨਿਆਂ ਜਾਂਦਾ ਹੈ। ਅਜੋਕੇ ਸਮੇਂ ਵਿੱਚ ਰਿਸ਼ਤਿਆਂ ਨੂੰ ਪੈਸੇ ਨਾਲ ਤੋਲਿਆ ਜਾਂਦਾ ਹੈ। ਲੜਕਿਆਂ ਦੀ ਬੋਲੀ ਲਗਾਈ ਜਾਂਦੀ ਹੈ ਜਿਹੜੇ ਸਭ ਤੋਂ ਵੱਧ ਦਹੇਜ ਦਿੰਦੇ ਹਨ ਉਸ ਪਰਿਵਾਰ ਨਾਲ ਰਿਸ਼ਤਾ ਜੋੜ ਲਿਆ ਜਾਂਦਾ ਹੈ। ਲਾਲਚ ਕੋਈ ਸੀਮਾ ਨਹੀਂ। ਜਿਨ੍ਹਾਂ ਨੇ ਅੱਜ ਦਾਜ ਮੰਗਿਆ ਉਹ ਕੱਲ੍ਹ ਨੂੰ ਨਹੀਂ ਮੰਗਣਗੇ ਇਸ ਗੱਲ ਦੀ ਕੀ ਗਰੰਟੀ ਹੈ।ਬੇਸਬਰਿਆਂ ਦੀ ਲਾਲਚੀ ਅੱਖਾਂ ਨੂੰ ਜਾਂ ਤਾਂ ਸਬਰ ਹੀ ਭਰ ਸਕਦਾ ਹੈ ਜਾਂ ਫ਼ਿਰ ਕਬਰ ਦੀ ਮਿੱਟੀ।ਇਹ ਕੋਈ ਇਕੱਲੀ ਘਟਨਾ ਨਹੀਂ ਜਿਥੇ ਦਾਜ਼ ਦੀ ਡਿਮਾਂਡ ਕੀਤੀ ਗਈ।ਕਈ ਵਾਰ ਤਾਂ ਵਿਆਹ ਤੋਂ ਬਾਅਦ ਲੜਕੀ ਤੇ ਸਹੁਰੇ ਪਰਿਵਾਰ ਵੱਲੋਂ ਦਾਜ ਲਿਆਉਣ ਲਈ ਦਬਾਅ ਪਾਇਆ ਜਾਂਦਾ ਹੈ, ਲੜਕੀ ਘਰੇਲੂ ਹਿੰਸਾ ਦੀ ਸ਼ਿਕਾਰ ਹੁੰਦੀ ਹੈ, ਕੁੱਝ ਕੇਸਾਂ ਵਿੱਚ ਪੀੜਤ ਦੀ ਮੌਤ ਹੋ ਜਾਂਦੀ ਹੈ।ਦਾਜ ਦੀ ਸਮੱਸਿਆ ਰੋਕਣ ਲਈ ਬਣੇ ਕਾਨੂੰਨ ਵੀ ਖ਼ਾਨਾਪੂਰਤੀ ਲਈ ਹੀ ਹਨ। ਦਾਜ਼ ਦੇ ਬਹੁਤੇ ਕੇਸ ਤਾਂ ਰਾਜਨੀਤੀ ਅਤੇ ਪੈਸੇ ਦੀ ਧੌਂਸ ਕਰਕੇ ਰਜਿਸਟਰਡ ਹੀ ਨਹੀਂ ਹੁੰਦੇ ਜਿਹੜੇ ਹੋ ਜਾਂਦੇ ਹਨ ਉਹਨਾਂ ਨੂੰ ਸਾਲਾਂਬੱਧੀ ਲਮਕਾਇਆ ਜਾਂਦਾ ਹੈ ਜਦੋਂ ਨੂੰ ਇਨਸਾਫ ਮਿਲਦਾ ਹੈ ਉਦੋਂ ਨੂੰ ਪੀੜਤ ਇਸ ਫ਼ਾਨੀ ਦੁਨੀਆਂ ਤੋਂ ਰੁਖ਼ਸਤ ਹੋ ਜਾਂਦਾ ਹੈ ਅਤੇ ਪਰਨਾਲਾ ਉਥੇ ਦਾ ਉਥੇ ਹੀ ਰਹਿੰਦਾ ਹੈ।ਦਾਜ ਦੀ ਬਣੇ ਕਾਨੂੰਨਾਂ ਤੇ ਜਿਥੇ ਸਖ਼ਤੀ ਨਾਲ਼ ਲਾਗੂ ਕਰਨੇ ਚਾਹੀਦੇ ਹਨ ਉਥੇ ਸਮਾਜਿਕ ਕਾਰਕੁੰਨਾ ਦੇ ਨਾਲ ਨਾਲ ਸਾਨੂੰ ਸਾਰਿਆਂ ਨੂੰ ਇਸ ਨਾਸੂਰ ਬਣ ? ਚੁੱਕੀ ਸਮਾਜਿਕ ਸਮੱਸਿਆ ਨੂੰ ਨਕੇਲ ਪਾਉਣ ਲਈ ਅੱਗੇ ਆਉਣਾ ਚਾਹੀਦਾ ਹੈ ਤਾਂ ਜੋ ਵਿਆਹ ਸੌਦੇਬਾਜ਼ੀ ਨਾ ਹੋ ਕੇ ਸਮਾਜਿਕ ਸੰਸਕਾਰ ਬਣ ਸਕੇ।

**-ਰਜਵਿੰਦਰ ਪਾਲ ਸ਼ਰਮਾ**, 70873-67969

# ਕਿਸਾਨ ਅੰਦੋਲਨ-ਵਧ ਰਿਹਾ ਖੇਤੀ ਸੰਕਟ



ਗੁਰਮੀਤ ਸਿੰਘ ਪਲਾਹੀ

ਕਿਸਾਨ ਅੰਦੋਲਨ ਖਤਮ ਨਹੀਂ ਹੋਇਆ, ਕਿਉਂਕਿ ਕਿਸਾਨਾਂ ਦੀਆਂ ਮੰਗਾਂ ਅੱਧੀਆਂ-ਅਧੂਰੀਆਂ ਮੰਨੀਆਂ ਗਈਆਂ ਅਤੇ ਬਾਕੀ ਲਮਕਾ ਦਿੱਤੀਆਂ ਗਈਆਂ । ਕਿਸਾਨ ਨੇਤਾਵਾਂ ਅਤੇ ਕਿਸਾਨ ਜਥੇਬੰਦੀਆਂ ਵੱਲੋਂ ਦੇਸ਼ ਦੀਆਂ ਹੋਰ ਮਜ਼ਦੂਰ , ਮੁਲਾਜ਼ਮ ਜਥੇਬੰਦੀਆਂ, ਗ਼ੈਰ ਸਰਕਾਰੀ ਸੰਸਥਾਵਾਂ, ਬੁੱਧੀਜੀਵੀਆਂ ਦੀ ਸਹਾਇਤਾ ਅਤੇ ਸਹਿਯੋਗ ਨਾਲ਼ ਚਲਾਏ ਅੰਦੋਲਨ ਨੇ ਵਿਸ਼ਵ-ਵਿਆਪੀ ਚਰਚਾ ਖੱਟੀ।ਲੋਕ ਆਪਣੇ ਹੱਕਾਂ ਪ੍ਰਤੀ ਜਾਗਰੂਕ ਹੋਏ।ਦਿੱਲੀ ਦੇ ਸਿੰਘਾਸਨ 'ਤੇ ਬੈਠੇ ਹਾਕਮਾਂ ਨੂੰ ਲੋਕਾਂ ਦੀ ਅਵਾਜ਼ ਸੁਣਨੀ ਪਈ। ਕਿਸਾਨ ਵਿਰੋਧੀ ਖੇਤੀ ਕਾਨੂੰਨ ਵਾਪਸ ਲੈਣੇ ਪਏ।

ਕਿਸਾਨ ਅੰਦੋਲਨ ਦਿੱਲੀ ਦੇ ਬਾਰਡਰਾਂ 'ਤੇ ਕੁਝ ਸਮਾਂ ਖਤਮ ਹੋਇਆ, ਪਰ ਹੁਣ ਫਿਰ ਮਘ ਰਿਹਾ ਹੈ, ਕਿਉਂਕਿ ਸਰਕਾਰ ਨੇ ਮੰਗਾਂ ਨਹੀਂ ਮੰਨੀਆਂ।ਗੱਲ ਭਾਰਤ ਦੀ ਸੁਪਰੀਮ ਕੋਰਟ ਵਿੱਚ ਪੁੱਜੀ । ਸੁਪਰੀਮ ਕੋਰਟ ਨੇ ਦਿੱਲੀ ਵਿਚ ਸਿੰਘੂ ਬਾਰਡਰ 'ਤੇ ਅੰਦੋਲਨ ਕਰਨ ਵਾਲੇ ਕਿਸਾਨਾਂ ਦੀਆਂ ਸ਼ਿਕਾਇਤਾਂ ਅਤੇ ਵਿਰੋਧ ਤੋਂ ਉਪਜੀ ਸਥਿਤੀ 'ਤੇ ਇੱਕ ਪੈਨਲ ਬਣਾਇਆ।ਇਸ ਪੈਨਲ ਨੇ ਗਿਆਰਾਂ ਸਫ਼ਿਆਂ ਦੀ ਇੱਕ ਰਿਪੋਰਟ ਸੁਪਰੀਮ ਕੋਰਟ ਨੂੰ ਸੌਂਪੀ ਹੈ।

ਇਸ ਪੈਨਲ ਨੇ ਕਿਹਾ ਹੈ ਕਿ ਭਾਰਤ ਵਿੱਚ ਖੇਤੀ 'ਤੇ ਸੰਕਟ ਵਧ ਰਹੇ ਹਨ ।ਪੈਨਲ ਅਨੁਸਾਰ ਸ਼ੁੱਧ ਖੇਤੀ ਉਤਪਾਦਕਤਾ ਵਿੱਚ ਕਮੀ ਆਈ ਹੈ ਅਤੇ ਉਤਪਾਦਨ ਲਾਗਤ ਵਧੀ ਹੈ।ਕਿਸਾਨਾਂ ਵੱਲੋਂ ਆਪਣੀ ਫ਼ਸਲ ਵੇਚਣ ਲਈ ਸੁਵਿਧਾਵਾਂ ਦੀ ਘਾਟ ਹੈ ਅਤੇ ਖੇਤੀ ਖੇਤਰ 'ਚ ਰੁਜ਼ਗਾਰ ਘਟਿਆ ਹੈ ।ਛੋਟੇ ਅਤੇ ਸੀਮਾਂਤ ਕਿਸਾਨ ਅਤੇ ਖੇਤੀ ਮਜ਼ਦੂਰ ਆਰਥਿਕ ਤੌਰ 'ਤੇ ਤੰਗੀ ਵਿੱਚ ਹਨ। ਛੋਟੇ ਕਿਸਾਨ ਤਾਂ ਭੁੱਖੇ ਮਰਨ ਦੀ ਸਥਿਤੀ 'ਚ ਹਨ ।

ਇੱਥੇ ਇਹ ਗੱਲ ਨੋਟ ਕਰਨ ਵਾਲੀ ਹੈ ਕਿ ਖੇਤੀ ਖੇਤਰ ਵਿੱਚ ਦੇਸ਼ ਦੇ ਕੁੱਲ ਮਜ਼ਦੂਰਾਂ ਦੀ ਗਿਣਤੀ ਦਾ 46 ਫੀਸਦੀ ਲੱਗਿਆ ਹੋਇਆ ਹੈ ਅਤੇ ਉਹਨਾਂ ਦੀ ਆਮਦਨੀ ਵਿੱਚ ਹਿੱਸੇਦਾਰੀ ਮਸਾਂ 15 ਫੀਸਦੀ ਹੈ। ਬੇਰੁਜ਼ਗਾਰੀ ਇੰਨੀ ਹੈ ਕਿ ਇਸ ਨੂੰ ਮਾਪਿਆ ਹੀ ਨਹੀਂ ਜਾ ਸਕਦਾ। ਇਹ ਤੱਥ ਛੁਪੇ ਹੋਏ ਹਨ ਜਾਂ ਛੁਪਾਏ ਜਾ ਰਹੇ ਹਨ। ਖੇਤੀ ਖੇਤਰ ਦੀ ਤ੍ਰਾਸਦੀ ਇਹ ਵੀ ਹੈ ਕਿ ਬਿਨਾਂ ਤਨਖਾਹ ਤੋਂ ਮਜ਼ਦੂਰੀ ਕਰਨ ਵਾਲੇ ਪਰਵਾਰਕ ਮੈਂਬਰਾਂ ਦੀ ਗਿਣਤੀ ਵੱਡੀ ਹੈ। ਇੱਥੇ ਹੀ ਬਸ ਨਹੀਂ, ਹੜ੍ਹਾਂ, ਸੋਕੇ, ਗਰਮ ਹਵਾਵਾਂ ਨੇ ਖੇਤੀ ਅਤੇ ਕਿਸਾਨਾਂ 'ਤੇ ਹਰ ਕਿਸਮ ਦਾ ਬੋਝ ਵਧਾਇਆ ਹੋਇਆ ਹੈ।

ਪੈਨਲ ਵੱਲੋਂ ਜਾਰੀ ਕੀਤੀ ਗਈ ਅੰਤਿਮ ਰਿਪੋਰਟ ਹੈਰਾਨ-ਪਰੇਸ਼ਾਨ ਕਰਨ ਵਾਲ਼ੀ ਹੈ। ਉਸ ਅਨੁਸਾਰ 1995 ਤੋਂ ਹੁਣ ਤੱਕ 4 ਲੱਖ ਕਿਸਾਨ ਆਤਮ-ਹੱਤਿਆ ਕਰ ਚੁੱਕੇ ਹਨ। ਪੰਜਾਬ ਦੀਆਂ ਤਿੰਨ ਯੂਨੀਵਰਸਿਟੀਆਂ ਨੇ ਇੱਕ ਸਰਵੇ ਕੀਤਾ, ਇਸ ਅਨੁਸਾਰ 2000 ਤੋਂ 2015 ਦੇ ਸਮੇਂ ਵਿਚਕਾਰ ਕਿਸਾਨਾਂ ਤੇ ਖੇਤ ਮਜ਼ਦੂਰੀ ਕਰਨ ਵਾਲੇ 16306 ਲੋਕਾਂ ਨੇ ਖੁਦਕੁਸ਼ੀ ਕੀਤੀ। ਇਹਨਾਂ ਵਿੱਚੋਂ ਬਹੁਤੀਆਂ ਆਤਮ-ਹੱਤਿਆਵਾਂ ਗਰੀਬ, ਛੋਟੇ ਅਤੇ ਬੇਜ਼ਮੀਨੇ ਮਜ਼ਦੂਰ ਪਰਵਾਰਾਂ ਦੇ ਮੈਂਬਰਾਂ ਵੱਲੋਂ ਕੀਤੀਆਂ ਗਈਆਂ ।ਕਾਰਨ ਕਰਜ਼ੇ ਦਾ ਵੱਡਾ ਬੋਝ ਹੈ।

ਪੰਜਾਬ ਅਤੇ ਹਰਿਆਣਾ ਦੇ ਕਿਸਾਨ ਖ਼ਾਸ ਤੌਰ 'ਤੇ ਸੰਕਟ ਵਿੱਚ ਹਨ।ਹਰੀ ਕ੍ਰਾਂਤੀ ਨੇ ਸ਼ੁਰੂਆਤੀ ਦੌਰ ਵਿੱਚ ਕਿਸਾਨਾਂ ਨੂੰ ਲਾਭ ਪਹੁੰਚਾਇਆ, ਪਰ 1990 ਦੇ ਦਹਾਕੇ ਤੋਂ ਬਾਅਦ ਖੇਤੀ ਉਪਜ ਅਤੇ ਉਤਪਾਦਨ ਵਿੱਚ ਠਹਿਰਾਅ ਆ ਗਿਆ ।ਇਸੇ ਦੌਰਾਨ ਹੀ ਅਸਲ ਵਿੱਚ ਕਿਸਾਨ ਕਰਜ਼ਾਈ ਹੋਏ। ਨਾਬਾਰਡ 2023 ਦੀ ਰਿਪੋਰਟ ਅਨੁਸਾਰ 2022-23 'ਚ ਪੰਜਾਬ ਦੇ ਕਿਸਾਨਾਂ ਜ਼ਿੰਮੇ 73673 ਕਰੋੜ ਰੁਪਏ ਦਾ ਕਰਜ਼ਾ ਸੀ ਅਤੇ ਹਰਿਆਣਾ ਦੇ ਕਿਸਾਨਾਂ ਦੇ 76630 ਕਰੋੜ ਰੁਪਏ ਦਾ।ਇਹ ਕਰਜ਼ਾ ਬੈਂਕਾਂ ਅਤੇ ਸਹਿਕਾਰੀ ਸੁਸਾਇਟੀਆਂ ਤੋਂ ਲਿਆ ਗਿਆ ਕਰਜ਼ਾ ਸੀ । ਜਦ ਕਿ ਸ਼ਾਹੂਕਾਰਾਂ, ਦਲਾਲਾਂ, ਆੜ੍ਹਤੀਆਂ ਤੋਂ ਲਏ ਕਰਜ਼ੇ ਦਾ, ਤਾਂ ਕੋਈ ਹਿਸਾਬ ਹੀ ਨਹੀਂ।ਅਸਲ ਵਿੱਚ ਤਾਂ 90 ਫੀਸਦੀ ਤੋਂ ਵੱਧ ਛੋਟੇ ਕਿਸਾਨ ਕਰਜ਼ੇ ਦੀ ਮਾਰ ਹੇਠ ਹਨ। ਉਹਨਾਂ ਦੇ ਵਿੱਤੀ ਹਾਲਾਤ ਤਰਸਯੋਗ ਹਨ।

ਦੇਸ਼ ਵਿੱਚ ਖੇਤੀ ਖੇਤਰ ਨੂੰ ਪੁਨਰਜੀਵਤ ਕਰਨ ਦੀ ਲੋੜ ਹੈ। ਵਧਦੇ ਹੋਏ ਕਰਜ਼ੇ ਦੇ ਬੁਨਿਆਦੀ ਕਾਰਨਾਂ ਨੂੰ ਸਮਝਣਾ ਪਵੇਗਾ, ਕਿਉਂਕਿ ਪੇਂਡੂਆਂ ਖਾਸ ਕਰਕੇ ਕਿਸਾਨਾਂ ਅਤੇ ਮਜ਼ਦੂਰਾਂ 'ਚ ਅਸ਼ਾਂਤੀ ਵਧ ਰਹੀ ਹੈ। ਅਜ਼ਾਦੀ ਦੀ ਪੌਣੀ ਸਦੀ ਬਾਅਦ ਵੀ ਦੇਸ਼ ਦੇ ਜ਼ਿਆਦਾਤਰ ਲੋਕਾਂ ਦਾ ਜੀਵਨ ਪੱਧਰ ਉੱਚਾ ਨਹੀਂ ਚੁੱਕਿਆ ਜਾ ਸਕਿਆ।ਕਾਰਨ ਹੋਰ ਵੀ ਬਥੇਰੇ ਹਨ, ਪਰ ਸਰਕਾਰ ਵੱਲੋਂ ਖੇਤੀ ਖੇਤਰ ਲਈ ਜੋ ਕੁਝ ਕੁ ਕਦਮ ਚੁੱਕੇ ਗਏ ਹਨ, ਉਹ ਆਮ ਕਿਸਾਨ ਤੱਕ ਨਹੀਂ ਪੁੱਜੇ।ਸਮੇਂ-ਸਮੇਂ 'ਤੇ ਦਿੱਤੀ ਗਈ ਰਾਹਤ ਉਹਨਾਂ ਦੇ ਦਰੀਂ ਨਹੀਂ ਪੁੱਜੀ। ਦਲਾਲ, ਵਿਚੋਲੇ ਇਹਨਾ ਨਾ-ਮਾਤਰ ਯੋਜਨਾਵਾਂ, ਰਾਹਤਾਂ ਦਾ ਫਾਇਦਾ ਚੁੱਕ ਰਹੇ ਹਨ ।

ਦਹਾਕਿਆਂ ਪਹਿਲਾਂ ਡਾ: ਸਵਾਮੀਨਾਥਨ ਦੀ ਰਿਪੋਰਟ ਵਿੱਚ ਇਹ ਸੁਝਾਇਆ ਗਿਆ ਸੀ ਕਿ ਕਿਸਾਨਾਂ ਨੂੰ ਫਸਲਾਂ ਦਾ ਘੱਟੋ-ਘੱਟ ਸਮਰਥਨ ਮੁੱਲ ਦਿੱਤਾ ਜਾਵੇ।ਸੁਪਰੀਮ ਕੋਰਟ ਵੱਲੋਂ ਤੈਅ ਕੀਤੇ ਗਏ ਪੈਨਲ, ਜਿਸ ਵਿੱਚ ਰਿਟਾਇਰਡ ਆਈ.ਪੀ.ਐੱਸ. ਅਧਿਕਾਰੀ ਬੀ.ਐੱਸ. ਸੰਧੂ, ਦੇਵਿੰਦਰ ਸ਼ਰਮਾ, ਪ੍ਰੋ.ਰਣਜੀਤ ਸਿੰਘ ਘੁੰਮਣ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਅਰਥ ਸ਼ਾਸਤਰੀ ਡਾ. ਸੁਖਪਾਲ ਸਿੰਘ ਆਦਿ ਸ਼ਾਮਲ ਹਨ, ਨੇ ਵੀ ਸੁਝਾਇਆ ਹੈ ਕਿ ਕਿਸਾਨਾਂ ਦੀਆਂ ਫ਼ਸਲਾਂ ਦੇ ਸਮਰਥਨ ਮੁੱਲ ਨੂੰ ਕਾਨੂੰਨੀ ਮਾਨਤਾ ਦਿੱਤੀ ਜਾਵੇ ਅਤੇ ਕਰਜ਼ੇ ਵਿੱਚ ਰਾਹਤ ਦਿੱਤੀ ਜਾਵੇ, ਖੇਤੀ ਖੇਤਰ ਲਈ ਰੁਜ਼ਗਾਰ ਸਿਰਜਣ ਦੇ ਉਪਰਾਲੇ ਹੋਣ, ਪਰ ਇਸ ਸੰਬੰਧੀ ਪਹਿਲੀਆਂ ਸਰਕਾਰਾਂ ਨੇ ਵੀ ਅਤੇ ਹੁਣ ਵਾਲੀ ਭਾਜਪਾ ਸਰਕਾਰ ਨੇ ਵੀ ਚੁੱਪ ਵੱਟੀ ਹੋਈ ਹੈ।

ਇਹ ਜਾਣਦਿਆਂ ਹੋਇਆਂ ਵੀ ਕਿ ਦੇਸ਼ ਦਾ ਖੇਤੀ ਖੇਤਰ 142 ਕਰੋੜ ਦੇਸ਼ ਵਾਸੀਆਂ, ਜਿਨ੍ਹਾਂ ਵਿੱਚ 81 ਕਰੋੜ ਉਹ ਲੋਕ ਹਨ, ਜਿਨ੍ਹਾਂ ਨੂੰ ਮੁਫ਼ਤ ਵਿੱਚ ਅਨਾਜ ਮੁਹੱਈਆ ਕੀਤਾ ਜਾਂਦਾ ਹੈ, ਲਈ ਅਤਿਅੰਤ ਜ਼ਰੂਰੀ ਹੈ।ਸਰਕਾਰ ਇਸ ਖੇਤਰ ਦੇ ਵਾਧੇ ਲਈ ਯਤਨ ਕਰਨ ਦੀ ਬਜਾਏ ਇਸ ਖੇਤਰ ਨੂੰ ਮਾਰਨ ਵੱਲ ਤੁਰੀ ਹੋਈ ਹੈ।ਖੇਤੀ ਖੇਤਰ ਜੋ ਦੇਸ਼ ਨੂੰ ਵੱਡਾ ਰੁਜ਼ਗਾਰ ਮੁਹੱਈਆ ਕਰ ਰਿਹਾ ਹੈ, ਉਸ ਨੂੰ ਉਤਸ਼ਾਹਿਤ ਕਰਨ ਅਤੇ ਇਸ ਖੇਤਰ 'ਚ ਹੋਰ ਮੌਕੇ ਮੁਹੱਈਆਂ ਕਰਨ ਵੱਲ ਕੋਈ ਧਿਆਨ ਨਾ ਦੇ ਕੇ, ਇਸ ਨੂੰ ਕਾਰਪੋਰੇਟ ਘਰਾਣਿਆ ਹੱਥ ਸੌਂਪਣ ਦੇ ਯਤਨ ਹੋ ਰਹੇ ਹਨ।ਜਿਵੇਂ ਦੇਸ਼ ਦੇ ਸਾਂਝੇ ਕੁਦਰਤੀ ਸਾਧਨ, ਕਾਰਪੋਰੇਟਾਂ, ਧੰਨ ਕਬੇਰਾਂ ਨੂੰ ਸੌਂਪੇ ਜਾ ਰਹੇ ਹਨ।

ਸਰਵਜਨਕ ਸੰਸਥਾਵਾਂ ਰੇਲਵੇ ਆਦਿ ਦਾ ਨਿੱਜੀਕਰਨ ਹੋ ਰਿਹਾ ਹੈ। ਖੇਤੀ ਜ਼ਮੀਨ ਵੀ ਕਾਰਪੋਰੇਟਾਂ ਨੂੰ ਸੌਂਪਣ ਦੀਆਂ ਸਾਜ਼ਿਸ਼ਾਂ ਹੋ ਰਹੀਆਂ ਹਨ, ਜਿਸ ਨਾਲ ਕਿਸਾਨਾਂ ਤੇ ਖੇਤ ਮਜ਼ਦੂਰਾਂ ਦੀ ਜ਼ਿੰਦਗੀ ਬਦ ਤੋਂ ਬਦਤਰ ਹੋ ਜਾਏਗੀ। ਇੱਕ ਸਰਵੇ ਅਨੁਸਾਰ 2035 ਛੋਟੇ ਕਿਸਾਨ ਹਰ ਰੋਜ਼ ਸਰਕਾਰੀ ਨੀਤੀਆਂ ਤੋਂ ਤੰਗ ਆ ਕੇ ਖੇਤੀ ਛੱਡਣ ਲਈ ਮਜਬੂਰ ਹੋ ਰਹੇ ਹਨ। ਭਾਵੇਂ ਕਿ ਦੇਸ ਦੇ ਕੁੱਲ ਛੋਟੇ ਕਿਸਾਨਾਂ ਵਿੱਚੋਂ 84 ਫੀਸਦੀ ਛੋਟੇ ਕਿਸਾਨ ਖੇਤੀ ਨਹੀਂ ਛੱਡਣਾ ਚਾਹੁੰਦੇ।ਯਾਦ ਰਹੇ ਕਿ ਦੇਸ਼ ਦੇ ਕੁੱਲ ਕਿਸਾਨਾਂ ਵਿੱਚੋਂ 78 ਫੀਸਦੀ ਉਹ ਛੋਟੇ ਕਿਸਾਨ ਹਨ, ਜਿਨ੍ਹਾਂ ਕੋਲ ਦੋ ਹੈਕਟੇਅਰ ਤੋਂ ਘੱਟ ਜ਼ਮੀਨ ਹੈ। ਇਸੇ ਜ਼ਮੀਨ 'ਤੇ ਉਹ ਆਪਣੇ ਪਰਵਾਰ ਦੀ ਦੋ ਡੰਗ ਦੀ ਰੋਟੀ ਚਲਾਉਂਦੇ ਹਨ।

2024 ਦੇ ਇਕਨਾਮਿਕ ਸਰਵੇ ਅਨੁਸਾਰ ਵੀ 2022-23 ਵਿੱਚ 4.7 ਫੀਸਦੀ ਦੀ ਥਾਂ ਖੇਤੀ ਉਤਪਾਦਨ 1.4 ਫੀਸਦੀ ਹੀ ਵਧਿਆ, ਜਦਕਿ ਦੇਸ਼ ਵਿੱਚ ਅਬਾਦੀ ਦਾ ਵਾਧਾ ਲਗਾਤਾਰ ਜਾਰੀ ਹੈ ਅਤੇ ਇਸ ਆਬਾਦੀ ਦੇ ਖਾਧ ਪਦਾਰਥਾਂ ਦੀ ਲੋੜ ਖੇਤੀ ਖੇਤਰ ਨੇ ਪੂਰੀ ਕਰਨੀ ਹੈ। ਇਸੇ ਕਰਕੇ ਖੇਤੀ ਖੇਤਰ ਦੇਸ਼ ਲਈ ਜ਼ਰੂਰੀ ਹੈ।

ਇਸ ਸਾਰੀ ਸਥਿਤੀ ਤੋਂ ਦੇਸ਼ ਦੇ ਕਿਸਾਨ ਪਰੇਸ਼ਾਨ ਹਨ। ਆਤਮ-ਹੱਤਿਆਵਾਂ ਕਰ ਰਹੇ ਹਨ ।ਭੁੱਖ ਦਾ ਸ਼ਿਕਾਰ ਹੋ ਰਹੇ ਹਨ ।ਉਹਨਾਂ ਦੀਆਂ ਜਿਊਣ ਹਾਲਤਾਂ ਚੰਗੀਆਂ ਨਹੀਂ ਹਨ। ਫਸਲਾਂ ਦੇ ਉਤਪਾਦਨ ਦਾ ਫ਼ਾਇਦਾ ਦਲਾਲਾਂ ਵੱਲੋਂ ਵੱਧ ਲਿਆ ਜਾ ਰਿਹਾ ਹੈ । ਕੀ ਇਹੋ ਜਿਹੀਆਂ ਹਾਲਤਾਂ 'ਚ ਸਰਕਾਰ ਦਾ ਫ਼ਰਜ਼ ਨਹੀਂ ਕਿ ਖੇਤੀ ਖੇਤਰ ਨਾਲ਼ ਸੰਬੰਧਤ ਮਸਲਿਆਂ ਦਾ ਫੌਰੀ ਹੱਲ ਕਰੇ।

ਸੁਪਰੀਮ ਕੋਰਟ ਵੱਲੋਂ ਬਣਾਏ ਗਏ ਮਾਹਰਾਂ ਦੇ ਪੈਨਲ ਨੇ ਖੇਤੀ ਖੇਤਰ ਦੀ ਸਹੀ ਤਸਵੀਰ ਜੱਜ ਸਾਹਿਬਾਨਾਂ ਸਾਹਵੇ ਪੇਸ਼ ਕਰ ਦਿੱਤੀ ਹੈ, ਸੁਝਾਅ ਵੀ ਦਿੱਤੇ ਹਨ। ਸੁਪਰੀਮ ਕੋਰਟ ਵੱਲੋਂ ਕਿਸਾਨ ਹਿੱਤਾਂ ਵਿੱਚ ਸਹੀ ਫੈਸਲੇ ਲੈਂਦਿਆਂ, ਕਿਸਾਨਾਂ ਦੀ ਹਾਲਤ ਸੁਧਾਰਨ ਲਈ ਕਦਮ ਪੁੱਟਣ ਲਈ ਕੇਂਦਰ ਸਰਕਾਰ ਨੂੰ ਵੀ ਕਿਹਾ ਜਾਏਗਾ।

ਪਰ ਸਵਾਲ ਤਾਂ ਇਹ ਉੱਠਦਾ ਹੈ ਕਿ ਕੇਂਦਰ ਦੀ ਕਿਸਾਨ ਵਿਰੋਧੀ ਸਰਕਾਰ ਉਹਨਾਂ ਮੰਗਾਂ ਨੂੰ ਮੰਨ ਕੇ ਲਾਗੂ ਕਰ ਦੇਵੇਗੀ, ਜਿਹਨਾਂ ਨੂੰ ਕਾਰਪੋਰੇਟ ਘਰਾਣਿਆਂ ਦੇ ਪ੍ਰਭਾਵ ਹੇਠ ਉਹ ਸਦਾ ਦਰਕਿਨਾਰ ਕਰਦੀ ਰਹੀ ਹੈ।

ਕੇਂਦਰ ਸਰਕਾਰ ਨੂੰ ਸਮਝਣਾ ਹੋਵੇਗਾ ਕਿ ਕਿਸਾਨਾਂ ਦੇ ਮਸਲਿਆਂ ਦਾ ਹੱਲ ਕੀਤੇ ਬਿਨਾਂ ਕਿਸਾਨ ਅੰਦੋਲਨ ਨੂੰ ਠੱਲ੍ਹ ਪਾਉਣੀ ਔਖੀ ਹੈ।ਪਿਛਲੇ ਸਮੇਂ 'ਚ ਕਿਸਾਨ ਅੰਦੋਲਨ ਦੌਰਾਨ 700 ਤੋਂ 800 ਕਿਸਾਨ ਜਾਨ ਤੋਂ ਹੱਥ ਧੋ ਬੈਠੇ, ਸੈਂਕੜੇ ਨਹੀਂ, ਹਜ਼ਾਰਾਂ ਕਿਸਾਨਾਂ 'ਤੇ ਅਦਾਲਤੀ ਕੇਸ ਦਰਜ ਹੋਏ ।ਹੁਣ ਵੀ ਅੰਦੋਲਨ ਨੂੰ ਹੌਲਾ ਕਰਨ ਲਈ ਗ੍ਰਿਫ਼ਤਾਰੀਆਂ ਦਾ ਦੌਰ ਜਾਰੀ ਹੈ । ਕਿਸਾਨਾਂ ਅਤੇ ਕੇਂਦਰ ਸਰਕਾਰ ਵਿਚਾਰ ਤਣੋ-ਤਣੀ ਹੈ। ਪੰਜਾਬ ਅਤੇ ਹਰਿਆਣਾ ਸਰਕਾਰ ਵੀ ਇਸ ਦੀਆਂ ਭਾਗੀਦਾਰ ਹਨ, ਜੋ ਨਿੰਦਣਯੋਗ ਹੈ।

ਕੀ ਕਿਸਾਨਾਂ ਨਾਲ ਗੱਲਬਾਤ ਕਰਕੇ ਮਸਲਿਆਂ ਦਾ ਹੱਲ ਨਹੀਂ ਹੋ ਸਕਦਾ? ਕੀ ਐਡੀਆਂ ਗੰਭੀਰ ਸਮੱਸਿਆਵਾਂ ਲਈ ਵੋਟ ਰਾਜਨੀਤੀ ਕਰਨੀ ਜਾਇਜ਼ ਜਾਂ ਜ਼ਰੂਰੀ ਹੈ?

**# ਸੰਪਰਕ**: 98158-02070

# ਗਰਾਮ ਸਭਾ ਦੇ ਅਜਲਾਸ ਬੁਲਾਉਣੇ ਕਿਉਂ ਜ਼ਰੂਰੀ



ਬ੍ਰਿਸ਼ ਭਾਨ ਬੁਜਰਕ

ਹਰ ਪੰਜ ਸਾਲ ਬਾਅਦ ਪੇਂਡੂ ਖੇਤਰਾਂ ਵਿੱਚ ਪੈਣ ਵਾਲੀਆਂ ਪੰਚਾਇਤੀ ਵੋਟਾਂ ਤੋਂ ਬਾਅਦ ਪੰਜਾਬ ਦੇ ਬਹੁਤ ਗਿਣਤੀ ਪਿੰਡਾਂ ਦੀ ਹਾਲਤ ਜਿਉਂ ਦੀ ਤਿਉ ਹੀ ਰਹਿੰਦੀ ਹੈ। ਗੰਦੇ ਪਾਣੀ ਦਾ ਨਿਕਾਸ, ਪੀਣ ਲਈ ਸਾਫ ਪਾਣੀ, ਸਿੱਖਿਆ ਅਤੇ ਸਿਹਤ ਸਹੂਲਤਾਂ ਸਿਰਫ ਕਾਗਜ਼ੀ ਕਾਰਵਾਈਆਂ ਹੀ ਬਣ ਕੇ ਰਹਿ ਜਾਂਦੀਆਂ ਹਨ। ਪਿੰਡਾਂ ਨੂੰ ਹੋਣ ਵਾਲੀ ਆਮਦਨ ਅਤੇ ਮਿਲਣ ਵਾਲੀਆਂ ਸਰਕਾਰੀ ਗਰਾਂਟਾਂ ਦਾ ਬਹੁਤ ਵੱਡਾ ਹਿੱਸਾ ਰਾਜਨੀਤੀਵਾਨ, ਛੋਟੀ ਤੇ ਵੱਡੀ ਅਫਸਰਸ਼ਾਹੀ ਅਤੇ ਕੁਝ ਪੰਚਾਇਤ ਦੇ ਨੁਮਾਇੰਦੇ ਹੀ ਛਕ ਜਾਂਦੇ ਹਨ। ਜੇਕਰ ਸਰਕਾਰਾਂ ਪੰਜਾਬ ਦੇ ਪਿੰਡਾਂ ਦਾ ਪੂਰਨ ਤੌਰ 'ਤੇ ਵਿਕਾਸ ਕਰਨਾ ਚਾਹੁੰਦੀਆਂ ਹਨ ਤਾਂ ਅਫਸਰਸ਼ਾਹੀ ਨੂੰ ਵਿਚੋਂ ਕੱਢ ਕੇ ਖਰਚਾ ਕਰਨ ਦਾ ਅਧਿਕਾਰ ਸਿਰਫ ਪੰਚਾਇਤ ਨੂੰ ਦਿੱਤਾ ਜਾਣਾ ਚਾਹੀਦਾ ਹੈ। ਬੇਸ਼ੱਕ ਇੱਕ ਸਾਲ ਬਾਅਦ ਪੰਚਾਇਤਾਂ ਦੇ ਖਰਚ ਦੀ ਆਡਿਟ ਰਿਪੋਰਟ ਪ੍ਰਾਪਤ ਕੀਤੀ ਜਾਵੇ, ਕਿਉਕਿ ਗਰਾਂਟਾਂ ਅਤੇ ਪਿੰਡਾਂ ਦੀ ਆਮਦਨ ਦਾ ਬਹੁਤਾ ਹਿੱਸਾ ਅਫਸਰ ਹੀ ਖਾ ਜਾਂਦੇ ਹਨ। ਕਾਂਗਰਸ ਦੇ ਕਾਰਜਕਾਲ ਸਮੇਂ ਪੰਚਾਇਤਾਂ ਦੇ ਹਿਸਾਬ-ਕਿਤਾਬ ਦੇ ਆਡਿਟ ਦੀ ਯੋਜਨਾ ਤਿਆਰ ਕੀਤੀ ਗਈ ਸੀ, ਪਰ ਉਸ ਯੋਜਨਾ ਦਾ ਸਾਰੇ ਪੰਜਾਬ 'ਚ ਵਿਰੋਧ ਕੀਤਾ ਗਿਆ, ਕਿਉਂਕਿ ਜ਼ਿਆਦਾਤਰ ਗਰਾਂਟਾਂ ਅਤੇ ਹੋਰ ਪੈਸੇ ਤਾਂ ਸੈਕਟਰੀ ਤੋਂ ਲੈ ਕੇ ਬੀ ਡੀ ਪੀ ਓ ਡੀ ਡੀ ਪੀ ਓ ਅਤੇ ਪੰਚਾਇਤੀ ਵਿਭਾਗ ਦੇ ਡਾਇਰੈਕਟਰ ਸਮੇਤ ਹੋਰ ਵਿਚਕਾਰ ਵਾਲੇ ਦਰਜਨਾਂ ਹੀ ਅਫਸਰ ਖਾ ਗਏ, ਪਰ ਆਡਿਟ ਦੀ ਜਵਾਬਦੇਹੀ ਇਕੱਲੇ ਸਰਪੰਚ ਦੀ ਬਣ ਗਈ, ਜਿਸ ਕਰਕੇ ਪੰਜਾਬ ਸਰਕਾਰ ਨੂੰ ਗਰਾਂਟਾਂ ਦੇ ਖਰਚ ਵਾਲਾ ਕੰਮ ਹੀ ਇਕੱਲੀ ਪੰਚਾਇਤ ਨੂੰ ਦਿੱਤਾ ਜਾਣਾ ਚਾਹੀਦਾ ਹੈ। ਇਸ ਖਰਚ ਦੇ ਵਿਚਕਾਰ ਕਿਸੇ ਵੀ ਅਫਸਰ ਦੀ ਦਖਲਅੰਦਾਜ਼ੀ ਨਹੀ ਹੋਣੀ ਚਾਹੀਦੀ। ਵਿਭਾਗ ਦੇ ਜੇ ਈ ਤੋਂ ਲੈ ਕੇ ਐੱਸ ਡੀ ਓ, ਐਕਸੀਅਨ ਤੱਕ ਕੀਤੇ ਗਏ ਕੰਮਾਂ ਦੀ ਪੜਤਾਲ ਕਰ ਸਕਦੇ ਹਨ। ਦੂਸਰੇ ਪਾਸੇ ਆਮ ਆਦਮੀ ਪਾਰਟੀ ਦੀ ਵਜ਼ਾਰਤ ਵਾਲੀ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਬਿਆਨ ਦਿੱਤਾ ਗਿਆ ਸੀ ਕਿ ਪੰਚ/ਸਰਪੰਚ ਬਣਨ ਲਈ 40 ਲੱਖ ਰੁਪਏ ਖਰਚ ਕਰਨ ਦੀ ਜ਼ਰੂਰਤ ਨਹੀ ਹੈ, ਕਿਉਂਕਿ ਮੈਂ ਪੰਚਾਇਤਾਂ ਦਾ ਇੱਕ ਵੀ ਰੁਪਈਆ ਨਹੀਂ ਖਾਣ ਦੇਣਾ। ਮਨਰੇਗਾ ਸਕੀਮਾਂ ਦਾ ਜ਼ਿਆਦਾਤਰ ਪੈਸਾ ਅਫਸਰਸਾਹੀ ਛਕ-ਛਕਾ ਜਾਂਦੀ ਹੈ, ਜਿਸ ਦੀ ਪਿੰਡ ਪੱਧਰ 'ਤੇ ਕੋਈ ਜਾਂਚ-ਪੜਤਾਲ ਨਹੀ ਹੁੰਦੀ। ਹੈਰਾਨੀਜਨਕ ਪਹਿਲੂ ਇਹ ਵੀ ਹੈ ਕਿ ਅਜ਼ਾਦੀ ਦੇ ਕਈ ਦਹਾਕੇ ਬੀਤ ਜਾਣ ਬਾਅਦ ਵੀ ਪਿੰਡਾਂ ਨੂੰ ਗਲੀਆਂ-ਨਾਲੀਆਂ ਅਤੇ ਮੜ੍ਹੀਆਂ-ਮਸਾਣਾਂ ਦੀਆਂ ਗਰਾਂਟਾਂ ਤੋਂ ਬਾਹਰ ਕੱਢ ਕੇ ਸਵੈ-ਰੁਜਗਾਰ ਨਾਲ ਜੋੜਨ ਦਾ ਕੋਈ ਉਪਰਾਲਾ ਨਹੀ ਕੀਤਾ ਗਿਆ, ਕਿਉਕਿ ਹਰ ਦਿਨ ਵਧ ਰਹੀ ਮਹਿੰਗਾਈ ਕਾਰਨ ਲੋਕਾਂ ਦੀ ਆਰਥਿਕ ਸਥਿਤੀ ਡਾਵਾਂਡੋਲ ਹੁੰਦੀ ਜਾ ਰਹੀ ਹੈ। ਹੁਣ ਪਿੰਡਾਂ ਵਿੱਚ ਲੋਕਾਂ ਕੋਲ ਪਹਿਲਾਂ ਦੀ ਤਰ੍ਹਾਂ ਆਪਣੇ ਪਰਵਾਰਕ ਖਰਚੇ ਤੋਰਨ ਲਈ ਘਰੇਲੂ ਪੈਦਾਵਾਰ ਵੀ ਨਹੀ ਰਹੀ, ਸਗੋ ਬਜ਼ਾਰੂ ਸੋਚ ਨੇ ਇਨ੍ਹਾਂ ਲੋਕਾਂ ਨੂੰ ਸ਼ਹਿਰੀਕਰਨ ਵਿੱਚ ਖੜ੍ਹਾ ਕਰ ਦਿੱਤਾ ਹੈ। ਜਿੱਥੋਂ ਇਨ੍ਹਾਂ ਨੂੰ ਹਰ ਵਰਤੋਂ ਵਾਲੀ ਚੀਜ਼ ਪੈਸੇ ਨਾਲ ਹੀ ਖਰੀਦਣੀ ਪੈਂਦੀ ਹੈ, ਕਿਉਂਕਿ ਉਨ੍ਹਾਂ ਦੀਆਂ ਬੁਨਿਆਦੀ ਜ਼ਰੂਰਤਾਂ ਅਤੇ ਰੁਜ਼ਗਾਰ ਬਹੁਤ ਵੱਡੀ ਚੁਣੌਤੀ ਲੈ ਕੇ ਆ ਰਿਹਾ ਹੈ। ਫਿਰ ਵੀ ਚੋਣਾਂ ਨੂੰ ਜਿੱਤਣ ਲਈ ਪਿੰਡਾਂ ਅੰਦਰ ਲੱਖਾਂ ਰੁਪਏ ਖਰਚ ਕੀਤੇ ਗਏ ਹਨ, ਜਿਹੜੇ ਲੋਕਤੰਤਰ ਦੀ ਬਜਾਏ ਦੇਸ਼ ਦੇ ਢਾਂਚੇ ਨੂੰ ਲੋਟੂ ਟੋਲੇ ਅਤੇ ਪੂੰਜੀਵਾਦ ਵੱਲ ਧੱਕ ਰਹੇ ਹਨ।

ਦੇਸ਼ ਦੇ ਕਈ ਪੱਛੜੇ ਹੋਏ ਰਾਜਾਂ ਦੀ ਤਰ੍ਹਾਂ ਪੰਜਾਬ ਵਿੱਚ ਵੀ ਪੰਚਾਇਤੀ ਚੋਣਾਂ ਦੌਰਾਨ ਸ਼ਰਾਬ, ਕਬਾਬ, ਭੁੱਕੀ, ਅਫੀਮ ਹਰ ਤਰ੍ਹਾਂ ਦਾ ਨਸ਼ਾ ਵੰਡਿਆ ਗਿਆ ਹੈ। ਇਸ ਤਰ੍ਹਾਂ ਹੋਣ ਨਾਲ ਨਸ਼ਿਆਂ ਦੇ ਸੌਦਾਗਰ ਪੈਸਿਆਂ ਨਾਲ ਆਪਣੀਆਂ ਜੇਬਾਂ ਭਰਦੇ ਰਹੇ ਅਤੇ ਲੋਕਤੰਤਰ ਇਨ੍ਹਾਂ ਨਸ਼ਿਆਂ ਦੇ ਦਰਿਆ ਵਿੱਚ ਹੀ ਰੁਲਦਾ ਰਿਹਾ। ਸਰਪੰਚੀ ਦੀ ਚੋਣ ਲੜ ਰਹੇ ਉਮੀਦਵਾਰਾਂ ਨੇ 25 ਤੋਂ 50 ਲੱਖ ਰੁਪਏ ਤੱਕ ਵੀ ਖਰਚ ਕੀਤਾ ਹੈ। ਇਸ ਤਰ੍ਹਾਂ ਦੇ ਰੁਝਾਨ ਨੇ ਪਿੰਡਾਂ ਵਿੱਚ ਲੋਕਤੰਤਰੀ ਸਿਸਟਮ ਨੂੰ ਪੂੰਜੀਵਾਦ ਵੱਲ ਹੀ ਨਹੀ ਧੱਕਿਆ, ਸਗੋਂ ਬਾਹੂਬਲ ਤੇ ਪੈਸੇ ਦੇ ਸਹਾਰੇ ਚੋਣਾਂ ਲੜਨ ਅਤੇ ਜਿੱਤਣ ਨੂੰ ਵੀ ਤਰਜੀਹ ਦਿੱਤੀ ਹੈ। ਨਸ਼ਿਆਂ ਵਰਗੇ ਭਿਆਨਕ ਦੌਰ ਵਿੱਚੋਂ ਗੁਜ਼ਰ ਰਹੇ ਪੰਜਾਬ ਦੇ ਲੋਕਾਂ ਲਈ ਵੋਟਤੰਤਰ ਦੇ ਨਾਂਅ 'ਤੇ ਵਰਤਾਇਆ ਜਾਣ ਵਾਲਾ ਨਸ਼ਾਤੰਤਰ ਮਾੜੇ ਦਿਨਾਂ ਦੀ ਨਿਸ਼ਾਨੀ ਹੈ।

ਲੇਖ ਦੇ ਸ਼ੁਰੂ 'ਚ ਦੱਸਿਆ ਗਿਆ ਹੈ ਕਿ ਸਰਕਾਰ ਪਿੰਡਾਂ ਦੀਆਂ ਪੰਚਾਇਤਾਂ ਲਈ ਕੀ ਕਰ ਸਕਦੀ ਹੈ ਅਤੇ ਲੋਕ ਪਿੰਡਾਂ ਦੇ ਵਿਕਾਸ ਕਾਰਜਾਂ ਦੇ ਕੰਮ ਕਰਵਾਉਣ ਲਈ ਗਰਾਮ ਸਭਾ ਦੇ ਅਜਲਾਸ ਬੁਲਾ ਸਕਦੇ ਹਨ। ਇਹ ਸਭ ਤੋਂ ਵਧੀਆ ਢੰਗ ਹੈ, ਕਿਉਂਕਿ ਗਰਾਮ ਸਭਾ ਪਿੰਡ ਪੱਧਰ ਦੀ ਮਿੰਨੀ ਪਾਰਲੀਮੈਂਟ ਹੁੰਦੀ ਹੈ। ਗਰਾਮ ਸਭਾ ਵਲੋਂ ਪਾਏ ਗਏ ਮਤੇ ਨੂੰ ਕੋਈ ਵੀ ਰੱਦ ਨਹੀ ਕਰ ਸਕਦਾ, ਜਿਸ ਕਰਕੇ ਲੋਕਾਂ ਨੂੰ ਗਰਾਮ ਸਭਾ ਰਾਹੀਂ ਹੀ ਵਿਕਾਸ ਦੇ ਕੰਮ ਕਰਵਾਉਣੇ ਚਾਹੀਦੇ ਹਨ।

**# ਸੰਪਰਕ** : 98761-01698

# ਖੁਦਕੁਸ਼ੀਆਂ ਦਾ ਵਧਦਾ ਰੁਝਾਨ ਚਿੰਤਾ ਦਾ ਵਿਸ਼ਾ

**ਵਰਿੰਦਰ ਸ਼ਰਮਾ**



ਹਰ ਰੋਜ਼ ਸਵੇਰੇ-ਸਵੇਰੇ ਸਾਰੇ ਅਖ਼ਬਾਰਾਂ ਦੇ ਜ਼ਿਆਦਾਤਰ ਪੰਨੇ ਵਧ ਰਹੀਆਂ ਖ਼ੁਦਕੁਸ਼ੀਆਂ ਦੀਆਂ ਚਿੰਤਾਜਨਕ ਘਟਨਾਵਾਂ ਦੇ ਨਾਲ ਭਰੇ ਰਹਿੰਦੇ ਹਨ। ਦਰਅਸਲ ਇਹ ਬਹੁਤ ਗੰਭੀਰ ਮਾਮਲਾ ਹੈ। ਅਜੋਕੇ ਸਮੇਂ ਵਿੱਚ ਇਸ ਬਾਰੇ ਸੋਚਣਾ ਬਹੁਤ ਜ਼ਰੂਰੀ ਹੈ। ਰੱਬ ਨੇ ਸਾਨੂੰ ਜ਼ਿੰਦਗੀ ਦਿੱਤੀ ਹੈ ਜਿਉਣ ਲਈ ਪਰ ਦੁੱਖ ਦੀ ਗੱਲ ਹੈ ਕਿ ਲੋਕ ਆਪਣੀ ਕੀਮਤੀ ਜ਼ਿੰਦਗੀ ਆਪਣੇ ਆਪ ਹੀ ਖਤਮ ਕਰ ਰਹੇ ਹਨ। ਇਸ ਤੋਂ ਪਹਿਲਾਂ ਜ਼ਿਆਦਾਤਰ ਨੌਜਵਾਨ ਹੀ ਖੁਦਕੁਸ਼ੀਆਂ ਕਰਦੇ ਸਨ, ਪਰ ਹੁਣ 7-8 ਸਾਲ ਦੇ ਬੱਚਿਆਂ ਸਮੇਤ ਅੱਧਖੜ ਉਮਰ ਦੇ ਮਰਦ-ਔਰਤਾਂ ਨੇ ਵੀ ਆਪਣੀ ਜੀਵਨ ਲੀਲਾ ਸਮਾਪਤ ਕਰਨੀ ਸ਼ੁਰੂ ਕਰ ਦਿੱਤੀ ਹੈ। ਇਸ ਦਾ ਕਾਰਨ ਕੋਈ ਵੀ ਹੋ ਸਕਦਾ ਹੈ, ਪਰ ਖੁਦਕੁਸ਼ੀ ਨੂੰ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਸਾਨੂੰ ਆਪਣੇ ਆਪ ਨੂੰ ਮਾਰਨ ਦਾ ਹੱਕ ਕਿਸ ਨੇ ਦਿੱਤਾ ਹੈ? ਸਾਡੇ ਕੋਲ ਇਸ ਦਾ ਕੋਈ ਜਵਾਬ ਨਹੀਂ ।

ਹੁਣ ਲੋਕਾਂ 'ਚ ਇਕ ਹੋਰ ਰੁਝਾਨ ਆ ਗਿਆ ਹੈ, ਉਹ ਹੈ ਫੇਸਬੁਕ 'ਤੇ ਲਾਈਵ ਹੋ ਕੇ ਖੁਦਕੁਸ਼ੀ ਕਰਨਾ। ਇਹ ਲੋਕ ਮੌਤ ਨੂੰ ਗਲੇ ਲਗਾਉਣ ਨੂੰ ਖੇਡ ਸਮਝਣ ਲੱਗ ਪਏ ਹਨ। ਉਨ੍ਹਾਂ ਦੇ ਦਿਮਾਗ 'ਚ ਇਹ ਰੁਝਾਨ ਕਿਵੇਂ ਆਇਆ? ਮੋਬਾਈਲ, ਨਸ਼ਾ, ਬੇਰੁਜ਼ਗਾਰੀ, ਨਜਾਇਜ਼ ਸੰਬੰਧ, ਅਸਹਿਣਸ਼ੀਲਤਾ, ਅਤਿ ਦੇ ਗੁੱਸੇ ਦੀ ਭਾਵਨਾ, ਜ਼ਮੀਨ-ਜਾਇਦਾਦ ਦੇ ਝਗੜੇ ਅਤੇ ਵੱਡੇ ਖਰਚਿਆਂ ਨਾਲ ਐਸ਼ੋ-ਆਰਾਮ ਦੀ ਜ਼ਿੰਦਗੀ ਜਿਊਣ ਦੀ ਇੱਛਾ ਨੂੰ ਧਿਆਨ 'ਚ ਰੱਖਣਾ ਆਦਿ ਹੋਰ ਵੀ ਬਹੁਤ ਸਾਰੇ ਕਾਰਨ ਨੌਜਵਾਨ ਵਰਗ ਨੂੰ ਇਸ ਰੁਝਾਨ ਵੱਲ ਆਕਰਸ਼ਿਤ ਕਰ ਰਹੇ ਹਨ । ਬਿਨਾਂ ਸ਼ੱਕ ਕੋਈ ਵੀ ਵਿਅਕਤੀ ਇਸ ਸੰਸਾਰ ਨੂੰ ਛੱਡਣਾ ਨਹੀਂ ਚਾਹੁੰਦਾ, ਫਿਰ ਅਜਿਹੇ ਵਿਚਾਰ ਮਨ 'ਚ ਕਿਉਂ ਪੈਦਾ ਹੁੰਦੇ ਹਨ। ਆਪਣੇ ਆਪ ਨੂੰ ਮਾਰਨਾ ਅਤੇ ਇੱਥੋਂ ਚਲੇ ਜਾਣਾ ਕਿਸੇ ਵੀ ਸੂਰਤ ਵਿੱਚ ਬਹਾਦਰੀ ਵਾਲਾ ਕਦਮ ਨਹੀਂ ਕਿਹਾ ਜਾ ਸਕਦਾ । ਇਹ ਤਾਂ ਸਰਾਸਰ ਕਾਇਰਤਾ ਹੈ।

ਮਾਹਰਾਂ ਦਾ ਕਹਿਣਾ ਹੈ ਕਿ ਜੇਕਰ ਕੋਈ ਵਿਅਕਤੀ 40 ਦਿਨਾਂ ਤੱਕ ਲਗਾਤਾਰ ਇਕੋ ਹੀ ਵਿਚਾਰ ਸੋਚਦਾ ਰਹਿੰਦਾ ਹੈ ਤਾਂ ਉਹ ਤਣਾਅਗ੍ਰਸਤ ਹੋ ਜਾਂਦਾ ਹੈ। ਸਿਰਫ਼ ਇਹੀ ਤਣਾਅ ਉਸ ਲਈ ਘਾਤਕ ਸਾਬਤ ਹੋ ਸਕਦਾ ਹੈ। ਨਸ਼ਾ ਕਿਸੇ ਵੀ ਨੌਜਵਾਨ ਵਰਗ ਦੀ ਮੌਤ ਦਾ ਮੁੱਖ ਕਾਰਨ ਵੀ ਬਣਦਾ ਜਾ ਰਿਹਾ ਹੈ। ਨੌਜਵਾਨ ਲੜਕੇ-ਲੜਕੀਆਂ ਨਸ਼ੇ ਦੀ ਓਵਰਡੋਜ਼ ਕਾਰਨ ਰੋਜ਼ਾਨਾ ਮੌਤ ਨੂੰ ਗਲੇ ਲੱਗਾ ਰਹੇ ਹਨ। ਮੋਬਾਇਲ ਨੇ ਸਾਡੇ ਸਮਾਜ ਨੂੰ ਪੂਰੀ ਤਰ੍ਹਾਂ ਨਾਲ ਵਿਗਾੜ ਕੇ ਰੱਖ ਦਿੱਤਾ ਹੈ । ਇਸ 'ਚ ਸਾਰੀ ਦੁਨੀਆ ਦੇ ਗਿਆਨ ਦਾ ਭੰਡਾਰ ਭਰਿਆ ਹੋਇਆ ਹੈ। ਮਾਰੂ ਹਥਿਆਰਾਂ ਨਾਲ ਲੈਸ ਲਾਈਵ ਗੇਮਾਂ ਦਾ ਰੁਝਾਨ ਵੀ ਪੂਰੀ ਦੁਨੀਆ 'ਤੇ ਭਾਰੀ ਪੈ ਰਿਹਾ ਹੈ । ਆਨ ਲਾਈਨ ਗੇਮਾਂ ਕਾਰਨ ਲੋਕਾਂ ਦਾ ਜੀਵਨ ਤਬਾਹ ਹੋ ਰਿਹਾ ਹੈ । ਅਜਿਹੀਆਂ ਘਟਨਾਵਾਂ ਵੀ ਸਾਹਮਣੇ ਆਈਆਂ ਹਨ, ਜਦੋਂ ਮਾਪਿਆਂ ਨੇ ਆਪਣੇ ਬੱਚਿਆਂ ਨੂੰ ਮੋਬਾਇਲ ਦੀ ਜ਼ਿਆਦਾ ਵਰਤੋਂ ਕਰਨ ਦੀ ਬਜਾਏ ਪੜ੍ਹਣ ਲਈ ਕਿਹਾ ਜਾਂ ਉਨ੍ਹਾਂ ਤੋਂ ਫ਼ੋਨ ਖੋਹ ਲਿਆ ਤਾਂ ਉਹ ਝੱਟ ਗੁੱਸੇ ਵਿੱਚ ਆ ਗਏ ਅਤੇ ਆਪਣੇ ਗਲੇ ਵਿੱਚ ਫਾਂਸੀ ਲਗਾ ਕੇ ਖੁਦਕੁਸ਼ੀ ਕਰ ਲਈ । ਇਸ ਸਮੱਸਿਆ ਨੂੰ ਸੋਚ-ਸਮਝ ਕੇ ਕਾਬੂ ਕਰਨਾ ਚਾਹੀਦਾ ਹੈ ।ਗੰਨ ਕਲਚਰ ਬੱਚਿਆਂ ਅਤੇ ਨੌਜਵਾਨਾਂ 'ਤੇ ਭਾਰੂ ਪੈ ਰਿਹਾ ਹੈ ।ਇਸ ਦੀ ਤਾਜ਼ਾ ਉਦਾਹਰਣ ਅਮਰੀਕਾ 'ਚ ਇਕ ਛੇ ਸਾਲ ਦੇ ਮੁੰਡੇ ਵੱਲੋਂ ਆਪਣੀ ਮੈਡਮ ਨੂੰ ਮਾਰਨ ਦੀ ਨੀਅਤ ਨਾਲ ਗੰਨ ਨਾਲ ਚਲਾਈ ਗੋਲੀ ਹੈ। ਆਨ ਲਾਈਨ ਗੇਮਾਂ ਕਾਰਨ ਬਹੁਤ ਸਾਰੇ ਲੋਕ ਮੌਤ ਦੇ ਚੱਕਰ 'ਚ ਫੱਸਦੇ ਜਾ ਰਹੇ ਹਨ ।

ਵਿਆਹੁਤਾ ਜੀਵਨ ਵਿੱਚ ਵਿਘਨ ਵੀ ਖੁਦਕੁਸ਼ੀਆਂ ਦੀ ਜੜ੍ਹ ਬਣ ਰਿਹਾ ਹੈ। ਕਿਸੇ ਨਾ ਕਿਸੇ ਕਾਰਨ ਵਿਆਹੇ ਜੋੜੇ ਕੁਝ ਹੀ ਦਿਨਾਂ 'ਚ ਤਲਾਕ ਤੱਕ ਪਹੁੰਚ ਰਹੇ ਹਨ । ਦਾਜ ਨੂੰ ਵੀ ਇਸ ਦਾ ਮੁੱਖ ਕਾਰਨ ਮੰਨਿਆ ਜਾ ਸਕਦਾ ਹੈ, ਪਰ ਵਿਆਹ ਤੋਂ ਬਾਅਦ ਅਨੈਤਿਕ ਸੰਬੰਧਾਂ ਕਾਰਨ ਲੋਕ ਖੁਦ ਨੂੰ ਅਤੇ ਦੂਜਿਆਂ ਨੂੰ ਮਾਰਨ 'ਤੇ ਤੁਲੇ ਹੋਏ ਹਨ। ਸੈਲਫੀ ਲੈ ਕੇ ਮੌਤ ਨੂੰ ਗਲੇ ਲਗਾਉਣਾ ਅੱਜ ਦੇ ਇਸ ਆਧੁਨਿਕ ਯੁੱਗ ਵਿੱਚ ਇੱਕ ਨਵਾਂ ਰੁਝਾਨ ਬਣਦਾ ਜਾ ਰਿਹਾ ਹੈ। ਇਸ ਦੀ ਪ੍ਰਤੱਖ ਮਿਸਾਲ ਕੁਝ ਸਾਲ ਪਹਿਲਾਂ ਆਪਣੇ ਸਹੁਰਿਆਂ ਖਾਸ ਕਰਕੇ ਆਪਣੇ ਪਤੀ ਤੋਂ ਦੁਖੀ ਆਈਸ਼ਾ ਨਾਂਅ ਦੀ ਲੜਕੀ ਨੇ ਦਰਿਆ ਵਿੱਚ ਛਾਲ ਮਾਰ ਕੇ ਆਪਣੀ ਜੀਵਨ-ਲੀਲ੍ਹਾ ਸਮਾਪਤ ਕਰ ਲਈ। ਇਸ ਭਾਵੁਕ ਵੀਡੀਓ ਨੇ ਸਾਰਿਆਂ ਦਾ ਧਿਆਨ ਆਪਣੇ ਵੱਲ ਖਿੱਚਿਆ। ਜਦੋਂ ਕੋਈ ਵਿਅਕਤੀ ਅਲੱਗ ਬੈਠਦਾ ਹੈ ਤਾਂ ਉਸ ਨੂੰ ਇਕੱਲੇਪਣ ਨਾਲ ਜੂਝਣਾ ਪੈਂਦਾ ਹੈ। ਉਸ ਦੇ ਮਨ ਵਿਚ ਆਏ ਨਕਾਰਾਤਮਕ ਵਿਚਾਰ ਉਸ ਨੂੰ ਖੁਦਕੁਸ਼ੀ ਕਰਨ ਲਈ ਉਤਾਵਲੇ ਕਰਦੇ ਰਹਿੰਦੇ ਹਨ, ਫੇਰ ਇਹ ਦੁਨੀਆ ਉਸ ਨੂੰ ਖਾਲੀ ਜਾਪਣ ਲੱਗਦਾ ਹੈ।

ਇਸ ਤੋਂ ਇਲਾਵਾ ਪਰਵਾਰਕ ਝਗੜੇ, ਗੰਭੀਰ ਬਿਮਾਰੀਆਂ, ਗਰੀਬੀ, ਬੈਂਕਾਂ ਦਾ ਕਰਜ਼ਾ ਅਤੇ ਨੌਜਵਾਨਾਂ ਦਾ ਇਮਤਿਹਾਨਾਂ ਵਿੱਚ ਫੇਲ੍ਹ ਹੋਣਾ ਅਤੇ ਵਿਦੇਸ਼ਾਂ ਵਿੱਚ ਪੜ੍ਹਨ ਜਾਂ ਵੀਜ਼ਾ ਨਾ ਮਿਲਣ ਦਾ ਖਰਚਾ ਆਦਿ ਵੀ ਇਸ ਗੰਭੀਰ ਸਮੱਸਿਆ ਦੇ ਮੂਲ ਕਾਰਨ ਹਨ।

ਸਾਲ 2019 'ਚ ਪੂਰੇ ਭਾਰਤ ਵਿੱਚ ਉਮਰ ਵਰਗ ਦੇ ਹਿਸਾਬ ਨਾਲ ਪ੍ਰਤੀ ਹਜ਼ਾਰ ਦਾ ਅੰਕੜਾ ਲੈਂਦੇ ਹੋਏ, 18 ਸਾਲ ਤੋਂ ਘੱਟ 9.61, 18 ਤੋਂ 30 ਸਾਲ ਦੇ ਨੌਜਵਾਨ ਵਰਗ 48.77, 30 ਤੋਂ 45 ਸਾਲ ਉਮਰ ਵਰਗ 44.29, 45 ਤੋਂ 60 ਸਾਲ ਦੇ ਲੋਕ 25.44 ਅਤੇ ਆਖਰਕਾਰ 60 ਸਾਲ ਤੋਂ ਉੱਪਰ ਦੇ 11.01 ਫੀਸਦੀ ਲੋਕਾਂ ਨੇ ਖੁਦਕੁਸ਼ੀ ਕਰ ਲਈ । ਇਸ ਅਨੁਸਾਰ ਸਾਡੇ ਦੇਸ਼ ਵਿੱਚ 2018 ਦੇ ਮੁਕਾਬਲੇ 2019 ਵਿੱਚ ਖੁਦਕੁਸ਼ੀਆਂ ਦੀ ਪ੍ਰਤੀਸ਼ਤਤਾ ਵਿੱਚ 3.4 ਪ੍ਰਤੀਸ਼ਤ ਦਾ ਵਾਧਾ ਹੋਇਆ ਹੈ । ਪਿਛਲੇ ਚਾਰ ਸਾਲਾਂ 'ਚ ਖੁਦਕੁਸ਼ੀਆਂ 'ਚ 26 ਪ੍ਰਤੀਸ਼ਤ ਵਾਧਾ ਹੋਇਆ । ਇਸ ਤੋਂ ਤੁਸੀਂ ਆਸਾਨੀ ਨਾਲ ਅੰਦਾਜ਼ਾ ਲਗਾ ਸਕਦੇ ਹੋ ਕਿ ਸਥਿਤੀ ਕੀ ਰਹੇਗੀ।

ਇਸ ਗੰਭੀਰ ਸਮੱਸਿਆ ਵੱਲ ਧਿਆਨ ਦੇਣ ਦੀ ਬੇਹੱਦ ਸਖ਼ਤ ਜ਼ਰੂਰਤ ਹੈ, ਨਹੀਂ ਤਾਂ ਖੁਦਕੁਸ਼ੀਆਂ ਦਾ ਸਿਲਸਿਲਾ ਇਸੇ ਤਰ੍ਹਾਂ ਚਲਦਾ ਰਹੇਗਾ । ਇਸ ਨੂੰ ਰੋਕਣ ਲਈ ਸਮਾਜ, ਮਾਪਿਆਂ, ਅਧਿਆਪਕਾਂ ਅਤੇ ਸਮਾਜ ਸੇਵੀ ਸੰਸਥਾਵਾਂ ਦੀ ਉਸਾਰੂ ਸੋਚ ਅਤੇ ਸਹੀ ਸਲਾਹ ਦੀ ਲੋੜ ਹੈ। ਮਨੋਵਿਗਿਆਨੀ ਡਾਕਟਰਾਂ ਦੀ ਸਲਾਹ ਦੀ ਵੀ ਜ਼ਰੂਰਤ ਹੈ । ਬੇਰੁਜ਼ਗਾਰੀ, ਇਮਤਿਹਾਨ ਵਿੱਚ ਚੰਗੇ ਅੰਕ ਨਾ ਮਿਲਣਾ, ਵਾਰ-ਵਾਰ ਫੇਲ੍ਹ ਹੋਣਾ, ਸਮਾਜਿਕ ਰੁਤਬਾ, ਗਰੀਬੀ, ਪ੍ਰੇਮ ਪ੍ਰਸੰਗ, ਜਾਇਦਾਦ ਦਾ ਝਗੜਾ ਆਦਿ ਖੁਦਕੁਸ਼ੀਆਂ ਦੇ ਕਈ ਕਾਰਨ ਹਨ, ਜਿਨ੍ਹਾਂ ਨੂੰ ਸਾਰਥਿਕ ਕੋਸ਼ਿਸ਼ ਕਰਕੇ ਰੋਕਿਆ ਜਾ ਸਕਦਾ ਹੈ।

ਦੇਸ਼ ਵਿੱਚ ਖੁਦਕੁਸ਼ੀ ਰੋਕਥਾਮ ਪ੍ਰੋਗਰਾਮ ਚਲਾਉਣ ਦਾ ਜਲਦ ਤੋਂ ਜਲਦ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ । ਮਾਨਸਿਕ ਰੋਗ, ਜਿਵੇਂ ਡਿਪਰੈਸ਼ਨ, ਨਸ਼ੇ ਦੀ ਵਰਤੋਂ, ਸਾਈਕੋ, ਬੇਚੈਨੀ ਆਦਿ ਵੀ ਖੁਦਕੁਸ਼ੀ ਦੇ ਬਹੁਤ ਵੱਡੇ ਕਾਰਨ ਹਨ । ਇਨ੍ਹਾਂ ਕਾਰਨਾਂ ਦੀ ਚੰਗੀ ਤਰ੍ਹਾਂ ਨਾਲ ਘੋਖ ਕਰਨ ਉਪਰੰਤ ਮਰੀਜ਼ ਦਾ ਇਲਾਜ ਸ਼ੁਰੂ ਕਰਵਾਇਆ ਜਾਵੇ ਤਾਂ ਕਿ ਕੀਮਤੀ ਜਾਨਾਂ ਨੂੰ ਸਮੇਂ ਰਹਿੰਦੇ ਬਚਾਇਆ ਜਾ ਸਕੇ । ਯਾਦ ਰੱਖੋ :

'ਦੋ ਦਿਨ ਦੀ ਇਹ ਜਿੰਦਗਾਨੀ
ਹਰ ਪਲ ਨੂੰ ਖੁੱਲ੍ਹ ਕੇ ਜੀਓ
ਕਾਇਰਤਾ ਦਾ ਘੁੱਟ ਕਦੇ ਨਾ ਪੀਓ।'

**# ਸੰਪਰਕ** : 94172-80333

# ਪੁਲਸ ਵੱਲੋਂ ਮੈਡੀਕਲ ਸਟੋਰਾਂ 'ਤੇ ਛਾਪੇਮਾਰੀ, ਪਾਬੰਦੀਸ਼ੁਦਾ ਦਵਾਈਆਂ ਬਰਾਮਦ



ਮੋਗਾ (ਇਕਬਾਲ ਸਿੰਘ ਖਹਿਰਾ)-ਮੋਗਾ ਪੁਲਸ ਨੇ ਕਈ ਮੈਡੀਲਕ ਸਟੋਰਾਂ 'ਤੇ ਛਾਪਾਮਾਰੀ ਕਰਕੇ ਉਥੋਂ ਪ੍ਰੈਗਾਬੀਲਨ ਆਫ ਸਟਰੈਂਥ 300 ਐਮ.ਜੀ, ਏਗਾਬਾਓਲੇਨ ਦੇ 1319 ਕੈਪਸੂਲ ਗਾਬਾਪੈਂਟਾਈਨ ਦੇ 1076 ਤੇ ਕੈਰੀਸਪੋਰੋਡੋਲ 2790 (ਕੁੱਲ 5185) ਪਬੰਦੀਸ਼ੁਦਾ ਕੈਪਸੂਲ ਬਰਾਮਦ ਕੀਤੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਲਵਦੀਪ ਸਿੰਘ ਡੀ ਐੱਸ ਪੀ (ਡੀ) ਨੇ ਕਿਹਾ ਕਿ ਜ਼ਿਲ੍ਹਾ ਮੋਗਾ ਵਿੱਚ ਨਸ਼ਾ ਸਮੱਗਲਰਾਂ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਅਜੇ ਗਾਂਧੀ ਐੱਸ.ਐੱਸ.ਪੀ. ਮੋਗਾ ਦੇ ਦਿਸ਼ਾ ਨਿਰਦੇਸ਼ ਹੇਠ ਇੰਸਪੈਕਟਰ ਪ੍ਰਤਾਪ ਸਿੰਘ ਇੰਚਾਰਜ ਐਂਟੀ ਨਾਰੋਟਿਕ ਡਰੱਗ ਸੈੱਲ ਮੋਗਾ ਵੱਲੋਂ ਸ੍ਰੀ ਨਵਦੀਪ ਸੰਧੂ ਡਰੱਗ ਇੰਸਪੈਕਟਰ ਮੋਗਾ, ਸ੍ਰੀਮਤੀ ਸੋਨੀਆ ਗੁਪਤਾ ਡਰੱਗ ਇੰਸਪੈਕਟਰ ਫਿਰੋਜ਼ਪੁਰ ਤੇ ਸ੍ਰੀਮਤੀ ਹਰੀਤਾ ਬਾਂਸਲ ਡਰੱਗ ਇੰਸਪੈਕਟਰ ਫਾਜ਼ਿਲਕਾ ਨਾਲ ਸਾਂਝੇ ਤੌਰ 'ਤੇ ਮੋਗਾ ਦੇ ਵੱਖ-ਵੱਖ ਮੈਡੀਕਲ ਸਟੋਰਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਸ ਮੁਹਿੰਮ ਦੌਰਾਨ ਅਡਵਾਂਸ ਮੈਡੀਕੋਜ਼ (ਮੈਡੀਕਲ ਸਟੋਰ) ਨੇੜੇ ਡਾਕਟਰ ਮੱਲ੍ਹੀ ਸਾਹਮਣੇ ਗੋਇਲ ਮਾਰਕੀਟ ਦੀ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਮੈਡੀਕਲ ਸਟੋਰ ਤੋਂ ਪਾਬੰਦੀਸ਼ੁਦਾ ਦਵਾਈਆਂ ਪ੍ਰੈਗਾਬੀਲਨ ਆਫ ਸਟਰੈਂਥ 300 ਐੱਮ.ਜੀ, ਏਗਾਬਾਓਲੇਨ ਦੇ 1319 ਕੈਪਸੂਲ ਗਾਬਾਪੈਂਟਾਈਨ ਦੇ 1076 ਤੇ ਕੈਰੀਸਪੋਰੋਡੋਲ 2790 (ਕੁੱਲ 5185) ਪਬੰਦੀਸ਼ੁਦਾ ਕੈਪਸੂਲ ਬਰਾਮਦ ਕੀਤੇ ਗਏ, ਜਿਸ 'ਤੇ ਰਾਜਨ ਪੁੱਤਰ ਅਸ਼ਵਨੀ ਕੁਮਾਰ ਫਰਮ ਐੱਮ/ਐੱਸ ਐਡਵਾਂਸਡ ਮੈਡੀਕੋਜ਼ ਦੇ ਪ੍ਰੋਪਰਾਈਟਰ ਕਮ ਯੋਗ ਵਿਅਕਤੀ, ਨੇੜੇ ਡਾ. ਮੱਲ੍ਹੀ ਸਾਹਮਣੇ ਗੋਇਲ ਮਾਰਕਿਟ, ਜੀ.ਟੀ.ਰੋਡ ਮੋਗਾ ਅਤੇ ਮੈਡੀਕਲ ਸਟੋਰ ਦੇ ਇੰਚਾਰਜ ਅਸ਼ਵਨੀ ਕੁਮਾਰ ਪੁੱਤਰ ਮੋਹਲ ਲਾਲ ਵਾਸੀ ਨੇੜੇ ਐੱਲ.ਆਈ.ਸੀ. ਦਫਤਰ ਮੇਨ ਜੀ ਟੀ ਰੋਡ ਮੋਗਾ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਅਤੇ ਉਕਤ ਮੈਡੀਕਲ ਸੈਂਟਰ ਨੂੰ ਸੀਲ ਕੀਤਾ ਗਿਆ। ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ। ਮੋਗਾ ਪੁਲਸ ਵੱਲੋਂ ਨਸ਼ੇ ਦੀ ਤਸਕਰੀ ਖਿਲਾਫ ਭਵਿੱਖ ਵਿੱਚ ਅਜਿਹੀਆਂ ਅਚਨਚੇਤ ਚੈਕਿੰਗਾ ਜਾਰੀ ਰਹਿਣਗੀਆਂ।

# ਪ੍ਰੀਖਿਆ ਕੇਂਦਰਾਂ ਦੇ ਆਲੇ-ਦੁਆਲੇ ਧਾਰਾ 163 ਲਾਗੂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਧੀਕ ਜ਼ਿਲ੍ਹਾ ਮੈਜਿਸਟਰੇਟ, ਫ਼ਿਰੋਜ਼ਪੁਰ ਡਾ. ਨਿਧੀ ਕੁਮੁਦ ਬੰਬਾਹ, ਪੀ.ਸੀ.ਐੱਸ. ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪ੍ਰੀਖਿਆ ਕੇਂਦਰਾਂ ਦੇ ਆਲੇ-ਦੁਆਲੇ ਮਿਤੀ 01-12-2024 ਨੂੰ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਲਗਵਾਉਣ ਦੇ ਹੁਕਮ ਜਾਰੀ ਕੀਤੇ ਹਨ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.), ਫ਼ਿਰੋਜ਼ਪੁਰ ਵੱਲੋਂ ਸੂਚਿਤ ਕੀਤਾ ਗਿਆ ਹੈ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਅਜੀਤਗੜ੍ਹ ਵੱਲੋਂ ਪੰਜਾਬ ਰਾਜ ਅਧਿਆਪਕ ਯੋਗਤਾ ਟੈਸਟ 01-12-2024 ਨੂੰ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਫ਼ਿਰੋਜ਼ਪੁਰ ਜ਼ਿਲ੍ਹੇ ਦੇ ਕੁੱਲ 14 ਕੇਂਦਰ ਬਣਾਏ ਗਏ ਹਨ ਤੇ ਐੱਮ ਐੱਲ ਐੱਮ ਸੀਨੀਅਰ ਸੈਕੰਡਰੀ ਸਕੂਲ ਫਿਰੋਜ਼ਪੁਰ ਕੈਂਟ ਵਿਖੇ ਨੋਡਲ ਸੈਂਟਰ/ਕੁਲੈਕਸ਼ਨ ਸੈਂਟਰ ਬਣਾਇਆ ਗਿਆ ਹੈ।ਇਸ ਸਬੰਧੀ ਉਨ੍ਹਾਂ ਵੱਲੋਂ ਪ੍ਰੀਖਿਆ ਕੇਂਦਰ ਤੇ ਨੋਡਲ ਸੈਂਟਰ ਵਿੱਚ ਸੁਰੱਖਿਆ ਨੂੰ ਮੱਦੇਨਜ਼ਰ ਰੱਖਦੇ ਹੋਏ ਧਾਰਾ 163 ਲਗਾਉਣ ਲਈ ਬੇਨਤੀ ਕੀਤੀ ਗਈ ਸੀ। ਇਹ ਹੁਕਮ ਇਨ੍ਹਾਂ ਪ੍ਰੀਖਿਆਵਾਂ 'ਤੇ ਡਿਊਟੀ ਦੇ ਰਹੇ ਮੁਲਾਜ਼ਮਾਂ 'ਤੇ ਲਾਗੂ ਨਹੀਂ ਹੋਣਗੇ।

# ਬੱਸ ਸਟੈਂਡ ਤੋਂ ਪਰਸ ਚੋਰੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਸ਼ਹਿਰ ਬੱਸ ਸਟੈਂਡ 'ਤੇ ਵਾਪਰੇ ਚੋਰੀ ਦੇ ਮਾਮਲੇ ਨੇ ਸਥਾਨਕ ਲੋਕਾਂ ਵਿੱਚ ਚਿੰਤਾ ਪੈਦਾ ਕਰ ਦਿੱਤੀ ਹੈ।ਪ੍ਰਭਜੋਤ ਕੌਰ, ਜੋ ਫ਼ਾਜ਼ਿਲਕਾ ਜ਼ਿਲ੍ਹੇ ਦੀ ਰਹਿਣ ਵਾਲੀ ਹੈ, ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ ਜਦੋਂ ਉਹ ਆਪਣੇ ਪਤੀ ਦੇ ਨਾਲ ਵਿਆਹ ਦੇ ਪ੍ਰੋਗਰਾਮ ਤੋਂ ਵਾਪਸ ਜਾ ਰਹੀ ਸੀ, ਉਸ ਸਮੇਂ ਬੱਸ 'ਤੇ ਚੜ੍ਹਦੇ ਹੋਏ ਉਸ ਦਾ ਪਰਸ ਚੋਰੀ ਹੋ ਗਿਆ।ਪ੍ਰਭਜੋਤ ਕੌਰ ਨੇ ਦੱਸਿਆ ਕਿ ਉਸ ਦੇ ਪਰਸ ਵਿੱਚ ਸੋਨੇ ਦੇ ਗਹਿਣੇ ਤੇ ਚਾਂਦੀ ਦੀ ਪੰਜੇਬ, ਜਿਸ ਦੀ ਕੀਮਤ 4 ਲੱਖ ਰੁਪਏ ਹੈ। ਪੁਲਸ ਸੀਸੀਟੀਵੀ ਫੁਟੇਜ ਦੀ ਗਹਿਰਾਈ ਨਾਲ ਜਾਂਚ ਕਰ ਰਹੀ ਹੈ।ਸ਼ਿਕਾਇਤਕਰਤਾ ਦੀ ਮਦਦ ਨਾਲ ਦੋਸ਼ੀਆਂ ਦੀ ਪਛਾਣ ਕਰਨ ਦੀ ਕੋਸ਼ਿਸ਼ ਜਾਰੀ ਹੈ।

# ਯੁੱਧਾਂ ਤੋਂ ਪੈਦਾ ਹੋਏ ਸਿਹਤ ਤੇ ਮਾਨਵਤਾਵਾਦੀ ਸੰਕਟ ਬਾਰੇ ਪਹਿਲੀ ਨੂੰ ਨਵੀਂ ਦਿੱਲੀ 'ਚ ਚਰਚਾ : ਡਾ. ਮਿੱਤਰਾ



**ਲੁਧਿਆਣਾ (ਐੱਮ ਐੱਸ ਭਾਟੀਆ)**

ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ (ਆਈ ਡੀ ਪੀ ਡੀ) ਵੱਲੋਂ ਕਰਵਾਏ ਇੱਕ ਅੰਤਰਰਾਸ਼ਟਰੀ ਸੈਮੀਨਾਰ ਵਿੱਚ, ਪ੍ਰਮਾਣੂ ਯੁੱਧ ਦੀ ਰੋਕਥਾਮ ਲਈ ਅੰਤਰਰਾਸ਼ਟਰੀ ਡਾਕਟਰਾਂ (ਆਈ ਪੀ ਪੀ ਐੱਨ ਡਬਲਯੂ) ਦੇ ਵੱਖ-ਵੱਖ ਸਹਿਯੋਗੀ 1 ਦਸੰਬਰ 2024 ਨੂੰ ਨਵੀਂ ਦਿੱਲੀ ਵਿਖੇ 'ਚੱਲ ਰਹੇ ਯੁੱਧਾਂ ਦੌਰਾਨ ਸਿਹਤ ਤੇ ਮਨੁੱਖਤਾਵਾਦੀ ਸੰਕਟ' ਵਿਸ਼ੇ 'ਤੇ ਵਿਚਾਰ- ਵਟਾਂਦਰਾ ਕਰਨ ਲਈ ਮਿਲਣਗੇ।ਇਸ ਵਿੱਚ ਆਸਟ੍ਰੇਲੀਆ, ਨੇਪਾਲ, ਸ਼੍ਰੀਲੰਕਾ ਤੇ ਭਾਰਤ ਦੇ ਵੱਖ-ਵੱਖ ਰਾਜਾਂ ਤੋਂ ਡਾਕਟਰ ਹਿੱਸਾ ਲੈਣਗੇ।ਉਹ ਵਧ ਰਹੇ ਪ੍ਰਮਾਣੂ ਖ਼ਤਰੇ, ਮੱਧ ਪੂਰਬ ਵਿੱਚ ਸ਼ਾਂਤੀ ਦੀਆਂ ਸੰਭਾਵਨਾਵਾਂ, ਚੱਲ ਰਹੇ ਯੁੱਧ ਤੇ ਵਿਸ਼ਵਵਿਆਪੀ ਪ੍ਰਭਾਵ ਅਤੇ ਸ਼ਾਂਤੀ ਲਈ ਇੱਕ ਘੋਸ਼ਣਾ ਪੱਤਰ ਤਿਆਰ ਕਰਨਗੇ।ਯੁੱਧਾਂ ਦੇ ਅੰਤ ਲਈ ਪ੍ਰਭਾਵਸ਼ਾਲੀ ਵਿਸ਼ਵ ਪੱਧਰੀ ਯਤਨ, ਗਾਜ਼ਾ ਤੇ ਯੂਕਰੇਨ ਦੇ ਲੋਕਾਂ ਨੂੰ ਮਾਨਵਤਾਵਾਦੀ ਸਹਾਇਤਾ ਨੂੰ ਯਕੀਨੀ ਬਣਾਉਣਾ, ਸਿਹਤ ਕਰਮਚਾਰੀਆਂ ਤੇ ਸਿਹਤ ਸੰਭਾਲ ਸਹੂਲਤਾਂ ਦੀ ਸੁਰੱਖਿਆ ਦੀ ਗਰੰਟੀ ਕਰਨ ਦੀ ਮੰਗ ਕੀਤੀ ਜਾਏਗੀ।ਅਜਿਹੀ ਸਥਿਤੀ ਦੀ ਨਿਰੰਤਰਤਾ ਵਿੱਚ ਪ੍ਰਮਾਣੂ ਹਥਿਆਰਾਂ ਦੀ ਵਰਤੋਂ ਦਾ ਖਤਰਾ ਬਣਿਆ ਹੋਇਆ ਹੈ, ਜੋ ਵਿਨਾਸ਼ਕਾਰੀ ਹੋਵੇਗਾ।ਮੀਟਿੰਗ ਵਿੱਚ ਸੰਘਰਸ਼ ਵਾਲੇ ਖੇਤਰਾਂ ਵਿੱਚ ਬਾਹਰੀ ਦਖਲ-ਅੰਦਾਜ਼ੀ ਨੂੰ ਖਤਮ ਕਰਨ ਦੀ ਵੀ ਮੰਗ ਕੀਤੀ ਜਾਵੇਗੀ।

# ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕੱਟੇ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਮੇਨ ਚੌਕ ਨਿਹਾਲ ਸਿੰਘ ਵਾਲਾ ਵਿਖੇ ਐੱਸ ਐੱਸ ਪੀ ਅਜੈ ਗਾਂਧੀ ਤੇ ਡਿਪਟੀ ਅਨਵਰ ਅਲੀ ਐੱਸ ਐੱਚ ਓ ਵੱਲੋਂ ਨਸ਼ਿਆਂ ਤੇ ਲੁੱਟਾਂ ਖੋਹਾਂ ਵਰਗੀਆਂ ਘਟਨਾਵਾਂ ਨੂੰ ਰੋਕਣ ਲਈ ਮੇਨ ਚੌਕ ਵਿਖੇ ਏ ਐੱਸ ਆਈ ਗੁਰਤੇਜ ਸਿੰਘ ਤੇ ਉਨ੍ਹਾਂ ਦੀ ਪੂਰੀ ਟੀਮ ਵੱਲੋਂ ਚਲਾਨ ਕੱਟੇ ਗਏ।ਉਨ੍ਹਾਂ ਵੱਲੋਂ ਸਖਤ ਹਦਾਇਤਾਂ ਵੀ ਦਿੱਤੀਆਂ ਗਈਆਂ ਕਿ ਉਹ ਆਪਣੇ ਵਹੀਕਲਾਂ ਦੇ ਕਾਗਜ਼ ਪੂਰੇ ਕਰ ਲੈਣ ਨਹੀਂ ਤਾਂ ਉਸ ਤੋਂ ਬਾਅਦ ਕਿਸੇ ਵੀ ਹਾਲਤ 'ਚ ਬਖਸ਼ਿਆ ਨਹੀਂ ਜਾਵੇਗਾ।

# ਸਵਾਮੀ ਰੂਪ ਚੰਦ ਜੈਨ ਸਕੂਲ ਦੀ ਵਿਦਿਆਰਥਣ ਓਲੰਪੀਅਡ ਦੀ ਚੈਂਪੀਅਨ ਬਣੀ

## ਪ੍ਰਿੰਸੀਪਲ ਤੇ ਅਧਿਆਪਕ ਸਮੇਤ ਐਵਾਰਡ ਨਾਲ ਸਨਮਾਨਤ



**ਜਗਰਾਉਂ (ਅਮਿਤ ਖੰਨਾ)**-ਬੀਤੇ ਦਿਨੀਂ ਚੰਡੀਗੜ੍ਹ ਯੂਨੀਵਰਸਿਟੀ ਵੱਲੋਂ ਐੱਫਏਪੀ ਨੈਸ਼ਨਲ ਐਵਾਰਡ 2024 ਕਰਵਾਇਆ ਗਿਆ।ਇਸ ਐਵਾਰਡ ਸਮਾਗਮ ਦੌਰਾਨ ਪੰਜਾਬ ਦੇ ਚੰਗੇ ਨਿੱਜੀ ਬੈਸਟ ਸਕੂਲ ਅਲੱਗ ਅਲੱਗ ਕੈਟਾਗਰੀਆਂ ਅਧੀਨ ਹਰ ਸਾਲ ਅਪਲਾਈ ਕਰਦੇ ਆ ਰਹੇ ਨੇ, ਜਿਸ ਵਿੱਚ ਤਜਰਬੇਕਾਰ ਮੁੱਖ ਅਧਿਆਪਕ ਡਾਇਨਾਮਿਕ ਪ੍ਰਿੰਸੀਪਲ ਐਵਾਰਡ ਲਈ ਅਪਲਾਈ ਕਰਦੇ ਹਨ।ਇਹ ਐਵਾਰਡ ਚਾਰ ਸ਼੍ਰੇਣੀਆਂ ਸਰਵੋਤਮ ਸਕੂਲ ਸਰਵੋਤਮ, ਪ੍ਰਿੰਸੀਪਲ ਸਰਵੋਤਮ, ਅਧਿਆਪਕ ਤੇ ਸਰਵੋਤਮ ਵਿਦਿਆਰਥੀ ਸ਼ਾਮਲ ਹਨ ਅਤੇ ਇਹ ਐਵਾਰਡ ਸਕੂਲਾਂ ਤੇ ਕਮਿਊਨਿਟੀ ਵਿੱਚ ਉਨ੍ਹਾਂ ਦੇ ਯੋਗਦਾਨ ਲਈ ਹੋਣਹਾਰ ਪ੍ਰਿੰਸੀਪਲ, ਅਧਿਆਪਕਾਂ ਨੂੰ ਮਾਨਤਾ ਦਿੰਦੇ ਹਨ।ਸਵਾਮੀ ਰੂਪ ਚੰਦ ਜੈਨ ਸਕੂਲ ਜਦੋਂ ਤੋਂ ਇਹ ਐਵਾਰਡ ਸ਼ੁਰੂ ਹੋਇਆ ਹੈ, ਉਦੋਂ ਤੋਂ ਹੀ ਆਪਣੀ ਕਾਰਗੁਜ਼ਾਰੀ 'ਤੇ ਚੰਗੇ ਪ੍ਰਦਰਸ਼ਨ ਸਦਕਾ ਐਵਾਰਡ ਨਾਲ ਸਨਮਾਨਤ ਹੁੰਦਾ ਆ ਰਿਹਾ।ਪ੍ਰਿੰਸੀਪਲ ਸ੍ਰੀਮਤੀ ਰਾਜਪਾਲ ਕੌਰ ਦੀ ਅਗਵਾਈ ਸਦਕਾ ਉਨ੍ਹਾਂ ਦੇ ਅਧਿਆਪਕ ਤੇ ਵਿਦਿਆਰਥੀ ਵੱਖ-ਵੱਖ ਕੈਟਾਗਰੀਆਂ ਦੌਰਾਨ ਇਹ ਬੈਸਟ ਐਵਾਰਡ ਪ੍ਰਾਪਤ ਕਰਦੇ ਆ ਰਹੇ ਹਨ। ਇਹ ਐਵਾਰਡ ਦਾ ਸਿਲਸਿਲਾ ਲਗਾਤਾਰ ਚੱਲਦਾ ਹੀ ਆ ਰਿਹਾ ਹੈ।ਨਵੰਬਰ 17, 18 ਨੂੰ ਸਵਾਮੀ ਰੂਪ ਚੰਦ ਜੈਨ ਸਕੂਲ ਦੀ ਕਮਰਸ ਵਿਦਿਆਰਥਣ ਰਮਨਦੀਪ ਕੌਰ ਇਸ ਐਵਾਰਡ ਦੀ ਚੈਂਪੀਅਨ ਬਣੀ। ਇਸ ਐਵਾਰਡ ਦੇ ਲਈ ਪ੍ਰਿੰਸੀਪਲ ਸ੍ਰੀਮਤੀ ਰਾਜਪਾਲ ਕੌਰ ਤੇ ਅਧਿਆਪਕਾ ਸਾਧਿਕਾ ਬਜਾਜ ਨੂੰ ਇਸ ਐਵਾਰਡ ਲਈ ਪ੍ਰਸੰਸਾ ਪੱਤਰ ਐਵਾਰਡ ਦਿੱਤਾ ਗਿਆ।ਇਸ ਮੌਕੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਮੁੱਖ ਮਹਿਮਾਨ ਵਜੋਂ ਪਹੁੰਚੇ।ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ ਸਤਿਨਾਮ ਸਿੰਘ ਸੰਧੂ, ਪ੍ਰੋਫ਼ੈਸਰ ਚਾਂਸਲਰ ਡਾਕਟਰ ਆਰ ਐੱਸ ਬਾਬਾ ਤੇ ਐੱਫਏਪੀ ਦੇ ਪ੍ਰਧਾਨ ਡਾਕਟਰ ਜਗਜੀਤ ਸਿੰਘ ਧੂਰੀ ਹਾਜ਼ਰ ਸਨ। ਸ੍ਰੀਮਤੀ ਰਾਜਪਾਲ ਕੌਰ ਨੇ ਸਮੁੱਚੀ ਸਕੂਲ ਦੀ ਮੈਨੇਜਮੈਂਟ ਦਾ ਤਹਿ ਦਿਲੋਂ ਧੰਨਵਾਦ ਕੀਤਾ, ਜੋ ਸਕੂਲ ਦੀਆਂ ਸਾਰੀਆਂ ਜ਼ਰੂਰਤਾਂ ਨੂੰ ਪੂਰੀਆਂ ਕਰਦੇ ਹੋਏ ਉਨ੍ਹਾਂ ਦੀਆਂ ਮਨੋਕਾਮਨਾ ਪੂਰੀਆਂ ਕਰਨ ਵਿੱਚ ਆਪਣਾ ਯੋਗਦਾਨ ਦੇਣ ਤੋਂ ਪਿੱਛੇ ਨਹੀਂ ਹਟਦੇ।

## ਕਾਤਰਾਂ

### ਸੜਕ ਦੀ ਹਾਲਤ ਖਸਤਾ, ਲੋਕ ਪ੍ਰੇਸ਼ਾਨ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਖੋਟੇ ਸਕੂਲ, ਨਿਹਾਲ ਸਿੰਘ ਵਾਲਾ ਤੇ ਭਾਗੀਕੇ ਨੂੰ ਜਾ ਰਹੀ ਸੜਕ ਦੀ ਹਾਲਤ ਖਸਤਾ ਤੇ ਤਰਸਯੋਗ ਬਣੀ ਹੋਈ ਹੈ। ਵਿਭਾਗ ਸਭ ਕੁੱਲ ਜਾਣਦਾ ਹੋਇਆ ਵੀ ਚੁੱਪ ਧਾਰੀ ਬੈਠਾ ਹੈ, ਜਿਸ ਕਰਕੇ ਲੋਕਾਂ ਦਾ ਜ਼ਿਲ੍ਹਾ ਪ੍ਰਸ਼ਾਸਨ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਲਾਕਾ ਵਾਸੀਆਂ ਨੇ ਦੱਸਿਆ ਕਿ ਇਹ ਸੜਕ ਕੁੱਲ ਸਾਲ ਪਹਿਲਾਂ ਬਣੀ ਸੀ ਤੇ ਪਿਛਲੇ ਸਾਲ ਬੇਮੌਸਮੀ ਬਰਸਾਤ ਨੇ ਸੜਕ ਨੂੰ ਬੁਰੀ ਤਰ੍ਹਾਂ ਤੋੜ ਕੇ ਰੱਖ ਦਿੱਤਾ। ਇਸ ਸੜਕ ਦੀ ਹਜੇ ਤੱਕ ਮੁਰੰਮਤ ਨਹੀਂ ਹੋਈ। ਇਸ ਉੱਪਰ ਦੀ ਵੱਡੇ ਵਾਹਨਾਂ ਦਾ ਰੋਜ਼ਾਨਾ ਗੁਜ਼ਰਦੇ ਰਹਿੰਦੇ ਹਨ। ਇਲਾਕਾ ਵਾਸੀਆਂ ਨੇ ਸਬੰਧਤ ਵਿਭਾਗ ਪਾਸੋਂ ਮੰਗ ਰੱਖੀ ਹੈ ਇਹ ਸੜਕ ਪ੍ਰਧਾਨ ਮੰਤਰੀ ਯੋਜਨਾ ਅਧੀਨ ਵੀ ਆਉਂਦੀ ਹੈ, ਇਸ ਸੜਕ ਨੂੰ ਪਹਿਲ ਦੇ ਅਧਾਰ 'ਤੇ ਬਣਾਇਆ ਜਾਵੇ ਤਾਂ ਜੁ ਰਾਹਗੀਰਾਂ ਨੂੰ ਆ ਰਹੀ ਮੁਸ਼ਕਲ ਤੋਂ ਨਿਜ਼ਾਤ ਮਿਲ ਸਕੇ।

### 14 ਨੂੰ ਲੱਗੇਗੀ ਨੈਸ਼ਨਲ ਲੋਕ ਅਦਾਲਤ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਸਹਿਤ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਾਜ ਕੁਮਾਰ ਅਤੇ ਸਿਵਲ ਜੱਜ (ਸੀਨੀਅਰ ਡਵੀਜ਼ਨ) ਸੀ.ਜੇ.ਐੱਮ.-ਸਹਿਤ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਡਾ. ਗਗਨਦੀਪ ਕੌਰ ਨੇ ਆਮ ਲੋਕਾਂ ਨੂੰ ਅਪੀਲ ਕਰਦੇ ਦੱਸਿਆ ਕਿ 14 ਦਸੰਬਰ ਨੂੰ ਨੈਸ਼ਨਲ ਲੋਕ ਅਦਾਲਤ ਲਗਾਈ ਜਾ ਰਹੀ ਹੈ। ਜੇਕਰ ਕਿਸੇ ਦਾ ਕੋਈ ਵੀ ਕੇਸ ਜਿਵੇਂ ਲੇਬਰ ਨਾਲ ਸੰਬੰਧਤ ਮਾਮਲੇ, ਚੈੱਕ ਬਾਊਂਸ, ਐਕਸੀਡੈਂਟ ਕਲੇਮ ਕੇਸ (ਮੋਟਰ ਐਕਸੀਡੈਂਟ ਕਲੇਮ), ਹੋਰ ਮੁਆਵਜ਼ੇ ਦੇ ਮਾਮਲੇ, ਪਰਵਾਰਕ, ਕਾਨੂੰਨ ਦੇ ਮਾਮਲੇ, ਸਰਵਿਸਿਜ਼ ਸਬੰਧੀ ਮਾਮਲੇ, ਰੈਂਟ ਸਬੰਧੀ ਮਾਮਲੇ, ਅਕਾਦਮਿਕ ਮਾਮਲੇ, ਮੇਨਟੇਨੈਂਸ ਨਾਲ ਸਬੰਧਤ ਮੁੱਦੇ, ਮੈਰਟਰੀਜ਼ ਨਾਲ ਸਬੰਧਤ ਮਾਮਲੇ, ਖਪਤਕਾਰ ਸੁਰੱਖਿਆ ਦੇ ਮਾਮਲੇ, ਤਬਾਦਲਾ ਪਟੀਸ਼ਨਾਂ (ਦੀਵਾਨੀ ਅਤੇ ਫੌਜਦਾਰੀ), ਰਕਮ ਵਸੂਲੀ ਸਬੰਧੀ ਮਾਮਲੇ, ਕਰਿਮੀਨਲ ਕੰਪਾਊਂਡੇਬਲ ਮਾਮਲੇ, ਜ਼ਮੀਨੀ ਵਿਵਾਦਾਂ ਨਾਲ ਸਬੰਧਤ ਮਾਮਲੇ ਅਤੇ ਹੋਰ ਸਿਵਲ ਮਾਮਲੇ ਨਾਲ ਸਬੰਧਤ ਕੇਸਾਂ ਦਾ ਨਿਪਟਾਰਾ ਕਰਵਾਇਆ ਜਾ ਸਕਦਾ ਹੈ।

### ਜ਼ਮੀਨੀ ਝਗੜੇ ਕਾਰਨ ਕੁੱਟਮਾਰ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੇ ਪਿੰਡ ਅਲੀ ਕੇ ਵਿੱਚ ਜ਼ਮੀਨ ਦੇ ਪੁਰਾਣੇ ਮਸਲੇ ਨੇ ਹਿੰਸਾ ਦਾ ਰੂਪ ਧਾਰ ਲਿਆ।ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਇਸ ਘਟਨਾ ਵਿੱਚ ਤਿੰਨ ਵਿਅਕਤੀਆਂ ਖ਼ਿਲਾਫ ਮਾਮਲਾ ਦਰਜ ਕੀਤਾ ਹੈ।ਸ਼ਿਕਾਇਤਕਰਤਾ ਪ੍ਰੇਮ ਸਿੰਘ ਪੁੱਤਰ ਜੱਲਾ ਸਿੰਘ, ਵਾਸੀ ਪਿੰਡ ਅਲੀ ਕੇ ਨੇ ਦੱਸਿਆ ਕਿ ਉਸ ਦਾ ਕੁਝ ਦੋਸ਼ੀਆਂ ਨਾਲ ਜ਼ਮੀਨ ਦਾ ਪੁਰਾਣਾ ਝਗੜਾ ਚੱਲ ਰਿਹਾ ਹੈ। ਪ੍ਰੇਮ ਸਿੰਘ ਤੇ ਉਸ ਦੇ ਭਰਾ ਕੋਲ 4 ਕਿੱਲੇ ਜ਼ਮੀਨ ਦਰਿਆ ਪਾਰ ਹੈ, ਜਿਸ ਵਿੱਚ ਝੋਨੇ ਦੀ ਫਸਲ ਲਗਾਈ ਗਈ ਸੀ।ਦੋਸ਼ੀਆਂ ਦੀ ਜ਼ਮੀਨ ਨਾਲ ਲੱਗਦੀ ਜ਼ਮੀਨ ਹੋਣ ਕਰਕੇ, ਦੋਸ਼ੀਆਂ ਦੇ ਡੰਗਰ ਉਸ ਦੀ ਫਸਲ ਖਾਣ ਲੱਗੇ।ਡੰਗਰਾਂ ਨੂੰ ਰੋਕਣ 'ਤੇ, ਦੋਸ਼ੀਆਂ ਕਸ਼ਮੀਰ ਸਿੰਘ, ਦਰਸ਼ਨ ਸਿੰਘ ਪੁੱਤਰ ਮੁਖਤਿਆਰ ਸਿੰਘ, ਤੇ ਮਹਿਤਾ ਸਿੰਘ ਪੁੱਤਰ ਕਸ਼ਮੀਰ ਸਿੰਘ ਨੇ ਉਸ ਦੀ ਕੁੱਟਮਾਰ ਕੀਤੀ ਤੇ ਸੱਟਾਂ ਮਾਰੀਆਂ।ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਜਸਪਾਲ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਦੇ ਬਿਆਨਾਂ ਦੇ ਆਧਾਰ 'ਤੇ ਮਾਮਲਾ ਦਰਜ ਕਰ ਲਿਆ ਹੈ ਅਤੇ ਇਸ ਦੀ ਜਾਂਚ ਜਾਰੀ ਹੈ।

# ਭਾਜਪਾ ਅਹੁਦੇਦਾਰ ਤੇ ਵਰਕਰ ਵੱਧ ਤੋਂ ਵੱਧ ਲੋਕਾਂ ਨੂੰ ਪਾਰਟੀ ਨਾਲ ਜੋੜਨ : ਡਾ. ਸੀਮਾਂਤ ਗਰਗ

## ਨਿਹਾਲ ਸਿੰਘ ਮੰਡਲ 'ਚ ਵੱਧ ਤੋਂ ਵੱਧ ਲੋਕ ਭਾਜਪਾ ਨਾਲ ਜੁੜਨਗੇ : ਮੁਖਤਿਆਰ ਸਿੰਘ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਜਪਾ ਦੇ ਮੈਂਬਰਸ਼ਿਪ ਮੁਹਿੰਮ ਪ੍ਰੋਗਰਾਮ ਵਿੱਚ ਭਾਜਪਾ ਦੇ ਅਹੁਦੇਦਾਰ ਤੇ ਵਰਕਰ ਵੱਧ ਤੋਂ ਵੱਧ ਲੋਕਾਂ ਨੂੰ ਪਾਰਟੀ ਨਾਲ ਜੋੜਨਗੇ। ਇਹ ਵਿਚਾਰ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ ਪੁਰਾਣੀ ਦਾਣਾ ਮੰਡੀ ਵਿਖੇ ਭਾਜਪਾ ਮੰਡਲ ਨਿਹਾਲ ਸਿੰਘ ਵਾਲਾ ਦੀ ਹੋਈ ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰਗਟ ਕੀਤੇ। ਇਸ ਮੌਕੇ ਜਨਰਲ ਸਕੱਤਰ ਤੇ ਸਾਬਕਾ ਐੱਸ. ਪੀ. ਮੁਖਤਿਆਰ ਸਿੰਘ, ਜਨਰਲ ਸਕੱਤਰ ਵਿੱਕੀ ਸੀਤਾਰਾ, ਅਮਰੀਕ ਸਿੰਘ, ਵਿਨੋਦ ਸ਼ਰਮਾ, ਕੈਪਟਨ ਅਮਰਜੀਤ ਸਿੰਘ, ਮਲਕੀਤ ਸਿੰਘ, ਵਿੱਕੀ ਬਿਲਾਸਪੁਰ, ਰਜਿੰਦਰ ਗਾਬਾ, ਜਤਿੰਦਰ ਚੱਢਾ, ਹੇਮੰਤ ਸੂਦ, ਸੁੱਖਾ ਸਿੰਘ, ਓਵਰਸੀਜ਼ ਸੈੱਲ ਦੇ ਪ੍ਰਧਾਨ ਵਿਜੇ ਮਿਸ਼ਰਾ ਆਦਿ ਅਹੁਦੇਦਾਰ ਤੇ ਵਰਕਰ ਹਾਜ਼ਰ ਸਨ। ਡਾ: ਸੀਮਾਂਤ ਗਰਗ ਨੇ ਕਿਹਾ ਕਿ ਹੁਣ ਹਰਿਆਣਾ ਤੇ ਮਹਾਰਾਸ਼ਟਰ ਦੀਆਂ ਵਿਧਾਨ ਸਭਾ ਚੋਣਾਂ ਵਿੱਚ ਭਾਜਪਾ ਨੂੰ ਭਾਰੀ ਬਹੁਮੱਤ ਨਾਲ ਮਿਲੀ ਜਿੱਤ ਕਾਰਨ ਦੇਸ਼ ਦੇ ਲੋਕਾਂ ਵਿੱਚ ਭਾਰੀ ਉਤਸ਼ਾਹ ਹੈ। ਇਸ ਸਬੰਧੀ ਪੰਜਾਬ ਵਿੱਚ ਵੀ ਲੋਕ ਵੱਡੀ ਪੱਧਰ 'ਤੇ ਭਾਜਪਾ ਵਿੱਚ ਸ਼ਾਮਲ ਹੋ ਰਹੇ ਹਨ। ਉਨ੍ਹਾਂ ਦੱਸਿਆ ਕਿ ਮੋਗਾ ਜ਼ਿਲ੍ਹੇ ਵਿੱਚ ਭਾਜਪਾ ਦੀ ਮੈਂਬਰਸ਼ਿਪ ਵਧਾਉਣ ਲਈ ਮੰਡਲ ਪ੍ਰਧਾਨਾਂ ਨਾਲ ਮੀਟਿੰਗ ਕੀਤੀ ਗਈ ਹੈ, ਜਿਨ੍ਹਾਂ ਨੂੰ ਆਪੋ-ਆਪਣੇ ਮੰਡਲਾਂ ਵਿੱਚ ਕਾਊਂਟਰ ਸਥਾਪਤ ਕਰਨ ਤੇ ਵੱਧ ਤੋਂ ਵੱਧ ਲੋਕਾਂ ਨੂੰ ਭਾਜਪਾ ਨਾਲ ਜੋੜ ਕੇ ਮੈਂਬਰ ਬਣਾਉਣ ਲਈ ਕਿਹਾ ਗਿਆ ਹੈ। ਉਨ੍ਹਾ ਕਿਹਾ ਕਿ 10 ਦਸੰਬਰ ਤੱਕ ਭਾਜਪਾ ਦੀ ਮੈਂਬਰਸ਼ਿਪ ਪੂਰੀ ਕਰਨ ਦਾ ਟੀਚਾ ਦਿੱਤਾ ਗਿਆ ਹੈ, ਜਿਸ ਤਹਿਤ ਭਾਜਪਾ ਦੇ ਉਤਸ਼ਾਹੀ ਵਰਕਰ, ਮੰਡਲ ਪ੍ਰਧਾਨ ਤੇ ਹੋਰ ਅਹੁਦੇਦਾਰ ਵੱਧ ਤੋਂ ਵੱਧ ਲੋਕਾਂ ਨਾਲ ਜੁੜ ਕੇ ਉਨ੍ਹਾਂ ਨੂੰ ਮੈਂਬਰ ਬਣਾਉਣ। ਇਸ ਮੌਕੇ ਜਨਰਲ ਸਕੱਤਰ ਤੇ ਸਾਬਕਾ ਐੱਸ. ਪੀ. ਮੁਖਤਿਆਰ ਸਿੰਘ ਨੇ ਕਿਹਾ ਕਿ ਨਿਹਾਲ ਸਿੰਘ ਵਾਲਾ ਮੰਡਲ ਵਿੱਚ ਵੱਧ ਤੋਂ ਵੱਧ ਲੋਕਾਂ ਨੂੰ ਭਾਜਪਾ ਨਾਲ ਜੋੜਿਆ ਜਾਵੇਗਾ। ਉਨ੍ਹਾ ਕਿਹਾ ਕਿ ਭਾਜਪਾ ਦੀ ਸੂਬਾ ਹਾਈਕਮਾਂਡ ਵੱਲੋਂ ਇਹ ਵੀ ਹੁਕਮ ਦਿੱਤੇ ਗਏ ਹਨ ਕਿ ਭਾਜਪਾ ਵਰਕਰਾਂ ਨੂੰ ਆਉਣ ਵਾਲੀਆਂ ਨਗਰ ਨਿਗਮ, ਨਗਰ ਕੌਂਸਲ ਤੇ ਹੋਰ ਚੋਣਾਂ ਵਿੱਚ ਉਮੀਦਵਾਰ ਬਣਨ ਲਈ ਥਾਂ ਦਿੱਤੀ ਜਾਵੇ ਅਤੇ ਉਨ੍ਹਾਂ ਨੂੰ ਭਾਜਪਾ ਦੀਆਂ ਜ਼ਿਲ੍ਹਾ ਪੱਧਰੀ ਕਮੇਟੀਆਂ ਵਿੱਚ ਵੀ ਅਧਿਕਾਰੀ ਬਣਾਇਆ ਜਾਵੇ, ਜਿਸ ਦੀ ਵੱਧ ਤੋਂ ਵੱਧ ਮੈਂਬਰਸ਼ਿਪ ਕੀਤੀ ਜਾਵੇਗੀ। ਉਨ੍ਹਾ ਕਿਹਾ ਕਿ ਸਾਰੇ ਅਹੁਦੇਦਾਰ ਵੱਧ ਤੋਂ ਵੱਧ ਮੈਂਬਰਸ਼ਿਪ ਲੈ ਕੇ ਭਾਜਪਾ ਵਿੱਚ ਅਹਿਮ ਅਹੁਦਾ ਹਾਸਲ ਕਰਨ ਲਈ ਕੰਮ ਕਰਨ।

# ਰਾਜਪੁਰਾ ਰੇਲਵੇ ਸਟੇਸ਼ਨ ਤੋਂ 1 ਕਿੱਲੋ 900 ਗ੍ਰਾਮ ਅਫ਼ੀਮ ਬਰਾਮਦ, ਮੁਲਜ਼ਮ ਗ੍ਰਿਫ਼ਤਾਰ



**ਰਾਜਪੁਰਾ/ਪਟਿਆਲਾ(ਰਮੇਸ਼ ਕਟਾਰੀਆ/ਰਾਜਿੰਦਰ ਬਿੰਦ)**-ਜੀ. ਆਰ. ਪੀ. ਦੇ ਡੀ ਐੱਸ ਪੀ ਜਗਮੋਹਨ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਪੈਸ਼ਲ ਡੀ ਜੀ ਪੀ ਰੇਲਵੇ ਸ਼ਸ਼ੀ ਪ੍ਰਭਾ ਦਿਵੇਦੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਰਵਾਈ ਕਰਦਿਆਂ ਜੀ. ਆਰ. ਪੀ. ਦੀ ਟੀਮ ਨੇ ਐੱਸ ਆਈ ਸੁਖਵਿੰਦਰ ਸਿੰਘ ਦੀ ਅਗਵਾਈ ਵਿੱਚ 1 ਕਿੱਲੋ 900 ਗਰਾਮ ਅਫ਼ੀਮ ਰੇਲਵੇ ਸਟੇਸ਼ਨ ਰਾਜਪੁਰਾ ਤੋਂ ਬਰਾਮਦ ਕਰਕੇ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਹੈ।ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਡੀ ਐੱਸ ਪੀ ਨੇ ਦੱਸਿਆ ਕਿ ਰੇਲਵੇ ਸਟੇਸ਼ਨ ਰਾਜਪੁਰਾ ਦੇ ਪਲੇਟਫਾਰਮ ਨੰਬਰ 1 ਪੱਛਮੀ ਸਿਰਾ 'ਤੇ ਸੀ.ਆਈ.ਏ-2 ਜੀ.ਆਰ.ਪੀ. ਵਿੱਚ ਤਾਇਨਾਤ ਐੱਸ ਆਈ ਸੁਖਵਿੰਦਰ ਸਿੰਘ ਵੱਲੋਂ ਇੱਕ ਵਿਅਕਤੀ ਬਲਜੀਤ ਸਿੰਘ ਪਿੰਡ ਰਹੋਣ ਥਾਣਾ ਸਦਰ ਖੰਨਾ ਜ਼ਿਲ੍ਹਾ ਲੁਧਿਆਣਾ ਦੀ ਚੈਕਿੰਗ ਕੀਤੀ ਗਈ ਅਤੇ ਇਸ ਦੌਰਾਨ ਉਸ ਪਾਸੋਂ 1 ਕਿੱਲੋ 900 ਗ੍ਰਾਮ ਅਫ਼ੀਮ ਬਰਾਮਦ ਕੀਤੀ ਗਈ।ਉਨ੍ਹਾ ਦੱਸਿਆ ਕਿ ਵਿਅਕਤੀ ਨੂੰ ਗ੍ਰਿਫ਼ਤਾਰ ਕਰਕੇ ਮੁਕੱਦਮਾ ਨੰਬਰ 22 ਮਿਤੀ 27-11-24 ਅ/ਧ 18/16/85 ਐੱਨ.ਡੀ.ਪੀ.ਐੱਸ. ਐਕਟ ਜੀ.ਆਰ.ਪੀਜ਼ ਪਟਿਆਲਾ ਦਰਜ ਕਰ ਲਿਆ ਹੈ। ਉਨ੍ਹਾ ਦੱਸਿਆ ਕਿ ਮੁਲਜ਼ਮ ਨੂੰ ਅਦਾਲਤ ਵਿੱਚ ਪੇਸ਼ ਕਰਕੇ 1 ਦਿਨ ਦਾ ਪੁਲਸ ਰਿਮਾਂਡ ਹਾਸਲ ਕਰਕੇ ਅਗਲੇਰੀ ਤਫ਼ਤੀਸ਼ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

# ਏਡਜ਼ ਦਿਵਸ ਨੂੰ ਸਮਰਪਤ ਜਾਗਰੂਕਤਾ ਸਮਾਰੋਹ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਸਟੇਟ ਏਡਸ ਕੰਟਰੋਲ ਸੋਸਾਇਟੀ ਦੇ ਦਿਸ਼ਾ ਨਿਰਦੇਸ਼ਾਂ ਤੇ ਸਿਵਲ ਸਰਜਨ ਫਿਰੋਜ਼ਪੁਰ ਡਾ. ਰਾਜਵਿੰਦਰ ਕੌਰ ਦੀ ਗਤੀਸ਼ੀਲ ਅਗਵਾਈ ਹੇਠ ਦਿਸ਼ਾ ਕਲੱਸਟਰ ਫਿਰੋਜ਼ਪੁਰ ਵੱਲੋਂ ਸਿਵਲ ਹਸਪਤਾਲ ਫਿਰੋਜ਼ਪੁਰ ਵਿਖੇ ਵਿਸ਼ਵ ਏਡਜ਼ ਦਿਵਸ ਨੂੰ ਸਮਰਪਤ ਜਾਗਰੂਕਤਾ ਪ੍ਰੋਗਰਾਮ ਕੀਤਾ ਗਿਆ।ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਗੁਰਮੇਜ ਰਾਮ ਗੁਰਾਇਆ ਨੇ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ।ਜਾਗਰੂਕਤਾ ਸਮਾਰੋਹ ਨੂੰ ਸੰਬੋਧਨ ਕਰਦਿਆਂ ਡਾ. ਗੁਰਮੇਜ ਰਾਮ ਗੁਰਾਇਆ ਨੇ ਐੱਚ ਆਈ ਵੀ ਏਡਜ਼ ਨੂੰ ਇੱਕ ਗੰਭੀਰ ਸਮੱਸਿਆ ਦੱਸਦਿਆਂ ਲੋਕਾਂ ਨੂੰ ਇਸ ਪ੍ਰਤੀ ਜਾਗਰੂਕ ਹੋਣ ਦੀ ਅਪੀਲ ਕੀਤੀ।ਸਿਵਲ ਹਸਪਤਾਲ ਦੇ ਸੀਨੀਅਰ ਮੈਡੀਕਲ ਅਫਸਰ ਡਾ. ਨਿਖਿਲ ਗੁਪਤਾ ਨੇ ਉਨ੍ਹਾਂ ਸਾਰਿਆਂ ਵਰਕਰਾਂ, ਜੋ ਐੱਚ ਆਈ ਵੀ ਏਡਜ਼ ਬਿਮਾਰੀ ਦੀ ਰੋਕਥਾਮ ਲਈ ਕੰਮ ਕਰ ਰਹੇ ਹਨ, ਦੀ ਪ੍ਰਸੰਸਾ ਕੀਤੀ ਅਤੇ ਆਪਣਾ ਪੂਰਨ ਸਹਿਯੋਗ ਦੇਣ ਦੀ ਗੱਲ ਕੀਤੀ।ਜ਼ਿਲ੍ਹਾ ਟੀਬੀ ਅਫਸਰ ਡਾ. ਸਤਿੰਦਰ ਕੌਰ ਨੇ ਦੱਸਿਆ ਕਿ ਵਰਤਮਾਨ ਸਮੇਂ ਵਿੱਚ ਜੋ ਨੌਜਵਾਨ ਸੂਈ ਸਰਿੰਜ ਨਾਲ ਨਸ਼ਾ ਕਰ ਰਹੇ ਹਨ, ਉਹ ਵੱਡੀ ਗਿਣਤੀ ਵਿੱਚ ਇਸ ਨਾਮੁਰਾਦ ਬਿਮਾਰੀ ਦੀ ਗ੍ਰਿਫਤ ਵਿੱਚ ਆ ਰਹੇ ਹਨ।ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ ਤੇ ਓ.ਐੱਸ.ਟੀ ਤੇ ਓਟ ਸੈਂਟਰਾਂ ਬਾਰੇ ਜਾਣਕਾਰੀ ਦਿੱਤੀ।ਅੰਮ੍ਰਿਤਪਾਲ ਸਿੰਘ ਕਲੱਸਟਰ ਪ੍ਰੋਗਰਾਮ ਮੈਨੇਜਰ, ਦਿਸ਼ਾ ਕਲੱਸਟਰ ਫਿਰੋਜ਼ਪੁਰ ਨੇ ਦੱਸਿਆ ਕਿ ਅੱਜ ਦੇ ਜਾਗਰੂਕਤਾ ਪ੍ਰੋਗਰਾਮ ਦਾ ਮੁੱਖ ਉਦੇਸ਼ ਲੋਕਾਂ ਨੂੰ ਐੱਚ ਆਈ ਵੀ ਏਡਜ਼ ਪ੍ਰਤੀ ਜਾਗਰੂਕ ਕਰਨਾ ਹੈ।ਉਨ੍ਹਾਂ ਤੋਂ ਇਲਾਵਾ ਡਾ. ਨਵੀਨ ਸੇਠੀ, ਡਾ. ਆਕਾਸ਼ ਅਗਰਵਾਲ, ਡਾ. ਅਮਿਤੋਜ ਸਿੰਘ, ਡਾ. ਸੋਰਬ ਲੁੱਥਰਾ ਨੇ ਆਪਣੇ ਵਿਚਾਰ ਸਾਂਝੇ ਕੀਤੇ।ਇਸ ਪ੍ਰੋਗਰਾਮ ਦੇ ਵਿੱਚ ਨਰਸਿੰਗ ਕਾਲਜ ਦੇ ਵਿਦਿਆਰਥੀਆਂ ਦਾ ਪੋਸਟਰ ਬਣਾਉਣ ਦਾ ਮੁਕਾਬਲਾ ਵੀ ਕਰਵਾਇਆ ਗਿਆ, ਜਿਸ ਵਿੱਚ ਜੇਤੂ ਵਿਦਿਆਰਥੀਆਂ ਨੂੰ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਸਰਬਜੀਤ ਕੌਰ ਸੀਐੱਸਓ ਦਿਸ਼ਾ ਕਲੱਸਟਰ ਫਿਰੋਜ਼ਪੁਰ, ਕਾਊਂਸਲਰ ਮੋਨਿਕਾ ਤੇ ਪ੍ਰਵੀਨ, ਟੀਆਈ ਪ੍ਰੋਜੈਕਟ ਫਰਾਂਸ ਨਿਊਟਨ ਮਿਸ਼ਨ ਹਸਪਤਾਲ, ਟੀ ਆਈ ਅਰਾਧਿਆ, ਹਿਮਾਲਿਅਨ ਫਾਊਂਡੇਸ਼ਨ ਲਿੰਕ ਵਰਕਰ ਸਕੀਮ, ਟੀਆਈ ਪ੍ਰੋਜੈਕਟ ਲਾਲਾ ਫਤਿਹ ਚੰਦ ਐਜੂਕੇਸ਼ਨਲ ਸੋਸਾਇਟੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

# ਪ੍ਰਾਈਵੇਟ ਫਾਇਨਾਂਸ ਕੰਪਨੀ ਖਿਲਾਫ ਲਾਵਾਂਗੇ ਧਰਨੇ : ਸਮਾਓਂ



**ਮਾਨਸਾ (ਆਤਮਾ ਸਿੰਘ ਪਮਾਰ)**

ਪ੍ਰਾਈਵੇਟ ਫਾਈਨਾਂਸ ਕੰਪਨੀ ਅੱਪ ਮਨੀ ਵੱਲੋਂ ਕਰਜ਼ਾ ਵਸੂਲੀ ਸਮੇਂ ਗਰੀਬਾਂ ਦੀ ਕੀਤੀ ਜਾ ਰਹੀ ਲੁੱਟ ਤੇ ਗੁੰਡਾਗਰਦੀ ਖ਼ਿਲਾਫ਼ ਮਜ਼ਦੂਰ ਮੁਕਤੀ ਮੋਰਚਾ ਅਜ਼ਾਦ ਵੱਲੋਂ ਧਰਨੇ ਦੇਣ ਦਾ ਐਲਾਨ ਕੀਤਾ ਗਿਆ ਹੈ।ਇਹ ਐਲਾਨ ਇਥੇ ਮਜ਼ਦੂਰ ਆਗੂਆਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਦੇ ਸੂਬਾ ਪ੍ਰਧਾਨ ਭਗਵੰਤ ਸਿੰਘ ਸਮਾਓਂ ਵੱਲੋਂ ਕੀਤਾ ਗਿਆ।

ਉਨ੍ਹਾ ਕਿਹਾ ਕਿ ਸੱਤਾਧਾਰੀ ਲੀਡਰ ਚੋਣਾਂ ਵਿੱਚ ਆਮ ਜਨਤਾ ਦੀ ਭਲਾਈ ਦੀਆਂ ਗਰੰਟੀਆਂ ਦਿੰਦੇ ਹਨ, ਪਰ ਸੱਤਾ ਸੰਭਾਲਦਿਆਂ ਹੀ ਇਹ ਹਾਕਮ ਕੰਮ ਅਮੀਰਾਂ ਲਈ ਕਰਦੇ ਹਨ।ਉਨ੍ਹਾ ਕਿਹਾ ਕਿ ਸਰਕਾਰਾਂ ਦੀਆਂ ਅਮੀਰ ਪੱਖੀ ਨੀਤੀਆਂ ਨੇ ਆਮ ਲੋਕਾਂ ਨੂੰ ਬੇਰੁਜ਼ਗਾਰੀ ਤੇ ਮਹਿੰਗਾਈ ਦੀ ਚੱਕੀ ਵਿੱਚ ਪਿਸਣ ਲਈ ਸੁੱਟ ਦਿੱਤਾ ਹੈ, ਜਿਸ ਕਾਰਨ ਗਰੀਬ ਲੋਕ ਪ੍ਰਾਈਵੇਟ ਫਾਇਨਾਂਸ ਕੰਪਨੀਆਂ ਤੋਂ ਮੋਟੇ ਵਿਆਜ 'ਤੇ ਕਰਜ਼ਾ ਲੈਣ ਲਈ ਮਜਬੂਰ ਹਨ।ਉਨ੍ਹਾ ਕਿਹਾ ਕਿ ਫਾਇਨਾਂਸ ਕੰਪਨੀਆਂ ਇੱਕ ਤੋਂ ਬਾਅਦ ਹੋਰ ਕਰਜ਼ੇ ਦੇ ਕੇ ਗਰੀਬਾਂ ਨੂੰ ਆਪਣੇ ਮੱਕੜ ਜਾਲ਼ 'ਚ ਫਸਾ ਕੇ ਅੰਨ੍ਹੀਂ ਲੁੱਟ ਕਰ ਰਹੀਆਂ ਹਨ।ਉਨ੍ਹਾ ਕਿਹਾ ਕਿ ਕੰਪਨੀਆਂ ਦੇ ਕਰਜ਼ ਜਾਲ਼ ਵਿੱਚ ਫਸ ਕੇ ਗਰੀਬ ਔਰਤਾਂ ਆਤਮਹੱਤਿਆ ਕਰ ਰਹੀਆਂ ਹਨ ਅਤੇ ਪ੍ਰਾਈਵੇਟ ਫਾਇਨਾਂਸ ਕੰਪਨੀਆਂ ਦੇ ਮੁਲਾਜ਼ਮ ਕਿਸ਼ਤਾਂ ਵਸੂਲਣ ਸਮੇਂ ਔਰਤਾਂ ਨੂੰ ਜ਼ਲੀਲ ਕਰ ਰਹੇ ਹਨ।ਉਨ੍ਹਾਂ ਕੇਂਦਰ ਤੇ ਪੰਜਾਬ ਸਰਕਾਰ ਤੋਂ ਗਰੀਬਾਂ ਸਿਰ ਚੜ੍ਹੇ ਕਰਜ਼ੇ ਮਾਫ ਕਰਨ ਦੀ ਮੰਗ ਕੀਤੀ ਹੈ।ਉਨ੍ਹਾਂ ਕਿਹਾ ਕਿ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਪੰਜਾਬ ਇਨ੍ਹਾਂ ਲੋਟੂ ਫਾਇਨਾਂਸ ਕੰਪਨੀਆਂ ਦੇ ਲਾਇਸੰਸ ਰੱਦ ਕਰਾਉਣ ਲਈ ਆਰ ਬੀ ਆਈ ਦੇ ਗਵਰਨਰ ਨੂੰ ਵੀ ਲਿਖਤੀ ਸ਼ਿਕਾਇਤ ਭੇਜੀ ਜਾਵੇਗੀ।

ਆਗੂਆਂ ਨੇ ਦੱਸਿਆ ਕਿ 3 ਦਸੰਬਰ ਨੂੰ ਮਾਨਸਾ, 6 ਦਸੰਬਰ ਨੂੰ ਬਰਨਾਲਾ ਵਿਖੇ ਅੱਪ ਮਨੀ ਕੰਪਨੀ ਦੇ ਦਫਤਰਾਂ ਅੱਗੇ ਧਰਨੇ ਦਿੱਤੇ ਜਾਣਗੇ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਨਿੱਕਾ ਸਿੰਘ ਬਹਾਦਰਪੁਰ, ਜ਼ਿਲ੍ਹਾ ਸਹਾਇਕ ਸਕੱਤਰ ਸੁਖਵਿੰਦਰ ਸਿੰਘ ਬੋਹਾ, ਜ਼ਿਲ੍ਹਾ ਆਗ ਸੁਖਵੀਰ ਸਿੰਘ ਖ਼ਾਰਾਂ, ਜਰਨੈਲ ਸਿੰਘ ਮਾਨਸਾ, ਕੁਕੂ ਸਿੰਘ ਖਾਲਸਾ, ਜੀਵਨ ਸਿੰਘ, ਜੱਗੀ ਸਿੰਘ ਫੇਫੜੇ ਭਾਈ ਕੇ ਆਦਿ ਆਗੂ ਮੌਜੂਦ ਸਨ।

# ਕਾਮਰੇਡ ਜਸਪਾਲ ਸਿੰਘ ਘਾਰੂ ਨੂੰ ਸ਼ਰਧਾਂਜਲੀਆਂ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਮੋਗਾ, ਟਰੇਡ ਯੂਨੀਅਨ ਕੌਂਸਲ (ਏਟਕ) ਤੇ ਰਿਕਸ਼ਾ ਪੁਲਰ ਯੂਨੀਅਨ ਦੇ ਆਗੂ ਜਸਪਾਲ ਸਿੰਘ ਘਾਰੂ ਦੀ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਉਨ੍ਹਾਂ ਦੇ ਪਿੰਡ ਦੁੱਨੇ ਕੇ ਵਿਖੇ ਗੁਰਦੁਆਰਾ ਸਾਹਿਬ ਵਿਖੇ ਹੋਇਆ। ਇਸ ਮੌਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਮੋਗਾ ਦੇ ਸਕੱਤਰ ਕਾਮਰੇਡ ਕੁਲਦੀਪ ਸਿੰਘ ਭੋਲਾ, ਟਰੇਡ ਯੂਨੀਅਨ ਕੌਂਸਲ ਮੋਗਾ (ਏਟਕ) ਦੇ ਪ੍ਰਧਾਨ ਜਗਦੀਸ਼ ਸਿੰਘ ਚਾਹਲ ਨੇ ਕਿਹਾ ਕਿ ਕਾਮਰੇਡ ਜਸਪਾਲ ਸਿੰਘ ਘਾਰੂ ਵਰਗੇ ਆਗੂਆਂ ਦੀ ਸਮਾਜ ਦੇ ਕਿਰਤੀ ਵਰਗ ਨੂੰ ਬਹੁਤ ਵੱਡੀ ਜ਼ਰੂਰਤ ਸੀ। ਸਾਥੀ ਜਸਪਾਲ ਘਾਰੂ ਨੇ ਗ਼ਰੀਬੀ ਹੰਢਾਉਂਦਿਆਂ ਵੀ ਕਿਰਤੀ ਲੋਕਾਂ ਦੇ ਹੇਠਲੇ ਵਰਗ ਰਿਕਸ਼ਾ ਚਲਾਉਣ ਵਾਲੇ ਮਜ਼ਦੂਰਾਂ ਦੀ ਅਗਵਾਈ ਕੀਤੀ, ਮਾਰਕਸਵਾਦੀ ਵਿਚਾਰਧਾਰਾ ਗ੍ਰਹਿਣ ਕਰਦਿਆਂ ਕਿਰਤੀ ਲੋਕਾਂ ਦੀ ਅਗਵਾਈ ਕੀਤੀ। ਆਗੂਆਂ ਨੇ ਕਿਹਾ ਕਿ ਇਸ ਸਾਥੀ ਨੇ ਆਪਣੀ ਸਾਰੀ ਉਮਰ ਕਿਰਤ ਕਰਨ ਵਾਲੇ ਲੋਕਾਂ ਦੀ ਖਾਤਰ ਕੰਮ ਕੀਤਾ ਤੇ ਰਿਕਸ਼ਾ ਚਾਲਕਾਂ ਨੂੰ ਬਹੁਤ ਸਾਰੇ ਹੱਕ ਲੈ ਕੇ ਦਿੱਤੇ। ਉਨ੍ਹਾਂ ਦੇ ਵਿਛੋੜੇ ਨਾਲ ਮੋਗੇ ਦੀ ਕਿਰਤੀ ਜਮਾਤ ਨੂੰ ਘਾਟਾ ਪਿਆ। ਇਸ ਮੌਕੇ ਡਾਕਟਰ ਇੰਦਰਵੀਰ ਗਿੱਲ, ਅਮਰੀਕ ਸਿੰਘ ਮਸੀਤਾਂ, ਗੁਰਮੇਲ ਸਿੰਘ ਨਾਹਰ, ਸਵਰਨ ਸਿੰਘ ਖੋਸਾ ਤੇ ਜਗਸੀਰ ਸਿੰਘ ਖੋਸਾ ਹਾਜ਼ਰ ਸਨ। ਸਟੇਜ ਦੀ ਕਾਰਵਾਈ ਬਲਾਕ ਸਕੱਤਰ ਸ਼ੇਰ ਸਿੰਘ ਦੌਲਤਪੁਰਾ ਨੇ ਚਲਾਈ।

# ਸ੍ਰੀ ਸਾਲਾਸਰ ਧਾਮ ਤੋਂ ਆਈ ਪਵਿੱਤਰ ਜੋਤ ਦਾ ਫੁੱਲਾਂ ਦੀ ਵਰਖਾ ਨਾਲ ਸਵਾਗਤ

## ਵਿਸ਼ਾਲ ਜਾਗਰਣ ਅੱਜ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਸ੍ਰੀ ਸਾਲਾਸਰ ਹਨੂੰਮਾਨ ਜੀ ਦਾ 18ਵਾਂ ਵਿਸ਼ਾਲ ਜਾਗਰਣ 30 ਨਵੰਬਰ ਨੂੰ ਸੁਭਾਸ਼ ਮੰਡੀ ਨਿਹਾਲ ਸਿੰਘ ਵਾਲਾ ਰੋਡ ਵਿਖੇ ਸ੍ਰੀ ਸਾਲਾਸਰ ਬਾਲਾ ਜੀ ਸੇਵਾ ਮੰਡਲ ਤੇ ਸ੍ਰੀ ਸਾਲਾਸਰ ਬਾਲਾ ਜੀ ਚੈਰੀਟੇਬਲ ਸੁਸਾਇਟੀ ਵੱਲੋਂ ਧੂਮ-ਧਾਮ ਨਾਲ ਕਰਵਾਇਆ ਜਾ ਰਿਹਾ ਹੈ ਅਤੇ ਸ੍ਰੀ ਸਾਲਾਸਰ ਧਾਮ ਤੋਂ ਪਵਿੱਤਰ ਜੋਤ ਰਿਚੀ ਗਰਗ ਦੇ ਪੈਟਰੋਲ ਪੰਪ 'ਤੇ ਲਿਆਂਦੀ ਗਈ, ਜਿੱਥੇ ਕਿ ਸ਼ਹਿਰ ਵਾਸੀਆਂ ਨੇ ਫੁੱਲਾਂ ਦੀ ਵਰਖਾ ਕਰ ਕੇ ਜ਼ੋਰਦਾਰ ਸਵਾਗਤ ਕੀਤਾ।ਇਸ ਮੌਕੇ ਪ੍ਰਧਾਨ ਵਿਜੇ ਗੁਪਤਾ, ਗੌਰਵ ਖੁਰਾਣਾ, ਜੁਗਨੂ ਜਿੰਦਲ, ਆਸ਼ੂਤੋਸ਼ ਭੰਡਾਰੀ, ਐਡਵੋਕੇਟ ਅਮਿਤ ਅਗਰਵਾਲ ਨੇ ਦੱਸਿਆ ਕਿ 30 ਨਵੰਬਰ ਜਾਗਰਣ ਮੌਕੇ ਜਦੂਵਸ਼ੀ ਭਰਾ ਬਟਾਲਾ ਵਾਲੇ ਤੇ ਵਿਸ਼ਾਲ ਸ਼ੈਲੀ ਪਟਿਆਲਾ ਵਾਲੇ ਜੋ ਕਿ ਇਕ ਤੋਂ ਵੱਧ ਭਜਨ ਗਾਇਨ ਕਰਨਗੇ। ਉਨ੍ਹਾਂ ਕਿਹਾ ਕਿ ਸਾਰੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆ ਹਨ ਤੇ ਰੰਗ ਬਿਰੰਗੀਆਂ ਲਾਈਟਾਂ ਤੇ ਗੁਬਾਰਿਆਂ ਨਾਲ ਖੂਬ ਡੈਕੋਰੇਸ਼ਨ ਕੀਤੀ ਗਈ ਹੈ, ਜੋ ਕਿ ਦੇਖਣ ਯੋਗ ਹੋਵੇਗੀ ਅਤੇ ਲੰਗਰ ਦੀ ਸੇਵਾ ਹਰਪ੍ਰੀਤ ਸਿੰਘ ਘੋਟੂ ਮਦਾਰੀ ਮਾਰਕਿਟ ਵਾਲੇ ਕਰ ਰਹੇ ਹਨ।ਇਸ ਮੌਕੇ ਮੁਕੇਸ਼ ਨੌਹਰੀਆ, ਗੌਰਵ ਖੁਰਾਣਾ, ਰਮੇਸ਼ ਕੁਮਾਰ ਟੋਨੀ, ਰਾਜ ਕਟਾਰੀਆ, ਰਾਹੁਲ ਸ਼ਾਹੀ, ਅਮਿਤ ਜਿੰਦਲ, ਕਮਲ ਕਿਸ਼ੋਰ, ਰਾਮ ਗੁਪਤਾ, ਰਮਨ ਕੁਮਾਰ ਗਰਗ ਤੇ ਹੋਰ ਮੈਂਬਰ ਹਾਜ਼ਰ ਸਨ।ਇਸ ਮੌਕੇ ਗਨੇਸ਼ ਪੂਜਨ ਪਵਨ ਕੁਮਾਰ ਸੋਨੂੰ, ਰੀਬਨ ਦੀ ਰਸਮ ਐਕਸਪਰਟ ਇੰਮੀਗ੍ਰੇਸ਼ਨ, ਸਰਸਵਤੀ ਜੋਤੀ ਪ੍ਰਚੰਡ ਸੰਜੀਵ ਲੂਥਰਾ ਪੁੱਤਰ ਸ੍ਰੀ ਕ੍ਰਿਸ਼ਨ ਲੂਥਰਾ, ਮਾਲਾ ਅਰਪਨ ਬਿੱਟੂ ਜੈਦਕਾ, ਸ਼ਿਗਾਰ ਲਵਲੀ ਤੇ ਆਰਤੀ ਸ੍ਰੀ ਸਾਲਾਸਰ ਬਾਲਾ ਜੀ ਸੇਵਾ ਮੰਡਲ ਵੱਲੋਂ ਕਰਵਾਈ ਜਾਵੇਗੀ।

ਇਸ ਮੌਕੇ ਮਾਤੂ ਸ੍ਰੀ ਦਸਤਾਰ, ਗੋਇਲ ਜਰਨਲ ਸਟੋਰ, ਪ੍ਰਿੰਸ ਡਿਜੀਟਲ ਸਟੂਡੀਓ, ਇੰਟਰਨੈਸ਼ਨਲ ਟੇਲਰਜ਼ ਐਂਡ ਫੈਬਰਿਕਸ, ਅਗਰਵਾਲ ਸਰਵਿਸ ਸਟੇਸ਼ਨ, ਅਧਾਰ ਸੁਪਰਮਾਰਕੀਟ ਵਾਲੇ ਵੱਧ ਚੜ੍ਹ ਕੇ ਸਹਿਯੋਗ ਕਰ ਰਹੇ ਹਨ।ਇਸ ਮੌਕੇ ਜਥੇਦਾਰ ਤੀਰ ਸਿੰਘ ਮਾਹਲਾ, ਸ੍ਰੀ ਸ਼ਿਵ ਮੰਦਿਰ ਦੇ ਪ੍ਰਧਾਨ ਬਲਵਿੰਦਰ ਗਰਗ, ਸੰਦੀਪ ਗੋਇਲ ਠੰਡੂ, ਰਜਿੰਦਰ ਗੋਇਲ, ਬਿਮਲ ਗੋਇਲ, ਕ੍ਰਿਸ਼ਨ ਗਰਗ, ਸ੍ਰੀ ਸ਼ਿਵ ਸ਼ਨੀ ਮੰਦਿਰ ਦੇ ਪ੍ਰਧਾਨ ਰਾਜ ਕੁਮਾਰ, ਯੋਗੇਸ਼ ਯੋਗੀ, ਸ੍ਰੀ ਦੁਰਗਾ ਮੰਦਿਰ ਦੇ ਪ੍ਰਧਾਨ ਰਮਨ ਮਿੱਤਲ ਰਿੰਪੀ, ਬਾਬਾ ਖੇਤਰਪਾਲ ਮੰਦਿਰ ਕਮੇਟੀ ਦੇ ਪ੍ਰਧਾਨ ਸੰਜੀਵ ਗਰਗ, ਪ੍ਰਧਾਨ ਪਵਨ ਗੋਇਲ, ਰਾਕੇਸ਼ ਤੋਤਾ, ਸ੍ਰੀ ਰਾਮ ਲੀਲਾ ਉਤਸਵ ਕਮੇਟੀ ਦੇ ਡਾਇਰੈਕਟਰ ਅਸ਼ਵਨੀ ਸ਼ਰਮਾ, ਚੇਅਰਮੈਨ ਰੋਸ਼ਨ ਲਾਲ ਰੋਸ਼ੀ, ਪ੍ਰਧਾਨ ਦੀਪਕ ਗਰਗ ਬੋਬੀ, ਸ੍ਰੀ ਗਣਪਤੀ ਸੇਵਾ ਮੰਡਲ ਦੇ ਪ੍ਰਧਾਨ ਸੁਖਜੀਵਨ ਭਗਤੂ, ਮਿਲਨ ਗਰਗ, ਰਾਕੇਸ਼ ਬਾਂਸਲ ਰਿੰਪੀ, ਵਿਮਲ ਗਰਗ ਅਗਰਵਾਲ ਮਾਰਬਲ, ਸੰਤ ਰਾਮ ਭੰਡਾਰੀ, ਸੁਰਿੰਦਰ ਬਾਂਸਲ ਡੀ ਐੱਮ, ਪਵਨ ਢੰਡ, ਵਿੱਕੀ ਫੂਲੇਵਾਲੀਆ, ਕ੍ਰਿਸ਼ਨ ਲੂਥਰਾ, ਗੁਰਪ੍ਰੀਤ ਮਨਚੰਦਾ, ਕੇਵਲ ਕ੍ਰਿਸ਼ਨ ਬਾਂਸਲ ਤੇ ਹੋਰ ਹਾਜ਼ਰ ਸਨ।

# ਡੀ ਬੀ ਯੂ ਦੀ ਪ੍ਰੋ-ਚਾਂਸਲਰ ਨੇ ਸੇਂਟ ਵਿਨਸੈਂਟ ਦੀ ਪ੍ਰਥਮ ਮਹਿਲਾ ਐਲੋਇਸ ਹੈਰਿਸ ਨਾਲ ਕੀਤੀ ਮੁਲਾਕਾਤ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਇਕ ਇਤਿਹਾਸਕ ਤੇ ਪ੍ਰੇਰਨਾਦਾਇਕ ਮੁਲਾਕਾਤ ਵਿੱਚ ਸੇਂਟ ਵਿਨਸੈਂਟ ਅਤੇ ਗ੍ਰੇਨਾਡਾਈਨਜ਼ (ਅਮਰੀਕਾ) ਦੇ ਪ੍ਰਧਾਨ ਮੰਤਰੀ ਡਾ: ਰਾਲਫ਼ ਗੋਨਸਾਲਵਿਸ ਨੇ ਦੇਸ਼ ਭਗਤ ਯੂਨੀਵਰਸਿਟੀ ਦੇ ਵਫ਼ਦ ਦਾ ਪ੍ਰਥਮ ਮਹਿਲਾ ਸ੍ਰੀਮਤੀ ਐਲੋਇਸ ਹੈਰਿਸ ਨੇ ਸਵਾਗਤ ਕੀਤਾ। ਡੀ.ਬੀ.ਯੂ. ਦੇ ਵਫ਼ਦ ਦੀ ਅਗਵਾਈ ਚਾਂਸਲਰ ਡਾ: ਜ਼ੋਰਾ ਸਿੰਘ ਤੇ ਪ੍ਰੋ-ਚਾਂਸਲਰ ਡਾ: ਤਜਿੰਦਰ ਕੌਰ ਨੇ ਕੀਤੀ। ਇਸ ਮਹੱਤਵਪੂਰਨ ਆਪਸੀ ਤਾਲਮੇਲ ਨੇ ਦੇਸ਼ ਭਗਤ ਯੂਨੀਵਰਸਿਟੀ ਤੇ ਮੇਜ਼ਬਾਨ ਰਾਸ਼ਟਰ ਵਿਚਕਾਰ ਸਬੰਧਾਂ ਨੂੰ ਹੋਰ ਮਜ਼ਬੂਤ ਕੀਤਾ, ਜਿੱਥੇ ਡੀ ਬੀ ਯੂ ਅਮਰੀਕਾ ਸਕੂਲ ਆਫ ਮੈਡੀਸਿਨ ਵਿਸ਼ਵ ਪੱਧਰੀ ਡਾਕਟਰੀ ਸਿੱਖਿਆ ਦੀ ਅਗਵਾਈ ਕਰ ਰਿਹਾ ਹੈ।ਮੀਟਿੰਗ ਦੌਰਾਨ ਡਾ. ਗੋਂਸਾਲਵੇਸ ਨੇ ਭਾਰਤ ਦੇ ਮਾਣਯੋਗ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੀ ਗਯਾਨਾ ਦੀ ਹਾਲੀਆ ਫੇਰੀ ਦੌਰਾਨ ਉਨ੍ਹਾਂ ਦੀ ਪ੍ਰਭਾਵਸ਼ਾਲੀ ਅਗਵਾਈ ਲਈ ਪ੍ਰਸੰਸਾ ਕੀਤੀ।ਦੇਸ਼ ਭਗਤ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਡਾ: ਤਜਿੰਦਰ ਕੌਰ ਨੇ ਡਾ: ਗੋਨਸਾਲਵਿਸ ਤੇ ਪਹਿਲੀ ਮਹਿਲਾ ਸ੍ਰੀਮਤੀ ਐਲੋਇਸ ਹੈਰਿਸ ਨਾਲ ਗੱਲਬਾਤ ਕਰਨ ਦਾ ਮਾਣ ਪ੍ਰਾਪਤ ਕੀਤਾ।ਡਾ. ਤਜਿੰਦਰ ਕੌਰ ਨੇ ਡੀ.ਬੀ.ਯੂ. ਅਮਰੀਕਾਜ਼ ਐੱਮ ਡੀ ਦੇ ਨਵੀਨਤਾਕਾਰੀ ਪ੍ਰੋਗਰਾਮਾਂ ਰਾਹੀਂ ਸਿੱਖਿਆ ਤੇ ਸਿਹਤ ਸੰਭਾਲ ਨੂੰ ਅੱਗੇ ਵਧਾਉਣ ਲਈ ਆਪਣੀ ਵਚਨਬੱਧਤਾ ਦੀ ਜਾਣਕਾਰੀ ਸਾਂਝੀ ਕੀਤੀ।ਉਨ੍ਹਾ ਭਵਿੱਖ ਲਈ ਸੰਪੂਰਨ ਸਿੱਖਿਆ ਤੇ ਸਿਹਤ ਸੰਭਾਲ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਨਰਸਿੰਗ, ਆਯੁਰਵੇਦ ਤੇ ਯੋਗਾ ਪ੍ਰੋਗਰਾਮਾਂ ਵਿੱਚ ਵਿਸਤਾਰ ਕਰਨ ਦੀਆਂ ਯੋਜਨਾਵਾਂ ਵੀ ਸਾਂਝੀਆਂ ਕੀਤੀਆਂ।ਸੇਂਟ ਵਿਨਸੇਂਟ ਦੀ ਪ੍ਰਥਮ ਮਹਿਲਾ ਸ੍ਰੀਮਤੀ ਐਲੋਇਸ ਹੈਰਿਸ ਨੇ ਸੇਂਟ ਵਿਨਸੇਂਟ ਵਿੱਚ ਵਿਸ਼ਵ ਸਿੱਖਿਆ ਲਿਆਉਣ ਵਿੱਚ ਦੇਸ਼ ਭਗਤ ਯੂਨੀਵਰਸਿਟੀ ਦੇ ਯਤਨਾਂ ਦੀ ਪ੍ਰਸੰਸਾ ਕੀਤੀ।ਚਾਂਸਲਰ ਡਾ. ਜ਼ੋਰਾ ਸਿੰਘ ਨੇ ਪ੍ਰਧਾਨ ਮੰਤਰੀ ਤੇ ਪ੍ਰਥਮ ਮਹਿਲਾ ਦਾ ਉਨ੍ਹਾਂ ਦੇ ਸਮਰਥਨ ਤੇ ਹੱਲਾਸ਼ੇਰੀ ਲਈ ਧੰਨਵਾਦ ਕੀਤਾ। ਉਸ ਨੇ ਵਿਸ਼ਵਵਿਆਪੀ ਸਹਿਯੋਗ ਨੂੰ ਉਤਸ਼ਾਹਤ ਕਰਨ ਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਮੈਡੀਕਲ ਅਤੇ ਸਿਹਤ ਸੰਭਾਲ ਕਰੀਅਰ ਵਿੱਚ ਸਫਲ ਹੋਣ ਲਈ ਸ਼ਕਤੀ ਪ੍ਰਦਾਨ ਕਰਨ ਲਈ ਯੂਨੀਵਰਸਿਟੀ ਦੇ ਦ੍ਰਿਸ਼ਟੀਕੋਣ ਨੂੰ ਸਾਂਝਾ ਕੀਤਾ।ਡਾ. ਜ਼ੋਰਾ ਸਿੰਘ ਨੇ ਕੈਰੇਬੀਅਨ ਵਿੱਚ ਪਰਿਵਰਤਨਸ਼ੀਲ ਸਿੱਖਿਆ ਲਈ ਇੱਕ ਹੱਬ ਵਜੋਂ ਡੀਬੀਯੂ ਅਮਰੀਕਾ ਸਕੂਲ ਆਫ਼ ਮੈਡੀਸਨ ਦੀ ਭੂਮਿਕਾ ਨੂੰ ਵੀ ਉਜਾਗਰ ਕੀਤਾ।

# ਨਜਾਇਜ਼ ਕਬਜ਼ਿਆਂ ਕਾਰਨ ਬਦ ਤੋਂ ਬਦਤਰ ਹੋਈ ਆਵਾਜਾਈ ਸਮੱਸਿਆ



**ਮਲੋਟ (ਗੁਰਮੀਤ ਸਿੰਘ ਮੱਕੜ)**

ਸ਼ਹਿਰ ਵਿਚ ਜਿੱਥੇ ਨਜਾਇਜ਼ ਕਬਜ਼ੇ, ਮਨਮਾਨੀਆਂ, ਤਹਿਸੀਲ ਕੰਪਲੈਕਸ ਵਿਚ ਭ੍ਰਿਸ਼ਟਾਚਾਰ ਦਾ ਬੋਲਬਾਲਾ ਸਮੱਸਿਆ ਬਣੇ ਹੋਏ ਹਨ, ਉਥੇ ਸ਼ਹਿਰ ਵਿੱਚ ਆਵਾਜਾਈ ਦੀ ਵੀ ਗੰਭੀਰ ਸਮੱਸਿਆ ਬਣੀ ਹੋਈ ਹੈ, ਪ੍ਰੰਤੂ ਆਵਾਜਾਈ ਪੁਲਿਸ ਕੁੰਭਕਰਨੀ ਨੀਂਦ ਸੁੱਤੀ ਪਈ ਹੈ। ਸ਼ਹਿਰ ਦੇ ਭੀੜ ਵਾਲੇ ਬਾਜ਼ਾਰ ਜਿਸ ਵਿੱਚ ਗੁੜ ਬਾਜ਼ਾਰ, ਲੋਹਾ ਬਾਜ਼ਾਰ, ਬਿਰਲਾ ਰੋਡ, ਸੁਪਰ ਬਾਜ਼ਾਰ, ਮੇਨ ਬਾਜ਼ਾਰ ਆਦਿ ਵਿਚ ਬਾਹਰਲੇ ਰਾਜਾਂ ਤੋਂ ਮਾਲ ਉਤਾਰਨ ਆਉਂਦੇ ਘੋੜਾ ਟਰੱਕ, ਟਰੱਕ ਅਤੇ ਹੋਰ ਵਾਹਨ ਚਾਲਕ ਆਪਣਾ ਵਾਹਨ ਬੇਤਰਤੀਬੇ ਢੰਗ ਨਾਲ ਰੋਡ ਉੱਪਰ ਹੀ ਘੰਟਿਆਂਬੱਧੀ ਖੜਾ ਕਰਕੇ ਚੱਲੇ ਜਾਂਦੇ ਹਨ, ਜਿਸ ਨਾਲ ਸ਼ਹਿਰ ਵਾਸੀਆਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਤੇ ਬੇਤਰਤੀਬੇ ਢੰਗ ਨਾਲ ਲੱਗੇ ਵਾਹਨਾਂ ਕਾਰਨ ਸ਼ਹਿਰ ਵਿੱਚ ਜਾਮ ਲੱਗ ਜਾਂਦਾ ਹੈ, ਜਿਸ ਨਾਲ ਸ਼ਹਿਰ ਵਾਸੀਆਂ ਨੂੰ ਆਪਣਾ ਵਾਹਨ ਲੈਕੇ ਤਾਂ ਕਿ ਪੈਦਲ ਲੰਘਣਾ ਵੀ ਮੁਸ਼ਕਲ ਹੋ ਜਾਂਦਾ ਹੈ। ਇਸ ਤੋਂ ਇਲਾਵਾ ਰਿਹਾਇਸ਼ੀ ਇਲਾਕਿਆਂ ਵਿਚ ਬਣੇ ਗੋਦਾਮਾਂ ਵਿਚ ਮਾਲ ਉਤਾਰਣ ਆਏ ਵੱਡੇ ਵਾਹਨਾਂ ਦੇ ਚਾਲਕ ਵੀ ਰੋਡ ਦੇ ਉੱਪਰ ਹੀ ਆਪਣਾ ਵਾਹਨ ਖੜਾ ਕਰਕੇ ਮਾਲ ਉਤਾਰਦੇ ਨਜ਼ਰ ਆਉਂਦੇ ਹਨ, ਜੋ ਆਵਾਜਾਈ ਤੇ ਸੁਰੱਖਿਆ ਲਈ ਗੰਭੀਰ ਵਿਸ਼ਾ ਬਣੇ ਹੋਏ ਹਨ, ਪ੍ਰੰਤੂ ਪ੍ਰਸ਼ਾਸਨ ਕੇਵਲ ਦਫ਼ਤਰਾਂ 'ਚ ਬੈਠਾ ਪ੍ਰੈਸ ਨੋਟ ਹੀ ਜਾਰੀ ਕਰ ਰਿਹਾ ਹੈ, ਜਦਕਿ ਅਮਲੀ ਜਾਮਾ ਨਹੀਂ ਪਹਿਨਾਇਆ ਜਾਂਦਾ। ਜਦੋਂ ਇਸ ਸਬੰਧੀ ਆਵਾਜਾਈ ਦੇ ਇੰਚਾਰਜ ਹਰਭਗਵਾਨ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਦਾ ਕਹਿਣਾ ਸੀ ਕਿ ਉਹ ਇਸ ਸਬੰਧੀ ਕਈ ਵਾਰ ਨਗਰ ਕੌਂਸਲ ਨੂੰ ਨਜਾਇਜ਼ ਕਬਜ਼ੇ ਹਟਾਉਣ ਲਈ ਕਹਿ ਚੁੱਕੇ ਹਨ, ਪ੍ਰੰਤੂ ਕੋਈ ਸੁਣਵਾਈ ਨਹੀਂ ਹੋਈ, ਜਿਸ ਕਾਰਨ ਆਵਾਜਾਈ ਵਿਚ ਵਿਘਨ ਪੈ ਰਿਹਾ ਹੈ।

ਨਗਰ ਕੌਂਸਲ ਦੇ ਕਾਰਜਸਾਧਕ ਅਫ਼ਸਰ ਮੰਗਤ ਰਾਏ ਨਾਲ ਗੱਲ ਕੀਤੀ ਤਾਂ ਉਨ੍ਹਾਂ ਨਜਾਇਜ਼ ਕਬਜ਼ਿਆਂ ਸਬੰਧੀ ਕੋਈ ਤਸੱਲੀਬਖਸ਼ ਜਵਾਬ ਨਾ ਦੇ ਕੇ ਹਾਂ ਜੀ ਹਾਂ ਜੀ ਕਰਕੇ ਗੱਲ ਟਾਲਮਟੋਲ ਕਰ ਦਿੱਤੀ। ਸ਼ਹਿਰ ਵਾਸੀਆਂ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਉਹ ਤੁਰੰਤ ਕਾਰਵਾਈ ਕਰਦੇ ਹੋਏ ਨਜਾਇਜ਼ ਕਬਜ਼ੇ ਜੰਗੀ ਪੱਧਰ 'ਤੇ ਹਟਾਉਣ ਤਾਂ ਜੁ ਸ਼ਹਿਰ ਵਾਸੀਆਂ ਨੂੰ ਆ ਰਹੀਆਂ ਮੁਸ਼ਕਲਾਂ ਤੋਂ ਨਿਜ਼ਾਤ ਮਿਲ ਸਕੇ।

# ਸਾਂਝਾ ਅਧਿਆਪਕ ਮੋਰਚਾ ਵੱਲੋਂ ਸਿੱਖਿਆ ਮੰਤਰੀ ਦੀ ਰਿਹਾਇਸ਼ ਅੱਗੇ ਸੂਬਾਈ ਰੈਲੀ ਪਹਿਲੀ ਨੂੰ

## ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਵੱਲੋਂ ਵੱਡੀ ਗਿਣਤੀ 'ਚ ਸ਼ਾਮਲ ਹੋਣ ਦਾ ਫੈਸਲਾ



**ਲੁਧਿਆਣਾ (ਐੱਮ ਐੱਸ ਭਾਟੀਆ)**-ਸਾਂਝਾ ਅਧਿਆਪਕ ਮੋਰਚਾ ਪੰਜਾਬ ਵੱਲੋਂ ਪੰਜਾਬ ਸਰਕਾਰ ਦੀਆਂ ਸਿੱਖਿਆ ਵਿਰੋਧੀ ਨੀਤੀਆਂ ਖਿਲਾਫ 1 ਦਸੰਬਰ ਨੂੰ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੇ ਪਿੰਡ ਗੰਭੀਰਪੁਰ ਵਿਖੇ ਕੀਤੀ ਜਾ ਰਹੀ ਰੈਲੀ ਵਿੱਚ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ ਗਿਆ ਹੈ।ਇਹ ਫੈਸਲਾ ਜਥੇਬੰਦੀ ਦੇ ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ ਦੀ ਪ੍ਰਧਾਨਗੀ ਹੇਠ ਹੋਈ ਵਰਚੁਅਲ ਮੀਟਿੰਗ ਦੌਰਾਨ ਲਿਆ ਗਿਆ।ਮੀਟਿੰਗ ਵਿੱਚ ਯੂਨੀਅਨ ਦੇ ਸਰਪ੍ਰਸਤ ਚਰਨ ਸਿੰਘ ਸਰਾਭਾ, ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸਿੰਘ ਖਾਨਪੁਰ, ਪਰਵੀਨ ਕੁਮਾਰ ਲੁਧਿਆਣਾ, ਜਨਰਲ ਸਕੱਤਰ ਗੁਰਪ੍ਰੀਤ ਸਿੰਘ ਮਾੜੀ ਮੇਘਾ, ਵਿੱਤ ਸਕੱਤਰ ਨਵੀਨ ਕੁਮਾਰ ਸਚਦੇਵਾ, ਸਲਾਹਕਾਰ ਪ੍ਰੇਮ ਚਾਵਲਾ, ਸੰਜੀਵ ਸ਼ਰਮਾ, ਪਰਮਿੰਦਰ ਪਾਲ ਸਿੰਘ ਕਾਲੀਆ, ਹਰੀਦੇਵ ਲੁਧਿਆਣਾ ਤੇ ਪ੍ਰੈੱਸ ਸਕੱਤਰ ਟਹਿਲ ਸਿੰਘ ਸਰਾਭਾ ਨੇ ਦੱਸਿਆ ਕਿ ਸਿੱਖਿਆ ਮੰਤਰੀ ਪੰਜਾਬ ਦੇ ਨਾਂਅ ਵਾਰ ਵਾਰ ਅਧਿਆਪਕਾਂ ਦੀਆਂ ਮੰਗਾਂ ਸਬੰਧੀ ਮੰਗ ਪੱਤਰ ਦਿੱਤੇ ਗਏ ਹਨ, ਪਰ ਉਨ੍ਹਾਂ ਵੱਲੋਂ ਅਧਿਆਪਕਾਂ ਦੇ ਮਸਲੇ ਹੱਲ ਕਰਨ ਲਈ ਗੰਭੀਰਤਾ ਨਹੀਂ ਦਿਖਾਈ ਜਾ ਰਹੀ।ਇਸ ਕਰਕੇ ਅਧਿਆਪਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਮੀਟਿੰਗ ਵਿੱਚ ਇਹ ਵੀ ਵਿਚਾਰ ਵਟਾਂਦਰਾ ਕੀਤਾ ਗਿਆ ਕਿ ਸਿੱਖਿਆ ਪ੍ਰਣਾਲੀ ਵਿੱਚ ਸੁਧਾਰ ਲਿਆਉਣ ਲਈ ਅਧਿਆਪਕਾਂ ਨੂੰ ਸਿਰਫ ਸਿਲੇਬਸ ਅਨੁਸਾਰ ਪੜ੍ਹਾਉਣ ਦੀ ਜ਼ਿੰਮੇਵਾਰੀ ਦੇਣੀ ਚਾਹੀਦੀ ਹੈ ਤੇ ਅਧਿਆਪਕਾਂ 'ਤੇ ਪਾਏ ਜਾ ਰਹੇ ਬੇਲੋੜੇ ਕੰਮ ਰੋਕਣੇ ਚਾਹੀਦੇ ਹਨ।ਇਸ ਸਮੇਂ ਮਨੀਸ਼ ਸ਼ਰਮਾ, ਸਤਵਿੰਦਰ ਪਾਲ ਸਿੰਘ ਪੀ ਟੀ, ਗਿਆਨ ਸਿੰਘ ਦੋਰਾਹਾ, ਬਲਵੀਰ ਸਿੰਘ ਕੰਗ, ਦਵਿੰਦਰ ਸਿੰਘ ਪੀਏਯੂ, ਬਿਕਰਮ ਸਿੰਘ ਥਰੀਕੇ, ਪਰਮਜੀਤ ਸਿੰਘ ਸਵੱਦੀ, ਨਰਿੰਦਰਪਾਲ ਸਿੰਘ ਬੁਰਜ ਲਿਟਾਂ, ਕੁਲਦੀਪ ਸਿੰਘ ਪ੍ਰਧਾਨ ਪੱਖੋਵਾਲ, ਜੁਗਲ ਸ਼ਰਮਾ, ਧਰਮ ਸਿੰਘ ਪ੍ਰਧਾਨ ਡੇਹਲੋਂ-2, ਚਰਨ ਸਿੰਘ ਤਾਜਪੁਰੀ ਸਮੇਤ ਹੋਰ ਆਗੂ ਹਾਜ਼ਰ ਸਨ।

30-NOV-PAGE-7.qxd 11/29/2024 9:23 PM Page 1



## ਆਲ ਇੰਡੀਆ ਹਿਊਮਨ ਰਾਈਟ ਐਸੋਸੀਏਸ਼ਨ ਦਾ ਪੈਨਸ਼ਨ ਵੰਡ ਸਮਾਰੋਹ



**ਜਗਰਾਉਂ (ਅਮਿਤ ਖੰਨਾ)**-ਆਲ ਇੰਡੀਆ ਹਿਊਮਨ ਰਾਈਟ ਐਸੋਸੀਏਸ਼ਨ ਦਾ 177ਵਾਂ ਪੈਨਸ਼ਨ ਵੰਡ ਸਮਾਰੋਹ ਗੁਰਦੁਆਰਾ ਭਜਨਗੜ੍ਹ ਸਾਹਿਬ ਵਿਖੇ ਸੰਪੰਨ ਹੋਇਆ, ਜਿਸ ਵਿੱਚ 25 ਬਜ਼ੁਰਗਾਂ ਨੂੰ ਮਹੀਨਾਵਾਰ ਪੈਨਸ਼ਨ ਵੰਡੀ ਗਈ। ਇਸ ਸਮਾਗਮ ਦੇ ਮੁੱਖ ਮਹਿਮਾਨ ਲਖਵਿੰਦਰ ਸਿੰਘ ਔਲਖ ਤੇ ਉਨ੍ਹਾ ਦੀ ਧਰਮ ਪਤਨੀ ਨੇ ਇਨ੍ਹਾਂ ਬਜ਼ੁਰਗਾਂ ਲਈ 3 ਮਹੀਨਿਆਂ ਦੀ ਪੈਨਸ਼ਨ ਦਿੱਤੀ ਸਟੇਜ ਦੀ ਭੂਮਿਕਾ ਕਰਦਿਆਂ ਸੈਕਟਰੀ ਫਾਇਨਾਂਸ ਰਾਜਨ ਬਾਂਸਲ ਨੇ ਦੱਸਿਆ ਕਿ ਪਿਛਲੇ 7-8 ਸਾਲਾਂ ਤੋਂ ਲਖਵਿੰਦਰ ਸਿੰਘ ਔਲਖ ਕੈਨੇਡਾ ਤੇ ਬਲਬੀਰ ਸਿੰਘ ਕੈਨੇਡਾ ਇਨ੍ਹਾਂ ਬਜ਼ੁਰਗਾਂ ਲਈ ਪੈਨਸ਼ਨ ਭੇਜਦੇ ਆ ਰਹੇ ਹਨ। ਪ੍ਰਧਾਨ ਮਨਜਿੰਦਰਪਾਲ ਸਿੰਘ ਹਨੀ ਨੇ ਧੰਨਵਾਦ ਕਰਦਿਆਂ ਕਿਹਾ ਕਿ ਉਹ ਇਸ ਸਹਿਯੋਗ ਨੂੰ ਕਦੇ ਵੀ ਬੰਦ ਨਹੀਂ ਹੋਣ ਦੇਣਗੇ। ਇਸ ਸਮਾਗਮ ਵਿੱਚ ਪੈਟਰਨ ਵਿਨੋਦ ਵਿ ਬਾਂਸਲ, ਐਡਵੋਕੇਟ ਬਲਦੇਵ ਕ੍ਰਿਸ਼ਨ ਗੋਇਲ, ਸੈਕਟਰੀ ਰਾਕੇਸ਼ ਮੈਣੀ, ਸੈਕਟਰੀ ਫਾਇਨਾਂਸ ਰਾਜਨ ਬਾਂਸਲ, ਡਾ: ਰਜਨੀਸ਼ ਪਾਲ ਸਿੰਘ, ਪ੍ਰੋਜੈਕਟ ਡਾਇਰੈਕਟਰ ਵਿੱਕੀ ਔਲਖ, ਜਸਪਾਲ ਸਿੰਘ ਆਦਿ ਮੈਂਬਰ ਹਾਜ਼ਰ ਸਨ।

## ਸਕੂਲੀ ਵਿਦਿਆਰਥਣਾਂ ਦਾ ਵਿੱਦਿਅਕ ਟੂਰ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਸ.ਸ੍ਰ.ਭ.ਸ.ਸ.ਸ.ਸ.ਸ. (ਕੰਨਿਆ) ਲੌਂਗੋਵਾਲ ਦੀਆਂ ਵਿਦਿਆਰਥਣਾਂ ਦਾ ਇੱਕ ਰੋਜ਼ਾ ਵਿੱਦਿਅਕ ਟੂਰ ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਸਿੱਖਿਆ ਤਰਵਿੰਦਰ ਕੌਰ ਤੇ ਪ੍ਰਿੰਸੀਪਲ ਕਰਮਜੀਤ ਕੌਰ ਦੀ ਅਗਵਾਈ ਹੇਠ ਸ੍ਰੀ ਅਨੰਦਪੁਰ ਸਾਹਿਬ ਵਿਖੇ ਗਿਆ। ਇਸ ਦੌਰਾਨ ਵਿਦਿਆਰਥੀਆਂ ਨੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਪਹੁੰਚ ਕੇ ਗੁਰਦੁਆਰਾ ਸਾਹਿਬ ਦੇ ਦਰਸ਼ਨ ਕੀਤੇ ਅਤੇ ਬਾਅਦ ਵਿੱਚ ਵਿਰਾਸਤ-ਏ-ਖਾਲਸਾ ਵਿਖੇ ਲਿਜਾਇਆ ਗਿਆ। ਇਸ ਟੂਰ ਦੌਰਾਨ ਜਿੱਥੇ ਵਿਦਿਆਰਥੀਆਂ ਨੇ ਇਤਿਹਾਸਕ ਸਥਾਨਾਂ ਦੇ ਦਰਸ਼ਨ ਕੀਤੇ, ਉਥੇ ਹੀ ਆਪਣੇ ਗਿਆਨ ਵਿੱਚ ਵੀ ਵਾਧਾ ਕੀਤਾ। ਇਸ ਮੌਕੇ ਸਕੂਲ ਅਧਿਆਪਕ ਸੀਮਾ ਰਾਣੀ, ਸੋਨੂੰ ਬਾਂਸਲ, ਸਿੰਦਰਪਾਲ ਕੌਰ ਤੇ ਹਰਵਿੰਦਰ ਕੌਰ ਵੀ ਮੌਜੂਦ ਸਨ।

## ਸੱਤਿਆ ਭਾਰਤੀ ਸਕੂਲ 'ਚ ਰੰਗ ਤਰੰਗ ਪ੍ਰੋਗਰਾਮ ਕਰਾਇਆ



**ਦੋਰਾਹਾ (ਹਰਮਿੰਦਰ ਸੇਠ)**-ਸੱਤਿਆ ਭਾਰਤੀ ਸਕੂਲ ਚੀਮਾ ਵਿੱਚ ਰੰਗ ਤਰੰਗ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿੱਚ ਵੱਖ-ਵੱਖ ਸਕੂਲਾਂ ਦੀਆਂ ਟੀਮਾਂ ਨੇ ਹਿੱਸਾ ਲਿਆ, ਜਿਸ ਵਿੱਚ ਪਿੰਡ ਚੀਮਾ ਦੇ ਸਰਪੰਚ ਹਰਜਿੰਦਰ ਕੌਰ, ਐਡਵੋਕੇਟ ਜਸਵੀਰ ਸਿੰਘ ਔਜਲਾ, ਸੁਖਜਿੰਦਰ ਸਿੰਘ ਤੇ ਹੋਰ ਪਤਵੰਤੇ ਸੱਜਣਾਂ, ਜਿਸ ਵਿੱਚ ਸਰਪੰਚ ਸੁਰਿੰਦਰ ਸਿੰਘ ਬੀਜਾਪੁਰ ਕੋਠੇ, ਜਗਤਾਰ ਸਿੰਘ ਪੰਚ ਨਸਰਾਲੀ ਨੇ ਹਿੱਸਾ ਲਿਆ ਤੇ ਜੇਤੂ ਟੀਮਾਂ ਨੂੰ ਇਨਾਮ ਵੰਡੇ। ਮੁੱਖ ਅਧਿਆਪਕ ਕਮਲਜੀਤ ਵੱਲੋਂ ਸਾਰੇ ਮਹਿਮਾਨਾਂ ਤੇ ਬੱਚਿਆਂ ਦੇ ਮਾਪਿਆਂ ਦਾ ਧੰਨਵਾਦ ਕੀਤਾ ਗਿਆ।

## ਪੈਰਾ ਖੇਡਾਂ ਵਤਨ ਪੰਜਾਬ ਦੀਆਂ 'ਚ ਤੇਜ ਕੁਮਾਰ ਨੇ ਚਾਂਦੀ ਦਾ ਤਮਗਾ ਜਿੱਤਿਆ



**ਬਠਿੰਡਾ (ਪਰਵਿੰਦਰਜੀਤ ਸਿੰਘ)**-ਪੰਜਾਬ ਸਰਕਾਰ ਦੁਆਰਾ ਪੀ.ਪੀ.ਐੱਸ.ਏ. ਦੇ ਸਹਿਯੋਗ ਸਦਕਾ ਪੈਰਾ ਖੇਡਾਂ ਵਤਨ ਪੰਜਾਬ ਦੀਆਂ ਦੇ ਰਾਜ ਪੱਧਰੀ ਖੇਡ ਮੁਕਾਬਲੇ ਗੁਰੂ ਨਾਨਕ ਸਟੇਡੀਅਮ ਲੁਧਿਆਣਾ ਵਿਖੇ ਕਰਵਾਏ ਗਏ, ਜਿਸ ਵਿੱਚ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਬਠਿੰਡਾ ਦੇ ਜੂਨੀਅਰ ਸਹਾਇਕ ਤੇਜ ਕੁਮਾਰ ਨੇ ਜੈਵਲਿਨ ਥਰੋਅ ਵਿੱਚ ਭਾਗ ਲਿਆ ਤੇ ਦੂਜਾ ਸਥਾਨ ਹਾਸਲ ਕਰਦੇ ਹੋਏ ਚਾਂਦੀ ਦਾ ਤਮਗਾ ਪ੍ਰਾਪਤ ਕੀਤਾ। ਡਿਪਟੀ ਡਾਇਰੈਕਟਰ ਸ੍ਰੀਮਤੀ ਗੁਰਪ੍ਰੀਤ ਕੌਰ ਗਿੱਲ ਤੇ ਸਮੂਹ ਸਟਾਫ ਨੇ ਸ੍ਰੀ ਤੇਜ ਕੁਮਾਰ ਦੀ ਹੌਸਲਾ ਅਫਜ਼ਾਈ ਕਰਦਿਆਂ ਉਸ ਨੂੰ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।ਇਸ ਮਾਣਮੱਤੀ ਪ੍ਰਾਪਤੀ 'ਤੇ ਡਿਪਟੀ ਡਾਇਰੈਕਟਰ ਤੇ ਸਮੂਹ ਸਟਾਫ ਵੱਲੋਂ ਉਦਯੋਗਿਕ ਸਿਖਲਾਈ ਸੰਸਥਾ ਵਿਖੇ ਪਹੁੰਚਣ 'ਤੇ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਵੀ ਕੀਤਾ ਗਿਆ।

## ਮੁਕਤਸਰ ਦੇ ਸ਼ਾਸਨ ਪ੍ਰਸ਼ਾਸਨ ਦੀ ਜ਼ਿਦ ਨੂੰ ਸਲਾਮ : ਐਡਵੋਕੇਟ ਅਨੁਰਾਗ ਸ਼ਰਮਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-2022 ਦੀਆਂ ਵਿਧਾਨ ਸਭਾ ਚੋਣਾਂ 'ਚ ਸਰਕਾਰ ਆਉਣ ਤੋਂ ਪਹਿਲਾਂ ਸਿੱਖਿਆ, ਸਿਹਤ ਸੰਸਥਾਵਾਂ 'ਚ ਸੁਧਾਰ ਲਿਆਉਣ ਦਾ ਵਾਅਦਾ ਕਰਨ ਵਾਲੀ 'ਆਪ' ਸਰਕਾਰ ਦੇ ਨਾਕਾਮ ਵਾਅਦੇ ਉਦੋਂ ਢਹਿ ਢੇਰੀ ਹੋ ਜਾਂਦੇ ਨੇ ਜਦੋਂ ਸ੍ਰੀ ਮੁਕਤਸਰ ਸਾਹਿਬ ਦੀ ਸਰਕਾਰੀ ਹਸਪਤਾਲ ਵਾਲੀ ਸੜਕ ਵੱਲ ਧਿਆਨ ਜਾਂਦਾ ਹੈ ਤਾਂ ਮਹਿਸੂਸ ਹੁੰਦਾ ਹੈ, ਸੜਕ 'ਤੇ ਪਾਣੀ ਹੈ ਜਾਂ ਪਾਣੀ 'ਤੇ ਸੜਕ।ਬਹੁਤ ਸਾਰੀਆਂ ਖਬਰਾਂ, ਚਿੱਠੀਆਂ, ਬੋਰਡਾਂ ਤੇ ਹੋਰ ਸੁਚੱਜੇ ਢੰਗਾਂ ਨਾਲ ਇਸ ਸੜਕ ਉੱਪਰ ਸ਼ਾਸਨ, ਪ੍ਰਸ਼ਾਸਨ ਦਾ ਧਿਆਨ ਲਿਜਾਣ ਦੀ ਕੋਸ਼ਿਸ਼ ਕੀਤੀ, ਪਰ ਅਫਸੋਸ ਇਸ ਵੱਲ ਕੋਈ ਧਿਆਨ ਨਹੀਂ, ਕਿਉਂਕਿ ਸਰਕਾਰੀ ਹਸਪਤਾਲ ਵਿੱਚ ਸ਼ਾਸਨ ਜਾਂ ਪ੍ਰਸ਼ਾਸਨ ਦਾ ਕੋਈ ਚੰਗੇ ਰਸੂਖ ਵਾਲਾ ਵਿਅਕਤੀ ਇਲਾਜ ਕਰਵਾਉਂਣ ਨਹੀਂ ਆਉਂਦਾ।ਬੜੀ ਅਜੀਬ ਗੱਲ ਹੈ ਕਿ ਸਰਕਾਰੀ ਸੰਸਥਾਵਾਂ ਦੀ ਝੂਠੀ ਚਿੰਤਾ ਕਰਨ ਵਾਲੇ ਮਾਸਟਰ ਜੀ ਦੇ ਪੁੱਤਰ ਖੁਦ ਮਹਿੰਗੇ ਹਸਪਤਾਲ 'ਚੋਂ ਆਪਣਾ ਇਲਾਜ ਕਰਵਾਉਂਦੇ ਨੇ।ਆਮ ਜਨਤਾ ਨੂੰ ਅਣਦੇਖਿਆ ਕੀਤਾ ਜਾਂਦਾ ਹੈ।ਸਰਕਾਰੀ ਹਸਪਤਾਲ ਮੁਕਤਸਰ ਵਾਲੀ ਸੜਕ ਇੰਨੀ ਜ਼ਿਆਦਾ ਖਰਾਬ ਹੈ ਕਿ ਪੈਦਲ ਤਾਂ ਬਹੁਤ ਦੂਰ ਦੀ ਗੱਲ, ਵਹੀਕਲ 'ਤੇ ਵੀ ਇਕ ਮਰੀਜ਼ ਨੂੰ ਸੜਕ ਤੋਂ ਹਸਪਤਾਲ ਪਹੁੰਚਣਾ ਕਿਸੇ ਜੰਗ ਜਿੱਤਣ ਤੋਂ ਘੱਟ ਨਹੀਂ।ਮੁਕਤਸਰ ਸ਼ਾਸਨ ਪ੍ਰਸ਼ਾਸਨ ਨੂੰ ਸਲੂਟ ਹੈ, ਇਸ ਲਾਪ੍ਰਵਾਹਕ ਜ਼ਿੱਦ ਨੂੰ!

## ਵਿਧਾਇਕ ਛੀਨਾ ਵੱਲੋਂ ਸ਼ੇਰਪੁਰ ਕਲਾਂ 'ਚ ਟਿਊਬਵੈੱਲ ਪ੍ਰੋਜੈਕਟ ਦੀ ਸ਼ੁਰੂਆਤ



**ਲੁਧਿਆਣਾ (ਰਾਜ ਸਿੰਗਲਾ)**-ਵਿਧਾਨ ਸਭਾ ਹਲਕਾ ਲੁਧਿਆਣਾ ਦੱਖਣੀ ਤੋਂ ਵਿਧਾਇਕ ਰਜਿੰਦਰਪਾਲ ਕੌਰ ਛੀਨਾ ਵੱਲੋਂ ਜਲ ਸਪਲਾਈ ਵਿਵਸਥਾ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਸਥਾਨਕ ਸ਼ੇਰਪੁਰ ਕਲਾਂ, ਗੁਰਦੁਆਰਾ ਸਾਹਿਬ ਵਾਲੀ ਗਲੀ ਵਿੱਚ 25 ਹਾਰਸ ਪਾਵਰ ਟਿਊਬਵੈੱਲ ਲਗਾਉਣ ਦੇ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ।ਵਿਧਾਇਕ ਛੀਨਾ ਨੇ ਕਿਹਾ ਕਿ ਇਸ ਇਲਾਕੇ ਦੇ ਲੋਕ ਬੀਤੇ ਲੰਮੇ ਸਮੇਂ ਤੋਂ ਪੀਣ ਵਾਲੇ ਪਾਣੀ ਦੀ ਸਮੱਸਿਆ ਨਾਲ ਜੂਝ ਰਹੇ ਸਨ।ਉਨ੍ਹਾ ਦੱਸਿਆ ਕਿ ਲੋਕਾਂ ਦੀ ਸਮੱਸਿਆ ਦੇ ਨਿਪਟਾਰੇ ਹਿੱਤ ਇਸ ਇਲਾਕੇ ਵਿੱਚ ਨਵਾਂ ਟਿਊਬਵੈੱਲ ਲਗਾਉਣ ਦਾ ਉਦਘਾਟਨ ਕੀਤਾ ਗਿਆ ਹੈ ਅਤੇ ਆਉਣ ਵਾਲੇ 20 ਦਿਨਾਂ ਵਿੱਚ ਇਹ ਟਿਊਬਵੈੱਲ ਚਾਲੂ ਕਰ ਦਿੱਤਾ ਜਾਵੇਗਾ।ਉਨ੍ਹਾ ਕਿਹਾ ਕਿ ਹਲਕਾ ਦੱਖਣੀ ਦੇ ਜਿਨ੍ਹਾਂ ਵਾਰਡਾਂ ਵਿੱਚ ਪੀਣ ਵਾਲੇ ਪਾਣੀ ਦੀ ਘਾਟ ਹੈ, ਉਨ੍ਹਾਂ ਵਿੱਚ ਆਉਣ ਵਾਲੇ ਦਿਨਾਂ ਵਿੱਚ ਨਵੇਂ ਟਿਊਬਵੈੱਲ ਲਗਾਏ ਜਾਣਗੇ।ਉਨ੍ਹਾ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ।ਉਨ੍ਹਾ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਸੁਣ ਕੇ ਉਨ੍ਹਾਂ ਦਾ ਹੱਲ ਵੀ ਕੱਢਿਆ ਜਾ ਰਿਹਾ ਹੈ। ਵਿਧਾਨ ਸਭਾ ਹਲਕੇ ਵਿੱਚ ਹਰ ਤਰ੍ਹਾਂ ਦੇ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ, ਜਿਸ ਵਿੱਚ ਸੜਕਾਂ ਦਾ ਨਿਰਮਾਣ ਵੀ ਕੀਤਾ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਜਿਹੜੇ ਲੋਕ ਨੀਲੇ ਕਾਰਡ, ਪੈਨਸ਼ਨ, ਆਵਾਸ ਯੋਜਨਾ ਸਮੇਤ ਹੋਰ ਸਕੀਮਾਂ ਤੋਂ ਵਾਂਝੇ ਹਨ, ਉਨ੍ਹਾਂ ਦੀ ਸੂਚੀ ਵੀ ਤਿਆਰ ਕੀਤੀ ਜਾ ਰਹੀ ਹੈ ਤਾਂ ਜੋ ਉਹ ਵੀ ਇਸ ਸਕੀਮ ਦਾ ਲਾਭ ਲੈ ਸਕਣ।ਇਲਾਕੇ ਦੇ ਲੋਕਾਂ ਨੇ ਇਸ ਕਾਰਜ ਲਈ ਵਿਧਾਇਕ ਰਜਿੰਦਰਪਾਲ ਕੌਰ ਛੀਨਾ ਦਾ ਵਿਸ਼ੇਸ਼ ਧੰਨਵਾਦ ਕੀਤਾ।ਇਸ ਮੌਕੇ ਪਾਰਟੀ ਮੈਂਬਰ ਕੁਲਵੰਤ ਸਿੰਘ, ਕੇਸ਼ਵ ਸ਼ਰਮਾ, ਮੁਨੀਸ਼ ਸ਼ਰਮਾ, ਜੈਕ ਤੇ ਹੋਰ ਹਾਜ਼ਰ ਸਨ।

## ਪਿੰਡਾਂ ਦੇ ਵਿਕਾਸ ਕਾਰਜਾਂ 'ਤੇ ਕੈਂਪ ਲਾਇਆ



**ਕੋਟ ਈਸੇ ਖਾਂ (ਅਰੋੜਾ)**-ਪਿੰਡਾਂ ਦੇ ਵਿਕਾਸ ਕਾਰਜਾਂ ਨਾਲ ਸਬੰਧਤ ਵੱਖ-ਵੱਖ ਵਿਭਾਗਾਂ ਦੇ ਮੁਲਾਜ਼ਮਾਂ ਦਾ ਕੈਂਪ ਬੀਡੀਪੀਓ ਦਫਤਰ ਕੋਟ ਈਸੇ ਖਾਂ ਵਿਖੇ ਬੀਡੀਪੀਓ ਸਿਤਾਰਾ ਸਿੰਘ ਦੀ ਅਗਵਾਈ ਵਿੱਚ ਲਾਇਆ ਗਿਆ।ਕੈਂਪ ਵਿੱਚ ਆਂਗਣਵਾੜੀ ਵਰਕਰਾਂ, ਆਸ਼ਾ ਵਰਕਰਾਂ, ਸੈਲਫ ਹੈਲਫ ਗਰੁੱਪਾਂ ਨਾਲ ਸਬੰਧਤ ਔਰਤਾਂ, ਅਧਿਆਪਕਾਵਾਂ ਤੇ ਸਿਹਤ ਵਿਭਾਗ ਦੇ ਕਾਮਿਆਂ ਨੂੰ ਪਿੰਡਾਂ ਵਿਚ ਵਿਕਾਸ ਯੋਜਨਾਵਾਂ ਉਲੀਕਨ ਸਮੇਂ ਬੱਚਿਆਂ ਤੇ ਔਰਤਾਂ ਨੂੰ ਭਾਗੀਦਾਰ ਯਕੀਨੀ ਬਣਾਉਣ ਲਈ ਨੁਕਤੇ ਦੱਸੇ ਗਏ।ਉਨ੍ਹਾਂ ਦੱਸਿਆ ਕਿ ਇਸ ਟ੍ਰੇਨਿੰਗ ਕੈਂਪ ਵਿੱਚ ਬਲਾਕ ਦੇ ਪੇਂਡੂ ਵਿਕਾਸ ਨਾਲ ਸਬੰਧਿਤ ਵੱਖ-ਵੱਖ ਮੁਲਾਜ਼ਮਾਂ ਨੂੰ ਪਿੰਡਾਂ ਦੇ ਵਿਕਾਸ ਸਬੰਧੀ ਜੀ.ਪੀ.ਡੀ.ਪੀ. ਤਿਆਰ ਕਰਨ ਸਬੰਧੀ, ਸਿਹਤ ਤੇ ਸਿੱਖਿਆ ਦੇ ਖੇਤਰ ਵਿੱਚ ਭੂਮਿਕਾ ਦਰਜ ਕਰਾਉਣ 'ਤੇ ਜ਼ੋਰ ਦਿੱਤਾ।ਉਨ੍ਹਾਂ ਕਿਹਾ ਕਿ ਬੱਚਿਆਂ ਤੇ ਔਰਤਾਂ ਦੀਆਂ ਸਮੱਸਿਆਵਾਂ ਨੂੰ ਜੀ.ਪੀ.ਡੀ.ਪੀ. 'ਚ ਦਰਜ ਕਰਵਾਉਣ ਲਈ ਪਿੰਡਾਂ ਅੰਦਰ ਬਾਲ ਅਤੇ ਔਰਤ ਸਭਾਵਾਂ ਕੀਤੇ ਜਾਣ ਲਈ ਪ੍ਰੇਰਤ ਕੀਤਾ ਤੇ ਦੱਸੇ ਨੁਕਤਿਆਂ ਨੂੰ ਅਪਨਾਉਣ ਲਈ ਪਿੰਡਾਂ ਵਿਚ ਹੋ ਰਹੀਆਂ ਗ੍ਰਾਮ ਸਭਾਵਾਂ ਵਿੱਚ ਸ਼ਮੂਲੀਅਤ ਕਰਨ ਦਾ ਸੰਕਲਪ ਦਿਵਾਇਆ।

# ਪੁਸਤਕ ਸੱਭਿਆਚਾਰ ਨੂੰ ਜਿਉਂਦੇ ਰੱਖਣ ਦਾ ਸੱਦਾ ਦਿੰਦਾ ਸਮਾਗਮ ਯਾਦਗਾਰੀ ਹੋ ਨਿੱਬੜਿਆ

**ਸੰਗਰੂਰ (ਪ੍ਰਵੀਨ ਸਿੰਘ)**-ਅਕਾਲ ਕਾਲਜ ਆਫ਼ ਐਜੂਕੇਸ਼ਨ ਮਸਤੂਆਣਾ ਸਾਹਿਬ ਵਿਖੇ ਵਿਸ਼ਵ ਪੰਜਾਬੀ ਸਭਾ ਕੈਨੇਡਾ ਅਤੇ ਧੀ ਪੰਜਾਬਣ ਮੰਚ ਸੰਗਰੂਰ ਵਲੋਂ ਪੁਸਤਕ ਸੱਭਿਆਚਾਰ ਨੂੰ ਸਮਰਪਤ ਸਮਾਗਮ ਕਰਵਾਇਆ ਗਿਆ। ਮੁੱਖ ਮਹਿਮਾਨ ਵਜੋਂ ਸਮਾਗਮ ਨੂੰ ਸੰਬੋਧਨ ਕਰਦਿਆਂ ਵਿਸ਼ਵ ਪੰਜਾਬੀ ਸਭਾ ਕੈਨੇਡਾ ਦੇ ਪ੍ਰਧਾਨ ਡਾ. ਦਲਬੀਰ ਸਿੰਘ ਕਥੂਰੀਆ ਨੇ ਕਿਹਾ ਕਿ ਜਿਸ ਕੌਮ ਕੋਲ ਪੁਸਤਕਾਂ ਦਾ ਸਰਮਾਇਆ ਹੈ, ਉਹ ਕੌਮ ਕਦੇ ਖ਼ਤਮ ਨਹੀਂ ਹੋ ਸਕਦੀ।

ਡਾ. ਕਥੂਰੀਆ ਨੇ ਕਿਹਾ ਕਿ ਉਹ ਕੁਝ ਸਮਾਂ ਪਹਿਲਾਂ ਪਾਕਿਸਤਾਨੀ ਪੰਜਾਬ ਦੀ ਮੁੱਖ ਮੰਤਰੀ ਬੀਬੀ ਮਰੀਅਮ ਨੂੰ ਮਿਲੇ ਸਨ ਅਤੇ ਉੱਥੇ ਮਾਤ ਭਾਸ਼ਾ ਪੰਜਾਬੀ ਨੂੰ ਢੁਕਵਾਂ ਸਥਾਨ ਦੇਣ ਲਈ ਅਪੀਲ ਕੀਤੀ ਸੀ। ਉਸ ਅਪੀਲ ਉੱਤੇ ਫੁੱਲ ਚੜ੍ਹਾਉਂਦਿਆਂ ਉੱਥੋਂ ਦੀ ਵਿਧਾਨ ਸਭਾ ਨੇ ਕੰਮਕਾਜ ਪੰਜਾਬੀ ਵਿਚ ਕਰਨ ਦਾ ਮਤਾ ਪਾਸ ਕਰ ਦਿੱਤਾ। ਸਮਾਗਮ ਦੀ ਪ੍ਰਧਾਨਗੀ ਕਰਦਿਆਂ ਆਦੇਸ਼ ਯੂਨੀਵਰਸਿਟੀ ਦੇ ਚਾਂਸਲਰ ਡਾ. ਹਰਿੰਦਰ ਸਿੰਘ ਗਿੱਲ ਨੇ ਨੌਜਵਾਨ ਪੀੜ੍ਹੀ ਨੂੰ ਪੁਸਤਕ ਸੱਭਿਆਚਾਰ ਨਾਲ ਜੁੜਨ ਦਾ ਸੱਦਾ ਦਿੰਦਿਆਂ ਕਿਹਾ ਕਿ ਅਜਿਹੇ ਉਪਰਾਲੇ ਹੁੰਦੇ ਰਹਿਣੇ ਚਾਹੀਦੇ ਹਨ। ਸਮਾਗਮ ਦਾ ਸ਼ਬਦੀ ਉਦਘਾਟਨ ਕਰਦਿਆਂ ਅਕਾਲ ਕਾਲਜ ਕੌਂਸਲ ਮਸਤੂਆਣਾ ਸਾਹਿਬ ਦੇ ਸਕੱਤਰ ਜਸਵੰਤ ਸਿੰਘ ਖਹਿਰਾ ਨੇ ਅਜਿਹੇ ਸਾਰਥਿਕ ਉਪਰਾਲਿਆਂ ਲਈ



ਪੂਰੇ ਸਹਿਯੋਗ ਦਾ ਵਿਸ਼ਵਾਸ ਦਿਵਾਇਆ। ਕੰਵਰ ਸੰਧੂ ਨੇ ਦੱਸਿਆ ਕਿ ਪੁਸਤਕ ਸੱਭਿਆਚਾਰ ਕਿਸੇ ਚੰਗੇ ਸਮਾਜ ਦਾ ਖ਼ਜ਼ਾਨਾ ਹੋਇਆ ਕਰਦਾ ਹੈ। ਸਮਾਗਮ 'ਚ ਡਾ. ਜਗਤਾਰ ਸਿੰਘ ਧੀਮਾਨ, ਲੱਖਾ ਸਿੰਘ ਸਲੇਮਪੁਰੀ, ਬਿੱਟੂ ਸਫ਼ੀਨਾ ਸੰਧੂ, ਰਾਜਦੇਵ ਸਿੰਘ ਸਚਦੇਵਾ, ਡਾ. ਨਰਵਿੰਦਰ ਕੌਸ਼ਲ ਪ੍ਰਧਾਨ ਸੀਨੀਅਰ ਸਿਟੀਜ਼ਨ ਭਲਾਈ ਸੰਸਥਾ, ਰਣਜੀਤ ਆਜ਼ਾਦ ਕਾਂਝਲਾ, ਡਾ. ਗੁਰਚਰਨ ਕੌਰ ਕੋਚਰ, ਸਤਵੀਰ ਸਿੰਘ ਅੰਮ੍ਰਿਤਸਰ, ਜਗਦੀਪ ਕੌਰ ਆਹੂਜਾ, ਡਾ. ਕਮਲਜੀਤ ਸਿੰਘ ਟਿੱਬਾ, ਪੁਲਸ ਕਪਤਾਨ ਜਸਵੀਰ ਸਿੰਘ ਰਾਏ ਅਤੇ ਹੋਰਨਾਂ ਨੇ ਵੀ ਸੰਬੋਧਨ ਕੀਤਾ । ਧੀ ਪੰਜਾਬਣ ਮੰਚ ਦੇ ਡਾਇਰੈਕਟਰ ਹਰਜੀਤ ਸਿੰਘ ਢੀਂਗਰਾ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ। ਵਿਸ਼ਵ ਪੰਜਾਬੀ ਸਭਾ ਦੇ ਕੌਮੀ ਪ੍ਰਧਾਨ ਬਲਬੀਰ ਕੌਰ ਰਾਏਕੋਟੀ ਨੇ ਵਿਸ਼ਵ ਪੰਜਾਬੀ ਸਭਾ ਦੀ ਕਾਰਗੁਜ਼ਾਰੀ ਅਤੇ ਸਰਗਰਮੀਆਂ ਬਾਰੇ ਜਾਣਕਾਰੀ ਦਿੱਤੀ। ਅਮਿਤਾ ਸ਼ਰਮਾ ਅਤੇ ਸ਼ਸ਼ੀ ਬਾਲਾ ਨੇ ਸੰਸਥਾ ਦੀਆਂ ਗਤੀਵਿਧੀਆਂ ਬਾਰੇ ਦੱਸਿਆ। ਵੱਖ ਵੱਖ ਕਾਲਜਾਂ ਦੇ ਇਕ ਸੌ ਦੇ ਕਰੀਬ ਵਿਦਿਆਰਥੀਆਂ ਦੇ ਲਿਖਤੀ ਮੁਕਾਬਲੇ ਕਰਵਾਏ ਗਏ। ਲਿਖਤੀ ਪ੍ਰੀਖਿਆ ਵਿਚੋਂ ਪੰਜ ਵਿਦਿਆਰਥੀਆਂ ਨੂੰ 31-31 ਸੌ ਰੁਪਏ ਅਤੇ ਇਕ ਵਿਦਿਆਰਥੀ ਨੂੰ 11 ਸੌ ਰੁਪਏ ਨਗਦ, ਸਨਮਾਨ ਚਿੰਨ੍ਹ ਅਤੇ ਪੁਸਤਕਾਂ ਭੇਟ ਕੀਤੀਆਂ ਗਈਆਂ।

ਪ੍ਰਿੰਸੀਪਲ ਡਾ. ਸੁਖਦੀਪ ਕੌਰ ਦੀ ਅਗਵਾਈ ਹੇਠ ਹੋਏ ਇਸ ਸਮਾਗਮ ਦੌਰਾਨ ਲਿਖਤੀ ਪ੍ਰੀਖਿਆ ਦੀ ਜਾਂਚ ਕਰਮ ਸਿੰਘ ਜ਼ਖ਼ਮੀ ਪ੍ਰਧਾਨ ਮਾਲਵਾ ਲਿਖਰੀ ਸਭਾ ਸੰਗਰੂਰ, ਡਾ. ਭਗਵੰਤ ਸਿੰਘ, ਹਰਸ਼ਜੋਤ ਕੌਰ, ਰਾਜਿੰਦਰ ਸਿੰਘ ਰਾਜਨ ਅਤੇ ਦਲਬੀਰ ਸਿੰਘ ਚੱਠਾ ਨੇ ਕੀਤੀ। ਧਰਮੀ ਤੁੰਗਾਂ ਨੇ ਮਾਂ ਬੋਲੀ ਪੰਜਾਬੀ ਬਾਰੇ ਗੀਤ ਗਾਇਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੁਖਵਿੰਦਰ ਸਿੰਘ ਫੁੱਲ, ਕੁਲਵਿੰਦਰ ਕੌਰ ਢੀਂਗਰਾ, ਹਰਜਿੰਦਰ ਕੌਰ ਢੀਂਡਸਾ, ਸਤਨਾਮ ਸਿੰਘ ਦਮਦਮੀ, ਚੰਚਲ ਅਤੇ ਹੋਰ ਸ਼ਖ਼ਸੀਅਤਾਂ ਵੀ ਮੌਜੂਦ ਸਨ।

## ਦੋ ਵਿਅਕਤੀ ਸਾਈਬਰ ਠੱਗਾਂ ਦੀ ਠੱਗੀ ਦਾ ਸ਼ਿਕਾਰ, ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਦੋ ਵੱਖ-ਵੱਖ ਮਾਮਲਿਆਂ 'ਚ ਸਾਈਬਰ ਠੱਗੀ ਦਾ ਸ਼ਿਕਾਰ ਹੋਏ ਦੋ ਵਿਅਕਤੀਆਂ ਦੀ ਸ਼ਿਕਾਇਤ 'ਤੇ ਥਾਣਾ ਸਾਈਬਰ ਕ੍ਰਾਈਮ ਦੀ ਪੁਲਿਸ ਵੱਲੋਂ ਮੁਕੱਦਮੇ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਸੰਤੋਸ਼ ਕੁਮਾਰ ਵਾਸੀ ਮੰਡੀ ਗੋਬਿੰਦਗੜ੍ਹ ਨੇ ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਨਾਮਾਲੂਮ ਵਿਅਕਤੀ ਨੇ ਉਸਦਾ ਫੋਨ ਹੈਕ ਕਰਨ ਉਪਰੰਤ ਉਸਦੀ ਐਫ.ਡੀ. ਤੁੜਵਾ ਕੇ ਉਸਦੇ ਖਾਤੇ ਵਿੱਚੋਂ 80,110/- ਰੁਪਏ ਠੱਗ ਲਏ।ਸੰਤੋਸ਼ ਦੇ ਬਿਆਨਾਂ 'ਤੇ ਨਾਮਾਲੂਮ ਵਿਅਕਤੀ ਵਿਰੁੱਧ ਅ/ਧ 318(4),316(2) ਬੀ.ਐਨ.ਐਸ. ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਸਾਈਬਰ ਕ੍ਰਾਈਮ ਦੀ ਪੁਲਸ ਨੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।ਇੱਕ ਵੱਖਰੇ ਮਾਮਲੇ 'ਚ ਰਾਜੀਵ ਕੁਮਾਰ ਵਾਸੀ ਸਰਹਿੰਦ ਨੇ ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਨਾਮਾਲੂਮ ਵਿਅਕਤੀਆਂ ਨੇ ਵੱਖ-ਵੱਖ ਫੋਨ ਨੰਬਰਾਂ ਤੋਂ ਵਟਸਐਪ ਲਿੰਕ ਭੇਜ ਕੇ ਉਸ ਨੂੰ ਵਿਸ਼ਵਾਸ਼ ਵਿੱਚ ਲੈ ਲਿਆ ਤੇ ਟ੍ਰੇਡਿੰਗ ਵਿੱਚ ਪੈਸੇ ਲਵਾਉਣ ਦੇ ਨਾਂਅ 'ਤੇ ਉਸ ਨਾਲ 38,84,580/- ਰੁਪਏ ਦੀ ਠੱਗੀ ਮਾਰ ਲਈ ਗਈ।ਰਾਜੀਵ ਕੁਮਾਰ ਦੇ ਬਿਆਨਾਂ 'ਤੇ ਨਾਮਾਲੂਮ ਵਿਅਕਤੀਆਂ ਵਿਰੁੱਧ ਅ/ਧ 318(4), 319 (2) 61 (2) ਬੀ.ਐਨ.ਐਸ. ਤੇ ਆਈ.ਟੀ. ਐਕਟ ਦੀ ਧਾਰਾ 66-ਡੀ ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਸਾਈਬਰ ਕ੍ਰਾਈਮ ਦੀ ਪੁਲਸ ਨੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।

## ਆਇਸ਼ਾ ਕਪੂਰ ਨੇ 81 ਫ਼ੀਸਦੀ ਅੰਕ ਹਾਸਲ ਕਰਕੇ ਜ਼ਿਲ੍ਹੇ ਦਾ ਨਾਂਅ ਕੀਤਾ ਰੌਸ਼ਨ

**ਮਾਲੇਰਕੋਟਲਾ (ਅਸਗਰ ਪਰਿਹਾਰ)**-ਹਰ ਵਾਰ ਦੀ ਤਰ੍ਹਾਂ ਇਸ ਵਾਰ ਵੀ ਬੇਟੀ ਆਇਸ਼ਾ ਕਪੂਰ ਨੇ ਐਲ.ਐਲ.ਬੀ ਭਾਗ ਦੂਜਾ 'ਚੋਂ 81 ਫ਼ੀਸਦੀ ਅੰਕ ਹਾਸਲ ਕਰਕੇ ਆਪਣੇ ਪਰਿਵਾਰ, ਕਾਲਜ ਤੇ ਜ਼ਿਲ੍ਹਾ ਮਲੇਰਕੋਟਲਾ ਦਾ ਨਾਂਅ ਰੌਸ਼ਨ ਕੀਤਾ ਹੈ। ਪੰਜਾਬੀ ਯੂਨੀਵਰਸਿਟੀ ਵੱਲੋਂ ਘੋਸ਼ਿਤ ਕੀਤੇ ਗਏ ਨਤੀਜੇ 'ਚ ਆਇਸ਼ਾ ਕਪੂਰ ਨੇ ਬੀ.ਏ.ਐਲ.ਐਲ.ਬੀ ਭਾਗ ਦੂਸਰਾ ਵਿੱਚੋਂ 81 ਫ਼ੀਸਦੀ ਅੰਕ ਪ੍ਰਾਪਤ ਕੀਤੇ ਹਨ, ਜੋ ਬਾਬਾ ਫ਼ਰੀਦ ਲਾਅ ਕਾਲਜ ਫ਼ਰੀਦਕੋਟ ਵਿਖੇ ਆਪਣੇ ਜੱਜ ਬਣਨ ਦੇ ਸੁਪਨਿਆਂ ਨੂੰ ਸਾਕਾਰ ਕਰਨ ਦੇ ਲਈ ਲਾਅ ਦੀ ਡਿਗਰੀ ਕਰ ਰਹੀ ਹੈ। ਆਇਸ਼ਾ ਦੇ ਪਿਤਾ ਡਾਕਟਰ ਸਲਮਾਨ ਕਪੂਰ ਮਾਲੇਰਕੋਟਲਾ ਨੇ ਦੱਸਿਆ ਕਿ ਆਇਸ਼ਾ ਕਪੂਰ ਬਾਬਾ ਫਰੀਦ ਲਾਅ ਕਾਲਜ ਫ਼ਰੀਦਕੋਟ ਵਿਖੇ ਬੀ ਏ ਐਲ ਐਲ ਬੀ ਭਾਗ ਤੀਜਾ ਦੀ ਵਿਦਿਆਰਥਣ ਹੈ ਅਤੇ ਐਲ ਐਲ ਬੀ ਦੂਸਰੇ ਸਮੈਸਟਰ ਦਾ ਨਤੀਜਾ ਪੰਜਾਬੀ ਯੂਨੀਵਰਸਿਟੀ ਵੱਲੋਂ ਘੋਸ਼ਿਤ ਕੀਤਾ ਗਿਆ ਹੈ, ਜਿਸ 'ਚ ਆਇਸ਼ਾ ਕਪੂਰ ਨੇ ਦੂਜੇ ਸਮੈਸਟਰ 'ਚੋਂ 81 ਫ਼ੀਸਦੀ ਅੰਕ ਪ੍ਰਾਪਤ ਕੀਤੇ ਹਨ, ਜਿਸ 'ਤੇ ਉਨ੍ਹਾਂ ਨੂੰ ਫ਼ਖ਼ਰ ਹੈ। ਵਰਣਨਯੋਗ ਹੈ ਕਿ ਆਇਸ਼ਾ ਕਪੂਰ ਨੇ ਬਾਰ੍ਹਵੀਂ 'ਚੋਂ ਵੀ ਟਾਪ ਕੀਤਾ ਸੀ ਤੇ ਪਹਿਲੇ ਸਮੈਸਟਰ 'ਚ ਵੀ ਵਧੀਆ ਅੰਕ ਪ੍ਰਾਪਤ ਕੀਤੇ ਸਨ। ਆਇਸ਼ਾ ਕਪੂਰ ਦੇ ਪਿਤਾ ਡਾਕਟਰ ਸਲਮਾਨ ਕਪੂਰ ਤੇ ਮਾਤਾ ਆਮਨਾ ਕਪੂਰ ਮਾਲੇਰਕੋਟਲਾ ਨੇ ਕਿਹਾ ਕਿ ਸਾਨੂੰ ਸਾਡੀ ਬੱਚੀ 'ਤੇ ਮਾਣ ਹੈ ਅਤੇ ਅੱਲਾਹ ਦੇ ਕਰਮ ਸਦਕਾ ਸਾਡੀ ਬੱਚੀ ਜੱਜ ਬਣਨ ਦੇ ਮੁਕਾਮ ਤੱਕ ਜ਼ਰੂਰ ਪਹੁੰਚੇਗੀ ਅਤੇ ਅਸੀਂ ਆਪਣੀ ਬੱਚੀ ਦਾ ਇਸ 'ਚ ਹਰ ਬਣਦਾ ਸਹਿਯੋਗ ਜ਼ਰੂਰ ਦੇਵਾਂਗੇ।

## ਕਿਰਤੀ ਕਿਸਾਨ ਯੂਨੀਅਨ ਦੀ ਮੀਟਿੰਗ ਮਾਛੀਕੇ 'ਚ ਕੀਤੀ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**

ਕਿਰਤੀ ਕਿਸਾਨ ਯੂਨੀਅਨ ਦੇ ਬਲਾਕ ਨਿਹਾਲ ਸਿੰਘ ਵਾਲਾ ਦੀ ਮੀਟਿੰਗ ਪਿੰਡ ਮਾਛੀਕੇ ਵਿਖੇ ਬਲਾਕ ਪ੍ਰਧਾਨ ਬੇਅੰਤ ਸਿੰਘ ਮੱਲੇਆਣਾ ਦੀ ਆਗਵਾਈ ਹੇਠ ਹੋਈ।ਇਸ ਦੌਰਾਨ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ ਨੇ ਵਿਸ਼ੇਸ਼ ਤੌਰ 'ਤੇ ਮੀਟਿੰਗ 'ਚ ਸ਼ਿਰਕਤ ਕੀਤੀ। ਮੀਟਿੰਗ ਜ਼ਿਲ੍ਹਾ ਮੀਤ ਪ੍ਰਧਾਨ ਨਾਜ਼ਰ ਸਿੰਘ ਖਾਈ, ਜ਼ਿਲ੍ਹਾ ਸਕੱਤਰ ਚਮਕੌਰ ਸਿੰਘ ਰੋਡੇਖੁਰਦ ਤੇ ਬਲਾਕ ਪ੍ਰਧਾਨ ਬੇਅੰਤ ਸਿੰਘ ਮੱਲੇਆਣਾ ਨੇ ਦੱਸਿਆ ਕਿ ਝੋਨੇ ਦੀ ਫ਼ਸਲ ਨੂੰ ਲੈ ਕੇ ਭਗਵੰਤ ਮਾਨ ਸਰਕਾਰ ਨੇ ਕਿਸਾਨਾਂ ਨੂੰ ਮੰਡੀਆਂ ਵਿੱਚ ਬੇਹਿਸਾਬ ਖੱਜਲ-ਖਰਾਬ ਕੀਤਾ ਗਿਆ।ਸਰਕਾਰ ਦੇ ਮਾੜੇ ਪ੍ਰਬੰਧਾਂ ਦੀ ਪੋਲ ਇਸ ਵਾਰ ਖੁੱਲ੍ਹ ਚੁੱਕੀ ਹੈ, ਜਦੋਂਕਿ ਸਰਕਾਰ ਨੇ ਝੋਨੇ ਦੀ ਫ਼ਸਲ ਦਾ ਦਾਣਾ-ਦਾਣਾ ਚੁੱਕਣ ਦਾ ਵਆਦਾ ਕਿਸਾਨਾਂ ਨਾਲ ਕੀਤੇ ਸੀ।ਦੂਜੇ ਪਾਸੇ ਕਿਸਾਨਾਂ ਤੇ ਪਰਾਲੀ ਨੂੰ ਲੈ ਕੇ ਕੇ ਪਰਚੇ ਤੇ ਜੁਰਮਾਨੇ ਕੀਤੇ ਗਏ, ਪ੍ਰੰਤੂ ਕਿਸਾਨਾਂ ਲਈ ਪਿੰਡ 'ਚ ਮਸ਼ੀਨਰੀ ਦੇ ਪੁਖਤਾ ਪ੍ਰਬੰਧ ਨਾ ਹੋਣ ਕਾਰਨ ਛੋਟੀ ਕਿਸਾਨੀ ਨੂੰ ਪਰਾਲੀ ਸਾੜਨੀ ਪਈ।ਕਿਰਤੀ ਕਿਸਾਨ ਯੂਨੀਅਨ ਵੱਲੋਂ ਛੋਟੀ ਕਿਸਾਨੀ ਤੇ ਹੋਏ ਜੁਰਮਾਨੇ ਤੇ ਪਰਚੀਆਂ ਖਿਲਾਫ਼ ਕਿਸਾਨਾਂ ਦਾ ਡਟ ਕੇ ਸਾਥ ਦਿੱਤਾ ਜਾਵੇਗਾ।

# ਮਾਪੇ ਬੱਚਿਆਂ ਨੂੰ ਮੋਬਾਈਲ ਤੇ ਬਾਈਕ ਤੋਂ ਦੂਰ ਰੱਖਣ : ਪ੍ਰਿੰਸੀਪਲ



**ਦੋਰਾਹਾ (ਹਰਮਿੰਦਰ ਸੇਠ)**-ਬੱਚਿਆਂ ਦੇ ਚੰਗੇ ਭਵਿੱਖ ਲਈ ਮਾਪੇ ਆਪਣੇ ਬੱਚਿਆਂ ਤੋਂ ਮੋਬਾਇਲ ਅਤੇ ਬਾਈਕ ਦੂਰ ਰੱਖਣ, ਕਿਉਂਕਿ ਬੱਚੇ ਆਗਿਆਕਾਰੀ ਹੋਣ ਤੋਂ ਮੁਨਕਰ ਹੋਣ ਲੱਗੇ ਹਨ।ਇਸ ਲਈ ਮਾਪਿਆਂ ਨੂੰ ਸੰਜੀਦਗੀ ਨਾਲ ਬੱਚਿਆਂ ਦੀਆਂ ਗਤੀਵਿਧੀਆਂ 'ਤੇ ਤਿਰਛੀ ਨਜ਼ਰ ਰੱਖਣੀ ਚਾਹੀਦੀ ਹੈ। ਸਕੂਲ ਪ੍ਰਿੰਸੀਪਲ ਜਸਵਿੰਦਰ ਸਿੰਘ ਨੇ ਬੱਚਿਆਂ ਦੇ ਮਾਪਿਆਂ ਤੇ ਹਾਜ਼ਰੀਨ ਨੂੰ ਸਾਲਾਨਾ ਰਿਪੋਰਟ ਪੜ੍ਹਦਿਆਂ ਸਾਂਝੇ ਕੀਤੇ।

ਉਨ੍ਹਾਂ ਕਿਹਾ ਕਿ ਸਕੂਲ ਮੈਨੇਜਮੈਂਟ ਬੱਚਿਆਂ ਨੂੰ ਸਕੂਲ ਆਉਣ ਲਈ ਬਾਈਕ ਦੀ ਆਗਿਆ ਨਹੀਂ ਦਿੰਦੀ।ਸਾਲਾਨਾ ਐਥਲੈਟਿਕ ਮੀਟ ਤੇ ਪ੍ਰਕਾਸ ਪੁਰਬ ਮੌਕੇ ਅਖੰਡ ਪਾਠ ਜੀ ਦੇ ਭੋਗ ਪਾਏ ਗਏ।ਉਪਰੰਤ ਵਿਦਿਆਰਥੀਆਂ ਦੁਆਰਾ ਸ਼ਬਦ ਕੀਰਤਨ ਕੀਤਾ ਗਿਆ।ਪਹਿਲੇ ਦਿਨ ਅਥਲੈਟਿਕਸ ਮੀਟ ਕਰਾਈ ਗਈ, ਜਿਸ ਵਿੱਚ ਪਹਿਲੇ ਦਰਜੇ ਹਾਸਲ ਕਰਨ ਵਾਲੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆ ਉਚੇਚਾ ਸਨਮਾਨ ਕੀਤਾ ਗਿਆ।ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਪੁੱਜੇ ਨਨਕਾਣਾ ਸਾਹਿਬ ਐਜੂਕੇਸ਼ਨ ਟਰੱਸਟ ਦੇ ਡਾਇਰੈਕਟਰ ਇੰਦਰਪਾਲ ਸਿੰਘ ਚੱਢਾ ਨੇ ਕਿਹਾ ਕਿ ਗਿਆਨ ਇੱਕ ਅਜਿਹੀ ਚੀਜ਼ ਹੈ, ਜਿਹੜੀ ਵੰਡਣ ਨਾਲ ਵਧਦੀ ਹੈ।

ਟਰੱਸਟ ਦੇ ਸਕੱਤਰ ਸ਼ਾਹਬਾਜ਼ ਸਿੰਘ ਨੇ ਕਿਹਾ ਕਿ ਮੈਨੇਜਮੈਂਟ ਤੇ ਇਲਾਕੇ ਦੀ ਸੰਗਤ ਵਧਾਈ ਦੀ ਪਾਤਰ ਹੈ, ਜੋ ਆਪਣੇ ਬੱਚਿਆਂ ਦੇ ਭਵਿੱਖ ਨੂੰ ਸਕਿਉਰ ਸਮਝਦੇ ਹੋਏ ਸਾਡੇ ਸਕੂਲ ਵਿੱਚ ਵਿਸ਼ਵਾਸ ਨਾਲ ਭੇਜਦੇ ਹਨ।

ਮਾਪਿਆਂ ਦੇ ਸਹਿਯੋਗ ਨਾਲ ਇਹ ਸਮਾਗਮ ਸਫਲ ਹੋ ਨਿਬੜਿਆ।ਇਸ ਮੌਕੇ ਵਿਦਿਅਕ ਖੇਤਰ ਅਤੇ ਹੋਰ ਗਤੀਵਿਧੀਆਂ ਵਿਚ ਭਾਗ ਲੈਕੇ ਸਕੂਲ ਦਾ ਨਾਂਅ ਰੌਸ਼ਨ ਕਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ।ਟਰੱਸਟ ਦੇ ਸਕੱਤਰ ਸ਼ਾਹਬਾਜ਼ ਸਿੰਘ ਤੇ ਡਾਇਰੈਕਟਰ ਇੰਦਰਪਾਲ ਸਿੰਘ ਚੱਢਾ ਨੇ ਹੋਣਹਾਰ ਬੱਚਿਆਂ ਦੀ ਹੌਸਲਾ ਅਫ਼ਜ਼ਾਈ ਕੀਤੀ।ਸਟੇਜ ਸਕੱਤਰ ਦੀ ਭੂਮਿਕਾ ਕੁਲਜੀਤ ਕੌਰ ਅਤੇ ਸੰਦੀਪ ਕੌਰ ਨੇ ਵਾਰੋ ਵਾਰੀ ਬਾਖੂਬੀ ਨਿਭਾਈ।ਵਿਦਿਆਰਥੀਆਂ ਵਲੋਂ ਸੇਵਾ ਭਾਵਨਾ ਨਾਲ ਚਾਹ ਅਤੇ ਪਾਣੀ ਦੇ ਸਟਾਲ ਲਾ ਕੇ ਮਹਿਮਾਨਾਂ ਨੂੰ ਆਕਰਸ਼ਤ ਕੀਤਾ।

## ਜੀਪ ਤੇ ਬੱਸ ਦੀ ਟੱਕਰ, ਕਈ ਲੋਕ ਜ਼ਖ਼ਮੀ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਦੇ ਕਸਬਾ ਧਰਮਕੋਟ ਅਧੀਨ ਆਉਂਦੇ ਪਿੰਡ ਕਮਾਲਾਂਕੇ ਕੋਲ ਇੱਕ ਤੇਜ਼ ਰਫ਼ਤਾਰ ਬੱਸ ਬੇਕਾਬੂ ਹੋ ਕੇ ਡੂੰਘੀ ਖਾਈ ਵਿੱਚ ਜਾ ਡਿੱਗੀ, ਜਿਸ ਕਾਰਨ ਬੱਸ ਦਾ ਡਰਾਈਵਰ ਤੇ ਕੰਡਕਟਰ ਮੌਕੇ ਤੋਂ ਫ਼ਰਾਰ ਹੋ ਗਏ। ਦੋ ਯਾਤਰੀਆਂ ਦੀ ਹਾਲਤ ਨਾਜ਼ੁਕ ਦੱਸੀ ਜਾ ਰਹੀ ਹੈ। ਉਕਤ ਚਸ਼ਮਦੀਦ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਬੱਸ ਜਲੰਧਰ ਤੋਂ ਮੋਗਾ ਆ ਰਹੀ ਸੀ ਕਿ ਬੱਸ ਦਾ ਡਰਾਈਵਰ ਆਪਣੇ ਮੋਬਾਇਲ 'ਤੇ ਗੱਲ ਕਰ ਰਿਹਾ ਸੀ ਅਤੇ ਦੂਜੇ ਪਾਸੇ ਤੋਂ ਆ ਰਹੀ ਪਿਕਅੱਪ ਜੀਪ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਬੱਸ ਬੇਕਾਬੂ ਹੋ ਕੇ ਪਲਟ ਗਈ। ਡੂੰਘੀ ਖਾਈ ਵਿੱਚ ਡਿੱਗਣ ਕਾਰਨ ਬੱਸ ਵਿੱਚ ਸਵਾਰ ਸਵਾਰੀਆਂ ਜ਼ਖ਼ਮੀ ਹੋ ਗਈਆਂ ਅਤੇ ਬੱਸ ਦਾ ਡਰਾਈਵਰ ਤੇ ਕੰਡਕਟਰ ਮੌਕੇ ਤੋਂ ਫ਼ਰਾਰ ਹੋ ਗਏ।

## ਪ੍ਰਧਾਨ ਮੰਤਰੀ ਇੰਟਰਨਸ਼ਿਪ ਸਕੀਮ ਅਧੀਨ ਡਿਪਲੋਮਾ ਤੇ ਗ੍ਰੈਜੂਏਸ਼ਨ ਪਾਸ ਨੌਜਵਾਨਾਂ ਨੂੰ ਕੀਤਾ ਜਾਵੇਗਾ ਰਜਿਸਟਰ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਕੇਂਦਰ ਸਰਕਾਰ ਦੁਆਰਾ ਬਜਟ 2024-24 ਵਿੱਚ ਪ੍ਰਧਾਨ ਮੰਤਰੀ ਇੰਟਰਨਸ਼ਿਪ ਯੋਜਨਾ ਦੀ ਘੋਸ਼ਣਾ ਕੀਤੀ ਗਈ ਹੈ। ਇਸ ਮੌਕੇ ਜਾਣਕਾਰੀ ਸਾਂਝੀ ਕਰਦੇ ਹੋਏ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੇ ਡਿਪਟੀ ਡਾਇਰੈਕਟਰ ਪਰਮਿੰਦਰ ਕੌਰ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਇੰਟਰਨਸ਼ਿਪ ਸਕੀਮ ਲਈ ਹਾਈ ਸਕੂਲ, ਡਿਪਲੋਮਾ ਅਤੇ ਗ੍ਰੈਜੂਏਸ਼ਨ ਪਾਸ ਨੌਜਵਾਨ, ਜਿਨ੍ਹਾਂ ਦੀ ਉਮਰ 21 ਤੋਂ 24 ਸਾਲ ਹੈ, ਨੂੰ ਰਜਿਸਟਰ ਕੀਤਾ ਜਾਣਾ ਹੈ।ਇਸ ਤੋਂ ਇਲਾਵਾ ਉਮੀਦਵਾਰ ਦੇ ਪਰਵਾਰ ਦਾ ਕੋਈ ਵੀ ਮੈਂਬਰ ਸਰਕਾਰੀ ਨੌਕਰੀ 'ਤੇ ਨਹੀਂ ਹੋਣਾ ਚਾਹੀਦਾ ਅਤੇ ਪਰਵਾਰ ਦੀ ਕੁੱਲ ਸਲਾਨਾ ਆਮਦਨ 8 ਲੱਖ ਰੁਪਏ ਤੋਂ ਵੱਧ ਨਹੀਂ ਹੋਣੀ ਚਾਹੀਦੀ। ਇਸ ਸਕੀਮ ਰਾਹੀਂ ਹਰੇਕ ਉਮੀਦਵਾਰ ਨੂੰ 5 ਹਜ਼ਾਰ ਰੁਪਏ ਪ੍ਰਤੀ ਮਹੀਨਾ ਭੱਤਾ ਵੀ ਦਿੱਤਾ ਜਾਵੇਗਾ। ਇਸ ਸਕੀਮ ਤਹਿਤ ਕੋਰਸ ਨੂੰ ਪੂਰਾ ਕਰਨ ਵਾਲੇ ਉਮੀਦਵਾਰਾਂ ਨੂੰ ਸਰਕਾਰ ਦੁਆਰਾ ਜੀਵਨ ਜਯੋਤੀ ਬੀਮਾ ਯੋਜਨਾ ਅਤੇ ਪ੍ਰਧਾਨ ਮੰਤਰੀ ਸੁਰੱਖਿਆ ਸਕੀਮ ਬੀਮਾ ਯੋਜਨਾ ਤਹਿਤ ਬੀਮਾ ਕਵਰੇਜ ਵੀ ਦਿੱਤਾ ਜਾਵੇਗਾ। ਰੋਜ਼ਗਾਰ ਅਫਸਰ ਅੰਕਿਤਾ ਅਗਰਵਾਲ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਇੰਟਰਨਸ਼ਿਪ ਸਕੀਮ ਤਹਿਤ ਭਾਰਤ ਸਰਕਾਰ ਵੱਲੋਂ 5 ਸਾਲਾਂ ਵਿੱਚ ਕੁੱਲ ਇਕ ਕਰੋੜ ਨੌਜਵਾਨਾਂ ਨੂੰ ਟਾਪ 500 ਕੰਪਨੀਆਂ ਰਾਹੀਂ ਇੰਟਰਨਸ਼ਿਪ ਦੁਆਰਾ ਸਿੱਖਿਅਤ ਕਰਨ ਉਪਰੰਤ ਰੋਜ਼ਗਾਰ ਲਈ ਤਿਆਰ ਕੀਤਾ ਜਾਵੇਗਾ। ਪ੍ਰਧਾਨ ਮੰਤਰੀ ਇੰਟਰਨਸ਼ਿਪ ਨੂੰ ਕਰਨ ਦੀ ਕੁੱਲ ਮਿਆਦ 12 ਮਹੀਨੇ ਲਈ ਹੋਵੇਗੀ। ਇਸ ਸਕੀਮ ਦਾ ਮੁੱਖ ਉਦੇਸ਼ ਇੰਡਸਟਰੀ ਦੀ ਮੰਗ ਅਨੁਸਾਰ ਨੌਜਵਾਨਾਂ ਨੂੰ ਰੋਜ਼ਗਾਰ ਲਈ ਤਿਆਰ ਕਰਨਾ ਹੈ ਤਾਂ ਜੋ ਵੱਧ ਤੋਂ ਵੱਧ ਰੋਜ਼ਗਾਰ ਦੇ ਮੌਕੇ ਉਤਪੰਨ ਕੀਤੇ ਜਾ ਸਕਣ। ਉਨ੍ਹਾਂ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਪ੍ਰਧਾਨ ਮੰਤਰੀ ਇੰਟਰਨਸ਼ਿਪ ਸਕੀਮ ਲਈ ਨੌਜਵਾਨ ਆਪਣੀ ਰਜਿਸਟ੍ਰੇਸ਼ਨ https://pminternship.mca.gov.in ਲਿੰਕ ਉਪਰ ਬਿਲਕੁੱਲ ਮੁਫ਼ਤ ਕਰਵਾ ਸਕਦੇ ਹਨ। ਰਜਿਸਟ੍ਰੇਸ਼ਨ ਲਈ ਉਮੀਦਵਾਰਾਂ ਕੋਲ ਆਪਣਾ ਅਧਾਰ ਕਾਰਡ ਅਤੇ ਯੋਗਤਾ ਦਾ ਸਰਟੀਫਿਕੇਟ ਹੋਣਾ ਚਾਹੀਦਾ ਹੈ।ਵਧੇਰੇ ਜਾਣਕਾਰੀ ਲਈ ਉਮੀਦਵਾਰ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਸਾਹਮਣੇ ਚਿਲਡਰਨ ਪਾਰਕ, ਸਿਵਲ ਲਾਈਨ ਦਫਤਰ ਵਿਖੇ ਕਿਸੇ ਵੀ ਕੰਮ ਵਾਲੇ ਦਿਨ ਸੰਪਰਕ ਕਰ ਸਕਦੇ ਹਨ।

# ਸਰਕਾਰੀ ਕਾਲਜ ਦੀ ਟੀਮ ਨੂੰ ਫੁੱਟਬਾਲ ਕਿੱਟਾਂ ਭੇਟ

**ਮਾਲੇਰਕੋਟਲਾ (ਅਸਗਰ ਪਰਿਹਾਰ)**



ਸਰਕਾਰੀ ਕਾਲਜ ਦਾ ਪੜ੍ਹਾਈ ਦੇ ਖੇਤਰ ਤੋਂ ਬਿਨਾਂ ਖੇਡਾਂ ਦੇ ਮੈਦਾਨ 'ਚ ਵੀ ਇੱਕ ਅਹਿਮ ਸਥਾਨ ਰਿਹਾ ਹੈ। ਵੱਖ-ਵੱਖ ਟੀਮਾਂ ਆਪਣੇ ਆਪਣੇ ਖੇਡ ਮੁਕਾਬਲਿਆਂ 'ਚ ਆਪਣੀ ਚੰਗੀ ਖੇਡ ਦਾ ਪ੍ਰਦਰਸ਼ਨ ਕਰਕੇ ਕਾਲਜ ਦਾ ਨਾਂਅ ਰੌਸ਼ਨ ਕਰਦੀਆਂ ਰਹੀਆਂ ਹਨ। ਕਾਲਜ ਦੀ ਫੁੱਟਬਾਲ ਟੀਮ, ਜੋ ਅੰਤਰ ਕਾਲਜ ਮੁਕਾਬਲੇ 'ਚ ਭਾਗ ਲੈਣ ਜਾ ਰਹੀ ਹੈ ਅਤੇ ਇਨ੍ਹਾਂ ਦੀ ਹੌਸਲਾ ਅਫ਼ਜ਼ਾਈ ਲਈ ਸ਼ਹਿਰ ਮਾਲੇਰਕੋਟਲਾ ਦੇ ਸਮਾਜ ਸੇਵਕ ਅਬਦੁਰ ਰਹਿਮਾਨ ਅੰਜਮ ਟਰਾਫੀਜ਼ ਤੇ ਮਸ਼ਹੂਰ ਸਮਾਜ ਸੇਵੀ ਸੰਸਥਾ ਅਮਿਟੀ ਸੈਲਫ ਵੈਲਫੇਅਰ ਸੁਸਾਇਟੀ (ਰਜਿ.) ਦੇ ਪ੍ਰਧਾਨ ਡਾ. ਮੁਹੰਮਦ ਸ਼ਫੀਕ ਥਿੰਦ ਵੱਲੋਂ ਪੂਰੀ ਟੀਮ ਨੂੰ ਫੁੱਟਬਾਲ ਕਿੱਟਾਂ ਸਪੌਂਸਰਡ ਦਿੱਤੀਆਂ ਗਈਆਂ ਅਤੇ ਭਵਿੱਖ 'ਚ ਵੀ ਹਰ ਤਰ੍ਹਾਂ ਦੀ ਸਹੂਲਤ ਟੀਮ ਨੂੰ ਮੁਹੱਈਆ ਕਰਾਉਣ ਲਈ ਯਕੀਨ ਦੁਆਇਆ।

ਅਬੱਦੁਰ ਰਹਿਮਾਨ ਨੇ ਕਿਹਾ ਕਿ ਖੇਡਾਂ ਨੂੰ ਪ੍ਰਫੁੱਲਤ ਕਰਨ ਲਈ ਉਹ ਹਰ ਮੁਮਕਿਨ ਸਹਿਯੋਗ ਦੇਣ ਲਈ ਹਮੇਸ਼ਾ ਤਤਪਰ ਰਹਿੰਦੇ ਹਨ, ਜਿੱਥੇ ਕਿਤੇ ਵੀ ਖਿਡਾਰੀਆਂ ਨੂੰ ਕਿਸੇ ਸਹਿਯੋਗ ਦੀ ਜ਼ਰੂਰਤ ਹੁੰਦੀ ਹੈ ਉਹ ਆਪਣੇ ਵੱਲੋਂ ਪੂਰੀ ਤਨਦੇਹੀ ਦੇ ਨਾਲ ਉਸ ਜ਼ਰੂਰਤ ਨੂੰ ਪੂਰਾ ਕਰਦੇ ਹਨ। ਸਰਕਾਰੀ ਕਾਲਜ ਦੇ ਪ੍ਰਿੰਸੀਪਲ ਡਾ. ਬਲਵਿੰਦਰ ਸਿੰਘ ਵੜੈਚ ਹੋਰਾਂ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਤੇ ਆਪਣੇ ਖਿਡਾਰੀਆਂ ਨੂੰ ਪੁਰ-ਉਮੀਦ ਆਸ਼ੀਰਵਾਦ ਦਿੰਦੇ ਹੋਏ ਆਸ ਜਤਾਈ ਕਿ ਸਾਡੀ ਟੀਮ ਚੰਗੀ ਖੇਡ ਦਾ ਪ੍ਰਦਰਸ਼ਨ ਕਰੇਗੀ ਅਤੇ ਜਿੱਤ ਪ੍ਰਾਪਤ ਕਰੇਗੀ। ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਪ੍ਰੋਫੈਸਰ ਇਕਰਾਮ-ਉਰ-ਰਹਿਮਾਨ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕਰਦੇ ਹੋਏ ਉਨ੍ਹਾਂ ਨੂੰ ਜੀ ਆਇਆਂ ਕਿਹਾ।

## ਹੈਂਡ ਕਾਰਟ ਸ਼ੋ-ਰੂਮ ਦੇ ਮਾਲਕ 'ਤੇ ਹਮਲਾ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਸ਼ਹਿਰ ਦੇ ਇੱਕ ਹੈਂਡ ਕਾਰਟ ਸ਼ੋ-ਰੂਮ ਦੇ ਮਾਲਕ 'ਤੇ ਹਮਲਾ ਤੇ ਧਮਕੀਆਂ ਦੇਣ ਦਾ ਮਾਮਲਾ ਗੰਭੀਰ ਰੂਪ ਧਾਰ ਚੁੱਕਿਆ ਹੈ।ਰਣਜੀਤ ਸਿੰਘ, ਜੋ ਗੁਰੂ ਰਾਮ ਦਾਸ ਨਗਰ ਦੇ ਰਹਿਣ ਵਾਲੇ ਹਨ, ਨੇ ਪੁਲਸ ਕੋਲ ਸ਼ਿਕਾਇਤ ਦਰਜ ਕਰਵਾਈ ਕਿ ਰੋਬਿਨ ਪੁੱਤਰ ਬਾਊ ਰਾਮ ਤੇ ਬਾਊ ਰਾਮ ਵਾਸੀ ਬਸਤੀ ਸ਼ੇਖਾਂ ਵਾਲੀ, ਸਿਟੀ ਫਿਰੋਜ਼ਪੁਰ, ਸਮੇਤ ਕੁਝ ਅਣਪਛਾਤੇ ਵਿਅਕਤੀਆਂ ਨੇ ਉਸ ਦੇ ਸ਼ੋ-ਰੂਮ 'ਤੇ ਹਮਲਾ ਕੀਤਾ।ਰੋਬਿਨ ਨੇ ਦੋਸ਼ ਲਗਾਇਆ ਕਿ ਰਣਜੀਤ ਸਿੰਘ ਨੇ ਜੁਰਾਬਾਂ ਦਾ ਗਲਤ ਜੋੜਾ ਦਿੱਤਾ ਸੀ, ਜਦਕਿ ਰਣਜੀਤ ਨੇ ਕਿਹਾ ਕਿ ਜੁਰਾਬਾਂ ਠੀਕ ਸਨ, ਪਰ ਫਿਰ ਵੀ ਉਹ ਬਦਲਣ ਨੂੰ ਤਿਆਰ ਸੀ, ਪਰ ਰੋਬਿਨ ਨੇ ਗਾਲੀ-ਗਲੋਚ ਕਰਨੀ ਸ਼ੁਰੂ ਕੀਤੀ ਅਤੇ ਕੁਝ ਅਣਪਛਾਤੇ ਲੋਕਾਂ ਸਮੇਤ ਰਣਜੀਤ ਸਿੰਘ ਨੂੰ ਕੁੱਟਮਾਰ ਕੀਤੀ।ਹਮਲਾਵਰਾਂ ਨੇ ਕੈਸ਼ ਕਾਊਂਟਰ 'ਤੇ ਹੱਥ ਮਾਰਿਆ, ਕੱਪੜੇ ਪਾੜ ਦਿੱਤੇ, ਤੇ ਸ਼ੋਅ ਰੂਮ ਦਾ ਸਾਮਾਨ ਤੋੜ ਦਿੱਤਾ।ਹਮਲਾਵਰ ਰਣਜੀਤ ਸਿੰਘ ਦੀ ਗਲ ਪਾਈ ਚਾਂਦੀ ਦੀ ਚੈਨ ਲੈ ਗਏ ਤੇ ਧਮਕੀ ਦਿੱਤੀ ਕਿ ਉਹ ਸ਼ੋ-ਰੂਮ ਬੰਦ ਕਰਵਾ ਦੇਣਗੇ ਜਾਂ ਉਸ ਨੂੰ ਜਾਨੋਂ ਮਾਰ ਦਿਆਂਗੇ।ਸਹਾਇਕ ਥਾਣੇਦਾਰ ਅਯੂਬ ਮਸੀਹ ਨੇ ਦੱਸਿਆ ਕਿ ਰਣਜੀਤ ਸਿੰਘ ਦੇ ਬਿਆਨਾਂ ਦੇ ਆਧਾਰ 'ਤੇ ਰੋਬਿਨ, ਬਾਊ ਰਾਮ ਤੇ ਅਣਪਛਾਤੇ ਵਿਅਕਤੀਆਂ ਵਿਰੁੱਧ ਮਾਮਲਾ ਦਰਜ ਕਰ ਲਿਆ ਹੈ।ਮਾਮਲੇ ਦੀ ਜਾਂਚ ਜਾਰੀ ਹੈ।

## ਪੰਚਾਇਤ ਦੇ ਸਨਮਾਨ 'ਚ ਸਨਮਾਨ ਸਮਾਰੋਹ



**ਦਿੜ੍ਹਬਾ (ਜਸਵੀਰ ਲਾਡੀ)**-ਹੋਲੀ ਹਾਰਟ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਛਾਜਲੀ ਵਿਖੇ ਨਵੀਂ ਚੁਣੀ ਗਈ ਪੰਚਾਇਤ ਦੇ ਸਨਮਾਨ ਵਿੱਚ ਇੱਕ ਸਨਮਾਨ ਸਮਾਰੋਹ ਰੱਖਿਆ ਗਿਆ।ਇਸ ਸਮਾਗਮ ਵਿੱਚ ਸਕੂਲ ਦੇ ਵਿਦਿਆਰਥੀਆਂ, ਅਧਿਆਪਕਾਂ ਤੇ ਪੰਚਾਇਤ ਮੈਂਬਰਾਂ ਨੇ ਹਿੱਸਾ ਲਿਆ। ਪੰਚਾਇਤ ਦੇ ਸਨਮਾਨ ਸਮਾਰੋਹ ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਸੰਗੀਤ, ਕਵਿਤਾ ਅਤੇ ਸੰਵਿਧਾਨ ਬਾਰੇ ਭਾਸ਼ਾ ਦੀਆਂ ਪੇਸ਼ਕਾਰੀਆਂ ਪੇਸ਼ ਕੀਤੀਆਂ।ਇਸ ਮੌਕੇ ਸਰਪੰਚ ਅਤੇ ਪੰਚਾਇਤ ਮੈਂਬਰਾਂ ਨੇ ਸਟੇਟ ਲੈਵਲ ਪੰਜਾਬ ਸਕੂਲ ਗੇਮਸ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ। ਸਕੂਲ ਦੇ ਚੇਅਰਮੈਨ ਮਨਦੀਪ ਚੱਠਾ ਨੇ ਕਿਹਾ ਕਿ ਇਹ ਸਮਾਗਮ ਪੰਚਾਇਤ ਪ੍ਰਣਾਲੀ ਤੇ ਮਹੱਤਵ ਨੂੰ ਉਜਾਗਰ ਕਰਨ ਦਾ ਇੱਕ ਤਰੀਕਾ ਹੈ। ਅਸੀਂ ਆਪਣੀਆਂ ਜੜ੍ਹਾਂ ਨੂੰ ਸਮਝਣ ਅਤੇ ਪੰਚਾਇਤ ਦੀ ਮਹੱਤਤਾ ਮਜ਼ਬੂਤ ਕਰਨ ਲਈ ਵਚਨਬੱਧ ਹਾਂ। ਇਸ ਸਮਾਗਮ ਵਿੱਚ ਸਕੂਲ ਦੇ ਡਾਇਰੈਕਟਰ ਅੰਮ੍ਰਿਤਪਾਲ ਸਿੰਘ ਚੱਠਾ, ਪ੍ਰਿੰਸੀਪਲ ਮੈਡਮ ਅਤੇ ਸਟਾਫ ਵੀ ਮੌਜੂਦ ਸਨ।

## ਸ਼ਹੀਦ ਭਗਤ ਸਿੰਘ ਵੈੱਲਫੇਅਰ ਸੋਸਾਇਟੀ ਵੱਲੋਂ 6ਵੇਂ ਕਬੱਡੀ ਕੱਪ ਦਾ ਆਗਾਜ਼



**ਨਾਭਾ (ਵਰਿੰਦਰ ਵਰਮਾ)**-ਸ਼ਹੀਦ ਭਗਤ ਸਿੰਘ ਵੈੱਲਫੇਅਰ ਸੋਸਾਇਟੀ ਵੱਲੋਂ ਦੋ ਰੋਜ਼ਾ 6ਵਾਂ ਕਬੱਡੀ ਦੇ ਪਹਿਲੇ ਦਿਨ ਕਬੱਡੀ ਟੂਰਨਾਮੈਂਟ ਦਾ ਅਗਾਜ਼ ਮੁੱਖ ਮਹਿਮਾਨ ਐੱਸ ਐੱਸ ਪੀ ਗਗਨਅਜੀਤ ਸਿੰਘ ਮਲੇਰਕੋਟਲਾ, ਚਰਨ ਸਿੰਘ ਐੱਮ ਡੀ ਮਲਕੀਤ ਕੰਬਾਈਨ, ਗੁਰਪ੍ਰੀਤ ਸਿੰਘ ਐੱਮ ਡੀ ਪ੍ਰੀਤ ਗਰੁੱਪ, ਹਰਵਿੰਦਰ ਸਿੰਘ ਐੱਮ ਡੀ ਕਰਤਾਰ ਕੰਬਾਈਨ, ਸਤਵੀਰ ਸਿੰਘ ਖਟੜਾ, ਪਾਖਰ ਸਿੰਘ ਐੱਮ ਡੀ ਹਰਦੇਵ ਕੰਬਾਈਨ, ਲਖਵਿੰਦਰ ਸਿੰਘ ਲੱਕੀ ਐੱਮ ਡੀ ਗਹੀਰ ਕੰਬਾਈਨ ਵੱਲੋਂ ਕੀਤਾ ਗਿਆ।ਉਨ੍ਹਾਂ ਸਾਂਝੇ ਤੌਰ 'ਤੇ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਨਸ਼ੇ ਤਿਆਗ ਕੇ ਖੇਡਾਂ ਵੱਲ ਧਿਆਨ ਦੇਣਾ ਚਾਹੀਦਾ ਹੈ, ਕਿਉਂਕਿ ਇਹ ਨੌਜਵਾਨ ਪੀੜ੍ਹੀ ਸਾਡੇ ਦੇਸ਼ ਦੀ ਰੀੜ੍ਹ ਦੀ ਹੱਡੀ ਹਨ।

ਇਸ ਕਬੱਡੀ ਕੱਪ ਵਿੱਚ 42 ਕਿੱਲੋ ਤੇ 55 ਕਿੱਲੋ ਦੀਆਂ ਨਾਮੀ ਟੀਮਾਂ ਵੱਲੋਂ ਅਪਣੇ ਜ਼ੌਹਰ ਦਿਖਾਏ ਗਏ ਤੇ ਜੇਤੂ ਟੀਮਾਂ ਦੀ ਹੌਸਲਾ ਅਫਜ਼ਾਈ ਕਰਦਿਆਂ ਮੁੱਖ ਮਹਿਮਾਨਾਂ ਵੱਲੋਂ ਇਨਾਮ ਤਕਸੀਮ ਕੀਤੇ ਗਏ।ਇਸ ਮੌਕੇ ਤਰਸੇਮ ਮਾਹੀ ਘਰਾਚੋਂ ਨੇ ਕੁਮੇਂਟਰੀ ਰਾਹੀਂ ਖੂਬ ਰੰਗ ਬੰਨ੍ਹਿਆ।ਇਸ ਮੌਕੇ ਕਲੱਬ ਪ੍ਰਧਾਨ ਪਰਮਜੀਤ ਸਿੰਘ ਝੂਹੀ ਤੇ ਸਮੂਹ ਮੈਂਬਰਾਂ ਵੱਲੋਂ ਮੁੱਖ ਮਹਿਮਾਨ ਤੇ ਆਈਆਂ ਹੋਈਆਂ ਸ਼ਖ਼ੀਅਤਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸੁਖਵਿੰਦਰ ਸਿੰਘ ਵਿਰਕ ਛੀਟਾਂਵਾਲਾ, ਭਿੰਦੀ ਟਰਾਂਸਪੋਰਟ, ਕੁਲਵੰਤ ਸਿੰਘ ਹਿਆਣਾ ਖੁਰਦ, ਜਸਪਾਲ ਸਿੰਘ ਦੁਲੱਦੀ, ਜਥੇਦਾਰ ਕੁਲਦੀਪ ਸਿੰਘ ਅਲੋਹਰਾ, ਹਰਵਿੰਦਰ ਸਿੰਘ ਕਾਲਾ, ਗੁਰਧਿਆਨ ਸਿੰਘ ਸਰਪੰਚ ਰੋਹਟੀ ਬਸਤਾ, ਆਸ਼ੂ ਜ਼ਖ਼ਮੀ, ਹਰਦੀਪ ਬਿਰੜਵਾਲ, ਗੁਰਜੰਟ ਸਿੰਘ ਬਿਰੜਵਾਲ, ਬਲਜੀਤ ਦੁਲੱਦੀ, ਹਰਜੀਤ ਸਿੰਘ ਸਾਬਕਾ ਸਰਪੰਚ, ਬਿੱਲਾ ਗੁਣੀਕੇ, ਨਿਰਭੈ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਖੇਡ ਪ੍ਰੇਮੀ ਹਾਜ਼ਰ ਸਨ।


**ਉਤਰ ਰੇਲਵੇ**

**ਈ-ਨਿਵਿਦਾ ਸੂਚਨਾ**

**ਨਿਵਿਦਾ ਸੂਚਨਾ ਨੰ. 433-ਸਿਗ- ਟੀ-32-24-25** **ਮਿਤੀ: 28.12.2024**

**ਬੰਦ ਹੋਣ ਦੀ ਮਿਤੀ/ਸਮਾਂ: 20.12.2024 15:00 ਵਜੇ**

ਸੀਨੀਅਰ ਮੰਡਲ ਸੰਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉਤਰ ਰੇਲਵੇ, ਫਿਰੋਜ਼ਪੁਰ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਟੈਂਡਰ ਨੰ. 433-ਸਿਗ/ਟੀ-32/24-25 ਈ ਟੈਂਡਰਿੰਗ ਦੇ ਮਾਧਿਅਮ ਨਾਲ ਮਿਤੀ 20.12.2024 ਨੂੰ 15:00 ਵਜੇ ਤਕ ਵੈਬਸਾਈਟ https://www.ireps.gov.in'ਤੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਟੈਂਡਰ ਅਸਲੀ/ਸੰਸ਼ੋਧਿਤ ਤੈਅ ਕੀਤੇ ਗਏ ਸਮੇਂ ਅਤੇ ਮਿਤੀ ਤਕ ਜਰੂਰ ਜਮ੍ਹਾ ਕਰਾਉਣ ਇਸ ਟੈਂਡਰ ਦੇ ਤਹਿਤ ਮੈਨੂਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ। ਠੇਕੇਦਾਰਾਂ ਦੁਆਰਾ ਟੈਂਡਰ ਡਾਕੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋ ਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਵੇਂ ਕਿ ਨੈਟ ਬੈਕਿੰਗ, ਡੈਬਿਟ ਕਾਰਡ, ਕਰੈਡਿਟ ਕਾਰਡ ਆਦਿ ਦੁਆਰਾ ਸਵੀਕ੍ਰਿਤ ਕੀਤੀ ਜਾਵੇਗੀ ਇਸ ਦੇ ਇਲਾਵਾ ਡਿਮਾਂਡ ਡ੍ਰਾਫਟ, ਬੈਂਕਰ ਚੈਕ, ਡਿਪੋਜਿਟ ਰਸੀਦ, ਐਫਡੀਆਰ ਆਦਿ ਦੇ ਮਾਧਿਅਮ ਦੁਆਰਾ ਜਮ੍ਹਾ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ।

**ਐਨ.ਆਈ.ਟੀ:**

| | |
|---|---|
| ਕੰਮ ਦਾ ਨਾਮ | (i) ਫਿਰੋਜ਼ਪੁਰ ਡਵੀਜਨ ਦੇ ਵਖ-ਵਖ ਅਨੁਭਾਗਾਂ ਵਿਚ 2 ਸਾਲ ਦੇ ਲਏ ਓਐਫਸੀ ਦਾ ਸਲਾਨਾ ਰਖਰਖਾਅ ਕਾਂਟਰੈਕਟ।<br>(ii) ਫਿਰੋਜਪੁਰ ਡਵੀਜਨ ਦੇ 7 ਸਟੇਸ਼ਨਾਂ ਤੇ ਤਿੰਨ (03) ਸਾਲਾਂ ਦੇ ਲਈ ਮੇਧਾ ਮੇਕ ਇਲੈਕਟ੍ਰਾਨਿਕ ਇੰਟਰਲਾਕਿੰਗ ਸਿਸਟਮ ਦਾ ਵਿਆਪਕ ਰਖਰਖਾਅ ਕਾਂਟਰੈਕਟ।<br>(iii) ਏਡੀਐਸਟੀਈ/ਲੁਧਿਆਣਾ ਦੇ ਅਨੁਭਾਗਾਂ ਦੇ ਲਈ ਇਕ ਸਾਲ ਦੇ ਲਈ ਅਨੁਭਾਗੀ ਸਿਗਨਲ ਰਖਰਖਾਅ ਕਾਂਟਰੈਕਟ (ਐਸਐਸਐਮਸੀ)। |

| | | | |
|---|---|---|---|
| ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ | (i) 20.12.2024 15:00<br>(ii) 23.12.2024 15:00<br>(iii) 23.12.2024 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 28.11.2024 14:05 |
| ਅੰਦਾਜਨ ਲਾਗਤ | (i) 27904640.00<br>(ii) 15606506.16<br>(iii) 13961726.25 | ਬਿਡਿੰਗ ਸ਼ੁਰੂ ਦੀ ਮਿਤੀ ਆਈ.ਆਰ.ਈ.ਪੀ.ਐਸ | (i) 06.12.2024<br>(ii) 09.12.2024<br>(iii) 09.12.2024 |
| ਬਿਆਨਾ ਰਾਸ਼ੀ (ਰੁ) | (i) 289500.00<br>(ii) 228000.00<br>(iii) 219800.00 | ਕੰਮ ਪੂਰਾ ਕਰਨ ਦਾ ਸਮਾਂ | (i) 24 ਮਹੀਨੇ<br>(ii) 36 ਮਹੀਨੇ<br>(iii) 12 ਮਹੀਨੇ |

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 3682/24


## 4 ਗ੍ਰਾਮ ਹੈਰੋਇਨ ਸਮੇਤ 1 ਕਾਬੂ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਪੁਲਸ ਵਲੋਂ 4 ਗ੍ਰਾਮ ਹੈਰੋਇਨ ਸਮੇਤ ਦਵਿੰਦਰ ਸਿੰਘ ਵਾਸੀ ਮਾਛੀਵਾੜਾ ਨੂੰ ਗ੍ਰਿਫ਼ਤਾਰ ਕਰਨ ਵਿਚ ਸਫ਼ਲਤਾ ਪ੍ਰਾਪਤ ਕੀਤੀ ਹੈ। ਥਾਣਾ ਮੁਖੀ ਪਵਿੱਤਰ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਵਲੋਂ ਗਸ਼ਤ ਕੀਤੀ ਜਾ ਰਹੀ ਸੀ ਕਿ ਜੇ ਐੱਸ ਨਗਰ ਵਲੋਂ ਇੱਕ ਨੌਜਵਾਨ ਮੋਟਰਸਾਈਕਲ 'ਤੇ ਨਸ਼ੇ ਦੀ ਹਾਲਤ ਵਿਚ ਜਾਂਦਾ ਦਿਖਾਈ ਦਿੱਤਾ। ਪੁਲਸ ਪਾਰਟੀ ਨੂੰ ਦੇਖ ਉਹ ਘਬਰਾ ਗਿਆ ਜੋ ਆਪਣਾ ਮੋਟਰਸਾਈਕਲ ਪਿੱਛੇ ਮੋੜਨ ਲੱਗਾ। ਇਸ ਨੌਜਵਾਨ ਨੇ ਆਪਣੇ ਟਰੈਕ ਸੂਟ 'ਚੋਂ ਇੱਕ ਮੋਬਾਇਲ ਫੋਨ ਕੱਢ ਕੇ ਮੋਟਰਸਾਈਕਲ ਦੀ ਹੈੱਡਲਾਈਟ ਦੇ ਕਵਰ ਵਿਚ ਲੁਕਾ ਦਿੱਤਾ। ਪੁਲਿਸ ਪਾਰਟੀ ਵਲੋਂ ਇਸ ਨੂੰ ਕਾਬੂ ਕੀਤਾ ਗਿਆ, ਜਿਸ ਨੇ ਆਪਣਾ ਨਾਂਅ ਦਵਿੰਦਰ ਸਿੰਘ ਦੱਸਿਆ ਅਤੇ ਜਦੋਂ ਹੈੱਡ ਲਾਈਟ 'ਚ ਲੁਕਾ ਕੇ ਰੱਖੇ ਮੋਬਾਇਲ ਫੋਨ ਦਾ ਕਵਰ ਖੋਲ੍ਹ ਕੇ ਦੇਖਿਆ ਤਾਂ ਉਸ 'ਚੋਂ 4 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਉਸ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ।

## ਵਿਦੇਸ਼ ਭੇਜਣ ਦੇ ਨਾਂਅ 'ਤੇ ਲੱਖਾਂ ਦੀ ਠੱਗੀ ਮਾਰਨ 'ਤੇ 2 ਖਿਲਾਫ਼ ਮਾਮਲਾ ਦਰਜ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਪੁਲਸ ਥਾਣਾ ਵਿਖੇ ਬਹਾਦਰ ਸਿੰਘ ਵਾਸੀ ਕਾਤਰੋ, ਜ਼ਿਲ੍ਹਾ ਸੰਗਰੂਰ ਦੀ ਸ਼ਿਕਾਇਤ ਦੇ ਅਧਾਰ 'ਤੇ ਉਸ ਦੇ ਬੱਚਿਆਂ ਨੂੰ ਵਿਦੇਸ਼ ਭੇਜਣ ਦੇ ਨਾਂਅ 'ਤੇ ਲੱਖਾਂ ਰੁਪਏ ਦੀ ਠੱਗੀ ਮਾਰਨ ਦੇ ਕਥਿਤ ਦੋਸ਼ ਹੇਠ ਮਹਿਲਾ ਟ੍ਰੈਵਲ ਏਜੰਟ ਨੈਨਸੀ ਅਤੇ ਗੁਰਜੀਤ ਸਿੰਘ ਵਾਸੀ ਸ਼ੇਰਪੁਰ ਬਸਤੀ ਖਿਲਾਫ਼ ਮਾਮਲਾ ਦਰਜ ਕੀਤਾ ਹੈ। ਐੱਸ.ਐੱਸ.ਪੀ. ਸੰਗਰੂਰ ਕੋਲ ਸ਼ਿਕਾਇਤ ਦਰਜ ਕਰਵਾਉਂਦਿਆਂ ਬਹਾਦਰ ਸਿੰਘ ਨੇ ਦੱਸਿਆ ਕਿ ਉਸ ਨੇ ਆਪਣੇ 2 ਲੜਕਿਆਂ ਨੂੰ ਵਿਦੇਸ਼ ਭੇਜਣ ਲਈ ਆਪਣੇ ਕਿਸੇ ਰਿਸ਼ਤੇਦਾਰ ਰਾਹੀਂ ਟ੍ਰੈਵਲ ਏਜੰਟ ਨੈਨਸੀ ਤੇ ਗੁਰਜੀਤ ਸਿੰਘ ਨਾਲ ਸੰਪਰਕ ਕੀਤਾ। ਉਕਤ ਟ੍ਰੈਵਲ ਏਜੰਟਾਂ ਨੇ ਕਿਹਾ ਕਿ ਉਹ ਲਵਪ੍ਰੀਤ ਸਿੰਘ ਤੇ ਧਰਮਪ੍ਰੀਤ ਸਿੰਘ ਨੂੰ ਵਿਦੇਸ਼ ਭੇਜ ਦੇਣਗੇ ਅਤੇ ਉਨ੍ਹਾਂ ਪਾਸੋਂ ਦਸਤਾਵੇਜ਼ ਵੀ ਲੈ ਲਏ। ਸ਼ਿਕਾਇਤ ਕਰਤਾ ਅਨੁਸਾਰ ਉਕਤ ਟ੍ਰੈਵਲ ਏਜੰਟਾਂ ਨੇ ਉਸ ਕੋਲੋਂ 2 ਲੱਖ ਰੁਪਏ ਨਕਦ, 4.50-4.50 ਲੱਖ ਰੁਪਏ ਦੇ ਦੋ ਚੈੱਕ ਵੀ ਦੇ ਦਿੱਤੇ। ਇਸ ਤੋਂ ਬਾਅਦ ਹੋਰ ਵੀ ਬੈਂਕ ਖਾਤਿਆਂ ਰਾਹੀਂ ਕੁੱਲ 36 ਲੱਖ ਰੁਪਏ ਟ੍ਰੈਵਲ ਏਜੰਟ ਗੁਰਜੀਤ ਸਿੰਘ ਤੇ ਨੈਨਸੀ ਦੇ ਖਾਤੇ ਵਿਚ ਟਰਾਂਸਫਰ ਕਰ ਦਿੱਤੇ ਪਰ ਕਰੀਬ 3 ਮਹੀਨੇ ਬੀਤ ਜਾਣ ਦੇ ਬਾਵਜੂਦ ਉਨ੍ਹਾਂ ਦੇ ਬੱਚਿਆਂ ਨੂੰ ਵਿਦੇਸ਼ ਭੇਜਣ ਦੇ ਨਾਂਅ 'ਤੇ ਲਾਰੇ ਲਗਾਉਂਦੇ ਰਹੇ। ਫਿਰ ਉਕਤ ਟ੍ਰੈਵਲ ਏਜੰਟਾਂ ਨੇ ਕਿਹਾ ਕਿ ਉਹ ਉਨ੍ਹਾਂ ਦੇ ਲੜਕੇ ਲਵਪ੍ਰੀਤ ਸਿੰਘ ਨੂੰ ਯੂ.ਐੱਸ.ਏ ਭੇਜ ਦੇਣਗੇ ਅਤੇ 2023 ਜੁਲਾਈ ਵਿਚ ਲਵਪ੍ਰੀਤ ਨੂੰ ਵੀਅਤਨਾਮ ਭੇਜ ਦਿੱਤਾ ਪਰ ਉੱਥੋਂ ਹੋਰ ਵਿਦੇਸ਼ਾਂ 'ਚ ਘੁੰਮਦੇ ਹੋਏ ਲੜਕਾ ਭਾਰਤ ਆ ਗਿਆ। ਇਸ ਤੋਂ ਬਾਅਦ ਉਸ ਦੇ ਛੋਟੇ ਲੜਕੇ ਧਰਮਪ੍ਰੀਤ ਸਿੰਘ ਨੂੰ ਯੂ ਐੱਸ ਏ ਭੇਜਣ ਦੀ ਗੱਲ ਕਹੀ ਤੇ ਉਸ ਨੂੰ ਪਹਿਲਾਂ ਰੂਸ ਭੇਜਿਆ ਜਿੱਥੇ ਡੌਂਕਰਾਂ ਨੇ ਉਸ ਨੂੰ ਫੜ ਲਿਆ, ਜਿਨ੍ਹਾਂ ਵੀਡੀਓ ਕਾਲ ਕਰ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ। ਜਦੋਂ ਉਨ੍ਹਾਂ ਆਪਣੇ ਬੱਚੇ ਦੇ ਅਗਵਾ ਕਰਨ ਸਬੰਧੀ ਟ੍ਰੈਵਲ ਏਜੰਟ ਗੁਰਜੀਤ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਸੇ ਪਟਿਆਲਾ ਦੇ ਟ੍ਰੈਵਲ ਏਜੰਟ ਨਾਲ ਗੱਲ ਕਰਵਾਈ ਤੇ ਫਿਰ 8 ਲੱਖ ਰੁਪਏ ਖਰਚ ਕੇ ਉਨ੍ਹਾਂ ਆਪਣੇ ਬੱਚੇ ਧਰਮਪ੍ਰੀਤ ਸਿੰਘ ਨੂੰ ਡੌਂਕਰਾਂ ਦੇ ਕਬਜ਼ੇ 'ਚੋਂ ਛੁਡਵਾ ਕੇ ਭਾਰਤ ਵਾਪਸ ਲਿਆਂਦਾ। ਇਸ ਸਬੰਧੀ ਸੰਗਰੂਰ ਪੁਲਸ ਨੇ ਸਾਰੀਆਂ ਧਿਰਾਂ ਦੇ ਬਿਆਨ ਦਰਜ ਕਰਨ ਉਪਰੰਤ ਜ਼ੀਰੋ ਐੱਫ ਆਈ ਆਰ ਕੱਟ ਕੇ ਇਸ ਸ਼ਿਕਾਇਤ ਸਬੰਧੀ ਮਾਛੀਵਾੜਾ ਪੁਲਸ ਨੂੰ ਕਾਰਵਾਈ ਕਰਨ ਲਈ ਭੇਜਿਆ। ਸਥਾਨਕ ਪੁਲਿਸ ਵਲੋਂ ਉਕਤ ਟ੍ਰੈਵਲ ਏਜੰਟ ਖਿਲਾਫ਼ ਮਾਮਲਾ ਦਰਜ ਕਰ ਜਾਂਚ ਸ਼ੁਰੂ ਕਰ ਦਿੱਤੀ ਹੈ।


YES BANK

**Yes Bank Limited** Regd. Office: YES BANK House, Off Western Express Highway, Santacruz (East), Mumbai – 400055. Website : www.yesbank.in

**ਸਰਫੇਸੀ ਐਕਟ ਦੇ ਸੈਕਸ਼ਨ 13 (2) ਅਧੀਨ ਨੋਟਿਸ ਦੀ ਪ੍ਰਕਾਸ਼ਨਾ**

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰ (ਕਰਜ਼ਦਾਰਾਂ)/ਗਰੰਟਰ/(ਗਰੰਟਰਾਂ)/ਨਿਰਦੇਸ਼ਕਾਂ/ਗਿਰਵੀਕਾਰ (ਗਿਰਵੀਕਾਰਾਂ), ਜਿਨ੍ਹਾਂ ਨੇ ਬੈਂਕ ਤੋਂ ਲਈ ਕਰਜ਼ਾ ਸਹੂਲਤ ਦਾ ਮੂਲ ਅਤੇ ਵਿਆਜ ਵਾਪਸ ਮੋੜਨ 'ਚ ਅਸਫਲਤਾ ਦਿਖਾਈ ਅਤੇ ਜਿਨ੍ਹਾਂ ਦੇ ਸਹੂਲਤਾਂ ਖਾਤੇ ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਰਗੀਕ੍ਰਿਤ ਕਰ ਦਿੱਤੇ ਗਏ ਹਨ। ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਦੇ ਸੈਕਸ਼ਨ 13 (2) ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ 2002 (ਸਰਫੇਸੀ ਐਕਟ) ਤਹਿਤ ਉਨ੍ਹਾਂ ਦੇ ਜਾਣਕਾਰੀ ਵਾਲੇ ਆਖਰੀ ਪਤਿਆਂ 'ਤੇ ਨੋਟਿਸ ਜਾਰੀ ਕੀਤੇ ਗਏ ਸਨ। ਪਰ ਉਹ ਅਣਵੰਡੇ ਵਾਪਸ ਪ੍ਰਾਪਤ ਹੋਏ ਹਨ ਅਤੇ ਅਜਿਹੇ ਵਿੱਚ ਉਨ੍ਹਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਜਾਣਕਾਰੀ ਦਿੱਤੀ ਗਈ ਹੈ।

| ਕਰਜ਼ਦਾਰ ਦਾ ਨਾਂਅ | ਸਹਿ-ਕਰਜ਼ਦਾਰ/ ਗਰੰਟਰ/ਗਿਰਵੀਕਾਰ ਦੇ ਨਾਂਅ | ਗਿਰਵੀ ਰੱਖੀਆਂ ਅਚੱਲ ਜਾਇਦਾਦਾਂ ਦਾ ਵੇਰਵਾ | 13 (2) ਨੋਟਿਸ ਦੀ ਮਿਤੀ | ਐੱਨ ਪੀ ਏ ਦੀ ਮਿਤੀ | ਬਕਾਇਆ ਰਾਸ਼ੀ |
|---|---|---|---|---|---|
| ਮੈਸ. ਕਿਊਟ ਪ੍ਰੋਡੱਕਟਸ ਇੰਡੀਆ ("ਕਰਜ਼ਦਾਰ ਅਤੇ ਗਿਰਵੀਕਾਰ") ਰਾਹੀਂ ਇਸ ਦੇ ਭਾਈਵਾਲਾਂ, ਪਤਾ : ਮਕਾਨ ਨੰ. 52, ਮਹਾਵੀਰ ਨਗਰ, ਗਲੀ ਨੰ. 4, ਬਾੜੇਵਾਲ ਅਵਾਨਾ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ-141012 | 1. ਸ੍ਰੀ ਮੁਕੇਸ਼ ਗੁਪਤਾ ਪੁੱਤਰ ਰਾਮ ਸਰੂਪ ("ਭਾਈਵਾਲ, ਗਰੰਟਰ ਅਤੇ ਗਿਰਵੀਕਾਰ") ਪਤਾ : ਮਕਾਨ ਨੰ. 52, ਮਹਾਵੀਰ ਨਗਰ, ਗਲੀ ਨੰ. 4, ਬਾੜੇਵਾਲ ਅਵਾਨਾ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ-141012 ਵਿਖੇ ਵੀ : ਐੱਫ-36 ਫੇਜ਼-8, ਫੋਕਲ ਪੁਆਇੰਟ ਲੁਧਿਆਣਾ, ਪੰਜਾਬ-141001<br>2. ਸ੍ਰੀਮਤੀ ਕਵਿਤਾ ਗੁਪਤਾ ("ਭਾਈਵਾਲ, ਅਤੇ ਗਰੰਟਰ") ਪਤਾ : ਮਕਾਨ ਨੰ. 52, ਮਹਾਵੀਰ ਨਗਰ, ਗਲੀ ਨੰ. 4, ਬਾੜੇਵਾਲ ਅਵਾਨਾ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ-141012 ਵਿਖੇ ਵੀ : ਐੱਫ-36 ਫੇਜ਼-8, ਫੋਕਲ ਪੁਆਇੰਟ, ਲੁਧਿਆਣਾ, ਪੰਜਾਬ-141001 | 1. ਕਰਜ਼ਦਾਰਾਂ ਅਤੇ ਬੈਂਕ ਵਿਚਕਾਰ ਮਿਤੀ 24.04.2018 ਦੇ ਰਹਿਨਨਾਮੇ ਦੇ ਬੈਨਾਮੇ ਅਤੇ ਮਿਤੀ 07.08.2029 ਦੇ ਰਹਿਨਨਾਮੇ ਦੀਆਂ ਸਪਲੀਮੈਂਟਰੀ ਡੀਡਜ਼ ਫਰਮ ਦੇ ਐੱਮ ਐੱਫ ਏ (ਮੌਜੂਦਾ ਅਤੇ ਭਵਿੱਖੀ) ਦੁਆਰਾ ਫੰਡਡ ਐਸਟਸ ਘਟਾ ਕੇ ਸਾਰੇ ਤਾਜ਼ਾ ਐਸਟਸ (ਮੌਜੂਦਾ ਅਤੇ ਭਵਿੱਖੀ) ਉਪਰ ਚਾਰਜ ਛੱਡਕੇ, ਕੱਚੇ ਮਾਲ, ਅਰਧ ਤਿਆਰ, ਤਿਆਰ ਵਸਤਾਂ, ਜਮ੍ਹਾਂ ਕੀਤੀਆਂ ਵਸਤਾਂ ਅਤੇ ਪੁਰਜ਼ਿਆਂ ਦੇ ਸਟਾਕ, ਪਲਾਂਟ ਨਾਲ ਅਤੇ ਮਸ਼ੀਨਰੀ ਨਾਲ ਸੰਬੰਧਤ ਸਮੇਤ (ਖਪਤਯੋਗ ਜਮ੍ਹਾਂ ਵਸਤਾਂ ਅਤੇ ਪੁਰਜ਼ੇ), ਬਿੱਲ ਵਸੂਲੀਯੋਗ ਅਤੇ ਬੁੱਕ ਡੈਬਟਸ ਅਤੇ ਹੋਰ ਸਾਰੇ ਵਸੂਲੀਯੋਗ ਅਤੇ ਚੱਲਦੇ (ਦੋਵੇਂ (ਮੌਜੂਦਾ ਅਤੇ ਭਵਿੱਖੀ) ਚਾਹੇ ਉਹ ਪਏ ਹਨ ਜਾਂ ਭੰਡਾਰ ਕੀਤੇ ਹਨ ਜਾਂ ਭੰਡਾਰ ਕੀਤੇ ਜਾ ਸਕਦੇ ਹਨ ਜਾਂ ਕਰਜ਼ਦਾਰ ਦੀਆਂ ਕਿਤੇ ਵੀ ਸਥਿਤ ਫੈਕਟਰੀਆਂ, ਪਰਿਸਰਾਂ ਅਤੇ ਗੋਦਾਮਾਂ ਵਿੱਚ ਇਹ ਵਸਤਾਂ ਪਈਆਂ ਹਨ, ਭੰਡਾਰ ਕੀਤੀਆਂ ਹਨ ਜਾਂ ਕੀਤੀਆਂ ਜਾ ਸਕਦੀਆਂ, ਜਾਂ ਸਮੇਂ ਸਮੇਂ ਸਕਿਉਰਿਟੀ ਦੌਰਾਨ ਲਿਆਂਦੀਆਂ ਜਾ ਸਕਦੀਆਂ ਅਤੇ ਫਿਰ ਚਾਹੇ ਕਿਸੇ ਪਾਰਟੀ ਕੋਲ ਹਨ ਜਾਂ ਕਰਜ਼ਦਾਰ ਦੇ ਆਰਡਰ ਜਾਂ ਡਿਲਵਿਰੀ 'ਤੇ ਲੈਣ-ਦੇਣ ਕੀਤਾ ਜਾਂ ਸਕਦਾ ਜਾਂ ਬਾਹਰ ਭੇਜੇ ਜਾ ਸਕਦੇ ਹਨ। ਚਾਹੇ ਜੋ ਵੀ ਹੋਣ ਅਤੇ ਕਰਜ਼ਦਾਰ ਦੇ ਸਾਰੇ ਚੱਲ ਫਿਕਸਡ ਐਸਟਸ ਦਾ ਬਦਲ ਜਾਂ ਇਸ ਦੇ ਵਧੀਕ ਅਤੇ ਕਰਜ਼ਦਾਰ ਦੇ ਚੱਲ ਸਾਰੇ ਐਸਟਸ।<br>2. ਪਤਾ : ਮਕਾਨ ਨੰ. 52, ਮਹਾਵੀਰ ਨਗਰ, ਗਲੀ ਨੰ. 4, ਬਾੜੇਵਾਲ ਅਵਾਨਾ, ਤਹਿ. ਅਤੇ ਜ਼ਿਲ੍ਹਾ ਲੁਧਿਆਣਾ, ਪੰਜਾਬ-141012 (ਬੈਨਾਮੇ ਅਨੁਸਾਰ : ਪਲਾਟ ਨੰ. 52, ਜਾਇਦਾਦ ਰਕਬਾ 400 ਵਰਗ ਗਜ਼, ਖਸਰਾ ਨੰ. 1080, 1083, 1078/1, 1079,1081/1, 1082 ਖਾਤਾ ਨੰ. 628/875,634/881,639/886, ਜਮ੍ਹਾਂਬੰਦੀ ਵਾਸਤੇ ਸਾਲ 2001-02 ਅਨੁਸਾਰ) (ਖਾਤਾ ਨੰ. 651/16, 665/922, 670/927, ਜਮ੍ਹਾਂਬੰਦੀ ਵਾਸਤੇ ਸਾਲ 2011-12 ਅਨੁਸਾਰ), ਜਾਇਦਾਦ ਪਿੰਡ ਬਾੜੇਵਾਲ ਅਵਾਨਾ, ਹਦਬਸਤ ਨੰ. 157, ਅਬਾਦੀ ਮਹਾਵੀਰ ਕਾਲੋਨੀ ਵਜੋਂ ਜਾਣੀ ਜਾਂਦੀ, ਤਹਿਸੀਲ ਅਤੇ ਜ਼ਿਲ੍ਹਾ ਲੁਧਿਆਣਾ ਵਿਖੇ ਸਥਿਤ ਹੈ। ਹੱਦਾਂ : ਪੂਰਬ : ਪਲਾਟ ਨੰ. 53 ਪੈਮਾਇਸ਼ 90', ਪੱਛਮ : ਪਲਾਟ ਨੰ. 53 ਪੈਮਾਇਸ਼ 90', ਉੱਤਰ : ਗਲੀ ਪੈਮਾਇਸ਼ 40', ਦੱਖਣ : ਪਲਾਟ ਨੰ. 65 ਪੈਮਾਇਸ਼ 40', ਗਿਰਵੀਕਾਰ : ਸ੍ਰੀ ਮੁਕੇਸ਼ ਗੁਪਤਾ ਪੁੱਤਰ ਸ੍ਰੀ ਰਾਮ ਸਰੂਪ। | 28 ਨਵੰਬਰ 2024 | 22 ਨਵੰਬਰ 2024 | ਰੁਪਏ 3,01,60, 980/- ( ਰੁਪਏ ਤਿੰਨ ਕਰੋੜ ਇੱਕ ਲੱਖ ਸੱਠ ਹਜ਼ਾਰ ਨੌ ਸੌ ਅੱਸੀ ਕੇਵਲ) ਮਿਤੀ 25 ਨਵੰਬਰ 2024 ਅਨੁਸਾਰ। |

ਹਵਾਲਾ ਨੰ. YBL/ENF/LDH/BB/SEC 13 (2)/2024-2025/011

ਉਪਰੋਕਤ ਕਰਜ਼ਦਾਰ (ਕਰਜ਼ਦਾਰਾਂ)/ਸਹਿ-ਕਰਜ਼ਦਾਰ (ਸਹਿ-ਕਰਜ਼ਦਾਰਾਂ)/ਗਰੰਟਰ(ਗਰੰਟਰਾਂ)/ਰਹਿਣਕਾਰ (ਰਹਿਣਕਾਰਾਂ)/ਨਿਰਦੇਸ਼ਕ (ਨਿਰਦੇਸ਼ਕਾਂ) (ਜਦੋਂ ਵੀ ਲਾਗੂ ਹੋਵੇ) ਨੂੰ ਬਕਾਇਆ ਰਕਮ, ਇਸ ਨੋਟਿਸ ਦੀ ਪ੍ਰਕਾਸ਼ਨਾ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕਰਨ ਦਾ ਸੱਦਾ ਦਿੱਤਾ ਜਾਂਦਾ ਹੈ। ਅਸਫਲ ਰਹਿਣ 'ਤੇ 60 ਦਿਨਾਂ ਦਾ ਸਮਾਂ ਗੁਜਰ ਜਾਣ ਤੋਂ ਬਾਅਦ ਸਰਫੇਸੀ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਤਹਿਤ ਅਗਲੇ ਕਦਮ ਉਠਾਏ ਜਾਣਗੇ।

ਮਿਤੀ : 29.11.2024
ਸਥਾਨ : ਲੁਧਿਆਣਾ (ਪੰਜਾਬ)

ਸਹੀ/- ਪ੍ਰਦੀਪ ਕੁਮਾਰ, ਅਧਿਕਾਰਤ ਅਫਸਰ
ਵਾਸਤੇ ਯੈੱਸ ਬੈਂਕ ਲਿਮਟਿਡ, ਫੋਨ : +9112066-89513

# ਪੁਲਸ ਨੇ ਵਿਸ਼ੇਸ਼ ਮੁਹਿੰਮ ਦੌਰਾਨ ਦੋ ਹੋਰ ਭਗੌੜੇ ਮੁਲਜ਼ਮ ਕੀਤੇ ਕਾਬੂ

**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** ਭਗੌੜੇ ਅਪਰਾਧੀਆਂ ਖ਼ਿਲਾਫ਼ ਜਲੰਧਰ ਦਿਹਾਤੀ ਪੁਲਸ ਵਲੋਂ ਵਿੱਢੀ ਵਿਸ਼ੇਸ਼ ਮੁਹਿੰਮ ਤਹਿਤ ਦੋ ਹੋਰ ਭਗੌੜੇ ਅਪਰਾਧੀਆਂ (ਪੀ.ਓ.) ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਹਨਾਂ ਗ੍ਰਿਫਤਾਰੀਆਂ ਨਾਲ, ਪਿਛਲੇ ਸਾਢੇ ਤਿੰਨ ਮਹੀਨਿਆਂ ਵਿੱਚ ਫੜੇ ਗਏ ਪੀ.ਓ. ਦੀ ਕੁੱਲ ਗਿਣਤੀ 60 ਤੱਕ ਪਹੁੰਚ ਗਈ ਹੈ।ਫੜੇ ਗਏ ਵਿਅਕਤੀਆਂ ਦੀ ਪਛਾਣ ਥਾਣਾ ਸਦਰ ਨਕੋਦਰ ਅਧੀਨ ਪੈਂਦੇ ਪਿੰਡ ਈਡਾ ਦੇ ਰਹਿਣ ਵਾਲੇ ਵਿਜੇ ਕੁਮਾਰ ਅਤੇ ਕਪੂਰਥਲਾ ਦੇ ਰਹਿਣ ਵਾਲੇ ਸੰਨੀ ਸਿੰਘ ਵਜੋਂ ਹੋਈ ਹੈ। ਦੋਵਾਂ ਨੂੰ ਗੰਭੀਰ ਅਪਰਾਧਾਂ ਵਿੱਚ ਸ਼ਾਮਲ ਹੋਣ ਲਈ ਧਾਰਾ 299 ਸੀਆਰਪੀਸੀ ਦੇ ਤਹਿਤ ਅਦਾਲਤਾਂ ਦੁਆਰਾ ਪੀਓ ਘੋਸ਼ਿਤ ਕੀਤਾ ਗਿਆ ਸੀ।ਸੀਨੀਅਰ ਕਪਤਾਨ ਪੁਲਸ (ਐਸ.ਐਸ.ਪੀ.) ਹਰਕਮਲ ਪ੍ਰੀਤ ਸਿੰਘ ਖੱਖ ਨੇ ਦੱਸਿਆ ਕਿ ਇਹ ਗ੍ਰਿਫ਼ਤਾਰੀਆਂ ਐਸ.ਪੀ. (ਇਨਵੈਸਟੀਗੇਸ਼ਨ) ਜਸਰੂਪ ਕੌਰ ਬਾਠ ਅਤੇ ਡੀਐਸਪੀ ਨਕੋਦਰ ਸੁਖਪਾਲ ਸਿੰਘ ਦੀ ਸਿੱਧੀ ਨਿਗਰਾਨੀ ਹੇਠ ਕੀਤੀਆਂ ਗਈਆਂ ਹਨ।ਐਸ.ਐਸ.ਪੀ ਨੇ ਦਸਿਆ ਕਿ ਪਹਿਲਾ ਪੀ.ਓ, ਵਿਜੇ ਕੁਮਾਰ, ਥਾਣਾ ਸਦਰ ਨਕੋਦਰ ਵਿਖੇ ਐਨਡੀਪੀਐਸ ਐਕਟ ਦੀ ਧਾਰਾ 21-61-85 ਅਧੀਨ ਐਫਆਈਆਰ ਨੰਬਰ 200 ਮਿਤੀ 17 ਦਸੰਬਰ, 2019 ਦੇ ਤਹਿਤ ਦਰਜ ਕੀਤੇ ਗਏ ਕੇਸ ਵਿੱਚ ਲੋੜੀਂਦਾ ਸੀ। ਉਸ ਨੂੰ 23 ਮਾਰਚ, 2024 ਨੂੰ ਜਲੰਧਰ ਵਿੱਚ ਏਐਸਜੇ ਦੀ ਅਦਾਲਤ ਵੱਲੋਂ ਪੀ.ਓ. ਕਰਾਰ ਕੀਤਾ ਗਿਆ ਸੀ।

ਵਿਜੇ ਕੁਮਾਰ ਨੂੰ 27 ਨਵੰਬਰ 2024 ਨੂੰ ਨਕੋਦਰ ਪੁਲਿਸ ਟੀਮ ਨੇ ਛਾਪੇਮਾਰੀ ਦੌਰਾਨ ਗ੍ਰਿਫਤਾਰ ਕੀਤਾ ਹੈ।ਦੂਜਾ ਦੋਸ਼ੀ ਸੰਨੀ ਸਿੰਘ ਆਈਪੀਸੀ ਦੀ ਧਾਰਾ 379, 482, ਅਤੇ 34 ਦੇ ਤਹਿਤ ਐਫਆਈਆਰ ਨੰਬਰ 67 ਮਿਤੀ 2018 ਦੇ ਤਹਿਤ ਦਰਜ ਕੀਤੇ ਗਏ ਕੇਸ ਵਿੱਚ ਲੋੜੀਂਦਾ ਸੀ।ਉਸ ਨੂੰ ਇੱਕ ਵਿਸ਼ੇਸ਼ ਪੁਲਸ ਟੀਮ ਨੇ ਵਿਆਪਕ ਤਕਨੀਕੀ ਨਿਗਰਾਨੀ ਅਤੇ ਖੁਫੀਆ ਜਾਣਕਾਰੀ ਇਕੱਠੀ ਕਰਨ ਤੋਂ ਬਾਅਦ ਗ੍ਰਿਫਤਾਰ ਕੀਤਾ ਹੈ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਨੇ ਦਿੱਤਾ ਏ ਡੀ ਸੀ ਨੂੰ ਯਾਦ ਪੱਤਰ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਨੇ ਹਮਖਿਆਲੀ ਜਥੇਬੰਦੀਆ8 ਨੂੰ ਨਾਲ ਲੈ ਕੇ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਭੁੱਲਾ ਦੀ ਅਗਵਾਈ ਵਿੱਚ ਏਡੀਸੀ ਰਾਹੁਲ ਚਾਬਾ ਨੂੰ ਇੱਕ ਯਾਦ ਪੱਤਰ ਦਿੱਤਾ।ਕਿਸਾਨ ਆਗੂਆਂ ਨੇ ਕਿਹਾ ਕਿ 11,12, ਨਵੰਬਰ ਨੂੰ ਕਿਸਾਨ ਜਥੇਬੰਦੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਕੰਪਲੈਕਸ ਹੁਸ਼ਿਆਰਪੁਰ ਦੇ ਬਾਹਰ ਝੋਨੇ ਦੇ ਕੱਟ ਨੂੰ ਲੈ ਕੇ ਧਰਨਾ ਲਗਾਇਆ ਸੀ, ਜਿੱਥੇ ਏਡੀਸੀ ਸਾਹਿਬ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਸੀ ਕਿ 21 ਨਵੰਬਰ ਤੱਕ ਜਿਸ ਵੀ ਆੜ੍ਹਤੀ ਨੇ ਕਿਸਾਨ ਦੀ ਲੁੱਟ ਕੀਤੀ ਹੈ ਉਸ ਦੇ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਜਾਂ ਕਿਸਾਨ ਨੂੰ ਉਸ ਦੀ ਬਣਦੀ ਰਕਮ ਦਿਵਾਈ ਜਾਵੇਗੀ। ਪਰ ਹੁਣ ਤੱਕ ਕਿਸਾਨਾਂ ਦੇ ਪੱਲੇ ਕੁਝ ਨਹੀਂ ਪਿਆ। ਯਾਦ ਪੱਤਰ ਦੇਣ ਤੋਂ ਬਾਅਦ ਏਡੀਸੀ ਚਾਬਾ ਨੇ ਕਿਸਾਨਾਂ ਨੂੰ ਵਿਸ਼ਵਾਸ ਦਿਵਾਇਆ ਕੀ ਪੰਜ ਦਸੰਬਰ ਤੱਕ ਕਿਸਾਨਾਂ ਨੂੰ ਉਹਨਾਂ ਦਾ ਪੈਸਾ ਦਿਵਾਇਆ ਜਾਵੇਗਾ ਨਹੀਂ ਤਾਂ ਸੰਬੰਧਿਤ ਅਧਿਕਾਰੀ ਉਹਨਾਂ ਵਿਰੁੱਧ ਰਿਪੋਰਟ ਬਣਾ ਕੇ ਭੇਜੇਗਾ। ਇਸ ਮੌਕੇ ਬਲਵੀਰ ਸਿੰਘ ਅਤੇ ਦਵਿੰਦਰ ਸਿੰਘ ਕਾਹਲੋਂ ਨੇ ਕਿਹਾ ਕਿ ਜੇਕਰ ਪ੍ਰਸ਼ਾਸਨ ਆਪਣੇ ਵਾਅਦੇ ਤੋਂ ਮੁੱਕਰਿਆ ਤਾਂ ਕਿਸਾਨਾਂ ਦੀ ਵੱਡੀ ਲਾਮਬੰਦੀ ਕਰਕੇ ਸੰਘਰਸ਼ ਵਿੱਢਿਆ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਸੁਖਜਿੰਦਰ ਸਿੰਘ ਸਰਪੰਚ ਸੁਖਦੀਪ ਸਿੰਘ ਨੰਬਰਦਾਰ ਜੀਵਨ ਸਿੰਘ ਸਰਬਜੀਤ ਸਿੰਘ ਕੋਠੇ ਗੁਰਜੀਤ ਸਿੰਘ ਗੁਰਪ੍ਰੀਤ ਸਿੰਘ ਝਿੰਗੜ ਬਲਵਿੰਦਰ ਸਿੰਘ ਰੁਪਿੰਦਰ ਸਿੰਘ ਗੁਰਬਚਨ ਸਿੰਘ ਬਲਵੀਰ ਸਿੰਘ ਜਸਵੀਰ ਸਿੰਘ ਜੋਨੀ ਆਦਿ ਆਗੂ ਮੌਜੂਦ ਸਨ।

# ਵੋਟਰ ਸੂਚੀਆਂ ਦੀ ਸੁਧਾਈ ਪ੍ਰੋਗਰਾਮ ਤਹਿਤ ਵਿਸ਼ੇਸ਼ ਕੈਂਪ ਅੱਜ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ 1 ਜਨਵਰੀ 2025 ਦੇ ਆਧਾਰ 'ਤੇ ਵਿਧਾਨ ਸਭਾ ਹਲਕਾ044-ਚੱਬੇਵਾਲ ਦੀਆਂ ਵੋਟਰ ਸੂਚੀਆਂ ਦੇ ਵਿਸ਼ੇਸ਼ ਸੁਧਾਈ ਪ੍ਰੋਗਰਾਮ ਬਾਰੇ ਰਾਜਨੀਤਿਕ ਪਾਰਟੀਆਂ ਨੂੰ ਜਾਣੂ ਕਰਵਾਉਣ ਲਈ ਵਧੀਕ ਡਿਪਟੀ ਕਮਿਸ਼ਨਰ(ਜ)-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਰਾਹੁਲ ਚਾਬਾ ਨੇ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ।ਇਸ ਦੌਰਾਨ ਉਨ੍ਹਾਂ ਦੱਸਿਆ ਕਿ ਨਿਰਧਾਰਤ ਪ੍ਰੋਗਰਾਮ ਅਨੁਸਾਰ 30 ਨਵੰਬਰ 2024 (ਸ਼ਨੀਵਾਰ) ਅਤੇ 8 ਦਸੰਬਰ 2024 (ਐਤਵਾਰ) ਨੂੰ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਸਬੰਧਤ ਬੂਥ ਲੈਵਲ ਅਧਿਕਾਰੀ (ਬੀਐਲਓ) ਆਪਣੇ-ਆਪਣੇ ਪੋਲਿੰਗ ਸਟੇਸ਼ਨਾਂ 'ਤੇ ਹਾਜ਼ਰ ਰਹਿਣਗੇ।ਉਹ ਯੋਗ ਵਿਅਕਤੀਆਂ ਤੋਂ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕਰਨਗੇ।ਜ਼ਿਕਰਯੋਗ ਹੈ ਕਿ ਇਹ ਦਾਅਵੇ ਅਤੇ ਇਤਰਾਜ਼ 27 ਨਵੰਬਰ ਤੋਂ 12 ਦਸੰਬਰ 2024 ਤੱਕ ਪ੍ਰਾਪਤ ਕੀਤੇ ਜਾਣਗੇ ਅਤੇ ਇਨ੍ਹਾਂ ਦਾਅਵਿਆਂ ਤੇ ਇਤਰਾਜ਼ਾਂ ਦਾ ਨਿਪਟਾਰਾ 24 ਦਸੰਬਰ ਤੱਕ ਕੀਤਾ ਜਾਵੇਗਾ।ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ 6 ਜਨਵਰੀ 2025 ਨੂੰ ਹੋਵੇਗੀ।ਵਧੀਕ ਜ਼ਿਲ੍ਹਾ ਚੋਣ ਅਫ਼ਸਰ ਨੇ ਸਾਰੇ ਰਾਜਨੀਤਿਕ ਪਾਰਟੀਆਂ ਦੇ ਪ੍ਰਧਾਨ/ਸਕੱਤਰਾਂ ਨੂੰ ਅਪੀਲ ਕੀਤੀ ਕਿ ਉਹ ਪੋਲਿੰਗ ਸਟੇਸ਼ਨਾਂ 'ਤੇ ਬੂਥ ਲੈਵਲ ਏਜੰਟ (ਬੀਐਲਏ) ਨਿਯੁਕਤ ਕਰਕੇ ਬੀਐਲਓ ਦੇ ਕੰਮ ਵਿਚ ਸਹਾਇਤਾ ਕਰਨ। ਉਨ੍ਹਾਂ ਕਿਹਾ ਕਿ ਜਿਨ੍ਹਾਂ ਵਿਅਕਤੀਆਂ ਦੀ ਉਮਰ 1 ਜਨਵਰੀ 2025 ਨੂੰ 18 ਸਾਲ ਜਾਂ ਉਸ ਤੋਂ ਵੱਧ ਹੋ ਚੁੱਕੀ ਹੈ ਉਹ ਵੋਟਰ ਸੂਚੀਆਂ ਵਿਚ ਨਾਮ ਸ਼ਾਮਿਲ ਕਰਨ ਲਈ ਫਾਰਮ ਨੰਬਰ 6 ਰਾਹੀਂ ਅਰਜ਼ੀ ਦੇ ਸਕਦੇ ਹਨ। ਜੇਕਰ ਕਿਸੇ ਨੂੰ ਸੂਚੀ ਵਿਚ ਦਰਜ ਨਾਮ ਦਾ ਇਤਰਾਜ਼ ਹੋਵੇ ਜਾਂ ਨਾਮ ਕਟਵਾਉਣਾ ਹੋਵੇ ਤਾਂ ਫਾਰਮ ਨੰਬਰ 7 ਭਰ ਕੇ ਅਰਜ਼ੀ ਦੇਣ। ਸੂਚੀ ਵਿਚ ਕਿਸੇ ਪ੍ਰਕਾਰ ਦੀ ਗਲਤੀ ਨੂੰ ਠੀਕ ਕਰਨ ਲਈ, ਪਤੇ ਵਿਚ ਬਦਲਾਅ ਕਰਨ ਜਾਂ ਡੁਪਲੀਕੇਟ ਵੋਟਰ ਕਾਰਡ ਲਈ ਫਾਰਮ ਨੰਬਰ 8 ਦੀ ਵਰਤੋਂ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਉਕਤ ਕੰਮ ਲਈ ਵੋਟਰ ਸਬੰਧਤ ਬੂਥ ਲੈਵਲ ਅਫ਼ਸਰ ਜਾਂ ਸਹਾਇਕ ਚੋਣ ਰਜਿਸਟ੍ਰੇਸ਼ਨ ਅਫ਼ਸਰ 044-ਚੱਬੇਵਾਲ ਦੇ ਦਫ਼ਤਰ ਵਿਚ ਸੰਪਰਕ ਕਰਨ। ਉਨ੍ਹਾਂ ਦੱਸਿਆ ਕਿ ਵੋਟਰ ਹੈਲਪਲਾਈਨ ਐਪ ਜਾਂ ਐਨਵੀਐਸਪੀ ਪੋਰਟਲ ਰਾਹੀਂ ਆਨਲਾਈਨ ਅਪਲਾਈ ਕਰਨ।ਇਸ ਮੌਕੇ ਚੋਣ ਤਹਿਸੀਲਦਾਰ ਸਰਬਜੀਤ ਸਿੰਘ, ਇੰਡੀਅਨ ਨੈਸ਼ਨਲ ਕਾਂਗਰਸ ਤੋਂ ਰਜਨੀਸ਼ ਟੰਡਨ, ਆਮ ਆਦਮੀ ਪਾਰਟੀ ਤੋਂ ਜਸਪਾਲ ਸਿੰਘ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ।



# ਸੀਵਰੇਜ ਦੇ ਟੁੱਟੇ ਢੱਕਣ ਦੇ ਰਹੇ ਹਨ ਹਾਦਸਿਆਂ ਨੂੰ ਸੱਦਾ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਭੁੰਗਰਨੀ ਤੋਂ ਰਾਜਪੁਰ ਜਾਣ ਵਾਲੀ ਲਿੰਕ ਸੜਕ 'ਤੇ ਪਿਛਲੇ ਦੋ ਮਹੀਨਿਆਂ ਤੋਂ ਟੁੱਟੇ ਸੀਵਰੇਜ ਦੇ ਢੱਕਣ ਹਾਦਸਿਆਂ ਨੂੰ ਸੱਦਾ ਦੇ ਰਹੇ ਹਨ। ਇਸ ਮੌਕੇ ਪਿੰਡ ਵਾਸੀਆਂ ਨੇ ਦੱਸਿਆ ਕਿ ਪਿਛਲੇ ਦੋ ਮਹੀਨਿਆਂ ਤੋਂ ਸੀਵਰੇਜ ਦੇ ਢੱਕਣ ਟੁੱਟੇ ਹੋਏ ਹਨ।ਕਈ ਵਾਰੀ ਰਾਹਗੀਰ ਡਿੱਗ ਕੇ ਸੱਟਾਂ ਖਾ ਚੁੱਕੇ ਹਨ।ਪਰ ਪ੍ਰਸ਼ਾਸਨ ਕੁੰਭ ਕਰਨ ਦੀ ਨੀਂਦ ਸੁੱਤਾ ਹੋਇਆ ਪਿਆ ਹੈ। ਇਸ ਮੌਕੇ ਪਿੰਡ ਵਾਸੀਆਂ ਨੇ ਦੱਸਿਆ ਕਿ ਵਾਟਰ ਸਪਲਾਈ ਟੈਂਕੀ ਦੇ ਨਜ਼ਦੀਕ ਅਤੇ ਸ਼ਮਸ਼ਾਨ ਘਾਟ ਭੁੰਗਰਨੀ ਦੇ ਨਜ਼ਦੀਕ ਸੀਵਰੇਜ ਦੇ ਢੱਕਣ ਪਿਛਲੇ ਦੋ ਮਹੀਨਿਆਂ ਤੋਂ ਟੁੱਟੇ ਹੋਏ ਹਨ। ਪਰ ਵੱਲ ਕਿਸੇ ਵੀ ਅਧਿਕਾਰੀ ਨੇ ਧਿਆਨ ਨਹੀਂ ਦਿੱਤਾ ਗਿਆ। ਸੀਵਰੇਜ ਦੇ ਢੱਕਣ ਟੁੱਟਣ ਕਾਰਨ ਰਾਹਗੀਰਾਂ ਕਾਫੀ ਡਿੱਗ ਕੇ ਸੱਟਾ ਖਾ ਚੁੱਕੇ ਹਨ। ਇਸ ਮੌਕੇ ਰਾਹਗੀਰਾਂ ਨੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਰਾਤ ਦੇ ਸਮੇਂ ਸੀਵਰੇਜ ਦੀ ਟੁੱਟੇ ਹੋਏ ਢੱਕਣਾ ਦਾ ਪਤਾ ਨਹੀਂ ਲੱਗਦਾ ਜਿਸ ਕਰਕੇ ਕਾਫੀ ਵਾਰੀ ਰਾਹਗੀਰ ਡਿੱਗ ਕੇ ਸੱਟਾ ਖਾ ਚੁੱਕੇ ਹਨ। ਇਸ ਮੌਕੇ ਪਿੰਡ ਵਾਸੀਆਂ ਨੇ ਪ੍ਰਸ਼ਾਸਨ ਪਾਸੋਂ ਮੰਗ ਕੀਤੀ ਹੈ ਕਿ ਜਲਦ ਜਲਦੀ ਸੀਵਰੇਜ ਦੇ ਢੱਕਣਾਂ ਨੂੰ ਬਦਲਿਆ ਜਾਵੇ ਤਾਂ ਕਿ ਅਣਸੁਖਾਵੀਂ ਵੀ ਦੁਰਘਟਨਾ ਤੋਂ ਬਚਿਆ ਜਾ ਸਕੇ।

# ਭੁੱਲਰ ਵੱਲੋਂ ਸੜਕ ਹਾਦਸਿਆਂ 'ਚ ਮੌਤ ਦਰ ਘਟਾਉਣ ਲਈ ਜ਼ੋਰਦਾਰ ਮੁਹਿੰਮ ਦੀ ਸ਼ੁਰੂਆਤ



**ਚੰਡੀਗੜ੍ਹ, (ਕ੍ਰਿਸ਼ਨ ਗਰਗ)** ਸੂਬੇ ਭਰ ਵਿੱਚ ਸੜਕ ਹਾਦਸਿਆਂ 'ਚ ਹੋਣ ਵਾਲੀਆਂ ਮੌਤਾਂ ਦੀ ਦਰ ਘਟਾਉਣ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਸੂਬੇ ਭਰ ਵਿੱਚ ਸੜਕ ਸੁਰੱਖਿਆ ਵਧਾਉਣ ਲਈ ਬਹੁ-ਪੱਖੀ ਰਣਨੀਤੀ ਦੀ ਰੂਪ ਰੇਖਾ ਉਲੀਕੀ। ਉਨ੍ਹਾਂ ਟ੍ਰੈਫਿਕ ਉਲੰਘਣਾਵਾਂ ਪ੍ਰਤੀ ਜ਼ੀਰੋ ਸਹਿਣਸ਼ੀਲਤਾ ਨੀਤੀ ਅਪਣਾਉਣ 'ਤੇ ਜ਼ੋਰ ਦਿੱਤਾ ਅਤੇ ਹੋਰ ਕਈ ਮਹੱਤਵਪੂਰਨ ਫ਼ੈਸਲੇ ਲਏ।ਇੱਥੇ ਪੰਜਾਬ ਭਵਨ ਵਿਖੇ ਪੰਜਾਬ ਰਾਜ ਸੜਕ ਸੁਰੱਖਿਆ ਕੌਂਸਲ (ਪੀ.ਐਸ.ਆਰ.ਐਸ.ਸੀ) ਦੀ 15ਵੀਂ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਲਾਲਜੀਤ ਸਿੰਘ ਭੁੱਲਰ ਨੇ ਵਿਭਾਗੀ ਕਾਰਗੁਜ਼ਾਰੀ ਦਾ ਮੁਲਾਂਕਣ ਕਰਨ ਲਈ ਲਾਜ਼ਮੀ ਮਹੀਨਾਵਾਰ ਸਮੀਖਿਆ ਮੀਟਿੰਗਾਂ ਕਰਨ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਨਿਰਧਾਰਤ ਟੀਚਿਆਂ ਨੂੰ ਪੂਰਾ ਕਰਨ ਵਿੱਚ ਅਸਫ਼ਲ ਰਹਿਣ ਵਾਲੇ ਵਿਭਾਗਾਂ ਵਿਰੁੱਧ ਸਖ਼ਤ ਪ੍ਰਸ਼ਾਸਨਿਕ ਕਾਰਵਾਈ ਕੀਤੀ ਜਾਵੇਗੀ।ਮੀਟਿੰਗ ਦੌਰਾਨ ਸਿਹਤ ਵਿਭਾਗ ਨੂੰ ਵਿਸ਼ੇਸ਼ ਤੌਰ 'ਤੇ ਟਰੌਮਾ ਸੈਂਟਰਾਂ ਵਿੱਚ ਸਟਾਫ਼ ਦੀ ਘਾਟ ਨੂੰ ਪੂਰਾ ਕਰਨ ਅਤੇ ਸੜਕ ਹਾਦਸਿਆਂ ਦੇ ਪੀੜਤਾਂ ਦੇ ਬਚਾਅ ਦੀ ਦਰ ਨੂੰ ਵਧਾਉਣ ਲਈ ਵਿਆਪਕ ਮੈਡੀਕਲ ਉਪਕਰਣਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ। ਟਰਾਂਸਪੋਰਟ ਮੰਤਰੀ ਨੇ ਅਹਿਮ ਫੈਸਲਾ ਲੈਂਦਿਆਂ ਸੜਕ ਸੁਰੱਖਿਆ ਫੋਰਸ (ਐਸ.ਐਸ.ਐਫ.) ਦੀ ਸਥਾਪਨਾ ਲਈ 55 ਕਰੋੜ ਰੁਪਏ ਜਾਰੀ ਕਰਨ ਨੂੰ ਪ੍ਰਵਾਨਗੀ ਦਿੱਤੀ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਵਧੀਕ ਮੁੱਖ ਸਕੱਤਰ ਟਰਾਂਸਪੋਰਟ ਡੀ.ਕੇ. ਤਿਵਾੜੀ; ਡਾਇਰੈਕਟਰ ਜਨਰਲ ਲੀਡ ਏਜੰਸੀ ਆਰ. ਵੈਂਕਟ ਰਤਨਮ; ਏ.ਡੀ.ਜੀ.ਪੀ.(ਟ੍ਰੈਫਿਕ) ਏ.ਐਸ. ਰਾਏ; ਐਸ.ਟੀ.ਸੀ. ਜਸਪ੍ਰੀਤ ਸਿੰਘ; ਸੀ.ਈ.ਓ ਸਟੇਟ ਹੈਲਥ ਏਜੰਸੀ ਸ੍ਰੀਮਤੀ ਬਬੀਤਾ; ਮੈਨੇਜਰ (ਟੈਕ) ਐਨ.ਐਚ.ਏ.ਆਈ. ਸੁਧੀਰ ਨੈਥਨ; ਸੀ.ਈ ਲੋਕ ਨਿਰਮਾਣ ਵਿਭਾਗ ਐਨ.ਪੀ.ਸ਼ਰਮਾ; ਸੀ.ਈ ਸਥਾਨਕ ਸਰਕਾਰਾਂ ਵਿਭਾਗ ਰਾਜਿੰਦਰ ਰਾਏ; ਵਧੀਕ ਐਸ.ਟੀ.ਸੀ. ਸੁਖਵਿੰਦਰ ਕੁਮਾਰ ਅਤੇ ਆਟੋਮੋਬਾਈਲ ਇੰਜੀਨੀਅਰ ਰਣਪ੍ਰੀਤ ਸਿੰਘ ਭਿਓਰਾ ਸ਼ਾਮਲ ਸਨ।

# ਝੋਨੇ ਦੀ ਖਰੀਦ ਸਮੇਂ ਕੀਤੀ ਗੈਰ-ਵਾਜਿਬ ਤੇ ਗੈਰ-ਕਾਨੂੰਨੀ ਕਟੌਤੀ 'ਤੇ ਵਿਚਾਰ-ਵਟਾਂਦਰਾ

**ਭਲਾਣ (ਹਰਭਜਨ ਢਿੱਲੋਂ)** ਸੰਯੁਕਤ ਕਿਸਾਨ ਮੋਰਚਾ ਤਹਿਸੀਲ ਆਨੰਦਪੁਰ ਸਾਹਿਬ ਨਾਲ ਸਬੰਧਤ ਜਥੇਬੰਦੀਆਂ ਦੇ ਨੁਮਾਇੰਦਿਆਂ ਦੀ ਆਮ ਮੀਟਿੰਗ ਹੋਈ ਜਿਸ ਵਿੱਚ ਕਿਸਾਨਾਂ ਦੀ ਝੋਨੇ ਦੀ ਖਰੀਦ ਸਮੇਂ ਕੀਤੀ ਗੈਰਵਾਜਿਬ ਤੇ ਗੈਰਕਾਨੂੰਨੀ ਕਟੌਤੀ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ।ਕਿਸਾਨਾਂ ਦੇ ਨੁਮਾਇੰਦੇ ਦਰਸ਼ਨ ਸਿੰਘ ਬੜਵਾ, ਗੁਰਨਾਮ ਸਿੰਘ ਔਲਖ, ਬਖਤਾਵਰ ਸਿੰਘ ਬਣੀ, ਕਿਰਪਾਲ ਸਿੰਘ, ਸ਼ਮਸ਼ੇਰ ਸਿੰਘ ਬਣੀ ਆਦਿ ਹਾਜਰ ਸਨ। ਮੀਟਿੰਗ ਵਿੱਚ ਇਹ ਤੱਥ ਸਾਹਮਣੇ ਆਏ ਕਿ ਝੋਨੇ ਦੀ ਖਰੀਦ ਸਮੇਂ ਕੀਤੀ ਕਟੌਤੀ ਦੇ ਮੁਆਵਜ਼ੇ/ ਭਰਪਾਈ ਸਬੰਧੀ ਸਰਕਾਰ ਨੇ ਜਾਂ ਡੀ ਸੀ ਰੋਪੜ ਨੇ ਸਬੰਧਤ ਅਫਸਰਾਂ ਨੂੰ ਕੋਈ ਵੀ ਲਿਖਤੀ ਹਦਾਇਤਾਂ ਜਾਰੀ ਨਹੀਂ ਕੀਤੀਆਂ ਸਿਰਫ ਜ਼ਬਾਨੀ ਤਸੱਲੀਆਂ ਦੇਣ ਬਾਰੇ ਪਤਾ ਲੱਗ ਰਿਹਾ ਹੈ ਜਦੋਂ ਕਿ ਕਿਸਾਨ ਅੱਜ ਇਸ ਗੈਰਕਾਨੂੰਨੀ ਕਟੌਤੀ ਅਤੇ 10 ਤੋਂ 20 ਫੀਸਦੀ ਤੱਕ ਹੋਏ ਨੁਕਸਾਨ ਕਰਕੇ ਵੱਡੀ ਚਿੰਤਾ ਦੇ ਆਲਮ ਵਿੱਚੋਂ ਗੁਜ਼ਰ ਰਹੇ ਹਨ। ਕਿਸਾਨਾਂ ਦੇ ਨੁਮਾਇੰਦਿਆਂ ਨੇ ਪੰਜਾਬ ਸਰਕਾਰ ਅਤੇ ਡੀ ਸੀ ਰੋਪੜ ਤੋਂ ਮੰਗ ਕੀਤੀ ਕਿ ਕਟੌਤੀ ਦੇ ਕਿਸਾਨਾਂ ਨੂੰ ਪੈਸੇ ਦੁਆਉਣ ਜਾਂ ਕਟੌਤੀ ਦੀ ਭਰਪਾਈ ਕਰਨ ਸਬੰਧੀ ਸਬੰਧਤ ਅਫਸਰਾਂ ਨੂੰ ਲਿਖਤੀ ਹਦਾਇਤਾਂ ਜਾਰੀ ਕੀਤੀਆਂ ਜਾਣ ਤਾਂ ਕਿ ਹੋਈ ਕਟੌਤੀ ਦਾ ਇਕ ਇਕ ਪੈਸਾ ਕਿਸਾਨਾਂ ਨੂੰ ਵਾਪਿਸ ਦੁਆਇਆ ਜਾ ਸਕੇ। ਉਹਨਾਂ ਨੇ ਸਾਰੇ ਕਿਸਾਨ ਭਰਾਵਾਂ ਨੂੰ ਅਪੀਲ ਕੀਤੀ ਕਿ ਤੁਲਾਈ ਸਮੇਂ ਦਿੱਤੀ ਪਰਚੀ ਅਤੇ ਫਾਰਮ ਜੇ ਸੰਭਾਲ ਕੇ ਰੱਖਣ ਅਤੇ ਇਸ ਹੋਈ ਲੁੱਟ ਸਬੰਧੀ ਬਕਾਇਦਾ ਹਲਫ਼ੀਆ ਬਿਆਨ/ਸਵੈ ਘੋਸ਼ਣਾ ਪੱਤਰ ਤਿਆਰ, ਕਰਕੇ ਸ਼ਿਕਾਇਤ ਐਸ ਡੀ ਐਮ ਦਫਤਰ ਦਾਖਿਲ ਕਰਾਉਣ ਅਤੇ ਸੰਯੁਕਤ ਕਿਸਾਨ ਮੋਰਚੇ ਨਾਲ ਸਬੰਧਤ ਕਿਸਾਨ ਜਥੇਬੰਦੀਆਂ ਨਾਲ ਰਾਬਤਾ ਕਾਇਮ ਕਰਨ ਤਾਂ ਕਿ ਇਕੱਠੇ ਹੋ ਕੇ ਜ਼ਰੂਰਤ ਪੈਣ 'ਤੇ ਸੰਘਰਸ਼ ਕੀਤਾ ਜਾ ਸਕੇ। ਉਹਨਾਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਬੰਧਤ ਪ੍ਰਸ਼ਾਸਨ ਅਤੇ ਸਰਕਾਰਾਂ ਨੇ ਫੌਰੀ ਕਾਰਵਾਈ ਕਰਕੇ ਕਟੌਤੀ ਦੇ ਪੈਸੇ ਵਾਪਿਸ ਨਾ ਕਰਵਾਏ ਜਾਂ ਭਰਪਾਈ ਨਾ ਕੀਤੀ ਤਾਂ ਸੰਘਰਸ਼ ਤੇਜ ਕੀਤਾ ਜਾਏਗਾ।



# ਗੁਰੂ ਨਾਨਕ ਖਾਲਸਾ ਗਰਲਜ਼ ਕਾਲਜੀਏਟ ਤੇ ਪਬਲਿਕ ਸਕੂਲ ਨੇ ਮਨਾਇਆ ਸਪੋਰਟਸ ਡੇ



**ਗੁਰਾਇਆ (ਬਿੰਦਰ ਸੁਮਨ)** ਗੁਰੂ ਨਾਨਕ ਖਾਲਸਾ ਗਰਲਜ਼ ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਅਤੇ ਗੁਰੂ ਨਾਨਕ ਖਾਲਸਾ ਪਬਲਿਕ ਸਕੂਲ ਬਾਬਾ ਸੰਗ ਢੇਸੀਆਂ ਵਿਖੇ ਸਪੋਰਟਸ ਡੇ ਕਰਵਾਇਆ ਗਿਆ, ਜਿਸ ਵਿੱਚ ਕਾਲਜ਼ੀਏਟ ਸਕੂਲ ਦੇ ਨੌਵੀਂ ਤੋਂ ਬਾਰ੍ਹਵੀਂ ਦੀਆਂ ਵਿਦਿਆਰਥਣਾਂ ਅਤੇ ਪਬਲਿਕ ਸਕੂਲ ਦੇ ਪਹਿਲੀ ਤੋਂ ਅੱਠਵੀਂ ਕਲਾਸ ਦੇ ਵਿਦਿਆਰੀਆਂ ਨੇ ਵੱਖ-ਵੱਖ ਈਵੈਂਟਸ ਜਿਵੇਂ 100 ਮੀ., 200 ਮੀ., 400 ਮੀ., ਅੜਿਕਾ ਦੌੜ, ਸਪੂਨ ਰੇਸ, ਸ਼ਾਟਪੁੱਟ, ਲਾਂਗ ਜੰਪ, ਜੈਵਲਨਿ ਥਰੋ, ਰੱਸਾਕਸ਼ੀ ਅਤੇ ਡਿਸਕਸ ਥਰੋ ਵਿੱਚ ਵੱਧ ਚੜ੍ਹ ਕੇ ਭਾਗ ਲਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਸਾਬਕਾ ਸਕੱਤਰ ਸ. ਗੁਰਦੀਪ ਸਿੰਘ ਚੀਮਾ ਜੀ ਪਹੁੰਚੇ। ਇਸ ਤੋਂ ਇਲਾਵਾ ਪਿੰਡ ਢੰਡਾ (ਸਰਪੰਚ) ਬਲਵਿੰਦਰ ਕੌਰ, ਪਿੰਡ ਰੁੜਕਾ ਕਲਾਂ (ਸਰਪੰਚ) , ਅਕਵਿੰਦਰ ਕੌਰ, ਪਿੰਡ ਸੰਗ ਢੇਸੀਆਂ (ਸਰਪੰਚ) ਪਰਮਜੀਤ ਕੌਰ ਅਤੇ ਪਿੰਡ ਢੰਡਾ (ਸਾਬਕਾ ਸਰਪੰਚ) ਸ.ਸੁਰਜੀਤ ਸਿੰਘ ਢੰਡਾ ਅਤੇ ਪਿੰਡਾਂ ਦੇ ਪੰਚਾਇਤ ਮੈਂਬਰ ਅਤੇ ਪਤਵੰਤੇ ਹਾਜ਼ਰ ਹੋਏ, ਜਿਨ੍ਹਾਂ ਨੂੰ ਸ. ਊਧਮ ਸਿੰਘ ਔਲਖ (ਜੂਨੀਅਰ ਮੀਤ ਪ੍ਰਧਾਨ), ਸ.ਗੁਰਦਾਵਰ ਸਿੰਘ ਪਾਸਲਾ (ਕਮੇਟੀ ਮੈਂਬਰ), ਪਰਦੀਪ ਕੁਮਾਰ (ਕਮੇਟੀ ਮੈਂਬਰ), ਕਾਲਜ ਸੁਪਰਡੰਟ ਨਿਰਮਲ ਕੌਰ ਨੇ ਸਵਾਗਤ ਕੀਤਾ। ਵਿਦਿਆਰਥੀਆਂ ਨੇ ਇਸ ਫੰਕਸ਼ਨ ਦੀ ਸ਼ੁਰੂਆਤ ਰਾਸ਼ਟਰੀ ਗੀਤ ਨਾਲ ਕੀਤੀ। ਇਹਨਾਂ ਖੇਡ ਮੁਕਾਬਲਿਆ ਵਿੱਚ ਕਾਲਜ਼ੀਏਟ ਸਕੂਲ ਦੀ 10+2 ਆਰਟਸ ਦੀ ਵਿਦਿਆਰਥਣ ਗੁਰਲੀਨ ਕੌਰ ਅਤੇ ਪਬਲਿਕ ਸਕੂਲ ਦੇ ਅੱਠਵੀ ਕਲਾਸ ਦੇ ਵਿਦਿਆਰਥੀ ਜਸਕੀਰਤ ਨੇ ਬੈਸਟ ਐਥਲੀਟ ਦਾ ਇਨਾਮ ਜਿੱਤਿਆ ਤੇ ਮਨਪ੍ਰੀਤ ਨੇ ਪਹਿਲਾ ਸਥਾਨ ਅਤੇ ਹਰਮਨ ਪਾਠਕ ਨੇ ਦੂਸਰਾ ਸਥਾਨ ਹਾਸਲ ਕੀਤਾ। ਜੇਤੂ ਵਿਦਿਆਰਥੀਆਂ ਨੂੰ ਮੁੱਖ ਮਹਿਮਾਨ, ਕਮੇਟੀ ਮੈਂਬਰਜ਼, ਕਾਲਜੀਏਟ ਸਕੂਲ ਪ੍ਰਿੰਸੀਪਲ ਮੰਜੂ ਸ਼ਰਮਾ, ਪਬਲਿਕ ਸਕੂਲ ਪ੍ਰਿੰਸੀਪਲ ਜਸਵੀਰ ਕੌਰ ਅਤੇ ਦੋਨਾਂ ਸਕੂਲਾਂ ਦੇ ਸਟਾਫ ਇਨਾਮ ਦੇ ਕੇ ਸਨਮਾਨਤਿ ਕੀਤਾ।

# ਦਿੱਲੀ ਦੀ ਟੀਮ ਨੇ ਉੱਤਰ ਪ੍ਰਦੇਸ਼ ਨੂੰ ਹਰਾ ਕੇ ਕ੍ਰਿਕਟ ਟੂਰਨਾਮੈਂਟ ਜਿੱਤਿਆ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)** ਰੇਲਵੇ ਮੰਡੀ ਐਚਡੀਸੀਏ ਦੇ ਕ੍ਰਿਕਟ ਗਰਾਊਂਡ ਵਿਖੇ ਡਿਸਏਬਲਡ ਵੈਲਫੇਅਰ ਸੋਸਾਇਟੀ ਵੱਲੋਂ ਕਰਵਾਏ ਜਾ ਰਹੇ ਤੀਜੇ ਬਲਾਈਂਡ ਟੀ-20 ਤਿੰਨ ਰੋਜ਼ਾ ਕ੍ਰਿਕਟ ਟੂਰਨਾਮੈਂਟ ਦੇ ਤੀਜੇ ਦਿਨ ਫਾਈਨਲ ਮੈਚ ਦਿੱਲੀ ਅਤੇ ਉੱਤਰ ਪ੍ਰਦੇਸ਼ ਦੀਆਂ ਟੀਮਾਂ ਵਿਚਕਾਰ ਖੇਡਿਆ ਗਿਆ।ਉੱਤਰ ਪ੍ਰਦੇਸ਼ ਦੀ ਟੀਮ ਨੇ ਟਾਸ ਜਿੱਤ ਕੇ ਪਹਿਲਾਂ ਗੇਂਦਬਾਜ਼ੀ ਕਰਨ ਦਾ ਫੈਸਲਾ ਕੀਤਾ।ਬੱਲੇਬਾਜ਼ੀ ਕਰਦੇ ਹੋਏ ਦਿੱਲੀ ਦੀ ਟੀਮ ਨੇ 20 ਓਵਰਾਂ 'ਚ 216 ਦੌੜਾਂ ਦਾ ਟੀਚਾ ਦਿੱਤਾ, ਜਿਸ ਵਿੱਚ ਕਪਤਾਨ ਮਨੀਸ਼ ਕੁਮਾਰ ਨੇ ਨਾਬਾਦ ਸੈਂਕੜਾ ਜੜਿਆ।217 ਦੌੜਾਂ ਦਾ ਟੀਚਾ ਲੈ ਕੇ ਮੈਦਾਨ 'ਚ ਉੱਤਰ ਪ੍ਰਦੇਸ਼ ਦੀ ਟੀਮ 142 ਦੌੜਾਂ ਹੀ ਬਣਾ ਸਕੀ।ਇਸ ਤਰ੍ਹਾਂ ਦਿੱਲੀ ਦੀ ਟੀਮ ਨੇ ਟੂਰਨਾਮੈਂਟ ਜਿੱਤਿਆ ਅਤੇ ਕਪਤਾਨ ਮਨੀਸ਼ ਕੁਮਾਰ ਨੂੰ ਮੈਨ ਆਫ ਦਾ ਮੈਚ ਦਾ ਖਿਤਾਬ ਦਿੱਤਾ ਗਿਆ।ਇਸ ਮੈਚ ਦਾ ਉਦਘਾਟਨ ਹਲਕਾ ਚੱਬੇਵਾਲ ਦੇ ਵਿਧਾਇਕ ਡਾ: ਇਸ਼ਾਂਕ ਕੁਮਾਰ ਨੇ ਕੀਤਾ ਅਤੇ ਉਨ੍ਹਾਂ ਨੇ ਸੁਸਾਇਟੀ ਦੇ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਇਨ੍ਹਾ ਖੇਡਾਂ ਨੂੰ ਹੋਰ ਉਤਸ਼ਾਹਿਤ ਕਰਨ 'ਤੇ ਜ਼ੋਰ ਦਿੱਤਾ।ਇਸ ਸਨਮਾਨ ਸਮਾਰੋਹ ਵਿੱਚ ਜ਼ਿਲ੍ਹਾ ਮੈਜਿਸਟਰੇਟ ਕੋਮਲ ਮਿੱਤਲ, ਸਾਬਕਾ ਸਿਵਲ ਸਰਜਨ ਡਾ: ਅਜੇ ਬੱਗਾ, ਹੁਸ਼ਿਆਰਪੁਰ ਆਟੋਮੋਬਾਈਲਜ਼ ਦੇ ਐਮਡੀ ਗੁਰਪ੍ਰੀਤ ਸਿੰਘ ਅਤੇ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਹਰਮੀਤ ਸਿੰਘ ਔਲਖ ਮੁੱਖ ਮਹਿਮਾਨ ਵਜੋਂ ਪੁੱਜੇ ਅਤੇ ਟੀਮਾਂ ਨੂੰ ਸਨਮਾਨਿਤ ਕੀਤਾ।ਪਹਿਲੇ ਸਥਾਨ 'ਤੇ ਰਹਿਣ ਵਾਲੀ ਟੀਮ ਨੂੰ 16,000 ਰੁਪਏ ਅਤੇ ਟਰਾਫੀ, ਦੂਜੇ ਸਥਾਨ 'ਤੇ ਰਹਿਣ ਵਾਲੀ ਟੀਮ ਨੂੰ 10,000 ਰੁਪਏ ਅਤੇ ਟਰਾਫੀ ਅਤੇ ਤੀਜੇ ਸਥਾਨ 'ਤੇ ਰਹਿਣ ਵਾਲੀ ਟੀਮ ਨੂੰ 6,000 ਰੁਪਏ ਅਤੇ ਟਰਾਫੀ ਦੇ ਕੇ ਸਨਮਾਨਿਤ ਕੀਤਾ ਗਿਆ। ਸੁਸਾਇਟੀ ਦੇ ਪ੍ਰਧਾਨ ਸੰਦੀਪ ਸ਼ਰਮਾ ਨੇ ਸਾਰੇ ਮਹਿਮਾਨਾਂ ਅਤੇ ਟੀਮ ਦਾ ਧੰਨਵਾਦ ਕੀਤਾ। ਇਸ ਮੌਕੇ ਸਤਵਿੰਦਰ ਸਿੰਘ ਧਾਲੀਵਾਲ, ਰਾਜਦੀਪ ਸਿੰਘ, ਰਾਜਦੀਪ ਸਿੰਘ, ਅਨੁਰਾਧਾ, ਜਤਿੰਦਰ ਕੁਮਾਰ, ਡਾ: ਸਲੇਸ਼ ਕੁਮਾਰ, ਪਵਨ ਕੁਮਾਰ, ਪ੍ਰਭਜੋਤ ਸਿੰਘ, ਦੀਪਕ ਸ਼ਰਮਾ, ਸੁਖਜਿੰਦਰ ਸਿੰਘ, ਰਾਜੀਵ ਕੁਮਾਰ, ਸਕੱਤਰ ਨੀਲਮ, ਖਜ਼ਾਨਚੀ ਰਾਜ ਕੁਮਾਰ, ਗੁਰਪ੍ਰੀਤ ਅਤੇ ਹੋਰ ਪਤਵੰਤੇ ਹਾਜ਼ਰ ਸਨ।




# ਮਾਨ ਨੇ ਅਮਨ ਅਰੋੜਾ ਤੇ ਡਾ. ਰਵਜੋਤ ਨਾਲ ਕੀਤੀ ਮੀਟਿੰਗ

**ਫਗਵਾੜਾ (ਡਾ. ਰਮਨ)** ਪੰਜਾਬ 'ਚ ਹੋਣ ਜਾ ਰਹੀਆਂ ਕਾਰਪੋਰੇਸ਼ਨ ਚੋਣਾਂ ਦੀ ਤਿਆਰੀ ਸਬੰਧੀ ਵਿਚਾਰ ਵਟਾਂਦਰਾ ਕਰਨ ਲਈ ਆਮ ਆਦਮੀ ਪਾਰਟੀ ਦੀ ਇਕ ਜ਼ਰੂਰੀ ਮੀਟਿੰਗ ਚੰਡੀਗੜ੍ਹ ਦਫਤਰ ਵਿਖੇ ਪੰਜਾਬ ਪ੍ਰਧਾਨ ਅਮਨ ਅਰੋੜਾ ਕੈਬਿਨਟ ਮੰਤਰੀ ਦੀ ਪ੍ਰਧਾਨਗੀ, ਹੇਠ ਹੋਈ। ਜਿਸ ਵਿਚ ਆਮ ਆਦਮੀ ਪਾਰਟੀ ਹਲਕਾ ਵਿਧਾਨ ਸਭਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਤੋਂ ਇਲਾਵਾ ਪੰਜਾਬ ਦੇ ਲੋਕਲ ਬਾਡੀ ਮੰਤਰੀ ਡਾ. ਰਵਜੋਤ ਸਿੰਘ, ਪਵਨ ਕੁਮਾਰ ਟੀਨੂੰ, ਰਾਜਵਿੰਦਰ ਕੌਰ ਥਿਆੜਾ ਅਤੇ ਵਿਧਾਇਕ ਜਸਵੀਰ ਸਿੰਘ ਰਾਜਾ ਨੇ ਵਿਸ਼ੇਸ਼ ਤੌਰ 'ਤੇ ਹਾਜਰੀ ਲਗਵਾਈ। ਮੀਟਿੰਗ 'ਚ ਸ਼ਾਮਲ ਹੋਣ ਉਪਰੰਤ ਵਾਪਸੀ 'ਤੇ ਜੋਗਿੰਦਰ ਸਿੰਘ ਮਾਨ ਨੇ ਦੱਸਿਆ ਕਿ ਨਗਰ ਨਿਗਮ ਫਗਵਾੜਾ ਸਬੰਧੀ ਕਈ ਜ਼ਰੂਰੀ ਮੁੱਦਿਆਂ 'ਤੇ ਮੀਟਿੰਗ ਦੌਰਾਨ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਦੌਰਾਨ ਪੰਜਾਬ ਪ੍ਰਧਾਨ ਨੂੰ ਫਗਵਾੜਾ ਦੇ ਸਿਆਸੀ ਹਾਲਾਤਾਂ ਬਾਰੇ ਵੀ ਜਾਣੂ ਕਰਵਾਇਆ ਗਿਆ। ਉਹਨਾਂ ਕਿਹਾ ਕਿ ਲੋਕਲ ਬਾਡੀ ਮੰਤਰੀ ਡਾ. ਰਵਜੋਤ ਸਿੰਘ ਅਤੇ ਪਾਰਟੀ ਦੇ ਪੰਜਾਬ ਪ੍ਰਧਾਨ ਅਮਨ ਅਰੋੜਾ ਨਾਲ ਹੋਏ ਸਾਰਥਕ ਵਿਚਾਰ ਵਟਾਂਦਰੇ ਨਾਲ ਹਲਕੇ ਦੇ ਸਮੁੱਚੇ ਵਿਕਾਸ ਕਾਰਜਾਂ ਨੂੰ ਯਕੀਨੀ ਤੌਰ 'ਤੇ ਰਫਤਾਰ ਮਿਲੇਗੀ। ਇਸ ਮੌਕੇ ਸਨੀ ਸਿੰਘ ਆਹਲੂਵਾਲੀਆ ਚੇਅਰਮੈਨ ਸੀਵਰੇਜ ਬੋਰਡ, ਹਰਨੂਰ ਸਿੰਘ ਮਾਨ ਸਪੋਕਸਪਰਸਨ ਪੰਜਾਬ, ਦਲਜੀਤ ਸਿੰਘ ਰਾਜੂ ਅਤੇ ਲਲਿਤ ਸਕਲਾਨੀ ਚੇਅਰਪਰਸਨ ਜ਼ਿਲ੍ਹਾ ਯੋਜਨਾ ਬੋਰਡ ਕਪੂਰਥਲਾ ਵੀ ਮੀਟਿੰਗ 'ਚ ਹਾਜਰ ਸਨ।



# ਬੱਚਿਆਂ ਨੂੰ ਐਲਬੈਂਡਾਜੋਲ ਗੋਲੀਆਂ ਖੁਆਈਆਂ



ਗੁਰਾਇਆ (ਬਿੰਦਰ ਸੁਮਨ) ਸਿਹਤ ਵਿਭਾਗ ਵੱਲੋ ਰਾਸ਼ਟਰੀ ਪੱਧਰ 'ਤੇ ਅੱਜ ਪੇਟ ਦੇ ਕੀੜਿਆਂ ਤੋਂ ਮੁਕਤੀ ਦਿਵਸ ਦੇ ਮੌਕੇ 'ਤੇ ਕਮਿਊਨਿਟੀ ਹੈਲਥ ਸੈਂਟਰ ਬੜਾ ਪਿੰਡ ਵੱਲੋਂ ਵੱਖ-ਵੱਖ ਆਂਗਨਵਾੜੀ ਅਤੇ ਸਕੂਲਾਂ ਵਿੱਚ ਐਲਬੈਂਡਾਜੋਲ ਦੀ ਗੋਲੀਆਂ ਸੀਨੀਅਰ ਮੈਡੀਕਲ ਅਫ਼ਸਰ ਡਾ: ਅਮਿਤਾ ਲੂਨਾ ਦੀ ਅਗਵਾਈ ਵਿਦਿਆਰਥੀਆਂ ਨੂੰ ਦਿੱਤੀਆਂ ਗਈਆਂ ।ਆਯੁਰਵੈਦਿਕ ਮੈਡੀਕਲ ਅਫ਼ਸਰ ਡਾ: ਤਨੂੰ ਨੇ ਦੱਸਿਆ ਕਿ ਇਸ ਦਿਨ ਦਾ ਮੁੱਖ ਉਦੇਸ਼ ਬੱਚਿਆਂ ਵਿੱਚ ਪੇਟ ਦੇ ਕੀੜਿਆਂ ਨਾਲ ਹੋਣ ਵਾਲੀਆਂ ਸਮੱਸਿਆਵਾਂ ਨੂੰ ਖਤਮ ਕਰਨਾ ਅਤੇ ਉਨ੍ਹਾਂ ਦੇ ਸਿਹਤਮੰਦ ਭਵਿੱਖ ਨੂੰ ਯਕੀਨੀ ਬਣਾਉਣਾ ਹੈ।ਇਸ 1 ਤੋਂ 19 ਸਾਲ ਦੀ ਉਮਰ ਦੇ ਬੱਚਿਆਂ ਅਤੇ ਬੱਚੀਆਂ ਨੂੰ ਐਲਬੈਂਡਾਜੋਲ ਗੋਲੀਆਂ ਦਿੱਤਿਆਂ ਗਈਆਂ। ਇਹ ਦਵਾਈ ਪੇਟ ਦੇ ਕੀੜਿਆਂ ਦੇ ਇਲਾਜ ਲਈ ਸੁਰੱਖਿਅਤ ਅਤੇ ਪ੍ਰਭਾਵਸ਼ਾਲੀ ਹੈ।ਬਲਾਕ ਐਕਸਟੈਨਸ਼ਨ ਐਜੂਕੇਟਰ ਪ੍ਰੀਤਇੰਦਰ ਸਿੰਘ ਨੇ ਦੱਸਿਆ ਕਿ ਆਂਗਨਵਾੜੀ ਕੇਂਦਰਾਂ ਅਤੇ ਸਕੂਲਾਂ ਦੇ ਸਹਿਯੋਗ ਨਾਲ ਇਹ ਦਵਾਈ ਮੁਫ਼ਤ ਵੰਡੀ ਗਈ।ਜਿਹੜੇ ਬੱਚੇ ਇਸ ਦਿਨ ਗੈਰਹਾਜ਼ਰ ਰਹਿਣਗੇ, ਉਨ੍ਹਾਂ ਨੂੰ ਮੋਪ-ਅੱਪ ਦਿਨ ਦੇ ਦੌਰਾਨ ਦਵਾਈ ਦਿੱਤੀ ਜਾਵੇਗੀ।ਸਿਹਤ ਵਿਭਾਗ ਵੱਲੋਂ ਮਾਪਿਆਂ ਨੂੰ ਅਪੀਲ ਕੀਤੀ ਗਈ ਕਿ ਉਹ ਇਸ ਮੁਹਿੰਮ ਵਿੱਚ ਪੂਰਾ ਸਹਿਯੋਗ ਦੇਣ। ਇਸ ਮੌਕੇ ਨਰਸ ਦਪਿੰਦਰ ਕੌਰ ਤੇ ਸਮੂਚੇ ਸਟਾਫ ਨੇ ਸਹਿਯੋਗ ਦਿੱਤਾ।

# ਆਰ ਐੱਮ ਪੀ ਆਈ ਵੱਲੋਂ ਸਿਆਸੀ ਕਾਨਫਰੰਸ 8 ਨੂੰ

**ਜਲੰਧਰ (ਰਾਜੇਸ਼ ਥਾਪਾ)**-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਤਹਿਸੀਲ ਜਲੰਧਰ ਵੱਲੋਂ ਚਲਾਈ ਜਾ ਰਹੀ ਰਾਜਨੀਤਕ ਮੁਹਿੰਮ ਤਹਿਤ ਵੱਖ ਵੱਖ ਥਾਵਾਂ 'ਤੇ ਕਾਨਫਰੰਸਾਂ ਕੀਤੀਆਂ ਜਾ ਰਹੀਆਂ ਹਨ। ਇਨ੍ਹਾਂ ਕਾਨਫਰੰਸਾਂ ਤੋਂ ਬਾਅਦ 28 ਫਰਵਰੀ ਨੂੰ ਚੰਡੀਗੜ੍ਹ ਵਿਖੇ ਵਿਸ਼ਾਲ ਰੈਲੀ ਕੀਤੀ ਜਾਵੇਗੀ, ਜਿਸ ਨੂੰ ਚੰਡੀਗੜ੍ਹ ਪੰਜਾਬ ਨੂੰ ਦੇਣ, ਪਾਣੀਆਂ ਦੀ ਨਿਆਇਕ ਵੰਡ, ਜਨਤਕ ਵੰਡ ਪ੍ਰਕਿਰਿਆ ਦਰੁਸਤ ਕਰਨ, ਰਹਿਣ ਸਹਿਣ ਦੀਆਂ ਬਦਤਰ ਹਾਲਾਤ ਠੀਕ ਕਰਵਾਉਣ, ਖੇਤੀ ਸੈਕਟਰ ਨੂੰ ਮੁਨਾਫ਼ੇ ਯੋਗ ਬਣਾਉਣ ਵਰਗੇ ਬੁਨਿਆਦੀ ਮੁੱਦਿਆਂ ਬਾਰੇ ਜ਼ੋਰ ਦਿੱਤਾ ਜਾਵੇਗਾ।ਇਸ ਸਬੰਧੀ ਆਰ.ਐਮ.ਪੀ.ਆਈ. ਦੇ ਤਹਿਸੀਲ ਸਕੱਤਰ ਬਲਦੇਵ ਸਿੰਘ ਨੂਰਪੁਰੀ, ਪ੍ਰਧਾਨ ਹਰੀਮੁਨੀ ਸਿੰਘ ਖਜਾਨਚੀ ਰਾਮ ਕਿਸ਼ਨ ਨੇ ਸਾਂਝੇ ਤੌਰ 'ਤੇ ਜਾਣਕਾਰੀ ਦਿੱਤੀ ਕਿ 8 ਦਸੰਬਰ ਨੂੰ ਹੋਣ ਵਾਲੀ ਕਾਨਫਰੰਸ ਦੀ ਤਿਆਰੀ ਸਬੰਧੀ 1 ਦਸੰਬਰ ਨੂੰ ਸੀ.ਟੀ.ਯੂ. ਜਲੰਧਰ ਦੇ ਦਫ਼ਤਰ ਜਨਰਲ ਬਾਡੀ ਮੀਟਿੰਗ ਕਰਕੇ 8 ਦਸੰਬਰ ਦੀ ਮੁਹੱਲਾ ਸੰਤੋਖਪੁਰਾ, ਜਲੰਧਰ ਵਿਖੇ ਹੋਣ ਵਾਲੀ ਕਾਨਫਰੰਸ ਨੂੰ ਕਾਮਯਾਬ ਕਰਨ ਦੀਆਂ ਤਿਆਰੀਆਂ ਆਰੰਭ ਕੀਤੀਆਂ ਜਾਣਗੀਆਂ।

# ਵਿਦਿਆਰਥੀਆਂ ਨੂੰ ਪੈਗਾਨੀ ਪਰਵਾਰ ਯੂ ਐਸ ਏ ਵੱਲੋਂ ਵਿੱਤੀ ਸਹਾਇਤਾ ਭੇਟ



**ਕਾਲਾ ਸੰਘਿਆਂ (ਮਨਜੀਤ ਮਾਨ)**-ਪਿੰਡ ਸ਼ੰਕਰ ਦੇ ਵਾਸੀ ਪੈਗਾਨੀ ਪਰਵਾਰ ਯੂ ਐਸ ਯੂ ਵੱਲੋਂ ਹਰ ਸਾਲ ਦੀ ਤਰ੍ਹਾਂ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ , ਸ਼ੰਕਰ, ਤਹਿਸੀਲ ਨਕੋਦਰ ਦੇ 6ਵੀਂ ਤੋਂ 10ਵੀਂ ਜਮਾਤ ਦੇ ਹੋਣ ਹਾਰ ਵਿਦਿਆਰਥੀਆਂ ਨੂੰ 35,000/ ਰੁਪਏ ਦੀ ਵਿਤੀ ਸਹਾਇਤਾ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਦਮਨਜੀਤ ਕੌਰ, ਮੈਡਮ ਸ੍ਰੀਮਤੀ ਸੀਮਾ ਰਾਣੀ, ਮੈਡਮ ਸ੍ਰੀਮਤੀ ਰੁਪਿੰਦਰ ਕੌਰ ਅਤੇ ਮੈਡਮ ਸ੍ਰੀਮਤੀ ਹਰਪ੍ਰੀਤ ਕੌਰ ਤੇ ਬੱਚਿਆਂ ਨੂੰ ਭੇਂਟ ਕੀਤੀ।ਪ੍ਰਿੰਸੀਪਲ ਵਿਦਿਆਰਥੀਆਂ ਨੂੰ ਹੋਰ ਮਿਹਨਤ ਕਰਨ ਅਤੇ ਉੱਚੀਆਂ ਉਪਲਬੱਧੀਆਂ ਅਤੇ ਚੰਗੇ ਭਵਿੱਖ ਲਈ ਪ੍ਰੇਰਿਤ ਕੀਤਾ ਗਿਆ ।ਇਸ ਉਪਰਾਲੇ ਲਈ ਮੈਡਮ ਸ੍ਰੀਮਤੀ ਸੀਮਾ ਰਾਣੀ , ਪੰਜਾਬੀ ਲੈਕਚਰਾਰ ਵੱਲੋਂ ਕੀਤੇ ਗਏ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਪੈਗਾਨੀ ਪਰਵਾਰ ਯੂ ਐਸ ਏ ਦਾ ਵੀ ਧੰਨਵਾਦ ਕੀਤਾ।

# ਡੀ ਬੀ ਯੂ ਦੀ ਪ੍ਰੋ-ਚਾਂਸਲਰ ਨੇ ਸੇਂਟ ਵਿਨਸੈਂਟ ਦੀ ਪ੍ਰਥਮ ਮਹਿਲਾ ਹੈਰਿਸ ਨਾਲ ਕੀਤੀ ਮੁਲਾਕਾਤ

**ਕੁਰਾਲੀ (ਮੋਹਨ ਅੱਗਰਵਾਲ)**-ਇਕ ਇਤਿਹਾਸਕ ਅਤੇ ਪ੍ਰੇਰਨਾਦਾਇਕ ਮੁਲਾਕਾਤ ਵਿਚ ਸੇਂਟ ਵਿਨਸੈਂਟ ਅਤੇ ਗ੍ਰੇਨਾਡਾਈਨਜ਼ (ਅਮੇਰਿਕਾ) ਦੇ ਪ੍ਰਧਾਨ ਮੰਤਰੀ ਡਾ: ਰਾਲਫ਼ ਗੋਨਸਾਲਵਿਸ ਨੇ ਦੇਸ਼ ਭਗਤ ਯੂਨੀਵਰਸਿਟੀ ਦੇ ਵਫ਼ਦ ਦੀ ਪ੍ਰਥਮ ਮਹਿਲਾ ਸ਼੍ਰੀਮਤੀ ਐਲੋਇਸ ਹੈਰਿਸ ਦਾ ਸਵਾਗਤ ਕੀਤਾ । (ਡੀ.ਬੀ.ਯੂ.) ਦੇ ਵਫ਼ਦ ਦੀ ਅਗਵਾਈ ਚਾਂਸਲਰ ਡਾ: ਜ਼ੋਰਾ ਸਿੰਘ ਅਤੇ ਪ੍ਰੋ-ਚਾਂਸਲਰ ਡਾ: ਤਜਿੰਦਰ ਕੌਰ ਨੇ ਕੀਤੀ । ਇਸ ਮਹੱਤਵਪੂਰਨ ਆਪਸੀ ਤਾਲਮੇਲ ਨੇ ਦੇਸ਼ ਭਗਤ ਯੂਨੀਵਰਸਿਟੀ ਅਤੇ ਮੇਜ਼ਬਾਨ ਰਾਸ਼ਟਰ ਵਿਚਕਾਰ ਸਬੰਧਾਂ ਨੂੰ ਹੋਰ ਮਜ਼ਬੂਤ ਕੀਤਾ, ਜਿੱਥੇ ਡੀ ਬੀ ਯੂਅਮੇਰਿਕਾ ਸਕੂਲ ਆਫ ਮੈਡੀਸਿਨ ਵਿਸ਼ਵ ਪੱਧਰੀ ਡਾਕਟਰੀ ਸਿੱਖਿਆ ਦੀ ਅਗਵਾਈ ਕਰ ਰਿਹਾ ਹੈ। ਮੀਟਿੰਗ ਦੌਰਾਨ, ਡਾ. ਗੋਂਸਾਲਵੇਸ ਨੇ ਭਾਰਤ ਦੇ ਮਾਣਯੋਗ ਪ੍ਰਧਾਨ ਮੰਤਰੀ, ਨਰੇਂਦਰ ਮੋਦੀ ਦੀ ਗਯਾਨਾ ਦੀ ਹਾਲੀਆ ਫੇਰੀ ਦੌਰਾਨ ਉਨ੍ਹਾਂ ਦੀ ਪ੍ਰਭਾਵਸ਼ਾਲੀ ਅਗਵਾਈ ਲਈ ਪ੍ਰਸ਼ੰਸਾ ਕੀਤੀ। ਡਾ. ਗੋਨਸਾਲਵਿਸ ਨੇ ਪ੍ਰਧਾਨ ਮੰਤਰੀ ਮੋਦੀ ਦੀਆਂ ਦੂਰਅੰਦੇਸ਼ੀ ਪਹਿਲਕਦਮੀਆਂ ਅਤੇ ਮਜ਼ਬੂਤ ਅੰਤਰਰਾਸ਼ਟਰੀ ਸਬੰਧਾਂ ਨੂੰ ਬਣਾਉਣ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ, ਜੋ ਵਿਸ਼ਵ ਪੱਧਰ 'ਤੇ ਦੂਜੇ ਨੇਤਾਵਾਂ ਨਾਲ ਗੂੰਜਦੇ ਹਨ। ਆਪਣੇ ਜਨੂੰਨ, ਬੁੱਧੀ ਅਤੇ ਦੂਰਦਰਸ਼ੀ ਪਹੁੰਚ ਲਈ ਜਾਣੀ ਜਾਂਦੀ, ਡਾ. ਤਜਿੰਦਰ ਕੌਰ ਨੇ ਡੀ.ਬੀ.ਯੂ. ਅਮਰੀਕਾਜ਼ ਐਮ.ਡੀ ਦੇ ਨਵੀਨਤਾਕਾਰੀ ਪ੍ਰੋਗਰਾਮਾਂ ਰਾਹੀਂ ਸਿੱਖਿਆ ਅਤੇ ਸਿਹਤ ਸੰਭਾਲ ਨੂੰ ਅੱਗੇ ਵਧਾਉਣ ਲਈ ਆਪਣੀ ਵਚਨਬੱਧਤਾ ਦੀ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਨੇ ਭਵਿੱਖ ਲਈ ਸੰਪੂਰਨ ਸਿੱਖਿਆ ਅਤੇ ਸਿਹਤ ਸੰਭਾਲ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਨਰਸਿੰਗ, ਆਯੁਰਵੇਦ ਅਤੇ ਯੋਗਾ ਪ੍ਰੋਗਰਾਮਾਂ ਵਿੱਚ ਵਿਸਤਾਰ ਕਰਨ ਦੀਆਂ ਯੋਜਨਾਵਾਂ ਵੀ ਸਾਂਝੀਆਂ ਕੀਤੀਆਂ।ਹੈਰਿਸ ਨੇ ਸੇਂਟ ਵਿਨਸੇਂਟ ਵਿੱਚ ਵਿਸ਼ਵ ਸਿੱਖਿਆ ਲਿਆਉਣ ਵਿੱਚ ਦੇਸ਼ ਭਗਤ ਯੂਨੀਵਰਸਿਟੀ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ। ਉਸਨੇ ਡਾਕਟਰ ਤਜਿੰਦਰ ਕੌਰ ਦੀ ਅਗਵਾਈ ਅਤੇ ਸਿਹਤ ਸੰਭਾਲ ਅਤੇ ਸਿੱਖਿਆ ਨੂੰ ਵਿਸ਼ਵ ਪੱਧਰ 'ਤੇ ਬਦਲਣ ਦੀ ਵਚਨਬੱਧਤਾ ਦੀ ਸ਼ਲਾਘਾ ਕੀਤੀ।ਚਾਂਸਲਰ ਡਾ. ਜ਼ੋਰਾ ਸਿੰਘ, ਜੋ ਕਿ ਸਿੱਖਿਆ ਅਤੇ ਨਵੀਨਤਾ ਦੇ ਖੇਤਰ ਵਿੱਚ ਮੋਹਰੀ ਹਨ, ਨੇ ਪ੍ਰਧਾਨ ਮੰਤਰੀ ਅਤੇ ਪ੍ਰਥਮ ਮਹਿਲਾ ਦਾ ਉਹਨਾਂ ਦੇ ਸਮਰਥਨ ਅਤੇ ਹੱਲਾਸ਼ੇਰੀ ਲਈ ਧੰਨਵਾਦ ਕੀਤਾ। ਉਸਨੇ ਵਿਸ਼ਵਵਿਆਪੀ ਸਹਿਯੋਗ ਨੂੰ ਉਤਸ਼ਾਹਤ ਕਰਨ ਅਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਮੈਡੀਕਲ ਅਤੇ ਸਿਹਤ ਸੰਭਾਲ ਕਰੀਅਰ ਵਿੱਚ ਸਫਲ ਹੋਣ ਲਈ ਸ਼ਕਤੀ ਪ੍ਰਦਾਨ ਕਰਨ ਲਈ ਯੂਨੀਵਰਸਿਟੀ ਦੇ ਦ੍ਰਿਸ਼ਟੀਕੋਣ ਨੂੰ ਸਾਂਝਾ ਕੀਤਾ। ਡਾ. ਜ਼ੋਰਾ ਸਿੰਘ ਨੇ ਕੈਰੇਬੀਅਨ ਵਿੱਚ ਪਰਿਵਰਤਨਸ਼ੀਲ ਸਿੱਖਿਆ ਲਈ ਇੱਕ ਹੱਬ ਵਜੋਂ ਡੀਬੀਯੂ ਅਮਰੀਕਾ ਸਕੂਲ ਆਫ਼ ਮੈਡੀਸਨ ਦੀ ਭੂਮਿਕਾ ਨੂੰ ਵੀ ਉਜਾਗਰ ਕੀਤਾ।



# ਬੱਚਿਆਂ ਨੂੰ ਖਵਾਈਆਂ ਐਲਬੈਂਡਾਜ਼ੋਲ ਦੀਆਂ ਗੋਲੀਆਂ

**ਮੋਹਾਲੀ, (ਗੁਰਜੀਤ ਬਿੱਲਾ)** ਸਿਹਤ ਵਿਭਾਗ ਵਲੋਂ ਪੇਟ ਦੇ ਕੀੜਿਆਂ ਤੋਂ ਮੁਕਤੀ ਲਈ ਜ਼ਿਲ੍ਹੇ ਭਰ ਵਿਚ 'ਕੌਮੀ ਡੀਵਾਰਮਿੰਗ ਦਿਵਸ' ਮਨਾਇਆ ਗਿਆ। ਇਸ ਮੌਕੇ ਵੱਖ-ਵੱਖ ਸਕੂਲਾਂ ਵਿਚ ਬੱਚਿਆਂ ਨੂੰ ਅਲਬੈਂਡਾਜ਼ੋਲ ਦੀਆਂ ਗੋਲੀਆਂ ਖਵਾਈਆਂ ਗਈਆਂ। ਸਿਵਲ ਸਰਜਨ ਡਾ. ਵੰਦਨਾ ਚਿਤਕਾਰਾ ਅਤੇ ਜ਼ਿਲ੍ਹਾ ਟੀਕਾਕਰਨ ਅਧਿਕਾਰੀ ਡਾ. ਗਿਰੀਸ਼ ਡੋਗਰਾ ਨੇ ਦਸਿਆ ਕਿ ਇਹ ਮੁਹਿੰਮ ਪੂਰੀ ਤਰ੍ਹਾਂ ਸਫ਼ਲ ਰਹੀ ਅਤੇ ਜਿਹੜੇ ਬੱਚੇ ਅੱਜ ਗੋਲੀ ਖਾਣ ਤੋਂ ਵਾਂਝੇ ਰਹਿ ਗਏ ਹਨ, ਉਨ੍ਹਾਂ ਵਾਸਤੇ 5 ਦਸੰਬਰ ਨੂੰ ਵੀ ਵਿਸ਼ੇਸ਼ ਮੁਹਿੰਮ ਚਲਾਈ ਜਾਵੇਗੀ।ਉਨ੍ਹਾਂ ਇਹ ਵੀ ਕਿਹਾ ਕਿ ਇਸ ਤੋਂ ਪਹਿਲਾਂ ਨੇੜਲੀ ਸਿਹਤ ਸੰਸਥਾ ਵਿਚ ਕਿਸੇ ਵੀ ਦਿਨ ਜਾ ਕੇ ਬੱਚਿਆਂ ਨੂੰ ਗੋਲੀ ਖਵਾਈ ਜਾ ਸਕਦੀ ਹੈ।ਡਾ. ਗਿਰੀਸ਼ ਡੋਗਰਾ ਨੇ ਦਸਿਆ ਕਿ ਜ਼ਿਲ੍ਹੇ ਦੇ ਸਾਰੇ ਸੀਨੀਅਰ ਮੈਡੀਕਲ ਅਫ਼ਸਰਾਂ ਨੇ ਆਪੋ-ਅਪਣੇ ਖੇਤਰਾਂ ਵਿਚ ਪੈਂਦੇ ਸਕੂਲਾਂ ਵਿਚ ਜਾ ਕੇ ਮੁਹਿੰਮ ਦੀ ਸ਼ੁਰੂਆਤ ਕੀਤੀ ਅਤੇ ਬੱਚਿਆਂ ਤੇ ਅਧਿਆਪਕਾਂ ਨੂੰ ਪੇਟ ਦੇ ਕੀੜਿਆਂ ਦੇ ਖ਼ਾਤਮੇ ਦੀ ਅਹਿਮੀਅਤ ਬਾਰੇ ਦਸਿਆ। ਸਿਹਤ ਕਾਮਿਆਂ ਨੇ ਸਰਕਾਰੀ ਤੇ ਪ੍ਰਾਈਵੇਟ ਸਕੂਲਾਂ, ਆਂਗਨਵਾੜੀ ਕੇਂਦਰਾਂ ਆਦਿ ਵਿਚ ਜਾ ਕੇ ਬੱਚਿਆਂ ਨੂੰ ਇਹ ਗੋਲੀਆਂ ਖਾਣ ਲਈ ਦਿਤੀਆਂ। ਉਨ੍ਹਾਂ ਕਿਹਾ ਕਿ ਪੇਟ ਦੇ ਕੀੜੇ ਬੱਚੇ ਦੀ ਸਿਹਤ ਲਈ ਬੇਹੱਦ ਨੁਕਸਾਨਦੇਹ ਹੁੰਦੇ ਹਨ। ਪੇਟ ਦੇ ਕੀੜੇ ਪੈਦਾ ਹੋਣ ਨਾਲ ਬੱਚਿਆਂ ਅੰਦਰ ਖ਼ੂਨ ਦੀ ਕਮੀ ਹੋ ਜਾਂਦੀ ਹੈ ਜਿਸ ਕਾਰਨ ਬੱਚੇ ਦਾ ਸੰਪੂਰਨ ਸਰੀਰਕ ਅਤੇ ਮਾਨਸਿਕ ਵਿਕਾਸ ਨਹੀਂ ਹੁੰਦਾ। ਇਸ ਲਈ ਪੇਟ ਦੇ ਕੀੜਿਆਂ ਤੋਂ ਨਿਜਾਤ ਬਹੁਤ ਜ਼ਰੂਰੀ ਹੈ। ਜ਼ਿਕਰਯੋਗ ਹੈ ਕਿ 1 ਤੋਂ 19 ਸਾਲ ਤਕ ਦੇ ਬੱਚਿਆਂ ਨੂੰ ਇਹ ਗੋਲੀ ਜ਼ਰੂਰ ਖਾਣੀ ਚਾਹੀਦੀ ਹੈ। ਹਰ ਬੱਚੇ ਲਈ ਗੋਲੀ ਚਬਾ ਕੇ ਖਾਣਾ ਜ਼ਰੂਰੀ ਹੈ ਚਾਹੇ ਬੱਚੇ ਅੰਦਰ ਪੇਟ ਦੇ ਕੀੜੇ ਹਨ ਜਾਂ ਨਹੀਂ। ਡਾ. ਡੋਗਰਾ ਨੇ ਕਿਹਾ ਕਿ ਪੇਟ ਦੇ ਕੀੜੇ ਮਾਰਨ ਦੇ ਨਾਲ ਨਾਲ ਇਨ੍ਹਾਂ ਕੀੜਿਆਂ ਦੀ ਰੋਕਥਾਮ ਲਈ ਵੀ ਸਾਨੂੰ ਚੌਕਸ ਰਹਿਣ ਦੀ ਲੋੜ ਹੈ। ਉਨ੍ਹਾਂ ਪੇਟ ਦੇ ਕੀੜਿਆਂ ਦੀ ਰੋਕਥਾਮ ਲਈ ਬੱਚਿਆਂ ਨੂੰ ਨਹੁੰ ਸਾਫ਼ ਅਤੇ ਛੋਟੇ ਰੱਖਣ, ਹਮੇਸ਼ਾ ਸਾਫ਼ ਪਾਣੀ ਪੀਣ, ਜੁੱਤੀਆਂ ਜਾਂ ਚੱਪਲਾਂ ਪਾ ਕੇ ਰੱਖਣ, ਅਪਣੇ ਹੱਥ ਸਾਬਣ ਨਾਲ ਧੋਣ ਲਈ ਪ੍ਰੇਰਿਆ।




# ਡਾ. ਬਾਸੀ ਨੇ ਕੀਤਾ ਬਾਬੂ ਹਰੀ ਸਿੰਘ ਬਾਸੀ ਇੰਟਰਪ੍ਰਾਇਨਸ਼ਿਪ ਸੈਂਟਰ ਦਾ ਵਿਸ਼ੇਸ਼ ਦੌਰਾ

**ਮਾਹਿਲਪੁਰ, (ਸ਼ਫਰੀ)** ਇਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲ ਕੈਂਪਸ ਵਿੱਚ ਚੱਲ ਰਹੇ ਬਾਬੂ ਹਰੀ ਸਿੰਘ ਬਾਸੀ ਇੰਟਰਪ੍ਰਾਇਨਸ਼ਿਪ ਸੈਂਟਰ ਦੇ ਬਾਨੀ ਡਾਕਟਰ ਰਘਵੀਰ ਸਿੰਘ ਬਾਸੀ ਨੇ ਵਿਸ਼ੇਸ਼ ਦੌਰਾ ਕੀਤਾ।ਇਸ ਮੌਕੇ ਉਨ੍ਹਾਂ ਨਾਲ ਉਨ੍ਹਾਂ ਦੀ ਪਤਨੀ ਬਰਜਿੰਦਰ ਕੌਰ ਅਤੇ ਪੁੱਤਰੀ ਰਸਜੀਤ ਕੌਰ ਵੀ ਹਾਜ਼ਰ ਸਨ। ਕਾਲਜ ਦੇ ਪ੍ਰਿੰਸੀਪਲ ਡਾ: ਪਰਵਿੰਦਰ ਸਿੰਘ ਨੇ ਡਾਕਟਰ ਰਘਵੀਰ ਸਿੰਘ ਬਾਸੀ ਦਾ ਸਵਾਗਤ ਕੀਤਾ ਅਤੇ ਇੰਟਰਪਰਾਇਨਸ਼ਿਪ ਸੈਂਟਰ ਦੀਆਂ ਪ੍ਰਾਪਤੀਆਂ ਬਾਰੇ ਵਿਚਾਰ ਸਾਂਝੇ ਕੀਤੇ।ਇਸ ਮੌਕੇ ਡਾਕਟਰ ਰਘਵੀਰ ਸਿੰਘ ਬਾਸੀ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਰੁਜ਼ਗਾਰ ਕੇਂਦਰ ਕੋਰਸ ਕਰਵਾ ਕੇ ਜ਼ਿੰਦਗੀ ਵਿੱਚ ਸਫਲ ਬਣਾਇਆ ਜਾ ਸਕਦਾ ਹੈ। ਉਨ੍ਹਾਂ ਇਸ ਮੌਕੇ ਇੰਟਰਪ੍ਰਾਇਨਸ਼ਿਪ ਸੈਂਟਰ ਦੇ ਹੋਰ ਵਿਸਥਾਰ ਸਬੰਧੀ ਵੀ ਸੁਝਾਅ ਹਾਸਿਲ ਕੀਤੇ ਅਤੇ ਕਿਹਾ ਕਿ ਵਿਦਿਆਰਥੀਆਂ ਨੂੰ ਵੱਖ-ਵੱਖ ਕੰਮਾਂ ਵਿੱਚ ਨਿਪੁੰਨ ਹੋ ਕੇ ਹੀ ਦੇਸ਼ਾਂ ਵਿਦੇਸ਼ਾਂ ਵਿੱਚ ਆਪਣਾ ਚੰਗਾ ਕੈਰੀਅਰ ਬਣਾਉਣਾ ਚਾਹੀਦਾ ਹੈ। ਇਸ ਮੌਕੇ ਸੈਂਟਰ ਦੇ ਡਾਇਰੈਕਟਰ ਪ੍ਰਿਤਪਾਲ ਸਿੰਘ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ ਅਤੇ ਸੈਂਟਰ ਵਿੱਚੋਂ ਹੁਨਰ ਕੇਂਦਰਿਤ ਕੋਰਸ ਹਾਸਲ ਕਰਕੇ ਵੱਖ ਵੱਖ ਖੇਤਰਾਂ ਵਿੱਚ ਸਫਲ ਹੋਣ ਵਾਲੇ ਵਿਦਿਆਰਥੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ।



# ਸਵੱਛ ਭਾਰਤ ਮਿਸ਼ਨ ਤਹਿਤ ਕੰਮਾਂ ਨੂੰ ਸਮਾਂਬੱਧ ਢੰਗ ਨਾਲ ਮੁਕੰਮਲ ਕੀਤਾ ਜਾਵੇ : ਅਵਨੀਤ ਕੌਰ

**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਜ਼ਿਲ੍ਹਾ ਜਲ ਅਤੇ ਸੈਨੀਟੇਸ਼ਨ ਮਿਸ਼ਨ ਕਮੇਟੀ ਦੀ ਮੀਟਿੰਗ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਵਨੀਤ ਕੌਰ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਹੋਈ। ਇਸ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨੇ ਸਵੱਛ ਭਾਰਤ ਮਿਸ਼ਨ (ਗ੍ਰਾਮੀਣ) ਤਹਿਤ ਪਿੰਡਾਂ ਵਿਚ ਕਰਵਾਏ ਜਾਣ ਵਾਲੇ ਕੰਮਾਂ ਦੀ ਸਮੀਖਿਆ ਕੀਤੀ। ਉਨ੍ਹਾਂ ਜਲ ਸਪਲਾਈ ਅਤੇ ਸੈਨੀਟੇਸ਼ਨ, ਪੇਂਡੂ ਵਿਕਾਸ ਵਿਭਾਗ ਅਤੇ ਪੰਚਾਇਤੀ ਰਾਜ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਵੱਛ ਭਾਰਤ ਮਿਸ਼ਨ (ਗ੍ਰਾਮੀਣ) ਤਹਿਤ ਜ਼ਿਲ੍ਹੇ ਵਿਚ ਹੋਣ ਵਾਲੇ ਕੰਮਾਂ ਨੂੰ ਸਮਾਂਬੱਧ ਢੰਗ ਨਾਲ ਮੁਕੰਮਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਨ੍ਹਾਂ ਕੰਮਾਂ ਦੀ ਲਗਾਤਾਰ ਸਮੀਖਿਆ ਕੀਤੀ ਜਾਵੇਗੀ ਤਾਂ ਜੋ ਪਿੰਡਾਂ ਨੂੰ ਸਵੱਛ ਪਿੰਡ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਲੋਕਾਂ ਨੂੰ 'ਸਾਡਾ ਪਖਾਨਾ ਸਾਡਾ ਮਾਣ' ਤਹਿਤ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਅਗਵਾਈ ਹੇਠ ਸਵੱਛ ਭਾਰਤ ਮਿਸ਼ਨ (ਗ੍ਰਾਮੀਣ) ਅਧੀਨ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਹਰ ਯੋਗ ਘਰ ਨੂੰ ਪਖਾਨੇ ਦੀ ਸਹੂਲਤ ਉਪਲਬੱਧ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਪਖਾਨੇ ਦੀ ਉਸਾਰੀ ਲਈ ਲਾਭਪਾਤਰੀ ਨੂੰ 15000 ਰੁਪਏ ਦੀ ਪ੍ਰੋਤਸਾਹਨ ਰਾਸ਼ੀ ਦਿੱਤੀ ਜਾਂਦੀ ਹੈ। ਇਹ ਰਾਸ਼ੀ ਪਖਾਨੇ ਦੀ ਉਸਾਰੀ ਅਨੁਸਾਰ 5000 ਰੁਪਏ ਦੀਆਂ 3 ਕਿਸਤਾਂ ਵਿਚ ਜਾਰੀ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ 'ਸਾਡਾ ਪਖਾਨਾ ਸਾਡਾ ਮਾਣ' ਤਹਿਤ ਵਿਦਿਆਰਥੀਆਂ ਦੇ ਮੁਕਾਬਲੇ ਕਰਵਾਏ ਜਾਣਗੇ ਅਤੇ ਜੇਤੂਆਂ ਨੂੰ ਸਨਮਾਨਿਤ ਵੀ ਕੀਤਾ ਜਾਵੇਗਾ।ਉਨ੍ਹਾਂ ਹਦਾਇਤ ਕੀਤੀ ਕਿ ਆਮ ਲੋਕਾਂ ਨੂੰ ਪੀਣ ਲਈ ਸਾਫ਼ ਪਾਣੀ ਮੁਹੱਈਆ ਕਰਵਾਉਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਪਿੰਡਾਂ ਵਿਚ ਐਸ. ਡਬਲਿਊ.ਐਮ ਅਤੇ ਐਲ. ਡਬਲਿਊ. ਐਮ ਬਣਾਉਣ ਲਈ ਪਿੰਡ ਵਾਸੀਆਂ ਨੂੰ ਜਾਗਰੂਕ ਕਰਨ ਲਈ ਦੀ ਵੀ ਹਦਾਇਤ ਕੀਤੀ ਅਤੇ ਕਿਹਾ ਕਿ ਪਿੰਡਾਂ ਵਿਚ ਛੱਪੜਾਂ ਅਤੇ ਕੂੜੇ ਦਾ ਯੋਗ ਨਿਪਟਾਰਾ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕੀਤਾ ਜਾਵੇ।ਉਨ੍ਹਾਂ ਇਸ ਮੌਕੇ ਸਵੱਛ ਭਾਰਤ ਮਿਸ਼ਨ (ਗ੍ਰਾਮੀਣ) ਫੇਜ-2 ਤਹਿਤ ਲਾਭਪਾਤਰੀਆਂ ਨੂੰ ਘਰੇਲੂ ਪਖਾਨੇ ਬਣਾਉਣ ਲਈ ਮਨਜ਼ੂਰੀ ਪੱਤਰ ਵੰਡੇ। ਇਸ ਤੋਂ ਇਲਾਵਾ ਵਿਸ਼ਵ ਪਖਾਨਾ ਦਿਵਸ ਸਬੰਧੀ ਪੋਸਟਰ ਵੀ ਜਾਰੀ ਕੀਤਾ ਗਿਆ।ਇਸ ਮੌਕੇ ਐਕਸੀਅਨ ਜਲ ਸਪਲਾਈ ਤੇ ਸੈਨੀਟੇਸ਼ਨ ਸੁਖਵਿੰਦਰ ਮਾਹੀ ਨੇ ਦੱਸਿਆ ਕਿ ਵਿਭਾਗ ਵੱਲੋਂ ਜਲ ਮਿਸ਼ਨ ਅਤੇ ਸਵੱਛ ਭਾਰਤ ਮਿਸ਼ਨ ਚਲਾਇਆ ਜਾ ਰਿਹਾ ਹੈ ਅਤੇ ਇਸ ਸਬੰਧੀ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਵੀ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਵਿਭਾਗ ਵੱਲੋਂ ਜ਼ਿਲ੍ਹੇ ਅੰਦਰ 108 ਵਾਟਰ ਪੰਪਾਂ 'ਤੇ ਕਲੋਰੀਨੇਸ਼ਨ ਕਰਕੇ ਸਾਫ ਪੀਣ ਵਾਲਾ ਪਾਣੀ ਲੋਕਾਂ ਨੂੰ ਮੁਹੱਈਆ ਕਰਵਾਇਆ ਜਾ ਰਿਹਾ ਹੈ।ਇਸ ਮੌਕੇ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਨਿਧੀ ਸਿਨਹਾ ਸਰਪੰਚ ਰਾਮ ਰਾਏਪੁਰ ਗੁਰਜੀਤ ਕੌਰ ਸਰਪੰਚ ਚਾਹਲ ਖੁਰਦ ਮਨਜੀਤ ਸਿੰਘ ਸਰਪੰਚ ਸੁਖਵਿੰਦਰ ਕੌਰ ਸਿੰਬਲ ਮਜਾਰਾ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਲਾਭਪਾਤਰੀ ਹਾਜ਼ਰ ਸਨ।



# ਰਸੂਲਪੁਰ ਦੀ ਨਵੀਂ ਚੁਣੀ ਪੰਚਾਇਤ ਵੱਲੋਂ ਸ਼ੁਕਰਾਨਾ ਸਮਾਗਮ



**ਫ਼ਿਲੌਰ, (ਨਿਰਮਲ)**

ਨਜਦੀਕੀ ਪਿੰਡ ਰਸੂਲਪੁਰ ਵਿਖੇ ਨਵੀਂ ਚੁਣੀ ਪੰਚਾਇਤ ਵੱਲੋਂ ਸ਼ੁਕਰਾਨਾ ਸਮਾਗਮ ਕਰਵਾਇਆ ਗਿਆ।ਗੁਰਦੁਆਰਾ ਸਾਹਿਬ ਵਿਖੇ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ। ਹਲਕਾ ਇੰਚਾਰਜ ਪ੍ਰਿੰਸੀਪਲ ਪ੍ਰੇਮ ਕੁਮਾਰ ਨੇ ਨਵੀਂ ਪੰਚਾਇਤ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਉਹਨਾਂ ਕਿਹਾ ਕਿ ਪਿੰਡ ਦੇ ਵਿਕਾਸ ਲਈ ਜੋ ਵੀ ਪੰਚਾਇਤ ਨੂੰ ਸਰਕਾਰ ਵੱਲੋਂ ਮਦਦ ਚਾਹੀਦੀ ਹੈ ਉਸ ਲਈ ਜਦੋਂ ਮਰਜ਼ੀ ਉਹ ਸਾਡੇ ਕੋਲ ਆ ਸਕਦੀ ਹੈ।ਉਨ੍ਹਾਂ ਕਿਹਾ ਕਿ ਪਿੰਡ ਦਾ ਬਿਨਾਂ ਕਿਸੇ ਪੱਖਪਾਤ ਤੋਂ ਵਿਕਾਸ ਕੀਤਾ ਜਾਵੇ।ਆਮ ਆਦਮੀ ਪਾਰਟੀ ਦੇ ਕੋਆਰਡੀਨੇਟਰ ਵਰਿੰਦਰ ਸਿੰਘ ਸੈਣੀ ਅਤੇ ਸੀਨੀਅਰ ਆਗੂ ਪਰਮਿੰਦਰ ਸਿੰਘ ਮਾਹਲ ਨੇ ਸਰਪੰਚ ਨਰਿੰਦਰ ਕੌਰ ਪਤਨੀ ਡਾਕਟਰ ਪ੍ਰਿੰਸ, ਸਾਬਕਾ ਸਰਪੰਚ ਬਨਾਰਸੀ ਲਾਲ , ਕੁਲਦੀਪ ਕੁਮਾਰ ਪੰਚਾਇਤ ਮੈਂਬਰ, ਸੁਖਜੀਤ ਸਿੰਘ ਪੰਚਾਇਤ ਮੈਂਬਰ, ਸਰਬਜੀਤ ਕੁਮਾਰ ਪੰਚਾਇਤ ਮੈਂਬਰ, ਜਸਬੀਰ ਕੌਰ ਪੰਚਾਇਤ ਮੈਂਬਰ, ਰਣਜੀਤ ਕੌਰ ਪੰਚਾਇਤ ਮੈਂਬਰ, ਪੂਜਾ ਪੰਚਾਇਤ ਮੈਂਬਰ ਨੂੰ ਸਨਮਾਨਤ ਕੀਤਾ।ਇਸ ਮੌਕੇ ਹਾਜ਼ਰ ਕੇਵਲ ਸਿੰਘ , ਜਥੇਦਾਰ ਮਹਾ ਸਿੰਘ ਰਸੂਲਪੁਰ, ਜਿੰਦਰ ਸਿੰਘ ਮਾਨਾ, ਜਗਤ ਰਾਮ ਭੱਟੀ ਬਲਾਕ ਪ੍ਰਧਾਨ, ਮਨਜਿੰਦਰ ਚੁੰਬਰ, ਰਾਮ ਲਾਲ ਲੰਬਰਦਾਰ, ਸੁਖਵਿੰਦਰ ਕੌਰ ਆਮ ਪਾਰਟੀ ਆਗੂ , ਯਸਪਾਲ ਮੈਗੜਾ, ਹਰਮੇਸ਼ ਨਿੱਕਾ, ਲਖਵਿੰਦਰ ਲਾਡੀ, ਸੰਦੀਪ, ਹੈਪੀ , ਨਸੀਬ ਚੰਦ, ਇੰਦਰਜੀਤ ਸਿੰਘ ਅਮਰਜੀਤ ਮੱਲ, ਉਮਕਾਰ ਸਿੰਘ, ਚਰਨ ਸਿੰਘ, ਜਗੀਰੀ ਰਾਮ, ਬਲਦੇਵ ਨਰ, ਜੋਗਿੰਦਰ ਮੱਲ, ਪ੍ਰਧਾਨ ਮੰਗੀ ਰਾਮ, ਪਰਮਜੀਤ ਮੱਲ, ਕੁਲਵੰਤ ਰਾਮ, ਚੌਕੀਦਾਰ ਵਿਜੇ, ਸੋਨੂ ਨਰ , ਉਦੋਂ ਰਾਮ ਲਾਲ ਚੰਦ , ਛਿੰਦਾ ਮਲ, ਬਲਦੇਵ ਬਿੱਟੂ ਸਾਬਕਾ ਸਰਪੰਚ ਅਤੇ ਹੋਰ ਹਾਜ਼ਰ ਸਨ।

# ਪੂਰੇ ਸੰਸਾਰ ਨੂੰ ਗੀਤਾ ਦੇ ਉਪਦੇਸ਼ਾਂ ਰਾਹੀਂ ਮਿਲ ਰਿਹੈ ਸ਼ਾਂਤੀ ਦੇ ਰਾਹ 'ਤੇ ਚੱਲਣ ਦਾ ਸੰਦੇਸ਼ : ਬੇਦੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**

ਹਰਿਆਣਾ ਦੇ ਸਮਾਜਿਕ,ਨਿਆਂ ਅਤੇ ਅਧਿਕਾਰਤਾ ਮੰਤਰੀ ਕ੍ਰਿਸ਼ਣ ਕੁਮਾਰ ਬੇਦੀ ਨੇ ਕਿਹਾ ਕਿ ਗੀਤਾ ਉਪਦੇਸ਼ ਸਥਲੀ ਕੁਰੂਕਸ਼ੇਤਰ ਦੀ ਪਾਵਨ ਧਰਤੀ 'ਤੇ ਭਗਵਾਨ ਸ੍ਰੀ ਕ੍ਰਿਸ਼ਨ ਨੇ ਅਵਤਾਰ ਧਾਰ ਕੇ ਪੂਰੇ ਸੰਸਾਰ ਨੂੰ ਪਵਿੱਤਰ ਗ੍ਰੰਥ ਗੀਤਾ ਦੇ ਉਪਦੇਸ਼ ਦਿੱਤੇ ਸੀ। ਪਵਿੱਤਰ ਗ੍ਰੰਥ ਗੀਤਾ ਦੇ ਉਪਦੇਸ਼ਾਂ ਨੂੰ ਜੀਵਨ ਵਿੱਚ ਧਾਰ ਕੇ ਹਰ ਸਮੱਸਿਆ ਦਾ ਹਲ ਹੋ ਸਕਦਾ ਹੈ। ਇਨ੍ਹਾਂ ਸਾਰੇ ਪਹਿਲੂਆਂ ਨੂੰ ਧਿਆਨ ਵਿੱਚ ਰੱਖ ਕੇ ਸਾਰੀ ਮਨੁੱਖ ਜਾਤੀ ਨੂੰ ਗੀਤਾ ਉਪਦੇਸ਼ਾਂ ਪ੍ਰਤੀ ਜਾਣੂ ਕਰਾਉਣ ਲਈ ਹੀ ਕੁਰੂਕਸ਼ੇਤਰ ਵਿਚ ਕੌਮਾਂਤਰੀ ਗੀਤਾ ਮਹੋਤਸਵ ਵਰਗੇ ਪ੍ਰੋਗਰਾਮਾਂ ਦਾ ਆਯੋਜਨ ਸਰਕਾਰ ਵਲੋਂ ਉੱਚ ਪੱਧਰ 'ਤੇ ਕੀਤਾ ਜਾ ਰਿਹਾ ਹੈ। ਬੇਦੀ ਕੁਰੂਕਸ਼ੇਤਰ ਬ੍ਰਹਮਸਰੋਵਰ ਦੇ ਪੁਰੂਸ਼ੋਤਮਪੁਰਾ ਬਾਗ ਵਿੱਚ ਕੁਰੂਕਸ਼ੇਤਰ ਵਿਕਾਸ ਬੋਰਡ ਅਤੇ ਜ਼ਿਲਾ ਖੇਡ ਵਿਭਾਗ ਦੇ ਸਾਂਝੇ ਤੱਤਵਾਧਾਨ ਵਿੱਚ ਅੰਤਰਰਾਸ਼ਟਰੀ ਗੀਤਾ ਮਹੋਤਸਵ-2024 'ਤੇ ਆਯੋਜਿਤ ਗੀਤਾ ਰਨ ਪ੍ਰੋਗਰਾਮ ਵਿੱਚ ਬੋਲ ਰਹੇ ਸਨ। ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਕ੍ਰਿਸ਼ਣ ਕੁਮਾਰ ਬੇਦੀ ਪੁਰਸ਼ ਵਰਗ ਦੀ 10 ਕਿਲੋਮੀਟਰ ਅਤੇ ਮਹਿਲਾ ਵਰਗ ਦੀ 5 ਕਿਲੋਮੀਟਰ ਦੌੜ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਬੇਦੀ ਨੇ ਪੁਰਸ਼ ਅਤੇ ਮਹਿਲਾ ਵਰਗ ਵਿੱਚ ਪਹਿਲੇ 10 ਨੰਬਰਾਂ 'ਤੇ ਆਉਣ ਵਾਲੇ ਖਿਡਾਰੀਆਂ ਵਿਚੋਂ ਦੋਹਾਂ ਵਰਗਾਂ ਵਿਚੋਂ ਪਹਿਲੇ ਸਥਾਨ 'ਤੇ ਆਉਣ ਵਾਲੇ ਖਿਡਾਰੀ ਨੂੰ 31 ਹਜਾਰ ਰੁਪਏ, ਦੂਜੇ ਸਥਾਨ 'ਤੇ ਆਉਣ ਵਾਲੇ 21 ਹਜਾਰ ਰੁਪਏ, ਤੀਜੇ ਸਥਾਨ 'ਤੇ ਆਉਣ ਵਾਲੇ ਨੂੰ 11 ਹਜਾਰ ਰੁਪਏ ਅਤੇ ਅਗਲੇ ਸੱਤ ਸਥਾਨਾਂ 'ਤੇ ਰਹਿਣ ਵਾਲੇ ਖਿਡਾਰੀਆਂ ਨੂੰ 2100-2100 ਰੁਪਏ ਦੀ ਨਗਦ ਰਕਮ ਦੇ ਕੇ ਸਨਮਾਨਿਤ ਕੀਤਾ। ਉਨ੍ਹਾਂ ਨੇ ਸੂਬਾ ਵਾਸੀਆਂ ਨੂੰ ਕੌਮਾਂਤਰੀ ਗੀਤਾ ਮਹੋਤਸਵ 2024 ਦੀ ਵਧਾਈ ਅਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਭਗਵਾਨ ਸ੍ਰੀ ਕ੍ਰਿਸ਼ਨ ਨੇ ਅਵਤਾਰ ਵਜੋਂ ਕੁਰੂਕਸ਼ੇਤਰ ਦੀ ਧਰਤੀ 'ਤੇ ਮਹਾਭਾਰਤ ਯੁੱਧ ਤੋਂ ਪਹਿਲਾਂ ਅਰਜੁਨ ਰਾਹੀਂ ਪਵਿੱਤਰ ਗ੍ਰੰਥ ਗੀਤਾ ਦੇ ਉਪਦੇਸ਼ ਦਿੱਤੇ। ਇਹ ਉਪਦੇਸ਼ ਪੂਰੀ ਮਨੁੱਖ ਜਤੀ ਲਈ ਅੱਜ ਵੀ ਪੂਰੀ ਤਰ੍ਹਾਂ ਢੁੱਕਵੇਂ ਹਨ। ਇਹ ਮਹੋਤਸਵ ਦਾ ਪ੍ਰਬੰਧ 5 ਦੇਸ਼ਾਂ ਵਿਚ ਵੀ ਕੀਤਾ ਜਾ ਚੁੱਕਾ ਹੈ ਅਤੇ ਆਉਣ ਵਾਲੇ ਸਮੇਂ ਵਿਚ ਇਹ ਮਹੋਤਸਵ ਨੂੰ ਹੋਰ ਵੀ ਵੱਡੇ ਪੱਧਰ 'ਤੇ ਮਨਾਇਆ ਜਾਵੇਗਾ।

# ਨਗਰ ਨਿਗਮ ਕਮਿਸ਼ਨਰ ਨੇ ਸ਼ਹਿਰ 'ਚ ਇਮਾਰਤਾਂ ਦੇ ਨਿਰਮਾਣ ਦੀ ਕੀਤੀ ਜਾਂਚ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**





ਨਗਰ ਨਿਗਮ ਹੁਸ਼ਿਆਰਪੁਰ ਦੀ ਕਮਿਸ਼ਨਰ ਡਾ. ਅਮਨਦੀਪ ਕੌਰ ਨੇ ਅੱਜ ਸ਼ਹਿਰ ਵਿੱਚ ਇਮਾਰਤਾਂ ਦੇ ਨਿਰਮਾਣ ਦੇ ਦੌਰਾਨ ਨਿਯਮਾਂ ਦੀ ਉਲੰਘਣਾ ਨੂੰ ਲੈ ਕੇ ਸਖਤ ਕਾਰਵਾਈ ਕੀਤੀ। ਇਸ ਦੌਰਾਨ ਕਮਿਸ਼ਨਰ ਦੀ ਅਗਵਾਈ ਵਿੱਚ ਨਿਗਮ ਦੀ ਟੀਮ ਨੇ ਕੁੱਲ 18 ਥਾਵਾਂ ਦੀ ਜਾਂਚ ਕੀਤੀ।ਜਾਂਚ ਦੌਰਾਨ ਦੋ ਇਮਾਰਤਾਂ ਵਿੱਚ ਨਿਯਮਾਂ ਦੀ ਗੰਭੀਰ ਉਲੰਘਣਾ ਪਾਈ ਗਈ, ਜਿਸ ਕਰਕੇ ਇਹਨਾਂ ਇਮਾਰਤਾਂ ਨੂੰ ਤੁਰੰਤ ਸੀਲ ਕਰ ਦਿੱਤਾ ਗਿਆ।ਬਾਕੀ 16 ਇਮਾਰਤਾਂ ਦੇ ਸੰਬੰਧ ਵਿੱਚ ਸ਼ੁਰੂਆਤੀ ਜਾਂਚ ਦੇ ਆਧਾਰ 'ਤੇ ਨੋਟਿਸ ਜਾਰੀ ਕੀਤੇ ਗਏ ਹਨ।ਡਾ. ਅਮਨਦੀਪ ਕੌਰ ਨੇ ਸੰਬੰਧਿਤ ਬਿਲਡਿੰਗ ਇੰਸਪੈਕਟਰਾਂ ਅਤੇ ਮਾਸਟਰ ਟਾਊਨ ਪਲਾਨਰ (ਐਮਟੀਪੀ) ਨੂੰ ਨਿਰਦੇਸ਼ ਦਿੱਤਾ ਹੈ ਕਿ ਉਹ ਇਹਨਾਂ ਇਮਾਰਤਾਂ ਦੀ ਵਿਸਥਾਰਿਤ ਰਿਪੋਰਟ ਕੱਲ੍ਹ ਤੱਕ ਪੇਸ਼ ਕਰਨ।ਉਨ੍ਹਾਂ ਕਿਹਾ ਕਿ ਇਮਾਰਤਾਂ ਦੇ ਨਿਰਮਾਣ ਦੌਰਾਨ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣਾ ਨਗਰ ਨਿਗਮ ਦੀ ਪ੍ਰਾਥਮਿਕਤਾ ਹੈ, ਤਾਂ ਜੋ ਸ਼ਹਿਰ ਦਾ ਵਿਕਾਸ ਯੋਜਨਾਬੱਧ ਢੰਗ ਨਾਲ ਹੋ ਸਕੇ ਅਤੇ ਨਾਗਰਿਕਾਂ ਦੀ ਸੁਰੱਖਿਆ ਸੁਨਿਸ਼ਚਿਤ ਹੋਵੇ।ਕਮਿਸ਼ਨਰ ਨੇ ਇਸ ਮੌਕੇ ਸਪੱਸ਼ਟ ਕੀਤਾ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਚੈਕਿੰਗ ਨਿਯਮਿਤ ਰੂਪ ਵਿੱਚ ਜਾਰੀ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਨਗਰ ਨਿਗਮ ਨਿਯਮਾਂ ਦੀ ਉਲੰਘਣਾ ਨੂੰ ਲੈ ਕੇ ਜ਼ੀਰੋ ਟੋਲਰੈਂਸ ਦੀ ਨੀਤੀ ਅਪਨਾਵੇਗਾ।ਕਮਿਸ਼ਨਰ ਨਗਰ ਨਿਗਮ ਨੇ ਸ਼ਹਿਰਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਇਮਾਰਤਾਂ ਦੇ ਨਿਰਮਾਣ ਦੌਰਾਨ ਨਿਗਮ ਦੁਆਰਾ ਨਿਰਧਾਰਿਤ ਨਿਯਮਾਂ ਅਤੇ ਪ੍ਰਕਿਰਿਆਵਾਂ ਦੀ ਪਾਲਣਾ ਕਰਨ।ਜੇਕਰ ਕਿਸੇ ਵੀ ਤਰ੍ਹਾਂ ਦਾ ਨਿਯਮ ਉਲੰਘਨ ਪਾਇਆ ਗਿਆ ਤਾਂ ਸੰਬੰਧਤ ਵਿਅਕਤੀਆਂ ਖ਼ਿਲਾਫ਼ ਕੜੀ ਕਾਰਵਾਈ ਕੀਤੀ ਜਾਵੇਗੀ।

# ਫੌਜ ਵੱਲੋਂ ਅਜਨਾਲਾ ਰੋਡ ਨੂੰ ਚੌੜਾ ਕਰਨ ਦੇ ਮਿਲੇ ਭਰੋਸੇ ਨਾਲ ਮਿਲੇਗੀ ਵੱਡੀ ਰਾਹਤ : ਧਾਲੀਵਾਲ

**ਜਲੰਧਰ, (ਸ਼ੈਲੀ ਐਲਬਰਟ)**

ਪ੍ਰਵਾਸੀ ਭਾਰਤੀ ਮਾਮਲੇ ਅਤੇ ਪ੍ਰਬੰਧਕੀ ਸੁਧਾਰ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਫੌਜ ਦੇ ਉਚ ਅਧਿਕਾਰੀਆਂ ਨਾਲ ਮੀਟਿੰਗ ਕੀਤੀ, ਜਿਸ ਦੌਰਾਨ ਅਧਿਕਾਰੀਆਂ ਵਲੋਂ ਅਜਨਾਲਾ ਸੜਕ ਨੂੰ 5.5 ਮੀਟਰ ਦੀ ਚੌੜਾਈ ਤੋਂ ਵਧਾ ਕੇ 7 ਮੀਟਰ ਕਰਨ ਦਾ ਭਰੋਸਾ ਦਿੱਤਾ ਗਿਆ। 11 ਕਾਰਪਸ ਹੈਡਕੁਆਰਟਰ ਜਲੰਧਰ ਕੈਂਟ ਵਿਖੇ ਹੋਈ ਮੀਟਿੰਗ ਸਬੰਧੀ ਕੈਬਨਿਟ ਮੰਤਰੀ ਨੇ ਦੱਸਿਆ ਕਿ ਸਰਹੱਦੀ ਹਲਕੇ ਦੇ ਲੋਕਾਂ ਦੀ ਇਸ ਨਾਲ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਹੁਣ ਪੂਰੀ ਹੋ ਜਾਵੇਗੀ ਅਤੇ ਇਸ ਨਾਲ ਇਲਾਕੇ ਵਿੱਚ ਅਵਾਜਾਈ ਦੀ ਸਮੱਸਿਆ ਦਾ ਪੱਕਾ ਹੱਲ ਹੋਵੇਗਾ। ਧਾਲੀਵਾਲ ਨੇ ਦੱਸਿਆ ਕਿ 72 ਕਿਲੋਮੀਟਰ ਲੰਬੀ ਇਹ ਸੜਕ ਫੌਜ ਦੇ ਅਧਿਕਾਰ ਖੇਤਰ ਵਿੱਚ ਆਉਂਦੀ ਹੈ। ਉਨ੍ਹਾਂ ਦੱਸਿਆ ਕਿ ਗੰਨੇ ਦੇ ਸੀਜ਼ਨ ਦੌਰਾਨ ਭਰੀਆਂ ਟਰਾਲੀਆਂ ਲੰਘਨ ਕਰਕੇ ਵੱਡੇ ਸੜਕੀ ਜਾਮ ਲੱਗੇ ਸਨ ਅਤੇ ਉਨ੍ਹਾਂ ਵਲੋਂ ਇਸ ਸਮੱਸਿਆ ਨੂੰ ਰੱਖਿਆ ਮੰਤਰਾਲੇ ਪਾਸ ਉਠਾਇਆ ਗਿਆ ਸੀ, ਜਿਸ ਦੇ ਸਿੱਟੇ ਵਜੋਂ ਅੱਜ ਲੈਫ. ਜਨਰਲ ਅਜੈ ਚਾਂਦਪੁਰੀਆ ਅਤੇ ਉਸ ਦੀ ਟੀਮ ਨਾਲ ਮੀਟਿੰਗ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਫੌਜ ਦੇ ਉਚ ਅਧਿਕਾਰੀਆਂ ਵਲੋਂ ਮੌਕੇ 'ਤੇ ਇਸ ਦਾ ਜਾਇਜ਼ਾ ਲੈਕੇ ਸੜਕ ਨੂੰ ਚੌੜਾ ਕਰਨ ਦਾ ਭਰੋਸਾ ਦਿੱਤਾ ਗਿਆ ਅਤੇ ਅਗਲੇ ਸਾਲ ਮੁਕੰਮਲ ਕਰਨ ਲਈ ਵੀ ਕਿਹਾ ਗਿਆ ਹੈ।ਕੈਬਨਿਟ ਮੰਤਰੀ ਨੇ ਦੱਸਿਆ ਕਿ ਉਨ੍ਹਾਂ ਨੇ ਅਵਾਜਾਈ ਨੂੰ ਨਿਰਵਿਘਨ ਢੰਗ ਨਾਲ ਜਾਰੀ ਰੱਖਣ ਲਈ ਗੰਨੇ ਦੀ ਬੈਲਟ ਵਾਲੀਆਂ ਸੜਕਾਂ ਨੂੰ 10 ਮੀਟਰ ਤੱਕ ਚੌੜਾ ਕਰਨ ਦੀ ਵੀ ਅਪੀਲ ਕੀਤੀ, ਜਿਸ 'ਤੇ ਫੌਜ ਦੇ ਅਧਿਕਾਰੀਆਂ ਨੇ ਭਰੋਸਾ ਦਿੱਤਾ ਕਿ ਉਹ ਜਲਦੀ ਹੀ ਅਜਿਹੀਆਂ ਸੜਕਾਂ ਦਾ ਮੁਆਇਨਾ ਕਰਵਾਉਣਗੇ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਨਾਲ ਜਿਥੇ ਇਲਾਕੇ ਨਾਲ ਸੰਪਰਕ ਵਿੱਚ ਹੋਰ ਸੁਧਾਰ ਹੋਵੇਗਾ, ਉਥੇ ਹੀ ਫੌਜ, ਕਿਸਾਨਾਂ ਅਤੇ ਆਮ ਲੋਕਾਂ ਲਈ ਵੱਡੀ ਰਾਹਤ ਵੀ ਪ੍ਰਦਾਨ ਹੋਵੇਗੀ।ਧਾਲੀਵਾਲ ਨੇ ਕਿਹਾ ਕਿ ਸੜਕ ਨੂੰ ਚੌੜਾ ਕਰਨ ਦਾ ਭਰੋਸਾ ਸਰਹੱਦੀ ਇਲਾਕੇ ਦੇ ਕਿਸਾਨਾਂ ਅਤੇ ਆਮ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਵਿੱਚ ਮੀਲ ਦਾ ਪੱਥਰ ਸਾਬਿਤ ਹੋਵੇਗਾ, ਜੋ ਕਿ ਪੰਜਾਬ ਸਰਕਾਰ ਦੀ ਬਾਰਡਰ ਏਰੀਏ ਦੇ ਲੋਕਾਂ ਦੀ ਭਲਾਈ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਫੌਜ ਦੇ ਉਚ ਅਧਿਕਾਰੀਆਂ ਵਲੋਂ ਅਜਨਾਲਾ ਬਾਈਪਾਸ ਬਣਾਉਣ ਦੀ ਸੰਭਾਵਨਾ ਵੀ ਦੱਸੀ ਗਈ ਹੈ। ਕੈਬਨਿਟ ਮੰਤਰੀ ਨੇ ਰੱਖਿਆ ਮੰਤਰਾਲੇ ਦੇ ਇਸ ਉਸਾਰੂ ਉਪਰਾਲੇ ਲਈ ਧੰਨਵਾਦ ਕੀਤਾ ਗਿਆ। ਜ਼ਿਕਰਯੋਗ ਹੈ ਕਿ ਇਹ ਸੜਕ ਅਜਨਾਲਾ-ਲੋਪੋਕੇ, ਸੋਹਲ ਵਾਇਆ ਤਲਵੰਡੀ ਰਾਏਦਾਦੂ, ਪੂੰਗਾ, ਭਿੰਡੀ ਸੈਦਾਂ ਤੋਂ ਹੁੰਦੀ ਹੋਈ ਲੰਘਦੀ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਪ੍ਰੋਜੈਕਟ ਨਾਲ ਗੰਨਾ ਅਤੇ ਕਣਕ-ਝੋਨਾ ਮੰਡੀਆਂ ਵਿੱਚ ਲਿਜਾਣ ਦੌਰਾਨ ਕਿਸਾਨਾਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਟ੍ਰੈਫਿਕ ਵਿਵਸਥਾ ਵੀ ਸੁਚਾਰੂ ਢੰਗ ਨਾਲ ਜਾਰੀ ਰਹੇਗੀ।



# ਖਿਡਾਰੀਆਂ ਨੂੰ ਬਿਤਹਰ ਸਹੂਲਤ ਦੇਣਾ ਸਰਕਾਰ ਦੀ ਹੈ ਪ੍ਰਾਥਮਿਕਤਾ : ਗੌਰਵ ਗੌਤਮ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**— ਹਰਿਆਣਾ ਦੇ ਖੇਡ ਮੰਤਰੀ ਗੌਰਵ ਗੌਤਮ ਨੇ ਕਿਹਾ ਕਿ ਹਰਿਆਣਾ ਦੇ ਖਿਡਾਰੀ ਖਿਡਾਰੀ ਓਲੰਪਿਕ, ਵਿਸ਼ਵ ਚੈਂਪੀਅਨਸ਼ਿਪ, ਏਸ਼ੀਅਨ ਤੇ ਕਾਮਨਵੈਲਥ ਖੇਡਾਂ ਵਿਚ ਮੈਡਲ ਜਿੱਤ ਕੇ ਆਪਣੀ ਪ੍ਰਤਿਭਾ ਦਾ ਡੰਕਾ ਵਜਾ ਰਹੇ ਹਨ। ਆਉਣ ਵਾਲੇ ਓਲੰਪਿਕ ਵਿਚ ਵੀ ਹਰਿਆਣਾ ਦੇ ਖਿਡਾਰੀ ਦੇਸ਼ ਲਈ ਵੱਧ ਤੋਂ ਵੱਧ ਮੈਡਲ ਜਿੱਤਣ, ਇਸ ਦੇ ਲਈ ਸੂਬਾ ਸਰਕਾਰ ਖਿਡਾਰੀਆਂ ਨੂੰ ਖੇਡ ਦੇ ਮੈਦਾਨਾਂ ਤੋਂ ਲੈ ਕੇ ਉਨ੍ਹਾਂ ਦੀ ਖੁਰਾਕ ਦਾ ਪੂਰਾ ਖਿਆਲ ਰੱਖ ਰਹੀ ਹੈ। ਹਰਿਆਣਾ ਦੀ ਖੇਡ ਨੀਤੀ ਦੇਸ਼ ਵਿਚ ਸੱਭ ਤੋਂ ਚੰਗੀ ਹੈ ਇਸੀ ਦਾ ਨਤੀਜਾ ਹੈ ਕਿ ਸਾਡੇ ਖਿਡਾਰੀ ਕੌਮਾਂਤਰੀ ਖੇਡ ਮੁਕਾਬਲਿਆਂ ਵਿਚ ਮੈਡਲਾਂ ਦੀ ਝੜੀ ਲਗਾ ਰਹੇ ਹਨ। ਸਰਕਾਰ ਦਾ ਉਦੇਸ਼ ਹੈ ਕਿ ਖਿਡਾਰੀਆਂ ਦੇ ਅਭਿਆਸ ਲਈ ਬਿਤਹਰ ਮਾਹੌਲ ਦਿੱਤਾ ਜਾਵੇ। ਇਸ ਦੇ ਲਈ ਖੇਡ ਵਿਭਾਗ ਵੱਲੋਂ ਰੂਪਰੇਖਾ ਤਿਆਰ ਕੀਤੀ ਜਾ ਰਹੀ ਹੈ।ਗੌਤਮ ਸਿਵਲ ਸਕੱਤਰੇਤ ਵਿਚ ਅਧਿਕਾਰੀਆਂ ਦੀ ਮੀਟਿੰਗ ਦੀ ਅਗਵਾਈ ਕਰ ਰਹੇ ਸਨ। ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸੂਬੇ ਦੇ ਸਾਰੇ ਜਿਲ੍ਹਾ ਤੇ ਬਲਾਕ ਪੱਧਰ ਦੇ ਖੇਡ ਸਟੇਡੀਅਮਾਂ ਵਿਚ ਖੇਡ ਦਾ ਸਮਾਨ, ਸਮੱਗਰੀ ਤੇ ਹੋਰ ਸਮਾਨ ਸਮੇਂ 'ਤੇ ਪਹੁੰਚਾਇਆ ਜਾਵੇ, ਤਾਂ ਜੋ ਖਿਡਾਰੀ ਹੋਰ ਵਧੀਆ ਢੰਗ ਲਾਲ ਅਭਿਆਸ ਕਰ ਕੇ ਦੇਸ਼ ਲਈ ਮੈਡਲ ਜਿੱਤ ਸਕਣ। ਇਸ ਦੇ ਨਾਲ-ਨਾਲ ਸਟੇਡੀਅਮਾਂ ਦੀ ਸਫਾਈ ਤੇ ਮੁਰੰਮਤ ਦਾ ਕੰਮ ਵੀ ਜਲਦੀ ਕੀਤਾ ਜਾਵੇ। ਖਿਡਾਰੀਆਂ ਨੂੰ ਕਿਸੇ ਵੀ ਤਰ੍ਹਾ ਦੀ ਅਸਹੂਲਤ ਨਹੀਂ ਹੋਣੀ ਚਾਹਦੀ ਹੈ।ਉਨ੍ਹਾਂ ਨੇ ਕਿਹਾ ਕਿ ਖਿਡਾਰੀਆਂ ਨੂੰ ਕੈਸ਼ ਅਵਾਰਡ ਸਮੇਂ 'ਤੇ ਮਿਲੇ। ਇਸ ਦੇ ਲਈ ਅਧਿਕਾਰੀ ਤੇਜੀ ਨਾਲ ਕੰਮ ਕਰਨ। ਉਨ੍ਹਾਂ ਨੇ ਖਿਡਾਰੀਆਂ ਦੀ ਖੁਰਾਕ ਭੱਤਾ ਸਮੇਂ 'ਤੇ ਦੇਣ ਦੇ ਵੀ ਨਿਰਦੇਸ਼ ਦਿੱਤੇ।ਮੰਤਰੀ ਸ੍ਰੀ ਗੌਰਵ ਗੌਤਮ ਨੇ 12 ਦਸੰਬਰ ਨੂੰ ਕੁਰੂਕਸ਼ੇਤਰ ਵਿਚ ਹੋਣ ਵਾਲੇ ਹਰਿਆਣਾ ਕੇਸਰੀ ਤੇ ਹਰਿਆਣਾ ਕੁਮਾਰ ਕੁਸ਼ਤੀ ਦੰਗਲ ਦੀ ਤਿਆਰੀਆਂ ਦੀ ਸਮੀਖਿਆ ਕਰਦੇ ਹੋਏ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇਸ ਪ੍ਰਬੰਧ ਨੂੰ ਬਿਹਤਰ ਢੰਗ ਨਾਲ ਕੀਤਾ ਜਾਵੇ। ਪਹਿਲਵਾਨਾਂ ਦੇ ਠਹਿਰਣ ਦੀ ਵਿਵਸਥਾ ਦਰੁਸਤ ਹੋਵੇ ਅਤੇ ਖਾਣ-ਪੀਣ ਵਿਚ ਕਮੀ ਨਹੀਂ ਹੋਣੀ ਚਾਹੀਦੀ ਹੈ।ਇਸ ਪ੍ਰਬੰਧ ਦੀ ਉਹ ਖੁਦ ਮਾਲੀਟਰਿੰਗ ਕਰਣਗੇ।ਮੀਟਿੰਗ ਵਿਚ ਖੇਡ ਵਿਭਾਗ ਦੇ ਪ੍ਰਧਾਨ ਸਕੱਤਰ ਨਵਦੀਪ ਸਿੰਘ ਵਿਰਕ ਅਤੇ ਖਡੇ ਵਿਭਾਗ ਦੇ ਨਿਦੇਸ਼ਕ ਯਸ਼ੇਂਦਰ ਸਿੰਘ ਸਮੇਤ ਕਈ ਅਧਿਕਾਰੀ ਮੌਜੂਦ ਰਹੇ।

# ਸੜਕਾਂ 'ਤੇ ਪਸ਼ੂਆਂ ਦੀ ਵਧ ਰਹੀ ਗਿਣਤੀ ਚਿੰਤਾ ਦਾ ਵਿਸ਼ਾ : ਐਡਵੋਕੇਟ ਮਰਵਾਹਾ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਗਊਸ਼ਾਲਾਵਾਂ ਵਿੱਚ ਪਸ਼ੂਆਂ ਦੀ ਸਾਂਭ-ਸੰਭਾਲ ਦੇ ਬਾਵਜੂਦ ਸੜਕਾਂ 'ਤੇ ਗਊਆਂ ਦੀ ਵਧਦੀ ਗਿਣਤੀ ਚਿੰਤਾ ਦਾ ਵਿਸ਼ਾ ਹੈ ਅਤੇ ਪ੍ਰਸ਼ਾਸਨ ਨੂੰ ਇਸ ਮਾਮਲੇ ਵੱਲ ਤੁਰੰਤ ਧਿਆਨ ਦੇਣਾ ਚਾਹੀਦਾ ਹੈ। ਉਪਰੋਕਤ ਵਿਚਾਰਾਂ ਦਾ ਪ੍ਰਗਟਾਵਾ ਨਗਰ ਸੁਧਾਰ ਟਰੱਸਟ ਦੇ ਸਾਬਕਾ ਚੇਅਰਮੈਨ ਐਡਵੋਕੇਟ ਰਾਕੇਸ਼ ਮਰਵਾਹਾ ਨੇ ਕੀਤਾ । ਮਰਵਾਹਾ ਨੇ ਕਿਹਾ ਕਿ ਗਊ ਸ਼ੈਡਾਂ ਵਿੱਚ ਗਊਆਂ ਦੀ ਗਿਣਤੀ ਦਿਨੋ-ਦਿਨ ਵਧਦੀ ਜਾ ਰਹੀ ਹੈ ਅਤੇ ਸਥਾਨਕ ਗਊ ਸ਼ੈਡ ਪ੍ਰਬੰਧਕ ਕਮੇਟੀਆਂ ਵੱਲੋਂ ਗਊਆਂ ਦੀ ਸੇਵਾ ਸੰਭਾਲਣ ਵਿੱਚ ਕੋਈ ਕਮੀ ਨਹੀਂ ਰੱਖੀ ਜਾਂਦੀ, ਪਰ ਇਸ ਦੇ ਬਾਵਜੂਦ ਸੜਕਾਂ 'ਤੇ ਘੁੰਮ ਰਹੀਆਂ ਗਊਆਂ ਕਾਰਨ ਸ਼ਹਿਰ ਵਾਸੀਆਂ ਨੂੰ ਪ੍ਰੇਸ਼ਾਨੀਆ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਮਰਵਾਹਾ ਨੇ ਕਿਹਾ ਕਿ ਪ੍ਰਸ਼ਾਸਨ ਨੂੰ ਇਸ ਸਬੰਧੀ ਸਖ਼ਤ ਕਦਮ ਚੁੱਕਣੇ ਚਾਹੀਦੇ ਹਨ ਤਾਂ ਜੋ ਸੜਕਾਂ 'ਤੇ ਘੁੰਮ ਰਹੇ ਪਸ਼ੂਆਂ ਦਾ ਪਤਾ ਲਗਾਇਆ ਜਾ ਸਕੇ ਕਿਉਂਕਿ ਇਹ ਪਸ਼ੂ ਸ਼ਹਿਰ ਵਾਸੀਆਂ ਦੇ ਨਹੀਂ ਹਨ । ਪ੍ਰਸ਼ਾਸਨ ਨੂੰ ਬਾਹਰਲੇ ਸ਼ਹਿਰਾਂ ਤੋਂ ਆਉਣ ਵਾਲੇ ਰੇਤ ਦੇ ਟਿੱਪਰਾਂ 'ਤੇ ਤਿੱਖੀ ਨਜ਼ਰ ਰੱਖਣੀ ਚਾਹੀਦੀ ਹੈ ਕਿਉਂਕਿ ਇਹ ਟਿੱਪਰ ਸੜਕਾਂ 'ਤੇ ਘੁੰਮਦੇ ਪਸ਼ੂਆਂ ਨੂੰ ਬਾਹਰਲੇ ਪਿੰਡਾਂ ਤੋਂ ਪਸ਼ੂਆਂ ਨੂੰ ਸ਼ਹਿਰ ਵਿੱਚ ਛੱਡ ਸਕਦੇ ਹਨ। ਸ਼ਹਿਰ ਦੀਆਂ ਸੜਕਾਂ 'ਤੇ ਘੁੰਮਦੀਆਂ ਗਊਆਂ ਅਤੇ ਨੰਦੀ (ਸਾਨ) ਸ਼ਹਿਰ ਵਾਸੀਆਂ ਦੇ ਨਹੀਂ ਹੋ ਸਕਦੇ। ਇਸ ਲਈ ਪ੍ਰਸ਼ਾਸਨ ਨੂੰ ਇਸ ਸਬੰਧੀ ਤੁਰੰਤ ਕਾਰਵਾਈ ਕਰਕੇ ਸਖ਼ਤ ਕਦਮ ਚੁੱਕਣੇ ਚਾਹੀਦੇ ਹਨ ਤਾਂ ਜੋ ਗਊਸ਼ਾਲਾ ਪ੍ਰਬੰਧਕ ਕਮੇਟੀਆਂ ਨੂੰ ਇਸ ਸਮੱਸਿਆ ਤੋਂ ਨਿਜਾਤ ਮਿਲ ਸਕੇ । ਇਸ ਮੌਕੇ ਹਰੀਸ਼ ਸ਼ਰਮਾ, ਮਹਿੰਦਰ ਪਾਲ ਪਥਰੀਆ, ਪ੍ਰਵੀਨ ਮਨਕੋਟੀਆ, ਨਰਿੰਦਰ ਮਨਚੰਦਾ ਆਦਿ ਹਾਜ਼ਰ ਸਨ।

# ਪ੍ਰਤੀਵਾਦ ਮੁਕਾਬਲਿਆਂ 'ਚ ਛਾਏ ਐੱਸ ਟੀ ਐੱਸ ਵਰਲਡ ਸਕੂਲ ਦੇ ਵਿਦਿਆਰਥੀ



**ਗੁਰਾਇਆ (ਬਿੰਦਰ ਸੁਮਨ)** ਜੀ ਐਨ ਏ ਯੂਨੀਵਰਸਿਟੀ ਫਗਵਾੜਾ ਦੁਆਰਾ ਆਯੋਜਿਤ ਪ੍ਰਤੀਵਾਦ ਇੰਟਰ ਸਕੂਲ ਮੁਕਾਬਲਿਆਂ ਵਿੱਚ ਐਸਟੀਐਸ ਵਰਲਡ ਸਕੂਲ ਦੇ ਵਿਦਿਆਰਥੀਆਂ ਨੇ ਭਿੰਨ-ਭਿੰਨ ਮੁਕਾਬਿਲਆਂ ਵਿੱਚ ਹਿੱਸਾ ਲਿਆ।ਬਿਜ਼ਨਸ ਕਵਿਜ਼, ਸਪੈੱਲ ਬੀ, ਟ੍ਰੇਜੇਅਰ ਹੰਟ, ਪੋਸਟਰ ਮੇਕਿੰਗ, ਕੈਰੇਕਟਰ ਡਿਜ਼ਾਈਨਿੰਗ, ਫੋਟੋਗ੍ਰਾਫੀ ਅਤੇ ਵਾਇਸ ਆਫ ਦੋਆਬਾ ਵਿੱਚ ਭਾਗ ਲਿਆ।ਇਹਨਾਂ ਮੁਕਾਬਲਿਆ ਵਿੱਚ 32 ਸਕੂਲਾਂ ਨੇ ਭਾਗ ਲਿਆ। ਸਕੂਲ ਦੇ ਗਿਆਰਵੀਂ (ਬੀ) ਦੇ ਵਿਦਿਆਰਥੀ ਗੁਰੂਮਨ ਸਿੰਘ ਨੇ ਫੋਟੋਗ੍ਰਾਫੀ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ 'ਤੇ ਗੁਰੂਮਨ ਸਿੰਘ ਨੂੰ ਟਰਾਫ਼ੀ ਅਤੇ 3100 ਰੁਪਏ ਦੀ ਨਕਦ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ । ਇਸ ਮੌਕੇ 'ਤੇ ਪ੍ਰਿੰਸੀਪਲ ਸ਼੍ਰੀਮਤੀ ਪ੍ਰਭਜੋਤ ਕੌਰ ਗਿੱਲ ਨੇ ਗੁਰੂਮਨ ਸਿੰਘ ਨੂੰ ਵਧਾਈ ਦਿੰਦਿਆਂ ਬਾਕੀ ਵਿਦਿਆਰਥੀਆਂ ਨੂੰ ਵੀ ਪੜ੍ਹਾਈ ਦੇ ਨਾਲ- ਨਾਲ ਹੋਰ ਗਤਵਿਧੀਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

# ਏ ਡੀ ਸੀ ਨੇ ਆਧਾਰ ਇਨਰੋਲਮੈਂਟ ਦਾ ਲਿਆ ਜਾਇਜ਼ਾ

**ਜਲੰਧਰ (ਸੁਰਿੰਦਰ ਕੁਮਾਰ)**

ਵਧੀਕ ਡਿਪਟੀ ਕਮਿਸ਼ਨਰ (ਜਨਰਲ) ਡਾ. ਅਮਿਤ ਮਹਾਜਨ ਵਲੋਂ ਮਧੁਰ ਬਾਂਸਲ ਪ੍ਰੋਜੈਕਟ ਮੈਨੇਜਰ ਅਤੇ ਅੰਕੁਸ਼ ਠਾਕੁਰ ਸਹਾਇਕ ਮੈਨੇਜਰ ਯੂ.ਆਈ.ਡੀ.ਏ.ਆਈ. ਰੀਜ਼ਨਲ ਦਫ਼ਤਰ ਚੰਡੀਗੜ੍ਹ ਦੇ ਨਾਲ ਆਧਾਰ ਇਨਰੋਲਮੈਂਟ ਅਤੇ ਈਕੋਸਿਸਟਮ ਨੂੰ ਹੋਰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਕੰਮ ਦਾ ਜਾਇਜ਼ਾ ਲੈਣ ਲਈ ਮੀਟਿੰਗ ਕੀਤੀ ਗਈ।ਮਹਾਜਨ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜ਼ਿਲ੍ਹੇ ਵਿੱਚ ਸਾਰੇ ਬੱਚਿਆਂ ਨੂੰ ਆਧਾਰ ਨਾਲ ਇਨਰੋਲਮੈਂਟ ਕਰਨ ਨੂੰ ਯਕੀਨੀ ਬਣਾਉਣ ਲਈ ਹਸਪਤਾਲਾਂ, ਟੀਕਾਕਰਨ ਸੈਂਟਰਾਂ, ਐਲੀਮੈਂਟਰੀ ਸਕੂਲਾਂ ਅਤੇ ਆਂਗਨਵਾੜੀ ਸੈਂਟਰਾਂ ਵਿੱਚ ਆਧਾਰ ਕੈਂਪ ਲਗਾਏ ਜਾਣ। ਉਨ੍ਹਾਂ 5 ਤੋਂ 15 ਸਾਲ ਦੇ ਸਾਰੇ ਬੱਚਿਆਂ ਦੀ ਮੈਨਡੇਟਰੀ ਬਾਇਓਮੈਟ੍ਰਿਕ ਅਪਡੇਟ (ਐਮ.ਬੀ.ਯੂ.) ਨੂੰ ਮੁਕੰਮਲ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਦੱਸਿਆ ਕਿ ਇਹ ਸਹੂਲਤ 5 ਤੋਂ 7 ਸਾਲ ਅਤੇ 15 ਤੋਂ 17 ਸਾਲ ਤੱਕ ਦੇ ਬੱਚਿਆਂ ਲਈ ਮੁਫ਼ਤ ਹੈ।ਇਸ ਤੋਂ ਇਲਾਵਾ ਉਨ੍ਹਾਂ ਸਿੱਖਿਆ ਵਿਭਾਗ ਨੂੰ ਹਦਾਇਤ ਕੀਤੀ ਕਿ ਸਕੂਲਾਂ ਵਿੱਚ ਆਧਾਰ ਕਿੱਟ ਦੀ ਮੂਵਮੈਂਟ ਸਬੰਧੀ ਰੋਸਟਰ ਤਿਆਰ ਕੀਤਾ ਜਾਵੇ। ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਗਈ ਕਿ ਆਧਾਰ ਇਨਰੋਲਮੈਂਟ ਸੈਂਟਰਾਂ ਦੇ ਕੰਮ-ਕਾਜ ਦੀ ਨਿਯਮਤ ਜਾਂਚ ਨੂੰ ਵੀ ਯਕੀਨੀ ਬਣਾਇਆ ਜਾਵੇ।ਇਸ ਮੌਕੇ ਮਧੁਰ ਬਾਂਸਲ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਸਰਕਾਰੀ ਸਹੂਲਤਾਂ ਦਾ ਨਿਰਵਿਘਨ ਲਾਭ ਪ੍ਰਾਪਤ ਕਰਨ ਲਈ ਆਪਣਾ ਮੋਬਾਇਲ ਅਤੇ ਦਸਤਾਵੇਜ਼ ਆਧਾਰ ਨਾਲ ਅਪਡੇਟ ਰੱਖਣ। ਉਨ੍ਹਾਂ ਕਿਹਾ ਕਿ 14 ਦਸੰਬਰ 2024 ਤੱਕ ਆਧਾਰ ਕਾਰਡ ਨਾਲ ਦਸਤਾਵੇਜ਼ ਅਪਡੇਟ ਕਰਨ ਦੀ ਸਹੂਲਤ ਬਿਲਕੁੱਲ ਮੁਫ਼ਤ ਹੈ। ਵਧੀਕ ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਸੱਦਾ ਦਿੱਤਾ ਕਿ ਸਰਕਾਰ ਦੀਆਂ ਜ਼ਰੂਰੀ ਸੇਵਾਵਾਂ ਦਾ ਨਿਰਵਿਘਨ ਲਾਭ ਪ੍ਰਾਪਤ ਕਰਨ ਲਈ 100 ਫੀਸਦੀ ਆਧਾਰ ਇਨਰੋਲਮੈਂਟ ਅਤੇ ਅਪਡੇਟ ਸਬੰਧੀ ਕੀਤੀਆਂ ਜਾ ਰਹੀਆਂ ਪਹਿਲਕਦਮੀਆਂ ਵਿੱਚ ਸਰਗਰਮੀ ਨਾਲ ਹਿੱਸਾ ਲਿਆ ਜਾਵੇ। ਇਸ ਮੌਕੇ ਐਸ.ਡੀ.ਐਮਜ਼ ਰਣਦੀਪ ਸਿੰਘ ਹੀਰ ਅਤੇ ਅਮਨਪਾਲ ਸਿੰਘ, ਡੀ.ਐਫ.ਐਸ.ਸੀ. ਨਰਿੰਦਰ ਸਿੰਘ ਆਦਿ ਹਾਜ਼ਰ ਸਨ।

# ਬੱਚਿਆਂ ਨੂੰ ਐਲਬੈਂਡਾਜੋਲ ਦੀਆਂ ਗੋਲੀਆਂ ਖੁਆਈਆਂ



**ਫਿਲੌਰ, (ਨਿਰਮਲ)**- ਮਾਨਯੋਗ ਡਾਇਰੈਕਟਰ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਜ਼ਿਲ੍ਹਾ ਪ੍ਰੋਗਰਾਮ ਅਫਸਰ ਜਲੰਧਰ ਸ੍ਰੀ ਮਨਜਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮੈਡਮ ਕੁਲਵੀਰ ਕੌਰ ਸੁਪਰਵਾਈਜ਼ਰ ਦੀ ਅਗਵਾਈ ਹੇਠ ਸਾਰੇ ਆਂਗਨਵਾੜੀ ਸੈਂਟਰਾ ਵਿੱਚ ਸਾਰੇ ਬੱਚਿਆਂ ਨੂੰ ਐਲਬੈਂਡਾਜੋਲ ਦੀਆਂ ਗੋਲੀਆਂ ਖੁਆਈਆਂ ਗਈਆਂ ਅਤੇ ਹਦਾਇਤ ਕੀਤੀ ਗਈ ਕਿ ਜੇਕਰ ਬੱਚਾ ਬਿਮਾਰ ਹੈ ਜਾਂ ਭੁੱਖੇ ਪੇਟ ਹੈ ਤਾਂ ਗੋਲੀ ਦੇਣ ਤੋਂ ਗੁਰੇਜ਼ ਕਰਨਾ ਚਾਹੀਦਾ ਹੈ।ਪਿੰਡ ਨਗਰ ਦੇ ਆਂਗਨਵਾੜੀ ਸੈਂਟਰ ਵਿਖੇ ਪਹਿਲਾਂ ਬੱਚਿਆਂ ਨੂੰ ਖਾਣਾ ਖੁਆ ਕੇ ਗੋਲੀਆਂ ਖੁਆਈਆਂ ਗਈਆਂ।ਇਸ ਮੌਕੇ ਉਨ੍ਹਾਂ ਕਿਹਾ ਕਿ ਜੇਕਰ ਸਾਨੂੰ ਅਨੀਮੀਆ ਤੋਂ ਛੁਟਕਾਰਾ ਪਾਉਣਾ ਹੈ ਤਾਂ ਪੇਟ ਦੇ ਕੀੜਿਆ ਤੋਂ ਮੁਕਤੀ ਜ਼ਰੂਰੀ ਹੈ।ਇਸ ਮੌਕੇ ਤੇ ਵਰਕਰ ਕੁਲਦੀਪ ਕੌਰ , ਹਰਜਿੰਦਰ ਪਾਲ ਕੌਰ , ਹੈਲਪਰ ਸੀਮਾ , ਨਿਰਮਲਾ ਅਤੇ ਹੋਰ ਸਨ।

# ਈ-ਸੇਵਾ ਸਹੂਲਤ ਲਈ 2 ਨੂੰ ਬਣਾਏ ਜਾਣਗੇ ਸਰਪੰਚਾਂ ਦੇ ਆਈ ਡੀ ਕਾਰਡ : ਸੁਰਿੰਦਰ ਕੁਮਾਰ

**ਫਗਵਾੜਾ (ਡਾ. ਰਮਨ)**



ਬਲਾਕ ਵਿਕਾਸ ਅਤੇ ਪੰਚਾਇਤ ਵਿਭਾਗ ਵਲੋਂ ਪਿੰਡਾਂ ਦੀਆਂ ਪੰਚਾਇਤਾਂ ਨੂੰ ਸਰਕਾਰ ਦੁਆਰਾ ਜਾਰੀ ਕੀਤੀ ਜਾ ਰਹੀ ਈ-ਸੇਵਾ ਸਰਵਿਸ ਲਈ ਗ੍ਰਾਮ ਪੰਚਾਇਤਾਂ ਦੇ ਸਰਪੰਚਾਂ ਦੀ ਆਈ.ਡੀ ਬਣਾਈ ਜਾ ਰਹੀ ਹੈ। ਸੁਰਿੰਦਰ ਕੁਮਾਰ ਪਟਵਾਰੀ ਕਮ ਕਲਰਕ ਬੀ.ਡੀ.ਪੀ.ਓ. ਦਫਤਰ ਫਗਵਾੜਾ ਨੇ ਸਮੂਹ ਪਿੰਡਾਂ ਦੇ ਸਰਪੰਚਾਂ ਨੂੰ ਪੁਰਜੋਰ ਅਪੀਲ ਕੀਤੀ ਹੈ ਕਿ 2 ਦਸੰਬਰ ਦਿਨ ਸੋਮਵਾਰ ਨੂੰ ਸਵੇਰੇ ਠੀਕ 10 ਵਜੇ ਬਲਾਕ ਦਫਤਰ ਫਗਵਾੜਾ ਵਿਖੇ ਲਾਜਮੀ ਤੌਰ 'ਤੇ ਪਹੁੰਚ ਕੇ ਆਈ.ਡੀ ਬਣਾਉਣ ਦਾ ਕੰਮ ਮੁਕੰਮਲ ਕਰਵਾਉਣ ਤਾਂ ਜੋ ਪੰਜਾਬ ਸਰਕਾਰ ਵਲੋਂ ਭੇਜੀਆਂ ਜਾ ਰਹੀਆਂ ਗ੍ਰਾਂਟਾਂ ਨੂੰ ਈ ਸੇਵਾ ਰਾਹੀਂ ਪ੍ਰਾਪਤ ਕੀਤਾ ਜਾ ਸਕੇ ਅਤੇ ਪਿੰਡਾਂ ਦੇ ਵਿਕਾਸ ਵਿਚ ਕਿਸੇ ਤਰ੍ਹਾਂ ਦੀ ਕੋਈ ਰੁਕਾਵਟ ਨਾ ਆਵੇ। ਉਹਨਾਂ ਕਿਹਾ ਕਿ ਆਈ.ਡੀ ਬਣਾਉਣ ਲਈ ਸਰਪੰਚ ਆਪਣਾ ਅਧਾਰ ਕਾਰਡ ਅਤੇ ਸਰਪੰਚੀ ਦਾ ਪ੍ਰਮਾਣ ਪੱਤਰ ਵੀ ਨਾਲ ਲੈ ਕੇ ਆਉਣ। ਸੁਰਿੰਦਰ ਕੁਮਾਰ ਪਟਵਾਰੀ ਕਮ ਕਲਰਕ ਨੇ ਹੋਰ ਜਾਣਕਾਰੀ ਦਿੰਦਿਆਂ ਕਿਹਾ ਜਿਹਨਾਂ ਪੰਚਾਂ, ਸਰਪੰਚਾਂ ਦੇ ਸ਼ਨਾਖਤੀ ਕਾਰਡ ਹੁਣ ਤਕ ਨਹੀਂ ਬਣੇ ਹਨ, ਉਹ ਆਪਣੀ ਇਕ ਪਾਸਪੋਰਟ ਸਾਈਜ ਫੋਟੋ, ਸਰਪੰਚੀ ਦਾ ਪ੍ਰਮਾਣ ਪੱਤਰ ਤੇ ਅਧਾਰ ਕਾਰਡ ਦੇ ਨਾਲ ਦਫਤਰ ਵਿਖੇ ਅਰਜੀ ਦੇ ਸਕਦੇ ਹਨ।

# ਮਾਨ ਨੇ ਸ਼ੁਰੂ ਕਰਵਾਇਆ ਸ਼ਹਿਰ 'ਚ ਨਵੀਆਂ ਲਾਈਟਾਂ ਲਗਾਉਣ ਦਾ ਕੰਮ



**ਫਗਵਾੜਾ (ਡਾ. ਰਮਨ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਹਦਾਇਤਾਂ ਅਤੇ ਕਾਰਪੋਰੇਸ਼ਨ ਫਗਵਾੜਾ ਦੇ ਸਹਿਯੋਗ ਨਾਲ ਸ਼ਹਿਰ 'ਚ 80 ਕਰੋੜ ਰੁਪਏ ਦੀ ਲਾਗਤ ਨਾਲ ਨਵੀਆਂ ਲਾਈਟਾਂ ਲਗਵਾਉਣ ਦੇ ਕੰਮ ਦੀ ਸ਼ੁਰੂਆਤ ਆਮ ਆਦਮੀ ਪਾਰਟੀ ਵਿਧਾਨਸਭਾ ਹਲਕਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਵਲੋਂ ਕਰਵਾਈ ਗਈ। ਉਹਨਾਂ ਮੁਹੱਲਾ ਉਂਕਾਰ ਨਗਰ ਤੋਂ ਲਾਈਟਾਂ ਲਗਾਉਣ ਦੇ ਕੰਮ ਦੀ ਸ਼ੁਰੂਆਤ ਕਰਨ ਸਮੇਂ ਹਾਜਰੀਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸ਼ਹਿਰ ਵਾਸੀਆਂ ਦੀ ਹਰ ਸਮੱਸਿਆ ਦਾ ਢੁਕਵਾਂ ਹਲ ਕੀਤਾ ਜਾਵੇਗਾ। ਮਾਨ ਨੇ ਕਿਹਾ ਕਿ ਫਗਵਾੜਾ ਸ਼ਹਿਰ ਦੇ ਹਰੇਕ ਵਾਰਡ ਅਤੇ ਹਰੇਕ ਮੁਹੱਲੇ ਦੇ ਵਿਕਾਸ ਵਿਚ ਕੋਈ ਕਸਰ ਨਹੀਂ ਛੱਡੀ ਜਾਵੇਗੀ। ਉਹਨਾਂ ਸ਼ਹਿਰ ਵਾਸੀਆਂ ਨੂੰ ਪੁਰਜੋਰ ਅਪੀਲ ਕੀਤੀ ਕਿ ਨਗਰ ਨਿਗਮ ਚੋਣਾਂ ਦੌਰਾਨ ਆਪ ਪਾਰਟੀ ਦੇ ਹੱਥ ਹੋਰ ਮਜਬੂਤ ਕੀਤੇ ਜਾਣ ਤਾਂ ਜੋ ਕਾਰਪੋਰੇਸ਼ਨ ਅਤੇ ਪੰਜਾਬ ਸਰਕਾਰ ਦੀ ਮੱਦਦ ਨਾਲ ਸ਼ਹਿਰ ਦਾ ਸਮੁੱਚਾ ਵਿਕਾਸ ਹੋ ਸਕੇ। ਨਵੀਆਂ ਬਣੀਆਂ ਕਲੋਨੀਆਂ ਨੂੰ ਜਰੂਰੀ ਮੁੱਢਲੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਣ ਅਤੇ ਫਗਵਾੜਾ ਨੂੰ ਇਕ ਮਾਡਲ ਸਿਟੀ ਵਜੋਂ ਵਿਕਸਿਤ ਕੀਤਾ ਜਾ ਸਕੇ। ਇਸ ਮੌਕੇ ਪਾਰਟੀ ਦੇ ਸੂਬਾ ਸਪੋਕਸਪਰਸਨ ਹਰਨੂਰ ਸਿੰਘ ਮਾਨ, ਸੀਨੀਅਰ ਆਗੂ ਦਲਜੀਤ ਰਾਜੂ ਦਰਵੇਸ਼ ਪਿੰਡ, ਗੁਰਦੀਪ ਸਿੰਘ ਦੀਪਾ, ਸਮਰ ਗੁਪਤਾ, ਵਰੁਣ ਬੰਗੜ ਸਰਪੰਚ ਚੱਕ ਹਕੀਮ, ਮਹਿਲਾ ਆਗੂ ਪ੍ਰਿਤਪਾਲ ਕੌਰ ਤੁਲੀ, ਰਘਬੀਰ ਕੌਰ, ਬਲਬੀਰ ਠਾਕੁਰ, ਵਰੁਣ ਕੁਮਾਰ, ਚਮਨ ਲਾਲ, ਰਾਜੇਸ਼ ਕੌਲਸਰ, ਜਿੰਦਰ ਰਸੀਲਾ, ਸਨੀ ਬੱਤਾ, ਗੁਰਪ੍ਰੀਤ ਜੰਡੂ, ਬੰਟੀ ਗਿੱਲ, ਅਮਰਿੰਦਰ ਸਿੰਘ, ਇੰਦਰਜੀਤ ਸਿੰਘ, ਮਨਜੀਤ ਕੌਰ, ਉਂਕਾਰ ਸਿੰਘ ਤੋਂ ਇਲਾਵਾ ਇਲਾਕੇ ਦੇ ਪਤਵੰਤੇ ਵੱਡੀ ਗਿਣਤੀ ਵਿਚ ਹਾਜਰ ਸਨ।

# ਪੰਜਾਬ ਸਟੇਟ ਫੂਡ ਕਮਿਸ਼ਨ ਦੇ ਚੇਅਰਮੈਨ ਵੱਲੋਂ ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਨਾਲ ਮੀਟਿੰਗ

**ਜਲੰਧਰ -(ਇਕਬਾਲ ਸਿੰਘ ਉਭੀ)** ਪੰਜਾਬ ਸਟੇਟ ਫੂਡ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਵਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਨੈਸ਼ਨਲ ਫੂਡ ਸਕਿਊਰਟੀ ਐਕਟ ਨੂੰ ਹੇਠਲੇ ਪੱਧਰ ਤੱਕ ਲਾਗੂ ਕਰਨ ਲਈ ਵੱਖ-ਵੱਖ ਵਿਭਾਗਾਂ ਦੇ ਮੁੱਖੀਆਂ ਨਾਲ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਵੱਖ-ਵੱਖ ਕੰਮਾਂ ਦਾ ਜਾਇਜ਼ਾ ਲੈਂਦਿਆਂ ਚੇਅਰਮੈਨ ਸ਼ਰਮਾ ਨੇ ਬੱਚਿਆਂ ਲਈ ਪੌਸ਼ਟਿਕ ਖ਼ੁਰਾਕ ਅਤੇ ਵੰਡ ਪ੍ਰਣਾਲੀ ਨੂੰ ਯਕੀਨੀ ਬਣਾਉਣ ਦੀ ਹਦਾਇਤ ਕੀਤੀ।ਮਿੱਡ ਡੇਅ ਮੀਲ ਪ੍ਰੋਗਰਾਮ ਦੀ ਮਹੱਤਤਾ ਬਾਰੇ ਦੱਸਦਿਆਂ ਸ਼ਰਮਾ ਵੱਲੋਂ ਸਿੱਖਿਆ ਵਿਭਾਗ ਨੂੰ ਹਦਾਇਤ ਕੀਤੀ ਗਈ ਕਿ ਸਰਕਾਰੀ ਸਕੂਲਾਂ ਵਿੱਚ ਕਿਚਨ ਗਾਰਡਨ ਸਥਾਪਿਤ ਕੀਤੇ ਜਾਣ।ਉਨ੍ਹਾਂ ਦੱਸਿਆ ਕਿ ਇਹ ਗਾਰਡਨ ਵਿਦਿਆਰਥੀਆਂ ਨੂੰ ਜੈਵਿਕ ਖੇਤੀ ਸਿਖਾਉਣਗੇ।ਜ਼ਿਲ੍ਹੇ ਵਿੱਚ 1434 ਸਕੂਲਾਂ ਵਲੋਂ 1,30,683 ਵਿਦਿਆਰਥੀਆਂ ਨੂੰ ਇਸ ਪ੍ਰੋਗਰਾਮ ਤਹਿਤ ਮੁਫ਼ਤ ਖਾਣਾ ਮੁਹੱਈਆ ਕਰਵਾਇਆ ਜਾ ਰਿਹਾ ਹੈ।ਇਸ ਮੌਕੇ ਚੇਅਰਮੈਨ ਵਲੋਂ ਆਂਗਨਵਾੜੀ ਸੈਂਟਰਾਂ ਦੁਆਰਾ 6 ਸਾਲ ਤੋਂ ਹੇਠਾਂ ਬੱਚਿਆਂ ਲਈ ਚਲਾਏ ਜਾ ਰਹੇ ਪੌਸ਼ਟਿਕ ਪ੍ਰੋਗਰਾਮ ਦਾ ਵੀ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਭੋਜਨ ਦੀ ਗੁਣਵੱਤਾ ਨੂੰ ਪਹਿਲ ਦੇਣ ਦੀ ਹਦਾਇਤ ਕੀਤੀ ਗਈ।ਉਨ੍ਹਾਂ ਤਾੜਨਾ ਕੀਤੀ ਕਿ ਯੋਗ ਲਾਭਪਾਤਰੀਆਂ ਨੂੰ ਭੋਜਨ ਦੇ ਅਧਿਕਾਰ ਤੋਂ ਵਾਂਝਾ ਰੱਖਣ ਵਾਲਿਆਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਵਿਭਾਗਾਂ ਨੂੰ ਕਮਿਸ਼ਨ ਦਾ ਮੋਬਾਈਲ ਨੰਬਰ 9876764545 ਡਿਸਪਲੇਅ ਕਰਨ ਦੇ ਨਿਰਦੇਸ਼ ਵੀ ਦਿੱਤੇ। ਇਸ ਤੋਂ ਬਾਅਦ ਚੇਅਰਮੈਨ ਵਲੋਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨਾਲ ਆਦਮਪੁਰ ਬਲਾਕ ਦਾ ਦੌਰਾ ਕਰਕੇ ਜਨਤਕ ਵੰਡ ਪ੍ਰਣਾਲੀ ਦਾ ਜਾਇਜ਼ਾ ਵੀ ਲਿਆ ਗਿਆ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਦਿਹਾਤੀ ਵਿਕਾਸ) ਬੁੱਧੀਰਾਜ ਸਿੰਘ, ਸਿਵਲ ਸਰਜਨ ਡਾ. ਗੁਰਮੀਤ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਦੁਆਬਾ ਖਾਲਸਾ ਮਾਡਲ ਸੀਨੀਅਰ ਸੈਕੰਡਰੀ ਸਕੂਲ ਵਿਖੇ ਹੋਇਆ ਸਾਲਾਨਾ ਇਨਾਮ ਵੰਡ ਸਮਾਰੋਹ



**ਜਲੰਧਰ (ਸ਼ੈਲੀ ਐਲਬਰਟ)**

ਦੁਆਬਾ ਖਾਲਸਾ ਮਾਡਲ ਸੀਨੀਅਰ ਸੈਕੰਡਰੀ ਸਕੂਲ ਲਾਡੋਵਾਲੀ ਰੋਡ, ਜਲੰਧਰ ਵਿਖੇ ਸਲਾਨਾ ਇਨਾਮ ਵੰਡ ਸਮਾਰੋਹ ਕਰਾਵਾਇਆ ਗਿਆ , ਜਿਸ ਵਿੱਚ ਸਰਦਾਰ ਸੁੱਚਾ ਸਿੰਘ ਏਸ਼ੀਅਨ ਗੋਲਡ ਮੈਡਲਿਸਟ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਬੱਚਿਆਂ ਨੂੰ ਇਨਾਮ ਤਕਸੀਮ ਕੀਤੇ। ਉਹਨਾਂ ਨੇ ਬੱਚਿਆਂ ਨੂੰ ਸਖਤ ਮਿਹਨਤ ਕਰਨ ਅਤੇ ਆਪਣੇ ਭਵਿੱਖ ਨੂੰ ਉਜਲ ਬਣਾਉਣ ਲਈ ਪ੍ਰੇਰਿਆ। ਉਹਨਾਂ ਕਿਹਾ ਕਿ ਜੇਕਰ ਵਿਦਿਆਰਥੀ ਫਸਟ ਆਉਂਦਾ ਹੈ ਤਾਂ ਉਸ ਨੂੰ ਅੱਗੇ ਤੋਂ ਹੋਰ ਮਿਹਨਤ ਕਰਕੇ ਆਪਣਾ ਰਿਕਾਰਡ ਤੋੜਨਾ ਚਾਹੀਦਾ ਹੈ ਅਤੇ ਸੈਕਿੰਡ ਆਉਣ ਵਾਲੇ ਵਿਦਿਆਰਥੀ ਨੂੰ ਫਸਟ ਆਉਣ ਲਈ ਮਿਹਨਤ ਕਰਨੀ ਚਾਹੀਦੀ ਹੈ।ਉਹਨਾਂ ਕਿਹਾ ਕਿ ਸਾਨੂੰ ਆਪਣੇ ਸਮੇਂ ਦਾ ਸਦਉਪਯੋਗ ਕਰਨਾ ਚਾਹੀਦਾ ਹੈ।ਇਸ ਸਮੇਂ ਸਕੂਲ ਮੈਨੇਜਿੰਗ ਕਮੇਟੀ ਦੇ ਮੈਨੇਜਰ ਸਰਦਾਰ ਜਸਜੀਤ ਸਿੰਘ ਰਾਏ , ਸਰਦਾਰ ਜੋਗਿੰਦਰ ਸਿੰਘ ਸੰਘਾ, ਸਰਦਾਰ ਅਜੀਤ ਸਿੰਘ ਰਾਏ, ਸਰਦਾਰ ਮਨਜੀਤ ਸਿੰਘ ਅਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੇ ਪ੍ਰੋਗਰਾਮ ਦੀ ਸ਼ੁਰੂਆਤ ਸ਼ਬਦ ਗਾਇਨ ਨਾਲ ਕੀਤੀ। ਛੋਟੇ ਬੱਚਿਆਂ ਵੱਲੋਂ ਪੰਜਾਬੀ ਮਾਂ ਬੋਲੀ ਬਾਰੇ ਗੀਤ ਤੇ ਨਾਚ ਪੇਸ਼ ਕੀਤਾ ਗਿਆ। ਮਸ਼ਹੂਰ ਕਵਿਤਰੀ ਸੁਖਵਿੰਦਰ ਅੰਮ੍ਰਿਤ ਜੀ ਦੇ ਜੀਵਨ ਨਾਲ ਸੰਬੰਧਿਤ ਪੰਜਾਬੀ ਨਾਟਕ ਪੇਸ਼ ਕੀਤਾ ਗਿਆ ਜੋ ਕਿ ਕਲਾ- ਉਤਸਵ ਦੇ ਮੁਕਾਬਲਿਆਂ ਵਿੱਚੋਂ ਜ਼ਿਲ੍ਹਾ ਜਲੰਧਰ ਵਿੱਚ ਤੀਸਰਾ ਸਥਾਨ ਹਾਸਿਲ ਕਰ ਚੁੱਕਾ ਹੈ। ਪੰਜਾਬੀ ਮਾਂ ਬੋਲੀ ਅਤੇ ਪੰਜਾਬੀ ਸੱਭਿਆਚਾਰ ਨਾਲ ਸੰਬੰਧਿਤ ਪ੍ਰੋਗਰਾਮ ਸੰਮੀ, ਗਿੱਧਾ ਅਤੇ ਭੰਗੜਾ ਪੇਸ਼ ਕੀਤਾ ਗਿਆ। ਬੱਚਿਆਂ ਨੇ ਰੁੱਖ ਲਗਾਓ ਤੇ ਪ੍ਰਦੂਸ਼ਣ ਘਟਾਓ ਬਾਰੇ ਆਪਣੀ ਕਲਾ ਰਾਹੀਂ ਜਾਣਕਾਰੀ ਦਿੱਤੀ।ਪ੍ਰਿੰਸੀਪਲ ਸਰਦਾਰ ਤੇਗਾ ਸਿੰਘ ਸੰਧੂ ਨੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਬਾਰੇ ਦੱਸਿਆ। ਸਰਦਾਰ ਜਸਜੀਤ ਸਿੰਘ ਰਾਏ ਨੇ ਮੁੱਖ ਮਹਿਮਾਨ ਸਰਦਾਰ ਸੁੱਚਾ ਸਿੰਘ , ਸਮੂਹ ਕਮੇਟੀ ਮੈਂਬਰਾਂ ਅਤੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ।

# ਜ਼ਿਲ੍ਹਾ ਭਾਸ਼ਾ ਦਫ਼ਤਰ ਵੱਲੋਂ ਪੰਜਾਬੀ ਭਾਸ਼ਾ ਤੇ ਪੰਜਾਬੀ ਸਿਨੇਮਾ ਵਿਸ਼ੇ ਸੰਬੰਧੀ ਵਿਚਾਰ-ਚਰਚਾ

**ਮੋਹਾਲੀ (ਗੁਰਜੀਤ ਬਿੱਲਾ)**

ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਬਾਰੇ ਮੰਤਰੀ ਹਰਜੋਤ ਸਿੰਘ ਬੈਂਸ ਦੀ ਰਹਿਨੁਮਾਈ ਅਤੇ ਡਾਇਰੈਕਟਰ ਭਾਸ਼ਾ ਵਿਭਾਗ, ਪੰਜਾਬ ਜਸਵੰਤ ਸਿੰਘ ਜ਼ਫ਼ਰ ਦੇ ਦਿਸ਼ਾ-ਨਿਰਦੇਸ਼ ਹੇਠ ਜ਼ਿਲ੍ਹਾ ਭਾਸ਼ਾ ਦਫ਼ਤਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵੱਲੋਂ 'ਪੰਜਾਬੀ ਭਾਸ਼ਾ ਅਤੇ ਪੰਜਾਬੀ ਸਿਨੇਮਾ' ਵਿਸ਼ੇ ਸਬੰਧੀ ਵਿਚਾਰ ਚਰਚਾ ਆਯੋਜਿਤ ਕੀਤੀ ਗਈ। ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਸ਼੍ਰੀਮਤੀ ਆਸ਼ਿਕਾ ਜੈਨ (ਆਈ.ਏ.ਐੱਸ.) ਡਿਪਟੀ ਕਮਿਸ਼ਨਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵੱਲੋਂ ਸ਼ਿਰਕਤ ਕੀਤੀ ਗਈ। ਸਮਾਗਮ ਦੀ ਪ੍ਰਧਾਨਗੀ ਪ੍ਰੋ. ਯੋਗ ਰਾਜ (ਮੁਖੀ, ਪੰਜਾਬੀ ਅਧਿਐਨ ਸਕੂਲ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ) ਵੱਲੋਂ ਕੀਤੀ ਗਈ। ਸਮਾਗਮ ਦੇ ਪ੍ਰਮੁੱਖ ਬੁਲਾਰੇ ਉੱਘੇ ਨਾਟਕਕਾਰ ਅਤੇ ਫ਼ਿਲਮ ਲੇਖਕ ਪ੍ਰੋ. ਪਾਲੀ ਭੁਪਿੰਦਰ ਸਿੰਘ ਸਨ ਅਤੇ ਵਿਸ਼ੇਸ਼ ਮਹਿਮਾਨ ਵਜੋਂ ਅਮਿਤੋਜ ਮਾਨ (ਫ਼ਿਲਮ ਅਭਿਨੇਤਾ, ਡਾਇਰੈਕਟਰ ਅਤੇ ਲੇਖਕ) ਸ਼ਾਮਲ ਹੋਏ। ਸਮਾਗਮ ਦੀ ਸ਼ੁਰੂਆਤ ਵਿਭਾਗੀ ਧੁਨੀ 'ਧਨੁ ਲੇਖਾਰੀ ਨਾਨਕਾ' ਨਾਲ ਕੀਤੀ ਗਈ। ਉਪਰੰਤ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਦਰਸ਼ਨ ਕੌਰ ਵੱਲੋਂ ਆਏ ਹੋਏ ਮਹਿਮਾਨਾਂ ਅਤੇ ਸ੍ਰੋਤਿਆਂ ਨੂੰ 'ਜੀ ਆਇਆਂ ਨੂੰ' ਕਹਿੰਦਿਆਂ ਕਰਵਾਈ ਜਾ ਰਹੀ ਵਿਚਾਰ ਚਰਚਾ ਦੇ ਮਨੋਰਥ ਬਾਰੇ ਹਾਜ਼ਰੀਨ ਨੂੰ ਜਾਣੂ ਕਰਵਾਇਆ ਗਿਆ। ਮੁੱਖ ਮਹਿਮਾਨ ਸ਼੍ਰੀਮਤੀ ਆਸ਼ਿਕਾ ਜੈਨ ਵੱਲੋਂ ਸ੍ਰੋਤਿਆਂ ਦੇ ਸਨਮੁੱਖ ਹੁੰਦਿਆਂ ਆਖਿਆ ਗਿਆ ਕਿ ਸਿਨੇਮਾ, ਸਾਹਿਤ ਅਤੇ ਭਾਸ਼ਾ ਤਿੰਨੋ ਸਮਾਜ ਦੇ ਅਨਿੱਖੜਵੇ ਅੰਗ ਹਨ। ਸਾਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਅਸੀਂ ਪੰਜਾਬੀ ਭਾਸ਼ਾ ਦੀ ਸ਼ੁੱਧ ਵਰਤੋਂ ਕਰਦੇ ਹੋਏ ਇਸ ਨੂੰ ਹੋਰ ਪ੍ਰਫੁਲਿਤ ਕਰੀਏ। ਪੰਜਾਬੀ ਸਿਨੇਮੇ ਰਾਹੀਂ ਪੰਜਾਬੀ ਭਾਸ਼ਾ ਦਾ ਗਲੋਬਲੀ ਚਰਿੱਤਰ ਹੋਰ ਵਧੇਰੇ ਨਿੱਖਰ ਰਿਹਾ ਹੈ। ਉਨ੍ਹਾਂ ਇਹ ਵੀ ਆਖਿਆ ਕਿ ਪੰਜਾਬ ਸਰਕਾਰ ਪੰਜਾਬੀ ਭਾਸ਼ਾ ਸੱਭਿਆਚਾਰ ਅਤੇ ਸਿਨੇਮੇ ਨੂੰ ਇੱਕ ਸਾਂਝੇ ਮੰਚ ਰਾਹੀਂ ਪ੍ਰਫੁਲਿਤ ਕਰਨ ਲਈ ਪਹਿਲ ਦੇ ਅਧਾਰ 'ਤੇ ਨੀਤੀਆਂ ਤਿਆਰ ਕਰੇਗੀ ਅਤੇ ਮਾਤ ਭਾਸ਼ਾ ਪੰਜਾਬੀ ਦਾ ਝੰਡਾ ਬੁਲੰਦ ਰੱਖਣ ਲਈ ਸਦਾ ਵਚਨਬੱਧ ਰਹੇਗੀ। ਪ੍ਰੋ. ਯੋਗ ਰਾਜ ਨੇ ਪ੍ਰਧਾਨਗੀ ਭਾਸ਼ਣ ਵਿਚ ਆਖਿਆ ਕਿ ਪੰਜਾਬੀ ਭਾਸ਼ਾ ਅਤੇ ਸਿਨੇਮਾ ਅੰਤਰ ਸੰਬੰਧਿਤ ਹਨ। ਭਾਸ਼ਾ ਨੂੰ ਪ੍ਰਫੁਲਿਤ ਕਰਨ ਲਈ ਸਮਾਜਿਕ ਪੱਧਰ 'ਤੇ ਜਿਹੜੀਆਂ ਵਿਧੀਆਂ ਵਰਤੀਆਂ ਜਾਂਦੀਆਂ ਹਨ ਉਨ੍ਹਾਂ ਵਿੱਚੋਂ ਸਿਨੇਮੇ ਦੀ ਅਹਿਮ ਭੂਮਿਕਾ ਹੈ ਕਿਉਂਕਿ ਸਿਨਮੇ ਦੀ ਪਹੁੰਚ ਹਰ ਬਾਸ਼ਿੰਦੇ ਤੱਕ ਹੁੰਦੀ ਹੈ। ਇਸ ਲਈ ਭਾਸ਼ਾ ਅਤੇ ਨਰੋਏ ਸੱਭਿਆਚਾਰ ਨੂੰ ਸਿਨੇਮੇ ਜ਼ਰੀਏ ਸਹਿਜੇ ਹੀ ਪ੍ਰਫੁਲਿਤ ਕੀਤਾ ਜਾ ਸਕਦਾ ਹੈ। ਸਮਾਗਮ ਦੇ ਪ੍ਰਮੁੱਖ ਬੁਲਾਰੇ ਪ੍ਰੋ. ਪਾਲੀ ਭੁਪਿੰਦਰ ਸਿੰਘ ਵੱਲੋਂ ਕਿਹਾ ਗਿਆ ਕਿ ਅਜੋਕੇ ਸੋਸ਼ਲ ਮੀਡੀਆ ਅਤੇ ਮਸ਼ੀਨੀ ਬੁੱਧੀਮਾਨਤਾ ਅਤੇ ਨੈੱਟਫਲਿੱਕਸ ਦੇ ਦੌਰ ਵਿੱਚ ਪੰਜਾਬੀ ਭਾਸ਼ਾ ਨੂੰ ਕਈ ਚੁਣੌਤੀਆਂ ਦਰਪੇਸ਼ ਹਨ ਅਤੇ ਸਭ ਤੋਂ ਵੱਡੀ ਚੁਣੌਤੀ ਪੰਜਾਬੀ ਬੰਦੇ ਦੀ ਆਪਣੇ ਸਿਨੇਮੇ, ਸਾਹਿਤ, ਕਲਾ ਅਤੇ ਭਾਸ਼ਾ ਪ੍ਰਤੀ ਅਣਗਹਿਲੀ ਹੈ। ਪੰਜਾਬੀ ਭਾਸ਼ਾ ਲਈ ਸਾਡੇ ਅੰਦਰ ਬੈਠੀ ਹੀਣ ਭਾਵਨਾ ਨਾਲ ਅਸੀਂ ਪੰਜਾਬੀ ਸਿਨੇਮੇ ਨੂੰ ਦੱਖਣੀ ਸਿਨੇਮੇ ਵਾਂਗ ਵਿਸ਼ਵ ਪੱਧਰ ਦੇ ਮੁਕਾਮ 'ਤੇ ਨਹੀਂ ਲੈ ਕੇ ਜਾ ਸਕਦੇ। ਵਿਸ਼ੇਸ਼ ਮਹਿਮਾਨ ਅਮਿਤੋਜ ਮਾਨ ਵੱਲੋਂ ਆਖਿਆ ਗਿਆ ਕਿ ਅੱਜ ਦੇ ਸਮੇਂ ਵਿੱਚ ਸਿਨੇਮਾ ਸਭ ਤੋਂ ਵੱਡਾ ਹਥਿਆਰ ਹੈ। ਜੇ ਇਸ ਦਾ ਸਦਉਪਯੋਗ ਕੀਤਾ ਜਾਵੇ ਤਾਂ ਯੁੱਗ ਬਦਲਿਆ ਜਾ ਸਕਦਾ ਹੈ। ਇਸ ਦੀ ਸਭ ਤੋਂ ਵੱਡੀ ਜ਼ਿੰਮੇਵਾਰੀ ਨੌਜਵਾਨ ਵਰਗ ਦੀ ਹੈ ਕਿਉਂਕਿ ਫ਼ਿਲਮਾਂ ਦੇ ਸੰਵਾਦ ਅਤੇ ਗੀਤ ਨੌਜਵਾਨੀ ਦਾ ਤਕੀਆ-ਕਲਾਮ ਬਣਦੇ ਹਨ। ਇਸ ਲਈ ਉਨ੍ਹਾਂ ਨੂੰ ਚੰਗੇ ਸਿਨੇਮੇ ਨੂੰ ਪ੍ਰਮੋਟ ਕਰਨਾ ਚਾਹੀਦਾ ਹੈ। ਚੰਗਾ ਸਿਨੇਮਾ ਕਿਸੇ ਖਿੱਤੇ ਦੀ ਭਾਸ਼ਾ, ਸਾਹਿਤ, ਸੱਭਿਆਚਾਰ ਦੀ ਤਸਵੀਰਕਸ਼ੀ ਕਰਨ ਦੇ ਨਾਲ਼-ਨਾਲ਼ ਉਸ ਨੂੰ ਪ੍ਰਭਾਵਿਤ ਵੀ ਕਰਦਾ ਹੈ। ਇਸ ਸਮਾਗਮ ਮੌਕੇ ਡਾ. ਰਵਿੰਦਰ ਸਿੰਘ ਧਾਲੀਵਾਲ, ਕਾਬਲ ਸਿੰਘ, ਜਪਨੀਤ ਕੌਰ ਗਰਿਮਾ ਕੁਮਾਰੀ, ਨਰਿੰਦਰ ਸਿੰਘ, ਗੁਰਸੇਵਕ ਸਿੰਘ, ਤੇਜਿੰਦਰਪਾਲ ਕੌਰ, ਨਿਮਰਤਾਜੀਤ ਕੌਰ, ਦਲਵੀਰ ਸਿੰਘ, ਕਰਮਨਦੀਪ ਕੌਰ, ਪੱਲਵੀ ਭਾਰਦਵਾਜ, ਪ੍ਰਿਯੰਕਾ ਸੈਣੀ, ਸੁਖਵਿੰਦਰ ਸਿੰਘ, ਗੁਰਵਿੰਦਰ ਸਿੰਘ,ਬਲਦੇਵ ਸਿੰਘ ਅਤੇ ਮਨਜੀਤ ਸਿੰਘ ਵੱਲੋਂ ਵੀ ਸ਼ਿਰਕਤ ਕੀਤੀ ਗਈ। ਸਮਾਗਮ ਦੇ ਅੰਤ ਵਿੱਚ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਦਰਸ਼ਨ ਕੌਰ ਵੱਲੋਂ ਸਮੂਹ ਪ੍ਰਧਾਨਗੀ ਮੰਡਲ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਅਤੇ ਸਮਾਗਮ ਵਿੱਚ ਪਹੁੰਚਣ ਲਈ ਸਮੂਹ ਸ੍ਰੋਤਿਆਂ ਦਾ ਧੰਨਵਾਦ ਕੀਤਾ ਗਿਆ। ਮੰਚ ਸੰਚਾਲਨ ਸੁਖਪ੍ਰੀਤ ਕੌਰ ਵੱਲੋਂ ਕੀਤਾ ਗਿਆ। ਇਸ ਮੌਕੇ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ, ਮੋਹਾਲੀ ਵੱਲੋਂ ਪੁਸਤਕ ਪ੍ਰਦਰਸ਼ਨੀ ਵੀ ਲਗਾਈ ਗਈ।

# ਕਮਲਜੀਤ ਕੌਰ ਸਾਇੰਸ ਟੀਚਰ ਨਾਲ ਖੁਸ਼ੀ ਕੀਤੀ ਸਾਂਝੀ



**ਭੋਗਪੁਰ (ਕੁਲਵੀਰ ਸਿੰਘ ਕਾਹਲੋਂ)**- ਕਲਮਾਂ ਦਾ ਕਾਫਲਾ ਅੰਤਰਰਾਸ਼ਟਰੀ ਸਾਹਿਤਿਕ ਮੰਚ ਦੇ ਪ੍ਰਧਾਨ ਮੈਡਮ ਗੁਰਜੀਤ ਕੌਰ ਅਜਨਾਲਾ, ਮਲਕੀਤ ਸਿੰਘ ਪਾਪੀ , ਡਾਕਟਰ ਗੁਰਚਰਨ ਗਾਂਧੀ, ਸਤਨਾਮ ਕੌਰ ਤੁਗਲਵਾਲ ,ਪ੍ਰਿੰਸੀਪਲ ਸੁਖਬੀਰ ਸਿੰਘ , ਅਨਵਰ ਖਾਨ ਮਲੇਰ ਕੋਟਲਾ, ਆਲਮੀ ਪੰਜਾਬੀ ਵਿਰਾਸਤ ਦੇ ਪ੍ਰਧਾਨ ਭੁਪਿੰਦਰ ਸਿੰਘ ਸੰਧੂ, ਬਾਬਾ ਦੀਪ ਸਿੰਘ ਫੈਡਰੇਸ਼ਨ ਦੇ ਪ੍ਰਧਾਨ ਰਛਪਾਲ ਸਿੰਘ ਬਾਗੀ ਅਤੇ ਹੋਰ ਮਹਾਨ ਹਾਜ਼ਰ ਸ਼ਖ਼ਸੀਅਤਾਂ ਨੇ ਕਮਲਜੀਤ ਕੌਰ ਸਾਇੰਸ ਟੀਚਰ ਐਸਓਈ ਸਕੂਲ ਮਕਸੂਦਾ ਜਲੰਧਰ ਨੂੰ ਪੰਜਾਬੀ ਸਾਹਿਤ ਖੇਤਰ ਵਿੱਚ ਪਾਏ ਗਏ ਵੱਡਮੁੱਲੇ ਯੋਗਦਾਨ ਸਦਕਾ ਕਲਮਾਂ ਦਾ ਕਾਫਲਾ ਅੰਤਰਰਾਸ਼ਟਰੀ ਸਾਹਿਤਿਕ ਮੰਚ ਵਿਰਸਾ ਵਿਹਾਰ ਅੰਮ੍ਰਿਤਸਰ ਵਿਖੇ ਸਨਮਾਨਿਤ ਕਰਦਿਆਂ ਮਾਣ ਮਹਿਸੂਸ ਕਰਦਾ ਹੈ।

# ਜਥੇਦਾਰ ਬਾਬਾ ਗੁਰਦੇਵ ਸਿੰਘ ਨੇ ਕੀਤਾ ਇੰਟਰਲਾਕ ਸੜਕ ਦਾ ਉਦਘਾਟਨ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਪਿੰਡ ਹਰਦਾਸਪੁਰ ਵਿਖੇ ਗੁਰਦੁਆਰਾ ਪਿੱਪਲੀ ਸਾਹਿਬ ਜੀ ਨੂੰ ਜਾਣ ਵਾਲੀ ਇੰਟਰਲਾਕ ਸੜਕ ਦਾ ਉਦਘਾਟਨ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ ਵੱਲੋਂ ਅਰਦਾਸ ਕਰਨ ਉਪਰੰਤ ਰਿਬਨ ਕੱਟ ਕੇ ਕੀਤਾ ਗਿਆ।ਇਸ ਮੌਕੇ ਬਾਬਾ ਜਤਿੰਦਰ ਸਿੰਘ ਖਾਲਸਾ ਨੇ ਪੱਤਰਕਾਰਾਂ ਨਾਲ਼ ਗੱਲਬਾਤ ਕਰਦਿਆਂ ਦੱਸਿਆ ਕਿ ਸਮਾਗਮ ਦੌਰਾਨ ਸ੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਪਾਏ ਗਏ।ਉਪਰੰਤ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ, ਭਾਈ ਜਤਿੰਦਰ ਸਿੰਘ ਖਾਲਸਾ ਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਭਾਈ ਜਤਿੰਦਰ ਸਿੰਘ ਖਾਲਸਾ ਨੇ ਦੱਸਿਆ ਕਿ ਮੱਖਣ ਸਿੰਘ ਹਰਦਾਸਪੁਰ, ਕੁਲਵੰਤ ਕੌਰ ਅਮਰੀਕਾ, ਭਾਈ ਰਜਿੰਦਰ ਸਿੰਘ, ਸੁਖਨਿੰਦਰ ਸਿੰਘ ਵੱਲੋਂ ਗੁਰਦੁਆਰਾ ਪਿੱਪਲੀ ਸਾਹਿਬ ਨੂੰ ਜਾਣ ਵਾਲੀ ਇੰਟਰਲਾਕ ਲਿੰਕ ਸੜਕ ਅਤੇ ਵਿਹੜੇ ਵਿੱਚ ਇੰਟਰਲੋਕ ਟਾਈਲਾਂ ਲਗਾਈਆ ਗਈਆ।ਇਸ ਮੌਕੇ ਜਥੇਦਾਰ ਬਾਬਾ ਗੁਰਦੇਵ ਸਿੰਘ ਜੀ ਮੁੱਖੀ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਜੀ ਛਾਉਣੀ ਨਿਹੰਗ ਸਿੰਘਾ ਬਜਵਾੜਾ ਕਲਾਂ ਨੇ ਸਹਿਯੋਗੀਆਂ ਨੂੰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮਾਗਮ ਦੌਰਾਨ ਜਥੇਦਾਰ ਬਾਬਾ ਗੁਰਦੇਵ ਸਿੰਘ ਜੀ ਤਰਨਾ ਦਲ ਬਜਵਾੜਾ ਕਲਾਂ, ਬਾਬਾ ਜਤਿੰਦਰ ਸਿੰਘ ਪਿੱਪਲੀ ਸਾਹਿਬ, ਬੀਬੀ ਮਨਪ੍ਰੀਤ ਕੌਰ, ਅਵਤਾਰ ਸਿੰਘ, ਬਲਜੀਤ ਕੌਰ, ਚੇਅਰਮੈਨ ਦੀਪ ਸਿੰਘ, ਮਨਦੀਪ ਕੌਰ, ਜਥੇਦਾਰ ਰਜਿੰਦਰ ਸਿੰਘ ਫਗਵਾੜਾ, ਜਥੇਦਾਰ ਕੁਲਵਰਨ ਸਿੰਘ ਗੋਪਾਲੀਆਂ, ਜਥੇਦਾਰ ਬਾਬਾ ਪ੍ਰਿਤਪਾਲ ਸਿੰਘ, ਬਾਬਾ ਜਸਕਰਨ ਸਿੰਘ ਰੰਧਾਵਾ ਮਸੰਦਾ, ਬਾਬਾ ਕੁਲਵੰਤ ਸਿੰਘ ਹਾਰਟਾ ਮਦਨ ਸਿੰਘ ਬਘੇਲਾ, ਬਾਬਾ ਮਨਜਿੰਦਰ ਸਿੰਘ ਰਾਏਪੁਰ, ਸੰਨੀ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਹਾਜ਼ਰ ਸਨ।



## ਰਾਈਟਿੰਗ ਤੇ ਡਰਾਇੰਗ ਮੁਕਾਬਲੇ ਕਰਾਏ



**ਜਗਰਾਉਂ (ਅਮਿਤ ਖੰਨਾ)**-ਬੀ.ਬੀ.ਐੱਸ.ਬੀ. ਕਾਨਵੈਂਟ ਸਕੂਲ, ਸਿੱਧਵਾਂ ਦੀ ਨਾਮਵਰ ਵਿੱਦਿਅਕ ਸੰਸਥਾ ਬੀ.ਬੀ.ਐੱਸ.ਬੀ. ਕਾਨਵੈਂਟ ਸਕੂਲ ਵੱਲੋਂ ਨੈਸ਼ਨਲ ਲੈਵਲ ਕੰਪੀਟੀਸ਼ਨ ਕਰਾਇਆ ਗਿਆ, ਜਿਸ ਵਿੱਚ ਰਾਈਟਿੰਗ ਤੇ ਕਲਰਿੰਗ ਮੁਕਾਬਲੇ ਕਰਾਏ ਗਏ।ਇਹ ਮੁਕਾਬਲੇ ਸੈਂਟਰ ਫੌਰ ਐਡੂਕੇਸ਼ਨ ਡਿਵੈਲਪਮੈਂਟ ਐਂਡ ਰੀਸਰਚ, ਮਹਾਰਾਸ਼ਟਰਾ ਵਲੋਂ ਵੱਖ-ਵੱਖ ਸਕੂਲਾਂ ਵਿੱਚ ਕਰਾਏ ਗਏ, ਜਿਸ ਵਿੱਚ ਤਕਰੀਬਨ ਭਾਰਤ ਦੇ ਸਾਰੇ ਸਕੂਲਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਮੁਕਾਬਲੇ ਵਿੱਚ ਬੀ.ਬੀ.ਐੱਸ.ਬੀ. ਕਾਨਵੈਂਟ ਸਕੂਲ ਸਿੱਧਵਾਂ ਬੇਟ ਦੇ ਲਗਭਗ 140 ਵਿਦਿਆਰਥੀਆਂ ਨੇ ਹਿੱਸਾ ਲਿਆ, ਜਿਸ ਵਿੱਚੋਂ ਚਾਰ ਬੱਚਿਆਂ ਨੇ ਅ+ ਗਰੇਡ ਹਾਸਲ ਕਰਕੇ ਆਪਣਾ ਅਤੇ ਆਪਣੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਸਾਰੇ ਬੱਚਿਆਂ ਨੂੰ ਸੈਂਟਰ ਫੌਰ ਐਡੂਕੇਸ਼ਨ ਡਿਵੈਲਪਮੈਂਟ ਐਂਡ ਰੀਸਰਚ, ਮਹਾਰਾਸ਼ਟਰਾ ਵੱਲੋਂ ਸਰਟੀਫੀਕੇਟ ਤੇ ਚਾਰ ਅ+ ਵਾਲੇ ਵਿਦਿਆਰਥੀਆਂ ਨੂੰ ਗੋਲਡ ਮੈਡਲ ਵੀ ਦਿੱਤੇ ਗਏ।ਸਕੂਲ ਪ੍ਰਿੰਸੀਪਲ ਮੈਡਮ ਮਿਸਜ ਮੋਨਾ ਠਾਕੁਰ ਨੇ ਬੱਚਿਆਂ ਨੂੰ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਸਰੇ ਬੱਚਿਆਂ ਨੂੰ ਹੀ ਇਸ ਤਰ੍ਹਾਂ ਦੇ ਮੁਕਾਬਲਿਆਂ ਵਿੱਚ ਭਾਗ ਲੈਣਾ ਚਾਹੀਦਾ ਹੈ। ਇਹ ਮੁਕਾਬਲੇ ਬੱਚਿਆਂ ਦਾ ਮਾਨਸਿਕ ਤੇ ਸਰੀਰਕ ਵਿਕਾਸ ਕਰਦੇ ਹਨ।ਇਸ ਦੇ ਨਾਲ-ਨਾਲ ਬੱਚਿਆਂ ਨੂੰ ਪੜ੍ਹਾਈ ਤੋਂ ਹਟਕੇ ਵੀ ਕੁੱਝ ਸਿਖਣ ਨੂੰ ਮਿਲਦਾ ਹੈ।

## ਦੋ ਸਾਈਕਲਿਸਟਾਂ ਨੇ 1200 ਕਿਲੋਮੀਟਰ ਦੀ ਰਾਈਡ ਲਾ ਕੇ ਸ਼ਹਿਰ ਦਾ ਕੀਤਾ ਨਾਂਅ ਰੌਸ਼ਨ



**ਮਲੋਟ (ਗੁਰਮੀਤ ਸਿੰਘ ਮੱਕੜ)**-ਦੋ ਸਾਈਕਲਿਸਟਾਂ ਗੁਰਪ੍ਰੀਤ ਸਿੰਘ ਲੰਬੀ ਤੇ ਨਵੀਨ ਦਿਉੜਾ ਨੇ ਔਡੈਕਸ ਇੰਡੀਆ ਰੈਂਡੋਨੀਅਰਸ (ਏ.ਆਈ.ਆਰ) ਵੱਲੋ ਕਰਾਈ ਗਈ ਦੇਸ਼ ਦੀ ਸਭ ਤੋਂ ਲੰਬੀ ਰਾਈਡ 1200 ਕਿ.ਮੀ. ਲਗਾ ਕੇ ਮਲੋਟ ਸ਼ਹਿਰ ਦਾ ਨਾਂਅ ਰੌਸ਼ਨ ਕੀਤਾ। ਸਾਈਕਲਿਸਟ ਗੁਰਪ੍ਰੀਤ ਸਿੰਘ ਲੰਬੀ ਤੇ ਨਵੀਨ ਦਿਉੜਾ ਨੇ ਦੱਸਿਆ ਕਿ ਇਹ ਰਾਈਡ ਪਟਿਆਲਾ ਰੈਂਡੋਨੀਅਰਸ ਕਲੱਬ ਦੇ ਸੰਚਾਲਕ ਗੁਰਜੀਤ ਸਿੰਘ ਵੱਲੋਂ ਕਰਾਈ ਗਈ, ਜੋ ਪਟਿਆਲਾ, ਜ਼ੀਰਕਪੁਰ, ਅੰਬਾਲਾ, ਕਾਲਾ ਅੰਬ, ਨਾਹਨ, ਪਾਉਂਟਾ ਸਾਹਿਬ, ਜਗਾਧਰੀ ਹੁੰਦੇ ਹੋਏ ਅੰਬਾਲਾ, ਜ਼ੀਰਕਪੁਰ, ਧਰਮਪੁਰ, ਜ਼ੀਰਕਪੁਰ, ਖਰੜ, ਸ਼੍ਰੀ ਆਨੰਦਪੁਰ ਸਾਹਿਬ, ਨੰਗਲ, ਮਹਿਤਪੁਰ (ਊਨਾ) ਤੋਂ ਵਾਪਸੀ ਨਵਾਂਸ਼ਹਿਰ, ਜਲੰਧਰ, ਪਠਾਨਕੋਟ ਤੋਂ ਹੁੰਦੇ ਹੋਏ ਗੁਰਦਾਸਪੁਰ, ਸ਼੍ਰੀ ਅੰਮ੍ਰਿਤਸਰ ਸਾਹਿਬ, ਜਲੰਧਰ, ਲੁਧਿਆਣਾ, ਰਾਜਪੁਰਾ ਅਤੇ ਪਟਿਆਲਾ ਵਿਖੇ ਖਤਮ ਹੋਈ। ਉਨ੍ਹਾਂ ਦੱਸਿਆ ਕਿ ਇਹ ਰਾਈਡ ਨੇ ਤਿੰਨ ਰਾਜ ਪੰਜਾਬ, ਹਰਿਆਣਾ ਤੇ ਹਿਮਾਚਲ ਪ੍ਰਦੇਸ਼ ਨੂੰ ਕਵਰ ਕੀਤਾ ਹੈ। ਇਸ ਰਾਈਡ ਵਿਚ ਦੇਸ਼ ਦੇ ਨਾਮੀ 9 ਸਾਈਕਲਿਸਟ ਨੇ ਭਾਗ ਲਿਆ। ਮਲੋਟ ਦੇ ਇਨ੍ਹਾਂ ਦੋਵੇਂ ਸਾਈਕਲਿਸਟਾਂ ਨੇ ਇਹ ਰਾਈਡ ਮਿੱਥੇ ਸਮੇਂ ਤੋ 2 ਘੰਟੇ ਪਹਿਲਾਂ ਖਤਮ ਕਰਕੇ ਜਿੱਥੇ ਆਪਣੇ ਜਨੂੰਨ ਦੀ ਮਿਸਾਲ ਪੇਸ਼ ਕੀਤੀ ਹੈ, ਉੱਥੇ ਹੀ ਮਲੋਟ ਸ਼ਹਿਰ ਦਾ ਨਾਂਅ ਚਮਕਾਇਆ ਹੈ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਨਵੀਨ ਦਿਉੜਾ ਨੇ ਔਡੈਕਸ ਇੰਡੀਆ ਰੈਂਡੋਨੀਅਰਸ (ਏ.ਆਈ.ਆਰ) ਦੇ ਹਿਸਾਰ ਰੈਂਡੋਨੀਅਰਸ ਵੱਲੋ ਕਰਵਾਈ 29 ਮਾਰਚ 2024 ਨੂੰ 1000 ਕਿ.ਮੀ. ਦੀ ਰਾਈਡ ਨੂੰ ਸਫਲਤਾਪੂਰਵਕ ਪੂਰਾ ਕੀਤਾ ਗਿਆ ਅਤੇ ਮੋਹਾਲੀ ਤੋਂ ਕਾਜਾ ਤੱਕ ਦਾ ਸਫਰ ਵੀ ਸਾਈਕਲ 'ਤੇ ਪੂਰਾ ਕਰ ਚੁੱਕੇ ਹਨ।

## ਸਾਬਕਾ ਕੌਂਸਲਰ ਬਲਵਿੰਦਰ ਸਿੰਘ ਰਵੀ ਨੇ 'ਆਪ' ਦਾ ਫੜਿਆ ਪੱਲਾ



**ਨਾਭਾ (ਵਰਿੰਦਰ ਵਰਮਾ)**-ਸੂਬਾ ਪੰਜਾਬ ਦੇ ਕ੍ਰਾਂਤੀਕਾਰੀ ਮੁੱਖ ਮੰਤਰੀ ਵੱਲੋਂ ਚਲਾਈ ਜਾ ਰਹੀਆਂ ਲੋਕ ਭਲਾਈ ਦੀਆਂ ਸਕੀਮਾਂ ਨੂੰ ਵੇਖਦੇ ਹੋਏ ਲੋਕ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਰਹੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਨ ਸਭਾ ਤੋਂ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਆਪਣੇ ਦਫਤਰ ਵਿਖੇ ਸ਼ੋਮਣੀ ਅਕਾਲੀ ਦਲ ਦੇ ਸਾਬਕਾ ਕੌਂਸਲਰ ਬਲਵਿੰਦਰ ਸਿੰਘ ਰਵੀ ਨੂੰ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਕਰਨ ਉਪਰੰਤ ਕੀਤਾ।ਉਨ੍ਹਾਂ ਦੱਸਿਆ ਕਿ ਬਲਵਿੰਦਰ ਸਿੰਘ ਰਵੀ ਕਾਫੀ ਮਿਹਨਤੀ ਵਰਕਰ ਹਨ।ਇਨ੍ਹਾਂ ਨੇ ਕਾਫੀ ਲੰਬਾ ਸਮਾਂ ਸ਼੍ਰੋਮਣੀ ਅਕਾਲੀ ਦਲ ਪਾਰਟੀ ਵਿੱਚ ਸੇਵਾ ਨਿਭਾਈ ਹੈ।ਦੇਵ ਮਾਨ ਨੇ ਕਿਹਾ ਕਿ ਬਲਵਿੰਦਰ ਸਿੰਘ ਰਵੀ ਨੂੰ ਪਾਰਟੀ ਵਿੱਚ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ।ਪਾਰਟੀ ਵਿੱਚ ਸ਼ਾਮਿਲ ਹੋਣ ਉਪਰੰਤ ਬਲਵਿੰਦਰ ਸਿੰਘ ਰਵੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਤ ਹੋ ਕੇ ਉਨ੍ਹਾਂ ਦੇਵ ਮਾਨ ਦੀ ਅਗਵਾਈ ਹੇਠ ਆਪ ਦਾ ਪੱਲਾ ਫੜਿਆ ਹੈ।

## ਸਕੂਲ 'ਚ ਬੈਗਲੈੱਸ ਡੇਅ ਮਨਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿਦਿਆ ਮੰਦਰ ਵਿਖੇ ਤੀਜੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਲਈ ਬੈਗਲੈੱਸ ਡੇਅ ਮਨਾਇਆ।ਪ੍ਰਿੰਸੀਪਲ ਰਪਿੰਦਰ ਪਟਿਆਲ ਅਨੁਸਾਰ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ 'ਚ ਰਚਨਾਤਮਕਤਾ ਨੂੰ ਉਤਸ਼ਾਹਤ ਕਰਨਾ, ਅਕਾਦਮਿਕ ਦਬਾਅ ਨੂੰ ਘਟਾਉਣਾ ਤੇ ਉਨ੍ਹਾਂ ਨੂੰ ਰਵਾਇਤੀ ਸਿੱਖਣ ਦੀਆਂ ਗਤੀਵਿਧੀਆਂ ਤੋਂ ਇਲਾਵਾ ਕੁਝ ਨਵਾਂ ਅਨੁਭਵ ਕਰਨ ਦਾ ਮੌਕਾ ਦੇਣਾ ਸੀ।ਹਾਲਾਂਕਿ ਵਿਦਿਆਰਥੀਆਂ ਨੂੰ ਆਮ ਤੌਰ 'ਤੇ ਭਾਰੀ ਬੈਗ ਵਿੱਚ ਕਿਤਾਬਾਂ ਲਿਆਉਣੀਆਂ ਪੈਂਦੀਆਂ ਹਨ, ਇਸ ਦਿਨ ਉਨ੍ਹਾਂ ਨੂੰ ਆਪਣੇ ਸਕੂਲ ਬੈਗ ਘਰ ਵਿੱਚ ਛੱਡਣ ਲਈ ਪ੍ਰੇਰਤ ਕੀਤਾ ਗਿਆ ਅਤੇ ਕਈ ਤਰ੍ਹਾਂ ਦੀਆਂ ਮਨੋਰੰਜਕ ਅਤੇ ਵਿਦਿਅਕ ਗਤੀਵਿਧੀਆਂ ਵਿੱਚ ਹਿੱਸਾ ਲੈ ਸਕਦੇ ਹਨ।ਇਨ੍ਹਾਂ ਵਿੱਚ ਹੈਂਡ-ਆਨ ਲਰਨਿੰਗ ਗਤੀਵਿਧੀਆਂ, ਆਊਟਡੋਰ ਗੇਮਜ਼, ਆਰਟ ਪ੍ਰੋਜੈਕਟ ਤੇ ਇੰਟਰਐਕਟਿਵ ਗਰੁੱਪ ਚਰਚਾਵਾਂ ਸ਼ਾਮਲ ਸਨ, ਜਿਵੇਂ ਪ੍ਰਾਰਥਨਾ, ਡਾਂਸ, ਹਫਤਾਵਾਰੀ ਟੈਸਟ, ਸਮਾਰਟ ਕਲਾਸ, ਸਾਇੰਸ ਲੈਬ, ਆਰਟ ਐਂਡ ਕਰਾਫਟ, ਆਊਟਡੋਰ ਗਤੀਵਿਧੀ, ਸਵਿੰਗ, ਨੈਤਿਕ ਸਿੱਖਿਆ ਅਤੇ ਹੋਰ ਬਹੁਤ ਸਾਰੀਆਂ ਗਤੀਵਿਧੀਆਂ ਸ਼ਾਮਲ ਸੀ।ਅਧਿਆਪਕਾਂ ਨੇ ਇਸ ਮੌਕੇ ਦੀ ਵਰਤੋਂ ਵਿਦਿਆਰਥੀਆਂ ਨੂੰ ਵਧੇਰੇ ਅਰਾਮਦਾਇਕ ਤੇ ਅਨੰਦਮਈ ਮਾਹੌਲ ਵਿੱਚ ਸਿੱਖਿਆ ਦੇਣ ਲਈ ਕੀਤੀ, ਜਿੱਥੇ ਪਾਠ ਪੁਸਤਕਾਂ ਤੋਂ ਪਰੇ ਵਿਹਾਰਕ ਗਿਆਨ ਅਤੇ ਹੁਨਰਾਂ 'ਤੇ ਧਿਆਨ ਦਿੱਤਾ ਗਿਆ ਸੀ।ਬੈਗਲੈੱਸ ਡੇਅ ਦੀ ਪਹਿਲਕਦਮੀ ਇੱਕ ਵੱਡੀ ਸਫਲਤਾ ਸੀ, ਕਿਉਂਕਿ ਇਸਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਰੁਟੀਨ ਤੋਂ ਇੱਕ ਤਾਜ਼ਗੀ ਭਰਿਆ ਬ੍ਰੇਕ ਦਿੱਤਾ ਤੇ ਟੀਮ ਵਰਕ, ਰਚਨਾਤਮਕਤਾ ਅਤੇ ਆਲੋਚਨਾਤਮਕ ਸੋਚ ਨੂੰ ਉਤਸ਼ਾਹਤ ਕੀਤਾ।

## ਪੈਨਸ਼ਨਰਜ਼ ਦਿਵਸ ਮਨਾਉਣ ਸੰਬੰਧੀ ਤਿਆਰੀ ਮੀਟਿੰਗ



**ਸੰਗਰੂਰ (ਪ੍ਰਵੀਨ ਸਿੰਘ)**-ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ 17 ਦਸੰਬਰ ਨੂੰ ਸਾਲਾਨਾ ਪੈਨਸ਼ਨਰਜ਼ ਦਿਵਸ ਮਨਾਉਣ ਲਈ ਕਾਰਜਕਾਰਨੀ ਕਮੇਟੀ ਮੈਂਬਰਾਂ ਦੀ ਵਿਸ਼ੇਸ਼ ਇਕੱਤਰਤਾ ਹਰਵਿੰਦਰ ਸਿੰਘ ਭੱਠਲ ਕਾਰਜਕਾਰੀ ਪ੍ਰਧਾਨ ਦੀ ਅਗਵਾਈ ਵਿੱਚ ਹੋਈ। ਭੁਪਿੰਦਰ ਸਿੰਘ ਜੱਸੀ ਜਨਰਲ ਸਕੱਤਰ ਦੇ ਸਟੇਜ ਸੰਚਾਲਨ ਅਧੀਨ ਗੁਰਦੀਪ ਸਿੰਘ ਮੰਗਵਾਲ ਸੀਨੀਅਰ ਮੀਤ ਪ੍ਰਧਾਨ ਨੇ ਮੈਂਬਰਾਂ ਦਾ ਸਵਾਗਤ ਕੀਤਾ। ਉਪਰੰਤ ਸੱਜਣ ਸਿੰਘ ਪੂਨੀਆ, ਰਾਜ ਕੁਮਾਰ ਅਰੋੜਾ ਜ਼ਿਲ੍ਹਾ ਪ੍ਰਧਾਨ, ਰਾਮ ਲਾਲ ਪਾਂਧੀ ਜ਼ਿਲ੍ਹਾ ਸਕੱਤਰ, ਰਾਵਿੰਦਰ ਸਿੰਘ ਗੁੱਡੂ, ਸਤਪਾਲ ਸਿੰਗਲਾ, ਨਿਹਾਲ ਸਿੰਘ ਮੰਗਵਾਲ, ਦਰਸ਼ਨ ਸਿੰਘ ਨੌਰਥ, ਗੁਰਜੰਟ ਸਿੰਘ ਸੋਹੀਆਂ, ਜ਼ਰਨੈਲ ਸਿੰਘ ਲੁਬਾਣਾ, ਪੀ ਸੀ ਬਾਘਾ, ਸੁਰਿੰਦਰ ਪਾਲ ਸਿੰਘ ਸਿਦਕੀ ਆਦਿ ਨੇ ਖੁਸ਼ੀਆਂ ਭਰਪੂਰ ਪੈਨਸ਼ਨਰਜ਼ ਦਿਵਸ ਸਬੰਧੀ ਸੁਝਾਅ ਪੇਸ਼ ਕੀਤੇ।ਸਰਬਸੰਮਤੀ ਨਾਲ ਫੈਸਲਾ ਹੋਇਆ ਕਿ ਸੇਵਾ ਮੁਕਤ ਪ੍ਰਿੰਸੀਪਲ ਡਾ. ਮਲਕੀਤ ਸਿੰਘ ਖੱਟੜਾ ਸਮਾਗਮ ਦੇ ਮੁੱਖ ਮਹਿਮਾਨ ਹੋਣਗੇ, ਜਦੋਂ ਕਿ ਪੈਨਸ਼ਨਰਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਤੇ ਸੋਸ਼ਲ ਵੈਲਫੇਅਰ ਐਸੋਸੀਏਸ਼ਨ ਦੇ ਚੇਅਰਮੈਨ ਰਾਜ ਕੁਮਾਰ ਅਰੋੜਾ ਸਮਾਰੋਹ ਦੀ ਪ੍ਰਧਾਨਗੀ ਕਰਨਗੇ।ਭੁਪਿੰਦਰ ਸਿੰਘ ਜੱਸੀ ਨੇ ਸਮਾਗਮ ਲਈ ਬਣਾਈਆਂ ਵੱਖ-ਵੱਖ ਕਮੇਟੀਆਂ ਬਾਰੇ ਜਾਣਕਾਰੀ ਦਿੱਤੀ।

## ਐੱਸ ਐੱਸ ਪੀ ਸਮੇਤ 18 ਅਧਿਕਾਰੀਆਂ ਨੂੰ ਮਿਲੇਗਾ ਡੀ ਜੀ ਪੀ ਡਿਸਕ ਐਵਾਰਡ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਪੰਜਾਬ ਪੁਲਿਸ ਦੇ ਤਿੰਨ ਆਈਪੀਐਸ ਅਧਿਕਾਰੀਆਂ ਸਮੇਤ 18 ਅਧਿਕਾਰੀਆਂ ਨੂੰ ਡੀਜੀਪੀ ਡਿਸਕ ਐਵਾਰਡ ਮਿਲੇਗਾ।ਇਹ ਪੁਰਸਕਾਰ ਅਧਿਕਾਰੀਆਂ ਵੱਲੋਂ ਪੰਜਾਬ ਪੁਲਿਸ ਵਿੱਚ ਨਿਭਾਈਆਂ ਜਾ ਰਹੀਆਂ ਸ਼ਾਨਦਾਰ ਸੇਵਾਵਾਂ ਬਦਲੇ ਦਿੱਤਾ ਜਾਵੇਗਾ।ਜਾਰੀ ਕੀਤੀ ਸੂਚੀ ਵਿੱਚ ਐਸਐਸਪੀ ਸੰਗਰੂਰ ਸਰਤਾਜ ਸਿੰਘ ਚਹਿਲ, ਐੱਸ.ਐਸ.ਪੀ ਪਟਿਆਲਾ ਨਾਨਕ ਸਿੰਘ, ਐਸਐਸਪੀ ਬਰਨਾਲਾ ਸੰਦੀਪ ਕੁਮਾਰ ਮਲਿਕ ਤੇ ਐਸਐਸਪੀ ਮਲੇਰਕੋਟਲਾ ਗਗਨ ਅਜੀਤ ਸਿੰਘ ਪੀਪੀਐਸ ਅਧਿਕਾਰੀ ਸ਼ਾਮਲ ਹਨ।ਇਨ੍ਹਾਂ ਅਧਿਕਾਰੀਆਂ ਤੋਂ ਇਲਾਵਾ ਹਰਵਿੰਦਰ ਸਿੰਘ ਵਿਰਕ, ਏ.ਆਈ.ਜੀ ਇੰਟੈਲੀਜੈਂਸ ਪੰਜਾਬ, ਪਲਵਿੰਦਰ ਸਿੰਘ ਚੀਮਾ ਐੱਸ.ਪੀ (ਡੀ) ਸੰਗਰੂਰ, ਯੋਗੇਸ਼ ਕੁਮਾਰ, ਐੱਸ.ਪੀ. (ਸਪੈਸ਼ਲ) ਪਟਿਆਲਾ, ਰਾਜੇਸ਼ ਛਿੱਬਰ, ਐੱਸ.ਪੀ. (ਦਿਹਾਤੀ), ਪਟਿਆਲਾ, ਦਲਜੀਤ ਸਿੰਘ ਵਿਰਕ ਡੀ.ਐੱਸ.ਪੀ. (ਡੀ) ਸੰਗਰੂਰ, ਹਰਵਿੰਦਰ ਸਿੰਘ ਖਹਿਰਾ ਡੀ.ਐੱਸ.ਪੀ. ਸੁਨਾਮ, ਇੰਸਪੈਕਟਰ ਸ਼ਮਿੰਦਰ ਸਿੰਘ ਇੰਚਾਰਜ ਸੀ.ਆਈ.ਏ ਪਟਿਆਲਾ, ਇੰਸਪੈਕਟਰ ਸੰਦੀਪ ਸਿੰਘ ਸੀ.ਆਈ.ਏ ਸੰਗਰੂਰ, ਇੰਸਪੈਕਟਰ ਪ੍ਰਦੀਪ ਬਾਜਵਾ ਐੱਸ.ਐੱਚ.ਓ ਤ੍ਰਿਪੜੀ ਪਟਿਆਲਾ, ਇੰਸਪੈਕਟਰ ਸੁਖਵਿੰਦਰ ਸਿੰਘ ਐੱਸ.ਐੱਚ.ਓ ਅਨਾਜ ਮੰਡੀ ਪਟਿਆਲਾ, ਇੰਸਪੈਕਟਰ ਹੈਰੀ ਬੋਪਾਰਾਏ ਇੰਚਾਰਜ ਸਪੈਸ਼ਲ ਬਰਾਂਚ ਪਟਿਆਲਾ, ਇੰਸਪੈਕਟਰ ਗੁਰਪ੍ਰੀਤ ਸਿੰਘ ਭਿੰਡਰ ਐੱਸ.ਐਚ.ਓ ਸਦਰ ਪਟਿਆਲਾ, ਜਾਮਪਾਲਸਿੰਘ ਇੰਚਾਰਜ ਸੀ.ਆਈ.ਏ ਸਮਾਣਾ ਤੇ ਥਾਣੇਦਾਰ ਵਿੰਨਰਪ੍ਰੀਤ ਸਿੰਘ ਰੀਡਰ ਡੀ.ਆਈ.ਜੀ. ਪਟਿਆਲਾ ਦੀ ਵੀ ਡੀਜੀਪੀ ਡਿਸਕ ਐਵਾਰਡ ਲਈ ਚੋਣ ਕੀਤੀ ਗਈ ਹੈ।

# ਸਿੱਖਿਆ ਮੰਤਰੀ ਦੀ ਰਿਹਾਇਸ਼ ਅੱਗੇ ਸੂਬਾਈ ਰੈਲੀ 'ਚ ਵੱਡੀ ਗਿਣਤੀ 'ਚ ਸ਼ਾਮਲ ਹੋਣ ਦਾ ਫੈਸਲਾ



**ਕੋਟਕਪੂਰਾ/ਜ਼ੀਰਾ (ਰਛਪਾਲ ਭੁੱਲਰ, ਨਰਿੰਦਰ ਅਨੇਜਾ)**

ਸਾਂਝਾ ਅਧਿਆਪਕ ਮੋਰਚਾ ਪੰਜਾਬ ਵੱਲੋਂ ਪੰਜਾਬ ਸਰਕਾਰ ਦੀਆਂ ਸਿੱਖਿਆ ਵਿਰੋਧੀ ਨੀਤੀਆਂ ਖਿਲਾਫ 1 ਦਸੰਬਰ ਨੂੰ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੇ ਪਿੰਡ ਗੰਭੀਰਪੁਰ ਵਿਖੇ ਕੀਤੀ ਜਾ ਰਹੀ ਰੈਲੀ ਵਿੱਚ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ ਗਿਆ ਹੈ।ਇਹ ਫੈਸਲਾ ਜਥੇਬੰਦੀ ਦੇ ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ ਦੀ ਪ੍ਰਧਾਨਗੀ ਹੇਠ ਹੋਈ ਵਰਚੁਅਲ ਮੀਟਿੰਗ ਦੌਰਾਨ ਲਿਆ ਗਿਆ।

ਮੀਟਿੰਗ ਵਿੱਚ ਯੂਨੀਅਨ ਦੇ ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸਿੰਘ ਖਾਨਪੁਰ, ਪਰਵੀਨ ਕੁਮਾਰ ਲੁਧਿਆਣਾ, ਜਨਰਲ ਸਕੱਤਰ ਗੁਰਪ੍ਰੀਤ ਸਿੰਘ ਮਾੜੀ ਮੇਘਾ, ਵਿੱਤ ਸਕੱਤਰ ਨਵੀਨ ਕੁਮਾਰ ਸਚਦੇਵਾ, ਸਲਾਹਕਾਰ ਪ੍ਰੇਮ ਚਾਵਲਾ, ਕਾਰਜ ਸਿੰਘ ਕੈਰੋ, ਸੀਨੀਅਰ ਮੀਤ ਪ੍ਰਧਾਨ, ਬਲਜਿੰਦਰ ਸਿੰਘ ਵਡਾਲੀ, ਜਿੰਦਰ ਪਾਇਲਟ, ਬਲਜੀਤ ਟੋਮ, ਪਰਮਿੰਦਰ ਪਾਲ ਸਿੰਘ ਕਾਲੀਆ, ਬਾਜ ਸਿੰਘ ਭੁੱਲਰ, ਹਰੀਦੇਵ ਲੁਧਿਆਣਾ, ਮੇਘ ਇੰਦਰ ਸਿੰਘ ਬਰਾੜ, ਮਨਦੀਪ ਸਰਥਲੀ, ਜਗਦੀਸ਼ ਰਾਏ ਰਾਹੋਂ, ਜਗਮੋਹਣ ਸਿੰਘ ਚੌਂਤਾ ਤੇ ਪ੍ਰੈੱਸ ਸਕੱਤਰ ਟਹਿਲ ਸਿੰਘ ਸਰਾਭਾ ਨੇ ਦੱਸਿਆ ਕਿ ਸਿੱਖਿਆ ਮੰਤਰੀ ਪੰਜਾਬ ਦੇ ਨਾਂ ਵਾਰ ਵਾਰ ਅਧਿਆਪਕਾਂ ਦੀਆਂ ਮੰਗਾਂ ਸਬੰਧੀ ਮੰਗ ਪੱਤਰ ਦਿੱਤੇ ਗਏ ਹਨ, ਪਰ ਉਨ੍ਹਾਂ ਵੱਲੋਂ ਅਧਿਆਪਕਾਂ ਦੇ ਮਸਲੇ ਹੱਲ ਕਰਨ ਲਈ ਗੰਭੀਰਤਾ ਨਹੀਂ ਦਿਖਾਈ ਜਾ ਰਹੀ।ਇਸ ਕਰਕੇ ਅਧਿਆਪਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਅਧਿਆਪਕਾਂ ਦੀਆਂ ਮੁੱਖ ਮੰਗਾਂ ਵਿੱਚ ਨਵੀਂ ਕੌਮੀ ਸਿੱਖਿਆ ਨੀਤੀ 2020 ਸਿੱਖਿਆ ਤੇ ਅਧਿਆਪਕ ਵਿਰੋਧੀ ਨੀਤੀ ਰੱਦ ਕਰਵਾਉਣਾ, ਸੀ ਈ ਪੀ ਟੈਸਟਾਂ ਦੇ ਨਾਮ 'ਤੇ ਖੱਜਲ-ਖੁਆਰੀ ਬੰਦ ਕਰਨਾ, ਅਧਿਆਪਕਾਂ ਦੇ ਵੱਖ-ਵੱਖ ਵਰਗਾਂ ਦੀਆਂ ਤਰੱਕੀਆਂ ਸਮੇਂ ਸਿਰ ਕਰਵਾਉਣਾ ਤੇ ਸਟੇਸ਼ਨ ਚੋਣ ਕਰਵਾਉਣ ਸਮੇਂ ਸਾਰੀਆਂ ਖਾਲੀ ਪਈਆਂ ਪੋਸਟਾਂ ਸ਼ੋ ਨਾ ਕਰਨ ਦੇ ਅਧਿਆਪਕ ਤੇ ਵਿਦਿਆਰਥੀ ਕਾਰਵਾਈਆਂ ਦਾ ਸਖਤ ਵਿਰੋਧ ਕਰਨਾ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਤੇ ਡੀ ਏ ਦੀਆਂ ਕਿਸ਼ਤਾਂ ਜਾਰੀ ਕਰਨ, ਕੰਪਿਊਟਰ ਅਧਿਆਪਕਾਂ ਨੂੰ ਸਿੱਖਿਆ ਵਿਭਾਗ ਵਿੱਚ ਮਰਜ ਕਰਨ, ਗੈਰ-ਵਿੱਦਿਅਕ ਕੰਮਾਂ ਤੋਂ ਛੁਟਕਾਰਾ ਆਦਿ ਹੋਰ ਜ਼ਰੂਰੀ ਮੰਗਾਂ ਤੇ ਮਸਲੇ ਸ਼ਾਮਲ ਹਨ।ਮੀਟਿੰਗ ਵਿੱਚ ਇਹ ਵੀ ਵਿਚਾਰ ਵਟਾਂਦਰਾ ਕੀਤਾ ਗਿਆ ਕਿ ਸਿੱਖਿਆ ਪ੍ਰਣਾਲੀ ਵਿੱਚ ਸੁਧਾਰ ਲਿਆਉਣ ਲਈ ਅਧਿਆਪਕਾਂ ਨੂੰ ਸਿਰਫ ਸਿਲੇਬਸ ਅਨੁਸਾਰ ਪੜ੍ਹਾਉਣ ਦੀ ਜ਼ਿੰਮੇਵਾਰੀ ਦੇਣੀ ਚਾਹੀਦੀ ਹੈ ਤੇ ਅਧਿਆਪਕਾਂ 'ਤੇ ਪਾਏ ਜਾ ਰਹੇ ਬੇਲੋੜੇ ਕੰਮ ਰੋਕਣੇ ਚਾਹੀਦੇ ਹਨ।ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਨੇ ਸਾਰੇ ਅਧਿਆਪਕਾਂ ਨੂੰ 1 ਦਸੰਬਰ ਨੂੰ ਇਸ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ ਤਾਂ ਜੋ ਪੰਜਾਬ ਸਰਕਾਰ ਦੀ ਅਧਿਆਪਕ ਤੇ ਸਿੱਖਿਆ ਵਿਰੋਧੀ ਨੀਤੀ ਨੂੰ ਠੱਲ੍ਹ ਪਾਈ ਜਾ ਸਕੇ।

## ਪੂਨੀਆਂ 'ਚ ਮੁਫ਼ਤ ਮੈਡੀਕਲ ਚੈੱਕਅੱਪ ਕੈਂਪ ਭਲਕੇ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਨੇੜਲੇ ਪਿੰਡ ਪੂਨੀਆਂ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਸਪੋਰਟਸ ਐਂਡ ਵੈੱਲਫੇਅਰ ਕਲੱਬ ਵੱਲੋਂ ਗ੍ਰਾਮ ਪੰਚਾਇਤ ਤੇ ਪ੍ਰਵਾਸੀ ਭਾਰਤੀਆਂ ਦੇ ਸਹਿਯੋਗ ਨਾਲ ਗੁਰਦੁਆਰਾ ਸਾਹਿਬ ਵਿੱਚ ਮੁਫ਼ਤ ਮੈਡੀਕਲ ਚੈੱਕਅਪ ਕੈਂਪ 1 ਦਸੰਬਰ ਨੂੰ ਲਗਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਕਲੱਬ ਦੇ ਪ੍ਰਧਾਨ ਅਮਰਿੰਦਰ ਸਿੰਘ ਨੇ ਦੱਸਿਆ ਕਿ ਕੈਂਪ ਦੌਰਾਨ ਡਾ. ਪਰਮਵੀਰ ਸਿੰਘ, ਡਾ. ਨਵਨੀਤ ਕੌਰ ਸਰਜਰੀ ਤੇ ਦਿਮਾਗੀ ਰੋਗਾਂ ਸਬੰਧੀ ਸਵੇਰੇ 10 ਵਜੇ ਤੋਂ 2 ਵਜੇ ਤੱਕ ਜਾਂਚ ਕਰਨਗੇ। ਉਨ੍ਹਾ ਦੱਸਿਆ ਕਿ ਮਰੀਜ਼ਾਂ ਦੇ ਮੁਫ਼ਤ ਟੈਸਟ ਤੇ ਦਵਾਈਆਂ ਵੀ ਦਿੱਤੀਆਂ ਜਾਣਗੀਆਂ। ਇਸ ਮੌਕੇ ਰਮਨਦੀਪ ਸਿੰਘ, ਗੁਰਦੀਪ ਸਿੰਘ, ਰਣਜੋਧ ਸਿੰਘ ਜੋਧੀ, ਕਨਰਦੀਪ ਸਿੰਘ, ਮਨਦੀਪ ਸਿੰਘ, ਜੁਗਰਾਜ ਸਿੰਘ ਰਾਜੀ ਡਾਕਟਰ, ਕੁਲਦੀਪ ਸਿੰਘ ਮਾਣਕ, ਰਾਜੂ ਪੂਨੀਆਂ, ਮਹਿੰਦਰ ਸਿੰਘ ਕੋਟੀਆ, ਭੁਪਿੰਦਰ ਸਿੰਘ ਭਿੰਦਾ, ਪ੍ਰਿੰਸ ਪੂਨੀਆਂ, ਸਕਿੰਦਰ ਸਿੰਘ ਫ਼ੌਜੀ, ਹਰਪ੍ਰੀਤ ਸਿੰਘ, ਗੁਰਜੀਤ ਸਿੰਘ ਫ਼ੌਜੀ, ਬਲਵਿੰਦਰ ਸਿੰਘ ਬਿੰਦਾ, ਸੁਰਿੰਦਰ ਸਿੰਘ ਛਿੰਦਾ, ਅਰਸ਼ਦੀਪ ਸਿੰਘ, ਮਨਜੀਤ ਸਿੰਘ ਕੋਟੀਆ ਬੂਥ ਇੰਚਾਰਜ, ਹਰਵਿੰਦਰ ਸਿੰਘ, ਰਾਜਿੰਦਰ ਕੌਰ, ਕੁਲਦੀਪ ਕੌਰ, ਮਨਦੀਪ ਸਿੰਘ, ਬੀਰਬਲ ਸਿੰਘ, ਪਰਮਵੀਰ ਸਿੰਘ, ਓਮ ਪ੍ਰਕਾਸ਼ ਸਿੰਘ ਓਮਾ, ਗੁਰਮੁੱਖ ਸਿੰਘ ਆਦਿ ਹਾਜ਼ਰ ਸਨ।

# ਕਾਮਰੇਡ ਨਿਰੰਜਣ ਧੀਰ ਨੂੰ ਸਦਮਾ, ਨੌਜਵਾਨ ਬੇਟੇ ਦਾ ਦੇਹਾਂਤ



**ਦੋਰਾਹਾ (ਹਰਮਿੰਦਰ ਸੇਠ)**

ਸੀ ਪੀ ਆਈ ਬਲਾਕ ਦੋਰਾਹਾ ਦੇ ਸਕੱਤਰ ਕਾਮਰੇਡ ਨਿਰੰਜਣ ਸਿੰਘ ਧੀਰ ਨੂੰ ਉਸ ਸਮੇਂ ਗਹਿਰਾ ਸਦਮਾ ਪੁੱਜਿਆ, ਜਦੋਂ ਉਨ੍ਹਾਂ ਦੇ ਨੌਜਵਾਨ ਪੁੱਤਰ ਨਵਨੀਤ ਸਿੰਘ (45 ਸਾਲ) ਬੇਵਕਤੀ ਵਿਛੋੜਾ ਦੇ ਗਏ। ਉਹ ਮਹਿਦਪੁਰ ਦੀ ਇੱਕ ਫੈਕਟਰੀ ਵਿੱਚ ਕੰਮ ਕਰਦੇ ਸਨ ਤੇ ਉਨ੍ਹਾਂ ਦੇ ਦੱਸਣ ਮੁਤਾਬਿਕ ਫੈਕਟਰੀ ਵਿੱਚ ਹੀ ਜਦੋਂ ਉਹ ਪੱਗ ਬੰਨਣ ਲੱਗੇ ਇੱਕ ਲੜ ਦਿੱਤਾ, ਉਹ ਪੂਰਾ ਨਹੀਂ ਦੇ ਹੋਇਆ ਤੇ ਅਚਾਨਕ ਪਿੱਛੇ ਨੂੰ ਗਿਰ ਗਏ, ਜਿਸ ਤੋਂ ਬਾਅਦ ਫੈਕਟਰੀ ਦੇ ਮਾਲਕਾਂ ਨੇ ਉਨ੍ਹਾਂ ਦੇ ਪਿਤਾ ਨਿਰੰਜਣ ਧੀਰ ਨੂੰ ਫੋਨ ਕਰਕੇ ਬੁਲਾਇਆ ਤੇ ਉਨ੍ਹਾਂ ਨੂੰ ਲੁਧਿਆਣਾ ਦੇ ਡੀ ਐੱਮ ਸੀ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਪੀਜੀਆਈ ਰੈਫਰ ਕਰ ਦਿੱਤਾ। ਪੀਜੀਆਈ ਹਸਪਤਾਲ ਪਹੁੰਚਣ ਤੋਂ ਪਹਿਲਾਂ ਹੀ ਉਹ ਸਰੀਰਕ ਵਿਛੋੜਾ ਦੇ ਗਏ। ਇਸ ਸਮੇਂ ਉਨ੍ਹਾਂ ਦੇ ਪਰਵਾਰ ਨਾਲ ਸੱਜਣਾਂ, ਮਿੱਤਰਾਂ, ਸਨੇਹੀਆਂ ਨੇ ਗਹਿਰੇ ਦੁੱਖ ਦਾ ਇਜ਼ਹਾਰ ਕੀਤਾ ਹੈ। ਨਵਨੀਤ ਸਿੰਘ ਦਾ ਸਸਕਾਰ ਦੋਰਾਹਾ ਦੇ ਸ਼ਿਵਪੁਰੀ ਸ਼ਮਸ਼ਾਨਘਾਟ ਵਿੱਚ 12 ਵਜੇ ਕਰ ਦਿੱਤਾ ਗਿਆ। ਇਸ ਮੌਕੇ ਜਿੱਥੇ ਪਰਵਾਰ ਦੇ ਮੈਂਬਰ ਤੇ ਰਿਸ਼ਤੇਦਾਰ ਸ਼ਾਮਲ ਹੋਏ, ਉਹਦੇ ਨਾਲ ਹੀ ਸੀ ਪੀ ਆਈ ਬਲਾਕ ਦੋਰਾਹਾ ਦੇ ਆਗੂ ਇਸ ਦੁੱਖ ਦੀ ਘੜੀ 'ਚ ਸ਼ਾਮਲ ਹੋਏ। ਨਵਨੀਤ ਸਿੰਘ ਆਪਣੇ ਪਿੱਛੇ ਦੋ ਲੜਕੇ ਤੇ ਇੱਕ ਲੜਕੀ ਛੱਡ ਗਏ ਹਨ। ਇਸ ਮੌਕੇ ਦੋਰਾਹਾ ਤੋਂ ਕੁਲਵੰਤ ਸਿੰਘ ਐੱਮ ਸੀ, ਕਮਲਜੀਤ ਸਿੰਘ ਐੱਮ ਸੀ ਤੇ ਹੋਰ ਸ਼ਹਿਰੀ ਪਤਵੰਤਿਆਂ ਨੇ ਇਸ ਦੁੱਖ ਦੀ ਘੜੀ 'ਚ ਸ਼ਾਮਲ ਹੋ ਕੇ ਪਰਵਾਰ ਨੂੰ ਸੰਵੇਦਨਾ ਦਿੱਤੀ ਅਤੇ ਦੁੱਖ ਦੇ ਸਮੇਂ ਸੀ ਪੀ ਆਈ ਬਲਾਕ ਦੋਰਾਹਾ ਵੱਲੋਂ ਦਲਵਾਰਾ ਸਿੰਘ ਪੀਐੱਨਬੀ ਕਰਨੈਲ ਸਿੰਘ ਬੁਆਣੀ, ਪੀਆਰਟੀਸੀ ਹਰਭਜਨ ਸਿੰਘ, ਰਜਿੰਦਰ ਕੁਮਾਰ ਕਟਾਰੀਆ, ਪੂਰਨ ਚੰਦ ਕਟਾਰੀਆ, ਰਾਜੀਵ ਆਨੰਦ ਆਦਿ ਸ਼ਾਮਲ ਹੋਏ। ਇਸ ਤੋਂ ਇਲਾਵਾ ਜ਼ਿਲ੍ਹਾ ਸਕੱਤਰ ਡੀ ਪੀ ਮੌੜ, ਡਾਕਟਰ ਅਰੁਣ ਮਿੱਤਰਾ, ਰਾਮ ਚੰਦ, ਜਗਜੀਤ ਸਿੰਘ, ਜਸਵੀਰ ਝੱਜ ਆਦਿ ਨੇ ਇਸ ਦੁੱਖ ਦੀ ਘੜੀ ਨਿਰੰਜਣ ਧੀਰ ਸਿੰਘ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

# ਦਿ ਸੁਪੀਰੀਅਰ ਵਰਲਡ ਸਕੂਲ ਵੱਲੋਂ ਡਾਂਸ ਮੁਕਾਬਲੇ ਦੀ ਮੇਜ਼ਬਾਨੀ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਹੋਦਿਆ ਇੰਟਰ ਸਕੂਲ ਟੂ-ਸਟੇਟ ਗਰੁੱਪ ਡਾਂਸ ਮੁਕਾਬਲਿਆਂ ਦੀ ਮੇਜ਼ਬਾਨੀ ਦਿ ਸੁਪੀਰੀਅਰ ਵਰਲਡ ਸਕੂਲ ਵੱਲੋਂ ਕੀਤੀ ਗਈ। ਸਹੋਦਿਆ ਸਕੂਲ ਕੰਪਲੈਕਸ ਖੰਨਾ ਵਿਖੇ ਕਰਵਾਏ ਸਮਾਗਮ ਵਿਚ ਗਾਰਡਨ ਵੈਲੀ ਇੰਟਰਨੈਸ਼ਨਲ ਸਕੂਲ ਮਾਛੀਵਾੜਾ ਸਾਹਿਬ, ਨਨਕਾਣਾ ਸਾਹਿਬ ਸੀਨੀਅਰ ਸੈਕੰਡਰੀ ਸਕੂਲ ਸਮਰਾਲਾ, ਸੰਤ ਕਿਰਪਾਲ ਸਿੰਘ ਸਕੂਲ ਨੀਲੋਂ, ਆਕਸਫੋਰਡ ਸੀਨੀਅਰ ਸੈਕੰਡਰੀ ਸਕੂਲ ਪਾਇਲ, ਗਾਰਡਨ ਵੈਲੀ ਇੰਟਰਨੈਸ਼ਨਲ ਸਕੂਲ ਮੋਰਿੰਡਾ, ਮਾਊਂਟ ਇੰਟਰਨੈਸ਼ਨਲ ਸਕੂਲ ਲੁਧਿਆਣਾ, ਪਲੈਨੇਟ ਈ ਸਕੂਲ ਸਲੋਦੀ, ਜੈਨ ਪਬਲਿਕ ਸਕੂਲ ਖੰਨਾ, ਓਰੀਐਂਟ ਇੰਟਰਨੈਸ਼ਨਲ ਸਕੂਲ ਬੁਰਜ ਪੱਕਾ ਤੇ ਗ੍ਰੀਨ ਗਰੋਵ ਪਬਲਿਕ ਸਕੂਲ ਖੰਨਾ ਨੇ ਭਾਗ ਲਿਆ, ਜਿਨ੍ਹਾਂ ਦੇ ਵਿਦਿਆਰਥੀਆਂ ਨੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਸਮਾਗਮ ਦੀ ਸ਼ੁਰੂਆਤ ਦੀਵੇ ਜਗਾਉਣ ਦੀ ਰਸਮ ਨਾਲ ਹੋਈ, ਜਿਸ ਵਿੱਚ ਵੱਖ ਵੱਖ ਸਕੂਲਾਂ ਦੇ ਵਿਦਿਆਰਥੀ ਤੇ ਅਧਿਆਪਕ ਸ਼ਾਮਲ ਹੋਏ। ਸਕੂਲ ਦੀਆਂ ਵਿਦਿਆਰਥਣਾਂ ਜਸਨੂਰ ਕੌਰ, ਅਨਾਮਿਕਾ ਹੰਸ, ਬਿਸ਼ਾਲੀ, ਅਮਨਪ੍ਰੀਤ ਕੌਰ, ਮਹਿਕਪ੍ਰੀਤ ਕੌਰ, ਰਹਿਮਤ ਕੌਰ, ਰਿਤਿਕਾ, ਰਿਮਝਿਮ, ਜੈਸਮੀਨ ਕੌਰ ਤੇ ਆਕ੍ਰਿਤੀ ਵੱਲੋਂ ਸਵਾਗਤੀ ਨਾਚ ਦਾ ਪ੍ਰਭਾਵਸ਼ਾਲੀ ਪ੍ਰਦਰਸ਼ਨ ਕੀਤਾ ਗਿਆ। ਸਮਾਗਮ ਦੌਰਾਨ ਚਾਰ ਨਿਰਪੱਖ ਜੱਜਾਂ ਦੇ ਪੈਨਲ, ਜਿਨ੍ਹਾਂ 'ਚ ਵਿਜੈ ਕੁਮਾਰ, ਰਾਜਵਿੰਦਰ ਸਿੰਘ, ਕਮਲਜੀਤ ਕੌਰ ਤੇ ਸੋਨਾਖਸ਼ੀ ਸ਼ਰਮਾ ਸ਼ਾਮਲ ਸਨ, ਨੇ ਨਤੀਜੇ ਘੋਸ਼ਿਤ ਕੀਤੇ ਅਤੇ ਪੰਤਵੰਤਿਆਂ ਵੱਲੋਂ ਜੇਤੂਆਂ ਨੂੰ ਇਨਾਮ ਵੰਡੇ ਗਏ। ਆਏ ਹੋਏ ਮੁੱਖ ਮਹਿਮਾਨਾਂ ਤੇ ਜੱਜ ਸਾਹਿਬਾਨਾਂ ਨੂੰ ਸਕੂਲ ਵੱਲੋਂ ਸਨਮਾਨਤ ਕੀਤਾ ਗਿਆ। ਦਿ ਸੁਪੀਰੀਅਰ ਵਰਲਡ ਸਕੂਲ ਦੀ ਪ੍ਰਿੰਸੀਪਲ ਰਸ਼ਮੀ ਸ਼ਰਮਾ ਨੇ ਭਾਗ ਲੈਣ ਵਾਲਿਆਂ ਨੂੰ ਵਧਾਈ ਦਿੱਤੀ ਤੇ ਸ਼ਾਮਲ ਦਰਸ਼ਕਾਂ ਦਾ ਧੰਨਵਾਦ ਕੀਤਾ।

## ਨਸ਼ੇ ਰੋਕਣ ਲਈ ਸੈਮੀਨਾਰ ਕਰਾਇਆ

**ਮਾਨਸਾ (ਆਤਮਾ ਸਿੰਘ ਪਮਾਰ)**-ਸ਼ਹੀਦ ਕੁੰਦਨ ਸਿੰਘ ਫਰੀਡਮ ਫਾਈਟਰ ਪੀਐਮ ਸ੍ਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਭੈਣੀ ਬਾਘਾ ਵਿਖੇ ਸੀਨੀਅਰ ਪੁਲਸ ਕਪਤਾਨ ਦੀਆਂ ਹਦਾਇਤਾਂ ਅਨੁਸਾਰ ਪ੍ਰਿੰਸੀਪਲ ਮੋਨਿਕਾ ਰਾਣੀ ਤੇ ਸਕੂਲ ਇੰਚਾਰਜ ਸ੍ਰੀਮਤੀ ਯੋਗਿਤਾ ਜੋਸ਼ੀ ਦੀ ਅਗਵਾਈ 'ਚ ਨਸ਼ਿਆਂ ਨੂੰ ਰੋਕਣ ਲਈ ਜਾਗਰੂਕਤਾ ਸੈਮੀਨਾਰ ਦਾ ਅਯੋਜਨ ਕੀਤਾ ਗਿਆ।

ਐਸਐਸਪੀ ਦਫ਼ਤਰ ਵੱਲੋਂ ਸਾਂਝ ਕੇਂਦਰ ਦੇ ਇੰਚਾਰਜ ਭੁਪਿੰਦਰ ਸਿੰਘ ਸਹਾਇਕ ਸਬ ਇੰਸਪੈਕਟਰ ਅਤੇ ਉਨ੍ਹਾਂ ਦੇ ਸਹਿਯੋਗੀ ਗੁਰਬਚਨ ਸਿੰਘ ਨੇ ਨਸ਼ਿਆਂ ਨਾਲ ਬਰਬਾਦ ਹੋ ਰਹੀ ਜਵਾਨੀ 'ਤੇ ਵਿਸਥਾਰ ਸਹਿਤ ਚਾਨਣਾ ਪਾਉਂਦਿਆਂ ਕਿਹਾ ਕਿ ਜੇ ਤੁਸੀਂ ਆਪਣੇ ਆਲੇ-ਦੁਆਲੇ ਕਿਸ ਵਿਅਕਤੀ ਨੂੰ ਜਾਣਦੇ ਹੋ, ਜੋ ਨਸ਼ਾ ਛੱਡਣਾ ਚਾਹੁੰਦਾ ਹੈ ਤਾਂ ਸਾਨੂੰ ਸੂਚਿਤ ਕੀਤਾ ਜਾਵੇ ਤਾਂ ਜੁ ਅਸੀਂ ਉਸਦੀ ਸਹਾਇਤਾ ਕਰ ਸਕੀਏ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਤੋਂ ਜਾਣੂ ਕਰਾਇਆ ਤੇ ਚੰਗੇ ਇਨਸਾਨ ਬਣਨ ਲਈ ਪ੍ਰੇਰਤ ਕੀਤਾ।

## ਵਾਰਡਾਂ 'ਚ ਜਾ ਕੇ ਲੋਕਾਂ ਦੀਆਂ ਸਮੱਸਿਆਵਾਂ ਦਾ ਕੀਤਾ ਮੌਕੇ 'ਤੇ ਹੱਲ : ਡਾ. ਬਲਬੀਰ ਸਿੰਘ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ 'ਆਪ ਦੀ ਸਰਕਾਰ ਆਪ ਦੇ ਦੁਆਰ' ਪ੍ਰੋਗਰਾਮ ਤਹਿਤ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਤੇ ਮੈਡੀਕਲ ਸਿੱਖਿਆ ਤੇ ਖੋਜ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਲਗਾਤਾਰ ਵੱਖ-ਵੱਖ ਵਾਰਡਾਂ ਵਿੱਚ ਜਾ ਕੇ ਲੋਕਾਂ ਦੀਆਂ ਸਮੱਸਿਆਵਾਂ ਦਾ ਮੌਕੇ 'ਤੇ ਹੱਲ ਕੀਤਾ ਜਾ ਰਿਹਾ ਹੈ ।ਉਨ੍ਹਾਂ ਵੱਲੋਂ ਵਾਰਡ ਨੰ: 2,5,6 ਤੇ 12 ਦਾ ਦੌਰਾ ਕੀਤਾ ਗਿਆ।ਇਨ੍ਹਾਂ ਵਾਰਡਾਂ ਵਿੱਚ ਡਾ. ਬਲਬੀਰ ਸਿੰਘ ਵੱਲੋਂ ਭਾਰੀ ਇਕੱਠ ਨੂੰ ਸੰਬੋਧਨ ਕੀਤਾ ਗਿਆ।ਸਿਹਤ ਮੰਤਰੀ ਨਾਲ ਸਬ ਡਵੀਜ਼ਨਲ ਮੈਜਿਸਟ੍ਰੇਟ ਮਨਜੀਤ ਕੌਰ, ਨਗਰ ਨਿਗਮ ਕਮਿਸ਼ਨਰ ਡਾ: ਰਜਤ ਓਬਰਾਏ, ਜਾਇੰਟ ਕਮਿਸ਼ਨਰ ਬਬਨਦੀਪ ਸਿੰਘ, ਸਿਵਲ ਸਰਜਨ ਡਾ: ਜਤਿੰਦਰ ਕਾਂਸਲ, ਡੀ.ਐਸ.ਪੀ.ਮਨੋਜ ਗੋਰਸੀ , ਐਸ.ਐਚ.ਓ. ਪਰਦੀਪ ਬਾਜਵਾ ਅਤੇ ਹੋਰ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।ਡਾ: ਬਲਬੀਰ ਸਿੰਘ ਨੇ ਕਿਹਾ ਕਿ ਸ਼ਹਿਰ ਦੀਆਂ ਸੜਕਾਂ, ਪਾਈਪਾ ਤੇ ਲਾਈਟਾਂ ਦਾ ਖਾਸ ਧਿਆਨ ਰੱਖਿਆ ਜਾ ਰਿਹਾ ਹੈ ।ਉਨ੍ਹਾਂ ਨਗਰ ਨਿਗਮ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਦੀ ਤੰਦਰੁਸਤੀ ਲਈ ਪੀਣ ਵਾਲੇ ਸਾਫ ਪਾਣੀ ਦਾ ਵੀ ਇੰਤਜਾਮ ਕੀਤਾ ਜਾਵੇ ਤਾਂ ਜੁ ਲੋਕ ਤੰਦਰੁਸਤ ਰਹਿਣ।ਉਨ੍ਹਾਂ ਮੌਕੇ ਹਾਜ਼ਰ ਸੈਨਟਰੀ ਮੁਲਾਜ਼ਮਾਂ ਨੂੰ ਸੀਵਰੇਜ ਦੀ ਸਫਾਈ ਕਰਨ ਦੀ ਹਦਾਇਤ ਕੀਤੀ।ਉਨ੍ਹਾਂ ਔਰਤਾਂ, ਬੱਚਿਆਂ ਅਤੇ ਬਜ਼ੁਰਗਾਂ ਨੂੰ ਪਾਰਕਾਂ ਦੀ ਸਾਫ ਸਫਾਈ ਕਰਨ ਲਈ ਅਤੇ ਪਾਰਕਾਂ ਵਿੱਚ ਖੁਸ਼ਬੂਦਾਰ ਅਤੇ ਆਰਗੈਨਿਕ ਬੂਟੇ ਲਾਉਣ ਲਈ ਅਪੀਲ ਕੀਤੀ।ਡਾ. ਬਲਬੀਰ ਸਿੰਘ ਵੱਲੋਂ ਵੱਖ-ਵੱਖ ਵਾਰਡਾਂ ਦਾ ਦੌਰਾ ਕਰਦਿਆਂ ਏਰੀਏ ਦੇ ਲੋਕਾਂ ਤੋਂ ਨਸ਼ੇ ਸਬੰਧੀ ਜਾਣਕਾਰੀ ਲਈ ਗਈ ਅਤੇ ਮੌਕੇ 'ਤੇ ਮੌਜੂਦ ਪੁਲਿਸ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜੇਕਰ ਕੋਈ ਵਿਅਕਤੀ ਨਸ਼ੇ ਦੀ ਹਾਲਤ ਵਿੱਚ ਪਾਇਆ ਜਾਂਦਾ ਹੈ ਤਾਂ ਉਸ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇ।

# ਭਾਰਤੀ ਚੋਣ ਕਮਿਸ਼ਨ ਦੇ ਅਧਿਕਾਰੀਆਂ ਵੱਲੋਂ ਲੁਧਿਆਣਾ ਦਾ ਵਿਸ਼ੇਸ਼ ਦੌਰਾ



**ਲੁਧਿਆਣਾ (ਰਾਜ ਸਿੰਗਲਾ)**-ਵੋਟਰ ਸੂਚੀਆਂ ਦੀ ਵਿਸ਼ੇਸ਼ ਸਰਸਰੀ ਸੁਧਾਈ ਦੀ ਸਮੀਖਿਆ ਸਬੰਧੀ ਭਾਰਤੀ ਚੋਣ ਕਮਿਸ਼ਨ ਦੇ ਸੀਨੀਅਰ ਅਧਿਕਾਰੀਆਂ ਵੱਲੋਂ ਵਿਸ਼ੇਸ਼ ਦੌਰਾ ਕੀਤਾ ਗਿਆ।ਯੋਗਤਾ 01-01-2025 ਦੇ ਆਧਾਰ 'ਤੇ ਵਿਧਾਨ ਸਭਾ ਹਲਕਾ 59-ਸਾਹਨੇਵਾਲ, 60-ਲੁਧਿਆਣਾ ਪੂਰਬੀ ਤੇ 61-ਲੁਧਿਆਣਾ ਦੱਖਣੀ ਦੇ ਸਮੂਹ ਕਾਰਜਾਂ ਦੀ ਘੋਖ ਪੜਤਾਲ ਕੀਤੀ ਗਈ।ਵੋਟਰ ਸੂਚੀਆਂ ਦੇ ਵੱਖ-ਵੱਖ ਪਹਿਲੂਆਂ ਬਾਰੇ ਜਾਣਕਾਰੀ ਲੈਣ ਲਈ ਦਫ਼ਤਰ ਡਿਪਟੀ ਕਮਿਸ਼ਨਰ ਵਿਖੇ ਮੀਟਿੰਗ ਦਾ ਆਯੋਜਨ ਹੋਇਆ, ਜਿਸ ਵਿੱਚ ਭਾਰਤੀ ਚੋਣ ਕਮਿਸ਼ਨ ਦੇ ਡਾਇਰੈਕਟਰ ਦੀਪਾਲੀ ਮਾਸਿਰਕਰ, ਅਧੀਨ ਸਕੱਤਰ ਮਨੀਸ਼ ਕੁਮਾਰ, ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ, ਵਧੀਕ ਡਿਪਟੀ ਕਮਿਸ਼ਨਰ ਅਮਰਜੀਤ ਬੈਂਸ, ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਅੰਕੁਰ ਮਹਿੰਦਰੂ, ਸਹਾਇਕ ਕਮਿਸ਼ਨਰ ਕ੍ਰਿਤਿਕਾ ਗੋਇਲ, ਚੋਣ ਤਹਿਸੀਲਦਾਰ ਅਮਨਦੀਪ ਸਿੰਘ ਤੋਂ ਇਲਾਵਾ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।ਭਾਰਤੀ ਚੋਣ ਕਮਿਸ਼ਨ ਦੇ ਅਧਿਕਾਰੀਆਂ ਵੱਲੋਂ ਮੀਟਿੰਗ ਦੌਰਾਨ ਟੋਲ ਫਰੀ ਨੰਬਰ 1950 'ਤੇ ਕਾਲ ਕਰਕੇ ਉਨ੍ਹਾਂ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਦੀ ਵੀ ਜਾਂਚ ਕੀਤੀ।ਉਨ੍ਹਾਂ ਵੱਲੋਂ ਨਵੇਂ ਵੋਟਰਾਂ ਦੇ ਫਾਰਮਾਂ ਦਾ ਨਿਰੀਖਣ ਕੀਤਾ ਗਿਆ।

ਉਨ੍ਹਾਂ ਵੱਖ-ਵੱਖ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ਼) ਤੇ ਸੁਪਰਵਾਈਜਰਾਂ ਨਾਲ ਮੀਟਿੰਗ ਕਰਦਿਆਂ ਨਵੀਆਂ ਵੋਟਾਂ ਬਣਾਉਣ, ਵੋਟ ਕਟਵਾਉਣ, ਸੋਧ ਕਰਨ ਆਦਿ ਕਾਰਜਾਂ ਬਾਰੇ ਵਿਚਾਰ ਵਟਾਂਦਰੇ ਵੀ ਕੀਤੇ।ਉਨ੍ਹਾਂ ਸਪੱਸ਼ਟ ਕੀਤਾ ਕਿ ਸਮੂਹ ਯੋਗ ਵਿਅਕਤੀਆਂ ਨੂੰ ਆਪਣੀ ਵੋਟ ਬਣਵਾਉਣ ਲਈ ਸਵੀਪ ਗਤੀਵਿਧਆਂ ਰਾਹੀਂ ਪ੍ਰੇਰਿਤ ਕੀਤਾ ਜਾਵੇ ਤੇ ਨਵੀਆਂ ਵੋਟਾਂ ਬਣਾਉਣ ਲਈ ਵਿਸ਼ੇਸ਼ ਕੈਂਪਾਂ ਦਾ ਆਯੋਜਨ ਕੀਤਾ ਜਾਵੇ ਤਾਂ ਜੁ ਕੋਈ ਵੀ ਯੋਗ ਵਿਅਕਤੀ ਆਪਣੀ ਵੋਟ ਬਣਾਉਣ ਤੋਂ ਵਾਂਝਾ ਨਾ ਰਹੇ।

# ਨੇਕੀ ਫਾਊਂਡੇਸ਼ਨ ਬਣੀ ਸੈਂਕੜੇ ਦਿਵਿਆਂਗ ਤੇ ਬਜ਼ੁਰਗਾਂ ਦਾ ਸਹਾਰਾ



**ਬੁਢਲਾਡਾ/ਬਰੇਟਾ (ਅਸ਼ੋਕ ਲਾਕੜਾ/ਗੋਬਿੰਦ ਸ਼ਰਮਾ)**-ਸਥਾਨਕ ਡਾ. ਕ੍ਰਿਸ਼ਨ ਚੰਦ ਗਰਗ ਮੈਮੋਰੀਅਲ ਨੇਕੀ ਆਸ਼ਰਮ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਦੀ ਮਦਦ ਨਾਲ ਨੇਕੀ ਫਾਊਂਡੇਸ਼ਨ ਬੁਢਲਾਡਾ ਵੱਲੋਂ ਦਿਵਿਆਂਗ ਤੇ ਬਜ਼ੁਰਗਾਂ ਲਈ ਸਹਾਇਕ ਉਪਕਰਨ ਵੰਡ ਸਮਾਰੋਹ ਕੀਤਾ ਗਿਆ, ਜਿੱਥੇ ਅਲਿਮਕੋ ਮੋਹਾਲੀ ਅਦਾਰਾ ਵੱਲੋਂ 88 ਬਜ਼ੁਰਗਾਂ ਤੇ ਦਿਵਿਆਂਗਜਨਾਂ ਨੂੰ 350 ਤੋਂ ਵੱਧ ਸਹਾਇਕ ਉਪਕਰਨ ਵੰਡੇ ਗਏ।ਇਸ ਮੌਕੇ ਡਿਪਟੀ ਕਮਿਸ਼ਨਰ ਮਾਨਸਾ ਕੁਲਵੰਤ ਸਿੰਘ ਆਈ.ਏ.ਐੱਸ. ਨੇ ਕਿਹਾ ਕਿ ਇਨ੍ਹਾਂ ਉਪਕਰਨਾਂ ਦੀ ਮਦਦ ਨਾਲ ਦਿਵਿਆਂਗ ਤੇ ਬਜ਼ੁਰਗਾਂ ਦੀ ਰੋਜ਼ਮਰ੍ਹਾ ਦੀ ਜ਼ਿੰਦਗੀ ਦਾ ਲੋਕਡਾਊਨ ਖਤਮ ਹੋਵੇਗਾ। ਉਹ ਹੁਣ 15-20 ਕਿਲੋਮੀਟਰ ਦੇ ਦਾਇਰੇ ਵਿੱਚ ਘੁੰਮ ਸਕਣਗੇ ਤੇ ਕੋਈ ਰੁਜ਼ਗਾਰ ਵੀ ਚਲਾ ਸਕਣਗੇ।ਇਸ ਮੌਕੇ ਉਨ੍ਹਾਂ ਨੇਕੀ ਫਾਊਂਡੇਸ਼ਨ ਦੇ ਕੰਮਾਂ ਦੀ ਸ਼ਲਾਘਾ ਕਰਦੇ ਕਿਹਾ ਕਿ ਅਜਿਹੀਆਂ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਅਸੀਂ ਜ਼ਿਲ੍ਹੇ ਵਿੱਚ ਇੱਕ ਵੀ ਦਿਵਿਆਂਗ ਤੇ ਜ਼ਰੂਰਤਮੰਦ ਨੂੰ ਸਹਾਇਤਾ ਤੋਂ ਵਾਂਝਾ ਨਹੀਂ ਰਹਿਣ ਦੇਣਾ।ਇਸ ਮੌਕੇ ਉਨ੍ਹਾਂ ਨਾਲ ਏ. ਡੀ. ਸੀ. (ਵਿਕਾਸ) ਮਾਨਸਾ ਅਕਾਸ਼ ਬਾਂਸਲ ਮੌਜੂਦ ਰਹੇ।ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਮੈਡਮ ਲਵਲੀਨ ਬੜਿੰਗ ਨੇ ਕਿਹਾ ਕਿ ਇਸ ਕੈਂਪ ਵਿੱਚ ਦਿਵਿਆਂਗ ਤੇ ਬਜ਼ੁਰਗਾਂ ਨੂੰ ਸਹਾਇਕ ਉਪਕਰਨ ਮੁਫ਼ਤ ਵੰਡੇ ਗਏ।ਇਸ ਮੌਕੇ ਅਲਿਮਕੋ ਮੋਹਾਲੀ ਦੀ ਟੀਮ ਤੋਂ ਜੂਨੀਅਰ ਮੈਨੇਜਰ ਕਨਿਕਾ ਮਹਿਤਾ, ਪੀ ਐਂਡ ਓ ਅਸ਼ੋਕ ਸਾਹੂ, ਗੌਤਮ ਪਾਂਡੇ, ਨੇਕੀ ਟੀਮ ਸਮੇਤ ਜ਼ਿਲ੍ਹਾ ਰਾਇਸ ਸ਼ੈਲਰ ਯੂਨੀਅਨ ਦੇ ਪ੍ਰਧਾਨ ਸ਼ਾਮ ਲਾਲ ਧਲੇਵਾਂ, ਐਡਵੋਕੇਟ ਵਿਜੈ ਗੋਇਲ, ਆੜ੍ਹਤੀਆ ਅਸੋਸੀਏਸ਼ਨ ਬੁਢਲਾਡਾ ਦੇ ਪ੍ਰਧਾਨ ਰਜਿੰਦਰ ਕੋਹਲੀ, ਪ੍ਰੇਮ ਦੋਦੜਾ, ਕਮਿਸ਼ਟ ਐਸੋਸੀਏਸ਼ਨ ਬੁਢਲਾਡਾ ਦੇ ਦੀਵਾਨ ਚੰਦ ਬਾਂਸਲ, ਮੋਬਾਈਲ ਐਸੋਸੀਏਸ਼ਨ ਤੋਂ ਪ੍ਰਧਾਨ ਜੱਗਾ ਸਿੰਘ ਤੇ ਡਾ. ਇੰਦਰਪਾਲ ਸਿੰਘ ਰਾਜਪੁਰਾ, ਡਾ. ਨਿਤੇਸ਼ ਮਿੱਤਲ, ਡਾ. ਰਜੇਸ਼ ਸਿੰਗਲਾ, ਡਾ. ਕਪਲਾਸ਼ ਗਰਗ ਸਮੇਤ ਸ਼ਹਿਰ ਦੀਆਂ ਜਥੇਬੰਦੀਆਂ ਤੇ ਉਨ੍ਹਾਂ ਦੇ ਅਹੁਦੇਦਾਰ, ਪਤਵੰਤੇ ਹਾਜ਼ਰ ਸਨ।

## ਪ੍ਰੀਤ ਸਾਹਿਤ ਸਦਨ ਦੀ ਮੀਟਿੰਗ 'ਚ ਕਵੀਆਂ ਨੇ ਬੰਨ੍ਹੇ ਰੰਗ



**ਲੁਧਿਆਣਾ (ਭਾਟੀਆ, ਸਿੰਗਲਾ)**-ਬੀਤੇ ਐਤਵਾਰ ਪ੍ਰੀਤ ਸਾਹਿਤ ਸਦਨ ਲੁਧਿਆਣਾ ਵਿਖੇ ਮਹੀਨਾਵਾਰ ਸਾਹਿਤਕ ਮੀਟਿੰਗ ਹੋਈ, ਜਿਸ ਦੀ ਪ੍ਰਧਾਨਗੀ ਸਾਹਿਤਕਾਰ ਦਰਸ਼ਨ ਬੋਪਾਰਾਏ ਨੇ ਕੀਤੀ, ਜਦ ਕਿ ਮੁੱਖ ਮਹਿਮਾਨ ਵਜੋਂ ਲੁਧਿਆਣਾ ਦੇ ਉੱਘੇ ਗ਼ਜ਼ਲਗੋ ਸ੍ਰ. ਹਰਦੀਪ ਸਿੰਘ ਬਿਰਦੀ ਪਹੁੰਚੇ। ਸਮਾਗਮ ਦੇ ਸ਼ੁਰੂ ਵਿੱਚ ਦੋ ਕਿਤਾਬਾਂ ਲੋਕ ਅਰਪਣ ਕੀਤੀਆਂ ਗਈਆਂ, ਜਿਨ੍ਹਾਂ ਵਿੱਚ ਪਹਿਲੀ ਕਿਤਾਬ ਸ੍ਰੀ ਬਲਵਿੰਦਰ ਸਿੰਘ ਧਾਲੀਵਾਲ ਦੀ 'ਨਾਖੂਨ ਕਲਮ ਕੇ' ਈ ਬੁੱਕ ਸੀ, ਜਿਸ ਦਾ ਪਰਚਾ ਮੈਡਮ ਅਮਨਦੀਪ ਕੌਰ ਨੇ ਪੜ੍ਹਿਆ।ਦੂਸਰੀ ਕਿਤਾਬ ਮਹਾਨ ਕਹਾਣੀਕਾਰ ਸ੍ਰੀ ਸੁਰਿੰਦਰ ਰਾਮਪੁਰੀ ਸਰਪ੍ਰਸਤ ਸਾਹਿਤ ਸਭਾ ਰਾਮਪੁਰ ਦੀ ਲਿਖੀ 'ਕਿਸੇ ਬਹਾਨੇ' ਜਿਸ ਵਿੱਚ 26 ਕਹਾਣੀਆਂ ਹਨ, ਰਿਲੀਜ਼ ਕੀਤੀ ਗਈ। ਇਸ ਦਾ ਪਰਚਾ ਜਗਜੀਤ ਸਿੰਘ ਗੁਰਮ ਨੇ ਪੜ੍ਹਿਆ।ਪ੍ਰੀਤ ਸਦਨ ਦੇ ਮਨੋਜਪ੍ਰੀਤ ਤੇ ਗ਼ਜ਼ਲਗੋ ਜ਼ੋਰਾਵਰ ਸਿੰਘ ਪੰਛੀ ਨੇ ਸੁਰਿੰਦਰ ਰਾਮਪੁਰੀ ਦੀਆਂ ਰਚਨਾਵਾਂ 'ਤੇ ਚਾਨਣਾ ਪਾਇਆ।ਉਪਰੰਤ ਸ਼ਾਇਰੀ ਦਾ ਦੌਰ ਚੱਲਿਆ, ਜਿਸ ਵਿੱਚ ਸਰਵਸ੍ਰੀ ਤਰਨ ਰਾਮਪੁਰ, ਪਾਲ ਸੰਸਾਰਪੁਰੀ, ਜ਼ੋਰਾਵਰ ਸਿੰਘ, ਪੰਮੀ ਹਬੀਬ, ਕੇਵਲ ਦੀਵਾਨਾ, ਮਨਜਿੰਦਰ ਸ਼ੋਕ, ਨਰਿੰਦਰ ਸੋਨੀ, ਅਮਰਜੀਤ ਸਿੰਘ ਸ਼ੇਰਪੁਰੀ, ਗੁਰਪਾਲ, ਗਗਨਦੀਪ, ਕਾਜਲ ਮਹਿਰਾ, ਸੁਖਵਿੰਦਰ ਅਨਹਦ ਨੇ ਕਵਿਤਾਵਾਂ, ਗ਼ਜ਼ਲਾਂ, ਗੀਤ ਸੁਣਾ ਕੇ ਕਵੀ ਦਰਬਾਰ ਨੂੰ ਸਫ਼ਲ ਕੀਤਾ। ਮਨੋਜ ਪ੍ਰੀਤ ਨੇ ਮੰਚ ਸੰਚਾਲਨ ਦਾ ਫਰਜ਼ ਬਾਖ਼ੂਬੀ ਨਿਭਾਇਆ।ਮੁੱਖ ਮਹਿਮਾਨ ਹਰਦੀਪ ਬਿਰਦੀ ਨੇ ਦੋ ਬਿਹਤਰੀਨ ਗ਼ਜ਼ਲਾਂ ਸੁਣਾਈਆਂ।ਉਨ੍ਹਾ ਆਪਣੇ ਭਾਸ਼ਣ ਵਿੱਚ ਰਿਲੀਜ਼ ਕੀਤੀਆਂ ਕਿਤਾਬਾਂ ਬਾਰੇ ਵਿਚਾਰ ਰੱਖੇ ਤੇ ਮਨੋਜ ਪ੍ਰੀਤ ਦੇ ਸਾਹਿਤਕ ਯੋਗਦਾਨ ਦੀ ਸ਼ਲਾਘਾ ਕੀਤੀ।ਅਖੀਰ ਵਿੱਚ ਦਰਸ਼ਨ ਬੋਪਾਰਾਏ ਨੇ ਪ੍ਰਧਾਨਗੀ ਭਾਸ਼ਣ ਦਿੱਤਾ ਤੇ ਅਪਣੀ ਕਵਿਤਾ ਸੁਣਾਈ।ਇਸ ਤਰ੍ਹਾਂ ਇਹ ਇੱਕ ਸਫ਼ਲ ਪ੍ਰੋਗਰਾਮ ਹੋ ਨਿੱਬੜਿਆ।

## 4 ਨੂੰ ਅੱਖਾਂ ਦਾ ਮੁਫ਼ਤ ਜਾਂਚ ਕੈਂਪ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਡਾਕਟਰ ਐਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਲੜੀ ਤਹਿਤ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ ਨਿਰਦੇਸ਼ਾਂ 'ਤੇ ਸਿਵਲ ਹਸਪਤਾਲ ਸ੍ਰੀ ਮੁਕਤਸਰ ਸਾਹਿਬ ਵਿਖੇ 660ਵਾਂ ਅੱਖਾਂ ਦਾ ਮੁਫਤ ਜਾਤ ਕੈਂਪ ਡਾ. ਰਾਜਿੰਦਰ ਸਿੰਘ ਅਟਵਾਲ ਸਲਾਹਕਾਰ ਸਿਹਤ ਸੇਵਾਵਾਂ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੀ ਰਹਿਨੁਮਾਈ ਹੇਠ 4 ਦਸੰਬਰ ਨੂੰ ਸਵੇਰੇ 8-30 ਤੋਂ ਦੁਪਹਿਰ 2 ਵਜੇ ਤੱਕ ਲਾਇਆ ਜਾ ਰਿਹਾ ਹੈ।

ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਡਾ. ਜਗਦੀਪ ਚਾਵਲਾ ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਦੇ ਦਿਸ਼ਾ ਨਿਰਦੇਸ਼ਾਂ ਤੇ ਡਾ. ਹਰਸ਼ਦੀਪ ਕੌਰ ਮਹਿੰਦਰਾ ਆਈ ਸਰਜਨ ਸਿਵਲ ਹਸਪਤਾਲ ਸ੍ਰੀ ਮੁਕਤਸਰ ਸਾਹਿਬ ਵੱਲੋਂ ਅੱਖਾਂ ਦੀ ਜਾਂਚ ਕੀਤੀ ਜਾਵੇਗੀ।ਡਾ. ਰਾਹੁਲ ਜਿੰਦਲ ਸੀਨੀਅਰ ਮੈਡੀਕਲ ਅਫ਼ਸਰ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਸ਼ਾਮਲ ਹੋਣਗੇ।ਗੁਰਬਿੰਦਰ ਸਿੰਘ ਬਰਾੜ ਇੰਚਾਰਜ ਸਾਊਥ ਵੈਸਟ ਪੰਜਾਬ ਨੇ ਦੱਸਿਆ ਕਿ ਅੱਖਾਂ ਦੀ ਦਵਾਈ ਅਤੇ ਐਨਕਾਂ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਮੁਫਤ ਦਿੱਤੀਆਂ ਜਾਣਗੀਆਂ। ਜੋ ਮਰੀਜ਼ ਅਪਰੇਸ਼ਨ ਲਈ ਸਿਲੈਕਟ ਹੋਣਗੇ, ਸਿਵਲ ਹਸਪਤਾਲ ਸ੍ਰੀ ਮੁਕਤਸਰ ਸਾਹਿਬ ਵਿਖੇ ਕੀਤੇ ਜਾਣਗੇ ।ਇਸ ਮੌਕੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਇਕਾਈ ਸ੍ਰੀ ਮੁਕਤਸਰ ਸਾਹਿਬ ਟੀਮ ਦੇ ਸਮੂਹ ਸੇਵਾਦਾਰ ਹਾਜ਼ਰ ਸਨ।

## ਡੀ ਵੀ ਐੱਮ ਵਿਖੇ ਐਥਲੈਟਿਕ ਮੀਟ ਕਰਵਾਈ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**

ਇਲਾਕੇ ਦੀ ਨਾਮੀ ਸੰਸਥਾ ਉਦੇਕਰਨ ਵਿਖੇ ਸਥਿਤ ਡੀ.ਵੀ.ਐੱਮ. ਪਬਲਿਕ ਸਕੂਲ ਦੇ ਵਿਹੜੇ 'ਚ ਦੋ ਰੋਜ਼ਾ ਅਥਲੈਟਿਕ ਮੀਟ ਕਰਵਾਈ ਗਈ।

ਐਥਲੈਟਿਕਸ ਮੀਟ ਦੀ ਸ਼ੁਰੂਆਤ ਸਕੂਲ ਦੇ ਚੇਅਰਮੈਨ ਡਾ. ਮਦਨ ਮੋਹਨ ਤੇ ਪ੍ਰਿੰਸੀਪਲ ਰਾਜ ਕੁਮਾਰੀ ਵੱਲੋਂ ਸ਼ਮ੍ਹਾ ਰੋਸ਼ਨ ਕਰਕੇ ਕੀਤੀ ਗਈ।ਇਸ ਉਪਰੰਤ ਬੱਚਿਆਂ ਵੱਲੋਂ ਫਲੈਗ ਮਾਰਚ ਆਦਿ ਤੋਂ ਇਲਾਵਾ ਹੋਰ ਕਈ ਗਤੀਵਿਧੀਆਂ ਕਰਵਾਈਆਂ ਗਈਆਂ। ਇਸ ਮੌਕੇ ਸਕੂਲ ਦੇ ਚੇਅਰਮੈਨ ਡਾ. ਮਦਨ ਮੋਹਨ ਨੇ ਆਪਣੇ ਸੰਬੋਧਨ ਦੌਰਾਨ ਬੱਚਿਆਂ ਦੀ ਹੌਸਲਾ ਅਫਜ਼ਾਈ ਕਰਦੇ ਹੋਏ ਕਿਹਾ ਕਿ ਖੇਡਾਂ ਨਾਲ ਬੱਚਿਆਂ ਅੰਦਰ ਛੁਪੀ ਹੋਈ ਪ੍ਰਤਿਭਾ ਉੱਭਰ ਕੇ ਸਾਹਮਣੇ ਆਉਂਦੀ ਹੈ।ਇਸੇ ਦੌਰਾਨ ਬੱਚਿਆਂ ਵਿੱਚ ਬਾਸਕਟਬਾਲ, 100 ਮੀਟਰ, 200 ਮੀਟਰ, 400 ਮੀਟਰ ਰੇਸ ਆਦਿ ਕਈ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਵਿਜੇਤਾ ਖਿਡਾਰੀਆਂ ਨੂੰ ਸਕੂਲ ਦੇ ਚੇਅਰਮੈਨ ਡਾ. ਮਦਨ ਮੋਹਨ ਤੇ ਪ੍ਰਿੰਸੀਪਲ ਡਾ. ਰਾਜ ਕੁਮਾਰੀ ਨੇ ਪੁਰਸਕਾਰ ਦੇ ਕੇ ਸਨਮਾਨਤ ਕੀਤਾ।

ਇਸ ਮੌਕੇ ਸਕੂਲ ਦਾ ਸਮੂਹ ਸਟਾਫ ਜਗਸੀਰ ਸਿੰਘ (ਡੀ.ਪੀ.ਈ.), ਰਾਮ ਕੁਮਾਰ, ਰੁਪਿੰਦਰ ਕੌਰ, ਰਾਜਵਿੰਦਰ ਸਿੰਘ, ਕਿਰਨਦੀਪ ਕੌਰ, ਅਰਸ਼ਦੀਪ ਕੌਰ, ਭਵਾਨੀ ਸਿੰਘ ਆਦਿ ਹਾਜ਼ਰ ਸਨ। ਇਸ ਮੌਕੇ ਸਟੇਜ ਸੈਕਟਰੀ ਦੀ ਭੂਮਿਕਾ ਕਿਰਨਦੀਪ ਕੌਰ ਨੇ ਬਾਖੂਬੀ ਨਾਲ ਨਿਭਾਈ।

# ਸੱਭਿਆਚਾਰਕ ਰੰਗ 'ਚ ਰੰਗਿਆ ਅਨੁਵਰਤ ਸਕੂਲ ਦਾ ਸਾਲਾਨਾ ਇਨਾਮ ਵੰਡ ਸਮਾਰੋਹ



**ਜਗਰਾਉਂ (ਅਮਿਤ ਖੰਨਾ)**

ਅਨੁਵਰਤ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ, ਉਡਾਨ-2024 ਬੜੇ ਜੋਸ਼-ਖਰੋਸ਼ ਨਾਲ ਮਨਾਇਆ ਗਿਆ।ਪਾਵਨ ਨਵਕਾਰ ਮੰਤਰ ਤੇ ਅਧਿਆਪਕਾਵਾਂ ਵੱਲੋਂ ਗਾਏ ਅਨੁਵਰਤ ਗੀਤ ਉਪਰੰਤ ਸ੍ਰੀ ਜਨਕ ਰਾਜ ਜੈਨ, ਮੰਜੂ ਜੈਨ, ਵਿਸ਼ਾਲ ਜੈਨ,ਡਾਇਰੈਕਟਰ ਮਹਾਪ੍ਰਗਯ ਸਕੂਲ, ਅਰਿਹੰਤ ਜੈਨ, ਕੈਪਟਨ ਨਰੇਸ਼ ਵਰਮਾ ਵੱਲੋਂ ਜਯੋਤੀ ਜਲਾ ਕੇ ਸਮਾਗਮ ਦੀ ਅਰੰਭਤਾ ਕੀਤੀ ਗਈ।

ਸਕੂਲ ਡਾਇਰੈਕਟਰ ਅਮਰਜੀਤ ਕੌਰ ਨੇ ਮੁੱਖ ਮਹਿਮਾਨ, ਗੈਸਟ ਆਫ ਆਨਰ ਤੇ ਆਏ ਹੋਏ ਪਤਵੰਤੇ ਸੱਜਣਾਂ ਨੂੰ ਜੀ ਆਇਆਂ ਕਹਿੰਦਿਆਂ ਸਕੂਲ ਨੀਤੀਆਂ 'ਤੇ ਚਾਨਣਾ ਪਾਇਆ।ਪ੍ਰਿੰ. ਗੋਲਡੀ ਜੈਨ ਵੱਲੋਂ ਸਕੂਲ ਰਿਪੋਰਟ ਪੜ੍ਹੀ ਗਈ।ਸਕੂਲ ਵਿਦਿਆਰਥੀਆਂ ਨੇ ਸੱਭਿਆਚਾਰਕ ਰੰਗ ਬਿਖੇਰਦੇ ਹੋਏ ਸਮੂਹ ਗੀਤ, ਸਮੂਹ ਨਾਚਾਂ, ਪੇਰੇਂਟਸ ਟੀਚਰ ਥੀਮ ਤੇ ਕੋਰਿਓਗ੍ਰਾਫੀ ਨੇ ਖੂਬ ਰੰਗ ਬੰਨਿਆ, ਫ਼ਿਊਜ਼ਨ ਡਾਂਸ, ਸੋਸ਼ਲ ਮੀਡੀਆ ਦੀ ਦੁਰਵਰਤੋਂ ਬਾਰੇ ਲਘੂ ਨਾਟਿਕਾ, ਨਾਰੀ ਉਤਪੀੜਨ ਤੇ ਮਾਈਮ ਪੇਸ਼ ਕਰਕੇ ਮਾਨਸਿਕ ਕੁਟਿਲਤਾ ਛੱਡ ਕੇ ਔਰਤਾਂ ਦਾ ਸਨਮਾਨ ਕਰਨ ਦਾ ਸੁਨੇਹਾ ਦਿੱਤਾ।ਨੰਨ੍ਹੇ-ਮੁੰਨੇ ਬੱਚਿਆਂ ਦੀ ਕਾਸਟਿਊਮ ਪਰੇਡ ਨੇ ਅਨੋਖਾ ਰੰਗ ਬਿਖੇਰਦੇ ਸਭ ਦਾ ਮਨ ਮੋਹ ਲਿਆ।ਪੰਜਾਬ ਦੇ ਪ੍ਰਸਿੱਧ ਲੋਕ ਨਾਚ ਗਿੱਧਾ ਤੇ ਭੰਗੜਾ ਦੀਆਂ ਧਮਾਲਾਂ ਨੇ ਹਾਜ਼ਰੀਨ ਨੂੰ ਝੂਮਣ ਲਈ ਮਜਬੂਰ ਕਰ ਦਿੱਤਾ।

ਮੁੱਖ ਮਹਿਮਾਨ ਸ੍ਰੀ ਜਤਿੰਦਰ ਮਿੱਤਲ, ਵਾਈਸ ਪ੍ਰੈਜ਼ੀਡੈਂਟ ਬੀਜੇਪੀ, ਪੰਜਾਬ ਤੇ ਗੈਸਟ ਆਫ਼ ਓਨਰ ਸ੍ਰੀ ਲਕਸ਼ੈ ਕੁਮਾਰ, ਐਸਡੀਐਮ ਨੇ ਪੜ੍ਹਾਈ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਅਤੇ ਸਹਿ ਪਾਠਕ੍ਰਮ ਗਤੀਵਿਧੀਆਂ ਵਿੱਚ ਨਾਮਣਾ ਕੱਟਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਅਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ।ਮੁੱਖ ਮਹਿਮਾਨ ਸ੍ਰੀ ਜਤਿੰਦਰ ਮਿੱਤਲ ਨੇ ਸੱਭਿਆਚਾਰਕ ਪ੍ਰੋਗਰਾਮ ਵਿੱਚ ਪ੍ਰਦਰਸ਼ਿਤ ਨੈਤਿਕ ਮੁੱਲਾਂ, ਆਦਰਸ਼ਾਂ ਤੇ ਚਲੰਤ ਮਸਲਿਆਂ ਬਾਰੇ ਕੀਤੇ ਸ਼ਾਨਦਾਰ ਪ੍ਰਦਰਸ਼ਨ ਦੀ ਭਰਪੂਰ ਸ਼ਲਾਘਾ ਕੀਤੀ।ਉਨ੍ਹਾਂ ਸਿੱਖਿਆ ਦੇ ਖੇਤਰ ਤੇ ਸਹਿ ਪਾਠਕ੍ਰਮ ਗਤੀਵਿਧੀਆਂ ਵਿੱਚ ਨਾਮਣਾ ਖੱਟਣ ਵਾਲੇ ਬੱਚਿਆਂ ਨੂੰ ਵਧਾਈ ਦਿੱਤੀ ਤੇ ਬੱਚਿਆਂ ਅੰਦਰ ਮਾਂ-ਬਾਪ ਅਤੇ ਅਧਿਆਪਕਾਂ ਦਾ ਸਨਮਾਨ ਕਰਨ ਤੇ ਨੈਤਿਕ ਗੁਣਾਂ ਦਾ ਸੰਚਾਰ ਕਰਨ ਲਈ ਅਧਿਆਪਕਾਂ ਸੰਗ ਮਾਪਿਆਂ ਨੂੰ ਵੀ ਪ੍ਰੇਰਤ ਕੀਤਾ।ਸ੍ਰੀਮਤੀ ਇਤਿਕਾ ਜੈਨ ਵੱਲੋਂ ਵੋਟ ਆਫ ਥੈਂਕਸ ਦਿੱਤਾ ਗਿਆ।

# ਪੰਜਾਬੀ 'ਵਰਸਿਟੀ 'ਚ ਆਫਲਾਈਨ ਤੇ ਆਨਲਾਈਨ ਅਕਾਦਮਿਕ ਸੈਸ਼ਨ ਕਰਵਾਏ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਦੇ ਸਿੱਖਿਆ ਅਤੇ ਸੁਮਦਾਇ ਸੇਵਾਵਾਂ ਵਿਭਾਗ ਵੱਲੋਂ ਆਸਟਰੇਲੀਆ ਦੀ ਕਰਟਿਨ ਯੂਨੀਵਰਸਿਟੀ ਪਰਥ ਦੇ ਸਹਿਯੋਗ ਨਾਲ ਕਰਵਾਈ ਜਾ ਰਹੀ ਅੰਤਰਰਾਸ਼ਟਰੀ ਕਾਨਫ਼ਰੰਸ ਦੇ ਦੂਜੇ ਦਿਨ ਸਮਾਨਾਂਤਰ ਪੰਜ ਵਰਕਸ਼ਾਪਾਂ ਚੱਲੀਆਂ ਜਿੱਥੇ ਵੱਖ-ਵੱਖ ਬੁਲਾਰਿਆਂ ਵੱਲੋਂ ਆਪਣੇ ਖੋਜ ਪੇਪਰਾਂ ਰਾਹੀਂ ਅਹਿਮ ਵਿਚਾਰ ਪ੍ਰਗਟਾਏ ਗਏ। ਵਿਭਾਗ ਮੁਖੀ ਡਾ. ਜਗਪ੍ਰੀਤ ਕੌਰ ਨੇ ਦੱਸਿਆ ਕਿ ਵਿਗਿਆਨ, ਗਣਿਤ, ਤਕਨਾਲੋਜੀ ਅਤੇ ਸਿੱਖਿਆ ਦੇ ਵਿਸ਼ੇ ਉੱਤੇ ਕਰਵਾਈ ਗਈ ਜਾ ਰਹੀ ਇਸ ਕਾਨਫ਼ਰੰਸ ਦੇ ਦੂਜੇ ਦਿਨ ਦੀ ਸ਼ੁਰੂਆਤ '21ਵੀਂ ਸਦੀ ਵਿੱਚ ਗਲੋਬਲ ਸਸਟੇਨੇਬਿਲਟੀ ਐਜੂਕੇਸ਼ਨ ਅਤੇ ਵਿਚਾਰ' ਸਿਰਲੇਖ ਵਾਲੇ ਖੋਜ ਪੱਤਰ ਨਾਲ ਹੋਈ, ਜਿਸ ਨੂੰ ਪ੍ਰੋ. ਕਰਟਿਨ ਯੂਨੀਵਰਸਿਟੀ ਪਰਥ ਵਿਖੇ ਸਸਟੇਨੇਬਲ ਇੰਜੀਨੀਅਰਿੰਗ ਗਰੁੱਪ ਦੇ ਡਾਇਰੈਕਟਰ ਪ੍ਰੋ.ਮਿਸ਼ੇਲ ਜੋਂਨਸ ਵੱਲੋਂ ਪੇਸ਼ ਕੀਤਾ ਗਿਆ। ਉਪਰੰਤ ਪਰਥ ਤੋਂ ਆਏ ਕੰਸਲਟੈਂਟ ਇੰਜੀਨੀਅਰ ਬਿਲ ਕੌਲ ਨੇ ਭਾਸ਼ਣ ਦਿੱਤਾ। ਉਨ੍ਹਾਂ ਇੰਜਨੀਅਰਿੰਗ ਦ੍ਰਿਸ਼ਟੀਕੋਣ ਤੋਂ ਵਿਗਿਆਨ, ਗਣਿਤ, ਤਕਨਾਲੋਜੀ ਅਤੇ ਸਿੱਖਿਆ ਦੇ ਖੇਤਰ ਵਿੱਚ ਲੋੜੀਂਦੇ ਉਸਾਰੂ ਉਦੇਸ਼ਾਂ ਅਤੇ ਇਨ੍ਹਾਂ ਨੂੰ ਪ੍ਰਾਪਤ ਕਰਨ ਦੀਆਂ ਵਿਧੀਆਂ ਬਾਰੇ ਗੱਲ ਕੀਤੀ। ਇਸ ਮੌਕੇ ਡੀਨ ਕਾਲਜ ਵਿਕਾਸ ਕੌਂਸਲ ਡਾ. ਬਲਰਾਜ ਸੈਣੀ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਰਹੇ।ਕਾਨਫ਼ਰੰਸ ਦੇ ਦੂਜੇ ਦਿਨ ਪੰਜ ਆਫਲਾਈਨ ਅਤੇ ਪੰਜ ਆਨਲਾਈਨ ਅਕਾਦਮਿਕ ਸੈਸ਼ਨਾਂ ਵਿੱਚ 100 ਪੇਸ਼ਕਾਰੀਆਂ ਹੋਈਆਂ।ਪ੍ਰੋ. ਰੇਚਲ ਸ਼ੈਫੀਲਡ ਅਤੇ ਮਾਈਕਲ ਗ੍ਰੈਫਿਨ ਨੇ ਰਚਨਾਤਮਕ ਕੰਪਿਊਟਿੰਗ ਨਾਲ ਜੁੜੇ ਵਿਸ਼ੇ ਉੱਤੇ ਵਰਕਸ਼ਾਪ ਦੀ ਅਗਵਾਈ ਕੀਤੀ ਜਦੋਂ ਕਿ ਡਾ. ਜੋਤੀ ਕੌਰ ਦਾ ਸੈਸ਼ਨ ਸਕੂਲੀ ਵਿਦਿਆਰਥੀਆਂ ਨੂੰ ਕੁਆਂਟਮ ਸਾਇੰਸ ਤੋਂ ਜਾਣੂ ਕਰਵਾਉਣ 'ਤੇ ਕੇਂਦਰਿਤ ਸੀ। ਸਤਵਿੰਦਰ ਕੌਰ ਨੇ ਭਾਗੀਦਾਰਾਂ ਨੂੰ ਵਿਦਵਤਾ ਭਰਪੂਰ ਰਚਨਾਵਾਂ ਪ੍ਰਕਾਸ਼ਿਤ ਕਰਨ ਦੀ ਪ੍ਰਕਿਰਿਆ ਬਾਰੇ ਦੱਸਿਆ।

ਡਾ. ਪਾਲ ਬ੍ਰਾਊਨ ਨੇ ਸਿੱਖਣ ਦੇ ਨਤੀਜਿਆਂ ਨੂੰ ਬਿਹਤਰ ਬਣਾਉਣ ਦੇ ਉਦੇਸ਼ ਨਾਲ ਅਲਜ਼ਬਰਾ ਸਿਖਾਉਣ ਲਈ ਸਫਲ ਤਕਨੀਕਾਂ 'ਤੇ ਇੱਕ ਵਰਕਸ਼ਾਪ ਦਾ ਆਯੋਜਨ ਕੀਤਾ।ਦੂਜੇ ਦਿਨ ਦੀ ਸਮਾਪਤੀ ਕਲਾ ਭਵਨ ਵਿਖੇ ਸੱਭਿਆਚਾਰਕ ਸ਼ਾਮ ਨਾਲ ਹੋਈ, ਜਿੱਥੇ ਪੰਜਾਬੀ ਯੂਨੀਵਰਸਿਟੀ ਅਤੇ ਸਿੱਖਿਆ ਵਿਭਾਗ ਅਤੇ ਕਮਿਊਨਿਟੀ ਸਰਵਿਸ ਦੇ ਵਿਦਿਆਰਥੀਆਂ ਨੇ ਵੱਖ-ਵੱਖ ਭਾਰਤੀ ਰਾਜਾਂ ਦੀ ਨੁਮਾਇੰਦਗੀ ਕਰਦੇ ਵੱਖ-ਵੱਖ ਲੋਕ ਨਾਚਾਂ ਦਾ ਪ੍ਰਦਰਸ਼ਨ ਕੀਤਾ। ਸ਼ਾਮ ਦੇ ਪ੍ਰੋਗਰਾਮ ਵਿੱਚ ਵਿਸ਼ੇਸ਼ ਮਹਿਮਾਨ ਯੁਵਕ ਭਲਾਈ ਦੇ ਡਾਇਰੈਕਟਰ ਡਾ. ਵਰਿੰਦਰ ਕੌਸ਼ਿਕ ਨੇ ਸੱਭਿਆਚਾਰਕ ਵਿਰਸੇ ਨੂੰ ਸੰਭਾਲਣ ਅਤੇ ਉਤਸ਼ਾਹਿਤ ਕਰਨ ਲਈ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ।

30-Nov-PAGE-11.qxd 11/29/2024 8:44 PM Page 1



# ਅਣ-ਅਧਿਕਾਰਤ ਕਾਲੋਨੀਆਂ ਤੇ ਉਸਾਰੀਆਂ ਢਹਿ-ਢੇਰੀ

## 14 ਕਾਲੋਨਾਈਜ਼ਰਾਂ ਵਿਰੁੱਧ ਐੱਫ ਆਈ ਆਰ ਦਰਜ ਕਰਨ ਲਈ ਪੁਲਸ ਵਿਭਾਗ ਨੂੰ ਲਿਖਿਆ ਜਾ ਚੁੱਕੈ



**ਅੰਮ੍ਰਿਤਸਰ (ਜਗਦੀਸ਼ ਕਮਲੇਸ਼)**-ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਏਡੀਏ ਦੇ ਮੁੱਖ ਪ੍ਰਸ਼ਾਸਕ ਅੰਕੁਰਜੀਤ ਸਿੰਘ ਅਤੇ ਵਧੀਕ ਮੁੱਖ ਪ੍ਰਸ਼ਾਸਕ ਮੇਜਰ ਅਮਿਤ ਸਰੀਨ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਜ਼ਿਲਾ ਟਾਊਨ ਪਲਾਨਰ (ਰੈਗੂਲੇਟਰੀ) ਗੁਰਸੇਵਕ ਸਿੰਘ ਔਲਖ ਦੀ ਅਗਵਾਈ ਹੇਠ ਏਡੀਏ ਦੇ ਰੈਗੂਲੇਟਰੀ ਵਿੰਗ ਵੱਲੋਂ ਥਾਣਾ ਕੰਬੋ ਦੇ ਪੁਲਸ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਫਤਿਹਗੜ੍ਹ ਚੂੜੀਆਂ ਰੋਡ ਉਪਰ ਪਿੰਡ ਮੁਰਾਦਪੁਰਾ ਵਿਖੇ ਬਣ ਰਹੀ ਨਵੀਂ ਅਣ-ਅਧਿਕਾਰਿਤ ਕਲੋਨੀ ਵਿਰੁੱਧ ਕਾਰਵਾਈ ਕਰਦੇ ਹੋਏ ਕਲੋਨੀ ਨੂੰ ਢਾਹ ਦਿੱਤਾ ਗਿਆ।ਜ਼ਿਲਾ ਟਾਊਨ ਪਲਾਨਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪਿੰਡ ਮੁਰਾਦਪੁਰਾ ਵਿਖੇ ਏਜੀਐੱਮ ਹਾਈਟ ਵੱਲੋਂ ਦਾ ਅਰਬਨ ਹਾਈਟ ਨਾਮ ਹੇਠ ਵਿਕਸਿਤ ਕੀਤੀ ਜਾ ਰਹੀ ਨਵੀਂ ਅਣ-ਅਧਿਕਾਰਤ ਕਮਰਸ਼ੀਅਲ ਕਲੋਨੀ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਡੈਮੋਲੈਸ਼ਨ ਦੀ ਕਾਰਵਾਈ ਕੀਤੀ ਗਈ ਹੈ, ਕਿਉਂਜੋ ਅਣ-ਅਧਿਕਾਰਤ ਕਲੋਨੀ ਦੇ ਮਾਲਕਾਂ ਨੇ ਸਰਕਾਰ ਦੀਆਂ ਹਦਾਇਤਾਂ ਦੀ ਪ੍ਰਵਾਹ ਨਾ ਕਰਦੇ ਹੋਏ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਸਨ ਅਤੇ ਕਲੋਨਾਈਜ਼ਰ ਵੱਲੋਂ ਉਕਤ ਨੋਟਿਸ ਸਬੰਧੀ ਦਿੱਤਾ ਗਿਆ ਜਵਾਬ ਤਸੱਲੀਬਖਸ਼ ਨਾ ਪਾਏ ਜਾਣ ਤੇ ਉੱਚ ਅਧਿਕਾਰੀਆਂ ਦੇ ਹੁਕਮਾਂ ਤਹਿਤ ਉਕਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ।

ਇਸ ਤੋਂ ਇਲਾਵਾ ਮਜੀਠਾ ਰੋਡ ਉਪਰ ਪਿੰਡ ਪੰਡੋਰੀ ਵੜੈਚ ਵਿਖੇ ਪੈਂਦੇ ਸਟੋਨ ਕਰਸਟ ਹੋਟਲ ਦੇ ਨਾਲ ਬਣ ਰਹੀ ਨਵੀਂ ਅਣ-ਅਧਿਕਾਰਿਤ ਹੋਟਲ ਦੀ ਉਸਾਰੀ ਨੂੰ ਪੰਜਾਬ ਰਿਜਨਲ ਐਂਡ ਟਾਊਨ ਪਲਾਨਿੰਗ ਐਂਡ ਡਿਵੈਲਪਮੈਂਟ ਐਕਟ-1995 ਅਧੀਨ ਨੋਟਿਸ ਜਾਰੀ ਕੀਤਾ ਗਿਆ ਸੀ ਜਿਸ ਦੇ ਬਾਵਜੂਦ ਉਸਾਰੀਕਰਤਾ ਵੱਲੋਂ ਉਸਾਰੀ ਦਾ ਕੰਮ ਨਹੀਂ ਰੋਕਿਆ ਗਿਆ ਜਿਸ ਕਰਕੇ ਐਕਟ ਮੁਤਾਬਿਕ ਸਮਰੱਥ ਅਧਿਕਾਰੀ ਵੱਲੋਂ ਉਸਾਰੀ ਨੂੰ ਢਾਹੁਣ ਸਬੰਧੀ ਹੁਕਮ ਜਾਰੀ ਕੀਤੇ ਗਏ ਸਨ ਪਰੰਤੂ ਮੌਕੇ ਤੇ ਦੂਜੀ ਮੰਜ਼ਿਲ ਦੇ ਲੈਂਟਰ ਦੀ ਸ਼ਟਰਿੰਗ ਹੋਣ ਕਰਕੇ ਜਾਨੀ ਨੁਕਸਾਨ ਦੇ ਖ਼ਦਸ਼ੇ ਨੂੰ ਭਾਂਪਦਿਆਂ ਟੀਮ ਵੱਲੋਂ ਉਸਾਰੀਕਰਤਾ ਦੀ ਲਿਖਤੀ ਬੇਨਤੀ ਤੇ ਉਸਾਰੀ ਨੂੰ ਦੋ ਦਿਨਾਂ ਦੇ ਅੰਦਰ ਸ਼ਟਰਿੰਗ ਹਟਾਉਂਦੇ ਹੋਏ ਆਪਣੇ ਪੱਧਰ ਤੇ ਢਾਹੁਣ ਸਬੰਧੀ ਆਦੇਸ਼ ਕੀਤੇ ਗਏ ਅਤੇ ਇਹ ਵੀ ਸਪੱਸ਼ਟ ਕੀਤਾ ਗਿਆ ਕਿ ਜੇਕਰ ਉਸਾਰੀਕਰਤਾ ਵੱਲੋਂ ਆਪਣੇ ਪੱਧਰ ਤੇ ਬਿਲਡਿੰਗ ਨੂੰ ਨਹੀਂ ਢਾਹਿਆ ਜਾਂਦਾ ਤਾਂ ਸਮਰੱਥ ਅਧਿਕਾਰੀ ਦੇ ਹੁਕਮਾਂ ਅਨੁਸਾਰ ਉਸਾਰੀ ਨੂੰ ਰੈਗੂਲੇਟਰੀ ਵਿੰਗ ਵੱਲੋਂ ਢਾਹ ਦਿੱਤਾ ਜਾਵੇਗਾ।ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਅਣ-ਅਧਿਕਾਰਤ ਕਲੋਨੀ ਕੱਟਣ ਵਾਲੇ ਵਿਅਕਤੀ ਵਿਰੁੱਧ ਪਾਪਰਾ ਐਕਟ-1995 ਦੀ ਸੋਧ 2024 ਅਨੁਸਾਰ 5 ਤੋਂ 10 ਸਾਲ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਦਾ ਜੁਰਮਾਨਾ ਵੀ ਕੀਤਾ ਜਾ ਸਕਦਾ ਹੈ, ਜਿਸ ਤਹਿਤ ਕੁੱਲ 14 ਕਾਲੋਨਾਈਜ਼ਰਾਂ ਵਿਰੁੱਧ ਐਫ.ਆਈ.ਆਰ. ਦਰਜ ਕਰਨ ਲਈ ਪੁਲਿਸ ਵਿਭਾਗ ਨੂੰ ਲਿਖਿਆ ਜਾ ਚੁੱਕਾ ਹੈ।ਇਸ ਤੋਂ ਇਲਾਵਾ ਪੁੱਡਾ ਦੇ ਰੈਗੂਲੇਟਰੀ ਵਿੰਗ ਵੱਲੋਂ ਸਮੇਂ-ਸਮੇਂ ਤੇ ਜ਼ਿਲਾ ਅੰਮ੍ਰਿਤਸਰ ਅੰਦਰ ਵਿਕਸਿਤ ਕੀਤੀਆਂ ਜਾ ਰਹੀਆਂ ਅਣ-ਅਧਿਕਾਰਤ ਕਲੋਨੀਆਂ ਅਤੇ ਉਸਾਰੀਆਂ ਦਾ ਮੌਕਾ ਚੈਕ ਕਰਦੇ ਹੋਏ ਸਬੰਧਤ ਐਕਟ ਤਹਿਤ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਸਬੰਧਤ ਥਾਣਾ ਅਫਸਰ ਨੂੰ ਅਗਲੇਰੀ ਕਾਨੂੰਨੀ ਕਾਰਵਾਈ ਕਰਨ ਲਈ ਕਿਹਾ ਜਾ ਰਿਹਾ ਹੈ। ਜਿਲ੍ਹਾ ਟਾਊਨ ਪਲਾਨਰ (ਰੈਗੂਲੇਟਰੀ) ਵੱਲੋਂ ਆਮ ਜਨਤਾ ਨੂੰ ਸੁਚੇਤ ਕਰਨ ਲਈ ਉਕਤ ਅਣ-ਅਧਿਕਾਰਤ ਕਲੋਨੀ ਵਿੱਚ ਪਲਾਟਾਂ ਦੀ ਖਰੀਦ ਨਾ ਕਰਨ ਸਬੰਧੀ ਬੋਰਡ ਵੀ ਲਗਾਏ ਗਏ।

# ਆੜ੍ਹਤੀਆਂ ਵੱਲੋਂ ਅੰਨ੍ਹੀ ਲੁੱਟ ਦਾ ਸ਼ਿਕਾਰ ਕਿਸਾਨਾਂ ਨੇ ਇਨਸਾਫ ਲਈ ਡੀ ਸੀ ਨੂੰ ਦਿੱਤਾ ਮੰਗ ਪੱਤਰ



ਸ੍ਰੀ ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)-ਸ੍ਰੀ ਗੋਇੰਦਵਾਲ ਸਾਹਿਬ ਦੀ ਦਾਣਾ ਮੰਡੀ ਵਿੱਚ ਜਿਨ੍ਹਾਂ-ਜਿਨ੍ਹਾਂ ਕਿਸਾਨਾਂ ਨੇ ਆਪਣਾ ਝੋਨਾ ਵੇਚਿਆ ਹੈ ਉਹਨਾਂ ਨਾਲ ਆੜ੍ਹਤੀਆ ਐਸੋਸੀਏਸ਼ਨ ਵੱਲੋਂ ਆਪਸ ਵਿੱਚ ਸਲਾਹ ਮਸ਼ਵਰਾ ਕਰਕੇ ਕਿਸਾਨਾਂ ਦੀ ਵੱਡੇ ਪੱਧਰ 'ਤੇ ਲੁੱਟ ਕੀਤੀ ਜਾ ਰਹੀ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕਿਸਾਨ ਸੰਘਰਸ਼ ਕਮੇਟੀ ਦੇ ਆਗੂਆਂ ਅਤੇ ਪੀੜਤ ਕਿਸਾਨਾਂ ਵੱਲੋਂ ਪੱਤਰਕਾਰਾਂ ਦੇ ਸਾਹਮਣੇ ਕੀਤਾ ਗਿਆ। ਉਹਨਾਂ ਨੇ ਦੱਸਿਆ ਕਿ ਅਨਾਜ ਮੰਡੀ ਗੋਇੰਦਵਾਲ ਸਾਹਿਬ ਵਿੱਚ ਆੜ੍ਹਤੀਆਂ ਵੱਲੋਂ ਹਮਸਲਾਹ ਹੋ ਕੇ ਹਰ ਕਿਸਾਨ ਕੋਲੋਂ ਪ੍ਰਤੀ ਏਕੜ 120 ਰੁਪਏ ਤੋਂ ਲੈ ਕੇ 150 ਰੁਪਏ ਤੱਕ ਦਾ ਕੱਟ ਲਾਇਆ ਜਾ ਰਿਹਾ ਹੈ ਜੋ ਕਿ ਬਿਲਕੁਲ ਹੀ ਗੈਰ-ਕਾਨੂੰਨੀ ਹੈ। ਕਿਸਾਨਾਂ ਵੱਲੋਂ ਵਾਰ-ਵਾਰ ਬੇਨਤੀਆਂ ਕਰਨ ਦੇ ਬਾਵਜੂਦ ਆੜ੍ਹਤੀਏ ਟੱਸ ਤੋਂ ਮੱਸ ਨਹੀਂ ਹੋ ਰਹੇ ਅਤੇ ਕਿਸਾਨਾਂ ਨੂੰ ਕੱਚੀਆਂ ਪਰਚੀਆਂ ਬਣਾ ਕੇ ਦੇ ਰਹੇ ਹਨ ਜਿਨ੍ਹਾਂ ਉੱਪਰ ਸਪੱਸ਼ਟ ਲਿਖਿਆ ਹੈ ਕਿ 12 ਰੁਪਏ ਤੋਂ ਲੈ ਕੇ 150 ਰੁਪਏ ਤੱਕ ਦਾ ਕੱਟ ਲਾ ਕੇ ਹਿਸਾਬ ਕੀਤਾ ਜਾ ਰਿਹਾ ਹੈ। ਜਦੋਂ ਕਿਸਾਨ ਉਹਨਾਂ ਨੂੰ ਇਸ ਬਾਬਤ ਪੁੱਛਦੇ ਹਨ ਤੇ ਉਹ ਇੱਕ ਰਟਿਆ ਰਟਾਇਆ ਜਵਾਬ ਦਿੰਦੇ ਹਨ ਕਿ ਇਹ ਲਿਫਟਿੰਗ ਦੇ ਪੈਸੇ ਹਨ। ਜ਼ਿਕਰਯੋਗ ਹੈ ਕਿ ਕਿਸਾਨਾਂ ਕੋਲੋਂ ਇਹ ਪੈਸੇ ਲੈਣੇ ਯੋਗ ਨਹੀਂ ਹਨ ਅਤੇ ਨਾ ਹੀ ਸਰਕਾਰ ਦੀਆਂ ਕੋਈ ਅਜਿਹੀਆਂ ਹਦਾਇਤਾਂ ਹਨ ਕਿ ਕਿਸਾਨਾਂ ਕੋਲੋਂ ਲਿਫਟਿੰਗ ਦੇ ਪੈਸੇ ਲੈ ਜਾਣ।ਹਰ ਹੀਲਾ ਵਰਤਣ ਤੋਂ ਬਾਅਦ ਕਿਸਾਨਾਂ ਵੱਲੋਂ ਇੱਕ ਵੱਡੇ ਕਾਫਲੇ ਦੇ ਰੂਪ ਵਿੱਚ ਡਿਪਟੀ ਕਮਿਸ਼ਨਰ ਤਰਨ ਤਾਰਨ ਨਾਲ ਮੁਲਾਕਾਤ ਕੀਤੀ ਗਈ ਅਤੇ ਉਹਨਾਂ ਨੂੰ ਆਪਣਾ ਮੰਗ ਪੱਤਰ ਦੇ ਕੇ ਆਪਣੇ ਉਪਰ ਹੋ ਰਹੀ ਇਸ ਅੰਨ੍ਹੀ ਲੁੱਟ-ਖਸੁੱਟ ਦੀ ਇਨਕੁਆਇਰੀ ਕਰਵਾ ਕੇ ਉਹਨਾਂ ਨੂੰ ਇਨਸਾਫ ਦੇਣ ਦੀ ਮੰਗ ਕੀਤੀ। ਇਸ ਦੇ ਨਾਲ ਹੀ ਉਹਨਾਂ ਵੱਲੋਂ ਡੀਐੱਫਸੀ ਤਰਨ ਤਾਰਨ ਨੂੰ ਵੀ ਮੰਗ ਪੱਤਰ ਦਿੱਤਾ ਗਿਆ ।ਮੰਡੀ ਬੋਰਡ ਦੇ ਡਾਇਰੈਕਟਰ ਹਰਪ੍ਰੀਤ ਸਿੰਘ ਧੁੰਨਾ ਨੂੰ ਵੀ ਇਸ ਬਾਬਤ ਮੰਗ ਪੱਤਰ ਦਿੱਤਾ ਗਿਆ ਹੈ।ਡਿਪਟੀ ਕਮਿਸ਼ਨਰ ਵੱਲੋਂ ਕਿਸਾਨਾਂ ਨੂੰ ਭਰੋਸਾ ਦਵਾਇਆ ਗਿਆ ਕਿ ਬਹੁਤ ਜਲਦੀ ਹੀ ਇਸ ਦੀ ਇਨਕੁਆਇਰੀ ਕਰਵਾ ਕੇ ਉਹਨਾਂ ਦੇ ਬਣਦੇ ਪੈਸੇ ਉਹਨਾਂ ਦੇ ਖਾਤਿਆਂ ਵਿੱਚ ਪਾਏ ਜਾਣਗੇ ਜਾਂ ਆੜ੍ਹਤੀਆਂ ਕੋਲੋਂ ਦਿਵਾਏ ਜਾਣਗੇ। ਜ਼ਿਕਰਯੋਗ ਹੈ ਕਿ ਆੜ੍ਹਤੀਆਂ ਨੇ ਮਿਲੀਭੁਗਤ ਨਾਲ ਕਿਸਾਨਾਂ ਦੀ ਫਸਲ ਦਾ 70% ਹਿੱਸਾ ਹੀ ਪਰਚੇਜ਼ ਕੀਤਾ ਅਤੇ ਬਾਕੀ ਦਾ 30% ਹਿੱਸਾ ਆਪਣੇ ਕਿਸੇ ਨਿੱਜੀ ਜਾਂ ਆਪਣੇ ਨਿੱਜੀ ਰਿਸ਼ਤੇਦਾਰ ਦੇ ਖਾਤੇ ਵਿੱਚ ਪਰਚੇਜ਼ ਪਾ ਕੇ ਪੈਸੇ ਕਢਵਾ ਲਏ ਹਨ। ਇਹ ਦੋਸ਼ ਕਿਸਾਨਾਂ ਵੱਲੋਂ ਸਾਂਝੇ ਰੂਪ ਵਿੱਚ ਲਾਇਆ ਗਿਆ। ਜਦੋਂ ਇਸ ਬਾਰੇ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਨਰਿੰਦਰ ਸਿੰਘ ਭੈਲ ਨਾਲ ਗੱਲ ਕੀਤੀ ਅਤੇ ਪੁੱਛਿਆ ਕਿ ਤੁਸੀਂ ਇਸ ਵਿਸ਼ੇ ਬਾਰੇ ਕੁਝ ਕਹਿਣਾ ਚਾਹੁੰਦੇ ਹੋ ਤਾਂ ਉਹਨਾਂ ਨੇ ਕੋਈ ਵੀ ਜਵਾਬ ਦੇਣਾ ਮੁਨਾਸਿਬ ਨਹੀਂ ਸਮਝਿਆ ਅਤੇ ਗੱਲ ਨੂੰ ਟਾਲ ਦਿੱਤਾ।ਕਿਸਾਨਾਂ ਦਾ ਵਫਦ ਗਰਮੇਸ਼ ਸਿੰਘ ਡੀਸੀ ਸਾਬਕਾ ਸਰਪੰਚ ਖੱਖ, ਜਸਵਿੰਦਰ ਸਿੰਘ ਆਹਲੂਵਾਲੀਆ ਸੂਬਾ ਪ੍ਰਧਾਨ ਹੜ੍ਹ ਪੀੜਤ ਕਮੇਟੀ ਪੰਜਾਬ, ਭਗਵਾਨ ਸਿੰਘ ਧੂੰਦਾ, ਯਾਦਵਿੰਦਰ ਸਿੰਘ ਧੂੰਦਾ, ਕਰਤਾਰ ਸਿੰਘ ਮੱਲ੍ਹੀ, ਬਲਰਾਜ ਸਿੰਘ ਮੱਲ੍ਹੀ, ਦਲਜੀਤ ਸਿੰਘ ਮੱਲ੍ਹੀ, ਮੰਗਲ ਸਿੰਘ ਮੱਲ੍ਹੀ, ਰਣਜੀਤ ਸਿੰਘ ਮੱਲ੍ਹੀ, ਜਗੀਰ ਸਿੰਘ ਮੱਲ੍ਹੀ, ਸਤਨਾਮ ਸਿੰਘ ਮੱਲ੍ਹੀ, ਤਜਿੰਦਰ ਸਿੰਘ ਧੰਜੂ, ਪ੍ਰਦੀਪ ਸਿੰਘ, ਰਣਜੀਤ ਸਿੰਘ, ਬਲਵਿੰਦਰ ਸਿੰਘ, ਵਰਿਆਮ ਸਿੰਘ ਫੌਜੀ, ਰਸਪਾਲ ਸਿੰਘ ਧੂੰਦਾ, ਹਰਜਿੰਦਰ ਸਿੰਘ ਮੈਂਬਰ ਪੰਚਾਇਤ, ਰਣਜੀਤ ਸਿੰਘ ਧੂੰਦਾ, ਲਖਵਿੰਦਰ ਸਿੰਘ, ਤਜਿੰਦਰ ਸਿੰਘ ਮੈਂਬਰ ਪੰਚਾਇਤ, ਸੁਖਵਿੰਦਰ ਸਿੰਘ ਸੁੱਖਾ ਝੰਡੇਰ ਮਹਾਪੁਰਖਾਂ ਅਤੇ ਵੱਖ-ਵੱਖ ਪਿੰਡਾਂ ਤੋਂ ਆਏ ਕਿਸਾਨ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਬਾਲ ਵਿੱਦਿਆ ਮਾਡਰਨ ਹਾਈ ਸਕੂਲ ਦੇ ਵਿਦਿਆਰਥੀਆਂ ਦਾ ਵਿੱਦਿਅਕ ਟੂਰ ਲਗਾਇਆ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)** ਇਲਾਕੇ ਦੀ ਨਾਮਵਾਰ ਵਿਦਿਅਕ ਸੰਸਥਾ ਬਾਲ ਵਿੱਦਿਆ ਮਾਡਰਨ ਹਾਈ ਸਕੂਲ ਧਾਰੀਵਾਲ ਦੇ ਵਿਦਿਆਰਥੀਆਂ ਦਾ ਸਲਾਨਾ ਵਿਦਿਅਕ ਟੂਰ ਇਸ ਵਾਰ ਸਕੂਲ ਪ੍ਰਿੰਸੀਪਲ ਰੁਪਿੰਦਰ ਕੌਰ ਦੀ ਅਗਵਾਈ ਵਿੱਚ 'ਐਂਜਲ ਪਾਰਕ' ਹਸ਼ਿਆਰਪੁਰ ਅਤੇ ਢੋਲਬਾਹਾ ਡੈਮ ਹੁਸ਼ਿਆਰਪੁਰ ਵਿਖੇ ਲਗਾਇਆ ਗਿਆ। ਇਸ ਸਬੰਧੀ ਸਕੂਲ ਦੇ ਪ੍ਰਿੰਸੀਪਲ ਰੁਪਿੰਦਰ ਕੌਰ ਕਾਹਲੋਂ ਨੇ ਦੱਸਿਆ ਕਿ ਇਸ ਟੂਰ ਦੌਰਾਨ ਵਿਦਿਆਰਥੀਆਂ ਨੇ 'ਐਂਜਲ ਪਾਰਕਲੂ' ਹੁਸ਼ਿਆਰਪੁਰ ਵਿਖੇ ਵੱਖ-ਵੱਖ ਤਰ੍ਹਾਂ ਦੀਆਂ ਮਨੋਰੰਜਨ ਖੇਡਾਂ ਦਾ ਆਨੰਦ ਮਾਣਿਆ ਅਤੇ ਢੋਲਬਾਹਾ ਡੈਮ ਵਿੱਚ ਵੀ ਕੁਦਰਤੀ ਨਜ਼ਾਰਿਆਂ ਦਾ ਆਨੰਦ ਮਾਣਦੇ ਹੋਏ ਆਪਣੇ ਗਿਆਨ ਵਿੱਚ ਵਾਧਾ ਕੀਤਾ। ਵਾਪਸੀ ਸਮੇਂ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਦਸੂਹਾ ਵਿਖੇ ਸਥਿਤ ਇਤਿਹਾਸਿਕ ਗੁਰਦੁਆਰਾ ਗਰਨਾ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਗੁਰਦੁਆਰਾ ਸਾਹਿਬ ਦੇ ਇਤਿਹਾਸ ਬਾਰੇ ਜਾਣਕਾਰੀ ਹਾਸਲ ਕੀਤੀ। ਪ੍ਰਿੰਸੀਪਲ ਰੁਪਿੰਦਰ ਕੌਰ ਨੇ ਦੱਸਿਆ ਕਿ ਵਿਦਿਆਰਥੀਆਂ ਦੇ ਗਿਆਨ ਅਤੇ ਮਨੋਰੰਜਨ ਲਈ ਅਜਿਹੇ ਵਿਦਿਅਕ ਟੂਰ ਬਹੁਤ ਜ਼ਰੂਰੀ ਹਨ। ਇਹ ਵਿਦਿਅਕ ਟੂਰ ਬੱਚਿਆਂ ਵਿੱਚ ਪੜ੍ਹਾਈ ਦੇ ਤਨਾਅ ਨੂੰ ਦੂਰ ਕਰਨ ਅਤੇ ਗਿਆਨ ਵਿੱਚ ਵਾਧਾ ਕਰਨ ਲਈ ਬਹੁਤ ਮਹੱਤਵ ਰੱਖਦੇ ਹਨ। ਇਸ ਸਮੇਂ ਸਕੂਲ ਦਾ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।



ਇਸ ਮੌਕੇ ਸਕੂਲ ਦੇ ਸੀਨੀਅਰ ਅਧਿਆਪਕ ਪਲਵਿੰਦਰ ਸੋਹਲ, ਰਾਜ ਰਾਣੀ, ਰੇਨੂੰ ਸ਼ਰਮਾ, ਦਵਿੰਦਰ ਕੌਰ, ਗੁਰਵਿੰਦਰਜੀਤ ਕੌਰ, ਮੈਡਮ ਸਨੀਆ, ਮੈਡਮ ਰਸ਼ਮੀ, ਮੈਡਮ ਪ੍ਰਿਆ, ਹਰਜੀਤ ਕੌਰ, ਰੁਪਾਲੀ ਮਹਾਜਨ, ਮੈਡਮ ਇਸ਼ਾ, ਮੈਡਮ ਜੀਵਤੀ, ਮੈਡਮ ਪਰਾਨਿੰਧੀ, ਸਰਤਾਜ ਸਿੰਘ ਆਦਿ ਸਟਾਫ ਮੈਂਬਰ ਹਾਜਰ ਸਨ।

# ਕੰਵਰਪ੍ਰਤਾਪ ਸਿੰਘ ਅਜਨਾਲਾ ਵੱਲੋਂ ਦੁੱਖ ਦਾ ਪ੍ਰਗਟਾਵਾ

**ਅਜਨਾਲਾ (ਸੁੱਖਤਿੰਦਰ ਸਿੰਘ ਰਾਜੂ)**-ਸਥਾਨਕ ਸ਼ਹਿਰ ਅਜਨਾਲਾ ਦੀ ਵਾਰਡ ਨੰਬਰ 7 ਨਵੀਂ ਅਬਾਦੀ ਦੇ ਵਸਨੀਕ ਸਵਰਗਵਾਸੀ ਹਰਭਜਨ ਸਿੰਘ ਦੇ ਨੌਜਵਾਨ ਲੜਕੇ ਸੁਖਜੀਤ ਸਿੰਘ ਦੀ ਪਿਛਲੇ ਦਿਨੀਂ ਹੋਈ ਸੜਕ ਹਾਦਸੇ ਦੌਰਾਨ ਮੌਤ 'ਤੇ ਜ਼ਿਲਾ ਅੰਮ੍ਰਿਤਸਰ ਦਿਹਾਤੀ ਦੇ ਕਾਂਗਰਸ ਪਾਰਟੀ ਦੇ ਸੀਨੀਅਰ ਮੀਤ ਪ੍ਰਧਾਨ ਕੰਵਰਪ੍ਰਤਾਪ ਸਿੰਘ ਅਜਨਾਲਾ ਨੇ ਪਰਿਵਾਰ ਦੇ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਕਾਂਗਰਸ ਪਾਰਟੀ ਸ਼ਹਿਰੀ ਅਜਨਾਲਾ ਦੇ ਪ੍ਰਧਾਨ ਤੇ ਸੀਨੀਅਰ ਆਗੂ ਡੈਮ ਦਵਿੰਦਰ ਸਿੰਘ ਅਜਨਾਲਾ, ਬਾਰ ਐਸੋਸੀਏਸ਼ਨ ਅਜਨਾਲਾ ਦੇ ਸਾਬਕਾ ਪ੍ਰਧਾਨ ਐਡਵੋਕੇਟ ਬ੍ਰਿਜ ਮੋਹਨ ਔਲ, ਬਾਊ ਦਰਸ਼ਨ ਲਾਲ ਸ਼ਰਮਾ, ਅਮਰਬੀਰ ਸਿੰਘ ਬੱਲ, ਬਲਦੇਵ ਸਿੰਘ ਘੁੱਲੇ ਸ਼ਾਹ, ਉੱਘੇ ਸਮਾਜ ਸੇਵੀ ਕ੍ਰਿਸ਼ਨ ਕੁਮਾਰ ਸਹਿਗਲ, ਦਿਲਬਾਗ ਸਿੰਘ, ਅੰਮ੍ਰਿਤ ਸਿੰਘ ਭੱਖਾ, ਠੇਕੇਦਾਰ ਅਸ਼ੋਕ ਮਸੀਹ, ਮਨਬੀਰ ਸਿੰਘ ਲੱਕੀ ਨਿੱਝਰ, ਬੱਖੂ ਰਾਮ, ਸੁਸ਼ੀਲ ਕੁਮਾਰ, ਪ੍ਰੇਮ ਕੁਮਾਰ ਆਦਿ ਹਾਜ਼ਰ ਸਨ।

# ਨਗਰ ਕੌਂਸਲ ਕਾਦੀਆਂ ਵੱਲੋਂ 16 ਨਾਜਾਇਜ਼ ਕਬਜ਼ਿਆਂ ਦੇ ਮਾਲਕਾਂ ਨੂੰ ਨੋਟਿਸ ਜਾਰੀ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਨਗਰ ਕੌਂਸਲ ਦੀ ਜ਼ਮੀਨ 'ਤੇ ਹੋਏ ਨਾਜਾਇਜ਼ ਕਬਜ਼ਿਆਂ ਸਬੰਧੀ ਐੱਸਡੀਐੱਮ ਬਟਾਲਾ ਵਿਕਰਮਜੀਤ ਸਿੰਘ ਵੱਲੋਂ ਪਿਛਲੇ ਦਿਨੀਂ ਦਿੱਤੇ ਗਏ ਨਿਰਦੇਸ਼ਾਂ ਤਹਿਤ ਨਗਰ ਕੌਂਸਲ ਕਾਦੀਆਂ ਦੇ ਕਾਰਜਸਾਧਕ ਅਫ਼ਸਰ ਭੁਪਿੰਦਰ ਸਿੰਘ ਨੇ 16 ਵਿਅਕਤੀਆਂ ਨੂੰ ਕਬਜ਼ੇ ਹਟਾਉਣ ਦੇ ਨਿਰਦੇਸ਼ ਜਾਰੀ ਕੀਤੇ ਹਨ।ਦੱਸਣਯੋਗ ਹੈ ਕਿ 2016 ਵਿੱਚ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਹੁਕਮਾਂ 'ਤੇ ਪੁੱਡਾ ਨੂੰ 12 ਕਰੋੜ ਰੁਪਏ ਖਰਚ ਕੇ ਕਾਦੀਆਂ ਵਿੱਚ ਨਿਕਾਸੀ ਨਾਲੇ ਨੂੰ ਢੱਕਣ ਲਈ ਕਿਹਾ ਗਿਆ ਸੀ।ਇਸ ਵਿੱਚ ਦੋ ਬਾਥਰੂਮ, ਇੱਕ ਟਿਊਬਵੈੱਲ ਅਤੇ ਸੜਕ ਦੇ ਦੋਵੇਂ ਪਾਸੇ ਦੁਕਾਨਾਂ ਹੋਣਗੀਆਂ ਪਰ ਫੰਡਾਂ ਦੀ ਘਾਟ ਕਾਰਨ ਮਾਮਲਾ ਅਟਕ ਗਿਆ।ਇਸ ਦੌਰਾਨ ਆਸ-ਪਾਸ ਦੇ ਲੋਕਾਂ ਨੇ ਹੌਲੀ-ਹੌਲੀ ਆਪਣੇ ਘਰਾਂ ਦੀਆਂ ਹੱਦਾਂ ਵਧਾ ਕੇ ਨਗਰ ਕੌਂਸਲ ਦੀ ਜ਼ਮੀਨ 'ਤੇ ਕਬਜ਼ਾ ਕਰ ਲਿਆ।ਇਸ ਸਬੰਧੀ ਨਗਰ ਕੌਂਸਲ ਦੇ ਕਾਰਜਸਾਧਕ ਅਫਸਰ ਭੁਪਿੰਦਰ ਸਿੰਘ ਨੇ ਦੱਸਿਆ ਕਿ ਐੱਸ. ਡੀ. ਐੱਮ. ਬਟਾਲਾ ਵਿਕਰਮਜੀਤ ਸਿੰਘ ਦੀਆਂ ਹਦਾਇਤਾਂ ਅਨੁਸਾਰ ਸਾਰੇ ਕਬਜ਼ਿਆਂ ਧਾਰਕਾਂ ਨੂੰ ਨੋਟਿਸ ਜਾਰੀ ਕਰ ਦਿੱਤੇ ਗਏ ਹਨ।ਰਜਿਸਟਰੇਸ਼ਨ ਗੈਰ-ਕਾਨੂੰਨੀ ਢੰਗ ਨਾਲ ਕੀਤੀ ਗਈ ਹੈ। ਜਿਨ੍ਹਾਂ ਵਿਅਕਤੀਆਂ ਨੂੰ ਕਬਜ਼ੇ ਹਟਾਉਣ ਦੇ ਨੋਟਿਸ ਦਿੱਤੇ ਗਏ ਹਨ ਉਨ੍ਹਾਂ ਵਿੱਚ ਦੌਲਤ ਰਾਮ, ਸਤਪਾਲ ਪੁੱਤਰ ਕੁੰਨ ਲਾਲ, ਚਰਨ ਦਾਸ ਪੁੱਤਰ ਅਰਸ਼ ਚੰਦ, ਦੇਸਰਾਜ ਪੁੱਤਰ ਸੁਦਾਗਰ ਮੱਲ, ਪੁਸ਼ਪਾ ਰਾਣੀ ਪਤਨੀ ਨਸੀਬ ਚੰਦ, ਕੇਵਲ ਕ੍ਰਿਸ਼ਨ ਪੁੱਤਰ ਦੀਨਾਨਾਥ, ਜਸਵਿੰਦਰ ਸਿੰਘ ਪੁੱਤਰ ਪਰਮਜੀਤ ਸਿੰਘ, ਅਸ਼ਵਨੀ ਕੁਮਾਰ ਪੁੱਤਰ ਮਹਿੰਦਰ ਲਾਲ, ਬਿਸ਼ਨ ਲਾਲ ਪੁੱਤਰ ਮੇਲਾਰਾਮ, ਗੁਰਮੀਤ ਸਿੰਘ ਪੁੱਤਰ ਅਵਤਾਰ ਸਿੰਘ, ਨਜ਼ੀਰ ਅਹਿਮਦ, ਅਬਦੁਲ ਹਫੀਜ਼ ਪੁੱਤਰ ਅਬਦੁਲ ਲਤੀਫ, ਅਤੀਕ ਅਹਿਮਦ ਪੁੱਤਰ ਹਦਾਇਤੁੱਲਾ, ਅਰਜੁਨ ਸਿੰਘ ਭਿੰਡਰ ਪੁੱਤਰ ਦਰਸ਼ਨ ਸਿੰਘ ਭਿੰਡਰ, ਨਸੀਰ ਅਹਿਮਦ, ਤਾਰਿਕ ਅਹਿਮਦ, ਉਤਰ ਰਫੀਕ ਅਹਿਮਦ ਆਦਿ ਸ਼ਾਮਲ ਹਨ।

# ਤਹਿਸੀਲ ਕੰਪਲੈਕਸ 'ਚ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਹਰ ਸਾਲ ਦੀ ਤਰਾਂ ਇਸ ਸਾਲ ਵੀ ਤਹਿਸੀਲ ਕੰਪਲੈਕਸ ਭਿੱਖੀਵਿੰਡ 'ਚ ਸਰਬੱਤ ਦੇ ਭਲੇ ਲਈ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ। ਭੋਗ ਉਪਰੰਤ ਦਫ਼ਤਰ ਦੇ ਸਮੂਹ ਸਟਾਫ, ਵਸੀਕਾ ਨਵੀਸ, ਅਸ਼ਟਾਮ ਫਰੋਸ਼ ਅਤੇ ਫੋਟੋ ਸਟੇਟ ਯੂਨੀਅਨ ਦੇ ਸਮੂਹ ਮੈਂਬਰਾਂ ਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ।ਇਸ ਮੌਕੇ ਹਾਜ਼ਰ ਸੰਗਤਾਂ ਤੇ ਇਲਾਕਾ ਨਿਵਾਸੀਆਂ ਲਈ ਅਤੁੱਟ ਲੰਗਰ ਵਰਤਾਏ ਗਏ।ਇਸ ਮੌਕੇ ਨਾਇਬ ਤਹਸੀਲਦਾਰ ਜਸਵਿੰਦਰ ਸਿੰਘ, ਤਹਿਸੀਲਦਾਰ ਰਾਜ ਪ੍ਰਿਤਪਾਲ ਸਿੰਘ, ਰਜਿਸਟਰੀ ਕਲਰਕ ਸਵਿੰਦਰ ਸਿੰਘ, ਟੀਏ ਮਨਿੰਦਰ ਸਿੰਘ, ਅਪਰੇਟਰ ਜੋਗਾ ਸਿੰਘ, ਰੀਡਰ ਜਗਰੂਪ ਸਿੰਘ, ਬਿੱਲ ਕਲਰਕ ਇਕਬਾਲ ਸਿੰਘ, ਸਾਥੀ ਦਵਿੰਦਰ ਸਿੰਘ, ਸਾਥੀ ਗੁਰਮੀਤ ਸਿੰਘ, ਵਸੀਕਾ ਨਵੀਸ, ਅਸ਼ਟਾਮ ਫਰੋਸ਼ ਤੇ ਟਾਈਪ ਰਾਈਟਰ ਯੂਨੀਅਨ ਭਿੱਖੀਵਿੰਡ ਦੇ ਪ੍ਰਧਾਨ ਅਨੂੰ ਸ਼ਰਮਾ, ਮੈਂਬਰ ਸੰਦੀਪ ਧਵਨ, ਮਾਨਕ ਧਵਨ, ਸੰਜੀਵ ਧਵਨ, ਗੁਰਜੰਟ ਸਿੰਘ, ਮੰਨਾ ਨੰਬਰਦਾਰ, ਪ੍ਰਧਾਨ ਦਰਸ਼ਨ ਸਿੰਘ ਪਟਵਾਰੀ, ਟਾਈਪ ਰਾਈਟਰ ਰਣਬੀਰ ਸਿੰਘ, ਮਲਕੀਤ ਸਿੰਘ ਪਹੂਵਿੰਡ ਆਦਿ ਹਾਜ਼ਰ ਸਨ।

# ਦਿਨ-ਦਿਹਾੜੇ ਘਰ 'ਚੋਂ ਸਰ੍ਹੋਂ ਦੇ ਤੇਲ ਦੇ 2 ਟੀਨ ਚੋਰੀ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਦੀਨਾਨਗਰ ਸ਼ਹਿਰ ਦੇ ਰੇਲਵੇ ਰੋਡ ਤੇ ਸਥਿਤ ਕਰਿਆਨੇ ਦੁਕਾਨ ਦੇ ਨਾਲ ਲੱਗਦੇ ਘਰ ਦੇ ਗੇਟ ਅੰਦਰ ਵੜ ਕੇ ਇਕ ਨੌਜਵਾਨ ਵੱਲੋਂ ਦਿਨ-ਦਿਹਾੜੇ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ।ਚੋਰੀ ਦਾ ਸਾਮਾਨ ਲਿਜਾਂਦੇ ਹੋਏ ਚੋਰ ਦੀ ਫੋਟੋ ਸੀਸੀਟੀਵੀ ਕੈਮਰੇ ਵਿੱਚ ਕੈਦ ਹੋ ਗਈ ਹੈ।ਜ਼ਿਕਰਯੋਗ ਹੈ ਕਿ ਕੁਝ ਦਿਨ ਪਹਿਲਾਂ ਵੀ ਦੁਪਹਿਰੇ ਰੇਲਵੇ ਰੋਡ 'ਤੇ ਚੋਰਾਂ ਵੱਲੋਂ ਚੋਰੀ ਦੀਆਂ ਵਾਰਦਾਤਾਂ ਕੀਤੀਆਂ ਗਈਆਂ ਹਨ। ਪੁਲਸ ਇਹਨਾਂ ਵਾਰਦਾਤਾਂ ਨੂੰ ਰੋਕਣ ਵਿੱਚ ਨਾਕਾਮ ਸਾਬਿਤ ਹੋ ਰਹੀ ਹੈ।ਜਾਣਕਾਰੀ ਦਿੰਦੇ ਹੋਏ ਪੀੜਤ ਪਰਸ਼ੋਤਮ ਅਗਰਵਾਲ ਨੇ ਦੱਸਿਆ ਕਿ ਕਰਿਆਨੇ ਦੀ ਦੁਕਾਨ ਚਲਾਉਂਦਾ ਹਾਂ, ਕਰਿਆਨੇ ਦਾ ਕੁਝ ਸਾਮਾਨ ਦੁਕਾਨ ਦੇ ਨਾਲ ਲੱਗਦੇ ਆਪਣੇ ਘਰ ਦੇ ਹੇਠਲੇ ਹਿੱਸੇ ਵਿੱਚ ਰੱਖਿਆ ਹੋਇਆ ਸੀ।ਦੁਪਹਿਰ ਇੱਕ ਵਜੇ ਦੇ ਕਰੀਬ ਮੈਂ ਆਪਣੀ ਦੁਕਾਨ ਵਿੱਚ ਗਾਹਕਾਂ ਨੂੰ ਸਾਮਾਨ ਦੇ ਰਿਹਾ ਸੀ।ਜਦੋਂ ਤੇਲ ਦਾ ਟੀਨ ਲੈਣ ਲਈ ਘਰ ਅੰਦਰ ਗਿਆ ਤਾਂ ਅੰਦਰੋਂ ਤੇਲ ਦੇ 2 ਟੀਨ ਗਾਇਬ ਸਨ।ਇਸ ਤੋਂ ਬਾਅਦ ਜਦੋਂ ਸੀਸੀਟੀਵੀ ਕੈਮਰੇ ਨੂੰ ਚੈੱਕ ਕੀਤਾ ਤਾਂ ਇੱਕ ਨੌਜਵਾਨ ਘਰ ਅੰਦਰ ਦਾਖਲ ਹੋਇਆ ਜਿਸ ਦੇ ਹੱਥ ਵਿੱਚ ਤੇਲ ਦੇ ਦੋ ਟੀਨ ਦਿਖਾਈ ਦਿੱਤੇ ।ਉਨ੍ਹਾਂ ਕਿਹਾ ਕਿ ਪਿਛਲੇ ਕੁਝ ਦਿਨਾਂ ਤੋਂ ਰੇਲਵੇ ਰੋਡ ਦੇ ਆਸ ਪਾਸ ਲੱਗਦੇ ਘਰਾਂ ਵਿੱਚ ਚੋਰੀ ਦੀਆਂ ਘਟਨਾ ਹੋਇਆ ਹਨ।ਪੁਲਸ ਪ੍ਰਸ਼ਾਸਨ ਨੂੰ ਸਖਤ ਐਕਸ਼ਨ ਲੈ ਕੇ ਚੋਰੀ ਕਰਨ ਵਾਲਿਆਂ ਨੂੰ ਕਾਬੂ ਕੀਤਾ ਜਾਵੇ।ਪੀੜਤ ਨੇ ਦੱਸਿਆ ਕਿ ਇਸ ਚੋਰੀ ਦੀ ਜਾਣਕਾਰੀ ਦੀਨਾਨਗਰ ਦੀ ਪੁਲਸ ਨੂੰ ਦੇ ਦਿੱਤੀ ਗਈ ਹੈ।ਪੁਲਸ ਨੇ ਵਿਸ਼ਵਾਸ ਦਿੱਤਾ ਹੈ ਕਿ ਸੀਸੀਟੀਵੀ ਕੈਮਰੇ ਦੀ ਫੋਟੋਆਂ ਦੇ ਆਧਾਰ ਤੇ ਚੋਰ ਨੂੰ ਜਲਦੀ ਕਾਬੂ ਕਰ ਲਿਆ ਜਾਵੇਗਾ ਅਤੇ ਮੁਲਜ਼ਮ ਤੇ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ।

# ਸਰਪੰਚ ਮਨਪ੍ਰੀਤ ਸਿੰਘ ਵੱਲੋਂ ਠੀਕਰੀਵਾਲ ਉੱਚਾ ਦੇ ਲੋਕਾਂ ਦਾ ਤਹਿ ਦਿਲੋਂ ਧੰਨਵਾਦ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਹਲਕਾ ਬਟਾਲਾ ਦੇ ਪਿੰਡ ਠੀਕਰੀਵਾਲ ਉੱਚਾ ਵਿੱਚ ਵਿਕਾਸ ਪੱਖੋਂ ਕਿਸੇ ਤਰ੍ਹਾਂ ਦੀ ਕੋਈ ਵੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਪਿੰਡ ਦੇ ਵਿਕਾਸ ਕਾਰਜ ਪਹਿਲ ਦੇ ਆਧਾਰ ਤੇ ਕਰਵਾਏ ਜਾਣਗੇ।ਹਰੇਕ ਵੋਟਰ ਸਪੋਰਟਰ ਨੂੰ ਨਾਲ ਲੈ ਕੇ ਚੱਲਿਆ ਜਾਵੇਗਾ।

ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਪਿੰਡ ਦੇ ਸਰਪੰਚ ਭੁਪਿੰਦਰ ਕੌਰ ਅਤੇ ਉਹਨਾਂ ਦੇ ਪਤੀ ਮਨਪ੍ਰੀਤ ਸਿੰਘ ਪੁੱਤਰ ਅਮਰ ਸਿੰਘ ਦੇ ਵੱਲੋਂ ਕੀਤਾ ਗਿਆ। ਸਰਪੰਚ ਭੁਪਿੰਦਰ ਕੌਰ ਤੇ ਉਹਨਾਂ ਦੇ ਪਤੀ ਮਨਪ੍ਰੀਤ ਸਿੰਘ ਨੇ ਦੱਸਿਆ ਕਿ ਸਰਬਸੰਮਤੀ ਨਾਲ ਪਿੰਡ ਦੇ ਲੋਕਾਂ ਵੱਲੋਂ ਉਹਨਾਂ ਨੂੰ ਸਰਪੰਚ ਚੁਣਿਆ ਗਿਆ ਅਤੇ ਉਹਨਾਂ ਦੇ ਨਾਲ ਦਲਜੀਤ ਕੌਰ, ਸੁਮਨਪ੍ਰੀਤ ਕੌਰ, ਮੈਥੀਓ ਮਸੀਹ, ਕਸ਼ਮੀਰ ਸਿੰਘ, ਸਲਵਿੰਦਰ ਸਿੰਘ ਮੈਂਬਰ ਬਣੇ ਹਨ।ਉਹਨਾਂ ਨੇ ਕਿਹਾ ਕਿ ਪਿੰਡ ਦੇ ਵਿਕਾਸ ਕਾਰਜ ਵਿੱਚ ਕੋਈ ਵੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਪਿੰਡ ਦੇ ਵਿਕਾਸ ਕਾਰਜ ਪਹਿਲ ਦੇ ਆਧਾਰ ਤੇ ਕਰਵਾਏ ਜਾਣਗੇ।

ਉਹਨਾਂ ਨੇ ਨਾਲ ਹੀ ਸਮੂਹ ਵੋਟਰਾਂ ਅਤੇ ਸਪੋਰਟਰਾਂ ਅਤੇ ਆਪਣੇ ਸਹਿਯੋਗੀ ਸੱਜਣਾਂ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ।ਉਹਨਾਂ ਕਿਹਾ ਕਿ ਪਿੰਡ ਦੇ ਵਿੱਚ ਹੋਣ ਵਾਲੇ ਜ਼ਰੂਰੀ ਕੰਮਾਂ ਨੂੰ ਪਹਿਲ ਦੇ ਆਧਾਰ ਤੇ ਕਰਵਾਇਆ ਜਾਵੇਗਾ।ਇਸ ਮੌਕੇ ਉਹਨਾਂ ਦੇ ਨਾਲ ਬਲਜੀਤ ਸਿੰਘ, ਬਲਦੇਵ ਸਿੰਘ, ਜਸਬੀਰ ਸਿੰਘ, ਗਗਨਦੀਪ ਸਿੰਘ, ਬਲਵਿੰਦਰ ਸਿੰਘ ਸਾਬਕਾ ਪੰਚ, ਜਤਿੰਦਰ ਸਿੰਘ, ਸੁਖਬੀਰ ਸਿੰਘ, ਰਸ਼ਪਾਲ ਸਿੰਘ, ਲੰਬੜਦਾਰ ਸਤਨਾਮ ਸਿੰਘ, ਲੰਬੜਦਾਰ ਸੁਖਦੇਵ ਸਿੰਘ, ਸੰਤੋਖ ਸਿੰਘ, ਮਨਜਿੰਦਰ ਸਿੰਘ ਪੰਜਾਬ ਪੁਲਿਸ, ਅਮਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਮੈਟਰੋ ਸਟੇਸ਼ਨ 'ਤੇ ਸਿੱਖ ਨੂੰ ਸਣੇ ਕਿਰਪਾਨ ਜਾਣ ਤੋਂ ਰੋਕਣ ਦੀ ਧਾਮੀ ਵੱਲੋਂ ਸਖ਼ਤ ਨਿੰਦਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦਿੱਲੀ ਦੇ ਝਿਲਮਿਲ ਮੈਟਰੋ ਸਟੇਸ਼ਨ 'ਤੇ ਇਕ ਅੰਮ੍ਰਿਤਧਾਰੀ ਸਿੱਖ ਨੂੰ ਕਿਰਪਾਨ ਸਮੇਤ ਅੰਦਰ ਜਾਣ ਤੋਂ ਰੋਕਣ ਦੀ ਘਟਨਾ ਦਾ ਨੋਟਿਸ ਲੈਂਦਿਆਂ ਕਿਹਾ ਕਿ ਇਹ ਦੇਸ਼ ਦੇ ਸੰਵਿਧਾਨ ਦੀ ਉਲੰਘਣਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਅੰਦਰ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਖਿਲਵਾੜ ਦੇ ਵਾਰ-ਵਾਰ ਮਾਮਲੇ ਸਾਹਮਣੇ ਆ ਰਹੇ ਹਨ ਅਤੇ ਦੁੱਖ ਦੀ ਗੱਲ ਹੈ ਕਿ ਸਰਕਾਰਾਂ ਅਜਿਹਾ ਕਰਨ ਵਾਲਿਆਂ 'ਤੇ ਕੋਈ ਮਿਸਾਲੀ ਕਾਰਵਾਈ ਨਹੀਂ ਕਰ ਰਹੀਆਂ। ਉਨ੍ਹਾਂ ਕਿਹਾ ਕਿ ਭਾਰਤ ਦੇ ਸੰਵਿਧਾਨ ਅੰਦਰ ਦੇਸ਼ ਦੇ ਹਰ ਨਾਗਰਿਕ ਨੂੰ ਆਪਣੀਆਂ ਧਾਰਮਿਕ ਮਾਨਤਾਵਾਂ 'ਤੇ ਪਹਿਰਾ ਦੇਣ ਦੀ ਖੁੱਲ ਹੈ। ਅੰਮ੍ਰਿਤਧਾਰੀ ਸਿੱਖ ਲਈ ਪੰਜ ਕਕਾਰ ਧਾਰਨ ਕਰਨਾ ਲਾਜ਼ਮੀ ਹੈ ਅਤੇ ਇਸ ਦੀ ਇਜਾਜ਼ਤ ਭਾਰਤ ਦਾ ਸੰਵਿਧਾਨ ਵੀ ਦਿੰਦਾ ਹੈ। ਧਾਮੀ ਨੇ ਕਿਹਾ ਕਿ ਹਾਲ ਹੀ ਵਿਚ ਨਾਗਰਿਕ ਹਵਾਬਾਜ਼ੀ ਮੰਤਰਾਲੇ ਵੱਲੋਂ ਵੀ ਭਾਰਤ ਦੇ ਹਵਾਈ ਅੱਡਿਆਂ 'ਤੇ ਅੰਮ੍ਰਿਤਧਾਰੀ ਸਿੱਖ ਕਰਮਚਾਰੀਆਂ ਨੂੰ ਕਿਰਪਾਨ ਪਹਿਨ ਕੇ ਜਾਣ 'ਤੇ ਪਾਬੰਦੀ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਸੀ, ਜਿਸ 'ਤੇ ਵੀ ਸ਼੍ਰੋਮਣੀ ਕਮੇਟੀ ਵੱਲੋਂ ਸਖ਼ਤ ਇਤਰਾਜ਼ ਪ੍ਰਗਟਾਇਆ ਗਿਆ ਸੀ। ਐਡਵੋਕੇਟ ਧਾਮੀ ਨੇ ਕਿਹਾ ਕਿ ਹੁਣ ਦਿੱਲੀ ਦੇ ਇਕ ਝਿਲਮਿਲ ਮੈਟਰੋ ਸਟੇਸ਼ਨ 'ਤੇ ਅੰਮ੍ਰਿਤਧਾਰੀ ਸਿੱਖ ਨੂੰ ਸੀ. ਆਈ. ਐੱਸ. ਐੱਫ. ਦੇ ਇਕ ਕਰਮਚਾਰੀ ਵੱਲੋਂ ਕਿਰਪਾਨ ਸਮੇਤ ਅੰਦਰ ਜਾਣ ਤੋਂ ਰੋਕਣਾ ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਨ ਵਾਲਾ ਹੈ। ਉਨ੍ਹਾਂ ਕਿਹਾ ਕਿ ਇਸ ਘਟਨਾ ਦੀ ਇਕ ਵੀਡੀਓ ਵੀ ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਹੈ, ਜਿਸ ਦਾ ਨੋਟਿਸ ਲੈਂਦਿਆਂ ਸਰਕਾਰ ਨੂੰ ਦੋਸ਼ੀ ਕਰਮਚਾਰੀ ਖਿਲਾਫ਼ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਇਹ ਯਕੀਨੀ ਬਣਾਵੇ ਕਿ ਅੰਮ੍ਰਿਤਧਾਰੀ ਸਿੱਖਾਂ ਨਾਲ ਦੇਸ਼ ਅੰਦਰ ਕਕਾਰ ਪਹਿਨਣ ਕਰਕੇ ਕਿਸੇ ਕਿਸਮ ਦਾ ਵਿਤਕਰਾ ਨਾ ਕੀਤਾ ਜਾਵੇ। ਐਡਵੋਕੇਟ ਧਾਮੀ ਨੇ ਇਸ ਮਾਮਲੇ ਵਿਚ ਭਾਰਤ ਦੇ ਗ੍ਰਹਿ ਮੰਤਰਾਲੇ ਅਤੇ ਦਿੱਲੀ ਸਰਕਾਰ ਨੂੰ ਤੁਰੰਤ ਕਾਰਵਾਈ ਕਰਦਿਆਂ ਸਿੱਖਾਂ ਦੇ ਹੱਕ ਹਕੂਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਕਿਹਾ।

# ਜੀ ਐੱਨ ਡੀ ਯੂ ਦੇ ਕਾਨੂੰਨ ਵਿਭਾਗ ਨੇ ਮਨਾਇਆ ਸੰਵਿਧਾਨ ਦਿਹਾੜਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਕਾਨੂੰਨ ਵਿਭਾਗ ਵੱਲੋਂ ਯੂਨੀਵਰਸਿਟੀ ਕੈਂਪਸ ਵਿਚ ਸੰਵਿਧਾਨ ਦਿਵਸ ਮਨਾਉਂਦਿਆਂ ਵੱਖ ਵੱਖ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਗਿਆ। ਪਹਿਲੇ ਪ੍ਰੋਗਰਾਮ ਵਿਚ "ਭਾਰਤ ਵਿੱਚ ਨਿਆਂ ਦਾ ਸੰਵਿਧਾਨਕ ਅਧਿਕਾਰ: ਲੋਕ ਅਦਾਲਤਾਂ ਦੀ ਭੂਮਿਕਾ ਅਤੇ ਪ੍ਰਭਾਵ" ਸਿਰਲੇਖ ਹੇਠ ਇੱਕ ਮੁਫਤ ਕਾਨੂੰਨੀ ਸਹਾਇਤਾ ਕੈਂਪ ਅਤੇ ਇੱਕ ਗੈਸਟ ਲੈਕਚਰ ਦਾ ਆਯੋਜਨ ਕੀਤਾ ਗਿਆ। ਇਸ ਤੋਂ ਇਲਾਵਾ ਵਿਭਾਗ ਦੇ ਵਿਦਿਆਰਥੀਆਂ ਵੱਲੋਂ ਇਕ ਮੈਗਜ਼ੀਨ ਦੇ ਪਹਿਲੇ ਅੰਕ ਦਾ ਉਦਘਾਟਨ ਵੀ ਕੀਤਾ ਗਿਆ। ਇਸ ਸਮਾਗਮ ਵਿੱਚ ਅਮਰਦੀਪ ਸਿੰਘ ਬੈਂਸ, ਸਿਵਲ ਜੱਜ (ਸੀਨੀਅਰ ਡਵੀਜ਼ਨ) ਅਤੇ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਅੰਮ੍ਰਿਤਸਰ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਕਾਨੂੰਨ ਵਿਭਾਗ ਦੇ ਮੁਖੀ ਡਾ. ਮੀਨੂੰ ਵਰਮਾ ਨੇ ਅਮਰਦੀਪ ਸਿੰਘ ਦਾ ਨਿੱਘਾ ਸੁਆਗਤ ਕਰਦਿਆਂ ਨਿਆਂ, ਆਜ਼ਾਦੀ, ਸਮਾਨਤਾ ਅਤੇ ਭਾਈਚਾਰੇ ਦੀਆਂ ਲੋਕਤਾਂਤਰਿਕ ਕਦਰਾਂ-ਕੀਮਤਾਂ ਨੂੰ ਕਾਇਮ ਰੱਖਣ ਲਈ ਸੰਵਿਧਾਨ ਦਿਵਸ ਦੀ ਮਹੱਤਤਾ ਨੂੰ ਉਜਾਗਰ ਕੀਤਾ। ਅਮਰਦੀਪ ਸਿੰਘ ਬੈਂਸ ਨੇ ਸਭ ਨੂੰ ਪਹੁੰਚਯੋਗ ਨਿਆਂ ਪ੍ਰਦਾਨ ਕਰਨ ਵਿੱਚ ਲੋਕ ਅਦਾਲਤਾਂ ਦੀ ਮਹੱਤਵਪੂਰਨ ਭੂਮਿਕਾ ਬਾਰੇ ਦੱਸਿਆ। ਗੈਸਟ ਲੈਕਚਰ ਦਾ ਸੰਚਾਲਨ ਡਾ. ਸ਼ਿਖਾ ਧੀਮਾਨ, ਫੈਕਲਟੀ ਕੋਆਰਡੀਨੇਟਰ ਨੇ ਕੀਤਾ। ਡਾ. ਮਨਜੀਤ ਸਿੰਘ ਦੀ ਅਗਵਾਈ ਵਿੱਚ ਇੱਕ ਮੁਫਤ ਕਾਨੂੰਨੀ ਸਹਾਇਤਾ ਕੈਂਪ ਵੀ ਲਗਾਇਆ ਗਿਆ। ਡਾ. ਮੀਨੂ ਵਰਮਾ ਨੇ ਕਾਨੂੰਨ ਵਿਭਾਗ ਦੇ ਨਵੇਂ ਵਿਦਿਆਰਥੀਆਂ ਦੇ ਮੈਗਜ਼ੀਨ ਦੇ ਕਵਰ ਪੇਜ ਨੂੰ ਰਿਲੀਜ਼ ਕੀਤਾ। ਇਸ ਮੈਗਜ਼ੀਨ ਵਿੱਚ ਮੁੱਖ ਸੰਪਾਦਕ ਵਜੋਂ ਡਾ. ਮੀਨੂੰ ਵਰਮਾ, ਫੈਕਲਟੀ ਸੰਪਾਦਕ ਵਜੋਂ ਡਾ. ਬਿਮਲਦੀਪ ਸਿੰਘ ਅਤੇ ਡਾ. ਸ਼ਿਖਾ ਧੀਮਾਨ ਅਤੇ ਵਿਦਿਆਰਥੀ ਸੰਪਾਦਕ ਸਾਕਸ਼ੀ ਸਹਿਗਲ, ਸੌਮਿਆ ਖੰਨਾ ਅਤੇ ਖੁਸ਼ੀ ਦਾ ਉਦੇਸ਼ ਵਿਦਿਆਰਥੀਆਂ ਦੀ ਪ੍ਰਤਿਭਾ, ਸੂਝ ਅਤੇ ਅਕਾਦਮਿਕ ਪ੍ਰਾਪਤੀਆਂ ਨੂੰ ਪ੍ਰਦਰਸ਼ਿਤ ਕਰਨਾ ਤੇ ਵਿਭਾਗ ਦੇ ਅੰਦਰ ਇੱਕ ਬੌਧਿਕ ਅਤੇ ਰਚਨਾਤਮਕ ਸਪੇਸ ਨੂੰ ਉਤਸ਼ਾਹਿਤ ਕਰਨਾ ਹੈ।

# ਨਵੀਆਂ ਚੁਣੀਆਂ ਪੰਚਾਇਤਾਂ ਨੂੰ ਆਨਲਾਈਨ ਈ-ਪੋਰਟਲ ਸੇਵਾਵਾਂ ਬਾਰੇ ਦਿੱਤੀ ਜਾਣਕਾਰੀ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਪੰਜਾਬ ਸਰਕਾਰ ਅਤੇ ਪੰਚਾਇਤ ਵਿਭਾਗ ਵੱਲੋਂ ਕਾਦੀਆਂ ਦੇ ਮਿਲਨ ਪੈਲੇਸ ਵਿਖੇ ਰੱਖੇ ਪ੍ਰੋਗਰਾਮ ਵਿੱਚ ਨਵੀਆਂ ਚੁਣੀਆਂ ਪੰਚਾਇਤਾਂ ਨੂੰ ਸਰਕਾਰ ਦੀਆਂ ਆਨਲਾਈਨ ਈ ਪੋਟਲ ਤੇ ਚਲ ਰਹੀਆਂ ਸੇਵਾਵਾਂ ਬਾਰੇ ਡੀ ਸੀ ਦਫਤਰ ਗੁਰਦਾਸਪੁਰ ਤੋਂ ਆਏ ਅਧਿਕਾਰੀਆਂ ਨੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਉਹਨਾਂ ਆਖਿਆ ਕਿ ਇਹਨਾਂ ਸਕੀਮਾਂ ਨਾਲ ਆਪਣੇ ਪਿੰਡ ਵਾਸੀਆਂ ਨੂੰ ਘਰ ਬੈਠੇ ਸਹੂਲਤਾਂ ਮੁਹੱਈਆ ਹੋਣਗੀਆਂ।ਇਸ ਵਿਚ ਤਿੰਨ ਬਲਾਕਾਂ ਕਾਹਨੂੰਵਾਨ, ਕਾਦੀਆਂ, ਸ੍ਰੀ ਹਰਗੋਬਿੰਦਪੁਰ ਸਾਹਿਬ, ਬੀਡੀਪੀਓ ਸੁਖਜੀਤ ਕੌਰ ਸ੍ਰੀ ਹਰਗੋਬਿੰਦਪੁਰ ਸਾਹਿਬ ਇਸ ਮੌਕੇ ਚੇਅਰਮੈਨ ਮੋਹਨ ਸਿੰਘ ਮਾਰਕੀਟ ਕਮੇਟੀ ਕਾਦੀਆਂ, ਸਰਪੰਚ ਲਖਬੀਰ ਸਿੰਘ ਧੰਦੋਈ, ਸਰਪੰਚ ਗੁਰਦੀਪ ਸਿੰਘ ਪੰਜਗਰਾਈਆਂ, ਸਰਪੰਚ ਕੁਲਦੀਪ ਸਿੰਘ ਢੱਪਈ, ਸਰਪੰਚ ਮਹਿੰਦਰ ਸਿੰਘ ਤਾਰਾ ਚੱਕ, ਸਰਪੰਚ ਹਰਪ੍ਰੀਤ ਸਿੰਘ ਥਰੀਏਵਾਲ, ਸਰਪੰਚ ਅੰਮ੍ਰਿਤਪਾਲ ਸਿੰਘ ਕਲੇਰ, ਸਰਪੰਚ ਮਨਦੀਪ ਸਿੰਘ ਹਰਪੁਰਾ, ਸਰਪੰਚ ਮਨਦੀਪ ਸਿੰਘ ਦਈਆ, ਸਰਪੰਚ ਬਚਿੱਤਰ ਸਿੰਘ ਉਧਨਵਾਲ, ਸਰਪੰਚ ਤਜਿੰਦਰ ਸਿੰਘ ਬੱਬੂ ਕੰਡੀਲਾ, ਸਰਪੰਚ ਠੀਕਰੀਵਾਲ ਭੁਪਿੰਦਰ ਕੌਰ ਪਤਨੀ ਮਨਪ੍ਰੀਤ ਸਿੰਘ, ਹਰਦੇਵ ਸਿੰਘ ਪੰਚਾਇਤ ਅਫਸਰ, ਮਨਜਿੰਦਰ ਸਿੰਘ ਪੰਚਾਇਤ ਸੈਕਟਰੀ ਹਾਜ਼ਰ ਸਨ।

# ਮਾਤਾ ਸਾਹਿਬ ਕੌਰ ਸੇਵਾ ਸੁਸਾਇਟੀ ਭੂੰਡੇਵਾਲ ਦੀ ਮੀਟਿੰਗ

**ਗੁਰਦਾਸਪੁਰ (ਜਨਕ ਮਹਾਜਨ)**-ਮਾਤਾ ਸਾਹਿਬ ਕੌਰ ਸੇਵਾ ਸੁਸਾਇਟੀ ਭੂੰਡੇਵਾਲ ਅਤੇ ਬੇਟ ਇਲਾਕੇ ਦੀਆਂ ਧਾਰਮਿਕ ਸ਼ਖ਼ਸੀਅਤਾਂ ਦੀ ਮੀਟਿੰਗ ਪਿੰਡ ਸੈਦੋਵਾਲ ਕਲਾਂ ਵਿਖੇ ਹੋਈ ਜਿਸ ਵਿਚ ਵਿਚ ਲੰਬੀ ਵਿਚਾਰ ਚਰਚਾ ਤੋਂ ਬਾਅਦ ਇਹ ਫੈਸਲਾ ਲਿਆ ਗਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 26 ਦਸੰਬਰ ਨੂੰ ਮਾਤਾ ਗੁਜਰ ਕੌਰ ਅਤੇ ਸਾਹਿਬਜ਼ਾਦਿਆਂ ਦਾ ਸ਼ਹੀਦੀ ਦਿਹਾੜਾ ਸੈਦੋਵਾਲ ਕਲਾਂ ਦੀ ਗਰਾਊਂਡ ਵਿਖੇ ਸੰਗਤਾਂ ਦੇ ਸਾਹਿਯੋਗ ਨਾਲ ਬੜੀ ਸ਼ਰਧਾ ਨਾਲ ਮਨਾਇਆ ਜਾਵੇਗਾ ਜਦੋਂਕਿ ਇਸ ਸਬੰਧੀ ਪਹਿਲੀ ਮੀਟਿੰਗ ਹੋਈ ਹੈ ਅਤੇ ਦੂਸਰੀ ਮੀਟਿੰਗ 13 ਦਸੰਬਰ ਨੂੰ ਦੁਬਾਰਾ ਹੋਵੇਗੀ ਜਿਸ ਵਿਚ ਸਮੂਹ ਪਿੰਡਾਂ ਦੇ ਸਹਿਯੋਗੀ ਵੀਰਾਂ ਨੂੰ ਸ਼ਾਮਿਲ ਕੀਤਾ ਜਾਵੇਗਾ ਅਤੇ ਪ੍ਰੋਗਰਾਮ ਦੀਆਂ ਜ਼ੁੰਮੇਵਾਰੀਆਂ ਦੀ ਵੰਡ ਕੀਤੀ ਜਾਵੇਗੀ। ਲੰਗਰ ਦੀ ਸੇਵਾ ਦੀ ਸਮੁੱਚੀ ਜ਼ੁੰਮੇਵਾਰੀ ਪਿੰਡ ਸੈਦੋਵਾਲ ਕਲਾਂ ਦੀ ਸੰਗਤ ਨੇ ਲਈ ਹੈ। ਇਸ ਮੌਕੇ ਮਲਕੀਤ ਸਿੰਘ, ਗੁਰਪ੍ਰਤਾਪ ਸਿੰਘ, ਹਰਜਿੰਦਰ ਸਿੰਘ, ਜੌਲੀ ਮੀਲਮਾ, ਸਤਨਾਮ ਸਿੰਘ, ਆਤਮਾ ਸਿੰਘ, ਮਨਜੀਤ ਸਿੰਘ, ਜੋਗਾ ਸਿੰਘ, ਗੁਰਮੁਖ ਸਿੰਘ, ਗੁਰਚਰਨ ਸਿੰਘ ਲਾਡੀ ਆਦਿ ਹਾਜ਼ਰ ਸਨ।

# ਸ਼ੈਰੀ ਕਲਸੀ ਨੂੰ ਸੂਬਾ ਉਪ ਪ੍ਰਧਾਨ ਨਿਯੁਕਤ ਕਰਨ 'ਤੇ ਮਾਈਕਲ ਸਹੋਤਾ ਵੱਲੋਂ ਸਮੁੱਚੀ ਲੀਡਰਸ਼ਿਪ ਨੂੰ ਵਧਾਈ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੂੰ ਆਮ ਆਦਮੀ ਪਾਰਟੀ ਪੰਜਾਬ ਦਾ ਉਪ ਪ੍ਰਧਾਨ ਨਿਯੁਕਤ ਕਰਨ 'ਤੇ ਆਮ ਆਦਮੀ ਪਾਰਟੀ ਦੇ ਯੂਥ ਆਗੂ ਮਾਈਕਲ ਸਹੋਤਾ ਨੇ ਪਾਰਟੀ ਦੀ ਹੋਰ ਮਜ਼ਬੂਤੀ ਲਈ ਪਾਰਟੀ ਹਾਈ ਕਮਾਂਡ ਵਲੋਂ ਲਏ ਇਸ ਫੈਸਲੇ ਦੀ ਸ਼ਲਾਘਾ ਕਰਦਿਆਂ ਸ਼ੈਰੀ ਕਲਸੀ ਅਤੇ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਸਮੇਤ ਸਮੁੱਚੀ ਲੀਡਰਸ਼ਿਪ ਨੂੰ ਵਧਾਈ ਦਿੱਤੀ। ਮਾਈਕਲ ਸਹੋਤਾ ਨੇ ਕਿਹਾ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਇੱਕ ਨਿਡਰ, ਇਮਾਨਦਾਰ ਅਤੇ ਜ਼ਮੀਨੀ ਪੱਧਰੀ 'ਤੇ ਲੋਕਾਂ ਨਾਲ ਜੁੜੇ ਹੋਏ ਨੌਜਵਾਨ ਆਗੂ ਹਨ। ਇਨ੍ਹਾਂ ਦੇ ਕੰਮਾਂ ਨੂੰ ਦੇਖਦੇ ਹੋਏ ਪਾਰਟੀ ਵਲੋਂ ਸੂਬਾ ਉਪ ਪ੍ਰਧਾਨ ਨਿਯੁਕਤ ਕਰਨ ਨਾਲ ਜ਼ਿਲ੍ਹਾ ਗੁਰਦਾਸਪੁਰ ਦਾ ਕੱਦ ਹੋਰ ਉੱਚਾ ਹੋਇਆ ਹੈ ਅਤੇ ਨੌਜਵਾਨਾਂ ਵਿੱਚ ਪਾਰਟੀ ਪ੍ਰਤੀ ਹੋਰ ਵੀ ਉਤਸ਼ਾਹ ਵਧਿਆ ਹੈ। ਸਹੋਤਾ ਨੇ ਆਸ ਪ੍ਰਗਟਾਈ ਕਿ ਵਿਧਾਇਕ ਸ਼ੈਰੀ ਕਲਸੀ ਇਸ ਮਿਲੀ ਅਹਿਮ ਜ਼ਿੰਮੇਵਾਰੀ ਨੂੰ ਪੂਰੀ ਲਗਨ, ਇਮਾਨਦਾਰੀ ਅਤੇ ਮਿਹਨਤ ਨਾਲ ਬਾਖੂਬੀ ਨਿਭਾਉਂਦੇ ਹੋਏ ਆਮ ਆਦਮੀ ਪਾਰਟੀ ਨੂੰ ਹੋਰ ਮਜ਼ਬੂਤ ਕਰਨਗੇ।

# ਪੰਚਾਇਤੀ ਚੋਣਾਂ 'ਚ ਜਿੱਤ ਦੇ ਸ਼ੁਕਰਾਨੇ ਵਜੋਂ 'ਆਪ' ਨੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਵਿਧਾਨਸਭਾ ਹਲਕਾ ਦੀਨਾਨਗਰ ਅੰਦਰ ਪੰਚਾਇਤੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ



ਸ਼ਾਨਦਾਰ ਜਿੱਤ ਦੇ ਸ਼ੁਕਰਾਨੇ ਵਜੋਂ ਅਤੇ ਸਰਬੱਤ ਦੇ ਭਲੇ ਤੇ ਪੰਚਾਇਤਾਂ ਦੀ ਚੜ੍ਹ ਦੀ ਕਲਾ ਲਈ ਆਮ ਆਦਮੀ ਪਾਰਟੀ ਹਲਕਾ ਦੀਨਾਨਗਰ ਵੱਲੋਂ ਗੁਰਦੁਆਰਾ ਬਾਬਾ ਸ਼੍ਰੀ ਚੰਦ ਟਾਹਲੀ ਸਾਹਿਬ ਗਾਹਲੜੀ ਵਿਖੇ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ। ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਉਪਰੰਤ ਹਲਕੇ ਦੇ ਵੱਖ- ਵੱਖ ਪਿੰਡਾਂ ਤੋਂ ਆਏ ਸਰਪੰਚਾਂ, ਪੰਚਾਂ ਅਤੇ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦੇ ਹੋਏ ਜ਼ਿਲ੍ਹਾ ਪ੍ਰਧਾਨ ਸ਼ਹਿਰੀ ਗੁਰਦਾਸਪੁਰ ਤੇ ਹਲਕਾ ਇੰਚਾਰਜ ਦੀਨਾਨਗਰ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਪ੍ਰਮਾਤਮਾ ਦੇ ਓਟ ਆਸਰੇ ਹੇਠ ਆਮ ਆਦਮੀ ਪਾਰਟੀ ਨੇ ਹਲਕਾ ਦੀਨਾਨਗਰ ਅੰਦਰ ਪੂਰੀ ਇਮਾਨਦਾਰੀ ਤੇ ਨਿਰਪੱਖਤਾ ਨਾਲ ਚੋਣਾਂ ਲੜੀਆਂ ਸਨ, ਜਿਸਦੇ ਨਤੀਜੇ ਸ਼ਾਨਦਾਰ ਆਏ ਹਨ।ਸ਼ਾਨਦਾਰ ਨਤੀਜਿਆਂ ਦੇ ਸ਼ੁਕਰਾਨੇ ਵਜੋਂ ਹੀ ਹਲਕੇ ਦੇ ਵੱਖ-ਵੱਖ ਪਿੰਡਾਂ ਦੇ ਸਰਪੰਚ, ਪੰਚ ਅਤੇ ਪਾਰਟੀ ਵਰਕਰ ਗੁਰਦੁਆਰਾ ਬਾਬਾ ਸ਼੍ਰੀ ਚੰਦ ਟਾਹਲੀ ਸਾਹਿਬ ਵਿਖੇ ਨਤਮਸਤਕ ਹੋਏ ਲਈ ਪੁੱਜੇ ਹਨ।ਉਹਨਾਂ ਕਿਹਾ ਕਿ ਹੁਣ ਗ੍ਰਾਮ ਪੰਚਾਇਤਾਂ ਨੂੰ ਵੀ ਚਾਹੀਦਾ ਹੈ ਕਿ ਲੋਕਾਂ ਨੇ ਉਹਨਾਂ ਦੇ ਸਿਰ ਤੇ ਤਾਜ ਸਜਾਇਆ ਹੈ ਤਾਂ ਉਹ ਹਰ ਵੇਲੇ ਪ੍ਰਮਾਤਮਾ ਨੂੰ ਅੰਗ ਸੰਗ ਸਮਝ ਕੇ ਹੀ ਪਿੰਡਾਂ ਦੇ ਫੈਸਲੇ ਕਰਨ ਅਤੇ ਲੋਕਾਂ ਨੂੰ ਇਨਸਾਫ ਦੇਣ।ਇਸ ਮੌਕੇ ਸਰਪੰਚ ਰਣਜੀਤ ਸਿੰਘ ਜੀਵਨਚੱਕ, ਸਰਪੰਚ ਰਣਜੀਤ ਸਿੰਘ ਰਾਣਾ ਕਠਿਆਲੀ, ਸਰਪੰਚ ਮਨਦੀਪ ਸਿੰਘ ਸ਼ਮਸ਼ੇਰਪੁਰ, ਸਰਪੰਚ ਐੱਸਪੀ ਸਿੰਘ ਮਗਰਮੂਧੀਆਂ, ਸਰਪੰਚ ਸੁਖਦੇਵ ਸਿੰਘ ਪਹਾੜੀਪੁਰ, ਸਰਪੰਚ ਸੁਲੱਖਣ ਸਿੰਘ ਧੂਤ, ਸਰਪੰਚ ਵਿਕਾਸ ਸ਼ਰਮਾ ਦਬੁੜੀ, ਸੂਬਾ ਸਿੰਘ ਹਕੀਮਪੁਰ, ਦਿਲਬਾਗ ਸਿੰਘ ਸੱਦਾ, ਸਰਪੰਚ ਚਰਨਜੀਤ ਸਿੰਘ ਚੌਂਤਰਾ, ਮਲਕੀਤ ਸਿੰਘ ਥੰਮਣ, ਸਰਪੰਚ ਕਰਮਜੀਤ ਸਿੰਘ ਦੋਰਾਂਗਲਾ, ਸਰਪੰਚ ਨਿਸ਼ਾਨ ਸਿੰਘ ਡੁੱਗਰੀ, ਸਰਪੰਚ ਰੁਪਿੰਦਰ ਕੌਰ ਠੁੰਡੀ, ਸਰਪੰਚ ਗੁਰਬੀਰ ਸਿੰਘ ਗਾਹਲੜੀ, ਸਰਪੰਚ ਜੋਗਾ ਸਿੰਘ ਮੁਗਲਾਨੀਚੱਕ, ਸਰਪੰਚ ਬਲਦੇਵ ਰਾਜ ਨੌਸ਼ਹਿਰਾ, ਸਰਪੰਚ ਸੁਖਜਿੰਦਰ ਸਿੰਘ ਬੁਗਨਾ, ਸਰਪੰਚ ਬਚਨ ਲਾਲ ਬਹਿਰਾਮਪੁਰ, ਸਰਪੰਚ ਭੁਪਿੰਦਰ ਸਿੰਘ ਸੁਲਤਾਨੀ, ਮਲਕੀਤ ਸਿੰਘ ਥੰਮ ਣ, ਸਰਪੰਚ ਪ੍ਰਭਜੋਤ ਕੌਰ ਬੈਂਸ, ਸਰਪੰਚ ਮੀਨਾ ਰਸੂਲਪੁਰ, ਸਰਪੰਚ ਰਿਤੂ ਦੇਵੀ ਲੰਗੇ, ਸਰਪੰਚ ਕੁਲਵੰਤ ਸਿੰਘ ਛੋਟਾ ਕਲੀਜਪੁਰ, ਸਰਪੰਚ ਸੁਤੰਤਰ ਸਿੰਘ ਸਿੱਧਪੁਰ, ਸਰਪੰਚ ਸੁਖਵੰਤ ਕੌਰ ਹਕੀਮਪੁਰ, ਸਰਪੰਚ ਗੁਰਮੀਤ ਕੌਰ ਗੰਜਾ, ਸਰਪੰਚ ਗੁਰਜਿੰਦਰ ਸਿੰਘ ਗੰਜੀ, ਜਿਲ੍ਹਾ ਆਗੂ ਜਗਜੀਤ ਸਿੰਘ ਪਿੰਟਾ, ਬਲਾਕ ਪ੍ਰਧਾਨ ਜਸਬੀਰ ਸਿੰਘ ਕਠਿਆਲੀ, ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਦੀ ਧਰਮਪਤਨੀ ਹਰਸ਼ਪ੍ਰਭਾ, ਰਿਟਾ. ਪ੍ਰਿੰਸੀਪਲ ਸੁਖਦੇਵ ਰਾਜ, ਗੁਰਜੀਤ ਸਿੰਘ ਡੀਸੀ, ਬਲਾਕ ਪ੍ਰਧਾਨ ਕਾਜਲ ਪੱਖੋਵਾਲ, ਇਸਤਰੀ ਵਿੰਗ ਦੀ ਜ਼ਿਲ੍ਹਾ ਮੀਤ ਪ੍ਰਧਾਨ ਮਧੂ ਥਾਪਾ ਅਤੇ ਰੁਪਿੰਦਰ ਕੌਰ ਕੱਤੋਵਾਲ ਤੋਂ ਇਲਾਵਾ ਵੱਡੀ ਗਿਣਤੀ ਚ ਸਰਪੰਚ, ਪੰਚ ਅਤੇ ਪਾਰਟੀ ਵਰਕਰ ਵੀ ਹਾਜ਼ਰ ਸਨ।

# ਯੂਨੀਅਨ ਸਿਟੀ ਕੈਲੀਫੋਰਨੀਆ ਦੇ ਪਹਿਲੇ ਸਿੱਖ ਮੇਅਰ ਦਾ ਸਨਮਾਨ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**—ਦਮਦਮੀ ਟਕਸਾਲ ਦੇ ਮੁੱਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲੇ ਪ੍ਰਧਾਨ ਸੰਤ ਸਮਾਜ ਜੋ ਇਹਨੀਂ ਦਿਨੀਂ ਆਪਣੀ ਧਰਮ ਪ੍ਰਚਾਰ ਦੀ ਅਮਰੀਕਾ ਫੇਰੀ ਉੱਤੇ ਗਏ ਹਨ, ਵੱਲੋਂ ਕੈਲੀਫੋਰਨੀਆ ਸਟੇਟ ਦੀ ਯੂਨੀਅਨ ਸਿਟੀ ਦੇ ਸ਼ਹਿਰ ਦੇ ਪਹਿਲੇ ਸਿੱਖ ਮੇਅਰ ਸ: ਗੈਰੀ ਸਿੰਘ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਮੇਅਰ ਸ: ਗੈਰੀ ਸਿੰਘ ਬਾਬਾ ਹਰਨਾਮ ਸਿੰਘ ਖ਼ਾਲਸਾ ਜੀ ਨੂੰ ਵਿਸ਼ੇਸ਼ ਤੌਰ ਤੇ ਮਿਲਣ ਪੁੱਜੇ ਸਨ।ਜ਼ਿਕਰਯੋਗ ਹੈ ਕਿ ਯੂਨੀਅਨ ਸਿਟੀ ਵਿੱਚ 95 ਫ਼ੀਸਦੀ ਅਮਰੀਕੀ ਲੋਕਾਂ ਦੀ ਵਸੋਂ ਹੈ ਪਰ ਫਿਰ ਵੀ ਇੱਕ ਸਿੱਖ ਦਾ ਮੇਅਰ ਬਣਨਾ ਓਨਾ ਦੀ ਇੱਕ ਵਿਸ਼ੇਸ਼ ਪ੍ਰਾਪਤੀ ਹੈ। ਸ: ਗੈਰੀ ਸਿੰਘ ਯੂਨੀਅਨ ਸਿਟੀ ਦੀ ਪਹਿਲੇ ਸਿੱਖ ਮੇਅਰ ਬਣੇ ਹਨ।ਇਸ ਮੌਕੇ ਉਹਨਾਂ ਨੇ ਸੰਤ ਬਾਬਾ ਹਰਨਾਮ ਸਿੰਘ ਨਾਲ ਅਮਰੀਕਾ ਵਸਦੇ ਸਿੱਖ ਭਾਈਚਾਰੇ ਦੇ ਭਵਿੱਖ ਬਾਰੇ ਵਿਸ਼ੇਸ਼ ਚਰਚਾ ਵੀ ਕੀਤੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਵਿੰਦਰ ਸਿੰਘ ਜੰਡੀ ਪ੍ਰਧਾਨ ਗੁਰਦੁਆਰਾ ਸਾਹਿਬ ਫਰੀਮੌਂਟ, ਭਾਈ ਜੁਝਾਰ ਸਿੰਘ ਪਰਮਾਰ, ਭਾਈ ਪਵਿੱਤਰ ਸਿੰਘ, ਸਰਪੰਚ ਹਰਜੀਤ ਸਿੰਘ ਸਾਊਥ ਹਾਲ ਇੰਗਲੈਂਡ ਤੋਂ ਇਲਾਵਾ ਹੋਰ ਸਿੱਖ ਸੰਗਤਾਂ ਵੀ ਹਾਜ਼ਰ ਸਨ।

# ਬਾਬਾ ਬੰਦਾ ਸਿੰਘ ਬਹਾਦਰ ਸਕੂਲ ਦੇ ਵਿਦਿਆਰਥੀਆਂ ਦੀ ਰਾਸ਼ਟਰ ਪੱਧਰੀ ਵੁਸ਼ੂ ਖੇਡ ਮੁਕਾਬਲੇ ਲਈ ਚੋਣ




**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਸਕੂਲ ਦੇ ਵੂਸ਼ੂ ਕੋਚ ਮੈਡਮ ਪੂਜਾ ਦੀ ਕੋਚਿੰਗ ਅਧੀਨ ਵਿਦਿਆਰਥੀਆਂ ਨੇ ਖੇਡਾਂ ਵਤਨ ਪੰਜਾਬ ਦੀਆਂ 2024 ਦੇ ਵੂਸ਼ੂ ਖੇਡ ਮੁਕਾਬਲਿਆਂ ਵਿੱਚ ਭਾਗ ਲਿਆ ਅਤੇ ਵਧੀਆ ਸਥਾਨ ਹਾਸਿਲ ਕੀਤੇ। ਇਸ ਸਬੰਧੀ ਪ੍ਰਿੰਸੀਪਲ ਕਿਰਨ ਕੇਸਰ ਨੇ ਦੱਸਿਆ ਕਿ ਖੇਡਾਂ ਵਤਨ ਪੰਜਾਬ ਦੀਆਂ 2024 ਦੇ ਸੰਗਰੂਰ ਵਿਖੇ ਹੋਏ ਰਾਜ ਪੱਧਰੀ ਵਸ਼ੂ ਖੇਡ ਮੁਕਾਬਲਿਆਂ 'ਚ ਉਨ੍ਹਾਂ ਦੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਵਧੀਆ ਖੇਡ ਦਾ ਪ੍ਰਦਰਸ਼ਨ ਕਰਦੇ ਹੋਏ ਵੱਖ-ਵੱਖ ਪੁਜ਼ੀਸ਼ਨਾਂ ਪ੍ਰਾਪਤ ਕੀਤੀਆਂ, ਜਿਨ੍ਹਾਂ ਵਿੱਚ ਤਕਸ਼ਿਲ ਬੇਦੀ ਨੇ ਸੋਨ ਤਮਗਾ, ਰਿਸ਼ਵ, ਏਕਮਜੋਤ ਸਿੰਘ ਅਤੇ ਗੁਰਪ੍ਰੀਤ ਸਿੰਘ ਨੇ ਚਾਂਦੀ ਦਾ ਤਮਗਾ, ਜੌਹਨ ਮਸੀਹ, ਵੰਸ਼ਦੀਪ ਸਿੰਘ, ਅਬੀਜੋਤ ਸਿੰਘ ਅਤੇ ਸਾਹਿਲਪ੍ਰੀਤ ਸਿੰਘ ਨੇ ਕਾਂਸੇ ਦਾ ਤਮਗਾ ਪ੍ਰਾਪਤ ਕੀਤਾ। ਇਸ ਮੁਕਾਬਲੇ 'ਚੋਂ ਸੋਨ ਤਮਗਾ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਲਈ 10 ਹਜ਼ਾਰ, ਚਾਂਦੀ ਦਾ ਤਮਗਾ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਲਈ 7 ਹਜ਼ਾਰ ਅਤੇ ਕਾਂਸੇ ਦਾ ਤਮਗਾ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਲਈ 5 ਹਜ਼ਾਰ ਇਨਾਮ ਦੀ ਘੋਸ਼ਣਾ ਹੋਈ। ਇਸੇ ਤਰ੍ਹਾਂ ਇਹਨਾਂ ਵਿਦਿਆਰਥੀਆਂ ਵੱਲੋਂ ਬਟਾਲਾ ਵਿਖੇ ਹੋਈ 26ਵੀਂ ਸਬ-ਜੂਨੀਅਰ ਰਾਜ ਪੱਧਰੀ ਓਪਨ ਚੈਂਪੀਅਨਸ਼ਿਪ ਵੁਸ਼ੂ ਖੇਡ ਮੁਕਾਬਲਿਆਂ ਵਿੱਚ ਭਾਗ ਕੇ ਮੱਲਾਂ ਮਾਰਦੇ ਹੋਏ ਵੱਖ-ਵੱਖ ਸਥਾਨ ਪ੍ਰਾਪਤ ਕੀਤੇ ਅਤੇ ਰਾਸ਼ਟਰ ਤੱਕ ਆਪਣੀ ਜਗ੍ਹਾ ਬਣਾਈ। ਇਹਨਾਂ ਮੁਕਾਬਲਿਆਂ ਵਿੱਚ ਰਿਸ਼ਵ, ਅਵਿਜੋਤ ਸਿੰਘ ਅਤੇ ਗੁਰਕੀਰਤ ਸਿੰਘ ਨੇ ਸੋਨੇ ਦਾ ਤਮਗਾ ਅਤੇ ਗੁਰਪ੍ਰੀਤ ਸਿੰਘ, ਤੇਜਸਬੀਰ ਸਿੰਘ ਨੇ ਚਾਂਦੀ ਦਾ ਤਮਗਾ, ਜੌਹਨ ਮਸੀਹ, ਮਨਿੰਦਰ ਸਿੰਘ, ਮਾਧਵ ਸ਼ਰਮਾ, ਵਰਿੰਦਰ ਸਿੰਘ ਅਤੇ ਤਕਸ਼ਿਲ ਬੇਦੀ ਨੇ ਕਾਂਸੇ ਦਾ ਤਮਗਾ ਪ੍ਰਾਪਤ ਕੀਤਾ ਹੈ। ਇਹਨਾਂ ਮੁਕਾਬਲਿਆਂ ਵਿੱਚ ਤਕਸ਼ਿਲ ਬੇਦੀ, ਰਿਸ਼ਵ, ਗੁਰਕੀਰਤ ਸਿੰਘ, ਅਭੀਜੋਤ ਸਿੰਘ, ਗੁਰਪ੍ਰੀਤ ਸਿੰਘ ਅਤੇ ਤੇਜਸਬੀਰ ਸਿੰਘ ਦੀ ਚੋਣ ਇੱਕ ਦਸੰਬਰ 2024 ਰਾਸ਼ਟਰ ਪੱਧਰੀ ਖੇਡਾਂ ਲਈ ਹੋਈ। ਇਹਨਾਂ ਵਿਦਿਆਰਥੀਆਂ ਦੀਆਂ ਸਕੂਲ ਪੱਧਰ ਅਤੇ ਰਾਜ ਪੱਧਰ ਤੇ ਪ੍ਰਾਪਤੀਆਂ ਨੂੰ ਦੇਖਦੇ ਹੋਏ ਬਾਬਾ ਬੰਦਾ ਸਿੰਘ ਬਹਾਦਰ ਸਪੋਰਟਸ ਅਕੈਡਮੀ ਦੇ ਸਕੂਲ ਸਪੋਰਟਸ ਡੇਅ ਦੌਰਾਨ ਸਕੂਲ ਦੇ ਸਕੱਤਰ ਪਰਮਿੰਦਰ ਕੌਰ ਚਾਹਲ ਵੱਲੋਂ ਸਪੋਰਟਸ ਸਟਾਰ ਦਾ ਖਿਤਾਬ ਦੇ ਕੇ ਸਨਮਾਨਿਤ ਕੀਤਾ ਗਿਆ। ਸਕੂਲ ਦੇ ਡਾਇਰੈਕਟਰ ਅਮਰਜੀਤ ਸਿੰਘ ਨੇ ਵਿਦਿਆਰਥੀਆਂ ਦੀ ਇਸ ਵੱਡੀ ਪ੍ਰਾਪਤੀ ਤੇ ਖੁਸ਼ੀ ਜਾਹਿਰ ਕਰਦਿਆਂ ਵਿਦਿਆਰਥੀਆਂ ਅਤੇ ਉਹਨਾਂ ਦੇ ਮਾਤਾ ਪਿਤਾ ਨੂੰ ਵਧਾਈ ਦਿੱਤੀ। ਉਹਨਾਂ ਕਿਹਾ ਕਿ ਇਹਨਾਂ ਵਿਦਿਆਰਥੀਆਂ ਵੱਲੋਂ ਰਾਸ਼ਟਰ ਪੱਧਰ ਤੱਕ ਆਪਣੀ ਜਗ੍ਹਾ ਬਣਾ ਕੇ ਆਪਣੇ ਸਕੂਲ ਅਤੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕਰਨਾ ਸਾਡੇ ਲਈ ਬੜੇ ਮਾਣ ਵਾਲੀ ਗੱਲ ਹੈ। ਇਸ ਮੌਕੇ ਸਕੂਲ ਦੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

# ਚੰਡੀਗੜ੍ਹ 'ਚ ਹਰਿਆਣਾ ਦੀ ਵਿਧਾਨ ਸਭਾ ਲਈ ਜਗ੍ਹਾ ਤੇ ਪੈਸਾ ਦੇਣ ਦੇ ਫੈਸਲੇ ਦਾ ਵਿਰੋਧ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਦੇ ਵਫਦ ਵੱਲੋਂ ਚੰਡੀਗੜ੍ਹ ਵਿਖੇ ਹਰਿਆਣਾ ਪ੍ਰਾਂਤ ਦੀ ਵਿਧਾਨ ਸਭਾ ਦੀ ਉਸਾਰੀ ਲਈ ਜਗ੍ਹਾ ਅਤੇ ਪੈਸਾ ਦਿੱਤੇ ਜਾਣ ਦਾ ਕੇਂਦਰੀ ਸਰਕਾਰ ਦਾ ਅਨਿਆਂ ਪੂਰਨ ਫੈਸਲਾ ਰੱਦ ਕੀਤੇ ਜਾਣ ਸਬੰਧੀ ਮੰਗ ਪੱਤਰ ਡਿਪਟੀ ਕਮਿਸ਼ਨਰ ਰਾਹੀਂ ਪ੍ਰਧਾਨ ਮੰਤਰੀ ਨੂੰ ਭੇਜਿਆ ਗਿਆ। ਆਗੂਆਂ ਨੇ ਕਿਹਾ ਕਿ ਚੰਡੀਗੜ੍ਹ ਵਿਖੇ ਹਰਿਆਣਾ ਦੀ ਵਿਧਾਨ ਸਭਾ ਦੀ ਨਵੀਂ ਇਮਾਰਤ ਉਸਾਰਨ ਦਾ ਕੇਂਦਰੀ ਸਰਕਾਰ ਦਾ ਫੈਸਲਾ /ਪ੍ਰਸਤਾਵ ਨਾ ਕੇਵਲ ਸਰਾਸਰ ਅਨਿਆਂ ਪੂਰਨ ਅਤੇ ਗੈਰ ਸੰਵਿਧਾਨਕ ਹੈ, ਬਲਕਿ ਪੰਜਾਬ ਵਾਸੀਆਂ ਦੀਆਂ ਭਾਵਨਾਵਾਂ ਨੂੰ ਡੂੰਘੀ ਸੱਟ ਮਾਰਨ ਵਾਲਾ ਵੀ ਹੈ। ਇਸ ਫੈਸਲੇ ਨਾਲ ਹਰਿਆਣਾ ਦਾ ਵੀ ਕੋਈ ਭਲਾ ਨਹੀਂ ਹੋਵੇਗਾ।ਪੰਜਾਬ ਦੇ ਪਿੰਡਾਂ ਨੂੰ ਉਜਾੜ ਕੇ ਵਸਾਇਆ ਗਿਆ ਚੰਡੀਗੜ੍ਹ ਬਦਕਿਸਮਤੀ ਨਾਲ ਭਾਵੇਂ ਅਜੇ ਵੀ ਕੇਂਦਰ ਸ਼ਾਸਿਤ ਪ੍ਰਦੇਸ਼ ਹੈ ਪ੍ਰੰਤੂ ਇਹ ਸਥਾਪਿਤ ਸੱਚ ਹੈ ਕਿ ਇਸ ਤੇ ਪੰਜਾਬ ਦਾ ਹੀ ਹੱਕ ਹੈ।ਪੰਜਾਬ ਪੁਨਰਗਠਨ ਐਕਟ 1966 ਤਹਿਤ ਹੋਈ ਸੂਬੇ ਦੀ ਵੰਡ ਸਮੇਂ ਇਹ ਗੱਲ ਤੈਅ ਹੋਈ ਸੀ ਕਿ ਚੰਡੀਗੜ੍ਹ ਪੰਜਾਬ ਕੋਲ ਰਹੇਗਾ ਅਤੇ ਨਵੇਂ ਬਣੇ ਸੂਬੇ ਹਰਿਆਣਾ ਦੀ ਰਾਜਧਾਨੀ ਕਿਧਰੇ ਹੋਰ ਉਸਾਰੀ ਜਾਵੇਗੀ। ਉਦੋਂ ਤੱਕ ਹਰਿਆਣਾ ਦੀ ਰਾਜਧਾਨੀ ਇੱਥੇ ਰੱਖਣੀ ਆਰਜੀ ਪ੍ਰਬੰਧ ਸੀ ਨਾ ਕਿ ਸਥਾਈ। ਅੰਤਰਰਾਜੀ ਮਤਭੇਦਾਂ ਦੇ ਨਿਪਟਾਰੇ ਲਈ ਜੁਲਾਈ 1985 'ਚ ਹੋਏ ਰਜੀਵ ਲੌਂਗੋਵਾਲ ਸਮਝੌਤੇ ਅਤੇ ਹੋਰ ਸਾਰੀਆਂ ਵਾਰਤਾਵਾਂ ਦੌਰਾਨ ਵੀ ਚੰਡੀਗੜ੍ਹ 'ਤੇ ਪੰਜਾਬ ਦਾ ਅਧਿਕਾਰ ਹੋਣ ਬਾਰੇ ਆਮ ਸਹਿਮਤੀ ਰਹੀ ਹੈ।ਉਕਤ ਸਾਰੇ ਤੱਥਾਂ ਨੂੰ ਨਜ਼ਰ ਅੰਦਾਜ਼ ਕਰਦਿਆਂ ਚੰਡੀਗੜ੍ਹ ਵਿਖੇ ਹਰਿਆਣਾ ਦੀ ਵਿਧਾਨ ਸਭਾ ਦੀ ਨਵੀਂ ਇਮਾਰਤ ਉਸਾਰਨ ਦਾ ਕੇਂਦਰੀ ਸਰਕਾਰ ਦਾ ਫੈਸਲਾ / ਪ੍ਰਸਤਾਵ ਨਾ ਕੇਵਲ ਹੈਰਾਨੀਜਨਕ ਹੈ ਬਲਕਿ ਅਨੇਕਾਂ ਸੰਸੇ ਅਤੇ ਸ਼ੰਕੇ ਖੜ੍ਹੇ ਕਰਨ ਵਾਲਾ ਵੀ ਹੈ। ਲੰਘੀ ਸਦੀ ਦੇ ਅੱਠਵੇਂ ਦਹਾਕੇ 'ਚ ਪੰਜਾਬ ਦੇ ਜੋ ਹਾਲਾਤ ਵਿਗੜੇ ਸਨ, ਉਸ ਲਈ ਹੋਰਨਾਂ ਕਾਰਨਾਂ ਦੇ ਨਾਲ ਹੀ ਚੰਡੀਗੜ੍ਹ ਪੰਜਾਬ ਦੇ ਹਵਾਲੇ ਨਾ ਕਰਨਾ ਵੀ ਇੱਕ ਪ੍ਰਮੁੱਖ ਕਾਰਕ ਰਿਹਾ ਹੈ। ਚੰਡੀਗੜ੍ਹ ਦਾ ਮੁੱਦਾ ਅਤੀਤ 'ਚ ਵੀ ਪੰਜਾਬ ਤੇ ਹਰਿਆਣਾ ਦੇ ਲੋਕਾਂ ਦਰਮਿਆਨ ਕੜੱਤਣ ਪੈਦਾ ਕਰਨ ਦਾ ਜਰੀਆ ਰਿਹਾ ਹੈ ਅਤੇ ਹੁਣ ਵੀ ਅਜਿਹਾ ਹੀ ਹੋਵੇਗਾ। ਇਸ ਦੇ ਬਾਵਜੂਦ ਕੇਂਦਰੀ ਹਾਕਮਾਂ ਵੱਲੋਂ ਅਤੀਤ ਦੇ ਕੌੜੇ ਤਜਰਬਿਆਂ ਦੇ ਸਾਰੇ ਸਬਕ ਭੁਲਾਉਂਦੇ ਹੋਏ ਉਹੋ ਗਲਤੀਆਂ ਫਿਰ ਦੁਹਰਾਉਣਾ ਪੰਜਾਬ ਅਤੇ ਦੇਸ਼ ਲਈ ਨਵੀਆਂ ਮੁਸੀਬਤਾਂ ਖੜ੍ਹੀਆਂ ਕਰ ਸਕਦਾ ਹੈ। ਕੇਂਦਰੀ ਸਰਕਾਰ ਦਾ ਇਹ ਕਦਮ ਪੰਜਾਬ ਦੇ ਹਾਲਾਤ ਫਿਰ ਤੋਂ ਖਰਾਬ ਕਰਨ 'ਤੇ ਉਤਾਰੂ ਵੱਖਵਾਦੀ ਤੱਤਾਂ ਦੀਆਂ ਸਾਜ਼ਿਸ਼ਾਂ ਸਿਰੇ ਚੜ੍ਹਾਉਣ 'ਚ ਮਦਦਗਾਰ ਸਿੱਧ ਹੋਵੇਗਾ। ਆਗੂਆਂ ਨੇ ਮੰਗ ਕਰਦੇ ਹੋਏ ਕਿਹਾ ਕਿ ਉਪਰੋਕਤ ਘਾਤਕ ਫੈਸਲਾ / ਪ੍ਰਸਤਾਵ ਤੁਰੰਤ ਰੱਦ ਕੀਤਾ ਜਾਵੇ ਅਤੇ ਚੰਡੀਗੜ੍ਹ ਫੌਰੀ ਪੰਜਾਬ ਦੇ ਹਵਾਲੇ ਕੀਤਾ ਜਾਵੇ। ਇਸ ਤੋਂ ਇਲਾਵਾ ਪੰਜਾਬ ਨਾਲ ਸਬੰਧਿਤ ਬਾਕੀ ਰਹਿੰਦੇ ਸਾਰੇ ਲੰਬਤ ਮੁੱਦਿਆਂ ਦਾ ਵੀ ਨਿਆਂ ਸੰਗਤ ਹੱਲ ਕੀਤਾ ਜਾਵੇ।



# ਮਜ਼ਦੂਰਾਂ ਲਈ ਸਿਹਤ ਸਹੂਲਤਾਂ ਕੀਤੀਆਂ ਜਾਣ ਯਕੀਨੀ : ਅਨਿਲ ਵਿਜ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**— ਹਰਿਆਣਾ ਦੇ ਕਿਰਤ ਮੰਤਰੀ ਅਨਿਲ ਵਿਜ ਨੇ ਕਿਰਤ ਵਿਭਾਗ ਦੇ ਉੱਚ ਅਧਿਕਾਰੀਆਂ ਦੇ ਨਾਲ ਮੀਟਿੰਗ ਕਰ ਨਿਰਦੇਸ਼ ਦਿੱਤੇ ਕਿ ਸੂਬੇ ਦੀ ਸਾਰੀ ਫੈਕਟਰੀਆਂ ਦਾ ਨਿਯਮਤ ਰੂਪ ਨਾਲ ਨਿਰੀਖਣ ਯਕੀਨੀ ਕੀਤਾ ਜਾਵੇ। ਉਨ੍ਹਾਂ ਨੇ ਕਿਰਤ ਕਾਨੂੰਨਾਂ ਦਾ ਉਲੰਘਣ ਕਿਸ ਵੀ ਰੂਪ ਵਿਚ ਮੰਜੂਰ ਨਾ ਹੋਣ ਦੀ ਗੱਲ ਕਹੀ ਅਤੇ ਨਿਰਦੇਸ਼ ਦਿੱਤੇ ਕਿ ਜੋ ਫੈਕਟਰੀਆਂ ਕਿਰਤ ਕਾਨੂੰਨਾਂ ਦਾ ਪਾਲਣ ਨਹੀਂ ਕਰ ਰਹੀਆਂ ਹਨ, ਉਨ੍ਹਾਂ ਦੇ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ।ਵਿਜ ਨੇ ਅਧਿਕਾਰੀਆਂ ਨੂੰ ਇਹ ਵੀ ਯਕੀਨੀ ਕਰਨ ਨੂੰ ਕਿਹਾ ਕਿ ਮਜਦੂਰਾਂ ਦੇ ਅਧਿਕਾਰਾਂ ਦਾ ਸਨਮਾਨ ਹੋਵੇ ਅਤੇ ਸਾਰੇ ਕਿਰਤ ਐਕਟਾਂ ਅਤੇ ਉੱਪ ਨਿਯਮਾਂ ਦਾ ਪ੍ਰਭਾਵੀ ਪਾਲਣ ਹੋਵੇ। ਇਸ ਤੋਂ ਇਲਾਵਾ, ਸਾਰੇ ਨਿਰੀਖਣਾਂ ਅਤੇ ਗਤੀਵਿਧੀਆਂ ਦਾ ਵਿਸਥਾਰ ਰਿਕਾਰਡ ਰੱਖਿਆ ਜਾਵੇ।ਕਿਰਤ ਮੰਤਰੀ ਨੇ ਮਜਦੂਰਾਂ ਦੇ ਸਿਹਤ ਬੀਮਾ ਅਤੇ ਸਿਹਤ ਸਬੰਧਿਤ ਸਹੂਲਤਾਂ 'ਤੇ ਵੀ ਚਰਚਾ ਕੀਤੀ। ਮੰਤਰੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਸਾਰੇ ਰਜਿਸਟਰਡ ਮਜਦੂਰਾਂ ਨੂੰ ਉਨ੍ਹਾਂ ਦੀ ਜਰੂਰਤਾਂ ਅਨੁਰੂਪ ਸਿਹਤ ਸੇਵਾਵਾਂ ਪ੍ਰਾਪਤ ਹੋਣ ਅਤੇ ਜੋ ਮਜਦੂਰ ਹੁਣ ਤਕ ਰਜਿਸਟਰਡ ਨਹੀਂ ਹਨ, ਉਨ੍ਹਾਂ ਨੂੰ ਵੀ ਸਿਹਤ ਸੇਵਾਵਾਂ ਦੇ ਘੇਰੇ ਵਿਚ ਲਿਆਉਣ ਲਈ ਠੋਸ ਕਦਮ ਚੁੱਕੇ ਜਾਣ।ਮੀਟਿੰਗ ਵਿਚ ਕਿਰਤ ਵਿਭਾਗ ਦੇ ਵਧੀਕ ਮੁੱਖ ਸਕੱਤਰ ਆਨੰਦ ਮੋਹਨ ਸ਼ਰਣ, ਕਿਰਤ ਕਮਿਸ਼ਨਰ ਮਨੀ ਰਾਮ ਸ਼ਰਮਾ ਅਤੇ ਹੋਰ ਅਧਿਕਾਰੀਆਂ ਨੇ ਵੀ ਹਿੱਸਾ ਲਿਆ।

# ਮਾਰਕੀਟ ਕਮੇਟੀ ਮਹਿਤਪੁਰ ਦੀਆਂ ਮੰਡੀਆਂ 'ਚ ਝੋਨੇ ਦੀ ਖਰੀਦ ਪਾਰਦਰਸ਼ੀ ਢੰਗ ਨਾਲ ਹੋਈ : ਚੇਅਰਮੈਨ ਚੱਠਾ

**ਸ਼ਾਹਕੋਟ (ਗਿਆਨ ਸੈਦਪੁਰੀ)**

ਝੋਨੇ ਦੇ ਇਸ ਸੀਜ਼ਨ ਵਿੱਚ ਪੂਰੇ ਪੰਜਾਬ ਵਿੱਚ ਬੇਸ਼ੱਕ ਖਰੀਦ ਪ੍ਰਕ੍ਰਿਆ ਵਿੱਚ ਵੱਖ-ਵੱਖ ਦਿੱਕਤਾਂ ਕਾਰਨ ਜਿੱਥੇ ਕਿਸਾਨ ਪ੍ਰੇਸ਼ਾਨ ਰਹੇ, ਆੜ੍ਹਤੀ ਸ਼ੈਲਰਾਂ ਵਾਲਿਆਂ ਨਾਲ ਵੱਖ-ਵੱਖ ਪੱਧਰਾਂ 'ਤੇ ਗਿਲੇ-ਸ਼ਿਕਵੇ ਕਰਦੇ ਰਹੇ ਤੇ ਸ਼ੈਲਰਾਂ ਵਾਲੇ ਸਰਕਾਰਾਂ ਨੂੰ ਕੋਸਦੇ ਹੋਏ ਸ਼ੈਲਰ ਸਨਅਤ ਡੁੱਬਣ ਕਿਨਾਰੇ ਪਹੁੰਚ ਜਾਣ ਦੀ ਗੱਲ ਕਰਦੇ ਰਹੇ, ਪਰ ਮਾਰਕੀਟ ਕਮੇਟੀ ਮਹਿਤਪੁਰ ਦੀਆਂ ਤਿੰਨੋਂ ਮੰਡੀਆਂ ਵਿੱਚ ਝੋਨੇ ਦੀ ਖਰੀਦ ਪਾਰਦਰਸ਼ੀ ਢੰਗ ਨਾਲ ਨੇਪਰੇ ਚੜ੍ਹੀ।' ਉਕਤ ਦਾਅਵਾ ਚੇਅਰਮੈਨ ਬਲਕਾਰ ਸਿੰਘ ਚੱਠਾ ਨੇ ਕੀਤਾ। ਚੱਠਾ ਨੇ ਆਪਣੇ ਦਾਅਵੇ ਦੀ ਵਾਜਬੀਅਤ ਬਿਆਨ ਕਰਦਿਆਂ ਕਿਹਾ ਕਿ ਇੱਕਾ-ਦੁੱਕਾ ਉਦਾਹਰਨਾਂ ਤੋਂ ਬਿਨਾਂ ਖ਼ਰੀਦ ਮੌਕੇ ਜਾਂ ਝੋਨਾ ਸ਼ੈਲਰਾਂ ਵਿੱਚ ਲਾਉਣ ਵੇਲੇ ਕਿਸੇ ਕਿਸਮ ਦਾ ਕੱਟ ਨਹੀਂ ਲੱਗਾ। ਖਰੀਦ ਕੀਤੇ ਗਏ ਝੋਨੇ ਦੀ ਅਦਾਇਗੀ ਵਿੱਚ ਬੇਲੋੜੀ ਦੇਰੀ ਨਹੀਂ ਹੋਈ ਅਤੇ 29 ਨਵੰਬਰ ਦੀ ਰਿਪੋਰਟ ਅਨੁਸਾਰ ਮੰਡੀਆਂ ਵਿੱਚੋਂ ਝੋਨੇ ਦੀ ਲਿਫਟਿੰਗ ਵੀ ਸੌ ਫੀਸਦੀ ਹੋ ਚੁੱਕੀ ਹੈ। ਮਾਰਕੀਟ ਕਮੇਟੀ ਦੇ ਚੇਅਰਮੈਨ ਨੇ ਕਿਹਾ ਕਿ ਝੋਨੇ ਦਾ ਪਾਰਦਰਸ਼ੀ ਢੰਗ ਨਾਲ ਵਿਕਣ ਦਾ ਸਿਹਰਾ ਖ਼ਰੀਦ ਪ੍ਰਕਿਰਿਆ ਨਾਲ ਜੁੜੀਆਂ ਸਾਰੀਆਂ ਧਿਰਾਂ ਦੇ ਸਿਰ ਬੱਝਦਾ ਹੈ। ਖਰੀਦ ਪ੍ਰਕ੍ਰਿਆ ਦੌਰਾਨ ਮਾਰਕੀਟ ਕਮੇਟੀ ਦੇ ਸਟਾਫ਼, ਖਰੀਦ ਏਜੰਸੀਆਂ ਦੇ ਨੁਮਾਇੰਦਿਆਂ, ਆੜ੍ਹਤੀਆਂ ਅਤੇ ਸ਼ੈਲਰਾਂ ਵਾਲਿਆਂ ਦਾ ਬਿਹਤਰ ਤਾਲਮੇਲ ਨਜ਼ਰ ਆਇਆ। ਉਨ੍ਹਾ ਕਿਹਾ ਕਿ ਪੂਰੇ ਪੰਜਾਬ ਵਿੱਚ ਖਰੀਦ ਦੌਰਾਨ ਹੋਈਆਂ ਕਥਿਤ ਬੇਨਿਯਮੀਆਂ ਦੇ ਰੌਲੇ-ਗੌਲੇ ਵਿੱਚ ਸੁਚੱਜੇ ਮੰਡੀਕਰਨ ਲਈ ਮਹਿਤਪੁਰ ਨਾਲ ਸੰਬੰਧਤ ਉਕਤ ਸਾਰੀਆਂ ਧਿਰਾਂ ਨੂੰ ਉਹ ਵਧਾਈ ਦਿੰਦੇ ਹਨ।

ਇਸ ਮੌਕੇ ਮੌਜੂਦ ਮਾਰਕੀਟ ਕਮੇਟੀ ਸ਼ਾਹਕੋਟ-ਮਹਿਤਪੁਰ ਦੇ ਸਕੱਤਰ ਤਜਿੰਦਰ ਕੁਮਾਰ ਨੇ ਦੱਸਿਆ ਕਿ ਮਹਿਤਪੁਰ ਵਿੱਚ ਮੁੱਖ ਯਾਰਡ ਤੋਂ ਇਲਾਵਾ ਸੰਗੋਵਾਲ ਅਤੇ ਬਘੇਲਾ ਖਰੀਦ ਕੇਂਦਰ ਹਨ। ਇਨ੍ਹਾਂ ਮੰਡੀਆਂ ਵਿੱਚ 29 ਨਵੰਬਰ ਤੱਕ 7,27,822 ਕੁਇੰਟਲ ਝੋਨੇ ਦੀ ਖਰੀਦ ਹੋਈ। ਇਹ ਖਰੀਦ ਪਿਛਲੇ ਸਾਲ ਦੇ ਮੁਕਾਬਲੇ 44910 ਕੁਇੰਟਲ ਘੱਟ ਹੈ। ਇਨ੍ਹਾਂ ਮੰਡੀਆਂ ਵਿੱਚ ਪਨਗਰੇਨ ਨੇ 2,68,309 ਕੁਇੰਟਲ, ਵੇਅਰ ਹਾਊਸ ਨੇ 1,78,468 ਕੁਇੰਟਲ, ਪਨਸਪ ਨੇ 1,57,414 ਕੁਇੰਟਲ ਅਤੇ ਮਾਰਕਫੈੱਡ ਨੇ 1,21,522 ਕੁਇੰਟਲ ਝੋਨੇ ਦੀ ਖਰੀਦ ਕੀਤੀ। ਇਨ੍ਹਾਂ ਤੋਂ ਇਲਾਵਾ 2109 ਕੁਇੰਟਲ ਖਰੀਦ ਪ੍ਰਾਈਵੇਟ ਤੌਰ 'ਤੇ ਹੋਈ।



ਮਾਰਕੀਟ ਕਮੇਟੀ ਮਹਿਤਪੁਰ ਦੇ ਚੇਅਰਮੈਨ ਬਲਕਾਰ ਸਿੰਘ ਚੱਠਾ ਅਤੇ ਸਕੱਤਰ ਤਜਿੰਦਰ ਕੁਮਾਰ।

# ਇਨੋਸੈਂਟ ਹਾਰਟਸ 'ਚ ਐਨੂਅਲ ਸਪੋਰਟਸ ਡੇ ਮਨਾਇਆ

**ਜਲੰਧਰ (ਸ਼ੈਲੀ ਐਲਬਰਟ)**

ਇਨੋਸੈਂਟ ਹਾਰਟਸ (ਗ੍ਰੀਨ ਮਾਡਲ ਟਾਊਨ, ਲੋਹਾਰਾਂ, ਕੈਂਟ- ਜੰਡਿਆਲਾ ਰੋਡ, ਨੂਰਪੁਰ ਰੋਡ, ਅਤੇ ਕਪੂਰਥਲਾ ਰੋਡ) ਦੇ ਸਾਰੇ ਪੰਜ ਸਕੂਲਾਂ ਵਿੱਚ ਸਾਲਾਨਾ ਸਪੋਰਟਸ ਡੇ ਐਟਲੈਟਿਕੋ 2024-25 ਸਫਲਤਾਪੂਰਵਕ ਸੰਪੰਨ ਹੋਏ। ਜਿਨ੍ਹਾਂ ਨੂੰ ਪ੍ਰੀ-ਸਕੂਲ ਤੋਂ ਲੈ ਕੇ ਗ੍ਰੇਡ ਦੂਸਰੀ ਤੱਕ ਦੇ ਵਿਦਿਆਰਥੀਆਂ ਦੇ ਨਾਲ-ਨਾਲ ਉਨ੍ਹਾਂ ਦੇ ਅਧਿਆਪਕਾਂ ਨੇ ਵੀ ਸੱਚਮੁੱਚ ਖਾਸ ਬਣਾ ਦਿੱਤਾ।ਇਸ ਖੇਡ ਦਿਵਸ ਵਿੱਚ ਬੱਚਿਆਂ ਵਿੱਚ ਸਰੀਰਕ ਤੰਦਰੁਸਤੀ, ਟੀਮ ਵਰਕ ਅਤੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਤਿਆਰ ਕੀਤੀਆਂ ਗਈਆਂ ਕਈ ਤਰ੍ਹਾਂ ਦੀਆਂ ਦਿਲਚਸਪ ਖੇਡਾਂ ਅਤੇ ਗਤੀਵਿਧੀਆਂ ਨੂੰ ਪ੍ਰਦਰਸ਼ਿਤ ਕੀਤਾ ਗਿਆ। ਗਤੀਵਿਧੀਆਂ ਵਿੱਚ ਹਰਡਲ ਰੇਸ, ਸਟਿਕ ਰੇਸ, ਹੂਲਾ ਰੇਸ, ਬੈਲੈਂਸਿੰਗ ਰੇਸ, ਪਿਕ ਐਂਡ ਡਰਾਪ ਰੇਸ, ਬੈਕਵਰਡ ਰੇਸ ਅਤੇ ਬੈਲੈਂਸਿੰਗ ਰਿੰਗ ਰੇਸ ਸ਼ਾਮਲ ਸਨ। ਜੇਤੂਆਂ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ ਲਈ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਡਾ. ਪਲਕ ਗੁਪਤਾ ਬੌਰੀ (ਸੀਐਸਆਰ ਡਾਇਰੈਕਟਰ) ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਖੇਡਾਂ ਨਾ ਸਿਰਫ਼ ਬੱਚਿਆਂ ਦੇ ਸਰੀਰਕ, ਮਾਨਸਿਕ ਅਤੇ ਬੌਧਿਕ ਵਿਕਾਸ ਵਿੱਚ ਯੋਗਦਾਨ ਪਾਉਂਦੀਆਂ ਹਨ , ਸਗੋਂ ਉਨ੍ਹਾਂ ਦਾ ਆਤਮਵਿਸ਼ਵਾਸ ਵੀ ਵਧਾਉਂਦੀਆਂ ਹਨ ਇਸ ਤੋਂ ਇਲਾਵਾ ਉਨ੍ਹਾਂ ਨੇ ਬੱਚਿਆਂ ਵਿੱਚ ਇੱਕ ਖੇਡ ਭਾਵਨਾ ਪੈਦਾ ਕਰਨ ਦੀ ਮਹੱਤਤਾ 'ਤ ਵੀ ਜ਼ੋਰ ਦਿੱਤਾ।




# ਸਾਡਾ ਸੰਵਿਧਾਨ, ਸਾਡਾ ਅਧਿਕਾਰ ਵਿਸ਼ੇ 'ਤੇ ਸੈਮੀਨਾਰ




**ਕਾਲਾ ਸੰਘਿਆਂ (ਮਨਜੀਤ ਮਾਨ)**—ਸੰਤ ਹੀਰਾ ਦਾਸ ਕੰਨਿਆ ਮਹਾਂ ਵਿਦਿਆਲਿਆ ਕਾਲਾ ਸੰਘਿਆਂ ਵਿਖੇ ਐਨ.ਐਸ. ਐਸ ਵਿਭਾਗ ਅਤੇ ਇੱਕੋ ਕਲੱਬ ਵੱਲੋਂ ਪ੍ਰਿੰਸੀਪਲ ਬਲਜਿੰਦਰ ਕੌਰ ਦੀ ਅਗਵਾਈ ਹੇਠ 'ਸੰਵਿਧਾਨ ਦਿਵਸ' ਨੂੰ ਸਮਰਪਿਤ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਰਾਜਨੀਤੀ ਸ਼ਾਸਤਰ ਵਿਭਾਗ ਦੇ ਮੈਡਮ ਅਮਰਜੀਤ ਕੌਰ ਨੇ ਵਿਦਿਆਰਥੀਆਂ ਨੂੰ ਸੰਵਿਧਾਨ ਦਿਵਸ ਸਬੰਧੀ ਕਿਹਾ ਕਿ ਭਾਰਤ ਦਾ ਸੰਵਿਧਾਨ ਸਰਬ ਉੱਚ ਕਾਨੂੰਨ ਹੈ। ਜਿਹੜਾ ਸਾਡੇ ਬੁਨਿਆਦੀ ਅਧਿਕਾਰਾਂ ਤੇ ਨਾਗਰਿਕਤਾ ਦੇ ਕਰਤਵਾਂ ਨੂੰ ਨਿਰਧਾਰਤ ਕਰਦਾ ਹੈ। ਇਹ ਨਾਗਰਿਕਾਂ ਨੂੰ ਨਿਆਂ, ਸਮਾਨਤਾ ਤੇ ਆਜ਼ਾਦੀ ਦਾ ਭਰੋਸਾ ਦਿੰਦਾ ਹੈ। ਪ੍ਰਿੰਸੀਪਲ ਬਲਜਿੰਦਰ ਕੌਰ ਨੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਸੰਵਿਧਾਨ ਭਾਰਤ ਨੂੰ ਧਰਮ ਨਿਰਪੱਖ ਤੇ ਕਰਤੱਵਾਂ ਤੇ ਸਾਡੇ ਸਮਾਜਿਕ ਢਾਂਚੇ ਨੂੰ ਨਿਰਧਾਰਿਤ ਕਰਦਾ ਹੈ। ਪ੍ਰੋਫੈਸਰ ਕੁਲਵਿੰਦਰ ਕੌਰ ਨੇ ਕਿਹਾ ਕਿ ਸਾਡਾ ਸੰਵਿਧਾਨ ਸਾਡਾ ਅਧਿਕਾਰ ਹੈ। ਸਾਨੂੰ ਬਿਨਾਂ ਕਿਸੇ ਭੇਦਭਾਵ ਤੇ ਮਾਨ ਸਤਿਕਾਰ ਪ੍ਰਦਾਨ ਕਰਦਾ ਹੈ।ਇਸ ਦੌਰਾਨ ਸੰਵਿਧਾਨ ਪ੍ਰਤੀ ਨਿਸ਼ਠਾਵਾਨ ਰਹਿਣ ਦੀ ਸਹੁੰ ਵੀ ਚੁੱਕੀ ਗਈ।ਸਮਾਗਮ ਵਿੱਚਰ ਕੌਰ, ਮੈਡਮ ਅਮਰਜੀਤ ਕੌਰ, ਇਰਮਾ ਮੈਡਮ, ਮੈਡਮ ਅਮਿਤਾ, ਸਮੂਹ ਸਟਾਫ ਮੈਂਬਰ ਤੇ ਵਿਦਿਆਰਥੀ ਹਾਜ਼ਰ ਸਨ।

# ਬਾਲੀਵੁੱਡ ਅਭਿਨੇਤਾ ਪੀਯੂਸ਼ ਮਿਸ਼ਰਾ ਐੱਲ ਪੀ ਯੂ ਵਿਖੇ ਕਿਤਾਬ ਉਤਸਵ 'ਚ ਹੋਏ ਸ਼ਾਮਲ

**ਜਲੰਧਰ (ਸ਼ੈਲੀ ਐਲਬਰਟ)**

ਜਲੰਧਰ, ਬਾਲੀਵੁੱਡ ਦੇ ਮਸ਼ਹੂਰ ਅਭਿਨੇਤਾ, ਗੀਤਕਾਰ, ਲੇਖਕ ਅਤੇ ਥੀਏਟਰ ਮਾਸਟਰ ਪੀਯੂਸ਼ ਮਿਸ਼ਰਾ ਨੇ ਕਿਹਾ ਕਿ ਜਨਰੇਸ਼ਨ ਜ਼ੇਡ ਇੱਕ ਅਣਗੌਲੇ ਮਿਜ਼ਾਈਲ ਹਨ ਅਤੇ ਇਸ ਨੂੰ ਸਹੀ ਸਾਹਿਤ, ਸਿਨੇਮਾ ਅਤੇ ਸੰਗੀਤ ਦੇਣਾ ਸਾਡੀ ਜ਼ਿੰਮੇਵਾਰੀ ਹੈ ਤਾਂ ਜੋ ਇਹ ਸਹੀ ਦਿਸ਼ਾ ਵੱਲ ਵਧੇ। ਉਨ੍ਹਾਂ ਦੇ ਸ਼ਬਦਾਂ ਨੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐੱਲ ਪੀ ਯੂ) ਦੇ ਤਿੰਨ ਦਿਨਾਂ ਸਾਹਿਤ ਉਤਸਵ, ਕਿਤਾਬ ਉਤਸਵ - ਕਹਾਣੀਆਂ ਕਾ ਉਤਸਵ ਦੇ ਮਾਹੌਲ ਨੂੰ ਬਹੁਤ ਹੀ ਸ਼ਾਨਦਾਰ ਬਣਾਇਆ।ਇਹ ਸਕੂਲ ਆਫ ਲਿਬਰਲ ਐਂਡ ਕ੍ਰਿਏਟਿਵ ਆਰਟਸ (ਸਮਾਜਿਕ ਵਿਗਿਆਨ ਅਤੇ ਭਾਸ਼ਾਵਾਂ) ਦੁਆਰਾ ਰਾਜਕਮਲ ਪਬਲਿਸ਼ਿੰਗ ਗਰੁੱਪ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ ਸੀ। ਕਿਤਾਬ ਦੋਸਤ ਥੀਮ 'ਤੇ ਆਯੋਜਿਤ ਇਸ ਸਮਾਗਮ ਵਿੱਚ ਸਾਹਿਤ ਦੇ ਨਾਮਵਰ ਲੇਖਕ ਅਤੇ ਰਚਨਾਤਮਕ ਦੂਰਦਰਸ਼ੀ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਨ ਅਤੇ ਉਹਨਾਂ ਨਾਲ ਜੁੜਨ ਲਈ ਇਕੱਠੇ ਹੋਏ।ਡਾ: ਅਸ਼ੋਕ ਕੁਮਾਰ ਮਿੱਤਲ, ਸੰਸਦ ਮੈਂਬਰ (ਰਾਜ ਸਭਾ) ਅਤੇ ਐਲਪੀਯੂ ਦੇ ਸੰਸਥਾਪਕ ਚਾਂਸਲਰ, ਕਰਨਲ ਡਾ: ਰਸ਼ਮੀ ਮਿੱਤਲ, ਐਲਪੀਯੂ ਦੀ ਪ੍ਰੋ-ਚਾਂਸਲਰ ਨੇ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ । ਡਾ. ਅਸ਼ੋਕ ਮਿੱਤਲ ਨੇ ਕਿਹਾ ਕਿ ਪੜ੍ਹਨਾ ਵਿਅਕਤੀਗਤ ਵਿਕਾਸ ਅਤੇ ਅਕਾਦਮਿਕ ਤੰਦਰੁਸਤੀ ਦੀ ਨੀਂਹ ਹੈ । ਐਲਪੀਯੂ ਦੀ ਕੇਂਦਰੀ ਲਾਇਬ੍ਰੇਰੀ, ਕਿਤਾਬਾਂ ਦੇ ਆਪਣੇ ਵਿਸ਼ਾਲ ਸੰਗ੍ਰਹਿ ਦੇ ਨਾਲ, ਸਿੱਖਣ ਅਤੇ ਗਿਆਨ ਦੇ ਸੱਭਿਆਚਾਰ ਨੂੰ ਵਿਕਸਤ ਕਰਨ ਲਈ ਸਾਡੇ ਸਮਰਪਣ ਨੂੰ ਦਰਸਾਉਂਦੀ ਹੈ। ਪੀਯੂਸ਼ ਮਿਸ਼ਰਾ ਨੇ ਥੀਏਟਰ ਤੋਂ ਸਿਨੇਮਾ ਤੱਕ ਦਾ ਆਪਣਾ ਸਫ਼ਰ ਸਾਂਝਾ ਅਤੇ ਨੌਜਵਾਨਾਂ ਨੂੰ ਜੀਵਨ ਨੂੰ ਬਰਬਾਦ ਕਰਨ ਵਾਲੇ ਰਸਤੇ 'ਤੇ ਨਾ ਚੱਲਣ ਦੀ ਅਪੀਲ ਕੀਤੀ। ਉਨ੍ਹਾਂ ਨੇ ਸ਼ਹੀਦ ਭਗਤ ਸਿੰਘ ਵਰਗੀਆਂ ਇਤਿਹਾਸਕ ਸ਼ਖ਼ਸੀਅਤਾਂ ਤੋਂ ਪ੍ਰੇਰਨਾ ਲੈਣ ਲਈ ਪ੍ਰੇਰਿਤ ਕੀਤਾ । ਨਾਮਵਰ ਲੇਖਕ ਸਰਬਪ੍ਰੀਤ ਸਿੰਘ ਨੇ ਵੀ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਅਤੇ ਆਪਣੇ ਨਾਵਲ 'ਦਿ ਸੂਫੀਜ਼ ਨਾਈਟਿੰਗੇਲ' ਦੇ ਪਿੱਛੇ ਦੀ ਕਹਾਣੀ ਸਾਂਝੀ ਕੀਤੀ। ਉਸ ਨੇ ਪ੍ਰਸਿੱਧ ਸੂਫ਼ੀ ਕਵੀ ਸ਼ਾਹ ਹੁਸੈਨ ਦੇ ਜੀਵਨ ਬਾਰੇ ਚਰਚਾ ਕੀਤੀ, ਜਿਸ ਦੀ ਕਹਾਣੀ ਨੇ ਉਸ ਦੇ ਕੰਮ ਨੂੰ ਪ੍ਰੇਰਿਤ ਕੀਤਾ ।ਅਨੁਰਾਧਾ ਬੈਨੀਵਾਲ, ਰਾਸ਼ਟਰੀ ਸ਼ਤਰੰਜ ਚੈਂਪੀਅਨ ਅਤੇ ਲੇਖਕ ਆਪਣੀ ਕਿਤਾਬ ਅਜ਼ਾਦੀ ਮੇਰਾ ਬ੍ਰਾਂਡ ਤੋਂ ਪ੍ਰੇਰਨਾ ਲੈਂਦਿਆਂ, ਬੁੱਕ ਉਤਸਵ 2024 ਵਿੱਚ ਆਪਣੀ ਯਾਤਰਾ ਸਾਂਝੀ ਕੀਤੀ। ।ਇਸ ਸਮਾਗਮ ਵਿੱਚ ਕੈਲੀਗ੍ਰਾਫੀ, ਬੁੱਕਮਾਰਕ-ਮੇਕਿੰਗ, ਹੈਂਡਰਾਈਟਿੰਗ, ਲੇਖ ਲਿਖਣ ਅਤੇ ਡਰਾਮਾ/ਵਨ ਐਕਟ ਪਲੇਅ ਮੁਕਾਬਲੇ ਵਰਗੇ ਦਿਲਚਸਪ ਮੁਕਾਬਲਿਆਂ ਨੂੰ ਵਿਦਿਆਰਥੀਆਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ।ਇਸ ਸਮਾਗਮ ਵਿੱਚ ਇੱਕ ਵਿਭਿੰਨ ਪੁਸਤਕ ਮੇਲਾ ਵੀ ਸ਼ਾਮਲ ਸੀ, ਜਿਸ ਵਿੱਚ ਗਲਪ ਅਤੇ ਗੈਰ-ਗਲਪ ਤੋਂ ਲੈ ਕੇ ਇਤਿਹਾਸ, ਕਵਿਤਾ, ਸਿਨੇਮਾ ਅਤੇ ਜੀਵਨੀਆਂ ਤੱਕ ਦੀਆਂ ਸ਼ੈਲੀਆਂ ਦਾ ਪ੍ਰਦਰਸ਼ਨ ਕੀਤਾ ਗਿਆ ।



# ਆਰ ਬੀ ਯੂ ਦੇ ਵਿਦਿਆਰਥੀਆਂ ਨੇ ਮੂਟ ਕੋਰਟ ਮੁਕਾਬਲੇ 'ਚ ਕੀਤਾ ਸ਼ਾਨਦਾਰ ਪ੍ਰਦਰਸ਼ਨ



**ਮੋਹਾਲੀ, (ਗੁਰਜੀਤ ਬਿੱਲਾ)**

ਰਿਆਤ ਬਾਹਰਾ ਯੂਨੀਵਰਸਿਟੀ ਦੇ ਸਕੂਲ ਆਫ ਲਾਅ ਦੇ ਵਿਦਿਆਰਥੀਆਂ ਨੇ ਬੀਐਮਯੂ ਨੈਸ਼ਨਲ ਮੂਟ ਕੋਰਟ ਮੁਕਾਬਲੇ 2024 ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਬੀ.ਐਮ.ਯੂਨੀਵਰਸਿਟੀ, ਰੋਹਤਕ ਦੁਆਰਾ ਆਯੋਜਿਤ ਇਹਨਾਂ ਮੁਕਾਬਲਿਆਂ 'ਚ ਵਿਦਿਆਰਥੀਆਂ ਨੇ ਸੈਮੀਫਾਈਨਲ ਸਥਾਨ ਪ੍ਰਾਪਤ ਕੀਤਾ ਹੈ। ਡੀਨ ਡਾ: ਧਰਮਿੰਦਰ ਪਟਿਆਲ ਨੇ ਦੱਸਿਆ ਕਿ ਕੀਰਤਮ ਸਿੰਘ (ਐਲ.ਐਲ.ਬੀ. ਤੀਜਾ ਸਮੈਸਟਰ), ਅੰਮ੍ਰਿਤਪਾਲ ਸਿੰਘ (ਬੀ.ਕਾਮ. ਐਲ.ਐਲ.ਬੀ. 7ਵਾਂ ਸਮੈਸਟਰ) ਨੇ ਦੂਜਾ ਬੈਸਟ ਮੈਮੋਰੀਅਲ ਐਵਾਰਡ ਜਿੱਤ ਕੇ ਯੂਨੀਵਰਸਿਟੀ ਦਾ ਨਾਂਅ ਰੋਸ਼ਨ ਕੀਤਾ ।ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਅਤੇ ਵਾਈਸ-ਚਾਂਸਲਰ ਡਾ: ਪਰਵਿੰਦਰ ਸਿੰਘ ਨੇ ਵਿਦਿਆਰਥੀਆਂ ਦੇ ਪ੍ਰਦਰਸ਼ਨ ਦੀ ਸ਼ਲਾਘਾ ਕਰਦਿਆਂ ਆਸ ਪ੍ਰਗਟਾਈ ਕਿ ਉਹ ਆਪਣੇ ਕਰੀਅਰ ਵਿਚ ਹੋਰ ਵੀ ਵਧੀਆ ਪ੍ਰਦਰਸ਼ਨ ਕਰਦੇ ਰਹਿਣਗੇ।

# ਸਰਪੰਚ ਸੁਖਵਿੰਦਰ ਨੇ ਕੀਤਾ ਗੁਰੂ ਸਾਹਿਬ ਦਾ ਸ਼ੁਕਰਾਨਾ

**ਲੋਹੀਆਂ ਖਾਸ (ਯੋਗੇਸ਼ਵਰ)** - ਲੋਹੀਆਂ ਖਾਸ ਦੇ ਪਿੰਡ ਘੁੱਦੂਵਾਲ ਦੇ ਸਰਪੰਚ ਬਨਣ 'ਤੇ ਸੁਖਵਿੰਦਰ ਸਿੰਘ ਲਾਡੀ ਵੱਲੋਂ ਗੁਰੂ ਸਾਹਿਬ ਜੀ ਦਾ ਸ਼ੁਕਰਾਨਾ ਕਰ ਗੁਰੂ ਘਰ ਦਾ ਆਸ਼ੀਰਵਾਦ ਪ੍ਰਾਪਤ ਕੀਤਾ।ਗੁਰਦੁਆਰਾ ਸਿੰਘ ਸਭਾ ਪਿੰਡ ਘੁੱਦੂਵਾਲ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ ਉਪਰੰਤ ਢਾਡੀ ਜਥੇ ਨੇ ਸੰਗਤਾਂ ਨੂੰ ਗੁਰੂ ਇਤਿਹਾਸ ਨਾਲ ਜੋੜਿਆ। ਇਸ ਮੌਕੇ ਸਾਬਕਾ ਸਰਪੰਚ ਜੋਗਾ ਸਿੰਘ ਨੰਬਰਦਾਰ ਸੀਤਲ ਸਿੰਘ, ਦਲਜੀਤ ਸਿੰਘ ਨੰਬਰਦਾਰ ਕੋਟਲੀ ,ਜਤਿੰਦਰ ਸਿੰਘ ਪੰਚ ,ਕੁਲਦੀਪ ਸਿੰਘ ਪੰਚ , ਗੁਰਮੇਲ ਸਿੰਘ ਪੰਚ, ਕਰਨੈਲ ਸਿੰਘ ਪੰਚ, ਸਤਵੰਤ ਸਿੰਘ ਪੰਚ ਆਗੂ ਰਿਟਾਇਰਡ ਏ ਐਸ ਆਈ ਜਸਵਿੰਦਰ ਸਿੰਘ,ਦਲਜੀਤ ਸਿੰਘ ਗੱਟੀ,ਦਲੀਪ ਸਿੰਘ, ਗੁਰਮੇਲ ਸਿੰਘ, ਬਲਵੀਰ ਸਿੰਘ, ਬੂਟਾ ਸਿੰਘ, ਬਲਕਾਰ ਸਿੰਘ ਬੱਗਾ ਨਵਾਂ ਪਿੰਡ ਖਾਲੇਵਾਲ, ਕੁਲਦੀਪ ਸਿੰਘ ਫੁੱਲ ਆਦਿ ਹਾਜ਼ਰ ਸਨ।



# ਰਾਜ ਚੋਣ ਕਮਿਸ਼ਨ ਪੰਜਾਬ ਵੱਲੋਂ ਚੋਣ ਟ੍ਰਿਬਿਊਨਲਜ਼ ਸੰਬੰਧੀ ਨੋਟੀਫਿਕੇਸ਼ਨ ਜਾਰੀ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਗ੍ਰਾਮ ਪੰਚਾਇਤ ਆਮ ਚੋਣਾਂ-2024 ਦੀ ਪ੍ਰਕਿਰਿਆ ਮੁਕੰਮਲ ਹੋਣ ਉਪਰੰਤ ਰਾਜ ਚੋਣ ਕਮਿਸ਼ਨ ਪੰਜਾਬ ਵੱਲੋਂ ਚੋਣ ਟ੍ਰਿਬਿਊਨਲਜ਼ ਦਾ ਨੋਟੀਫਿਕੇਸ਼ਨ ਜਾਰੀ ਕਰਦੇ ਹੋਏ, ਇਨ੍ਹਾਂ ਚੋਣ ਟ੍ਰਿਬਿਊਨਲਜ਼ ਲਈ ਪ੍ਰੀਜ਼ਾਇਡਿੰਗ ਅਫ਼ਸਰ ਨੋਟੀਫਾਈ ਕਰ ਦਿੱਤੇ ਗਏ ਹਨ।ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ੍ਰੀਮਤੀ ਆਸ਼ਿਕਾ ਜੈਨ ਨੇ ਦੱਸਿਆ ਕਿ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀਆਂ ਤਿੰਨ ਸਬ ਡਵੀਜ਼ਨਾਂ (ਸਬ ਡਵੀਜ਼ਨ ਮੋਹਾਲੀ, ਸਬ ਡਵੀਜ਼ਨ ਡੇਰਾਬੱਸੀ ਅਤੇ ਸਬ ਡਵੀਜ਼ਨ ਖਰੜ) ਦੇ ਉਪ ਮੰਡਲ ਮੈਜਿਸਟ੍ਰੇਟਸ ਨੂੰ ਇਨਾਂ ਚੋਣ ਟ੍ਰਿਬਿਊਨਲਜ਼ ਦਾ ਪ੍ਰੀਜ਼ਾਇਡਿੰਗ ਅਫ਼ਸਰ ਤਾਇਨਾਤ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਗ੍ਰਾਮ ਪੰਚਾਇਤ ਆਮ ਚੋਣਾਂ-2024 ਦੇ ਮੁਕੰਮਲ ਹੋਣ ਉਪਰੰਤ ਇੰਨਾਂ ਚੋਣਾਂ ਨਾਲ ਸਬੰਧਤ ਕੋਈ ਵੀ ਉਮੀਦਵਾਰ ਜਾਂ ਵੋਟਰ, ਪੰਜਾਬ ਸਟੇਟ ਇਲੈਕਸ਼ਨ ਕਮਿਸ਼ਨ ਐਕਟ-1994 ਅਨੁਸਾਰ ਆਪਣੀ ਪਟੀਸ਼ਨ ਨਾਮਜ਼ਦ ਟ੍ਰਿਬਿਊਨਲ ਕੋਲ ਸੁਣਵਾਈ ਲਈ ਦਾਇਰ ਕਰ ਸਕਦਾ ਹੈ। ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਦੇ ਕੁੱਲ 4 ਪੰਚਾਇਤੀ ਬਲਾਕ ਹਨ, ਜਿੰਨ੍ਹਾਂ ਦੀ ਵੰਡ ਕਰਦੇ ਹੋਏ ਚੋਣ ਟ੍ਰਿਬਿਊਨਲ-ਕਮ-ਸਬ ਡਵੀਜ਼ਨਲ ਮੈਜਿਸਟ੍ਰੇਟ ਖਰੜ, ਬਲਾਕ ਖਰੜ ਅਤੇ ਮਾਜਰੀ, ਚੋਣ ਟ੍ਰਿਬਿਊਨਲ-ਕਮ-ਸਬ ਡਵੀਜ਼ਨਲ ਮੈਜਿਸਟ੍ਰੇਟ ਮੋਹਾਲੀ, ਬਲਾਕ ਮੋਹਾਲੀ ਅਤੇ ਚੋਣ ਟ੍ਰਿਬਿਊਨਲ-ਕਮ-ਸਬ ਡਵੀਜ਼ਨਲ ਮੈਜਿਸਟ੍ਰੇਟ ਡੇਰਾਬੱਸੀ, ਬਲਾਕ ਡੇਰਾਬੱਸੀ ਦੀਆਂ ਦਾਇਰ ਹੋਣ ਵਾਲੀਆਂ ਚੋਣ ਪਟੀਸ਼ਨਾਂ ਦੀ ਸੁਣਵਾਈ ਕਰਨਗੇ ਅਤੇ ਨਿਰਧਾਰਿਤ ਤੈਅ-ਸਮੇਂ ਵਿੱਚ ਪਟੀਸ਼ਨਾਂ ਦਾ ਨਿਪਟਾਰਾ ਕਰਨਗੇ।ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਨੇ ਅਪੀਲ ਕੀਤੀ ਕਿ ਗ੍ਰਾਮ ਪੰਚਾਇਤ ਆਮ ਚੋਣਾਂ-2024 ਨਾਲ ਸਬੰਧਤ ਕੋਈ ਵੀ ਉਮੀਦਵਾਰ ਜਾਂ ਵੋਟਰ ਜੇਕਰ ਚੋਣ ਪਟੀਸ਼ਨ ਦਾਇਰ ਕਰਨ ਦਾ ਇਛੁੱਕ ਹੈ ਤਾਂ ਉਕਤ ਵੰਡ ਕੀਤੇ ਗਏ ਅਨੁਸਾਰ ਚੋਣ ਟ੍ਰਿਬਿਊਨਲ ਪਾਸ ਆਪਣੀ ਚੋਣ ਪਟੀਸ਼ਨ ਦਾਇਰ ਕਰ ਸਕਦਾ ਹੈ।

# ਬੱਚਿਆਂ ਨੂੰ ਗਰਮ ਕੋਟੀਆਂ ਵੰਡੀਆਂ



**ਬੰਗਾ (ਅਵਤਾਰ ਕਲੇਰ)**- ਡਾ: ਬੀ ਆਰ ਅੰਬੇਡਕਰ ਵੈੱਲਫੇਅਰ ਸੁਸਾਇਟੀ ਭਰੋਮਜਾਰਾ ਵਲੋਂ ਸਵਿਧਾਨ ਦਿਵਸ ਨੂੰ ਸਮਰਪਿਤ ਮਿਡਲ ਸਕੂਲ ਅਤੇ ਪ੍ਰਾਇਮਰੀ ਸਕੂਲ ਭਰੋਮਜਾਰਾ ਵਿਖੇ ਸੰਤ ਕੁਲਵੰਤ ਰਾਮ ਭਰੋਮਜਾਰਾ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਸੁਸਾਇਟੀ ਪੰਜਾਬ ਅਤੇ ਸਾਈਂ ਪੱਪਲ ਸ਼ਾਹ ਭਰੋਮਜਾਰਾ ਪ੍ਰਧਾਨ ਸੂਫ਼ੀਆਨਾ ਦਰਗਾਹ ਪ੍ਰਬੰਧਕ ਕਮੇਟੀ ਪੰਜਾਬ ਦੀ ਰਹਿਨੁਮਾਈ ਹੇਠ ਬੱਚਿਆਂ ਨੂੰ ਗਰਮ ਕੋਟੀਆਂ ਵੰਡੀਆਂ ਗਈਆਂ। ਉਹਨਾਂ ਬੱਚਿਆਂ ਨੂੰ ਡਾ ਅੰਬੇਡਕਰ ਦੀ ਰਹਿਨੁਮਾਈ ਹੇਠ ਲਿਖੇ ਗਏ ਸਵਿਧਾਨ ਵਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਵੱਧ ਤੋਂ ਵੱਧ ਪੜ੍ਹਾਈ ਕਰਨ, ਖੇਡਾਂ ਵੱਲ ਧਿਆਨ ਦੇਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਰਪੰਚ ਲਖਵੀਰ ਪਾਲ, ਮੋਹਣ ਲਾਲ ਪ੍ਰਧਾਨ ਅੰਬੇਡਕਰ ਵੈੱਲਫੇਅਰ ਸੁਸਾਇਟੀ, ਜਸਵਿੰਦਰ ਸਿੰਘ ਯੂ ਕੇ, ਅਵਤਾਰ, ਸੁਰਿੰਦਰ ,ਦੇਸ ਰਾਜ, ਰਣਜੀਤ ਪਾਲ, ਸਕੂਲ ਦਾ ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

# ਪਿੰਜੌਰ ਦੇ ਯਾਦਵਿੰਦਰ ਗਾਰਡਨ ਨੂੰ ਵਿਰਾਸਤ ਵਿਆਹ ਸਥਾਨ ਵਜੋਂ ਕੀਤਾ ਪੇਸ਼

**ਚੰਡੀਗੜ੍ਹ, (ਕ੍ਰਿਸ਼ਨ ਗਰਗ)**

ਹਰਿਆਣਾ ਸੈਰਸਪਾਟਾ ਨਿਗਮ ਲਿਮੀਟੇਡ ਵਿਚ ਮਾਲ ਵਧਾਉਣ ਲਈ ਪਿੰਜੌਰ ਦੇ ਯਾਦਵਿੰਦਰ ਗਾਰਡਨ ਨੂੰ ਇਕ ਵਿਸ਼ੇਸ਼ ਵਿਰਾਸਤ ਵਿਆਹ ਸਥਾਨ ਵਜੋ ਪੇਸ਼ ਕੀਤਾ ਹੈ।ਇਸ ਅਭਿਨਵ ਪਹਿਲ ਦਾ ਉਦੇਸ਼ ਇਸ ਇਤਿਹਾਸਿਕ ਸਥਾਨ ਦੀ ਸੁੰਦਰਤਾ ਅਤੇ ਸਭਿਆਚਾਰਕ ਮਹਤੱਵ ਦੀ ਵਰਤੋ ਕਰਨਾ ਹੈ, ਨਾਲ ਹੀ ਇਸ ਦੇ ਸੰਸਾਧਨਾਂ ਦਾ ਲਗਾਤਾਰ ਅਤੇ ਲਾਭਕਾਰੀ ਵਰਤੋ ਯਕੀਨੀ ਕਰਨਾ ਹੈ। ਹਰਿਆਣਾ ਸੈਰ-ਸਪਾਟਾ ਨਿਗਮ ਲਿਮੀਟਡ ਦੇ ਬੁਲਾਰੇ ਨੇ ਜਾਣਕਾਰੀ ਦਿੰਦੇ ਹੋਏ ਦਸਿਆ ਕਿ ਮੁਗਲ ਸਮੇਂ ਦੀ ਮਾਨਤਾ ਦੇ ਪ੍ਰਤੀਕ ਯਾਦਵਿੰਦਰ ਗਾਰਡਨ, ਸ਼ਿਵਾਲਿਕ ਦੀ ਤਲਹਟੀ ਵਿਚ ਸਥਿਤ ਹੈ, ਜੋ ਇਤਿਹਾਸ ਅਤੇ ਕੁਦਰਤੀ ਸੁੰਦਰਤਾ ਦਾ ਵਿਲੱਖਣ ਸੰਗਮ ਪੇਸ਼ ਕਰਦਾ ਹੈ। ਚਾਰ ਮਹੀਨੇ ਦੇ ਪਾਇਲਟ ਪ੍ਰੋਜੈਕਟ ਤਹਿਤ, ਇਹ ਸਥਾਨ ਵਿਆਹ ਸਮਾਰੋਹਾਂ ਲਈ ਖੋਲਿਆ ਜਾਵੇਗਾ, ਜਿਸ ਵਿਚ ਇਸ ਦੇ ਦਿਲਖਿੱਚ ਲੋਨ, ਵਿਰਾਸਤ ਢਾਂਚੇ , ਫੁਹਾਰੇ, ਕਾਫੀ ਪਾਰਕਿੰਗ ਅਤੇ ਮਨੋਰਮ ਦ੍ਰਿਸ਼ ਉਪਲਬਧ ਕਰਾਏ ਜਾਣਗੇ।ਉਨ੍ਹਾਂ ਨੇ ਦਸਿਆ ਕਿ ਇਸ ਸਥਾਨ 'ਤੇ ਵਿਆਹ ਸਮਾਰੋਹ ਲਈ ਪੂਰੇ ਗਾਰਡਨ ਦਾ 10 ਲੱਖ ਰੁਪਏ ਕਿਰਾਇਆ ਅਤੇ ਲਾਗੂ ਟੈਕਸ ਪ੍ਰਤੀ ਸਮਾਰੋਹ, ਜਦੋਂ ਕਿ ਜਲ ਮਹਿਲ, ਸਟੇਜ ਅਤੇ ਸਭਾ ਸਥਾਨ ਲਈ 6 ਲੱਖ ਰੁਪਏ ਕਿਰਾਇਆ ਅਤੇ ਲਾਗੂ ਟੈਕਸ ਪ੍ਰਤੀ ਸਮਾਰੋਹ ਹੈ। ਇਸ ਤੋਂ ਇਲਾਵਾ, ਰੰਗ ਮਹਿਲ, ਜਲ ਮਹਿਲ ਅਤੇ ਸਟੇਜ ਖੇਤਰ ਲਈ 8 ਲੱਖ ਰੁਪਏ ਕਿਰਾਇਆ ਅਤੇ ਲਾਗੂ ਟੈਕਸ ਪ੍ਰਤੀ ਸਮਾਰੋਹ ਹੈ। ਇਸ ਤੋਂ ਇਲਾਵਾ, ਯਾਦਵਿੰਦਰ ਗਾਰਡਨ ਵਿਚ 20 ਸੁੰਦਰਤਾ ਨਾਲ ਡਿਜਾਇਨ ਕੀਤੇ ਗਏ ਕਮਰੇ ਅਤੇ ਸੂਟਸ ਹਨ, ਜਿਸ ਵਿਚ ਪ੍ਰਸਿੱਦ ਰੰਗ ਮਹਿਲ ਅਤੇ ਸ਼ੀਸ਼ ਮਹਿਲ ਸ਼ਾਮਿਲ ਹਨ। ਇਸ ਦੇ ਲਈ 2,339 ਤੋਂ ਲੈ ਕੇ 6,000 ਰੁਪਏ ਪ੍ਰਤੀ ਨਾਇਟ ਤੱਕ ਹੈ। ਉਨ੍ਹਾਂ ਨੇ ਦਸਿਆ ਕਿ ਹਰਿਆਣਾ ਸੈਰ-ਸਪਾਟਾ ਨੇ ਪ੍ਰਬੰਧ ਦੌਰਾਨ ਗਾਰਡਨ ਦੀ ਵਿਰਾਸਤ ਨੂੰ ਸੁਰੱਖਿਅਤ ਰੱਖਣ ਲਈ ਸਖਤ ਦਿਸ਼ਾ-ਰਿਨਦੇਸ਼ ਤਿਆਰ ਕੀਤੇ ਹਨ। ਉਨ੍ਹਾਂ ਨੇ ਦਸਿਆ ਕਿ ਇਸ ਪਹਿਲ ਦੀ ਵਿਵਹਾਰਤਾ ਅਤੇ ਮਾਲ ਸਮਰੱਥਾ ਦਾ ਮੁਲਾਂਕਲ ਪਾਇਲਟ ਸਮੇਂ ਦੌਰਾਨ ਕੀਤਾ ਜਾਵੇਗਾ। ਐਚਟੀਸੀ ਇਸ ਗੱਲ ਲਈ ਪ੍ਰਤੀਬੱਧ ਹੈ ਕਿ ਇਸ ਸਥਾਨ ਦਾ ਸਭਿਆਚਾਰਕ ਅਤੇ ਇਤਿਹਾਸਿਕ ਸਰੰਖਣ ਰਹੇ, ਨਾਲ ਹੀ ਇਸ ਨੂੰ ਇਕ ਪ੍ਰੀਮੀਅਮ ਵਿਆਹ ਸਥਾਨ ਵਜੋ ਪੇਸ਼ ਕੀਤਾ ਜਾਵੇ। ਇਹ ਕਦਮ ਨਾ ਸਿਰਫ ਮਾਲੀ ਘਾਟੇ ਨੂੰ ਘੱਟ ਕਰਨ ਦੀ ਦਿਸ਼ਾ ਵਿਚ ਹੈ, ਸਗੋ ਹਰਿਆਣਾ ਸੈਰ-ਸਪਾਟਾ ਦੀ ਵਿਰਾਸਤ ਸਥਾਨਾਂ ਨੂੰ ਤਰੱਕੀ ਨਾਲ ਪ੍ਰੋਤਸਾਹਨ ਦੇਣ ਦੀ ਪ੍ਰਤੀਬੱਧਤਾ ਨੂੰ ਵੀ ਦਰਸ਼ਾਉਣਾ ਹੈ। ਆਯੋਜਨਕਰਤਾ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਪ੍ਰਚਾਰ ਸਮੱਗਰੀ ਅਤੇ ਐਚਟੀਸੀ ਦਾ ਲੋਗੋ ਅਤੇ ਬ੍ਰਾਂਡਿੰਗ ਸ਼ਾਮਿਲ ਕਰਨ, ਤਾਂ ਜੋ ਇਸ ਸਥਾਨ ਦੇ ਇਤਿਹਾਸਿਕ ਮਹਤੱਵ ਨੂੰ ਉਜਾਗਰ ਕੀਤਾ ਜਾ ਸਕੇ।

# ਤੈਅਸ਼ੁਦਾ ਰੂਟ 'ਤੇ ਨਾ ਚੱਲਣ ਵਾਲੀਆਂ ਬੱਸਾਂ ਖਿਲਾਫ਼ ਪੁਲਸ ਨੇ ਆਰੰਭੀ ਕਾਰਵਾਈ

**ਨੂਰਪੁਰ ਬੇਦੀ, (ਸੁਰਜੀਤ ਸਿੰਘ ਕਾਹਲੋਂ)**

ਬੀਤੇ ਕੁਝ ਸਮੇਂ ਤੋਂ ਨੂਰਪੁਰਬੇਦੀ ਤੋਂ ਸ਼੍ਰੀ ਕੀਰਤਪੁਰ ਸਾਹਿਬ ਤੇ ਸ਼੍ਰੀ ਅਨੰਦਪੁਰ ਸਾਹਿਬ ਨੂੰ ਵਾਇਆ ਬੁੰਗਾ ਸਾਹਿਬ ਤੈਅਸ਼ੁਦਾ ਰੂਟ 'ਤੇ ਨਾ ਜਾਣ ਵਾਲੀਆਂ ਕੁਝ ਬੱਸਾਂ ਨੂੰ ਉਨ੍ਹਾਂ ਦੇ ਚਾਲਕਾਂ ਵੱਲੋਂ ਝੱਜ ਚੌਕ ਤੋਂ ਹੀ ਸ਼੍ਰੀ ਅਨੰਦਪੁਰ ਸਾਹਿਬ ਨੂੰ ਲੈ ਜਾਣ ਦਾ ਟਰਾਂਸਪੋਰਟ ਵਿਭਾਗ ਨੇ ਗੰਭੀਰ ਨੋਟਿਸ ਲਿਆ ਹੈ । ਜਿਸ ਤਹਿਤ ਟਰਾਂਸਪੋਰਟ ਵਿਭਾਗ ਤੋਂ ਮਿਲੇ ਨਿਰਦੇਸ਼ਾਂ ਤਹਿਤ ਸਥਾਨਕ ਪੁਲਸ ਨੇ ਝੱਜ ਚੌਕ ਵਿਖੇ ਵਿਸ਼ੇਸ਼ ਨਾਕਾ ਲਗਾ ਕੇ ਉਕਤ ਬੱਸ ਚਾਲਕਾਂ ਨੂੰ ਆਪਣੇ ਤੈਅਸ਼ੁਦਾ ਰੂਟ 'ਤੇ ਚੱਲਣ ਲਈ ਕਿਹਾ ਗਿਆ ਹੈ । ਜਿਸ 'ਤੇ ਅਮਲ ਨਾ ਕਰਨ 'ਤੇ ਪੁਲਸ ਅਧਿਕਾਰੀਆਂ ਵੱਲੋਂ ਉਨ੍ਹਾਂ ਦੀਆਂ ਬੱਸਾਂ ਦੇ ਚਲਾਨ ਸਹਿਤ ਹੋਰ ਕਾਨੂੰਨੀ ਕਾਰਵਾਈ ਅਮਲ 'ਚ ਲਿਆਂਦੇ ਜਾਣ ਦੀ ਚੇਤਾਵਨੀ ਦਿੱਤੀ ਗਈ ਹੈ । ਜ਼ਿਕਰਯੋਗ ਹੈ ਕਿ ਕੁਝ ਬੱਸਾਂ ਨੂੰ ਨੂਰਪੁਰਬੇਦੀ ਤੋਂ ਵਾਇਆ ਬੁੰਗਾ ਸਾਹਿਬ ਹੋ ਕੇ ਸ਼੍ਰੀ ਅਨੰਦਪੁਰ ਸਾਹਿਬ ਜਾਣ ਲਈ ਪਰਮਿਟ ਜਾਰੀ ਕੀਤਾ ਗਿਆ ਹੈ ।ਮਗਰ ਇਸਦੇ ਬਾਵਜੂਦ ਨੂਰਪੁਰਬੇਦੀ ਤੋਂ ਕਰੀਬ 6 ਕਿਲੋਮੀਟਰ ਪਹਿਲਾਂ ਸਥਿਤ ਝੱਜ ਚੌਕ ਤੋਂ ਹੀ ਚਾਲਕ ਸ਼੍ਰੀ ਅਨੰਦਪੁਰ ਸਾਹਿਬ ਲਈ ਉਕਤ ਬੱਸਾਂ ਲੈ ਕੇ ਚਲੇ ਜਾਂਦੇ ਹਨ । ਜਿਸ ਕਰਕੇ ਮੁਸਾਫਿਰਾਂ ਨੂੰ ਭਾਰੀ ਮੁਸ਼ਕਿਲ ਪੇਸ਼ ਆਉਂਦੀ ਹੈ । ਇਸ ਸਬੰਧੀ ਕੁਝ ਨਾਗਰਿਕਾਂ ਵੱਲੋਂ ਇਸਦੀ ਟਰਾਂਸਪੋਰਟ ਵਿਭਾਗ ਨੂੰ ਸ਼ਿਕਾਇਤ ਕੀਤੀ ਸੀ ਜਿਸ ਦਾ ਨੋਟਿਸ ਲੈਂਦਿਆਂ ਟਰਾਂਸਪੋਰਟ ਅਧਿਕਾਰੀਆਂ ਵੱਲੋਂ ਸਥਾਨਕ ਪੁਲਸ ਨੂੰ ਅਜਿਹੇ ਬੱਸ ਚਾਲਕਾਂ ਖਿਲਾਫ ਕਾਰਵਾਈ ਕਰਨ ਦੀ ਹਦਾਇਤ ਕੀਤੀ ਗਈ ਸੀ । ਜਿਸ ਤੇ ਅੱਜ ਪੁਲਸ ਚੌਕੀ ਕਲਵਾਂ ਦੇ ਅਧਿਕਾਰੀਆਂ ਨੇ ਝੱਜ ਚੌਕ ਵਿਖੇ ਨਾਕਾ ਲਗਾ ਕੇ ਬੱਸ ਚਾਲਕਾਂ ਨੂੰ ਆਪਣੇ ਰੂਟ ਮੁਤਾਬਿਕ ਬੱਸ ਲਿਜਾਉਣ ਦੀ ਹਦਾਇਤ ਕੀਤੀ । ਇਸ ਸਬੰਧ 'ਚ ਚੌਕੀ ਕਲਵਾਂ ਦੇ ਇੰਚਾਰਜ ਹਰਮੇਸ਼ ਕੁਮਾਰ ਨੇ ਦੱਸਿਆ ਕਿ ਆਰ.ਟੀ.ਓ. ਰੂਪਨਗਰ ਤੋਂ ਉਕਤ ਤੈਅਸ਼ੁਦਾ ਰੂਟ 'ਤੇ ਨਾ ਚੱਲਣ ਵਾਲੀਆਂ ਬੱਸਾਂ ਖਿਲਾਫ ਕਾਰਵਾਈ ਅਮਲ 'ਚ ਲਿਆਉਣ ਦੀ ਹਦਾਇਤ ਕੀਤੀ ਗਈ ਹੈ ।ਜਿਸ ਤਹਿਤ ਅੱਜ ਪਹਿਲੇ ਦਿਨ ਬੱਸ ਚਾਲਕਾਂ ਨੂੰ ਕੇਵਲ ਚੇਤਾਵਨੀ ਦੇ ਕੇ ਛੱਡਿਆ ਗਿਆ ਹੈ ਉਪਰੰਤ ਚਲਾਨ ਸਹਿਤ ਹੋਰ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।



# ਨਸ਼ਾ ਮੁਕਤ ਮੁਹਿੰਮ ਤਹਿਤ 'ਸੰਪਰਕ ਪੰਜਾਬ ਪੁਲਸ' ਪ੍ਰੋਗਰਾਮ ਕਰਵਾਇਆ

**ਮਹਿਤਪੁਰ (ਰਾਜਾ)**-ਪੰਜਾਬ ਵਿੱਚ ਪੁਲਸ ਵੱਲੋਂ ਨਸ਼ਾ ਮੁਕਤ ਮੁਹਿੰਮ ਤਹਿਤ ਮਹਿਤਪੁਰ ਵਿਖੇ ਜ਼ਿਲ੍ਹਾ ਜਲੰਧਰ ਦਿਹਾਤੀ ਪੁਲਸ ਵੱਲੋਂ ਜਲੰਧਰ ਜ਼ਿਲ੍ਹੇ ਦੇ ਐਸਐਸਪੀ ਦਿਹਾਤੀ ਹਰਕਮਲਪ੍ਰੀਤ ਸਿੰਘ ਖੱਖ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਨਸ਼ਿਆਂ ਦੇ ਖਿਲਾਫ਼ 'ਸੰਪਰਕ ਪੰਜਾਬ ਪਬਲਿਕ ਆਊਟਰੀਚ ਪ੍ਰੋਗਰਾਮ' ਕਰਵਾਇਆ ਗਿਆ, ਜਿਸ ਵਿਚ ਮੁੱਖ ਮਹਿਮਾਨ ਵਜੋਂ ਡੀਐਸਪੀ ਓਂਕਾਰ ਸਿੰਘ ਬਰਾੜ ਸ਼ਾਮਲ ਹੋਏ। ਉਨ੍ਹਾਂ ਮਹਿਤਪੁਰ ਇਲਾਕੇ ਤੋਂ ਇੱਕਠੇ ਹੋਏ ਪੰਚਾਂ ਸਰਪੰਚਾਂ ਤੇ ਪੰਚਾਇਤਾ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।ਇਸ ਦੌਰਾਨ ਮੌਜੂਦ ਲੋਕਾਂ ਕੋਲੋਂ ਨਸ਼ੇ, ਲੁੱਟਾਂ-ਖੋਹਾਂ ਤੇ ਹੋਰ ਮੁੱਦਿਆਂ ਨੂੰ ਲੈ ਕੇ ਸਵਾਲ ਜਵਾਬ ਕੀਤੇ ਤੇ ਲੋਕਾਂ ਵੱਲੋਂ ਪੁੱਛੇ ਗਏ ਸਵਾਲਾਂ ਦੇ ਜਵਾਬ ਵੀ ਦਿੱਤੇ ਗਏ। ਇਸ ਮੌਕੇ ਡੀਐਸਪੀ ਸ਼ਾਹਕੋਟ ਓਂਕਾਰ ਸਿੰਘ ਬਰਾੜ ਨੇ ਕਿਹਾ ਕਿ ਨਸ਼ਾ ਤਸਕਰਾਂ, ਮਾੜੇ ਅਨਸਰਾਂ ਤੇ ਨਸ਼ਾ ਵਿਕਵਾਉਣ ਵਾਲੇ ਅਨਸਰਾਂ ਨੂੰ ਕਿਸੇ ਹਾਲਤ 'ਚ ਬਖਸ਼ਿਆਂ ਨਹੀਂ ਜਾਵੇਗਾ, ਉਨ੍ਹਾਂ ਲੋਕਾਂ ਤੋਂ ਨਸ਼ਾ ਮੁਕਤ ਪੰਜਾਬ ਬਣਾਉਣ ਪੁਲਸ ਦਾ ਸਹਿਯੋਗ ਕਰਨ ਦੀ ਅਪੀਲ ਕੀਤੀ। ਇਸ ਦੌਰਾਨ ਥਾਣਾ ਮਹਿਤਪੁਰ ਮੁਖੀ ਜੈ ਪਾਲ ਨੇ ਨਸ਼ਾ ਮੁਕਤ ਮੁਹਿੰਮ ਲਈ ਲੋਕਾਂ ਨੂੰ ਜਾਗਰੂਕ ਕੀਤਾ ਤੇ ਮੁਹਿੰਮ ਦੌਰਾਨ ਯੋਗਦਾਨ ਦੇਣ ਦੀ ਅਪੀਲ ਕੀਤੀ।ਇਸ ਮੌਕੇ ਵੱਖ-ਵੱਖ ਪਿੰਡਾਂ ਤੋਂ ਆਏ ਸਰਪੰਚਾਂ, ਪੰਚਾਂ ਤੇ ਹੋਰ ਵਸਨੀਕਾਂ ਨੇ ਨਸ਼ਿਆਂ ਵਿਰੁੱਧ ਲੜਾਈ ਵਿੱਚ ਪੁਲਸ ਨੂੰ ਸਹਿਯੋਗ ਦੇਣ ਦਾ ਵਾਅਦਾ ਕੀਤਾ। ਪਿੰਡ ਰੌਲੀ ਤੋਂ ਬਲਜੀਤ ਸਿੰਘ ਵੱਲੋਂ ਆਏ ਵੱਖ-ਵੱਖ ਪਿੰਡਾਂ ਦੇ ਪੰਚਾਂ ਸਰਪੰਚਾਂ ਨੂੰ ਆਪਣੇ ਪਿੰਡ ਦੀਆਂ ਗਰਾਉਂਡਾਂ ਵੱਲ ਧਿਆਨ ਦੇਣ ਤੇ ਮਾਪਿਆਂ ਨੂੰ ਬੱਚਿਆਂ ਨੂੰ ਖੇਡਾਂ ਪ੍ਰਤੀ ਜਾਗਰੂਕਕਰਨ ਦੀ ਅਪੀਲ ਕੀਤੀ। ਇਸ ਮੌਕੇ ਗੁਰਦੇਵ ਸਿੰਘ ਏਐਸਆਈ, ਦੀਪਕ ਸੂਦ, ਸੁਰਜੀਤ ਸਿੰਘ ਮਾਨ, ਦਲਜੀਤ ਸਿੰਘ ਕਾਹਲੋਂ, ਮਾਸਟਰ ਲਖਵਿੰਦਰ ਸਿੰਘ, ਪ੍ਰਸ਼ੋਤਮ ਲਾਲ, ਵਰਿੰਦਰ ਸਿੰਘ ਸਾਬਕਾ ਸਰਪੰਚ ਮੰਡਿਆਲਾ, ਰਾਜਵਿੰਦਰ ਕੌਰ ਸਰਪੰਚ ਮੰਡਿਆਲਾ, ਲਹਿਣਾ ਸਿੰਘ ਪੰਨੂ ਸਰਪੰਚ, ਦਲਜੀਤ ਸਿੰਘ, ਸਾਬੀ ਧਾਰੀਵਾਲ, ਕ੍ਰਿਸ਼ਨ ਕੁਮਾਰ ਬਿੱਟੂ ਆਦਿ ਵੱਡੀ ਗਿਣਤੀ ਵਿੱਚ ਪਿੰਡਾਂ ਦੇ ਸਰਪੰਚ ਤੇ ਪੰਚ ਮੌਜੂਦ ਸਨ।




# ਵਿਧਾਇਕ ਨੇ ਏਅਰਪੋਰਟ ਰੋਡ ਦੀ ਨੁਹਾਰ ਬਦਲਣ ਸੰਬੰਧੀ ਲਿਆ ਜਾਇਜ਼ਾ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਮੋਹਾਲੀ ਸ਼ਹਿਰ ਦੀ ਮੁੱਖ ਸੜ੍ਹਕ ਏਅਰਪੋਰਟ ਰੋਡ ਖਰੜ ਤੋਂ ਏਅਰਪੋਰਟ ਚੌਕ ਨੂੰ ਖੂਬਸੂਰਤ ਬਣਾਉਣ ਲਈ ਵਿਧਾਇਕ ਕੁਲਵੰਤ ਸਿੰਘ ਵੱਲੋਂ ਗਮਾਡਾ (ਗ੍ਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ) ਦੇ ਮੁੱਖ ਪ੍ਰਸ਼ਾਸਕ, ਮੁੱਖ ਇੰਜੀਨੀਅਰ ਅਤੇ ਅਤੇ ਹੋਰ ਉੱਚ ਅਧਿਕਾਰੀਆਂ ਨਾਲ ਜ਼ਾਇਜ਼ਾ ਲਿਆ ਗਿਆ। ਉਨ੍ਹਾਂ ਆਇਸਰ ਲਾਇਟ ਪੁਆਇੰਟ ਅਤੇ ਸੀ.ਪੀ.-67 ਮਾਲ ਨਜ਼ਦੀਕ ਲਾਇਟ ਪੁਆਇੰਟ 'ਤੇ ਪੁੱਜ ਕੇ ਉੱਥੇ ਰੋਡ ਦੇ ਨਾਲ ਲੱਗਦੇ ਡਿਵਾਈਡਰ (ਸੈਂਟਰ ਵਰਜ), ਰੋਡ ਸਾਈਡ ਟਾਈਲਾਂ ਅਤੇ ਫੁੱਟਪਾਥ, ਸਲਿੱਪ ਰੋਡ ਸੁਧਾਰ ਅਤੇ ਖੂਬਸੂਰਤੀ/ਹਰਿਆਲੀ ਬਾਰੇ ਗਮਾਡਾ ਅਤੇ ਨਗਰ ਨਿਗਮ ਦੇ ਉੱਚ ਅਧਿਕਾਰੀਆਂ ਨਾਲ ਚਰਚਾ ਕੀਤੀ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਵੱਲੋਂ ਮੋਹਾਲੀ ਸ਼ਹਿਰ ਨੂੰ ਨੰਬਰ ਇੱਕ ਅਤੇ ਖੂਬਸੂਰਤ ਸ਼ਹਿਰ ਬਣਾਉਣ ਦੀਆਂ ਹਦਾਇਤਾਂ ਦੇ ਮੱਦੇਨਜ਼ਰ ਅਤੇ ਸ਼ਹਿਰ ਦੇ ਲੋਕਾਂ ਨੂੰ ਵੱਧ ਤੋਂ ਵੱਧ ਸਹੂਲਤਾਂ ਮੁਹੱਈਆ ਕਰਵਾਉਣ ਲਈ ਇਹ ਸਾਂਝਾ ਦੌਰਾ ਉਲੀਕਿਆ ਗਿਆ ਹੈ। ਉਨ੍ਹਾਂ ਕਿਹਾ ਕਿ ਮੋਹਾਲੀ ਸ਼ਹਿਰ ਪਹਿਲਾਂ ਹੀ ਇੰਟਰਨੈਸ਼ਨਲ ਏਅਰਪੋਰਟ ਅਤੇ ਅੰਤਰ ਰਾਸ਼ਟਰੀ ਕ੍ਰਿਕਟ ਸਟੇਡੀਅਮ ਵਜੋਂ ਜਾਣਿਆ ਜਾਂਦਾ ਹੈ। ਹੁਣ ਇਸ ਸ਼ਹਿਰ ਵਿੱਚ ਏਅਰਪੋਰਟ ਰੋਡ ਵਜੋਂ ਜਾਣੀ ਜਾਂਦੀ ਖਰੜ ਫ਼ਲਾਈਓਵਰ ਤੋਂ ਸ਼ਹੀਦ ਭਗਤ ਸਿੰਘ ਅੰਤਰ ਰਾਸ਼ਟਰੀ ਹਵਾਈ ਅੱਡੇ ਤੱਕ ਜਾਂਦੀ ਸੜ੍ਹਕ ਦੀ ਵੀ ਬੇਹੱਦ ਖੂਬਸੂਰਤ ਢੰਗ ਨਾਲ ਨੁਹਾਰ ਬਦਲੀ ਜਾਵੇਗੀ ਜੋ ਕਿ ਪੂਰੇ ਦੇਸ਼ ਦੀ ਸਭ ਤੋਂ ਵਧੀਆ ਰੋਡ ਹੋਵੇਗੀ। ਉਨ੍ਹਾਂ ਕਿਹਾ ਕਿ ਏਅਰਪੋਰਟ ਰੋਡ ਦੀ ਦਿੱਖ ਨੂੰ ਬਦਲਣ ਅਤੇ ਇੰਨਫਰਾਸਟ੍ਰੱਕਚਰ ਨੂੰ ਅਪਗ੍ਰੇਡ ਕਰਨ ਲਈ ਹੀ ਇਹ ਨਿਰੀਖਣ ਕੀਤਾ ਗਿਆ। ਵਿਧਾਇਕ ਕੁਲਵੰਤ ਸਿੰਘ ਨੇ ਗਮਾਡਾ ਅਧਿਕਾਰੀਆਂ ਨਾਲ ਹਵਾਈ ਅੱਡਾ ਸੜ੍ਹਕ ਦੇ ਸੁਧਾਰ ਅਤੇ ਖੂਬਸੂਰਤ ਬਣਾਉਣ ਅਤੇ ਅਪਗ੍ਰੇਡ ਕਰਨ ਲਈ ਵਿਚਾਰ ਚਰਚਾ ਕਰਦਿਆਂ ਯੋਜਨਾ ਬਣਾਉਣ ਦੀ ਹਦਾਇਤ ਕੀਤੀ। ਵਿਧਾਇਕ ਨੇ ਕਿਹਾ ਕਿ ਹਲਕੇ ਵਿੱਚ ਕਰੋੜਾਂ ਰੁਪਏ ਦੇ ਪ੍ਰੋਜੈਕਟ ਚੱਲ ਰਹੇ ਹਨ ਅਤੇ ਮੋਹਾਲੀ ਸ਼ਹਿਰ ਨੂੰ ਖੂਬਸੂਰਤ ਬਣਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ ਜਿਸ ਵਿੱਚ ਪੈਸੇ ਦੀ ਕੋਈ ਕਮੀ ਵੀ ਨਹੀਂ ਆਉਣ ਦਿੱਤੀ ਜਾਵੇਗੀ। ਗਮਾਡਾ ਦੇ ਮੁੱਖ ਪ੍ਰਸ਼ਾਸਕ ਮੋਨੀਸ਼ ਕੁਮਾਰ ਨੇ ਇਸ ਮੌਕੇ ਦੱਸਿਆ ਮੁੱਖ ਮੰਤਰੀ ਪੰਜਾਬ ਦੀਆਂ ਹਦਾਇਤਾਂ ਮੁਤਾਬਕ ਮੋਹਾਲੀ ਇਸ ਪ੍ਰਮੁੱਖ ਸੜ੍ਹਕ 'ਤੇ ਆਵਜਾਈ ਨੂੰ ਨਿਰਵਿਘਨ ਤੇ ਸੁਰੱਖਿਅਤ ਬਣਾਉਣ ਲਈ ਐਮ ਐਲ ਏ ਕੁਲਵੰਤ ਸਿੰਘ ਦੀ ਪਹਿਲਕਦਮੀ 'ਤੇ ਇਹ ਦੌਰਾ ਕੀਤਾ ਗਿਆ ਹੈ, ਜਿਸ ਤਹਿਤ ਪੂਰੀ ਰਿਪੋਰਟ ਤਿਆਰ ਕਰਕੇ ਅਗਲੀ ਯੋਜਨਾਬੰਦੀ ਉਲੀਕੀ ਜਾਵੇਗੀ।



# ਵੱਖ-ਵੱਖ ਆਗੂਆਂ ਵੱਲੋਂ ਬੀਬੀ ਜਸਬੀਰ ਕੌਰ ਮੱਲ੍ਹੀ ਨੰਗਲ ਨੂੰ ਸ਼ਰਧਾਂਜਲੀਆਂ ਭੇਟ

**ਆਦਮਪੁਰ (ਪਰਮਜੀਤ ਸਿੰਘ)**

ਦੁਆਬਾ ਕਿਸਾਨ ਸੰਘਰਸ਼ ਕਮੇਟੀ ਦੇ ਸੂਬਾ ਪ੍ਰਧਾਨ ਬਲਵਿੰਦਰ ਸਿੰਘ ਮੱਲੀ ਨੰਗਲ ਦੀ ਧਰਮ ਸੁਪਤਨੀ ਬੀਬੀ ਜਸਵੀਰ ਕੌਰ ਬੀਤੇ ਦਿਨੀ ਅਚਾਨਕ ਸਦੀਵੀ ਵਿਛੋੜਾ ਦੇ ਗਏ, ਜਿਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਗੁਰਦੁਆਰਾ ਤਪ ਅਸਥਾਨ ਬਾਬਾ ਮਿੱਤ ਸਿੰਘ ਕ੍ਰਿਸ਼ਨਪੁਰ ਵਿਖੇ ਪਾਏ ਗਏ। ਭਾਈ ਗੁਰਮੁਖ ਸਿੰਘ ਰਾਗੀ ਜਥਾ ਫਗਵਾੜੇ ਵਾਲਿਆਂ ਦੇ ਰਾਗੀ ਜਥੇ ਵੱਲੋਂ ਵੈਰਾਗਮਈ ਕੀਰਤਨ ਕਰਨ ਉਪਰੰਤ ਸ਼ਰਧਾਂਜਲੀ ਸਮਾਗਮ ਕਰਵਾਇਆ ਜਿਸ ਵਿੱਚ ਸੰਯੁਕਤ ਕਿਸਾਨ ਮੋਰਚੇ ਦੇ ਆਗੂ ਬਲਬੀਰ ਸਿੰਘ ਸੂਬਾ ਪ੍ਰਧਾਨ ਬੀਕੇਯੂ ਰਾਜੇਵਾਲ, ਹਰਿੰਦਰ ਸਿੰਘ ਬੀਕੇਯੂ ਲੱਖੋਵਾਲ , ਰਮਿੰਦਰ ਸਿੰਘ ਕਿਰਤੀ ਕਿਸਾਨ ਯੂਨੀਅਨ ਪਟਿਆਲਾ, ਪਵਿੱਤਰ ਸਿੰਘ ਜ਼ਿਲ੍ਹਾਂ ਪ੍ਰਧਾਨ ਹੁਸ਼ਿਆਰਪੁਰ ਬੀਕੇਯੂ ਕਾਦੀਆਂ, ਜੰਗਵੀਰ ਸਿੰਘ ਚੌਹਾਨ ਦੁਆਬਾ ਕਿਸਾਨ ਸੰਘਰਸ਼ ਕਮੇਟੀ, ਜ਼ਿਲਾ ਪ੍ਰਧਾਨ, ਮੁਕੇਸ਼ ਚੰਦਰ ਵਾਈਸ ਪ੍ਰਧਾਨ ਬੀਕੇਯੂ ਰਾਜੇਵਾਲ, ਹਰਿੰਦਰ ਸਿੰਘ ਧਾਰੀਵਾਲ, ਜੋਗਿੰਦਰ ਸਿੰਘ ਗਿਲਜੀਆਂ ਕਾਂਗਰਸ ਵੱਲੋਂ ਬੀਬੀ ਜਸਵੀਰ ਕੌਰ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੀਆਂ ਗਈਆਂ। ਇਸ ਮੌਕੇ ਅਮਨਪ੍ਰੀਤ ਸਿੰਘ ਮੱਲੀ ਨੰਗਲ, ਹਰਮੇਲ ਸਿੰਘ ਮੱਲੀ ਨੰਗਲ,ਬਹਾਦਰ ਸਿੰਘ ਚੌਹਾਨ, ਦਵਿੰਦਰ ਸਿੰਘ ਧਾਰੀਵਾਲ ਸਰਪੰਚ, ਪ੍ਰਗਟ ਸਿੰਘ ਮੱਲੀ ਨੰਗਲ, ਹਰਬਲਿੰਦਰ ਸਿੰਘ ਬੁਲੀਨਾ, ਅੰਮ੍ਰਿਤ ਪਾਲ ਸਿੰਘ ਖਰਲ ਕਲਾਂ, ਗੁਰਦੀਪ ਸਿੰਘ ਕਾਲਰਾ, ਜਥੇਦਾਰ ਬਲਵਿੰਦਰ ਸਿੰਘ ਕਾਲਰਾ, ਸੱਤਿਆ ਦੇਵੀ ਚੇਅਰ ਪ੍ਰਸਨ, ਸਮੇਤ ਇਲਾਕਾ ਵਾਸੀ ਹਾਜ਼ਰ ਸਨ।



## ਅੰਤਿਮ ਸ਼ੋਕ ਸਭਾ 'ਤੇ ਵਿਸ਼ੇਸ

# ਸਫਲ ਕਾਰੋਬਾਰੀ ਸਨ ਦੀਪਿਨ ਚਾਵਲਾ

ਫਗਵਾੜਾ ਦੇ ਸੀਨੀਅਰ ਪੱਤਰਕਾਰ ਟੀ.ਡੀ.ਚਾਵਲਾ ਦੇ ਇਕਲੌਤੇ ਸਪੁੱਤਰ ਦੀਪਿਨ ਚਾਵਲਾ ਜੋ ਨਾ ਸਿਰਫ ਇੱਕ ਸਮਾਜ ਸੇਵੀ ਸਗੋਂ ਇੱਕ ਸਫਲ ਵਪਾਰੀ ਵੀ ਸਨ, ਸਿਰਫ 46 ਸਾਲ ਦੀ ਉਮਰ ਵਿੱਚ 23 ਨਵੰਬਰ ਨੂੰ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ। ਉਹਨਾਂ ਦਾ ਇਸ ਤਰ੍ਹਾਂ ਅਚਾਨਕ ਜਾਣਾ ਸਿਰਫ਼ ਚਾਵਲਾ ਪਰਵਾਰ ਲਈ ਨਹੀਂ ਸਗੋਂ ਸਮਾਜ ਲਈ ਵੀ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਹੈ। ਗੰਭੀਰ ਸੁਭਾਅ ਦੇ ਮਾਲਕ ਅਤੇ ਧਾਰਮਿਕ ਅਤੇ ਸਮਾਜਿਕ ਖੇਤਰ ਵਿੱਚ ਹਮੇਸ਼ਾ ਸਰਗਰਮ ਰਹਿਣ ਵਾਲੇ ਦੀਪਿਨ ਚਾਵਲਾ ਦੇ ਅਚਾਨਕ ਹੋਏ ਅਕਾਲ ਚਲਾਣੇ ਨੇ ਸਮੁੱਚੇ ਸਮਾਜ ਦੀਆਂ ਅੱਖਾਂ ਨੂੰ ਨਮ ਕਰ ਦਿੱਤਾ ਹੈ। ਉਹ ਸ਼ਹਿਰ ਦੀ ਮਸ਼ਹੂਰ ਚਾਵਲਾ ਫਾਈਨਾਂਸ ਕੰਪਨੀ ਦੇ ਮਾਲਕ ਹੋਣ ਦੇ ਨਾਲ ਸ਼੍ਰੀ ਕ੍ਰਿਸ਼ਨ ਮਹਾਨੁਭਾਵ ਟਰੱਸਟ ਦੁਆਰਾ ਬਣਾਏ ਸ਼੍ਰੀ ਕ੍ਰਿਸ਼ਨ ਗੀਤਾ ਗਿਆਨ ਮੰਦਿਰ ਦੇ ਉਪ ਪ੍ਰਧਾਨ ਵਜੋਂ ਵੀ ਸੇਵਾ ਨਿਭਾ ਰਹੇ ਸਨ। ਜਿੱਥੇ ਹੋਣ ਵਾਲੇ ਧਾਰਮਿਕ ਸਮਾਗਮਾਂ ਵਿੱਚ ਦੀਪਿਨ ਚਾਵਲਾ ਬੜੀ ਸ਼ਰਧਾ ਭਾਵਨਾ ਨਾਲ ਸੇਵਾ ਕਰਦੇ ਸਨ। ਫਗਵਾੜਾ ਦੀ ਦਹਾਕਿਆਂ ਪੁਰਾਣੀ ਸੰਸਥਾ ਲੋਕ ਸੇਵਾ ਦਲ ਦੇ ਮੀਤ ਪ੍ਰਧਾਨ ਹੁੰਦਿਆਂ ਉਨ੍ਹਾਂ ਨੇ ਸਮਾਜ ਸੇਵਾ ਦੇ ਕਈ ਪ੍ਰੋਜੈਕਟ ਕੀਤੇ। ਸੰਸਥਾ ਵੱਲੋਂ ਲੜਕੀਆਂ ਦੀ ਸਿੱਖਿਆ ਸਬੰਧੀ ਕੀਤੇ ਗਏ ਕੰਮਾਂ ਵਿੱਚ ਉਨ੍ਹਾਂ ਦੇ ਯੋਗਦਾਨ ਨੂੰ ਹਮੇਸ਼ਾ ਯਾਦ ਕੀਤਾ ਜਾਵੇਗਾ। ਅਜੀਬ ਇਤਫ਼ਾਕ ਹੈ ਕਿ ਪ੍ਰਸਿੱਧ ਸਮਾਜ ਸੇਵੀ ਮਾਤਾ ਸਤੀਸ਼ ਚਾਵਲਾ ਦੀ ਕੁੱਖੋਂ ਲੁਧਿਆਣਾ ਦੇ ਇੱਕ ਹਸਪਤਾਲ ਵਿੱਚ ਜਨਮੇ ਦੀਪਿਨ ਚਾਵਲਾ ਨੇ ਆਪਣਾ ਆਖਰੀ ਸਾਹ ਵੀ ਮਾਮੂਲੀ ਬਿਮਾਰੀ ਤੋਂ ਬਾਅਦ ਲੁਧਿਆਣਾ ਦੇ ਇੱਕ ਹਸਪਤਾਲ ਵਿੱਚ ਹੀ ਲਿਆ। ਉਹ ਆਪਣੇ ਪਿੱਛੇ ਆਪਣੀ ਪਤਨੀ ਸਲੋਨੀ, ਦੋ ਧੀਆਂ ਕਾਵਿਆ ਅਤੇ ਦੀਕਸ਼ਾ ਅਤੇ ਦੋ ਭੈਣਾਂ ਜੋਤੀ ਅਤੇ ਸੋਵੀਆ ਛੱਡ ਗਏ ਹਨ। ਦੀਪਿਨ ਚਾਵਲਾ ਦੇ ਨਮਿਤ ਅੰਤਿਮ ਸ਼ੋਕ ਸਭਾ 1 ਦਸੰਬਰ ਦਿਨ ਐਤਵਾਰ ਨੂੰ ਬਾਅਦ ਦੁਪਿਹਰ 2 ਤੋਂ 3 ਵਜੇ ਤੱਕ ਅਮਰ ਪੈਲੇਸ, ਬੰਗਾ ਰੋਡ ਫਗਵਾੜਾ ਵਿਖੇ ਹੋਵੇਗੀ।



ਸਵ. ਦਿਪਿਨ ਚਾਵਲਾ

**- ਡਾ. ਰਮਨ, ਫਗਵਾੜਾ**